ਮੰਗਲਵਾਰ, 23 ਜੂਨ, 2026
9 ਹਾੜ੍ਹ { ਨਾਨਕਸ਼ਾਹੀ 558
ਬਿਕਰਮੀ 2083
ਜਿਲਦ/VOL. : 75
ਅੰਕ/NO. : 22

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 23 JUNE, 2026
ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14



## ਰਿਟਾਇਰਡ ਇੰਪਲਾਈਜ਼ ਵੈੱਲਫੇਅਰ ਪੈਨਸ਼ਨਰਜ਼ ਐਸੋਸੀਏਸ਼ਨ ਕਾਰਜਕਾਰਨੀ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਰਿਟਾਇਰਡ ਇੰਪਲਾਈਜ਼ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਮਾਨਸਾ ਕਾਰਜਕਾਰਨੀ ਦੀ ਮੀਟਿੰਗ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾਂ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਵੱਲੋਂ ਪਿਛਲੇ ਦਿਨੀਂ ਜਲੰਧਰ ਵਿਖੇ ਕੀਤੀ ਗਈ ਕਨਵੈਨਸ਼ਨ ਦੀ ਰਿਪੋਰਟਿੰਗ ਕਰਨ ਤੋਂ ਇਲਾਵਾ ਰੀਵਿਊ ਵੀ ਕੀਤਾ ਗਿਆ।ਇਸ ਤੋਂ ਇਲਾਵਾ 29 ਜੁਲਾਈ ਨੂੰ ਸੰਗਰੂਰ ਵਿਖੇ ਤਜਵੀਜ਼ਤ ਕਨਵੈਨਸ਼ਨ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਸਮੇਂ ਸੰਬੋਧਨ ਕਰਦਿਆਂ ਪ੍ਰਧਾਨ ਘਰਾਂਗਣਾਂ ਤੇ ਸੀਨੀਅਰ ਮੀਤ ਪ੍ਰਧਾਨ ਆਤਮਾ ਸਿੰਘ ਪਮਾਰ ਨੇ ਸਾਂਝੇ ਤੌਰ 'ਤੇ ਮੌਜੂਦਾ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ, ਪੈਨਸ਼ਨਰਾਂ ਤੋਂ ਇਲਾਵਾ ਕਿਸਾਨਾਂ, ਮਜ਼ਦੂਰਾਂ ਤੇ ਆਮ ਜਨਤਾ ਦੇ ਮੰਗਾਂ ਮਸਲਿਆਂ ਨੂੰ ਅਣਗੌਲਿਆ ਕਰਨ ਲਈ ਸਖ਼ਤ ਆਲੋਚਨਾ ਕੀਤੀ।ਉਨ੍ਹਾਂ ਕਿਹਾ ਕਿ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ, ਪੁਰਾਣੀ ਪੈਨਸ਼ਨ ਬਹਾਲੀ ਦਾ ਵਾਅਦਾ, 37 ਕਿਸਮ ਦੇ ਕੱਟੇ ਗਏ ਭੱਤਿਆਂ ਦੀ ਮੁੜ ਬਹਾਲੀ ਆਦਿ ਅਨੇਕਾਂ ਮਸਲੇ ਜਿਉਂ ਦੀ ਤਿਉਂ ਲਟਕ ਰਹੇ ਹਨ।ਇਸੇ ਤਰ੍ਹਾਂ ਹੀ ਮਜ਼ਦੂਰਾਂ ਨੂੰ ਮਨਰੇਗਾ ਅਧੀਨ ਕਿਸੇ ਤਰ੍ਹਾਂ ਦਾ ਕੰਮ ਨਾ ਦੇਣਾ, ਕਿਸਾਨਾਂ ਦੀਆਂ ਅਹਿਮ ਮੰਗਾਂ ਮਸਲਿਆਂ ਲਈ ਵਿੱਢੇ ਗਏ ਸੰਘਰਸ਼ਾਂ ਨੂੰ ਵੀ ਅਣਗੌਲਿਆ ਕਰਨ ਤੋਂ ਇਲਾਵਾ ਆਊਟਸੋਰਸਿੰਗ ਕਾਮਿਆਂ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਤੇ ਉਨ੍ਹਾਂ ਨੂੰ ਰੈਗੂਲਰ ਨਾ ਕਰਨਾ ਆਦਿ ਵਰਗੇ ਮਸਲਿਆਂ ਕਾਰਨ ਸੂਬੇ ਭਰ 'ਚ ਤਣਾਅ ਪੂਰਨ ਮਾਹੌਲ ਬਣਿਆ ਹੋਇਆ ਹੈ, ਪ੍ਰੰਤੂ ਸਰਕਾਰ ਦਾ ਧਿਆਨ ਮੁੜ ਸਤਾ ਪ੍ਰਾਪਤੀ ਲਈ ਮੁਫ਼ਤ ਦੀਆਂ ਰਿਉੜੀਆਂ ਵੰਡਣ ਵੱਲ ਪੂਰੀ ਤਰ੍ਹਾਂ ਕੇਂਦਰਤ ਹੈ। ਉਨ੍ਹਾਂ ਇਸ ਮੌਕੇ ਸਮੁੱਚੇ ਮੁਲਾਜ਼ਮ ਵਰਗ, ਪੈਨਸ਼ਨਰਜ਼ ਤੇ ਆਮ ਲੋਕਾਂ ਨੂੰ ਇੱਕਮੁੱਠ ਹੋ ਕੇ ਸਰਕਾਰ ਖ਼ਿਲਾਫ਼ ਤਿੱਖੇ ਸੰਘਰਸ਼ ਵਿੱਢਣ ਦੀ ਅਪੀਲ ਵੀ ਕੀਤੀ।ਮੀਟਿੰਗ ਦੌਰਾਨ ਅਜਾਇਬ ਸਿੰਘ ਅਲੀਸ਼ੇਰ, ਜਗਦੀਸ਼ ਰਾਏ, ਬਿੱਕਰ ਸਿੰਘ ਮੰਘਾਣੀਆਂ,ਇੰਦਰ ਸਿੰਘ ਬੁਰਜ ਹਰੀ, ਜਸਵੰਤ ਸਿੰਘ ਕੁਲਿਹਰੀ, ਬਾਦਸ਼ਾਹ ਸਿੰਘ, ਸੇਠੀ ਸਿੰਘ ਸਰਾਂ, ਰਾਜ ਕੁਮਾਰ ਰੰਗਾ, ਹਰਬੰਸ ਸਿੰਘ ਢਿੱਲੋਂ, ਸੁਰਜੀਤ ਸਿੰਘ ਖਿਆਲਾ, ਗੋਰਾ ਲਾਲ ਅਤਲਾ, ਮੇਜ਼ਰ ਸਿੰਘ ਸਰਪੰਚ, ਸਵਿੰਦਰ ਸਿੰਘ ਜੇ ਈ ਪਿਰਥੀ ਸਿੰਘ ਮਾਨ ਆਦਿ ਹਾਜ਼ਰ ਸਨ।

## 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਸ਼ਾਂਤੀ ਨਿਕੇਤਨ ਰਾਮ ਬਾਗ ਵਿਖੇ ਧੂਮ-ਧਾਮ ਨਾਲ ਮਨਾਇਆ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਭਾਰਤੀ ਯੋਗ ਸੰਸਥਾਨ ਦੇ ਪ੍ਰਧਾਨ ਮਦਨ ਲਾਲ ਬਾਂਸਲ ਦੀ ਅਗਵਾਈ ਹੇਠ ਸ਼ਾਂਤੀ ਨਿਕੇਤਨ ਰਾਮ ਬਾਗ ਧੂਰੀ ਵਿਖੇ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਧੂਮ ਧਾਮ ਨਾਲ ਮਨਾਇਆ ਗਿਆ।ਮਦਨ ਲਾਲ ਬਾਂਸਲ ਨੇ ਕਿਹਾ ਕਿ ਯੋਗ ਸਾਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਰੱਖਣ ਵਿੱਚ ਮਦਦ ਕਰਦਾ ਹੈ।

ਇਸ ਵਿਸ਼ੇਸ਼ ਦਿਵਸ ਮੌਕੇ ਭਾਰਤੀਆ ਯੋਗ ਸੰਸਥਾਨ ਦੀਆਂ ਸਾਰੀਆਂ ਕਲਾਸਾਂ ਨੇ ਸਮੂਹਿਕ ਤੌਰ 'ਤੇ ਭਾਗ ਲਿਆ ਅਤੇ ਵੱਖ ਵੱਖ ਯੋਗ ਕ੍ਰਿਆਵਾਂ ਕੀਤੀਆਂ। ਪ੍ਰੋਗਰਾਮ ਦੀ ਸ਼ੁਰੂਆਤ ਜ਼ੋਨ ਪ੍ਰਧਾਨ ਸਰੋਜ ਗਰਗ ਵੱਲੋਂ ਇੱਕ ਯੋਗ ਗੀਤ ਗਾ ਕੇ ਕੀਤੀ ਗਈ। ਸਟੇਜ ਸੱਕਤਰ ਦੀ ਭੂਮਿਕਾ ਜਿਲ੍ਹਾ ਸਕੱਤਰ ਨਿਸ਼ੀ ਗੋਇਲ ਨੇ ਬਾਖੂਬੀ ਨਿਭਾਈ ਤੇ ਮਾਨਸਿਕ ਤਨਾਅ ਦੂਰ ਕਰਨ ਲਈ ਯੋਗ ਨਿੰਦਰਾ ਵੀ ਕਰਾਈ ਗਈ।ਜ਼ਿਲ੍ਹਾ ਜਥੇਬੰਦਕ ਸਕੱਤਰ ਵਿਜੈ ਗੋਇਲ ਨੇ ਸ਼ਹਿਰ ਨਿਵਾਸੀਆਂ ਤੇ ਆਏ ਹੋਏ ਸਾਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਯੋਗ ਨੂੰ ਆਪਣੀ ਜਿੰਦਗੀ ਦਾ ਜਰੂਰੀ ਹਿੱਸਾ ਬਣਾਉਣ।ਇਸ ਮੌਕੇ ਮੱਖਣ ਲਾਲ ਗਰਗ, ਪ੍ਰਧਾਨ ਰੋਟਰੀ ਕਲੱਬ ਤੇ ਰਾਕੇਸ਼ ਕੁਮਾਰ ਗੋਇਲ ਪ੍ਰਧਾਨ ਰਾਮ ਬਾਗ ਕਮੇਟੀ ਧੂਰੀ ਨੇ ਭਾਰਤੀਜ ਯੋਗ ਸੰਸਥਾਨ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਜ਼ੋਨ ਸੱਕਤਰ ਮਹਿੰਦਰ ਕੁਮਾਰ ਗਰਗ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ ਕੁੱਲ 200 ਤੋਂ ਵੱਧ ਸਾਧਕਾ ਨੇ ਭਾਗ ਲਿਆ ਤੇ ਕਿਹਾ ਕਿ ਪੂਰੀ ਦੁਨਿਆ ਵਿੱਚ ਲੋਕ ਚੰਗੀ ਸਿਹਤ ਲਈ ਯੋਗ ਨੂੰ ਅਪਨਾ ਰਹੇ ਹਨ।ਨਰੇਸ਼ ਕੁਮਾਰ ਗੋਇਲ ਜ਼ੋਨ ਪ੍ਰਧਾਨ ਨੇ ਲੋਕਾਂ ਨੂੰ ਯੋਗ ਮੰਜਰੀ ਮੈਗ਼ਜ਼ੀਨ ਵੰਡ ਕੇ ਯੋਗ ਪ੍ਰਤੀ ਜਾਗਰੂਕ ਕੀਤਾ।ਸੰਸਥਾਨ ਦੇ ਕੇਂਦਰ ਪ੍ਰਮੁੱਖ ਬਲਜਿੰਦਰ ਸਿੰਘ, ਗੁਰਦਿਆਲ ਸਿੰਘ ਨਿਰਮਾਣ, ਸਾਬਕਾ ਡੀ.ਈ.ਓ. ਸਰਬਜੀਤ ਸਿੰਘ, ਰਜਨੀਸ਼ ਕੁਮਾਰ ਗਰਗ ਰੋਟਰੀ ਕੱਲਬ ਟੀਮ ਸਮੇਤ, ਰਾਮ ਸਿੰਘ, ਸੁਰਿੰਦਰ ਕੁਮਾਰ ਬਾਂਸਲ, ਸੰਜੀਵ ਕੁਮਾਰ, ਕਿਰਨ ਰਾਣੀ, ਰਾਜਿੰਦਰ ਕੁਮਾਰ, ਪਵਨ ਕੁਮਾਰ, ਲੁਕੇਸ਼ ਕੁਮਾਰ ਲੱਕੀ, ਰੂਬਲ ਜਿੰਦਲ, ਵਿਜੈ ਸੋਫਤ, ਸੁਸ਼ੀਲ ਕੁਮਾਰ ਗੋਇਲ, ਸੰਦੀਪ ਕੌਰ, ਸਾਬਕਾ ਪ੍ਰਿੰਸੀਪਲ ਸੁਰਿੰਦਰ ਕੌਰ, ਅਮਨ ਇੰਸਪੈਕਟਰ, ਪਨਗਰੇਨ, ਰਿਜੁਲ ਸ਼ਰਮਾ, ਗਿਆਨ ਸਿੰਘ, ਜਤਿੰਦਰ ਫਾਰਮਾਸਿਸਟ ਮੈਨੇਜਰ ਰਾਮ ਬਾਗ, ਪਵਨ ਗਰਗ, ਜਨਕ ਰਾਮ ਮੀਮਸਾ, ਹੰਸ ਰਾਜ ਬਜਾਜ, ਮੱਖਣ ਗੋਇਲ, ਦਵਿੰਦਰ ਸਿੰਘ ਸਿੱਧੂ, ਬੋਬੀ ਜੈਨ, ਰਾਕੇਸ਼ ਕੁਮਾਰ ਗਰਗ ਪ੍ਰਧਾਨ ਮੈਡੀਕਲ ਐਸੋਸੀਏਸ਼ਨ, ਜਗਮੇਲ ਸਿੰਘ, ਗੁਰਚਰਨ ਕੌਰ, ਯਸ਼ਪਾਲ, ਜੀਵਨ ਲਤਾ ਸਮੇਤ ਸ਼ਹਿਰ ਦਾ ਸਮੂਹ ਪੱਤਰਕਾਰ ਭਾਈਚਾਰਾ ਵੀ ਮੌਜੂਦ ਸੀ।

## ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਕਰੋੜਾਂ ਦੀਆਂ ਗ੍ਰਾਂਟਾਂ ਜਾਰੀ : ਦਲਵੀਰ ਸਿੰਘ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਬਾਦਸ਼ਾਹਪੁਰ ਵਿਖੇ ਕਰੀਬ 55 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਾਈ।ਇਸ ਤਹਿਤ 25 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੇ ਖੇਡ ਗਰਾਊਂਡ ਦੇ ਨਿਰਮਾਣ ਤੇ 30 ਲੱਖ ਰੁਪਏ ਦੀ ਲਾਗਤ ਨਾਲ ਛੱਪੜ ਦੇ ਨਵੀਨੀਕਰਨ ਦੇ ਕੰਮਾਂ ਦਾ ਰਸਮੀ ਆਗਾਜ਼ ਕੀਤਾ ਗਿਆ।ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਖੇਡਾਂ ਨੂੰ ਪ੍ਰਫੁੱਲਤ ਕਰਨ ਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਾਉਣ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ।ਇਸ ਮੌਕੇ ਬਲਾਕ ਸੰਮਤੀ ਚੇਅਰਮੈਨ ਸ਼ੇਰਪੁਰ ਚਰਨ ਸਿੰਘ, ਸਰਪੰਚ ਜਸਵੰਤ ਸਿੰਘ ਬਾਦਸ਼ਾਹਪੁਰ, ਸਮੂਹ ਗ੍ਰਾਮ ਪੰਚਾਇਤ ਮੈਂਬਰ, ਪਿੰਡ ਦੇ ਮੋਹਤਬਰ ਵਿਅਕਤੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਨੂਰ ਸਿੰਗਲਾ ਨੇ 31 ਫਾਈਨਲ 'ਚੋਂ ਦੇਸ ਭਰ 'ਚੋਂ ਲਿਆ ਪਹਿਲਾ ਰੈਂਕ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਇੰਸਟੀਚਿਊਟ ਆਫ਼ ਚਾਰਟਰਡ ਅਕਾਊਂਟੈਂਟਸ ਆਫ਼ ਇੰਡੀਆ (9319) ਵੱਲੋਂ ਐਲਾਨੇ ਗਏ 31 ਫਾਈਨਲ ਪ੍ਰੀਖਿਆ ਦੇ ਨਤੀਜਿਆਂ 'ਚ ਪਟਿਆਲਾ ਦੇ ਨੂਰ ਸਿੰਗਲਾ ਨੇ ਆਲ ਇੰਡੀਆ ਰੈਂਕ-1) ਹਾਸਲ ਕਰਕੇ ਨਵਾਂ ਇਤਿਹਾਸ ਸਿਰਜ ਦਿੱਤਾ ਹੈ।ਦੇਸ਼ ਦੀ ਸਭ ਤੋਂ ਔਖੀ ਮੰਨੀ ਜਾਣ ਵਾਲੀ ਇਸ ਪ੍ਰੀਖਿਆ ਵਿੱਚ ਨੂਰ ਨੇ 600 ਵਿੱਚੋਂ 499 ਅੰਕ ਪ੍ਰਾਪਤ ਕਰਕੇ ਪੂਰੇ ਦੇਸ਼ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਇਸ ਸ਼ਾਨਦਾਰ ਪ੍ਰਾਪਤੀ ਨਾਲ ਜਿੱਥੇ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ, ਉੱਥੇ ਪੂਰੇ ਪੰਜਾਬ ਤੇ ਖਾਸ ਕਰਕੇ ਪਟਿਆਲਾ ਸ਼ਹਿਰ ਦਾ ਨਾਂ ਦੇਸ਼-ਦੁਨੀਆ ਵਿੱਚ ਰੌਸ਼ਨ ਹੋਇਆ ਹੈ।ਨੂਰ ਸਿੰਗਲਾ ਦੀ ਇਸ ਬੇਮਿਸਾਲ ਸਫ਼ਲਤਾ ਦੀ ਖ਼ਬਰ ਮਿਲਦਿਆਂ ਹੀ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਉਚੇਚੇ ਤੌਰ 'ਤੇ ਨੂਰ ਦੇ ਗ੍ਰਹਿ ਵਿਖੇ ਪਹੁੰਚੇ।ਵਿਧਾਇਕ ਕੋਹਲੀ ਨੇ ਕਿਹਾ ਕਿ ਨੂਰ ਸਿੰਗਲਾ ਨੇ ਆਪਣੀ ਅਣਥੱਕ ਸਖ਼ਤ ਮਿਹਨਤ, ਲਗਨ ਅਤੇ ਦ੍ਰਿੜ੍ਹਤਾ ਸਦਕਾ ਦੇਸ਼ ਦੀ ਸਭ ਤੋਂ ਵੱਕਾਰੀ ਪ੍ਰੀਖਿਆਵਾਂ ਵਿੱਚੋਂ ਇੱਕ ਵਿੱਚੋਂ ਪਹਿਲਾ ਰੈਂਕ ਹਾਸਲ ਕਰਕੇ ਕਮਾਲ ਕਰ ਦਿੱਤਾ ਹੈ।

## ਬਸਪਾ ਵੱਲੋਂ ਵਰਕਰਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ ਕੇਡਰ ਕੈਂਪ



**ਕੋਟਕਪੂਰਾ (ਰਛਪਾਲ ਭੁੱਲਰ)**-ਬਹੁਜਨ ਸਮਾਜ ਪਾਰਟੀ ਵੱਲੋਂ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਤੇ ਸਪੈਸ਼ਲ ਇਨਸੈਂਟਿਵ ਰੀਵਿਜ਼ਨ ਸਬੰਧੀ ਵਰਕਰਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਇਕ ਵਿਸ਼ੇਸ਼ ਕੈਡਰ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਬਹੁਜਨ ਸਮਾਜ ਪਾਰਟੀ ਦੇ ਪੰਜਾਬ ਜਨਰਲ ਸਕੱਤਰ ਦੌਲਤ ਰਾਮ ਨੇ ਸ਼ਿਰਕਤ ਕੀਤੀ।ਇਸ ਦੌਰਾਨ ਉਨ੍ਹਾਂ ਪਾਰਟੀ ਦੀਆਂ ਨੀਤੀਆਂ, ਸੰਗਠਨ ਦੀ ਮਜ਼ਬੂਤੀ ਅਤੇ ਐੱਸ.ਆਈ.ਆਰ. ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਵਰਕਰਾਂ ਨੂੰ ਘਰ-ਘਰ ਤੱਕ ਪਾਰਟੀ ਦਾ ਸੰਦੇਸ਼ ਪਹੁੰਚਾਉਣ ਦਾ ਸੱਦਾ ਦਿੱਤਾ। ਲੋਕ ਸਭਾ ਇੰਚਾਰਜ ਐਡਵੋਕੇਟ ਅਵਤਾਰ ਕ੍ਰਿਸ਼ਨ, ਹਰਬੰਸ ਸਿੰਘ ਸਾਦਿਕ ਜ਼ਿਲ੍ਹਾ ਪ੍ਰਧਾਨ ਤੇ ਬਸੰਤ ਕੁਮਾਰ ਪਰਜਾਪਤ ਜ਼ਿਲ੍ਹਾ ਜਨਰਲ ਸਕੱਤਰ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਬਹੁਜਨ ਸਮਾਜ ਪਾਰਟੀ ਹੀ ਬਹੁਜਨ ਸਮਾਜ ਦੀ ਅਸਲ ਆਵਾਜ਼ ਹੈ ਤੇ ਪਾਰਟੀ ਵਰਕਰਾਂ ਨੂੰ ਮਿਸ਼ਨਰੀ ਭਾਵਨਾ ਨਾਲ ਕੰਮ ਕਰਦਿਆਂ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨਾ ਚਾਹੀਦਾ ਹੈ।ਕੈਂਪ ਦਾ ਬਾਖੂਬੀ ਆਯੋਜਨ ਪਾਰਟੀ ਦੇ ਸੀਨੀਅਰ ਆਗੂ ਕੇਵਲ ਸਿੰਘ ਮਾਂਡੀਆ ਰਿਟਾਇਰਡ ਸਬ ਇੰਸਪੈਕਟਰ ਪੰਜਾਬ ਪੁਲਸ ਤੇ ਜਗਤਾਰ ਸਿੰਘ ਰਿਟਾਇਰਡ ਏ.ਐੱਸ.ਆਈ, ਪੰਜਾਬ ਪੁਲਸ ਵੱਲੋਂ ਕੀਤਾ ਗਿਆ।

## ਝਾੜ ਸਾਹਿਬ ਕਾਲਜ ਦੇ ਵਿਦਿਆਰਥੀਆਂ ਕੀਤੀ ਦਰਬਾਰ ਸਾਹਿਬ ਵਿਖੇ ਸੇਵਾ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਬਹਾਦਰਗੜ੍ਹ ਪਟਿਆਲਾ ਵੱਲੋਂ ਸੇਵਾ, ਸਿਮਰਨ ਤੇ ਸਿੱਖੀ ਦੇ ਅਮੋਲਕ ਸੰਸਕਾਰਾਂ ਨਾਲ ਜੁੜੇ ਵਿਸ਼ੇਸ਼ ਉਪਰਾਲੇ ਤਹਿਤ ਵੱਖ-ਵੱਖ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋ ਰਿਹਾ ਹੈ।ਇਸ ਲੜੀ ਤਹਿਤ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਦੀਆਂ ਵਿਦਿਆਰਥਣਾਂ ਤੇ ਸਟਾਫ ਨੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਤੇ ਪ੍ਰੇਰਨਾ ਸਦਕਾ ਪਾਵਨ ਗੁਰਧਾਮ ਵਿਖੇ ਸ਼ਰਧਾ ਤੇ ਸਮਰਪਣ ਭਾਵਨਾ ਨਾਲ ਸੇਵਾ ਨਿਭਾਈ, ਜਿਸ ਵਿੱਚ ਕਾਲਜ ਦੇ ਸਟਾਫ ਤੇ ਵਿਦਿਆਰਥਣਾਂ ਨੇ ਉਤਸ਼ਾਹ ਪੂਰਵਕ ਭਾਗ ਲਿਆ।ਸੇਵਾ ਦੌਰਾਨ ਵਿਦਿਆਰਥਣਾਂ ਨੇ ਵੱਡੀ ਨਿਮਰਤਾ, ਸ਼ਰਧਾ ਤੇ ਜ਼ਿੰਮੇਵਾਰੀ ਨਾਲ ਆਪਣੇ ਸੇਵਾ ਕਾਰਜ ਨੂੰ ਨਿਭਾਇਆ।ਇਸ ਮੌਕੇ ਕਾਲਜ ਪ੍ਰਿੰ. ਡਾ ਰਾਜਿੰਦਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਵਿਦਿਆਰਥਣਾਂ ਵਿੱਚ ਸੇਵਾ, ਸਿਮਰਨ, ਸੰਸਕਾਰ ਪੈਦਾ ਕਰਨ ਦਾ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਅਜਿਹੇ ਪਾਵਨ ਸੇਵਾ ਕਾਰਜ ਨਾ ਸਿਰਫ ਅਜੋਕੀ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਤੇ ਗੁਰਮਤਿ ਨਾਲ ਜੋੜਦੇ ਹਨ, ਸਗੋਂ ਉਨ੍ਹਾਂ ਦੇ ਮਨਾਂ ਵਿੱਚ ਮਨੁੱਖਤਾ, ਨਿਸ਼ਕਾਮ ਸੇਵਾ ਤੇ ਸਮਾਜ ਪ੍ਰਤੀ ਫਰਜ਼ ਦੀ ਭਾਵਨਾ ਵੀ ਪ੍ਰਬਲ ਕਰਦੇ ਹਨ।ਇਸ ਮੌਕੇ ਕਾਲਜ ਸਟਾਫ ਵੱਲੋਂ ਡਾ. ਰਣਜੀਤ ਕੌਰ, ਡਾ. ਮਹੀਪਿੰਦਰ ਕੌਰ, ਡਾ. ਅਮਨਪ੍ਰੀਤ ਕੌਰ ਕੰਗ, ਬੀਬੀ ਬਲਜਿੰਦਰ ਕੌਰ, ਬੀਬੀ ਸੁਖਦੀਪ ਕੌਰ, ਬੀਬੀ ਅਮਨਦੀਪ ਕੌਰ, ਬੀਬੀ ਸਿਮਰਨਪ੍ਰੀਤ ਕੌਰ, ਬੀਬੀ ਕੁਲਵਿੰਦਰ ਕੌਰ, ਮੁਕੇਸ਼ ਸ਼ਰਮਾ, ਸੁਖਵੀਰ ਸਿੰਘ, ਰਜਿੰਦਰ ਸਿੰਘ, ਜਗਜੀਤ ਸਿੰਘ, ਗੁਰਪ੍ਰੀਤ ਸਿੰਘ, ਬੀਬੀ ਸਰਬਜੀਤ ਕੌਰ, ਬੀਬੀ ਹਰਜੋਤ ਕੌਰ, ਬੀਬੀ ਬਬੀਤਾ ਰਾਣੀ, ਬੀਬੀ ਸੋਨੀ ਤੇ ਵਿਦਿਆਰਥਣਾਂ ਹਾਜ਼ਰ ਸਨ।

## ਬਾਬਾ ਪ੍ਰਕਾਸ਼ ਮੁਨੀ ਦੀ ਯਾਦ 'ਚ ਧਾਰਮਿਕ ਸਮਾਗਮ 25 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਸੰਤ ਬਾਬਾ ਪ੍ਰਕਾਸ਼ ਮੁਨੀ ਦੀ ਯਾਦ ਨੂੰ ਸਮਰਪਤ ਸਲਾਨਾ ਧਾਰਮਿਕ ਸਮਾਗਮ 23 ਤੋਂ 25 ਜੂਨ ਤੱਕ ਡੇਰਾ ਮੁਕਤਸਰ, ਪਿੰਡ ਮੂੰਮ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।

ਮੁੱਖ ਸੇਵਾਦਾਰ ਬਾਬਾ ਦਲੌਰ ਮੁਨੀ ਨੇ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਤੇ ਸੰਗਤਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 23 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕੀਤੇ ਜਾਣਗੇ, ਜਿਨ੍ਹਾਂ ਦੇ ਭੋਗ 25 ਜੂਨ ਨੂੰ ਪਾਏ ਜਾਣ ਉਪਰੰਤ ਵਿਸ਼ਾਲ ਧਾਰਮਿਕ ਸਮਾਗਮ ਦੌਰਾਨ ਪ੍ਰਸਿੱਧ ਰਾਗੀ, ਕਥਾ ਵਾਚਕ, ਢਾਡੀ, ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਨਗੇ।ਪ੍ਰਬੰਧਕਾਂ ਨੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਬਰਸੀ ਸਮਾਗਮ 'ਚ ਪਰਵਾਰਾਂ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।

## ਗੁਰੂ ਨਾਨਕ ਕਾਲਜ ਵਿਖੇ ਓਲਡ ਸਟੂਡੈਂਟਸ ਐਸੋਸੀਏਸ਼ਨ ਦੀ ਚੋਣ



**ਬੁਢਲਾਡਾ (ਅਸ਼ੋਕ ਲਾਕੜਾ)**-ਉੱਤਰੀ ਭਾਰਤ ਦੀ ਸਿਰਮੌਰ ਤੇ ਆਟੋਨੌਮਸ ਵਿੱਦਿਅਕ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਪੁਰਾਣੇ ਵਿਦਿਆਰਥੀਆਂ (ਐਲੂਮਨੀ) ਦੀ ਇੱਕ ਅਹਿਮ ਇਕੱਤਰਤਾ ਹੋਈ।ਇਸ ਮੀਟਿੰਗ ਦੌਰਾਨ ਕਾਲਜ ਦੀ ਤਰੱਕੀ ਤੇ ਪੁਰਾਣੇ ਵਿਦਿਆਰਥੀਆਂ ਨੂੰ ਸੰਸਥਾ ਨਾਲ ਲਗਾਤਾਰ ਜੋੜੀ ਰੱਖਣ ਦੇ ਮਕਸਦ ਨਾਲ ਓਲਡ ਸਟੂਡੈਂਟਸ ਐਸੋਸੀਏਸ਼ਨ ਦੀ ਨਵੀਂ ਕਾਰਜਕਾਰਨੀ ਕਮੇਟੀ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ।

ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਆਏ ਹੋਏ ਸਾਬਕਾ ਵਿਦਿਆਰਥੀਆਂ ਨੂੰ ਜੀ ਆਇਆਂ ਆਖਦਿਆਂ ਸੰਸਥਾ ਦੀਆਂ ਪ੍ਰਾਪਤੀਆਂ ਸਬੰਧੀ ਵਿਸਥਾਰ ਵਿੱਚ ਚਾਨਣਾ ਪਾਇਆ।ਉਨ੍ਹਾਂ ਕਾਲਜ ਵਿੱਚ ਸ਼ੁਰੂ ਕੀਤੇ ਨਵੇਂ ਕੋਰਸਾਂ, ਵਜ਼ੀਫਾ ਸਕੀਮਾਂ, ਅਕਾਦਮਿਕ, ਸਪੋਰਟਸ ਤੇ ਕਲਚਰਲ ਗਤੀਵਿਧੀਆਂ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਮੀਟਿੰਗ ਦੌਰਾਨ ਹਾਜ਼ਰ ਸਮੂਹ ਮੈਂਬਰਾਂ ਤੇ ਕਾਲਜ ਪ੍ਰਬੰਧਕਾਂ ਦੀ ਸਹਿਮਤੀ ਨਾਲ ਡਾ. ਕਰਨੈਲ ਸਿੰਘ ਵੈਰਾਗੀ, ਸ੍ਰੀ ਨਵਨੀਤ ਕੱਕੜ ਤੇ ਮਨੇਜਰ ਕੁਲਵੰਤ ਸਿੰਘ ਬੁਢਲਾਡਾ ਨੂੰ ਓਲਡ ਸਟੂਡੈਂਟ ਐਸੋਸੀਏਸ਼ਨ ਦੇ ਸਰਪ੍ਰਸਤ ਵਜੋਂ ਨਿਯੁਕਤ ਕੀਤਾ ਗਿਆ।

ਇਸ ਉਪਰੰਤ ਸਰਪ੍ਰਸਤਾਂ ਦੀ ਦੇਖ-ਰੇਖ ਹੇਠ ਕਮੇਟੀ ਦੇ ਅਹੁਦੇਦਾਰਾਂ ਦਾ ਐਲਾਨ ਕੀਤਾ ਗਿਆ, ਜਿਸ ਵਿੱਚ ਮੱਖਣ ਸਿੰਘ ਨੂੰ ਸਰਬਸੰਮਤੀ ਨਾਲ ਐਸੋਸੀਏਸ਼ਨ ਦਾ ਪ੍ਰਧਾਨ ਚੁਣਿਆ ਗਿਆ।ਇਸੇ ਤਰ੍ਹਾਂ ਗੁਰਕੀਰਤ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਐਡਵੋਕੇਟ ਚੰਦਨ ਨੂੰ ਮੀਤ ਪ੍ਰਧਾਨ, ਰਜਿੰਦਰ ਵਰਮਾ ਨੂੰ ਸਕੱਤਰ, ਤਰਜੀਤ ਸਿੰਘ ਚਹਿਲ ਨੂੰ ਜੁਆਇੰਟ ਸਕੱਤਰ ਤੇ ਪ੍ਰਮੋਦ ਕੁਮਾਰ ਨੂੰ ਖ਼ਜ਼ਾਨਚੀ ਦੀ ਜ਼ਿੰਮੇਵਾਰੀ ਸੌਂਪੀ ਗਈ।ਕਾਰਜਕਾਰਨੀ ਵਿਚ ਵੱਖ ਵੱਖ ਸ਼ੈਸ਼ਨਾਂ ਦੇ 31 ਮੈਂਬਰ ਚੁਣੇ ਗਏ।ਨਵ-ਨਿਯੁਕਤ ਪ੍ਰਧਾਨ ਮੱਖਣ ਸਿੰਘ ਤੇ ਸਮੂਹ ਅਹੁਦੇਦਾਰਾਂ ਨੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਇਸ ਮੌਕੇ ਕਾਲਜ ਸਟਾਫ਼, ਪੁਰਾਣੇ ਵਿਦਿਆਰਥੀਆਂ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਨਵੀਂ ਚੁਣੀ ਗਈ ਟੀਮ ਨੂੰ ਮੁਬਾਰਕਬਾਦ ਦਿੱਤੀ ਤੇ ਉਮੀਦ ਜਤਾਈ ਕਿ ਇਹ ਐਸੋਸੀਏਸ਼ਨ ਸੰਸਥਾ ਦੀ ਬਿਹਤਰੀ ਲਈ ਸ਼ਲਾਘਾਯੋਗ ਕੰਮ ਕਰੇਗੀ।ਇਸ ਮੌਕੇ ਅਮਨਪ੍ਰੀਤ ਸਿੰਘ, ਡਾ. ਗੁਰਪ੍ਰੀਤ ਸਿੰਘ, ਪ੍ਰੋ. ਗੁਰਵਿੰਦਰ ਸਿੰਘ, ਅਨੂਪ ਸਿੰਘ ਖਾਲਸਾ, ਜਗਦੀਸ਼ ਰਾਏ ਕੁਲਰੀਆਂ ਤੇ ਗੁਰਦੀਪ ਸਿੰਘ ਹਾਜ਼ਰ ਸਨ।

## ਜੁਡੀਸ਼ੀਅਲ ਕੋਰਟਸ ਕੰਪਲੈਕਸ 'ਚ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਸਹਿਯੋਗ ਨਾਲ ਜੁਡੀਸ਼ੀਅਲ ਕੋਰਟਸ ਕੰਪਲੈਕਸ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਬੜੀ ਉਤਸ਼ਾਹ ਨਾਲ ਮਨਾਇਆ ਗਿਆ।ਇਹ ਪ੍ਰੋਗਰਾਮ ਸ੍ਰੀ ਮਨਦੀਪ ਸਿੰਘ, ਅਡੀਸ਼ਨਲ ਸਿਵਲ ਜੱਜ ਸੀਨੀਅਰ ਡਿਵੀਜ਼ਨ ਸਮਾਣਾ ਦੀ ਯੋਗ ਅਗਵਾਈ ਹੇਠ ਮਨਾਇਆ ਗਿਆ।ਯੋਗ ਅਚਾਰੀਆ ਰਜਿੰਦਰ ਕੁਮਾਰ ਨੇ ਹਾਜ਼ਰੀਨ ਨੂੰ ਯੋਗਾ ਅਭਿਆਸ ਕਰਾਇਆ।ਉਨ੍ਹਾਂ ਯੋਗਾ ਨਾਲ ਸਰੀਰ ਨੂੰ ਹੋਣ ਵਾਲੇ ਫਾਇਦਿਆਂ ਬਾਬਤ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਜੇਕਰ ਰੋਜ਼ਾਨਾ ਨਿਯਮਿਤ ਰੂਪ ਵਿੱਚ ਯੋਗਾ ਕੀਤਾ ਜਾਵੇ ਤਾਂ ਕਈ ਭਿਆਨਕ ਬਿਮਾਰੀਆਂ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕਦਾ ਹੈ।ਯੋਗਾ ਕੈਂਪ 'ਚ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ, ਮੀਤ ਪ੍ਰਧਾਨ ਸੰਦੀਪ ਜਿੰਦਲ, ਵਿਕਾਸ ਸ਼ਰਮਾ, ਹਰਮਨਦੀਪ ਸਿੰਘ ਸਿੱਧੂ, ਵਿਪਨ ਬਾਂਸਲ, ਅਨੂਰੂਪ ਗਰਗ, ਹਰਤੇਜ ਸਿੰਘ ਸੰਧੂ, ਸੁਭਾਸ਼ ਠਾਕੁਰ, ਇਸਆਨ ਖਾਨ, ਮੋਨਿਕਾ ਪਹੂਜਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਤੋਂ ਇਲਾਵਾ ਅਦਾਲਤੀ ਸਟਾਫ਼ ਤੇ ਹੋਰ ਪਤਵੰਤਿਆਂ ਅਤੇ ਬੱਚਿਆਂ ਨੇ ਵੀ ਵਧ-ਚੜ੍ਹ ਕੇ ਯੋਗਾ ਅਭਿਆਸ ਵਿੱਚ ਹਿੱਸਾ ਲਿਆ।ਬੱਚਿਆਂ ਤੇ ਸਮੂਹ ਸਟਾਫ਼ ਵੱਲੋਂ ਬੜੇ ਹੀ ਸ਼ਾਂਤਮਈ ਮਾਹੌਲ ਵਿੱਚ ਆਸਣ ਕੀਤੇ ਗਏ ਤੇ ਅਖੀਰ ਵਿੱਚ ਯੋਗ ਅਚਾਰੀਆ ਨੂੰ ਸਨਮਾਨਤ ਵੀ ਕੀਤਾ ਗਿਆ।ਅਖੀਰ ਵਿੱਚ ਸਭ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ।

## ਪਟਿਆਲਾ ਦਿਹਾਤੀ 'ਚ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਅਹਿਮ ਬੈਠਕ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਪਟਿਆਲਾ ਦਿਹਾਤੀ ਵਿੱਚ ਕਾਂਗਰਸ ਪਾਰਟੀ ਦੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਵਧੇਰੇ ਸਰਗਰਮ ਤੇ ਮਜ਼ਬੂਤ ਕਰਨ ਦੇ ਮਕਸਦ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਹਲਕਾ ਪਟਿਆਲਾ ਦਿਹਾਤੀ ਦੇ ਇੰਚਾਰਜ ਤੇ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮੋਹਿੰਦਰਾ ਦੀ ਪ੍ਰਧਾਨਗੀ ਹੇਠ ਹੋਈ ਇਸ ਉੱਚ ਪੱਧਰੀ ਬੈਠਕ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਸਹਿ-ਇੰਚਾਰਜ ਸ੍ਰੀਮਤੀ ਹੀਨਾ ਕਾਵਰੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਹਲਕਾ ਪਟਿਆਲਾ ਦਿਹਾਤੀ ਦੇ ਮੌਜੂਦਾ ਸਿਆਸੀ ਹਾਲਾਤਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਮੋਹਿਤ ਮੋਹਿੰਦਰਾ ਤੇ ਸਹਿ-ਇੰਚਾਰਜ ਹੀਨਾ ਕਾਵਰੇ ਨੇ ਸਥਾਨਕ ਲੀਡਰਸ਼ਿਪ ਨਾਲ ਗੱਲਬਾਤ ਕਰਦਿਆਂ ਪਾਰਟੀ ਦੇ ਸੰਗਠਨਾਤਮਕ ਵਿਸਥਾਰ, ਨਵੀਆਂ ਨਿਯੁਕਤੀਆਂ ਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਸ਼ਾਸਨ ਤੇ ਸਰਕਾਰ ਅੱਗੇ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਵਿਸ਼ੇਸ਼ ਰਣਨੀਤੀ ਉਲੀਕੀ।ਆਗੂਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਕਾਰਨ ਹਰ ਵਰਗ ਪ੍ਰੇਸ਼ਾਨ ਹੈ ਤੇ ਕਾਂਗਰਸ ਪਾਰਟੀ ਹਲਕੇ ਦੇ ਲੋਕਾਂ ਦੇ ਹੱਕਾਂ ਲਈ ਸੜਕਾਂ ਤੋਂ ਲੈ ਕੇ ਹਰ ਮੰਚ 'ਤੇ ਲੜਾਈ ਲੜਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਅਹਿਮ ਜਥੇਬੰਦਕ ਬੈਠਕ ਵਿੱਚ ਪਟਿਆਲਾ ਕਾਂਗਰਸ ਦੇ ਕਈ ਸੀਨੀਅਰ ਆਗੂ ਤੇ ਅਹੁਦੇਦਾਰ ਹਾਜ਼ਰ ਸਨ।ਮੀਟਿੰਗ ਦੇ ਅਖੀਰ ਵਿੱਚ ਸ੍ਰੀ ਮੋਹਿੰਦਰਾ ਨੇ ਆਏ ਹੋਏ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਇੱਕਜੁੱਟ ਹੋ ਕੇ ਪਾਰਟੀ ਦੀ ਚੜ੍ਹਦੀ ਕਲਾ ਲਈ ਚੋਣ ਮੈਦਾਨ ਵਿੱਚ ਡਟਨ ਦਾ ਸੱਦਾ ਦਿੱਤਾ।

## ਨਿਰੰਕਾਰੀ ਭਵਨ ਵਿਖੇ ਵਿਸ਼ੇਸ਼ ਸਤਸੰਗ; ਸੰਤ ਹਰਪ੍ਰੀਤ ਸਿੰਘ ਨੇ ਸੰਗਤਾਂ ਨੂੰ ਕੀਤਾ ਨਿਹਾਲ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਦੇ ਨਿਰੰਕਾਰੀ ਸਤਿਸੰਗ ਭਵਨ ਵਿਖੇ ਇੱਕ ਵਿਸ਼ੇਸ਼ ਰੂਹਾਨੀ ਸਮਾਗਮ ਕੀਤਾ ਗਿਆ।ਇਸ ਸਮਾਗਮ ਵਿੱਚ ਪਟਿਆਲਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸੰਤ ਹਰਪ੍ਰੀਤ ਸਿੰਘ ਨੇ ਸੰਗਤਾਂ ਨੂੰ ਆਪਣੇ ਰੂਹਾਨੀ ਪ੍ਰਵਚਨਾਂ ਨਾਲ ਨਿਹਾਲ ਕੀਤਾ।ਸੰਗਤਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਫਰਮਾਇਆ ਕਿ ਸਤਿਗੁਰ ਪਾਸੋਂ ਬ੍ਰਹਮ ਗਿਆਨ ਦੀ ਪ੍ਰਾਪਤੀ ਕਰਨ ਵੇਲੇ ਪੰਜ ਪ੍ਰਣ ਲਏ ਜਾਂਦੇ ਹਨ, ਜਿਸ ਤੋਂ ਬਾਅਦ ਹੀ ਬ੍ਰਹਮ ਗਿਆਨ ਦੀ ਦਾਤ ਬਖਸ਼ਿਸ਼ ਹੁੰਦੀ ਹੈ।ਉਨ੍ਹਾਂ ਕਿਹਾ ਕਿ ਗੁਰਸਿੱਖ ਨੇ ਆਪਣੀ 'ਮੈਂ' (ਹਉਮੈ) ਨੂੰ ਗੁਰੂ ਚਰਨਾਂ ਵਿੱਚ ਅਰਪਣ ਕਰਨਾ ਹੁੰਦਾ ਹੈ, ਤਾਂ ਜੋ ਸੰਤਾਂ ਵਾਲੇ ਸ਼ੁਭ ਗੁਣ ਉਸ ਦੇ ਜੀਵਨ ਵਿੱਚ ਪ੍ਰਵੇਸ਼ ਕਰ ਸਕਣ।ਜਿਵੇਂ ਦੁੱਧ ਵਿੱਚ ਪਈ ਜ਼ਹਿਰ ਦੀ ਇੱਕ ਬੂੰਦ ਪੂਰੇ ਦੁੱਧ ਨੂੰ ਖ਼ਰਾਬ ਕਰ ਦਿੰਦੀ ਹੈ, ਉਸੇ ਤਰ੍ਹਾਂ ਭਗਤੀ ਵਿੱਚ ਹਉਮੈ ਦੀ ਭਾਵਨਾ ਸਾਰੀ ਅਧਿਆਤਮਕ ਕਮਾਈ ਨੂੰ ਖ਼ਤਮ ਕਰ ਦਿੰਦਾ ਹੈ।ਜਦੋਂ ਤੱਕ ਮਨੁੱਖ ਦੇ ਅੰਦਰੋਂ 'ਮੈਂ' ਨਹੀਂ ਮੁੱਕਦੀ, ਉਦੋਂ ਤੱਕ ਨਿਰੰਕਾਰ ਦੀ ਪ੍ਰਾਪਤੀ ਨਹੀਂ ਹੋ ਸਕਦੀ।ਉਨ੍ਹਾਂ ਕਿਹਾ ਕਿ ਬ੍ਰਹਮ ਗਿਆਨ ਦੀ ਪ੍ਰਾਪਤੀ ਤੋਂ ਬਾਅਦ ਅਸਲ ਗੁਰਸਿੱਖ ਉਹ ਹੈ ਜੋ ਅੰਦਰੋਂ-ਬਾਹਰੋਂ ਇੱਕ ਹੋਵੇ ਤੇ ਜਿਸ ਦੇ ਬੋਲ ਤੇ ਅਮਲ (ਕਰਨੀ) ਵਿੱਚ ਕੋਈ ਖੋਟ ਨਾ ਹੋਵੇ।ਸੰਤ ਹਰਪ੍ਰੀਤ ਸਿੰਘ ਨੇ ਭਗਤੀ ਬਾਬਤ ਬਾਬਾ ਹਰਦੇਵ ਸਿੰਘ ਮਹਾਰਾਜ ਦੇ ਮਸੂਰੀ ਦੇ ਬਚਨਾਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਗੁਰਸਿੱਖ ਹਮੇਸ਼ਾ ਗੁਰੂ ਦੀ ਅੱਖ ਨਾਲ ਦੇਖਦਾ ਹੈ ਤੇ ਗੁਰੂ ਦੇ ਕੰਨਾਂ ਨਾਲ ਸੁਣਦਾ ਹੈ, ਭਾਵ ਉਹ ਕਦੇ ਕਿਸੇ ਦੀ ਨਿੰਦਾ-ਚੁਗਲੀ ਵਿੱਚ ਸ਼ਾਮਲ ਨਹੀਂ ਹੁੰਦਾ।ਉਨ੍ਹਾਂ ਸੰਗਤ ਨੂੰ ਸੁਚੇਤ ਕਰਦਿਆਂ ਉਦਾਹਰਨ ਦਿੱਤੀ ਕਿ ਜਦੋਂ ਅਸੀਂ ਕਿਸੇ ਦੂਜੇ ਵੱਲ ਇੱਕ ਉਂਗਲ ਚੁੱਕਦੇ ਹਾਂ, ਤਾਂ ਬਾਕੀ ਤਿੰਨ ਉਂਗਲਾਂ ਸਾਡੇ ਆਪਣੇ ਵੱਲ ਹੁੰਦੀਆਂ ਹਨ।ਇਸ ਲਈ ਦੂਜਿਆਂ ਦੇ ਔਗੁਣ ਦੇਖਣ ਦੀ ਬਜਾਏ ਹਮੇਸ਼ਾ ਆਪਣੇ ਅੰਦਰ ਝਾਤੀ ਮਾਰਨੀ ਚਾਹੀਦੀ ਹੈ।ਸਮਾਗਮ ਦੇ ਅਖੀਰ ਵਿੱਚ ਉਨ੍ਹਾਂ ਸਾਰਿਆਂ ਨੂੰ ਪ੍ਰੇਰਨਾ ਦਿੱਤੀ ਕਿ ਅਸੀਂ ਕੇਵਲ ਸਟੇਜਾਂ 'ਤੇ ਬੋਲਣ ਵਾਲੇ ਨਕਸ਼ਿਆਂ (ਗੱਲਾਂ) ਤੱਕ ਸੀਮਤ ਨਾ ਰਹੀਏ, ਬਲਕਿ ਆਪਣੇ ਅਮਲੀ ਜੀਵਨ ਵਿੱਚ ਨਿਮਰਤਾ, ਸੇਵਾ ਤੇ ਸਿਮਰਨ ਦਾ ਰੰਗ ਭਰੀਏ।ਇਸ ਰੂਹਾਨੀ ਸਮਾਗਮ ਵਿੱਚ ਭਾਰੀ ਗਿਣਤੀ ਵਿੱਚ ਸਥਾਨਕ ਨਿਰੰਕਾਰੀ ਸੰਗਤ ਨੇ ਹਾਜ਼ਰੀ ਭਰੀ ਤੇ ਗੁਰੂ ਜਸ ਸਰਵਣ ਕੀਤਾ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਲਈ ਲਾਇਆ ਕੈਂਪ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਸ਼ਕਤੀਕਰਨ ਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪਿੰਡ ਸਲੇਮਪੁਰ ਵਿਖੇ ਰਜਿਸਟ੍ਰੇਸ਼ਨ ਲਈ ਇੱਕ ਵਿਸ਼ੇਸ਼ ਕੈਂਪ ਲਾਇਆ ਗਿਆ।ਕੈਂਪ ਦੀ ਸ਼ੁਰੂਆਤ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੱਲੋਂ ਕਰਵਾਈ ਗਈ।ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਤੇ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਸਰਕਾਰ ਵੱਲੋਂ ਇਹ ਯੋਜਨਾ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ 1 ਜੁਲਾਈ ਤੋਂ ਯੋਗ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਜਾਵੇਗੀ।ਉਨ੍ਹਾਂ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਆਪਣੀ ਰਜਿਸਟ੍ਰੇਸ਼ਨ ਸਮੇਂ ਸਿਰ ਕਰਾਉਣ ਅਤੇ ਹੋਰਨਾਂ ਨੂੰ ਵੀ ਇਸ ਬਾਰੇ ਜਾਗਰੂਕ ਕਰਨ।

## ਸਿਹਤ ਮੰਤਰੀ ਨੇ ਹਜ਼ਾਰਾਂ ਲੋਕਾਂ ਨਾਲ ਕੀਤਾ ਯੋਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਵਾਸਥ ਉਮਰ ਲਈ ਯੋਗਾ ਥੀਮ ਤਹਿਤ 12ਵੇਂ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਹਜ਼ਾਰਾਂ ਪਟਿਆਲਾ ਵਾਸੀਆਂ ਨਾਲ ਸਮੂਹਿਕ ਯੋਗ ਅਭਿਆਸ ਕੀਤਾ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਰਹੀਆਂ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਸੀਐਮ ਦੀ ਯੋਗਸ਼ਾਲਾ' ਪਹਿਲਕਦਮੀ ਨੇ ਪੰਜਾਬ ਦੇ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਸਕਾਰਾਤਮਕ ਬਦਲਾਅ ਲਿਆਂਦਾ ਹੈ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ 1400 ਤੋਂ ਵੱਧ ਯੋਗਾ ਟ੍ਰੇਨਰਾਂ ਨੂੰ ਸਿਖਲਾਈ ਦਿੱਤੀ ਗਈ ਹੈ, ਜੋ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋਕਾਂ ਨੂੰ ਯੋਗਾ ਸਿਖਾ ਕੇ ਤੰਦਰੁਸਤ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾ ਰਹੇ ਹਨ।ਸਿਹਤ ਮੰਤਰੀ ਨੇ ਕਿਹਾ ਕਿ ਯੋਗਾ ਸਿਰਫ਼ ਸਰੀਰਕ ਕਸਰਤ ਨਹੀਂ, ਸਗੋਂ ਮਨ, ਸਰੀਰ ਤੇ ਆਤਮਾ ਨੂੰ ਸੰਤੁਲਿਤ ਕਰਨ ਦੀ ਇੱਕ ਅੰਦਰੂਨੀ ਯਾਤਰਾ ਹੈ।ਉਨ੍ਹਾਂ ਕਿਹਾ ਕਿ ਤੰਦਰੁਸਤ ਮਨ, ਸ਼ੁੱਧ ਆਹਾਰ ਅਤੇ ਨਿਯਮਿਤ ਯੋਗਾ ਹੀ ਸਿਹਤਮੰਦ ਜੀਵਨ ਦੀ ਬੁਨਿਆਦ ਹਨ।ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਯੋਗਾ ਨੂੰ ਆਪਣੀ ਰੋਜ਼ਾਨਾ ਦੀ ਦਿਨਚਰਿਆ ਦਾ ਹਿੱਸਾ ਬਣਾਇਆ ਜਾਵੇ ਤਾਂ ਜੁ ਬਿਮਾਰੀਆਂ ਤੋਂ ਬਚਾਅ ਦੇ ਨਾਲ-ਨਾਲ ਮਾਨਸਿਕ ਸ਼ਾਂਤੀ ਵੀ ਪ੍ਰਾਪਤ ਹੋ ਸਕੇ।ਆਯੁਰਵੇਦ ਵਿਭਾਗ ਦੇ ਡਾਇਰੈਕਟਰ ਡਾ. ਰਮਨ ਖੰਨਾ ਨੇ ਸਮਾਗਮ ਵਿੱਚ ਪੁੱਜੀਆਂ ਸ਼ਖ਼ਸੀਅਤਾਂ ਤੇ ਭਾਗੀਦਾਰਾਂ ਦਾ ਸਵਾਗਤ ਕਰਦਿਆਂ ਇਸ ਸਾਲ ਦੇ ਅੰਤਰਰਾਸ਼ਟਰੀ ਯੋਗ ਦਿਵਸ ਦੀ ਥੀਮ ਸਵਾਸਥ ਉਮਰ ਲਈ ਯੋਗਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਯੋਗਾ ਨੂੰ ਸਿਹਤਮੰਦ ਜੀਵਨ ਦਾ ਅਟੁੱਟ ਹਿੱਸਾ ਬਣਾਉਣ ਦਾ ਸੱਦਾ ਦਿੱਤਾ।

## ਵਿਧਾਇਕ ਭੁੱਲਰ ਨੇ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ ਤੇ ਰੱਖੇ ਨੀਂਹ ਪੱਥਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਧਾਇਕ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਬਾਰੇ ਕੇ ਖੱਬਾ, ਮਾਛੀਵਾੜਾ, ਪੀਰ ਇਸਮਾਇਲ ਖਾਂ ਤੇ ਸੂਬਾ ਜਦੀਦ ਵਿਖੇ ਪਹੁੰਚੇ ਕੇ ਲੋਕ ਮਿਲਣੀਆਂ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਕੁੱਝ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਵੀ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਪਿੰਡਾਂ ਵਿੱਚ ਇੰਟਰਲਾਕਿੰਗ ਟਾਈਲਾਂ, ਗਲੀਆਂ ਨਾਲੀਆਂ ਪੱਕੀਆਂ ਕਰਨ ਆਦਿ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ ਤੇ ਨਵੇਂ ਕੰਮਾਂ ਦੇ ਨੀਂਹ ਪੱਥਰ ਵੀ ਰੱਖੇ ਗਏ। ਵਿਧਾਇਕ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ ਤੇ ਵੱਡੇ ਪੱਧਰ ਤੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਫੰਡ ਜਾਰੀ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਕਿਸੇ ਤਰ੍ਹਾਂ ਦੀ ਕਮੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਕਾਰਜ ਇਸੇ ਤਰ੍ਹਾਂ ਨਿਰੰਤਰ ਜਾਰੀ ਰਹਿਣਗੇ। ਇਸ ਮੌਕੇ ਇਲਾਕਾ ਵਾਸੀਆਂ ਵੱਲੋਂ ਵੀ ਭਰਵਾਂ ਹੁੰਗਾਰਾ ਦਿੱਤਾ ਗਿਆ ਤੇ ਮਾਨ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਪ੍ਰਤੀ ਆਪਣਾ ਸਮਰਥਨ ਪ੍ਰਗਟਾਇਆ ਗਿਆ। ਇਸ ਮੌਕ ਸਰਪੰਚ ਬਾਰੇ ਕੇ ਸੀਮਾ ਰਾਣੀ, ਸਰਪੰਚ ਪੀਰ ਇਸਮਾਈਲ ਖਾਂ ਮਾਘ ਸਿੰਘ, ਸਰਪੰਚ ਮਾਛੀਵਾੜਾ ਸੁਖਵਿੰਦਰ ਕੌਰ, ਸਰਪੰਚ ਸੂਬਾ ਜਦੀਦ ਹੀਰਾ ਸਿੰਘ ਸਮੇਤ ਵੱਖ ਵੱਖ ਆਪ ਆਗੂ ਤੇ ਪਿੰਡ ਵਾਸੀ ਹਾਜ਼ਰ ਸਨ।

## ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਥਾਣਾ ਠੁੱਲੀਵਾਲ ਪੁਲਸ ਨੇ ਇਕ ਨੌਜਵਾਨ ਨੂੰ 80 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤੇ ਜਾਣ ਦਾ ਪਤਾ ਲੱਗਿਆ ਹੈ।ਇੰਸਪੈਕਟਰ ਗੁਰਪਾਲ ਸਿੰਘ ਠੁੱਲੀਵਾਲ ਨੇ ਦੱਸਿਆ ਕਿ ਏ.ਐਸ.ਆਈ. ਜਸਵਿੰਦਰ ਸਿੰਘ ਸਮੇਤ ਪੁਲਸ ਪਾਰਟੀ ਵੱਲੋਂ ਗਸ਼ਤ ਦੌਰਾਨ ਪਿੰਡ ਕੁਰੜ ਦੇ ਸੂਏ ਵਾਲੇ ਪੁਲ ਨੇੜੇ ਸ਼ੱਕ ਦੇ ਆਧਾਰ 'ਤੇ ਗੁਰਦੀਪ ਸਿੰਘ ਵਾਸੀ ਕੁਰੜ ਨੂੰ ਰੋਕ ਕੇ ਤਲਾਸ਼ੀ ਲਈ ਗਈ।ਇਸ ਦੌਰਾਨ ਉਸ ਕੋਲੋਂ 80 ਨਸ਼ੀਲੀਆਂ ਖੁੱਲ੍ਹੀਆਂ ਗੋਲੀਆਂ ਬਰਾਮਦ ਹੋਈਆਂ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਦੋਸ਼ੀ ਖ਼ਿਲਾਫ਼ ਥਾਣਾ ਠੁੱਲੀਵਾਲ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ।ਦੋਸ਼ੀ ਨੂੰ ਕਾਨੂੰਨੀ ਕਾਰਵਾਈ ਅਨੁਸਾਰ ਗ੍ਰਿਫ਼ਤਾਰ ਕਰਕੇ ਅਗਲੇਰੀ ਪੁੱਛਗਿੱਛ ਕੀਤੀ ਜਾ ਰਹੀ ਹੈ।

## ਕਾਂਗਰਸ ਦੀ ਕੌਮੀ ਸਕੱਤਰ ਹੀਨਾ ਕਾਵਰੇ ਵੱਲੋਂ ਵਰਕਰਾਂ ਨਾਲ ਮੀਟਿੰਗ

### ਵੋਟਰ ਸੂਚੀਆਂ ਦੀ ਜਾਂਚ ਤੇ ਐੱਸ.ਆਈ.ਆਰ. ਮੁਹਿੰਮ 'ਤੇ ਡਟਣ ਦਾ ਸੱਦਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਲ ਇੰਡੀਆ ਕਾਂਗਰਸ ਦੀ ਸਕੱਤਰ ਤੇ ਪੰਜਾਬ ਕਾਂਗਰਸ ਦੇ ਮਾਮਲਿਆਂ ਬਾਰੇ ਸਹਿ-ਇੰਚਾਰਜ ਮੈਡਮ ਹੀਨਾ ਕਾਵਰੇ ਦੀ ਮੌਜੂਦਗੀ ਵਿੱਚ ਵਿਧਾਨ ਸਭਾ ਹਲਕਾ ਧੂਰੀ ਦੇ ਕਾਂਗਰਸੀ ਵਰਕਰਾਂ ਤੇ ਅਹੁਦੇਦਾਰਾਂ ਦੀ ਇੱਕ ਮੀਟਿੰਗ ਸਾਬਕਾ ਹਲਕਾ ਵਿਧਾਇਕ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਦਲਵੀਰ ਸਿੰਘ ਗੋਲਡੀ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਦੌਰਾਨ ਪਾਰਟੀ ਦੀ ਮੌਜੂਦਾ ਸਥਿਤੀ ਤੇ ਭਵਿੱਖੀ ਰਣਨੀਤੀ 'ਤੇ ਡੂੰਘੀ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੈਡਮ ਹੀਨਾ ਕਾਵਰੇ ਨੇ ਚੱਲ ਰਹੀ ਐੱਸ.ਆਈ.ਆਰ. ਮੁਹਿੰਮ ਬਾਰੇ ਗੱਲ ਕੀਤੀ ਤੇ ਵਰਕਰਾਂ ਨੂੰ ਇਸ 'ਤੇ ਡੱਟਵਾਂ ਪਹਿਰਾ ਦੇਣ ਦੀ ਅਪੀਲ ਕੀਤੀ।ਉਨ੍ਹਾਂ ਹਲਕੇ ਦੇ ਬੀ.ਐੱਲ.ਏ-1 ਅਤੇ ਬੀ.ਐੱਲ.ਏ-2 ਨੂੰ ਤਾਕੀਦ ਕਰਦਿਆਂ ਕਿਹਾ ਕਿ ਵੋਟਰ ਸੂਚੀਆਂ ਦੀ ਜਾਂਚ ਤੇ ਸੋਧ ਦੇ ਕੰਮ ਨੂੰ ਪੂਰੀ ਜ਼ਿੰਮੇਵਾਰੀ ਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੋਈ ਵੀ ਯੋਗ ਵੋਟਰ ਆਪਣੇ ਸੰਵਿਧਾਨਕ ਹੱਕ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।ਮੈਡਮ ਕਾਵਰੇ ਨੇ ਵਰਕਰਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹੁਣੇ ਤੋਂ ਹੀ ਤਿਆਰੀਆਂ ਵਿੱਢਣ ਦਾ ਸੱਦਾ ਦਿੱਤਾ ਤੇ ਬੂਥ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਮੌਕੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਵੀ ਪਾਰਟੀ ਵਰਕਰਾਂ ਨਾਲ ਆਗਾਮੀ ਚੋਣਾਂ ਨੂੰ ਲੈ ਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।ਇਸ ਹਾਈ-ਪ੍ਰੋਫਾਈਲ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਸੰਗਰੂਰ ਜਗਦੇਵ ਗਾਗਾ, ਵੂਮੈਨ ਕਾਂਗਰਸ ਦੀ ਸੀਨੀਅਰ ਆਗੂ ਸਿਮਰਤ ਕੌਰ ਖੰਗੂੜਾ, ਨਰਿੰਦਰ ਵਰਮਾ ਲਾਲੀ ਪਟਿਆਲਾ, ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਇੰਦਰਪਾਲ ਗੋਲਡੀ, ਬੀ.ਐੱਲ.ਏ. ਹਲਕਾ ਇੰਚਾਰਜ ਗੁਰਪਿਆਰ ਸਿੰਘ ਧੂਰਾ ਤੇ ਰਾਕੇਸ਼ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਆਗੂ ਤੇ ਵਰਕਰ ਹਾਜ਼ਰ ਸਨ।

## ਨਵੀਆਂ ਨਿਯੁਕਤੀਆਂ 'ਤੇ ਟਿੱਲਾ ਬਾਬਾ ਫ਼ਰੀਦ 'ਚ ਸ਼ੁਕਰਾਨੇ ਦੀ ਅਰਦਾਸ



**ਕੋਟਕਪੂਰਾ (ਰਛਪਾਲ ਭੁੱਲਰ)**-ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਫ਼ਰੀਦਕੋਟ ਦੀਆਂ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਪਾਰਟੀ ਵਿੱਚ ਮਿਲੀਆਂ ਨਵੀਆਂ ਜ਼ਿੰਮੇਵਾਰੀਆਂ ਲਈ ਇਤਿਹਾਸਕ ਅਸਥਾਨ ਟਿੱਲਾ ਬਾਬਾ ਫ਼ਰੀਦ ਵਿਖੇ ਸਥਿਤ ਸ੍ਰੀ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਅਤੇ ਸ਼ੁਕਰਾਨੇ ਦੀ ਅਰਦਾਸ ਕਰਾਈ ਗਈ।ਇਹ ਅਰਦਾਸ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਧਰਮਪਤਨੀ ਬੀਬੀ ਗੁਰਪ੍ਰੀਤ ਕੌਰ ਦੀ ਵਿਸ਼ੇਸ਼ ਹਾਜ਼ਰੀ ਵਿੱਚ ਹੋਈ।ਜ਼ਿਲ੍ਹਾ ਸਕੱਤਰ ਸੋਸ਼ਲ ਮੀਡੀਆ ਮਨਜੀਤ ਸ਼ਰਮਾ ਨੇ ਦੱਸਿਆ ਕਿ ਪਾਰਟੀ ਹਾਈਕਮਾਂਡ ਵੱਲੋਂ ਬੀਬੀ ਰਮਨਪ੍ਰੀਤ ਕੌਰ ਨੂੰ ਜ਼ਿਲ੍ਹਾ ਸਕੱਤਰ ਅਤੇ ਬੀਬੀ ਰਣਜੀਤ ਕੌਰ ਮਾਨ ਨੂੰ ਹਲਕਾ ਕੁਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਇਸ ਖੁਸ਼ੀ ਦੇ ਮੌਕੇ 'ਤੇ ਮਹਿਲਾ ਵਿੰਗ ਦੀਆਂ ਸਾਰੀਆਂ ਭੈਣਾਂ ਨੇ ਇਕੱਠੇ ਹੋ ਕੇ ਗੁਰੂ ਘਰ ਹਾਜ਼ਰੀ ਭਰੀ।ਮਨਜੀਤ ਸ਼ਰਮਾ ਨੇ ਦੱਸਿਆ ਕਿ ਅਰਦਾਸ ਦੌਰਾਨ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਸਰਬਜੀਤ ਕੌਰ ਸਮੇਤ ਵੱਡੀ ਗਿਣਤੀ ਵਿੱਚ ਮਹਿਲਾ ਵਰਕਰ ਤੇ ਪਾਰਟੀ ਦੇ ਹੋਰ ਸੀਨੀਅਰ ਅਹੁਦੇਦਾਰ ਭੈਣ-ਭਰਾ ਸ਼ਾਮਲ ਹੋਏ।ਸਾਰਿਆਂ ਨੇ ਸਾਂਝੇ ਤੌਰ 'ਤੇ ਪੰਜਾਬ ਦੀ ਚੜ੍ਹਦੀਕਲਾ ਤੇ ਨਵੀਆਂ ਅਹੁਦੇਦਾਰ ਬੀਬੀਆਂ ਨੂੰ ਆਪਣੀ ਡਿਊਟੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣ ਦਾ ਬਲ ਬਖਸ਼ਣ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ।

## ਬੀ ਐੱਲ ਓ 25 ਤੋਂ ਘਰ-ਘਰ ਜਾ ਕੇ ਭਰਨਗੇ ਵੋਟਰਾਂ ਦੇ ਫਾਰਮ : ਜ਼ਿਲ੍ਹਾ ਚੋਣ ਅ.ਫਸਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟਰੇਸ਼ਨ ਅਧਿਕਾਰੀਆਂ (ਈਆਰਓ) ਨਾਲ ਸਪੈਸ਼ਲ ਇੰਟੈਂਸਿਵ ਰਿਵੀਜਨ (ਐੱਸਆਈਆਰ) ਸਬੰਧੀ ਇਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵੋਟਰ ਸੂਚੀਆਂ ਦੀ ਸ਼ੁੱਧਤਾ ਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਕੀਤੀਆਂ ਜਾਣ ਵਾਲੀਆਂ ਕਾਰਵਾਈਆਂ ਦੀ ਸਮੀਖਿਆ ਕੀਤੀ ਗਈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਐੱਸਆਈਆਰ ਨਾਲ ਸਬੰਧਤ ਸਾਰੇ ਕੰਮ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਮੇਂ ਸਿਰ ਤੇ ਪੂਰੀ ਸਾਵਧਾਨੀ ਨਾਲ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਯੋਗ ਵੋਟਰਾਂ ਦੀ ਰਜਿਸਟਰੇਸ਼ਨ ਤੇ ਵੋਟਰ ਸੂਚੀਆਂ ਨੂੰ ਅੱਪਡੇਟ ਰੱਖਣਾ ਲੋਕਤੰਤਰ ਦੀ ਮਜ਼ਬੂਤੀ ਲਈ ਬਹੁਤ ਜ਼ਰੂਰੀ ਹੈ। ਮੀਟਿੰਗ ਦੌਰਾਨ ਵੱਖ-ਵੱਖ ਚੋਣ ਹਲਕਿਆਂ ਵਿੱਚ ਚੱਲ ਰਹੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ ਤੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਨਿਰਧਾਰਤ ਸਮੇਂ ਅੰਦਰ ਸਾਰੀਆਂ ਪ੍ਰਕਿਰਿਆਵਾਂ ਨੂੰ ਸਫਲਤਾਪੂਰਵਕ ਮੁਕੰਮਲ ਕਰਨ ਲਈ ਆਦੇਸ਼ ਦਿੱਤੇ ਗਏ। ਜ਼ਿਲ੍ਹਾ ਚੋਣ ਅਫ਼ਸਰ ਦੀਪਸ਼ਿਖ਼ਾ ਸ਼ਰਮਾ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 25 ਜੂਨ ਤੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦਾ ਕੰਮ ਸ਼ੁਰੂ ਹੋਣਾ ਹੈ। 25 ਜੂਨ ਤੋਂ 24 ਜੁਲਾਈ 2026 ਤੱਕ ਬੀਐੱਲਓ ਘਰ-ਘਰ ਜਾ ਕੇ ਵੋਟਰਾਂ ਦੇ ਫਾਰਮ ਭਰਨਗੇ।

ਐੱਸਆਈਆਰ-2026 ਦੇ ਰਿਵਾਈਜ਼ਡ ਸ਼ਡਿਊਲ ਅਨੁਸਾਰ ਪਹਿਲਾਂ 31 ਜੁਲਾਈ 2026 ਨੂੰ ਹੋਣ ਵਾਲੀ ਡਰਾਫਟ ਪ੍ਰਕਾਸ਼ਨਾ ਹੁਣ 3 ਅਗਸਤ 2026 ਨੂੰ ਕੀਤੀ ਜਾਵੇਗੀ। ਦਾਅਵੇ ਤੇ ਇਤਰਾਜ਼ ਪ੍ਰਾਪਤ ਕਰਨ ਦਾ ਸਮਾਂ 3 ਅਗਸਤ ਤੋਂ 2 ਸਤੰਬਰ 2026 ਤੱਕ ਰਹੇਗਾ, ਜਦਕਿ ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਕਿਸੇ ਵੀ ਕਿਸਮ ਦੀ ਵਧੇਰੇ ਜਾਣਕਾਰੀ ਲਈ ਟੋਲ ਫਰੀ ਨੰਬਰ 1950 'ਤੇ ਦਫਤਰੀ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੌਰਾਨ ਬੀਐੱਲਓਜ਼ ਨੂੰ ਪੂਰਨ ਸਹਿਯੋਗ ਦੇਣ ਦੀ ਅਪੀਲ ਕੀਤੀ।

## ਪੈਪਸੀਕੋ ਪ੍ਰਬੰਧਨ ਖ਼ਿਲਾਫ਼ ਕੱਚੇ ਵਰਕਰਾਂ ਵੱਲੋਂ ਪਿੰਡਾਂ 'ਚ ਮੋਟਰਸਾਈਕਲ ਮਾਰਚ

### 28 ਨੂੰ ਕਾਲਾਝਾੜ ਟੋਲ ਪਲਾਜ਼ਾ ਵਿਖੇ ਕੀਤਾ ਜਾਵੇਗਾ ਵੱਡਾ ਇਕੱਠ



**ਭਵਾਨੀਗੜ੍ਹ (ਰਾਜ ਖੁਰਮੀ)**-ਪੈਪਸੀਕੋ ਕੰਟਰੈਕਟ ਵਰਕਰ ਯੂਨੀਅਨ ਚੰਨੋ ਵੱਲੋਂ ਪੈਪਸੀਕੋ ਪ੍ਰਬੰਧਨ ਖ਼ਿਲਾਫ਼ ਸੰਘਰਸ਼ ਨੂੰ ਹੋਰ ਤੇਜ਼ ਕਰਦਿਆਂ ਕਾਲਾਝਾੜ ਟੋਲ ਪਲਾਜ਼ਾ ਤੋਂ ਵੱਖ-ਵੱਖ ਪਿੰਡਾਂ ਵਿੱਚ ਵਿਸ਼ਾਲ ਮੋਟਰਸਾਈਕਲ ਮਾਰਚ ਕੱਢਿਆ ਗਿਆ।ਇਸ ਮਾਰਚ ਵਿੱਚ ਸੈਂਕੜਿਆਂ ਕੱਚੇ ਵਰਕਰਾਂ ਨੇ ਭਾਗ ਲੈਂਦਿਆਂ ਆਪਣੀਆਂ ਜਾਇਜ਼ ਮੰਗਾਂ ਨੂੰ ਲੋਕਾਂ ਤੱਕ ਪਹੁੰਚਾਇਆ ਤੇ ਪ੍ਰਬੰਧਨ ਦੇ ਰਵੱਈਏ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਮਾਰਚ ਕਾਲਾਝਾੜ ਟੋਲ ਪਲਾਜ਼ਾ ਤੋਂ ਸ਼ੁਰੂ ਹੋ ਕੇ ਚੰਨੋ, ਲੱਖੇਵਾਲ, ਭਰਾਜ, ਨੂਰਪੁਰਾ, ਖੇੜੀ ਗਿੱਲਾਂ, ਕਾਲਾਝਾੜ ਖੁਰਦ, ਕਾਲਾਝਾੜ ਕਲਾਂ, ਫੁੰਮਣਵਾਲ, ਰਾਜਪੁਰਾ, ਨਦਾਮਪੁਰ ਤੇ ਭਵਾਨੀਗੜ੍ਹ ਸ਼ਹਿਰ ਸਮੇਤ ਕਈ ਪਿੰਡਾਂ ਵਿੱਚੋਂ ਲੰਘਿਆ।ਭਵਾਨੀਗੜ੍ਹ ਦੇ ਨਵੇਂ ਬੱਸ ਸਟੈਂਡ ਵਿਖੇ ਪੁੱਜ ਕੇ ਵਰਕਰਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਨਾਲ ਮਾਰਚ ਦੀ ਸਮਾਪਤੀ ਕੀਤੀ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਯੂਨੀਅਨ ਆਗੂ ਕਸ਼ਮੀਰ ਸਿੰਘ ਬਾਲਦ ਕਲਾਂ ਤੇ ਪ੍ਰਦੀਪ ਸਿੰਘ ਭਵਾਨੀਗੜ੍ਹ ਨੇ ਦੱਸਿਆ ਕਿ 1 ਜੂਨ ਨੂੰ ਪੈਪਸੀਕੋ ਪ੍ਰਬੰਧਨ ਨਾਲ ਹੋਈ ਮੀਟਿੰਗ ਦੌਰਾਨ ਵਰਕਰਾਂ ਦੀਆਂ 11 ਮੰਗਾਂ ਮੰਨ ਲਈਆਂ ਗਈਆਂ ਸਨ, ਜਦਕਿ ਤਿੰਨ ਹੋਰ ਅਹਿਮ ਮੰਗਾਂ 'ਤੇ ਹੈੱਡ ਆਫਿਸ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ 1 ਜੁਲਾਈ ਤੱਕ ਹੱਲ ਕੱਢਣ ਦਾ ਭਰੋਸਾ ਦਿੱਤਾ ਗਿਆ ਸੀ।ਇਨ੍ਹਾਂ ਮੰਗਾਂ ਵਿੱਚ ਮਹਿੰਗਾਈ ਦੇ ਅਨੁਸਾਰ ਤਨਖਾਹਾਂ ਵਿੱਚ ਵਾਧਾ, ਵਰਕਰਾਂ ਲਈ ਘਰ ਤੋਂ ਫੈਕਟਰੀ ਤੱਕ ਆਵਾਜਾਈ ਦੀ ਸਹੂਲਤ ਤੇ ਬ੍ਰੇਕ ਸਿਸਟਮ ਨੂੰ ਖਤਮ ਕਰਨਾ ਸ਼ਾਮਲ ਹੈ।ਆਗੂਆਂ ਨੇ ਦੋਸ਼ ਲਾਇਆ ਕਿ ਪ੍ਰਬੰਧਨ ਪਹਿਲਾਂ ਤੋਂ ਮੰਨੀਆਂ ਮੰਗਾਂ ਨੂੰ ਵੀ ਸਹੀ ਢੰਗ ਨਾਲ ਲਾਗੂ ਨਹੀਂ ਕਰ ਰਿਹਾ ਤੇ ਠੇਕੇਦਾਰਾਂ ਵੱਲੋਂ ਕੱਚੇ ਵਰਕਰਾਂ ਦਾ ਸ਼ੋਸ਼ਣ ਪਹਿਲਾਂ ਵਾਂਗ ਜਾਰੀ ਹੈ।ਉਨ੍ਹਾਂ ਕਿਹਾ ਕਿ ਇਸ ਕਾਰਨ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਤੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਯੂਨੀਅਨ ਆਗੂਆਂ ਨੇ ਐਲਾਨ ਕੀਤਾ ਕਿ 28 ਜੂਨ ਨੂੰ ਕਾਲਾਝਾੜ ਟੋਲ ਪਲਾਜ਼ਾ ਵਿਖੇ ਕੱਚੇ ਵਰਕਰ ਆਪਣੇ ਪਰਿਵਾਰਾਂ ਸਮੇਤ ਅਤੇ ਵੱਖ-ਵੱਖ ਜਨਤਕ ਤੇ ਜਮਹੂਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਵੱਡਾ ਇਕੱਠ ਕਰਨਗੇ, ਜਿਸ ਰਾਹੀਂ ਪ੍ਰਬੰਧਨ ਉੱਤੇ ਮੰਗਾਂ ਲਾਗੂ ਕਰਨ ਲਈ ਦਬਾਅ ਬਣਾਇਆ ਜਾਵੇਗਾ।ਇਸ ਮੌਕੇ ਬੀਕੇਯੂ (ਉਗਰਾਹਾਂ) ਭਵਾਨੀਗੜ੍ਹ ਦੇ ਖਜ਼ਾਨਚੀ ਬਲਵਿੰਦਰ ਸਿੰਘ ਘਨੌੜ ਜੱਟਾਂ, ਹਰਜੀਤ ਸਿੰਘ ਮਹਿਲਾਂ, ਜਸਵੀਰ ਸਿੰਘ ਗੱਗੜਪੁਰ ਤੇ ਕਸ਼ਮੀਰ ਸਿੰਘ ਆਲੋਅਰਖ ਸਮੇਤ ਹੋਰ ਆਗੂ ਹਾਜ਼ਰ ਸਨ।

## ਗੋਲਡੀ ਖੰਗੂੜਾ ਵੱਲੋਂ ਹਲਕੇ ਦੀ ਪੈਦਲ ਯਾਤਰਾ ਪਹਿਲੀ ਤੋਂ

### ਘਰ-ਘਰ ਜਾ ਕੇ ਸੁਣਨਗੇ ਲੋਕਾਂ ਦੀਆਂ ਮੁਸ਼ਕਲਾਂ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿਨੀ ਗਰਗ)**-ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਇੱਕ ਅਹਿਮ ਐਲਾਨ ਕਰਦਿਆਂ ਕਿਹਾ ਹੈ ਕਿ ਉਹ 1 ਜੁਲਾਈ ਤੋਂ ਆਪਣੇ ਹਲਕੇ ਵਿੱਚ ਇੱਕ ਵਿਸ਼ਾਲ ਪੈਦਲ ਯਾਤਰਾ ਦੀ ਸ਼ੁਰੂਆਤ ਕਰਨ ਜਾ ਰਹੇ ਹਨ।ਇਸ ਯਾਤਰਾ ਦਾ ਮੁੱਖ ਮਨੋਰਥ ਚੋਣ ਮੁਹਿੰਮ ਨਹੀਂ, ਬਲਕਿ ਆਮ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋਣਾ ਅਤੇ ਉਨ੍ਹਾਂ ਦੀਆਂ ਦਰਪੇਸ਼ ਮੁਸ਼ਕਲਾਂ ਨੂੰ ਨੇੜਿਓਂ ਸਮਝਣਾ ਹੈ।ਗੋਲਡੀ ਖੰਗੂੜਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਪੱਸ਼ਟ ਕੀਤਾ ਕਿ ਇਸ ਪੈਦਲ ਯਾਤਰਾ ਦੌਰਾਨ ਉਹ ਹਲਕੇ ਦੇ ਹਰ ਪਿੰਡ, ਕਸਬੇ ਤੇ ਵਾਰਡ ਦੇ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਗੇ।ਉਨ੍ਹਾਂ ਦਾ ਮੰਨਣਾ ਹੈ ਕਿ ਸਿਆਸਤ ਸਿਰਫ਼ ਦਫ਼ਤਰਾਂ ਜਾਂ ਸਟੇਜਾਂ ਤੱਕ ਸੀਮਤ ਨਹੀਂ ਹੋਣੀ ਚਾਹੀਦੀ, ਬਲਕਿ ਆਗੂਆਂ ਨੂੰ ਜਨਤਾ ਦੇ ਵਿਚਕਾਰ ਜਾ ਕੇ ਉਨ੍ਹਾਂ ਦੀ ਆਵਾਜ਼ ਬਣਨਾ ਚਾਹੀਦਾ ਹੈ।ਇਸ ਯਾਤਰਾ ਦੌਰਾਨ ਸਥਾਨਕ ਸਮੱਸਿਆਵਾਂ ਜਿਵੇਂ ਕਿ ਬਿਜਲੀ, ਪਾਣੀ, ਸੜਕਾਂ ਤੇ ਨੌਜਵਾਨਾਂ ਦੇ ਰੁਜ਼ਗਾਰ ਵਰਗੇ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ।ਉਨ੍ਹਾ ਕਿਹਾ ਕਿ ਉਹ ਇਸ ਪੈਦਲ ਯਾਤਰਾ ਦੌਰਾਨ ਲੋਕਾਂ ਤੋਂ ਹਲਕੇ ਤੇ ਪੰਜਾਬ ਪ੍ਰਤੀ ਸੁਝਾਅ ਵੀ ਲਿਖਤੀ ਲੈਣਗੇ ਤੇ ਉਸ ਨੂੰ ਸਰਕਾਰ ਤੇ ਪ੍ਰਸ਼ਾਸਨ ਤੋਂ ਹੱਲ ਕਰਵਾਉਣ ਦਾ ਯਤਨ ਕਰਨਗੇ।

## ਸੇਵਾ ਭਾਰਤੀ ਦੀ ਵਿਸ਼ਾਲ ਸਾਈਕਲ ਰੈਲੀ ਨੂੰ ਮਿਲਿਆ ਭਰਪੂਰ ਹੁੰਗਾਰਾ



**ਬੁਢਲਾਡਾ (ਅਸ਼ੋਕ ਲਾਕੜਾ)**-ਸੇਵਾ ਭਾਰਤੀ ਬਰਾਂਚ ਬੁਢਲਾਡਾ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਕਰਵਾਈ ਗਈ ਵਿਸ਼ਾਲ ਸਾਈਕਲ ਰੈਲੀ ਨੂੰ ਸ਼ਹਿਰ ਵਾਸੀਆਂ ਵੱਲੋਂ ਭਰਪੂਰ ਸਹਿਯੋਗ ਮਿਲਿਆ। ਇਸ ਰੈਲੀ ਵਿੱਚ ਨੌਜਵਾਨਾਂ, ਬੱਚਿਆਂ, ਬਜ਼ੁਰਗਾਂ ਤੇ ਵੱਖ-ਵੱਖ ਸਮਾਜਿਕ ਸੰਸਥਾਵਾਂ ਦੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਿਹਤਮੰਦ ਜੀਵਨ ਤੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ।ਰੈਲੀ ਨੂੰ ਮਾਨਯੋਗ ਐੱਮ.ਐੱਲ.ਏ. ਪ੍ਰਿੰਸੀਪਲ ਬੁੱਧ ਰਾਮ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਬੁਢਲਾਡਾ ਸ਼ਹਿਰ ਵਿੱਚ ਇਸ ਤਰ੍ਹਾਂ ਦਾ ਵਿਸ਼ਾਲ ਸਾਈਕਲਿੰਗ ਇਵੈਂਟ ਪਹਿਲੀ ਵਾਰ ਦੇਖਣ ਨੂੰ ਮਿਲਿਆ ਹੈ, ਜੋ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਅਪਣਾਉਣ ਤੇ ਵਾਤਾਵਰਨ ਦੀ ਸੰਭਾਲ ਲਈ ਪ੍ਰੇਰਿਤ ਕਰਦੇ ਹਨ।ਉਨ੍ਹਾਂ ਸੇਵਾ ਭਾਰਤੀ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ।ਇਸ ਮੌਕੇ ਸ਼ਹਿਰ ਦੇ ਸਿਟੀ ਥਾਣਾ ਦੇ ਐੱਸ.ਐੱਚ.ਓ. ਤੇ ਸਦਰ ਥਾਣਾ ਦੇ ਐੱਸ.ਐੱਚ.ਓ. ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਪ੍ਰੋਜੈਕਟ ਚੇਅਰਮੈਨ ਰਮਨ ਗਰਗ ਤੇ ਰਜਿੰਦਰ ਗੋਇਲ ਨੇ ਸੰਬੋਧਨ ਕਰਦਿਆਂ ਸੇਵਾ ਭਾਰਤੀ ਵੱਲੋਂ ਕੀਤੇ ਜਾ ਰਹੇ ਸਮਾਜਿਕ ਤੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਰੈਲੀ ਦੌਰਾਨ ਭਾਗ ਲੈਣ ਵਾਲਿਆਂ ਨੇ ਨਸ਼ਿਆਂ ਤੋਂ ਦੂਰ ਰਹੋ, ਵਾਤਾਵਰਨ ਬਚਾਓ, ਸਾਈਕਲ ਅਪਣਾਓ, ਸਿਹਤ ਬਣਾਓ ਤੇ ਤੰਦਰੁਸਤ ਪੰਜਾਬ, ਖੁਸ਼ਹਾਲ ਪੰਜਾਬ ਵਰਗੇ ਸੰਦੇਸ਼ਾਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ।ਇਸ ਸਫਲ ਪ੍ਰੋਗਰਾਮ ਵਿੱਚ ਸੇਵਾ ਭਾਰਤੀ ਦੇ ਸਮੂਹ ਮੈਂਬਰਾਂ, ਸਾਈਕਲ ਗਰੁੱਪਾਂ, ਸਮਾਜ ਸੇਵੀਆਂ ਅਤੇ ਸ਼ਹਿਰ ਵਾਸੀਆਂ ਦਾ ਵਿਸ਼ੇਸ਼ ਯੋਗਦਾਨ ਰਿਹਾ।

ਮੰਗਲਵਾਰ, 23 ਜੂਨ, 2026
9 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 22

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 23 JUNE, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

# ਨਿੱਜੀ ਸਕੂਲਾਂ ਦੀ ਅੰਨ੍ਹੀ ਲੁੱਟ ਰੋਕਣ ਲਈ ਆਰਡੀਨੈਂਸ ਨੂੰ ਹਰੀ ਝੰਡੀ

**ਸਾਲਾਨਾ ਪੰਜ ਫੀਸਦੀ ਤੋਂ ਵੱਧ ਫੀਸ ਨਹੀਂ ਵਧਾ ਸਕਣਗੇ, ਪਿਛਲੇ ਤਿੰਨ ਸਾਲਾਂ 'ਚ ਵਸੂਲੀ ਵਾਧੂ ਫੀਸ ਵਾਪਸ ਕਰਵਾਈ ਜਾਵੇਗੀ**



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਪੰਜਾਬ ਦੇ ਲੱਖਾਂ ਮਾਪਿਆਂ ਨੂੰ ਨਿੱਜੀ ਸਕੂਲਾਂ ਦੀ ਅੰਨ੍ਹੀ ਲੁੱਟ ਤੋਂ ਵੱਡੀ ਰਾਹਤ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੋਮਵਾਰ ਇੱਥੇ ਹੋਈ ਕੈਬਨਿਟ ਦੀ ਮੀਟਿੰਗ ਵਿੱਚ 'ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਨਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਐਕਟ' ਵਿੱਚ ਸੋਧ ਕਰਨ ਲਈ ਤਿਆਰ ਕੀਤੇ ਗਏ ਇਤਿਹਾਸਕ ਆਰਡੀਨੈਂਸ ਨੂੰ ਹਰੀ ਝੰਡੀ ਦੇ ਦਿੱਤੀ ਗਈ। ਇਸ ਨਵੇਂ ਕਾਨੂੰਨੀ ਫੈਸਲੇ ਤਹਿਤ ਹੁਣ ਸੂਬੇ ਦਾ ਕੋਈ ਵੀ ਗੈਰ-ਸਹਾਇਤਾ ਪ੍ਰਾਪਤ (ਪ੍ਰਾਈਵੇਟ) ਸਕੂਲ ਸਲਾਨਾ ਫੀਸ ਅਤੇ ਫੰਡਾਂ ਵਿੱਚ ਪੰਜ ਫੀਸਦੀ ਤੋਂ ਵੱਧ ਦਾ ਵਾਧਾ ਨਹੀਂ ਕਰ ਸਕੇਗਾ।

ਕੈਬਨਿਟ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਆਰਡੀਨੈਂਸ ਨੂੰ ਹੁਣ ਅੰਤਮ ਪ੍ਰਵਾਨਗੀ ਲਈ ਤੁਰੰਤ ਰਾਜਪਾਲ ਕੋਲ ਭੇਜਿਆ ਜਾ ਰਿਹਾ ਹੈ। ਚੀਮਾ ਨੇ ਸਪੱਸ਼ਟ ਕੀਤਾ ਕਿ ਆਰਡੀਨੈਂਸ ਜਾਰੀ ਹੋਣ ਤੋਂ ਬਾਅਦ ਜੇ ਕਿਸੇ ਵੀ ਪ੍ਰਾਈਵੇਟ ਸਕੂਲ ਨੇ ਨਿਯਮਾਂ ਦੀ ਉਲੰਘਣਾ ਕੀਤੀ ਤਾਂ ਸਖਤ ਕਾਰਵਾਈ ਹੋਵੇਗੀ। ਇਸ ਤੋਂ ਇਲਾਵਾ ਜਿਨ੍ਹਾਂ ਸਕੂਲਾਂ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਫੀਸਾਂ ਵਿੱਚ ਬੇਲੋੜੇ ਅਤੇ ਨਾਜਾਇਜ਼ ਵਾਧੇ ਕੀਤੇ ਹਨ, ਉਨ੍ਹਾਂ ਵੱਲੋਂ ਇਨ੍ਹਾਂ ਤਿੰਨਾਂ ਵਰ੍ਹਿਆਂ ਵਿੱਚ ਵਸੂਲ ਕੀਤਾ ਗਿਆ ਵਾਧੂ ਪੈਸਾ ਹਰ ਹਾਲ ਵਿੱਚ ਮਾਪਿਆਂ ਨੂੰ ਰਿਫੰਡ (ਵਾਪਸ) ਕਰਵਾਇਆ ਜਾਵੇਗਾ। ਸਿੱਖਿਆ ਮੰਤਰੀ ਬੈਂਸ ਨੇ ਨਵੇਂ ਨਿਯਮਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇ ਭਵਿੱਖ ਵਿੱਚ ਕਿਸੇ ਸਕੂਲ ਨੂੰ ਜਾਇਜ਼ ਕਾਰਨਾਂ • ਬਾਕੀ ਸਫਾ 10 'ਤੇ

## ਲੋਕਪ੍ਰਿਅਤਾ ਘਟਣ 'ਤੇ ਬ੍ਰਿਟਿਸ਼ ਪ੍ਰਧਾਨ ਮੰਤਰੀ ਦਾ ਅਸਤੀਫਾ



**ਲੰਡਨ (ਨ ਜ਼ ਸ)**-ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਸੋਮਵਾਰ ਲੇਬਰ ਪਾਰਟੀ ਦੀ ਲੀਡਰਸ਼ਿਪ ਤੋਂ ਅਸਤੀਫਾ ਦੇਣ ਦਾ ਅਚਾਨਕ ਐਲਾਨ ਕਰ ਦਿੱਤਾ। ਉਨ੍ਹਾ ਦੇਸ਼ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਵਾਂ ਪ੍ਰਧਾਨ ਮੰਤਰੀ ਸਤੰਬਰ ਤੱਕ ਅਹੁਦਾ ਸੰਭਾਲ ਲਵੇਗਾ। 63 ਸਾਲਾ ਸਟਾਰਮਰ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਸੱਤਾਧਾਰੀ ਲੇਬਰ ਪਾਰਟੀ ਵੱਲੋਂ ਨਵਾਂ ਆਗੂ ਨਹੀਂ ਚੁਣ ਲਿਆ ਜਾਂਦਾ, ਉਹ ਉਦੋਂ ਤੱਕ ਕੇਅਰਟੇਕਰ (ਕਾਰਜਕਾਰੀ) ਪ੍ਰਧਾਨ ਮੰਤਰੀ ਵਜੋਂ ਸੇਵਾਵਾਂ ਨਿਭਾਉਂਦੇ ਰਹਿਣਗੇ।

ਸਟਾਰਮਰ ਨੇ ਕਿਹਾ ਕਿ 9 ਜੁਲਾਈ ਤੋਂ ਨਵੇਂ ਆਗੂ ਲਈ ਨਾਮਜ਼ਦਗੀਆਂ ਸ਼ੁਰੂ ਹੋਣਗੀਆਂ ਅਤੇ 17 ਜੁਲਾਈ ਨੂੰ ਸੰਸਦ ਦੇ ਗਰਮੀਆਂ ਦੇ ਸੈਸ਼ਨ ਦੀ ਛੁੱਟੀ ਹੋਣ ਤੱਕ ਇਹ ਪ੍ਰਕਿਰਿਆ ਮੁਕੰਮਲ ਕਰ ਲਈ ਜਾਵੇਗੀ। ਉਨ੍ਹਾ ਭਰੋਸਾ ਦਿੱਤਾ ਕਿ ਜੇ ਪਾਰਟੀ ਦੇ ਅੰਦਰ ਮੁਕਾਬਲਾ ਹੁੰਦਾ ਹੈ, ਤਾਂ ਵੀ ਸਤੰਬਰ ਵਿੱਚ ਸੰਸਦ ਦੇ ਦੁਬਾਰਾ ਸ਼ੁਰੂ ਹੋਣ ਤੋਂ ਪਹਿਲਾਂ ਨਵਾਂ ਪ੍ਰਧਾਨ ਮੰਤਰੀ ਦੇਸ਼ ਦੀ ਕਮਾਨ ਸੰਭਾਲ ਲਵੇਗਾ। ਜੁਲਾਈ 2024 ਵਿੱਚ ਕੀਰ ਸਟਾਰਮਰ ਦੀ ਅਗਵਾਈ ਹੇਠ ਲੇਬਰ ਪਾਰਟੀ ਨੇ ਬ੍ਰਿਟੇਨ ਵਿੱਚ ਇਤਿਹਾਸਕ ਅਤੇ ਹੂੰਝਾ ਫੇਰੂ ਜਿੱਤ ਹਾਸਲ ਕੀਤੀ ਸੀ, ਪਰ ਪਿਛਲੇ ਕੁਝ ਮਹੀਨਿਆਂ ਦੌਰਾਨ ਦੇਸ਼ ਵਿੱਚ ਵਧਦੀ ਮਹਿੰਗਾਈ, ਆਰਥਕ ਮੰਦਹਾਲੀ ਅਤੇ ਕੁਝ ਵਿਵਾਦਤ ਫੈਸਲਿਆਂ ਕਾਰਨ ਉਨ੍ਹਾ ਦੀ ਲੋਕਪ੍ਰਿਅਤਾ ਦਾ ਗ੍ਰਾਫ ਬਹੁਤ ਤੇਜ਼ੀ ਨਾਲ ਹੇਠਾਂ ਡਿੱਗ ਗਿਆ। ਸਟਾਰਮਰ ਦੀ • ਬਾਕੀ ਸਫਾ 10 'ਤੇ

# ਸੰਘ ਪਰਵਾਰ ਤੇ ਮੋਦੀ ਸਰਕਾਰ ਦੇ ਫਿਰਕੂ-ਫਾਸ਼ੀ ਏਜੰਡੇ ਤੇ ਲੋਕ-ਦੋਖੀ ਨੀਤੀਆਂ ਖ਼ਿਲਾਫ਼ ਪੰਜਾਬ ਭਰ 'ਚ ਵਿਰੋਧ ਵਿਖਾਵੇ

**ਮਜ਼ਦੂਰਾਂ-ਕਿਸਾਨਾਂ, ਨੌਜਵਾਨਾਂ ਦੇ ਮੁੱਦਿਆਂ ਲਈ ਤੇ ਪੰਜਾਬ ਨਾਲ ਹੋ ਰਹੀਆਂ ਬੇਇਨਸਾਫ਼ੀਆਂ ਖਿਲਾਫ ਵੀ ਲੜਨ ਦਾ ਐਲਾਨ**









**ਜਲੰਧਰ (ਗਿਆਨ ਸੈਦਪੁਰੀ)**

'ਫਾਸ਼ੀ ਹਮਲਿਆਂ ਵਿਰੋਧੀ ਫਰੰਟ' 'ਚ ਸ਼ਾਮਲ ਪਾਰਟੀਆਂ ਵੱਲੋਂ ਆਰ ਐੱਸ ਐੱਸ-ਭਾਜਪਾ ਦੀਆਂ ਫਿਰਕੂ-ਫਾਸ਼ੀਵਾਦੀ ਕੁਚਾਲਾਂ, ਸੰਘ ਪਰਵਾਰ ਦੇ ਖਰੂਦੀ ਟੋਲਿਆਂ ਵੱਲੋਂ ਕੀਤੇ ਜਾ ਰਹੇ ਘੱਟ ਗਿਣਤੀ ਵਸੋਂ ਦੇ ਘਾਣ ਅਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲੋਕਾਂ ਦੀ ਰੋਜ਼ੀ-ਰੋਟੀ 'ਤੇ ਕੀਤੇ ਜਾ ਰਹੇ ਘਾਤਕ ਹੱਲਿਆਂ ਵਿਰੁੱਧ ਸੋਮਵਾਰ ਪੰਜਾਬ ਦੇ ਸਾਰੇ ਜ਼ਿਲ੍ਹਾ ਕੇਂਦਰਾਂ 'ਤੇ ਜ਼ੋਰਦਾਰ ਰੈਲੀਆਂ ਤੇ ਜੋਸ਼ੀਲੇ ਰੋਸ ਮੁਜ਼ਾਹਰੇ ਕੀਤੇ ਗਏ। ਰੈਲੀਆਂ-ਮੁਜ਼ਾਹਰਿਆਂ ਦੌਰਾਨ ਸੰਘ-ਭਾਜਪਾ ਦੀਆਂ ਪੰਜਾਬ ਵਿਰੋਧੀ ਸਾਜ਼ਿਸ਼ਾਂ ਦਾ ਵਿਰੋਧ ਕਰਦਿਆਂ ਪੰਜਾਬ ਦੇ ਚਿਰਾਂ ਤੋਂ ਲਮਕਦੇ ਆ ਰਹੇ ਮਸਲਿਆਂ ਦਾ ਨਿਆਂਪੂਰਨ ਹੱਲ ਲੱਭੇ ਜਾਣ ਲਈ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਗਈ। ਇਹ ਵੀ ਮੰਗ ਕੀਤੀ ਗਈ ਕਿ ਸਿੱਖ ਬੰਦੀਆਂ ਸਮੇਤ ਸਜ਼ਾਵਾਂ ਪੂਰੀਆਂ ਕਰ ਚੁੱਕੇ ਤੇ ਬਿਨਾਂ ਮੁਕੱਦਮਾ ਚਲਾਏ ਜੇਲ੍ਹਾਂ 'ਚ ਬੰਦ ਕੀਤੇ ਸਾਰੇ ਸਿਆਸੀ ਆਗੂ, ਮਨੁੱਖੀ ਅਧਿਕਾਰ ਕਾਰਕੁਨ, ਬੁੱਧੀਜੀਵੀ ਤੇ ਆਮ ਨਾਗਰਿਕ ਤੁਰੰਤ ਰਿਹਾਅ ਕੀਤੇ ਜਾਣ। ਇਕੱਠਾਂ 'ਚ ਸ਼ਾਮਲ ਕਾਰਕੁਨਾਂ ਦੇ ਹੱਥਾਂ 'ਚ ਲੋਕ ਮਸਲਿਆਂ ਨੂੰ ਉਭਾਰਦੀਆਂ ਤਖ਼ਤੀਆਂ ਅਤੇ ਲਾਲ ਝੰਡੇ ਫੜੇ ਹੋਏ ਸਨ। ਤਖ਼ਤੀਆਂ ਸਿਆਸੀ ਹਿੱਤਾਂ ਤੇ ਫਿਰਕੂ ਏਜੰਡੇ ਦੀ ਪੂਰਤੀ ਲਈ ਨਿਆਂ ਪਾਲਿਕਾ, ਚੋਣ ਕਮਿਸ਼ਨ, ਈ ਡੀ , ਸੀ ਬੀ ਆਈ ਤੇ ਇਨਕਮ ਟੈਕਸ ਵਿਭਾਗ ਦੀ ਕੀਤੀ ਜਾ ਰਹੀ ਦੁਰਵਰਤੋਂ ਵੱਲ ਲੋਕਾਂ ਦਾ ਧਿਆਨ ਕੇਂਦਰਤ ਕਰ ਰਹੀਆਂ ਸਨ। ਮੁਜ਼ਾਹਰਾਕਾਰੀ ਦੇਸ਼ ਦਾ ਸੰਵਿਧਾਨ ਬਦਲੇ ਬਗੈਰ ਹੀ ਮੋਦੀ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਸੰਵਿਧਾਨ ਵਿਰੋਧੀ ਕਾਰਵਾਈਆਂ ਖ਼ਿਲਾਫ ਜ਼ਬਰਦਸਤ ਨਾਅਰੇਬਾਜ਼ੀ ਕਰ ਰਹੇ ਸਨ।ਵੱਖ-ਵੱਖ ਜ਼ਿਲਿਆਂ 'ਚ ਇਨ੍ਹਾਂ ਇਕੱਠਾਂ ਨੂੰ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ, ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖ਼ਤਪੁਰ, ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਦੇ ਸੂਬਾਈ ਆਗੂ ਦਰਸ਼ਨ ਸਿੰਘ ਖਟਕੜ, ਐੱਮ ਸੀ ਪੀ ਆਈ (ਯੂ) ਦੀ ਪੋਲਿਟ ਬਿਊਰੋ ਦੇ ਮੈਂਬਰ ਕਿਰਨਜੀਤ ਸਿੰਘ ਸੇਖੋਂ ਨੇ ਸੰਬੋਧਨ ਕੀਤਾ। ਇਹ ਜਾਣਕਾਰੀ ਇਕ ਸਾਂਝੇ ਬਿਆਨ ਰਾਹੀਂ ਉਕਤ ਪਾਰਟੀਆਂ ਦੇ ਸੂਬਾਈ ਆਗੂਆਂ ਪ੍ਰਿਥੀਪਾਲ ਸਿੰਘ ਮਾੜੀਮੇਘਾ, ਪਰਗਟ ਸਿੰਘ ਜਾਮਾਰਾਏ, ਸੁਖਦਰਸ਼ਨ ਨੱਤ, ਅਜਮੇਰ ਸਿੰਘ ਸਮਰਾ ਤੇ ਕੁਲਦੀਪ ਸਿੰਘ ਕਿਲ੍ਹਾ ਰਾਏਪੁਰ ਨੇ ਦਿੱਤੀ।

ਬੁਲਾਰਿਆਂ ਨੇ ਅਮਰੀਕਾ-ਈਰਾਨ ਦਰਮਿਆਨ ਹੋਈ ਜੰਗਬੰਦੀ ਦਾ ਸਵਾਗਤ ਕਰਦਿਆਂ ਚਿਤਾਵਨੀ ਦਿੱਤੀ • ਬਾਕੀ ਸਫਾ 10 'ਤੇ

# ਲਖਨਊ ਦੇ ਕੋਚਿੰਗ ਸੈਂਟਰ 'ਚ ਅੱਗ, 15 ਮੌਤਾਂ




**ਲਖਨਊ (ਨ ਜ਼ ਸ)** : ਇੱਥੋਂ ਦੇ ਅਲੀਗੰਜ ਇਲਾਕੇ ਵਿੱਚ ਊਸ਼ਾ ਮਹਿਤਾ ਮਾਰਗ 'ਤੇ ਸੋਮਵਾਰ ਬਾਅਦ ਦੁਪਹਿਰ ਸਵਾ ਦੋ ਵਜੇ ਤਿੰਨ ਮੰਜ਼ਲਾ ਇਮਾਰਤ ਵਿੱਚ ਅੱਗ ਲੱਗਣ ਕਾਰਨ 15 ਵਿਦਿਆਰਥੀਆਂ ਦੀ ਮੌਤ ਹੋ ਗਈ ਅਤੇ ਕੁਝ ਹੋਰ ਜ਼ਖਮੀ ਹੋ ਗਏ।

ਇਮਾਰਤ ਵਿੱਚ ਕੋਚਿੰਗ ਸੈਂਟਰ, ਗੇਮਿੰਗ ਜ਼ੋਨ ਤੇ ਪੈੱਟ ਸ਼ਾਪ ਸਣੇ ਕਈ ਅਦਾਰੇ ਹਨ। ਚਸ਼ਮਦੀਦ ਗਵਾਹ ਅਮਨ ਮੁਤਾਬਕ ਉਹ 5-6 ਲੋਕਾਂ ਨੂੰ ਬਚਾਉਣ ਵਿੱਚ ਕਾਮਯਾਬ ਰਹੇ। ਇੱਕ ਵਿਅਕਤੀ ਨੇ ਘਬਰਾਹਟ ਵਿੱਚ ਇਮਾਰਤ ਤੋਂ ਛਾਲ ਮਾਰ ਦਿੱਤੀ ਅਤੇ ਗੰਭੀਰ ਜ਼ਖਮੀ ਹੋ ਗਿਆ। ਇੱਕ ਹੋਰ ਵਿਅਕਤੀ ਨੇ ਦੱਸਿਆ ਕਿ ਸੱਤ-ਅੱਠ ਵਿਦਿਆਰਥੀਆਂ ਨੇ ਆਪਣੇ ਆਪ ਨੂੰ ਬਚਾਉਣ ਲਈ ਇਮਾਰਤ ਤੋਂ ਛਾਲ ਮਾਰ ਦਿੱਤੀ।

## ਡਾ. ਜੌਹਲ ਦਾ ਭਾਜਪਾ ਪ੍ਰਧਾਨ ਨੂੰ ਮੁਫਤਖੋਰੀ ਕਲਚਰ ਖਤਮ ਕਰਨ ਦਾ ਮਸ਼ਵਰਾ



**ਲੁਧਿਆਣਾ (ਨ ਜ਼ ਸ)**

ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਸੋਮਵਾਰ ਇੱਥੇ ਉੱਘੇ ਖੇਤੀਬਾੜੀ ਅਰਥ ਸ਼ਾਸਤਰੀ ਡਾ. ਸਰਦਾਰਾ ਸਿੰਘ ਜੌਹਲ ਨੂੰ ਮਿਲੇ। ਸੰਖੇਪ ਮਿਲਣੀ ਦੌਰਾਨ ਡਾ. ਜੌਹਲ ਨੇ ਪੰਜਾਬ ਦੀ ਦਿਸ਼ਾ ਤੇ ਦਸ਼ਾ ਸੁਧਾਰਨ ਲਈ ਭਾਜਪਾ ਪ੍ਰਧਾਨ ਨੂੰ ਮਸ਼ਵਰੇ ਦਿੱਤੇ। ਮਿਲਣੀ ਮਗਰੋਂ ਡਾ. ਜੌਹਲ ਨੇ ਕਿਹਾ ਕਿ ਮੁਫਤਖੋਰੀ ਦੇ ਕਲਚਰ ਨੇ ਪੰਜਾਬ ਦੇ ਲੋਕਾਂ ਨੂੰ ਮੰਗਤੇ ਬਣਾ ਦਿੱਤਾ ਹੈ ਅਤੇ ਲੋਕਾਂ ਦੇ ਟੈਕਸ ਦਾ ਪੈਸਾ ਮੁਫਤਖੋਰੀ ਦੇ ਲੇਖੇ ਲੱਗ ਰਿਹਾ ਹੈ, ਜਿਸ ਦੇ ਸਿੱਟੇ ਵਜੋਂ ਕਰਜ਼ੇ ਦੀ ਪੰਡ ਵਧਦੀ ਜਾ ਰਹੀ ਹੈ। ਜੌਹਲ ਨੇ ਦੱਸਿਆ ਕਿ ਉਨ੍ਹਾ ਭਾਜਪਾ ਪ੍ਰਧਾਨ ਨੂੰ ਸਾਫ ਕਿਹਾ ਕਿ ਜੇ ਭਾਜਪਾ ਵਿੱਚ ਹਿੰਮਤ ਹੈ ਤਾਂ ਮੁਫਤਖੋਰੀ ਨੂੰ ਪੰਜਾਬ ਵਿੱਚੋਂ ਬੰਦ ਕਰੇ। ਜੇ ਉਹ ਵੀ ਮੁਫਤਖੋਰੀ ਦੇ ਏਜੰਡੇ 'ਤੇ ਚੱਲੇਗੀ ਤਾਂ ਫਿਰ ਸਿਆਸੀ ਹਮਾਮ ਵਿੱਚ ਸਭ ਇੱਕੋ ਜਿਹੇ ਵਾਲੀ ਗੱਲ ਹੋਵੇਗੀ। ਜੌਹਲ ਨੇ ਕਿਹਾ ਕਿ ਮੁਫਤਖੋਰੀ ਨੂੰ ਰੋਕੇ ਬਿਨਾਂ ਅੱਗੇ ਨਹੀਂ ਵਧਿਆ ਜਾ ਸਕਦਾ। ਉਨ੍ਹਾ ਕਿਹਾ ਕਿ ਪੰਜਾਬੀਆਂ ਦੇ ਸਵੈਮਾਣ ਨੂੰ ਰੋਲਿਆ ਜਾ ਰਿਹਾ ਹੈ।

# ਨਿਹੰਗਾਂ ਤੇ ਉੱਤਰਾਖੰਡ ਪ੍ਰਸ਼ਾਸਨ ਵਿਚਾਲੇ ਡੈੱਡਲਾਕ ਜਾਰੀ

**ਮਾਨ ਦੀ ਪੁਸ਼ਕਰ ਧਾਮੀ ਨਾਲ ਗੱਲਬਾਤ**

**ਦੇਹਰਾਦੂਨ (ਨ ਜ਼ ਸ)**-ਉੱਤਰਾਖੰਡ ਦੇ ਰੁਦ੍ਰਪ੍ਰਯਾਗ ਜ਼ਿਲ੍ਹੇ ਵਿੱਚ ਬਦਰੀਨਾਥ ਹਾਈਵੇ 'ਤੇ ਸਥਿਤ ਗੁਰਦੁਆਰਾ ਲੰਗਰ ਦਮਦਮਾ ਸਾਹਿਬ, ਨਗਰਾਸੂ ਦੀ ਛੱਤ 'ਤੇ ਡੇਰੇ ਲਾਈ ਬੈਠੇ ਨਿਹੰਗ ਸਿੰਘਾਂ ਦੇ ਇੱਕ ਜਥੇ ਤੇ ਸਥਾਨਕ ਪ੍ਰਸ਼ਾਸਨ ਵਿਚਾਲੇ ਪੈਦਾ ਹੋਇਆ ਡੈੱਡਲਾਕ ਜਾਰੀ ਸੀ। ਨਿਹੰਗ ਸਿੰਘ 16 ਜੂਨ ਨੂੰ ਕਰਨਪ੍ਰਯਾਗ ਵਿਖੇ ਸਥਾਨਕ ਵਪਾਰੀਆਂ ਨਾਲ ਗੱਡੀ ਦੀ ਪਾਰਕਿੰਗ ਨੂੰ ਲੈ ਕੇ ਹੋਏ ਝਗੜੇ ਤੋਂ ਬਾਅਦ ਗ੍ਰਿਫਤਾਰ ਕੀਤੇ ਗਏ ਆਪਣੇ ਚਾਰ ਸਾਥੀਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕਰ ਰਹੇ ਹਨ। ਝਗੜੇ ਵਿੱਚ ਇੱਕ ਸਿੱਖ ਸ਼ਰਧਾਲੂ ਸਮੇਤ ਚਾਰ ਲੋਕ ਜ਼ਖਮੀ ਹੋ ਗਏ ਸਨ, ਜਿਸ ਤੋਂ ਬਾਅਦ ਪੁਲਸ ਨੇ ਚਾਰ ਨਿਹੰਗਾਂ ਖਿਲਾਫ ਇਰਾਦਾ-ਏ-ਕਤਲ (ਧਾਰਾ 307) ਤਹਿਤ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਜੇਲ੍ਹ ਭੇਜ ਦਿੱਤਾ ਸੀ।

ਇਸ ਸਾਰੇ ਘਟਨਾਕ੍ਰਮ ਦੌਰਾਨ ਸ਼ਰਧਾਲੂਆਂ ਨੂੰ ਬੰਧਕ ਬਣਾਉਣ ਦੀਆਂ ਅਫਵਾਹਾਂ ਦੇ ਵਿਚਕਾਰ ਪ੍ਰਸ਼ਾਸਨ ਅਤੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਵੱਖ-ਵੱਖ ਦਾਅਵੇ ਸਾਹਮਣੇ ਆ ਰਹੇ ਹਨ। ਸੋਮਵਾਰ ਰੁਦਰਪ੍ਰਯਾਗ ਦੇ ਜ਼ਿਲ੍ਹਾ ਮੈਜਿਸਟ੍ਰੇਟ ਵਿਸ਼ਾਲ ਮਿਸ਼ਰਾ ਨੇ ਬੰਧਕ ਬਣਾਉਣ ਜਾਂ ਗੁਰਦੁਆਰੇ 'ਤੇ ਕਬਜ਼ਾ ਕਰਨ ਦੀਆਂ ਖਬਰਾਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ। ਉਨਾ ਕਿਹਾ ਕਿ ਗੁਰਦੁਆਰੇ ਵਿੱਚ ਧਾਰਮਕ ਗਤੀਵਿਧੀਆਂ ਬਿਨਾਂ ਕਿਸੇ ਰੁਕਾਵਟ ਦੇ ਚੱਲ ਰਹੀਆਂ ਹਨ। ਦੂਜੇ ਪਾਸੇ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਅਤੇ ਪ੍ਰਬੰਧਕ ਬਾਬਾ ਬੇਅੰਤ ਸਿੰਘ ਨੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਇਹ ਜੱਥਾ 20 ਜੂਨ ਨੂੰ ਇੱਥੇ ਪੁੱਜਾ ਸੀ ਅਤੇ ਆਉਂਦਿਆਂ ਹੀ ਸੇਵਾਦਾਰਾਂ ਨਾਲ ਬਦਸਲੂਕੀ ਕੀਤੀ। ਉਨ੍ਹਾ ਦੋਸ਼ ਲਾਇਆ ਕਿ ਜਦੋਂ ਨਿਹੰਗਾਂ ਨੇ ਬਾਹਰ ਪੁਲਸ ਦੇਖੀ ਤਾਂ ਗ੍ਰਿਫਤਾਰੀ ਦੇ ਡਰੋਂ ਪੰਜਵੀਂ ਮੰਜ਼ਲ 'ਤੇ ਜਾ ਕੇ ਅੰਦਰੋਂ ਰਸਤਾ ਬੰਦ ਕਰ ਲਿਆ ਅਤੇ ਉੱਥੋਂ ਪੁਲਸ ਤੇ ਬਾਹਰ ਖੜ੍ਹੇ ਲੋਕਾਂ 'ਤੇ ਪੱਥਰਬਾਜ਼ੀ ਕੀਤੀ। ਇਸ ਤੋਂ ਇਲਾਵਾ ਉਨ੍ਹਾਂ • ਬਾਕੀ ਸਫਾ 10 'ਤੇ

## ਅੱਜ-ਨਾਮਾ

ਧਮਕੀ ਭਾਰਤ ਨੂੰ ਪਾਕਿ ਇੱਕ ਹੋਰ ਭੇਜੀ,
ਕਹਿੰਦਾ ਛੇੜ ਦੇਣੀ ਫਿਰ ਤੋਂ ਜੰਗ ਮੀਆਂ।
ਗਾਗਰ ਖਾਲੀ ਖਜ਼ਾਨੇ ਦੀ ਖੜਕਦੀ ਪਈ,
ਸਰਕਾਰੀ ਖਰਚ ਤੋਂ ਹੱਥ ਹੈ ਤੰਗ ਮੀਆਂ।
ਪੰਜਾਂ ਜੰਗਾਂ ਵਿੱਚ ਖਾਧੀ ਹੋਈ ਹਾਰ ਭੁੱਲੀ,
ਲੋਕ ਹਨ ਵੇਖਦੇ ਕੁਦਰਤ ਦੇ ਰੰਗ ਮੀਆਂ।
ਮੁੜ-ਮੁੜ ਆਂਢ-ਗਵਾਂਢ ਹੀ ਲੜੀ ਜਾਣਾ,
ਆਉਣੀ ਕਦੀ ਕੁਝ ਚਾਹੀਦੀ ਸੰਗ ਮੀਆਂ।
ਲੀਡਰ ਪਾਕਿ ਦਾ, ਹੱਥ ਆ ਵਾਗ ਜੀਹਦੇ,
ਆਪ ਉਹ ਚੁੱਪ, ਵਜ਼ੀਰ ਪਏ ਬੋਲਦੇ ਨੇ।
ਬੋਲਦਾ ਕਿਸੇ ਨੂੰ ਉਹ ਨਹੀਂ ਰੋਕ ਸਕਦਾ,
ਹਰ ਦਮ ਕੁਫਰ ਵਜ਼ੀਰ ਇਹ ਤੋਲਦੇ ਨੇ।

-ਤੀਸ ਮਾਰ ਖਾਂ

## ਦੋ ਨਹਿਰਾਂ 'ਚ ਪਏ ਪਾੜਾਂ ਨੇ ਮਚਾਈ ਤਬਾਹੀ

**ਗੁਰਦਾਸਪੁਰ (ਨ ਜ਼ ਸ)**

ਕਾਹਨੂੰਵਾਨ ਨੇੜਲੇ ਇਲਾਕੇ ਵਿੱਚ ਸਠਿਆਲੀ ਹੈੱਡ ਵਰਕਸ ਕੋਲੋਂ ਲੰਘਦੀ 'ਅੱਪਰ ਬਾਰੀ ਦੁਆਬ' ਨਹਿਰ ਵਿੱਚ ਐਤਵਾਰ ਦੇਰ ਰਾਤ ਅਚਾਨਕ ਕਰੀਬ 40 ਫੁੱਟ ਦਾ ਵੱਡਾ ਪਾੜ ਪੈਣ ਕਾਰਨ ਅੱਧੀ ਦਰਜਨ ਪਿੰਡਾਂ, ਰਿਹਾਇਸ਼ੀ ਇਲਾਕਿਆਂ, ਘਰਾਂ ਅਤੇ ਸੈਂਕੜੇ ਏਕੜ ਖੇਤਾਂ ਵਿੱਚ ਹੜ੍ਹ ਵਰਗੇ ਹਾਲਾਤ ਬਣ ਗਏ ਹਨ। ਲੋਕਾਂ ਅਤੇ ਕਿਸਾਨਾਂ ਦਾ ਭਾਰੀ ਮਾਲੀ ਨੁਕਸਾਨ ਹੋ ਗਿਆ ਹੈ। ਨਹਿਰੀ ਰੈੱਸਟ ਹਾਊਸ ਵਿੱਚ ਰਹਿ ਰਹੇ ਪ੍ਰਵਾਸੀ ਮਜ਼ਦੂਰਾਂ ਅਨੁਸਾਰ ਤੜਕਸਾਰ ਕਰੀਬ 3 ਵਜੇ ਅਚਾਨਕ ਉਨ੍ਹਾਂ ਦੇ ਕਮਰਿਆਂ ਵਿੱਚ ਤੇਜ਼ੀ ਨਾਲ ਪਾਣੀ ਦਾਖਲ ਹੋਣ ਲੱਗਾ। ਨਹਿਰ ਦਾ ਤੇਜ਼ ਪਾਣੀ ਸ੍ਰੀ ਹਰਗੋਬਿੰਦਪੁਰ-ਗੁਰਦਾਸਪੁਰ ਮੁੱਖ ਮਾਰਗ ਨੂੰ ਪਾਰ ਕਰਦਾ ਹੋਇਆ ਸਿੱਧਾ ਲੋਕਾਂ ਦੇ ਘਰਾਂ ਅਤੇ ਖੇਤਾਂ ਵਿੱਚ ਜਾ ਵੜਿਆ, ਜਿਸ ਕਾਰਨ ਲੋਕਾਂ ਨੂੰ ਸੰਭਲਣ ਦਾ ਮੌਕਾ ਵੀ • ਬਾਕੀ ਸਫਾ 10 'ਤੇ

ਪ੍ਰਵਾਸੀ ਪੰਜਾਬੀ ਭਰਾਵਾਂ ਨੂੰ ਜੀ ਆਇਆਂ ਨੂੰ



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਪੰਜਾਬੀ ਐਨ.ਆਰ.ਆਈਜ਼ ਨਾਲ ਮਿਲਣੀ-2026
ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਨਿਵਾਰਣ ਲਈ ਵਚਨਬੱਧ

ਡਾ. ਰਵਜੋਤ ਸਿੰਘ
ਪ੍ਰਵਾਸੀ ਭਾਰਤੀ ਮਾਮਲੇ ਮੰਤਰੀ, ਪੰਜਾਬ
ਮੀਟਿੰਗ ਦੀ ਪ੍ਰਧਾਨਗੀ ਕਰਨਗੇ

ਐੱਸ.ਏ.ਐੱਸ. ਨਗਰ (ਮੋਹਾਲੀ)
ਐੱਸ.ਏ.ਐੱਸ. ਨਗਰ (ਮੋਹਾਲੀ), ਪਟਿਆਲਾ, ਫ਼ਤਹਿਗੜ੍ਹ ਸਾਹਿਬ ਅਤੇ ਰੂਪਨਗਰ ਜ਼ਿਲ੍ਹਿਆਂ ਲਈ
ਐਮਿਟੀ ਯੂਨੀਵਰਸਿਟੀ, ਸੈਕਟਰ 82-ਏ, ਮੋਹਾਲੀ
24 ਜੂਨ, 2026 | ਸਵੇਰੇ 10:30 ਵਜੇ

ਕਿਰਪਾ ਕਰਕੇ ਰਜਿਸਟਰ ਕਰੋ:
https://forms.gle/PZjpvKuEA2iPRU6D9

ਆਉ, ਮਿਲ ਕੇ ਰੰਗਲੇ ਪੰਜਾਬ ਦਾ ਨਿਰਮਾਣ ਕਰੀਏ
ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

ਨਵਾਂ ਜ਼ਮਾਨਾ
ਮੰਗਲਵਾਰ, 23 ਜੂਨ 2026

# ਪ੍ਰਥਮ ਕੌਣ ?

ਕੁਝ ਦਿਨ ਪਹਿਲਾਂ ਅਖ਼ਬਾਰਾਂ ਵਿੱਚ ਭਾਰਤ ਸਰਕਾਰ ਦੇ ਨਾਂਅ 'ਤੇ ਛਪਿਆ ਇਸ਼ਤਿਹਾਰ ਇੰਜ ਲੱਗਿਆ, ਜਿਵੇਂ ਨਰਿੰਦਰ ਮੋਦੀ ਵੱਲੋਂ ਨਰਿੰਦਰ ਮੋਦੀ ਨੂੰ ਦਿੱਤਾ ਗਿਆ ਪ੍ਰਸ਼ੰਸਾ ਪੱਤਰ ਹੋਵੇ। ਇਸ਼ਤਿਹਾਰ ਦੇ ਸਿਖਰ 'ਤੇ ਇੱਕ ਪੱਟੀ ਸੀ, ਜਿਸ 'ਤੇ ਮੋਟੇ ਅੱਖਰਾਂ ਵਿੱਚ ਲਿਖਿਆ ਸੀ, 'ਰਾਸ਼ਟਰ ਪ੍ਰਥਮ ਦੀ ਨੀਤੀ'। ਇਸ ਦੇ ਹੇਠਾਂ ਛੋਟੇ ਅੱਖਰਾਂ ਵਿੱਚ ਲਿਖਿਆ ਸੀ, '12 ਸਾਲ ਵਿਸ਼ਵਾਸ ਦੇ, ਵਿਕਾਸ ਦੇ, ਲੋਕ ਭਲਾਈ ਦੇ।' ਇਸ ਤੋਂ ਬਾਅਦ ਇੱਕ ਫ਼ੌਜੀ ਦੀ ਤਸਵੀਰ ਸੀ ਅਤੇ ਫਿਰ ਲਿਖਿਆ ਸੀ, ਨਕਸਲ-ਮੁਕਤ ਭਾਰਤ ਦਾ ਸੁਪਨਾ ਸਾਕਾਰ। ਦਹਿਸ਼ਤਗਰਦੀ 'ਤੇ ਹੋ ਰਿਹਾ ਪ੍ਰਹਾਰ। ਗੁਲਾਮੀ ਦੀ ਮਾਨਸਿਕਤਾ ਤੋਂ ਮੁਕਤੀ, ਰਾਜਪਥ ਬਣਿਆ ਕਰਤੱਵਯ ਪਥ, ਛਤਰਪਤੀ ਸ਼ਿਵਾਜੀ ਮਹਾਰਾਜ ਦੀ ਰਾਜਮੁਦਰਾ ਤੋਂ ਪ੍ਰੇਰਤ ਜਲ ਸੈਨਾ ਦਾ ਨਵਾਂ ਝੰਡਾ ਅਤੇ ਇਸ ਤਰ੍ਹਾਂ ਇਹ ਇਸ਼ਤਿਹਾਰ ਖ਼ਤਮ ਹੋ ਗਿਆ।

ਇਸ਼ਤਿਹਾਰ ਨਾਲ ਇਹ ਸਾਬਤ ਕਰਨ ਦੀ ਕੋਸ਼ਿਸ਼ ਕੀਤੀ ਗਈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਬਦਲ ਦਿੱਤਾ ਹੈ, ਜਦਕਿ ਹਕੀਕਤ ਇਹ ਹੈ ਕਿ ਉਹ ਅਜਿਹੇ ਨੇਤਾ ਹਨ, ਜਿਨ੍ਹਾ ਵੱਲੋਂ ਸ਼ੁਰੂ ਕੀਤੀ ਹਰ ਯੋਜਨਾ ਬੁਰੀ ਤਰ੍ਹਾਂ ਅਸਫ਼ਲ ਰਹੀ। ਉਨ੍ਹਾਂ ਰੀੜ੍ਹ-ਵਿਹੂਣੇ ਮੀਡੀਆ ਨੂੰ 'ਮੈਨੇਜ' ਕਰਨ ਤੋਂ ਇਲਾਵਾ ਕਿਸੇ ਵੀ ਚੀਜ਼ ਵਿੱਚ ਸਫਲਤਾ ਪ੍ਰਾਪਤ ਨਹੀਂ ਕੀਤੀ। ਇਹ ਮੀਡੀਆ ਹੈ, ਜਿਹੜਾ ਉਨ੍ਹਾ ਦੀ ਬੋਲੇ-ਬੋਲ ਕਰਦਾ ਹੈ। ਮੋਦੀ ਨੇ ਅਜਿਹੀਆਂ ਸੰਸਥਾਵਾਂ ਨੂੰ ਜਨਮ ਦਿੱਤਾ, ਜੋ ਹੁਣ ਆਪਣੀਆਂ ਨਾਕਾਮੀਆਂ ਦੀਆਂ ਕਹਾਣੀਆਂ ਲਿਖ ਰਹੀਆਂ ਹਨ। ਦੂਜੇ ਪਾਸੇ ਉਨ੍ਹਾਂ ਆਜ਼ਾਦੀ ਤੋਂ ਬਾਅਦ ਮੌਜੂਦ ਸੰਸਥਾਵਾਂ ਦੇ ਸੁਭਾਅ ਨੂੰ ਹੀ ਵਿਗਾੜ ਦਿੱਤਾ ਹੈ।

ਲੋਕਾਂ ਨੂੰ ਸੋਚਣਾ ਪੈਣਾ ਹੈ ਕਿ 2017 ਵਿੱਚ ਬਣਾਈ ਗਈ ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਕੀ ਹੈ? ਯੂ ਪੀ ਐੱਸ ਸੀ ਨੂੰ ਛੱਡ ਦੇਈਏ ਤਾਂ ਇਹ ਸੰਸਥਾ ਦੇਸ਼ ਵਿੱਚ ਹਰ ਵੱਡੀ ਅਤੇ ਵੱਕਾਰੀ ਪ੍ਰੀਖਿਆ ਕਰਾਉਂਦੀ ਹੈ। ਹਾਲਾਂਕਿ ਮੋਦੀ ਜੀ ਵੱਲੋਂ ਬਣਾਈ ਗਈ ਇਹ ਸੰਸਥਾ ਇਤਿਹਾਸ ਵਿੱਚ ਪੇਪਰ ਕਰਵਾਉਣ ਲਈ ਨਹੀਂ, ਸਗੋਂ ਪੇਪਰ ਲੀਕ ਲਈ ਜਾਣੀ ਜਾਵੇਗੀ। ਨਰਿੰਦਰ ਮੋਦੀ ਨੇ ਦੇਸ਼ ਨੂੰ ਇੱਕ ਅਜਿਹੀ ਸਿੱਖਿਆ ਨੀਤੀ ਅਤੇ ਇੱਕ ਅਜਿਹਾ ਸਿੱਖਿਆ ਮੰਤਰੀ ਦਿੱਤਾ ਹੈ, ਜਿਸ ਨੂੰ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਤਬਾਹ ਕਰਨ ਲਈ ਯਾਦ ਕੀਤਾ ਜਾਵੇਗਾ। ਪ੍ਰਾਇਮਰੀ ਤੋਂ ਲੈ ਕੇ ਉੱਚ ਸਿੱਖਿਆ ਤੱਕ ਸਿੱਖਿਆ ਦੇ ਪੋਰਟਲ ਅਤੇ ਡਿਜੀਟਾਈਜ਼ੇਸ਼ਨ ਦਾ ਇੱਕ ਅਜਿਹਾ ਜਾਲ ਵਿਛਾਇਆ ਹੈ ਕਿ ਵਿਦਿਆਰਥੀ, ਅਧਿਆਪਕ ਅਤੇ ਵਿਦਿਅਕ ਸੰਸਥਾਵਾਂ ਸਾਲ-ਭਰ ਕੰਪਿਊਟਰਾਂ ਵਿੱਚ ਡਾਟਾ ਐਂਟਰੀ ਕਰਦੇ ਹੀ ਰਹਿ ਜਾਂਦੇ ਹਨ, ਪਰ ਸਿੱਖਿਆ ਦੇ ਨਾਂਅ 'ਤੇ ਹਾਸਲ ਹੁੰਦਾ ਹੈ ਜ਼ੀਰੋ। ਯੋਜਨਾ ਕਮਿਸ਼ਨ ਦੀ ਥਾਂ ਬਣਾਇਆ ਨੀਤੀ ਆਯੋਗ ਨਰਿੰਦਰ ਮੋਦੀ ਦਾ ਨਿੱਜੀ ਤਰਜਮਾਨ ਬਣ ਗਿਆ ਹੈ। ਦੂਜੇ ਪਾਸੇ ਚੋਣ ਕਮਿਸ਼ਨ ਅਤੇ ਸੁਪਰੀਮ ਕੋਰਟ ਵਰਗੇ ਅਦਾਰੇ, ਜਿਨ੍ਹਾਂ ਨੂੰ ਭਾਰਤੀ ਲੋਕਤੰਤਰ ਤੇ ਭਰੋਸੇ ਦਾ ਪ੍ਰਤੀਕ ਮੰਨਿਆ ਜਾਂਦਾ ਸੀ, ਪੂਰੀ ਤਰ੍ਹਾਂ ਬੁਲਡੋਜ਼ ਕਰ ਦਿੱਤੇ ਗਏ ਹਨ। ਚੋਣ ਕਮਿਸ਼ਨ ਭਾਜਪਾ ਦੇ ਸਹਿਯੋਗੀ ਵਜੋਂ ਕੰਮ ਕਰ ਰਿਹਾ ਹੈ, ਜਦੋਂ ਕਿ ਸੁਪਰੀਮ ਕੋਰਟ, ਆਪਣੇ ਫ਼ਰਜ਼ਾਂ ਤੋਂ ਬੇਮੁਖ ਹੋ ਕੇ ਲੋਕਤੰਤਰ ਨੂੰ ਢਹਿ-ਢੇਰੀ ਹੁੰਦੀ ਦੇਖ ਰਹੀ ਹੈ।

2016 ਦੀਆਂ ਯੂ ਪੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਬਰੇਲੀ ਵਿੱਚ ਇੱਕ ਰੈਲੀ ਵਿੱਚ ਬੋਲਦਿਆਂ ਪ੍ਰਧਾਨ ਮੰਤਰੀ ਮੋਦੀ ਨੇ 2022 ਤੱਕ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਟੀਚਾ ਰੱਖਿਆ ਸੀ। ਅੱਜ 22 ਰਾਜਾਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ, ਪਰ ਮੋਦੀ ਦੇ ਭਾਸ਼ਣਾਂ ਵਿੱਚ ਕਿਸਾਨਾਂ ਦੀ ਦੁਰਦਸ਼ਾ ਪ੍ਰਤੀ ਚਿੰਤਾ ਦਾ ਕੋਈ ਪ੍ਰਗਟਾਵਾ ਨਜ਼ਰ ਨਹੀਂ ਆਉਂਦਾ। ਉਨ੍ਹਾਂ 2022 ਤੋਂ ਬਾਅਦ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੀ ਆਪਣੀ ਵਚਨਬੱਧਤਾ ਨੂੰ ਕਦੇ ਦੁਹਰਾਇਆ ਨਹੀਂ। ਕਿਸਾਨਾਂ ਨੂੰ ਆਪਣੇ ਹਾਲ 'ਤੇ ਛੱਡ ਦਿੱਤਾ ਹੈ। ਕਿਸਾਨਾਂ ਨੂੰ ਪ੍ਰਤੀ ਸਾਲ 6000 ਰੁਪਏ ਦੇ ਕੇ ਮੋਦੀ ਮੰਨਦੇ ਹਨ ਕਿ ਉਹ ਕਿਸਾਨਾਂ ਦੀ ਬਹੁਤ ਮਦਦ ਕਰ ਰਹੇ ਹਨ, ਪਰ ਹਕੀਕਤ ਬਿਲਕੁਲ ਵੱਖਰੀ ਹੈ। ਐੱਨ ਸੀ ਆਰ ਬੀ-2024 ਦੀ ਰਿਪੋਰਟ ਦਰਸਾਉਂਦੀ ਹੈ ਕਿ ਭਾਰਤ ਵਿੱਚ ਹਰ ਘੰਟੇ ਇੱਕ ਕਿਸਾਨ ਖ਼ੁਦਕੁਸ਼ੀ ਕਰਦਾ ਹੈ। 2024 ਵਿੱਚ 10,546 ਕਿਸਾਨਾਂ ਨੇ ਖ਼ੁਦਕੁਸ਼ੀ ਕੀਤੀ।

ਨਾਰਕੋਟਿਕਸ ਕੰਟਰੋਲ ਬਿਊਰੋ ਮੁਤਾਬਕ ਭਾਰਤ ਵਿੱਚ 10 ਕਰੋੜ ਤੋਂ ਵੱਧ ਲੋਕ ਡਰੱਗਜ਼ ਦੀ ਲਤ ਦਾ ਸ਼ਿਕਾਰ ਹਨ। ਸੰਯੁਕਤ ਰਾਸ਼ਟਰ ਦੇ ਡਰੱਗਜ਼ ਅਤੇ ਅਪਰਾਧ ਬਾਰੇ ਦਫਤਰ (ਯੂ ਐੱਨ ਓ ਡੀ ਸੀ) ਮੁਤਾਬਕ ਦੁਨੀਆ ਦੀ ਡਰੱਗਜ਼ ਧੁਰੀ ਦੱਖਣੀ ਏਸ਼ੀਆ, ਮੁੱਖ ਤੌਰ 'ਤੇ ਭਾਰਤ ਵੱਲ ਝੁਕਦੀ ਜਾ ਰਹੀ ਹੈ, ਜੋ ਕਿ ਬਹੁਤ ਖਤਰਨਾਕ ਹੈ। ਦਹਿਸ਼ਤਗਰਦੀ ਖਿਲਾਫ ਪ੍ਰਾਪਤੀਆਂ ਦੇ ਦਾਅਵੇ ਦੀ ਪੋਲ ਇਹ ਅੰਕੜੇ ਖੋਲ੍ਹ ਦਿੰਦੇ ਹਨ : ਗੁਰਦਾਸਪੁਰ ਅੱਤਵਾਦੀ ਹਮਲਾ (2015, 10 ਮੌਤਾਂ), 2015 ਦੇ ਮਨੀਪੁਰ ਹਮਲੇ ਵਿੱਚ 20 ਤੋਂ ਵੱਧ ਸੁਰੱਖਿਆ ਕਰਮਚਾਰੀ ਮਾਰੇ ਗਏ, ਪਠਾਨਕੋਟ ਏਅਰਬੇਸ ਅੱਤਵਾਦੀ ਹਮਲਾ (2016, 7 ਸੁਰੱਖਿਆ ਕਰਮਚਾਰੀ ਸ਼ਹੀਦ), ਉੜੀ ਅੱਤਵਾਦੀ ਹਮਲਾ (2016, 19-23 ਸੈਨਿਕ ਸ਼ਹੀਦ), ਅਮਰਨਾਥ ਯਾਤਰਾ ਅੱਤਵਾਦੀ ਹਮਲਾ (2017, 8 ਸ਼ਰਧਾਲੂ ਮਾਰੇ ਗਏ), ਸੁੰਜਵਾਨ ਆਰਮੀ ਕੈਂਪ ਅੱਤਵਾਦੀ ਹਮਲਾ (2018, 11 ਮੌਤਾਂ), ਪੁਲਵਾਮਾ ਅੱਤਵਾਦੀ ਹਮਲਾ (2019, 40 ਸੀ ਆਰ ਪੀ ਐੱਫ ਜਵਾਨ ਸ਼ਹੀਦ), ਰਿਆਸੀ ਅੱਤਵਾਦੀ ਹਮਲਾ (2024, 9 ਤੀਰਥ ਯਾਤਰੀ ਮਾਰੇ ਗਏ), ਪਹਿਲਗਾਮ ਅੱਤਵਾਦੀ ਹਮਲਾ (2025, 26 ਸੈਲਾਨੀ ਮਾਰੇ ਗਏ), ਦਿੱਲੀ ਦੇ ਲਾਲ ਕਿਲ੍ਹੇ ਦੇ ਨੇੜੇ ਕਾਰ ਬੰਬ ਧਮਾਕਾ (10 ਨਵੰਬਰ, 2025, 15 ਮੌਤਾਂ)। ਇਨ੍ਹਾਂ ਹਮਲਿਆਂ ਨੂੰ ਕੀ ਸਮਝਿਆ ਜਾਵੇ? ਕੀ ਇਹੀ ਹੈ ਅੱਤਵਾਦ 'ਤੇ ਪ੍ਰਹਾਰ? ਮਨੀਪੁਰ ਪਿਛਲੇ ਤਿੰਨ ਸਾਲਾਂ ਤੋਂ ਸੜ ਰਿਹਾ ਹੈ, ਸੈਂਕੜੇ ਲੋਕ ਮਾਰੇ ਗਏ ਹਨ।

ਇਸ਼ਤਿਹਾਰ ਇੱਕ ਹੋਰ ਨੁਕਤੇ 'ਤੇ ਜ਼ੋਰ ਦਿੰਦਾ ਹੈ : ਗੁਲਾਮੀ ਦੀ ਮਾਨਸਿਕਤਾ ਤੋਂ ਮੁਕਤੀ, ਪਰ ਸੱਚ ਕੁਝ ਹੋਰ ਹੈ। ਇਹ ਸਰਕਾਰ ਦੋ ਚੀਜ਼ਾਂ ਵਿੱਚ ਲੱਗੀ ਹੋਈ ਹੈ। 21ਵੀਂ ਸਦੀ ਵਿੱਚ ਜਦੋਂ ਦੇਸ਼ ਨੂੰ ਵਿਗਿਆਨ ਅਤੇ ਤਕਨਾਲੋਜੀ ਵਿੱਚ ਅੱਗੇ ਵਧਣਾ ਚਾਹੀਦਾ ਹੈ, ਮੋਦੀ ਸਰਕਾਰ ਭਾਰਤ ਨੂੰ ਅੰਧਵਿਸ਼ਵਾਸ ਵੱਲ ਲੈ ਕੇ ਜਾ ਰਹੀ ਹੈ। ਦੂਜਾ, ਬ੍ਰਿਟਿਸ਼ ਯੁੱਗ ਦੇ ਕਾਨੂੰਨਾਂ ਨੂੰ ਖਤਮ ਕਰਨ ਬਾਰੇ ਰੌਲਾ-ਰੱਪਾ ਹੈ, ਜਦੋਂ ਕਿ ਅਸਲੀਅਤ ਇਹ ਹੈ ਕਿ ਮੋਦੀ ਭਾਰਤ ਨੂੰ ਅਮਰੀਕੀ ਗੁਲਾਮੀ ਵੱਲ ਧੱਕ ਰਹੇ ਹਨ। ਮੋਦੀ ਜਿਸ ਤਰ੍ਹਾਂ ਅਮਰੀਕੀ ਰਾਸ਼ਟਰਪਤੀ ਟਰੰਪ ਨਾਲ ਵਿਹਾਰ ਕਰਦੇ ਹਨ, ਉਹ ਇੱਕ ਬਹੁਤ ਹੀ ਕਮਜ਼ੋਰ ਨੇਤਾ ਦੀ ਸਰੀਰਕ ਭਾਸ਼ਾ ਹੈ। ਨਹਿਰੂ ਵਰਗੇ ਰਾਜ ਨੇਤਾਵਾਂ ਵਿਰੁੱਧ ਲਗਭਗ ਧਮਕੀ-ਭਰੀ ਭਾਸ਼ਾ ਦੀ ਵਰਤੋਂ ਕਰਨ ਵਾਲੇ ਮੋਦੀ ਟਰੰਪ ਦੇ ਸਾਹਮਣੇ ਭਾਰਤੀ ਨਾਗਰਿਕਾਂ ਦੀ ਮੌਤ ਦਾ ਵਿਰੋਧ ਵੀ ਨਹੀਂ ਕਰ ਸਕੇ।

ਇਸ਼ਤਿਹਾਰ ਵਿੱਚ ਭਾਰਤ ਦਾ ਨਕਸ਼ਾ, ਭਾਰਤੀ ਸੰਵਿਧਾਨ ਜਾਂ ਭਾਰਤੀ ਝੰਡਾ ਪ੍ਰਦਰਸ਼ਤ ਕੀਤਾ ਜਾ ਸਕਦਾ ਸੀ, ਪਰ ਇਨ੍ਹਾਂ ਨੂੰ ਨਜ਼ਰਅੰਦਾਜ਼ ਕਰਕੇ ਮੋਦੀ ਦੀ ਤਸਵੀਰ ਲਗਾਈ ਗਈ। ਇਸ ਦਾ ਮਤਲਬ ਹੀ ਇਹ ਸੀ ਕਿ ਇੱਥੇ ਭਾਰਤ ਕੁਝ ਨਹੀਂ, ਰਾਸ਼ਟਰ ਕੁਝ ਨਹੀਂ, ਸਿਰਫ ਮੋਦੀ ਹੀ ਸਭ ਕੁਝ ਹਨ। ਭਾਰਤ ਅਤੇ ਇਸ ਦੇ ਲੋਕ ਅੱਜ ਵੀ 'ਪ੍ਰਥਮ' ਨਹੀਂ ਹਨ। ਭਾਰਤ ਦੇ ਅੰਨਦਾਤਾ ਕਿਸਾਨ, ਪ੍ਰਥਮ ਨਹੀਂ ਹਨ; ਭਾਰਤ ਦਾ ਭਵਿੱਖ ਵਿਦਿਆਰਥੀ, ਪ੍ਰਥਮ ਨਹੀਂ ਹਨ; ਭਾਰਤ ਦੇ ਰਾਖੇ ਫੌਜੀ ਪ੍ਰਥਮ ਨਹੀਂ ਹਨ ਤਾਂ ਫਿਰ ਪ੍ਰਥਮ ਕੌਣ ਹੈ? ਭਾਰਤ ਵਿੱਚ ਪ੍ਰਥਮ ਹਨ ਅਡਾਨੀ ਵਰਗੇ ਲੋਕ, ਜਿਨ੍ਹਾਂ ਨੂੰ ਭਾਰਤ ਦੇ ਸਭ ਤੋਂ ਮਹੱਤਵਪੂਰਨ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਦਿੱਤੇ ਜਾ ਰਹੇ ਹਨ, ਲੱਖਾਂ ਸਾਲ ਪੁਰਾਣੇ ਜੰਗਲਾਂ ਨੂੰ ਕੱਟਣ ਦੇ ਲਾਇਸੈਂਸ ਦਿੱਤੇ ਜਾ ਰਹੇ ਹਨ, ਦੁਨੀਆ ਭਰ ਦੇ ਦੇਸ਼ਾਂ ਵਿੱਚ ਅਡਾਨੀ ਦੇ ਹਿੱਤਾਂ ਦੀ ਰੱਖਿਆ ਕੀਤੀ ਜਾ ਰਹੀ ਹੈ ਅਤੇ ਕਈ ਦੇਸ਼ਾਂ ਵਿੱਚ ਉਸ ਦੇ ਵਿਰੁੱਧ ਕਾਨੂੰਨੀ ਕਾਰਵਾਈਆਂ ਨੂੰ ਰੁਕਵਾਇਆ ਜਾ ਰਿਹਾ ਹੈ। ਭਾਰਤ ਵਿੱਚ ਰੈਗੂਲੇਟਰੀ ਸੰਸਥਾਵਾਂ ਅਡਾਨੀ ਦੇ ਨਾਲ ਖੜ੍ਹੀਆਂ ਹਨ। ਉਸ ਲਈ ਭਾਰਤ ਦਾ ਸੰਵਿਧਾਨ ਤੇ ਲੋਕਤੰਤਰ ਬੌਣਾ ਬਣਾ ਦਿੱਤਾ ਗਿਆ ਹੈ। ਉਹੀ ਅਸਲ ਵਿੱਚ 'ਪਥਮ' ਹੈ। ਇਸ ਪ੍ਰਥਮ ਨੂੰ ਬਦਲਣ ਦੀ ਲੋੜ ਹੈ, ਤਾਂ ਜੋ ਭਾਰਤ ਪ੍ਰਥਮ ਆ ਸਕੇ, ਇੱਥੋਂ ਦੇ ਲੋਕ ਪ੍ਰਥਮ ਬਣ ਸਕਣ।

# ਦੇਸ਼ ਲਈ ਖਤਰਨਾਕ ਹੈ ਆਰ ਐੱਸ ਐੱਸ ਦੀ ਵਿਚਾਰਧਾਰਾ

2024 ਦੀਆਂ ਲੋਕ ਸਭਾ ਚੋਣਾਂ ਵਿਚ ਭਾਜਪਾ ਅਤੇ ਆਰ ਐੱਸ ਐੱਸ ਦੋ ਤਿਹਾਈ ਬਹੁਮਤ ਹਾਸਲ ਕਰ ਲੈਣ ਦੇ ਮਨਸ਼ੇ ਨਾਲ ਚੋਣ ਲੜ ਰਹੀ ਸੀ, ਤਾਂ ਜੋ ਦੋ ਤਿਹਾਈ ਬਹੁਮਤ ਪ੍ਰਾਪਤ ਕਰਕੇ ਭਾਰਤੀ ਸੰਵਿਧਾਨ ਨੂੰ ਹਿੰਦੂਤਵਵਾਦੀ ਨੀਤੀਆਂ ਅਨੁਸਾਰ ਬਦਲਿਆ ਜਾ ਸਕੇ, ਸੰਵਿਧਾਨ 'ਚੋਂ ਸੋਸ਼ਲਿਜ਼ਮ ਅਤੇ ਸੈਕੂਲਰ ਸ਼ਬਦ ਹਟਾਏ ਜਾਣ, ਇਕ ਦੇਸ਼ ਇਕ ਪਾਰਟੀ, ਭਾਵ ਭਾਰਤ ਇਕ ਹਿੰਦੂ ਦੇਸ਼ ਗਰਦਾਨਿਆ ਜਾਵੇ।ਨਾਹਰਾ ਸੀ, ਐਤਕੀਂ ਦੀ ਵਾਰ 400 ਤੋਂ ਪਾਰ, ਪਰ ਉਸ ਸਮੇਂ ਸਾਹਮਣੇ ਆਏ ਚੋਣ ਨਤੀਜਿਆਂ ਨਾਲ ਭਾਰਤੀ ਜਨਤਾ ਪਾਰਟੀ ਅਤੇ ਆਰ ਐੱਸ ਐੱਸ ਏਨੀ ਬੁਰੀ ਤਰਾਂ ਝੰਜੋੜੀ ਗਈ ਸੀ ਕਿ ਉਨ੍ਹਾਂ ਨੂੰ ਆਪਣਾ ਰਾਜਨੀਤਕ ਏਜੰਡਾ ਲੀਹੋਂ ਲਹਿੰਦਾ ਲੱਗਿਆ । ਇਸ ਆਸ਼ੇ ਦੀ ਪੂਰਤੀ ਲਈ ਕੁਝ ਸਮਾਂ ਪਹਿਲਾਂ ਭਾਜਪਾ ਲੋਕ ਸਭਾ ਵਿੱਚ ਡੀ ਲਿਮਿਟੇਸ਼ਨ (ਅਬਾਦੀ ਦੇ ਵਾਧੇ ਅਨੁਸਾਰ ਲੋਕ ਸਭਾ,ਵਿਧਾਨ ਸਭਾ ਦੀਆ ਸੀਟਾਂ ਦਾ ਵਾਧਾ) ਦਾ ਕਾਨੂੰਨ ਬਣਾਉਣ ਦਾ ਮਤਾ ਲੈ ਕੇ ਆਈ ਸੀ, ਪਰ ਮਤਾ ਹਾਰ ਗਿਆ । ਹੁਣ ਭਾਜਪਾ ਅਤੇ ਆਰ ਐੱਸ ਐੱਸ ਨੇ ਕਰੋ ਜਾਂ ਮਰੋ ਦੀ ਨੀਤੀ ਤਹਿਤ ਹਰ ਹਰਬਾ ਵਰਤ ਕੇ 2029 ਦੀਆਂ ਲੋਕ ਸਭਾ ਚੋਣਾ ਤੋਂ ਪਹਿਲਾਂ ਆਪਣਾ ਰਾਜਨੀਤਕ ਏਜੰਡਾ ਸਰ ਕਰਨ ਦੀ ਯੁੱਧਨੀਤੀ ਅਖਤਿਆਰ ਕਰ ਲਈ ਹੈ। ਯੁੱਧ ਨੀਤੀ ਹੈ ਕਿ ਚੋਣਾਂ ਵਿੱਚ ਜਾਣ ਤੋਂ ਬਿਨਾਂ ਲੋਕ ਸਭਾ ਅਤੇ ਰਾਜ ਸਭਾ ਵਿੱਚ ਦੋ ਤਿਹਾਈ ਬਹੁਮਤ ਹਾਸਲ ਕੀਤਾ ਜਾਵੇ, ਰਾਜ ਸਭਾ ਵਿੱਚ ਆਰ ਐੱਸ ਐੱਸ/ ਭਾਜਪਾ ਲਗਭਗ ਦੋ ਤਿਹਾਈ ਦੇ ਨੇੜੇ ਪਹੁੰਚ ਚੁੱਕੀ ਹੈ ਅਤੇ ਲੋਕ ਸਭਾ ਲਈ ਪੱਛਮੀ ਬੰਗਾਲ ਦੀਆਂ ਵਿਧਾਨ ਸਭਾ ਚੋਣਾਂ ਜਿੱਤਣ ਤੋਂ ਬਾਅਦ ਸੰਘੀਆਂ ਨੇ ਦੂਸਰੀਆਂ ਪਾਰਟੀਆ ਦੇ ਪਾਰਲੀਮੈਂਟ ਮੈਂਬਰ ਤੋੜਨ ਲਈ ਖੁੱਲ੍ਹੇਆਮ ਫਾਸ਼ਿਸਟ ਹਮਲੇ ਸ਼ੁਰੂ ਕਰ ਦਿੱਤੇ ਹਨ।ਪੱਛਮੀ ਬੰਗਾਲ ਦੀ ਜਿੱਤ ਦੇ ਕੁਝ ਦਿਨਾਂ ਬਾਅਦ ਹੀ ਪਹਿਲਾਂ ਮਮਤਾ ਦੀ ਪਾਰਟੀ ਦੇ ਜਿੱਤੇ 80 ਐੱਮ ਐੱਲ ਏਜ 'ਚੋਂ ਕਰੀਬ 60 ਐੱਮ ਐੱਲ ਏ ਤੋੜ ਲਏ ਗਏ ਅਤੇ ਅਗਲੇ ਹਮਲੇ ਵਿਚ ਉਸ ਦੇ ਕੁਲ 28 ਪਾਰਲੀਮੈਂਟ ਮੈਂਬਰਾਂ 'ਚੋਂ 20 ਨੂੰ ਤੋੜ ਲਿਆ ਗਿਆ ਹੈ।ਹੁਣ ਸੰਘੀਆਂ ਨੇ ਮਹਾਰਾਸ਼ਟਰ ਵਿਚ ਸ਼ਿਵ ਸੈਨਾ (ਯੂ ਟੀ ਬੀ) ਦੇ 9 ਮੈਂਬਰ ਪਾਰਲੀਮੈਂਟਾਂ 'ਚੋਂ 6 ਨੂੰ ਆਪਣੇ ਪਾਲੇ ਵਿੱਚ ਕਰ ਲਿਆ ਹੈ।ਸੰਘ ਦਾ ਅਗਲਾ ਨਿਸ਼ਾਨਾ ਸ਼ਰਦ ਪਵਾਰ ਦੀ ਪਾਰਟੀ ਨੂੰ ਤੋੜਨਾ ਅਤੇ ਅਖਿਲੇਸ਼ ਯਾਦਵ ਦੀ ਸਮਾਜਵਾਦੀ ਪਾਰਟੀ ਦੇ 37 ਪਾਰਲੀਮੈਂਟ ਮੈਂਬਰਾਂ 'ਤੇ ਹਮਲਾ ਕਰਨਾ ਹੈ।ਇਸ ਤੋਂ ਅੱਗੇ ਤਾਮਿਲਨਾਡੂ ਦੀ ਡੀ ਐੱਮ ਕੇ ਦੇ 22 ਮੈਂਬਰਾਂ ਸਮੇਤ ਸਭ ਛੋਟੇ-ਵੱਡੇ ਦਲਾਂ ਦੇ ਮੈਂਬਰਾਂ ਨੂੰ ਤੋੜਨਾ ਸੰਘੀਆਂ ਦੀ ਮੁੱਖ ਰਾਜਨੀਤਕ ਮੁਹਿੰਮ ਬਣ ਚੁੱਕੀ ਹੈ ।ਇਸ ਕਾਰਜ ਲਈ ਸੰਘੀ ਟੋਲੇ ਨੇ ਸਮੁਚੀਆਂ ਸੰਵਿਧਾਨਿਕ ਸੰਸਥਾਵਾਂ ਈ ਡੀ, ਸੀ ਬੀ ਆਈ, ਐੱਨ ਆਈ ਏ, ਇਨਕਮ ਟੈਕਸ ਅਤੇ ਨਿਆਂ ਪਾਲਿਕਾ ਦੀ ਵਰਤੋਂ ਨੂੰ ਆਪਣੇ ਹਿੱਤ ਵਿੱਚ ਰੈੱਡ ਅਲਰਟ 'ਤੇ ਲਾ ਰਖਿਆ ਹੈ।ਸਾਲ 2014 ਵਿੱਚ ਭ੍ਰਿਸਟਾਚਾਰ ਖਤਮ ਕਰਕੇ ਦੇਸ਼ ਦੇ ਹਰ ਪਰਵਾਰ ਦੇ ਖਾਤੇ ਵਿੱਚ 15-15 ਲੱਖ ਰੁਪਏ ਪਾਉਣ ਦੇ ਵਾਇਦੇ ਕਰਨ ਵਾਲੀ ਭਾਰਤੀ ਜਨਤਾ ਪਾਰਟੀ 2026 ਵਿੱਚ 5 ਕਰੋੜ ਤੋਂ 50 ਕਰੋੜ ਰੁਪਏ ਵਿੱਚ ਐੱਮ ਪੀ ਖਰੀਦ ਕੇ ਭ੍ਰਿਸ਼ਟਾਚਾਰ ਅਤੇ ਇਖਲਾਕਹੀਣਤਾ ਦਾ ਰਿਕਾਰਡ ਬਣਾ ਰਹੀ ਹੈ।ਮੋਦੀ ਦੇ ਨਵੇਂ ਬਣਾਏ ਜਾ ਰਹੇ ਲੋਕਤੰਤਰ ਵਿੱਚ ਐੱਮ ਪੀ ਖਰੀਦਣ ਦੀ ਬੋਲੀ 150 ਕਰੋੜ ਤੱਕ ਵੀ ਪਹੁੰਚਣ ਦੀ ਚਰਚਾ ਹੈ।ਸੰਘ ਪਰਵਾਰ ਹੁਣ ਨਹੀ ਤਾਂ ਕਦੇ ਵੀ ਨਹੀ ਦੀ ਤਾਕਤ ਨਾਲ ਫਾਸੀਵਾਦੀ ਵਿਚਾਰਧਾਰਾ ਵਾਲੀ ਸੱਤਾ ਸਥਾਪਤ ਕਰਨ ਦੀ ਲੜਾਈ ਲੜ ਰਿਹਾ ਹੈ ਅਤੇ ਉਸ ਨੇ ਬੀਤੇ ਦਹਾਕੇ ਦੌਰਾਨ ਸੱਤਾ ਦੇ ਅਸਲ ਕੇਂਦਰਾਂ 'ਤੇ ਇਕਮਾਤਰ ਸਰਦਾਰੀ ਸਥਾਪਤ ਕਰ ਲਈ ਹੈ, ਜੋ ਹਰ ਚੋਣ ਵਿੱਚ ਉਸ ਦੀ ਜਿੱਤ ਨੂੰ ਯਕੀਨੀ ਬਣਾਉਂਦੀ ਹੈ ।


ਗੁਰਮੀਤ ਸਿੰਘ ਬਖ਼ਤਪੁਰਾ

ਸੰਘ ਪਰਵਾਰ ਦੀ ਇਸ ਵਿਉਂਤਬੰਦ ਰਾਜਨੀਤਕ ਖੇਡ ਨੂੰ ਸਮਝਣ ਅਤੇ ਢੁਕਵੇਂ ਪੈਂਤੜੇ ਲੈਣ ਦੀ ਦੇਸ਼ ਦੀ ਮੁੱਖ ਵਿਰੋਧੀ ਪਾਰਟੀ ਕਾਂਗਰਸ ਅਤੇ ਹੋਰ ਵਿਰੋਧੀ ਦਲ ਕੇਵਲ ਵੋਟ ਰਾਜਨੀਤੀ ਰਾਹੀਂ ਸੰਘ ਪਰਵਾਰ ਦਾ ਰਸਤਾ ਰੋਕਣ ਦੀ ਯੁੱਧਨੀਤੀ ਤੋਂ ਅੱਗੇ ਨਹੀ ਸੋਚਦੇ, ਜਦੋਂਕਿ ਬਾਹਰਮੁਖੀ ਹਾਲਤਾਂ ਦਰਸਾਉਂਦੀਆਂ ਹਨ ਕਿ ਭਾਜਪਾ ਨੂੰ ਚੋਣਾਂ ਰਾਹੀ ਹਰਾਉਣ ਦਾ ਸਮਾਂ ਲਗਭਗ ਵਿਹਾ ਚੁੱਕਾ ਹੈ, ਬੇਸ਼ੱਕ ਭਾਜਪਾ ਅਜੇ ਚੋਣ ਬੁਰਕਾ ਉਤਾਰਨ ਵਾਲੀ ਨਹੀਂ ਹੈ, ਕਿਉਕਿ ਉਹ ਭਾਰਤੀ ਲੋਕਤੰਤਰ ਦੀ ਕਾਤਲ ਵਜੋਂ ਆਪਣੀ ਪਛਾਣ ਅਜੇ ਬਚਾਈ ਰੱਖਣਾ ਚਾਹੁੰਦੀ ਹੈ ।ਵਿਰੋਧੀ ਦਲਾਂ ਨੇ ਭਾਜਪਾ ਨੂੰ ਚੋਣ ਦੰਗਲ ਵਿਚ ਹਰਾਉਣ ਲਈ ਮਹਾਰਾਸ਼ਟਰ ਤੋਂ ਬਾਅਦ ਬਿਹਾਰ, ਬਿਹਾਰ ਤੋਂ ਬਾਅਦ ਪੱਛਮੀ ਬੰਗਾਲ ਦੀ ਡੈੱਡ ਲਾਈਨ ਖਿਚੀ ਸੀ ਅਤੇ ਹੁਣ ਸਮਾਜਵਾਦੀ ਪਾਰਟੀ ਦਾ ਪ੍ਰਧਾਨ ਅਤੇ ਮੁਲਾਇਮ ਸਿੰਘ ਯਾਦਵ ਦਾ ਪੁੱਤਰ ਅਖਿਲੇਸ਼ ਯਾਦਵ ਕਹਿ ਰਿਹਾ ਹੈ ਕਿ ਜੇਕਰ ਭਾਜਪਾ ਆ ਰਹੀਆ ਉਤਰ ਪ੍ਰਦੇਸ਼ ਦੀਆਂ ਵਿਧਾਨ ਸਭਾ ਚੋਣਾਂ ਵੀ ਜਿੱਤ ਗਈ ਤਾਂ ਭਾਜਪਾ ਕਦੇ ਵੀ ਚੋਣਾਂ ਵਿੱਚ ਹਰਾਈ ਨਹੀ ਜਾ ਸਕੇਗੀ? ਪਿਤਾ ਦੀ ਰਾਜਨੀਤਕ ਵਿਰਾਸਤ ਦੇ ਵਾਰਿਸ ਬਣੇ ਅਖਿਲੇਸ਼ ਯਾਦਵ ਨੂੰ ਫਾਸ਼ੀਵਾਦ ਕੀ ਹੈ, ਇਸ ਦੀ ਪ੍ਰੀਭਾਸ਼ਾ ਜਾਨਣ ਲਈ ਆਰ ਐੱਸ ਐੱਸ ਦੇ ਗੁਰੂ ਘੰਟਾਲ ਇਟਲੀ ਦੇ ਫਾਸ਼ਿਸਟ ਮੁਸੋਲੀਨੀ ਨੂੰ ਪੜ੍ਹਨਾ ਚਾਹੀਦਾ ਹੈ।ਆਰ ਐੱਸ ਐੱਸ ਘੋਸ਼ਿਤ ਤੌਰ 'ਤੇ ਮੁਸੋਲੀਨੀ ਦੀ ਇਕੋ-ਇਕ ਮਜ਼ਬੂਤ ਭਾਰਤੀ ਵਾਰਿਸ ਹੈ ।ਆਰ ਐੱਸ ਐੱਸ। ਭਾਜਪਾ ਦੀ ਪੱਛਮੀ ਬੰਗਾਲ ਦੀ ਜਿੱਤ ਤੋਂ ਬਾਅਦ ਇੰਡੀਆ ਗਠਜੋੜ ਇਕ ਵਾਰ ਫਿਰ ਰਵਾਇਤੀ ਤੌਰ 'ਤੇ ਜੁੜਿਆ ਹੈ, ਜਿਸ ਮੀਟਿੰਗ ਵਿੱਚ ਭਾਸ਼ਣਾਂ ਤੋਂ ਅੱਗੇ ਅਗਸਤ ਵਿਚ ਹੈਦਰਾਬਾਦ ਜੁੜਨਾ ਤਹਿ ਹੋਇਆ ਹੈ। ਅਸਲ ਵਿਚ ਕਮਿਊਨਿਸਟਾਂ ਨੂੰ ਛੱਡ ਕੇ ਇੰਡੀਆ ਗਠਜੋੜ ਵੀ ਕੇਵਲ ਚੋਣ ਰਾਜਨੀਤੀ ਦੇ ਦਾਇਰੇ ਤੱਕ ਸੀਮਿਤ ਹੈ।ਇਸ ਕਾਰਨ ਹੀ ਇੰਡੀਆ ਗਠਜੋੜ ਦੀਆਂ ਬਹੁਤੀਆਂ ਧਿਰਾਂ ਆਪਣੀ ਸੱਤਾ ਦੇ ਤਵਾਜ਼ਨ ਨੂੰ ਦੇਖਦਿਆਂ ਇਸ ਦਾ ਹਿਸਾ ਬਨਦੀਆਂ ਜਾਂ ਦੂਰ ਭੱਜਦੀਆਂ ਹਨ।ਇਸ ਦੀ ਤਾਜ਼ਾ ਉਦਾਹਰਣ ਮਮਤਾ ਬੈਨਰਜੀ ਹੈ, ਜੋ ਨਾ ਤਾਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਇੰਡੀਆ ਗਠਜੋੜ ਦਾ ਹਿਸਾ ਸੀ ਅਤੇ ਨਾ ਹੀ ਦੋ ਮਹੀਨੇ ਪਹਿਲਾ ਪੱਛਮੀ ਬੰਗਾਲ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਸ ਨੇ ਇੰਡੀਆ ਗਠਜੋੜ ਦੀਆਂ ਪਾਰਟੀਆ ਦੀ ਕੋਈ ਪੁੱਛ-ਪ੍ਰਤੀਤ ਕੀਤੀ ਸੀ ।ਹੁਣ ਫਾਸ਼ਿਸਟਾ ਦੀ ਮਾਰ ਖਾਣ ਤੋਂ ਬਾਅਦ ਮਮਤਾ ਬੈਨਰਜੀ ਇੰਡੀਆ ਗਠਜੋੜ ਦੀ ਕਰਤਾ-ਧਰਤਾ ਬਣਨ ਦੀ ਦੌੜ ਵਿੱਚ ਹੈ। ਇੰਡੀਆ ਗਠਜੋੜ ਦੀ ਸਭ ਤੋਂ ਵੱਡੀ ਪਾਰਟੀ ਕਾਂਗਰਸ ਦਾ ਅਮਲ ਵੀ ਮਮਤਾ ਬੈਨਰਜੀ ਵਰਗਾ ਘੁਮੰਡੀ ਅਤੇ ਮੌਕਾਪ੍ਰਸਤੀ ਭਰਿਆ ਹੈ।ਜਦੋਂ ਕਿ ਆਰ ਐੱਸ ਐੱਸ ਦਾ ਸਮੁੱਚਾ ਕਾਡਰ ਹਿੰਦੂਤਵਵਾਦੀ ਵਿਚਾਰਧਾਰਾ ਦੀ ਰਾਜਨੀਤੀ ਅਤੇ ਉਦੇਸ਼ ਭਾਵ ਇਕ ਸੰਵਿਧਾਨ, ਇਕ ਕੌਮ, ਇਕ ਚੋਣ, ਇਕ ਨਿਸ਼ਾਨ, ਇੱਕ ਭਾਸ਼ਾ ਅਤੇ ਇਕ ਧਰਮ ਵਾਲੀ ਹਿੰਦੂਤਵਵਾਦੀ ਸੱਤਾ ਪਰਾਪਤੀ ਦੀ ਦੌੜ ਵਿੱਚ ਵਿਚਾਰਧਾਰਕ ਤੌਰ 'ਤੇ ਗ੍ਰਸਿਆ ਹੋਇਆ ਹੈ।

ਭਾਜਪਾ ਕਾਂਗਰਸ ਮੁਕਤ ਭਾਰਤ ਜਾਂ ਇਕ ਦੇਸ਼ ਇਕ ਪਾਰਟੀ ਦਾ ਨਾਹਰਾ ਸੰਪੂਰਨ ਬਣਾਉਣ ਲਈ ਨਿਰੰਤਰ ਯਤਨਸ਼ੀਲ ਹੈ। ਆਰ ਐੱਸ ਐੱਸ ਨੇ ਬਹੁਜਨ ਸਮਾਜ ਪਾਰਟੀ ਅਤੇ ਉਸ ਦੀ ਆਗੂ ਮਾਇਆਵਤੀ ਨੂੰ ਗੁੰਮਨਾਮ ਦੁਨੀਆ ਵਿੱਚ ਸੁੱਟ ਦਿੱਤਾ ਹੈ ।ਇਸ ਤਰ੍ਹਾਂ ਦੀ ਹਾਲਤ ਹੀ ਭਾਜਪਾ ਨਾਲ ਸਰਕਾਰ ਬਣਾਉਣ ਵਾਲੀ ਮਹਿਬੂਬਾ ਮੁਫਤੀ ਦੀ ਹੋਈ ਹੈ। ਬਿਹਾਰ ਦੇ 20 ਸਾਲ ਤੱਕ ਰਹੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਜ਼ਬਾਨ ਨੂੰ ਤਾਲਾ ਲਗਾ ਦਿੱਤਾ ਗਿਆ ਹੈ । ਲੰਮਾ ਸਮਾਂ ਰਿਹਾ ਓਡੀਸ਼ਾ ਦਾ ਮੁੱਖ ਮੰਤਰੀ ਨਵੀਨ ਪਟਨਾਇਕ ਆਪਣੀ ਹੋਣੀ ਬਾਰੇ ਕੁਝ ਨਹੀ ਬੋਲਦਾ।ਇਹ ਭਾਜਪਾ ਨਾਲ ਯਾਰੀ ਦਾ ਸਿੱਟਾ ਹੀ ਹੈ ਕਿ ਅਕਾਲੀ ਦਲ ਲੀਰੋ-ਲੀਰ ਹੋ ਗਿਆ ਹੈ, ਇਸ ਦੇ ਬਾਵਜੂਦ ਸਾਰੇ ਅਕਾਲੀ ਧੜੇ ਭਾਜਪਾ ਨਾਲ ਜੱਫੀਆਂ ਪਾਉਣ ਲਈ ਕਾਹਲੇ ਹਨ ।ਮਹਾਰਾਸ਼ਟਰ ਦਾ ਸ਼ਰਦ ਪਵਾਰ ਅਤੇ ਊਧਵ ਠਾਕਰੇ ਰਾਜਨੀਤਕ ਤੌਰ 'ਤੇ ਨਿਹੱਥੇ ਕਰ ਦਿੱਤੇ ਗਏ ਹਨ ।ਸੱਚ ਇਹ ਹੈ ਕਿ ਭਾਜਪਾ ਆਰ ਐੱਸ ਐੱਸ ਵੱਲੋਂ ਦੇਸ਼ ਵਿੱਚ ਹਿੰਦੂਤਵਵਾਦੀ ਵਿਚਾਰਧਾਰਾ ਦੀ ਲੜੀ ਜਾ ਰਹੀ ਲੜਾਈ ਦਾ ਮੁਕਾਬਲਾ ਸੱਚੀ-ਸੁਚੀ ਰਾਸ਼ਟਰਵਾਦੀ ਭਾਵਨਾ ਦੇ ਲੋਕ ਅੰਦੋਲਨ ਨਾਲ ਹੀ ਕੀਤਾ ਜਾ ਸਕਦਾ ਹੈ।

# ਸੰਪਰਕ : 98142-90163

# ਅਮਰੀਕਾ-ਈਰਾਨ ਸਮਝੌਤਾ : ਵਿਸ਼ਵ ਅਮਨ ਵੱਲ ਇੱਕ ਇਤਿਹਾਸਕ ਕਦਮ

ਪਿਛਲੇ ਕਈ ਦਹਾਕਿਆਂ ਤੋਂ ਮੱਧ-ਪੂਰਬ ਦੀ ਰਾਜਨੀਤੀ ਅਤੇ ਵਿਸ਼ਵ ਸ਼ਕਤੀਆਂ ਦੇ ਆਪਸੀ ਸੰਬੰਧਾਂ ਵਿੱਚ ਅਮਰੀਕਾ ਅਤੇ ਈਰਾਨ ਦਾ ਰਿਸ਼ਤਾ ਹਮੇਸ਼ਾ ਹੀ ਤਣਾਅ, ਅਵਿਸ਼ਵਾਸ ਅਤੇ ਟਕਰਾਅ ਦਾ ਕੇਂਦਰ ਬਣਿਆ ਚਲਿਆ ਆ ਰਿਹਾ ਹੈ। ਕਈ ਦਹਾਕਿਆਂ ਤੋਂ ਚੱਲ ਰਹੇ ਮਤਭੇਦਾਂ, ਆਰਥਿਕ ਪਾਬੰਦੀਆਂ, ਪਰਮਾਣੂ ਵਿਵਾਦਾਂ ਅਤੇ ਖੇਤਰੀ ਪ੍ਰਭਾਵ ਦੀ ਦੌੜ ਦੇ ਮਾਹੌਲ ਵਿੱਚ ਜੇਕਰ ਦੋਵੇਂ ਦੇਸ਼ ਕਿਸੇ ਵਿਆਪਕ ਸਮਝੌਤੇ 'ਤੇ ਪਹੁੰਚਦੇ ਹਨ ਤਾਂ ਇਹ ਨਾ ਸਿਰਫ਼ ਮੱਧ-ਪੂਰਬ, ਸਗੋਂ ਪੂਰੀ ਦੁਨੀਆ ਲਈ ਇੱਕ ਮਹੱਤਵਪੂਰਨ ਘਟਨਾ ਸਿੱਧ ਹੋ ਸਕਦੀ ਹੈ।

ਪ੍ਰਸਤਾਵਿਤ ਸਮਝੌਤੇ ਦੇ ਅਨੁਸਾਰ ਈਰਾਨ ਆਪਣੇ ਪਰਮਾਣੂ ਪ੍ਰੋਗਰਾਮ ਨੂੰ ਅੰਤਰਰਾਸ਼ਟਰੀ ਮਾਪਦੰਡਾਂ ਅਨੁਸਾਰ ਸੀਮਤ ਕਰਨ ਅਤੇ ਅੰਤਰਰਾਸ਼ਟਰੀ ਪਰਮਾਣੂ ਊਰਜਾ ਏਜੰਸੀ ਨੂੰ ਵਧੇਰੇ ਨਿਗਰਾਨੀ ਅਧਿਕਾਰ ਦੇਣ ਲਈ ਤਿਆਰ ਹੋਇਆ ਹੈ। ਇਸ ਦੇ ਬਦਲੇ ਵਿੱਚ ਅਮਰੀਕਾ ਵੱਲੋਂ ਆਰਥਿਕ ਪਾਬੰਦੀਆਂ ਵਿੱਚ ਰਾਹਤ ਦੇਣ ਦੀ ਗੱਲ ਕੀਤੀ ਗਈ ਹੈ । ਮਾਹਰਾਂ ਅਨੁਸਾਰ ਜੇਕਰ ਅਜਿਹਾ ਹੁੰਦਾ ਹੈ ਤਾਂ ਇਹ ਖੇਤਰ ਵਿੱਚ ਪਰਮਾਣੂ ਹਥਿਆਰਾਂ ਦੀ ਦੌੜ ਨੂੰ ਰੋਕਣ ਅਤੇ ਵਿਸ਼ਵ ਸੁਰੱਖਿਆ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਸਕਦਾ ਹੈ ।

ਜ਼ਿਕਰਯੋਗ ਹੈ ਕਿ ਇਸ ਸਮਝੌਤੇ ਦਾ ਇੱਕ ਹੋਰ ਅਹਿਮ ਪੱਖ ਆਰਥਿਕਤਾ ਨਾਲ ਜੁੜਿਆ ਹੋਇਆ ਹੈ । ਈਰਾਨ 'ਤੇ ਲੱਗੀਆਂ ਸਖ਼ਤ ਪਾਬੰਦੀਆਂ ਵਿੱਚ ਢਿੱਲ ਨਾਲ ਉਸ ਦੀ ਆਰਥਿਕਤਾ ਨੂੰ ਨਵਾਂ ਜੀਵਨ ਮਿਲ ਸਕਦਾ ਹੈ। ਵਿਸ਼ਵ ਬਾਜ਼ਾਰ ਵਿੱਚ ਈਰਾਨੀ ਤੇਲ ਦੀ ਵਾਪਸੀ ਨਾਲ ਕੱਚੇ ਤੇਲ ਦੀਆਂ ਕੀਮਤਾਂ 'ਤੇ ਵੀ ਸਕਾਰਾਤਮਕ ਪ੍ਰਭਾਵ ਪੈ ਸਕਦਾ ਹੈ। ਊਰਜਾ ਆਯਾਤ ਕਰਨ ਵਾਲੇ ਦੇਸ਼ਾਂ, ਖ਼ਾਸ ਕਰਕੇ ਭਾਰਤ ਵਰਗੀਆਂ ਉਭਰਦੀਆਂ ਅਰਥ ਵਿਵਸਥਾਵਾਂ ਨੂੰ ਇਸ ਦਾ ਲਾਭ ਮਿਲਣ ਦੀ ਵਧੇਰੇ ਸੰਭਾਵਨਾ ਹੋ ਸਕਦੀ ਹੈ।ਕੂਟਨੀਤਕ ਨਜ਼ਰੀਏ ਤੋਂ ਵੀ ਇਹ ਵਿਕਾਸ ਮਹੱਤਵਪੂਰਨ ਮੰਨਿਆ ਜਾਵੇਗਾ। ਇਹ ਸਾਬਤ ਕਰੇਗਾ ਕਿ ਲੰਮੇ ਸਮੇਂ ਤੋਂ ਚੱਲ ਰਹੇ ਅਤੇ ਬਹੁਤ ਹੀ ਗੁੰਝਲਦਾਰ ਵਿਵਾਦਾਂ ਦਾ ਹੱਲ ਗੱਲਬਾਤ ਅਤੇ ਕੂਟਨੀਤੀ ਕੋਸ਼ਿਸ਼ਾਂ ਰਾਹੀਂ ਲੱਭਿਆ ਜਾ ਸਕਦਾ ਹੈ। ਅੱਜ ਦੇ ਅਸਥਿਰ ਅੰਤਰਰਾਸ਼ਟਰੀ ਮਾਹੌਲ ਵਿੱਚ ਇਹ ਸੰਦੇਸ਼ ਬੇਹੱਦ ਅਹਿਮ ਤੇ ਮਹਤੱਵਪੂਰਨ ਮੰਨਿਆ ਜਾ ਰਿਹਾ ਹੈ।


ਮੁਹੰਮਦ ਅੱਬਾਸ ਧਾਲੀਵਾਲ

ਹਾਲਾਂਕਿ ਇਸ ਸਮਝੌਤੇ ਦੀ ਸਫ਼ਲਤਾ ਨੂੰ ਲੈ ਕੇ ਕਈ ਸਵਾਲ ਹਾਲੇ ਵੀ ਮੌਜੂਦ ਹਨ । ਉਹਨਾਂ 'ਚ ਸਭ ਤੋਂ ਮਹੱਤਵਪੂਰਨ ਪ੍ਰਸ਼ਨ ਇਹ ਹੈ ਕਿ ਅਮਰੀਕਾ ਅਤੇ ਈਰਾਨ ਵਿਚਕਾਰ ਦਹਾਕਿਆਂ ਤੋਂ ਚੱਲ ਰਹੀ ਬੇਭਰੋਸਗੀ ਇੱਕ ਦਸਤਖ਼ਤ ਨਾਲ ਖ਼ਤਮ ਨਹੀਂ ਹੋ ਸਕਦੀ। ਪਿਛਲੇ ਸਮਝੌਤਿਆਂ ਦੇ ਤਜਰਬੇ, ਖ਼ਾਸ ਕਰਕੇ 2018 ਵਿੱਚ ਪਰਮਾਣੂ ਸਮਝੌਤੇ ਤੋਂ ਅਮਰੀਕਾ ਦੇ ਹਟਣ ਤੋਂ ਬਾਅਦ ਈਰਾਨ ਵਿੱਚ ਅਜੇ ਵੀ ਸ਼ੰਕੇ ਮੌਜੂਦ ਹਨ। ਇਸ ਸੰਦਰਭ 'ਚ ਈਰਾਨ ਦੇ ਸ਼ੰਕੇ ਜਾਇਜ਼ ਵੀ ਹਨ, ਕਿਉਂਕਿ ਅਕਸਰ ਅਮਰੀਕਾ ਅਤੇ ਇਸਰਾਈਲ ਨੇ ਇਨ੍ਹਾਂ ਦੀ ਖਿਲਾਫਵਰਜ਼ੀ ਕੀਤੀ ਹੈ।

ਹੁਣ ਵੀ ਖਦਸ਼ਾ ਬਣਿਆ ਹੋਇਆ ਹੈ ਕਿ ਮੱਧ-ਪੂਰਬ ਦੇ ਕੁਝ ਪ੍ਰਭਾਵਸ਼ਾਲੀ ਦੇਸ਼ ਅਤੇ ਇਸਰਾਈਲ ਵੀ ਅਜਿਹੇ ਕਿਸੇ ਸਮਝੌਤੇ ਨੂੰ ਸਾਵਧਾਨੀ ਨਾਲ ਦੇਖ ਸਕਦੇ ਹਨ । ਉਨ੍ਹਾਂ ਨੂੰ ਚਿੰਤਾ ਹੈ ਕਿ ਪਾਬੰਦੀਆਂ ਵਿੱਚ ਰਾਹਤ ਨਾਲ ਈਰਾਨ ਦੀ ਆਰਥਿਕ ਅਤੇ ਰਾਜਨੀਤਕ ਸਥਿਤੀ ਮਜ਼ਬੂਤ ਹੋ ਸਕਦੀ ਹੈ, ਜਿਸ ਦੇ ਖੇਤਰੀ ਸੁਰੱਖਿਆ 'ਤੇ ਦੂਰਗਾਮੀ ਪ੍ਰਭਾਵ ਪੈ ਸਕਦੇ ਹਨ। ਇਹ ਕਿ ਇਸਰਾਈਲ ਨੂੰ ਵਿਸ਼ੇਸ਼ ਕਰਕੇ ਨੇਤਨਯਾਹੂ ਨੂੰ ਇਹ ਕਦਾਚਿਤ ਕਬੂਲ ਨਹੀਂ ਕਿ ਈਰਾਨ ਸ਼ਕਤੀਸ਼ਾਲੀ ਬਣ ਉਸ ਨੂੰ ਟੱਕਰ ਦੇਣਾ ਜਾਰੀ ਰੱਖੇ।

ਉਧਰ ਅਮਰੀਕਾ ਦੀ ਅੰਦਰੂਨੀ ਰਾਜਨੀਤੀ ਵੀ ਇਸ ਸਮਝੌਤੇ ਦੇ ਭਵਿੱਖ ਨੂੰ ਪ੍ਰਭਾਵਤ ਕਰ ਸਕਦੀ ਹੈ। ਇਸ ਗੱਲ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ, ਕਿਉਂਕਿ ਸੱਤਾ ਪਰਿਵਰਤਨ ਜਾਂ ਨੀਤੀਆਂ ਵਿੱਚ ਬਦਲਾਅ ਆਉਣ ਦੀ ਸਥਿਤੀ ਵਿੱਚ ਸਮਝੌਤੇ ਦੀ ਨਿਰੰਤਰਤਾ ਉੱਤੇ ਪ੍ਰਸ਼ਨ ਚਿੰਨ੍ਹ ਲੱਗ ਸਕਦਾ ਹੈ।

ਕੁਲ ਮਿਲਾ ਕੇ ਅਮਰੀਕਾ ਅਤੇ ਈਰਾਨ ਵਿਚਕਾਰ ਕਿਸੇ ਵੀ ਪ੍ਰਕਾਰ ਦਾ ਵਿਆਪਕ ਸਮਝੌਤਾ ਵਿਸ਼ਵ ਰਾਜਨੀਤੀ ਵਿੱਚ ਇੱਕ ਸਕਾਰਾਤਮਕ ਵਿਕਾਸ ਮੰਨਿਆ ਜਾ ਸਕਦਾ ਹੈ ।ਇਸ ਦੀ ਅਸਲ ਕਾਮਯਾਬੀ ਦਸਤਖ਼ਤਾਂ ਨਾਲ ਨਹੀਂ, ਸਗੋਂ ਦੋਵੇਂ ਧਿਰਾਂ ਵੱਲੋਂ ਕੀਤੇ ਗਏ ਵਾਅਦਿਆਂ ਦੀ ਇਮਾਨਦਾਰ ਪਾਲਣਾ ਨਾਲ ਤੈਅ ਹੋਵੇਗੀ।ਜੇਕਰ ਸਮਝੌਤੇ ਦੀਆਂ ਸ਼ਰਤਾਂ ਨੂੰ ਪਾਰਦਰਸ਼ਤਾ ਅਤੇ ਸੰਜਮ ਨਾਲ ਲਾਗੂ ਕੀਤਾ ਜਾਂਦਾ ਹੈ, ਤਾਂ ਇਹ ਮੱਧ-ਪੂਰਬ ਵਿੱਚ ਸਥਾਈ ਸ਼ਾਂਤੀ ਅਤੇ ਸਥਿਰਤਾ ਦੀ ਬੁਨਿਆਦ ਬਣ ਸਕਦਾ ਹੈ, ਨਹੀਂ ਤਾਂ ਇਹ ਵੀ ਇਤਿਹਾਸ ਦੇ ਉਹਨਾਂ ਅਨੇਕਾਂ ਸਮਝੌਤਿਆਂ ਵਿੱਚ ਸ਼ਾਮਲ ਹੋ ਸਕਦਾ ਹੈ, ਜੋ ਉਮੀਦਾਂ ਤਾਂ ਜਗਾਉਂਦੇ ਹਨ, ਪਰ ਟਿਕਾਊ ਨਤੀਜੇ ਨਹੀਂ ਦੇ ਸਕਦੇ।

ਇਸ ਤੋਂ ਇਲਾਵਾ ਇਸ ਸਮਝੌਤੇ ਨੂੰ ਜ਼ਰਬ ਲਗਾਉਣ ਲਈ ਇਸਰਾਈਲ ਕੋਈ ਨਾ ਕੋਈ ਸ਼ਰਾਰਤ ਕਰ ਸਕਦਾ ਹੈ, ਇਸ ਦੀ ਸੰਭਾਵਨਾ ਤੋਂ ਕਦੇ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ, ਕਿਉਂਕਿ 28 ਫਰਵਰੀ ਦੇ ਅਮਰੀਕਾ-ਇਸਰਾਈਲ ਦੇ ਈਰਾਨ 'ਤੇ ਕੀਤੇ ਗਏ ਹਮਲੇ ਤੋਂ ਪਹਿਲਾਂ ਈਰਾਨ ਅਤੇ ਅਮਰੀਕਾ ਵਿਚਕਾਰ ਕਈ ਮੀਟਿੰਗਾਂ ਹੋਣ ਬਾਅਦ ਇਹ ਕਿਆਸ-ਅਰਾਈਆਂ ਲਗਾਈਆਂ ਜਾ ਰਹੀਆਂ ਸਨ ਕਿ ਦੋਵਾਂ ਦੇਸ਼ਾਂ ਵਿਚਕਾਰ ਜਲਦ ਹੀ ਕੋਈ ਸਮਝੌਤਾ ਅਮਲ ਵਿੱਚ ਆ ਜਾਵੇਗਾ, ਪ੍ਰੰਤੂ ਹੋਇਆ ਇਸ ਦੇ ਵਿਪਰੀਤ, ਕਿਉਂਕਿ 28 ਫਰਵਰੀ ਦੇ ਇਸ ਹਮਲੇ ਵਿੱਚ ਅਮਰੀਕਾ ਤੇ ਇਸਰਾਈਲ ਨੇ ਜਿਸ ਪ੍ਰਕਾਰ ਈਰਾਨ ਦੇ ਸੁਪਰੀਮੋ ਆਇਤੁੱਲਾ ਖਾਮਨੇਈ ਨੂੰ ਬੰਬਾਰੀ ਕਰਦਿਆਂ ਦਿੱਤਾ, ਉਸ ਨੇ ਸਾਰੀਆਂ ਪ੍ਰਸਥਿਤੀਆਂ ਹੀ ਬਦਲ ਕੇ ਰੱਖ ਦਿੱਤੀਆਂ ।ਇਰਾਨ, ਅਮਰੀਕਾ ਤੇ ਇਸਰਾਈਲ ਵਿਚਕਾਰ ਜੂਨ ਦੇ ਦੂਸਰੇ ਹਫਤੇ ਤੱਕ ਜੋ ਜੰਗ ਹੋਈ, ਉਸ ਦਾ ਖਮਿਆਜ਼ਾ ਵਿਸ਼ਵ ਦੇ ਤਮਾਮ ਦੇਸ਼ਾਂ ਨੂੰ ਕਿਸੇ ਨਾ ਕਿਸੇ ਰੂਪ ਵਿੱਚ ਵਿੱਚ ਝੱਲਣਾ ਪਿਆ।

ਫਿਲਹਾਲ ਵਿਸ਼ਵ ਭਾਈਚਾਰੇ ਲਈ ਇਹ ਇੱਕ ਅਜਿਹਾ ਮੌਕਾ ਹੈ, ਜਿਸ ਦਾ ਸਵਾਗਤ ਵੀ ਕੀਤਾ ਜਾਣਾ ਚਾਹੀਦਾ ਹੈ ਅਤੇ ਜਿਸ ਉੱਤੇ ਨਿਰੰਤਰ ਨਿਗਰਾਨੀ ਵੀ ਰੱਖੀ ਜਾਣੀ ਚਾਹੀਦੀ ਹੈ।

# ਸੰਪਰਕ : 98552-59650

# ਨੌਜਵਾਨਾਂ ਨੂੰ ਸਾਂਭਣਾ ਸਭ ਦਾ ਫ਼ਰਜ਼

ਨੌਜਵਾਨ ਕਿਸੇ ਦੇਸ਼ ਤੇ ਕੌਮ ਦਾ ਸਰਮਾਇਆ ਹਨ । ਦੇਸ਼ ਦੀ ਤਰੱਕੀ ਉਸ ਦੇਸ਼ ਦੇ ਨੌਜਵਾਨਾਂ 'ਤੇ ਹੀ ਨਿਰਭਰ ਕਰਦੀ ਹੈ । ਭਾਰਤ ਦੁਨੀਆ ਦਾ ਸਭ ਤੋਂ ਵੱਧ ਨੌਜਵਾਨ ਆਬਾਦੀ ਵਾਲਾ ਦੇਸ਼ ਹੈ । ਭਾਰਤ ਦੀ ਕੁਲ ਆਬਾਦੀ 145 ਕਰੋੜ ਦੇ ਕਰੀਬ ਹੈ ।ਇਸ ਵਿੱਚੋਂ 37 ਕਰੋੜ ਆਬਾਦੀ 25 ਸਾਲ ਤੋਂ ਘੱਟ ਉਮਰ ਦੇ ਨੌਜਵਾਨਾਂ ਦੀ ਹੈ ।ਕੁਲ ਆਬਾਦੀ ਦਾ 37 ਫ਼ੀਸਦੀ ਹਿੱਸਾ 35 ਸਾਲ ਘੱਟ ਉਮਰ ਦੇ ਨੌਜਵਾਨਾਂ ਦਾ ਹੈ । ਨੌਜਵਾਨ ਹਰ ਸਮਾਜ, ਧਰਮ ਤੇ ਦੇਸ਼ ਦਾ ਭਵਿੱਖ ਹੁੰਦੇ ਹਨ ।ਨੌਜਵਾਨਾਂ ਤੋਂ ਦੇਸ਼ ਨੂੰ ਬਹੁਤ ਉਮੀਦਾਂ ਹੁੰਦੀਆਂ ਹਨ ।

ਰਾਸ਼ਟਰੀ ਨੌਜਵਾਨ ਦਿਵਸ ਹਰ ਸਾਲ ਮੁਲਕ ਭਰ ਵਿੱਚ ਸਵਾਮੀ ਵਿਵੇਕਾਨੰਦ ਦੇ ਜਨਮ ਦਿਹਾੜੇ ਨੂੰ ਸਮਰਪਤ 12 ਜਨਵਰੀ ਨੂੰ ਮਨਾਇਆ ਜਾਂਦਾ ਹੈ । ਸੰਨ 1985 ਵਿੱਚ ਪਹਿਲੀ ਵਾਰ ਰਾਸ਼ਟਰੀ ਨੌਜਵਾਨ ਦਿਵਸ ਮਨਾਇਆ ਗਿਆ ।ਸਵਾਮੀ ਵਿਵੇਕਾਨੰਦ ਨੌਜਵਾਨਾਂ ਲਈ ਪ੍ਰੇਰਣਾ ਦਾ ਸ੍ਰੋਤ ਹਨ । ਉਹਨਾ ਨੇ ਨੌਜਵਾਨਾਂ ਨੂੰ ਆਤਮ-ਵਿਸ਼ਵਾਸ, ਅਨੁਸਾਸ਼ਨ, ਚਰਿੱਤਰ ਅਤੇ ਸੇਵਾ ਦੇ ਮਾਰਗ 'ਤੇ ਤੁਰਨ ਦਾ ਸੰਦੇਸ਼ ਦਿੱਤਾ । ਇਸ ਦਿਵਸ ਦਾ ਮਕਸਦ ਨੌਜਵਾਨਾਂ ਵਿੱਚ ਰਾਸ਼ਟਰ ਨਿਰਮਾਣ, ਸਮਾਜਿਕ ਜ਼ਿੰਮੇਵਾਰੀ, ਨੈਤਿਕ ਮੁੱਲਾਂ ਅਤੇ ਸਕਾਰਾਤਮਕ ਸੋਚ ਨੂੰ ਉਭਾਰਨਾ ਹੈ । ਕਿਸੇ ਵੀ ਮੁਲਕ ਦੇ ਨੌਜਵਾਨ ਜੇਕਰ ਪੜ੍ਹੇ-ਲਿਖੇ, ਹੁਨਰਮੰਦ, ਮਿਹਨਤੀ ਅਤੇ ਹਿੰਮਤੀ ਹੋਣ ਦੇ ਨਾਲ-ਨਾਲ ਸਬਰ-ਸੰਤੋਖ, ਦਲੇਰੀ ਤੇ ਦ੍ਰਿੜ੍ਹ ਇਰਾਦੇ ਵਾਲੇ ਹੋਣ ਤਾਂ ਉਸ ਦੇਸ਼ ਦੀ ਖ਼ੁਸ਼ਹਾਲੀ ਤੇ ਤਰੱਕੀ ਨੂੰ ਕੋਈ ਰੋਕ ਨਹੀਂ ਸਕਦਾ, ਪਰ ਇਹ ਸਾਰਾ ਕੁਝ ਤਾਂ ਹੀ ਸੰਭਵ ਹੈ, ਜੇਕਰ ਨੌਜਵਾਨ ਆਪਣੇ ਹੱਕਾਂ ਦੇ ਨਾਲ-ਨਾਲ ਆਪਣੇ ਦੇਸ਼, ਸਮਾਜ ਪ੍ਰਤੀ ਫ਼ਰਜ਼ਾਂ ਪ੍ਰਤੀ ਵੀ ਜਾਗਰੂਕ ਹੋਣ ਅਤੇ ਦੇਸ਼ ਨੂੰ ਸਮੱਸਿਆਵਾਂ ਤੋਂ ਮੁਕਤ ਕਰਨ ਲਈ ਪੂਰੀ ਤਰ੍ਹਾਂ ਦ੍ਰਿੜ੍ਹ ਸੰਕਲਪ ਹੋਣ ।

ਜਵਾਨੀ ਇਕ ਅਜਿਹਾ ਪੜਾਅ ਹੈ, ਜਿਸ ਵਿੱਚੋਂ ਅਸੀਂ ਬਚਪਨ ਦੀ ਪਰਿਵਾਰਕ ਸੁਰੱਖਿਆ ਵਿਚੋਂ ਬਾਹਰ ਨਿਕਲ ਕੇ ਸੁਪਨਿਆਂ ਦੀ ਦੁਨੀਆ ਵਿੱਚ ਦਾਖਲ ਹੁੰਦੇ ਹਾਂ । ਇਹ ਅਜਿਹਾ ਪੜਾਅ ਹੈ, ਜਿਥੇ ਜਵਾਨ ਮਨ ਸਦਾ ਨਵੀਆਂ ਪ੍ਰਸਥਿਤੀਆਂ ਵਿਚ ਵਿਚਰਦਾ ਹੈ ਤੇ ਉਸ ਦੇ ਮਨ ਵਿੱਚ ਇਕ ਨਿਰੰਤਰ ਬਦਲਾਅ ਵਾਪਰਦਾ ਰਹਿੰਦਾ ਹੈ । ਇਸ ਵੇਲੇ ਉਸ ਕੋਲ ਨਵੇਂ ਮੌਕੇ, ਨਵੀਆਂ ਚੁਣੌਤੀਆਂ, ਨਵੇਂ ਸਵਾਲ ਅਤੇ ਨਵੇਂ ਜਵਾਬ ਹੁੰਦੇ ਹਨ । ਇਹ ਪੜਾਅ ਉਮਰ ਦਾ ਸਭ ਤੋਂ ਵੱਧ ਊਰਜਾ ਭਰਿਆ ਪੜਾਅ ਮੰਨਿਆ ਜਾਂਦਾ ਹੈ । ਨੌਜਵਾਨਾਂ ਨੂੰ ਆਪਣੇ ਜੀਵਨ ਪ੍ਰਤੀ ਸਕਾਰਾਤਮਕ ਰਵੱਈਆ ਅਪਨਾਉਣ ਦੇ ਨਾਲ-ਨਾਲ ਸਮਾਜ ਵਿਚ ਵਧੀਆ ਨਾਂਅ ਲਈ ਹਰ ਸੰਭਵ ਉਪਰਾਲੇ ਕਰਨੇ ਚਾਹੀਦੇ ਹਨ, ਤਾਂ ਜੋ ਆਪਣੇ ਅਤੇ ਮਾਪਿਆਂ ਦੇ ਸੁਪਨੇ ਪੂਰੇ ਹੋ ਸਕਣ । ਅਜੋਕੇ ਸਮੇ ਬਹੁਤ ਸਾਰੇ ਨੌਜਵਾਨ ਨਸ਼ਿਆਂ ਦੇ ਵੀ ਆਦੀ ਹਨ । ਜਿੰਨਾ ਹੋ ਸਕੇ ਨੌਜਵਾਨਾਂ ਨੂੰ ਨਸ਼ਿਆ ਤੋਂ ਬਚਣਾ ਚਾਹੀਦਾ ਹੈ । ਦੂਜਾ ਨਸ਼ਾ ਵਗੈਰਾ ਕਰਕੇ ਕੁਝ ਵੀ ਹਾਸਿਲ ਨਹੀਂ ਕੀਤਾ ਜਾ ਸਕਦਾ । ਨਸ਼ਾ ਸਿਹਤ ਦੇ ਨਾਲ-ਨਾਲ ਘਰ-ਬਾਰ ਅਤੇ ਕੈਰੀਅਰ ਵੀ ਬਰਬਾਦ ਕਰਦਾ ਹੈ । ਮਾਪਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਵਕਤ ਦੀ ਨਜ਼ਾਕਤ ਨੂੰ ਦੇਖਦੇ ਹੋਏ ਆਪਣੇ ਨੌਜਵਾਨ ਬੱਚਿਆਂ ਦਾ ਪੂਰਾ ਧਿਆਨ ਰੱਖਣ, ਤਾਂ ਜੋ ਉਹ ਨਸ਼ਿਆਂ ਤੋਂ ਬਚ ਸਕਣ । ਨਸ਼ੇ ਆਦਿ ਕਰਕੇ ਨਾ ਤਾਂ ਕੋਈ ਜ਼ਿੰਦਗੀ ਦਾ ਮਸਲਾ ਹੱਲ ਹੋ ਸਕਦਾ ਹੈ ਅਤੇ ਨਾ ਹੀ ਇਸ ਨਾਲ ਖੁਸ਼ਹਾਲ ਸਮਾਜ ਦੀ ਸਿਰਜਣਾ ਕੀਤਾ ਜਾ ਸਕਦੀ ਹੈ ।ਨੌਜਵਾਨਾਂ ਨੂੰ ਮਿਹਨਤ ਤੇ ਆਤਮ-ਵਿਸ਼ਵਾਸ ਨਾਲ ਅੱਗੇ ਵਧਣਾ ਚਾਹੀਦਾ ਹੈ । ਜੇ ਇਰਾਦੇ ਮਜ਼ਬੂਤ ਹੋਣ ਤਾਂ ਕੋਈ ਵੀ ਸੁਪਨਾ ਦੂਰ ਨਹੀਂ । ਨੌਜਵਾਨਾਂ ਨੂੰ ਚੰਗੇ ਟੀਚੇ ਮਿਥ ਕੇ ਅੱਗ ਵਧਣਾ ਚਾਹੀਦਾ ਹੈ । ਨੌਜਵਾਨਾਂ ਨੂੰ ਆਪਣੀ ਸੋਚ ਬਦਲ ਲੈਣੀ ਚਾਹੀਦੀ ਹੈ, ਕਿਉਂਕਿ ਜਦ ਤੱਕ ਸੋਚ ਨਹੀਂ ਬਦਲੇਗੀ, ਤਦ ਤੱਕ ਜੀਵਨ ਵਿੱਚ ਸੁਧਾਰ ਨਹੀਂ ਆਵੇਗਾ ।


ਨਰਿੰਦਰ ਸਿੰਘ

ਅਫਸੋਸ ਅਜੋਕੇ ਸਮੇਂ ਬਹੁ-ਗਿਣਤੀ ਨੌਜਵਾਨ ਵਧੀਆ ਮੋਬਾਈਲ ਫੋਨ, ਮੋਟਰ ਸਾਈਕਲ, ਵਿਦੇਸ਼ੀ ਕੰਪਨੀਆਂ ਦੇ ਕੱਪੜੇ ਤੇ ਖਾਣ-ਪੀਣ ਦੀ ਐਸ਼ਪ੍ਰਸਤੀ ਵਿਚ ਆਪਣਾ ਕੀਮਤੀ ਵਕਤ ਅਜਾਈਂ ਗੁਆ ਕੇ ਮਾਪਿਆਂ ਦੀਆਂ ਆਸਾਂ-ਉਮੀਦਾਂ ਨੂੰ ਮਿੱਟੀ ਵਿਚ ਮਿਲਾ ਰਹੇ ਹਨ । ਗੁਰਬਾਣੀ ਅਨੁਸਾਰ ਕਿਰਤ ਦਾ ਸਾਡੇ ਜੀਵਨ ਵਿੱਚ ਬਹੁਤ ਮਹੱਤਤਾ ਹੈ । ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ-ਨਾਲ ਹੱਥੀਂ ਕੰਮ ਵੀ ਕਰਨਾ ਚਾਹੀਦਾ ਹੈ ।ਨੌਜਵਾਨ ਪੀੜ੍ਹੀ ਨੂੰ ਸਮੇਂ ਦੀਆਂ ਵੰਗਾਰਾਂ ਨੂੰ ਸਮਝਣਾ ਚਾਹੀਦਾ ਹੈ । ਨੌਜਵਾਨਾਂ ਨੂੰ ਸੰਭਲਣ ਤੇ ਸੋਚਣ ਦੀ ਲੋੜ ਹੈ ।ਨੌਜਵਾਨਾਂ ਨੂੰ ਆਲਸ ਅਤੇ ਨਿਰਾਸ਼ਾ ਤਿਆਗ ਕੇ ਜ਼ਿੰਦਗੀ ਨੂੰ ਉਤਸ਼ਾਹ ਨਾਲ ਜਿਊਣਾ ਚਾਹੀਦਾ ਹੈ । ਨੌਜਵਾਨਾਂ ਨੂੰ ਕਰਮ ਅਤੇ ਕਲਿਆਣ ਦੇ ਸਿਧਾਂਤ ਨੂੰ ਅਮਲ ਵਿੱਚ ਲਿਆ ਕੇ ਆਪਣੀ ਊਰਜਾ ਅਤੇ ਸ਼ਕਤੀ ਨੂੰ ਪਰਵਾਰ, ਸਮਾਜ ਅਤੇ ਦੇਸ਼ ਦੇ ਵਿਕਾਸ ਵਿੱਚ ਲਾਉਣ ਦੀ ਜ਼ਰੂਰਤ ਹੈ । ਜੇ ਭਵਿੱਖ ਬੌਧਿਕ ਪੱਖੋਂ ਹੀਣਾ ਹੋ ਗਿਆ ਤਾਂ ਆਉਣ ਵਾਲਾ ਸਮਾਂ ਬਹੁਤ ਘਾਤਕ ਹੋਏਗਾ । ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਸਰਕਾਰਾਂ ਨੂੰ ਦੇਣੇ ਚਾਹੀਦੇ ਹਨ । ਨੌਜਵਾਨਾਂ ਨੂੰ ਸਾਂਭਣ ਲਈ ਪੜ੍ਹਾਈ ਅਤੇ ਰੁਜ਼ਗਾਰ ਹੀ ਵੱਡੇ ਪਹਿਲੂ ਹਨ ।ਨੌਜਵਾਨ ਵਰਗ ਨੂੰ ਨਿਸ਼ਕਾਮ ਭਾਵ ਨਾਲ ਦੇਸ਼ ਦੀ ਤਰੱਕੀ ਤੇ ਬਿਹਤਰੀ ਲਈ ਇਕਮੁੱਠ ਹੋਣ ਅਤੇ ਦ੍ਰਿੜ ਸੰਕਲਪ ਹੋ ਕੇ ਸਮਾਜ ਵਿਚ ਫੈਲੀਆਂ ਕੁਰੀਤੀਆਂ ਨਾਲ ਲੜਨ ਦਾ ਪ੍ਰਣ ਲੈਣਾ ਚਾਹੀਦਾ ਹੈ ।

ਦੁੱਖ ਨਾਲ ਕਹਿਣਾ ਪੈਂਦਾ ਹੈ ਕਿ ਬਹੁਤ ਵੱਡੀ ਗਿਣਤੀ ਵਿਚ ਪੰਜਾਬ ਦੇ ਪੜ੍ਹੇ-ਲਿਖੇ ਤੇ ਸੂਝਵਾਨ ਨੌਜਵਾਨਾਂ ਵੱਲੋਂ ਵੱਖ-ਵੱਖ ਕਾਰਨਾਂ ਕਰਕੇ ਪਰਵਾਸ ਦਾ ਮਾਰਗ ਚੁਣਿਆ ਜਾ ਰਿਹਾ ਹੈ ਜਾਂ ਫਿਰ ਨਸ਼ਿਆਂ ਦੇ ਲੜ ਲੱਗ ਕੇ ਆਪਣੇ ਸਰੀਰਾਂ ਅਤੇ ਰਿਸ਼ਤਿਆਂ ਦਾ ਜੋ ਘਾਣ ਕੀਤਾ ਜਾ ਰਿਹਾ ਹੈ, ਉਹ ਸੂਬੇ ਅਤੇ ਦੇਸ਼ ਦੇ ਭਵਿੱਖ ਲਈ ਬਿਲਕੁਲ ਵਾਜਿਬ ਨਹੀਂ । ਸਮੂਹ ਸਰਕਾਰਾਂ ਅਤੇ ਸਮਾਜਿਕ ਜਥੇਬੰਦੀਆਂ ਨੂੰ ਇਕਮੁੱਠ ਹੋ ਕੇ ਨੌਜਵਾਨਾਂ ਸੰਬੰਧੀ ਨਿਰੰਤਰ ਵਧ ਰਹੀਆਂ ਸਮੱਸਿਆਵਾਂ ਦੇ ਢੁਕਵੇਂ ਹੱਲ ਜਲਦੀ ਤੋਂ ਜਲਦੀ ਤਲਾਸ਼ਣੇ ਚਾਹੀਦੇ ਹਨ ।

ਨੌਜਵਾਨਾਂ ਵਿੱਚ ਅਥਾਹ ਜੋਸ਼ ਤੇ ਸ਼ਕਤੀ ਹੁੰਦੀ ਹੈ, ਜਿਸ ਨਾਲ ਉਹ ਦੇਸ਼ ਦੀ ਕਾਇਆ-ਕਲਪ ਕਰ ਸਕਦੇ ਹਨ । ਦੇਸ਼ ਦੇ ਵਿਕਾਸ ਦੀ ਰਫਤਾਰ ਨੌਜਵਾਨਾਂ ਦੀ ਊਰਜਾ, ਵਿਚਾਰਾਂ ਅਤੇ ਦ੍ਰਿੜ੍ਹਤਾ ਨਾਲ ਤੈਅ ਹੁੰਦੀ ਹੈ । ਅੱਜ ਨੌਜਵਾਨ ਸਿਰਫ ਕੰਟੈਂਟ ਦੇਖਣਾ ਨਹੀਂ ਚਾਹੁੰਦੇ, ਸਗੋਂ ਉਹ ਸਮਗਰੀ ਬਣਾਉਣਾ ਵੀ ਚਾਹੁੰਦੇ ਹਨ । ਰਚਨਾਤਮਕ ਖੇਤਰਾਂ ਵਿੱਚ ਵਿਕਾਸ ਨੂੰ ਧਿਆਨ ਵਿਚ ਰੱਖਦੇ ਹੋਏ ਸਕੂਲਾਂ ਅਤੇ ਕਾਲਜਾਂ ਵਿੱਚ ਐਨੀਮੇਸ਼ਨ, ਵਿਜ਼ੂਅਲ ਇਫੈਕਟਸ, ਗੇਮਿੰਗ ਅਤੇ ਕਾਮਿਕਸ ਲਈ ਕੰਟੈਂਟ ਕ੍ਰੀਏਟਰ ਲੈਬਜ਼ ਬਣਾਉਂਦੇ ਚਾਹੀਦੇ ਹਨ । ਇਨ੍ਹਾਂ ਲੈਬਜ਼ ਜ਼ਰੀਏ ਨੌਜਵਾਨ ਤਕਨਾਲੋਜੀ ਦਾ ਬਿਹਤਰ ਇਸਤੇਮਾਲ ਕਰਨਾ ਸਿੱਖਣਗੇ, ਜਿਸ ਨਾਲ ਉਨ੍ਹਾਂ ਦੀਆਂ ਰਚਨਾਤਮਕ ਇਛਾਵਾਂ ਨੂੰ ਸਹੀ ਆਧਾਰ ਮਿਲੇਗਾ ਅਤੇ ਉਹ ਅੰਤਰ-ਰਾਸ਼ਟਰੀ ਪੱਧਰ 'ਤੇ ਮੁਕਾਬਲਾ ਕਰਨ ਯੋਗ ਹੁਨਰ ਵਿਕਸਤ ਕਰ ਸਕਣਗੇ । ਦੇਸ਼ ਦੇ ਚੰਗੇਰੇ ਭਵਿੱਖ ਲਈ ਨੌਜਵਾਨ ਸ਼ਕਤੀ ਨੂੰ ਸੰਭਾਲਣਾ ਸਰਕਾਰਾਂ ਦਾ ਤਰਜੀਹੀ ਮੁੱਦਾ ਬਣਨਾ ਚਾਹੀਦਾ ਹੈ । ਮੁਲਕ ਭਰ ਵਿੱਚ ਸਰਕਾਰਾਂ ਨੂੰ ਸਿਹਤ, ਸਿੱਖਿਆ, ਰੁਜ਼ਗਾਰ ਅਤੇ ਸਮਾਜਿਕ ਸੁਰੱਖਿਆ ਦੇ ਬੇਹਤਰ ਪ੍ਰਬੰਧ ਕਰਨੇ ਚਾਹੀਦੇ ਹਨ, ਤਾਂ ਜੋ ਨੌਜਵਾਨ ਦੇਸ਼ ਦੇ ਵਿਚ ਰਹਿ ਕੇ ਵਿਕਾਸ ਕਰ ਸਕਣ ਤੇ ਬੇਹਤਰ ਜ਼ਿੰਦਗੀ ਗੁਜ਼ਾਰ ਸਕਣ । ਕਿਸੇ ਵੀ ਦੇਸ਼ ਦਾ ਨੌਜਵਾਨ ਉਸ ਦੇਸ਼ ਦੀ ਇਕ ਵੱਡੀ ਤਾਕਤ ਹੁੰਦਾ ਹੈ । ਨੌਜਵਾਨ ਸਮਾਜ ਦਾ ਵਿਕਾਸ ਕਰਨ ਵਿਚ ਤਾਂ ਯੋਗਦਾਨ ਪਾਉਂਦੇ ਹੀ ਹਨ, ਬਲਕਿ ਆਪਣੇ ਆਪ ਨੂੰ ਬਿਹਤਰ ਬਣਾਉਣ ਵਿਚ ਵੀ ਅਹਿਮ ਭੂਮਿਕਾ ਅਦਾ ਕਰਦੇ ਹਨ ।

# ਸੰਪਰਕ : 98146-62260

ਹਰਜਿੰਦਰ ਸਿੰਘ ਗੁਲਪੁਰ

# ਜਿਸ ਦੀ ਲਾਠੀ ਉਸ ਦੀ ਮੱਝ ਵਾਲਾ ਅਬਦਲ ਸਿਧਾਂਤ

ਅਸਲ ਵਿੱਚ ਇਹ ਜੰਗਲ ਦਾ ਕਨੂੰਨ ਹੈ, ਜਿੱਥੇ ਜਾਂ ਤਾਂ ਸ਼ਿਕਾਰੀ ਰਹਿੰਦੇ ਹਨ ਜਾਂ ਸ਼ਿਕਾਰ ਹੋਣ ਵਾਲੇ । ਜੀਵਾਂ ਕੋਲ ਸਰਵਾਈਵ ਕਰਨ ਲਈ ਦੋ ਹੀ ਰਾਹ ਹੁੰਦੇ ਹਨ । ਮਾਰੋ ਜਾਂ ਆਪਣਾ ਬਚਾਅ ਕਰੋ । ਇਹਨਾਂ ਰਾਹਾਂ ਤੋਂ ਇਲਾਵਾ ਜੀਵਾਂ ਕੋਲ ਕੋਈ ਤੀਸਰਾ ਬਦਲ ਨਹੀ ਹੁੰਦਾ । ਮਨੁੱਖ ਦੀ ਉਤਪਤੀ ਵੀ ਜੰਗਲ ਵਿੱਚ ਹੋਈ ਹੈ । ਭਾਵੇਂ ਉਸ ਨੂੰ ਜੰਗਲ ਛੱਡਿਆਂ ਹਜ਼ਾਰਾਂ ਸਾਲ ਗੁਜ਼ਰ ਗਏ ਹਨ, ਲੇਕਿਨ ਜੰਗਲੀ ਪ੍ਰਵਿਰਤੀਆਂ ਉਸ ਦੇ ਅੰਦਰ ਪੂਰੀ ਤਰਾਂ ਜੀਵਤ ਹਨ । ਜੀਵ ਵਿਗਿਆਨ ਦੀ ਭਾਸ਼ਾ ਵਿੱਚ ਇਹਨਾਂ ਨੂੰ ਮੂਲ ਪ੍ਰਵਿਰਤੀਆਂ (Basic tendencies) ਆਖਿਆ ਜਾਂਦਾ ਹੈ । ਸਮਾਜਿਕ ਅਤੇ ਕਾਨੂੰਨੀ ਨਿਯਮਾਂ ਸਮੇਤ ਗ਼ੈਬੀ ਸ਼ਕਤੀਆਂ ਦੇ ਭੈਅ ਕਾਰਨ ਇਹ ਪ੍ਰਵਿਰਤੀਆਂ ਮਨੁੱਖ ਦੇ ਸੁਚੇਤ ਮਨ ਵਿਚੋਂ ਤਾਂ ਨਿਕਲ ਜਾਂਦੀਆਂ ਹਨ, ਪ੍ਰੰਤੂ ਅਚੇਤ ਅਤੇ ਅਰਧ ਚੇਤਨ ਮਨ ਵਿਚ ਸੁੱਤੀਆਂ ਰਹਿੰਦੀਆਂ ਹਨ। ਜਦੋਂ ਪ੍ਰਸਥਿਤੀਆਂ ਜੰਗਲ ਦੇ ਅਨੁਕੂਲ ਹੁੰਦੀਆਂ ਹਨ ਤਾਂ ਇਹ ਸੁੱਤੀਆਂ ਹੋਈਆਂ ਪ੍ਰਵਿਰਤੀਆਂ ਸਿਰ ਚੁੱਕ ਲੈਂਦੀਆਂ ਹਨ ਅਤੇ ਭੁੱਲੀ-ਭੁਲਾਈ ਜੰਗਲੀ ਖੇਡ ਯਾਦ ਆ ਜਾਂਦੀ ਹੈ । ਇਸ ਹਾਲਤ ਵਿੱਚ ਮਨੁੱਖ ਉਹ ਕੁਝ ਕਰ ਬੈਠਦਾ ਹੈ, ਜੋ ਉਸ ਨੇ ਸੁਪਨੇ ਵਿੱਚ ਵੀ ਨਹੀ ਸੋਚਿਆ ਹੁੰਦਾ । ਉਸ ਦੇ ਸਿਰ 'ਤੇ ਕਦੋਂ ਸਿੰਗ ਉੱਗ ਪੈਣ ਕੋਈ, ਪਤਾ ਨਹੀ । ਇਸੇ ਲਈ ਇਸ ਵਰਤਾਰੇ ਨੂੰ ਦੁੱਧ ਅਤੇ ਬੁੱਧ ਕਦੋਂ ਫਟ ਜਾਣ, ਪਤਾ ਨਹੀਂ ਲਗਦਾ, ਨਾਲ ਜੋੜ ਕੇ ਦੇਖਿਆ ਜਾਂਦਾ ਹੈ । ਕਹਿਣ ਅਤੇ ਦੇਖਣ-ਸੁਣਨ ਨੂੰ ਭਾਵੇਂ ਮਨੁੱਖ ਸਭਿਅਤ ਸਮਾਜ ਵਿੱਚ ਰਹਿੰਦਾ ਹੈ ਅਤੇ ਸੱਭਿਅਤ ਹੋਣ ਦਾ ਯਤਨ ਕਰਦਾ ਹੈ, ਪ੍ਰੰਤੂ ਜੰਗਲ ਉਸ ਦੇ ਨਾਲ ਨਾਲ ਰਹਿੰਦਾ ਹੈ । ਦੇਖਿਆ ਜਾਵੇ ਮਨ ਮਸਤਿਕ ਵਿੱਚ ਸੁੱਤਾ ਹੋਇਆ ਜੰਗਲ ਜਾ ਤਾਂ ਬਾਹੂਬਲੀਆਂ ਅੰਦਰ ਜਾਗਦਾ ਹੈ ਜਾਂ ਸਾਧਨ ਸੰਪੰਨ ਲੋਕਾਂ ਅੰਦਰ । ਅਪਵਾਦ ਨੂੰ ਛੱਡ ਕੇ ਗਰੀਬ-ਗੁਰਬਿਆਂ ਦੇ ਮਨ ਮਸਤਿਕ ਵਿੱਚ ਇਹ ਜੰਗਲ ਸੁੱਤਾ ਹੀ ਰਹਿੰਦਾ ਹੈ । ਅਗਰ ਕਦੇ-ਕਦਾਈਂ ਜਾਗਦਾ ਵੀ ਹੈ ਤਾਂ ਸਿਰਫ ਸਰਵਾਈਵਲ ਲਈ ਹੀ ਜਾਗਦਾ ਹੈ । ਜ਼ੋਰਾਵਰਾਂ ਅੰਦਰ ਇਹ ਜੰਗਲ ਸੌਂਦਾ ਘੱਟ ਅਤੇ ਜਾਗਦਾ ਵੱਧ ਰਹਿੰਦਾ ਹੈ ।

ਜਦੋਂ ਮਨੁੱਖ ਨੇ ਜੰਗਲ ਤੋਂ ਬਾਹਰ ਆ ਕੇ ਰਹਿਣਾ ਸ਼ੁਰੂ ਕੀਤਾ ਤਾਂ ਆਪਣੀ ਸੁਰੱਖਿਆ ਦੇ ਮੱਦੇਨਜ਼ਰ ਉਹ ਗਰੁੱਪ ਬਣਾ ਕੇ ਰਹਿਣ ਲੱਗ ਪਿਆ ।ਇਸ ਯੁੱਗ ਨੂੰ ਕਬੀਲਾ ਯੁੱਗ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ ।ਜਿਵੇਂ-ਜਿਵੇਂ ਮਨੁੱਖ ਦੀ ਸੋਝੀ ਵਧਦੀ ਗਈ ਤਾਂ ਉਹ ਨਵੇਂ ਢੰਗ-ਤਰੀਕੇ ਵਰਤ ਕੇ ਜੰਗਲੀ ਕਾਨੂੰਨ ਨੂੰ ਲਾਗੂ ਕਰਨ ਲੱਗ ਪਿਆ । ਤਾਕਤਵਰ ਲੋਕ ਰਾਜਿਆਂ ਅਤੇ ਜਗੀਰਦਾਰਾਂ ਦੇ ਰੂਪ ਵਿੱਚ ਮਾਸਖੋਰੇ ਬਣ ਗਏ ਅਤੇ ਕਮਜ਼ੋਰ ਲੋਕ ਉਹਨਾਂ ਦੀ ਪਰਜਾ ਬਣ ਗਈ । ਰਾਜਸੀ ਤਾਕਤ ਦੇ ਜ਼ੋਰ ਨਾਲ ਤਤਕਾਲੀ ਰਾਜਿਆਂ ਨੇ ਆਪਣੇ ਤਖ਼ਤ ਦੀ ਰੱਖਿਆ ਕਰਨ ਲਈ ਪੁਜਾਰੀ ਜਮਾਤ ਪੈਦਾ ਕੀਤੀ । ਇਸ ਜਮਾਤ ਨੇ ਸਭ ਤੋਂ ਪਹਿਲਾਂ ਸਮਾਜ ਨੂੰ ਵਰਣ ਵਿਵਸਥਾ ਦੇ ਜਾਲ ਵਿੱਚ ਫਸਾ ਦਿੱਤਾ । ਇਸ ਜਾਲ ਦੀਆਂ ਗੰਢਾਂ ਵਕਤ ਬੀਤਣ ਦੇ ਨਾਲ-ਨਾਲ ਢਿੱਲੀਆਂ ਹੋਣ ਦੀ ਥਾਂ ਹੋਰ ਜ਼ਿਆਦਾ ਪੀਡੀਆਂ ਹੁੰਦੀਆਂ ਗਈਆਂ । ਜ਼ੋਰਾਵਰਾਂ ਨੂੰ ਵਿਸ਼ੇਸ਼ ਰਿਆਇਤਾਂ ਮਿਲ ਗਈਆਂ ਅਤੇ ਕਮਜ਼ੋਰ ਲੋਕ ਉਹਨਾਂ ਦੀ ਜੀ-ਹਜ਼ੂਰੀ ਕਰਨ ਲੱਗ ਪਏ । ਪਰਜਾ ਨੂੰ ਸਮਾਜਿਕ ਹਾਸ਼ੀਏ ਵੱਲ ਧੱਕ ਦਿੱਤਾ ਗਿਆ। ਦੇਖਦੇ-ਦੇਖਦੇ ਹਰਾ-ਭਰਾ ਜੰਗਲ ਇੱਟਾਂ, ਪੱਥਰਾਂ ਦੇ ਜੰਗਲ ਵਿੱਚ ਤਬਦੀਲ ਹੋ ਗਿਆ । ਲੇਕਿਨ ਜੰਗਲ ਦਾ ਕਨੂੰਨ ਲਾਗੂ ਹੀ ਰਿਹਾ । ਇਸ ਮਾਨਸਿਕਤਾ ਦਾ ਫ਼ਾਇਦਾ ਉਠਾ ਕੇ ਇੰਗਲੈਂਡ ਦੀ ਈਸਟ ਇੰਡੀਆ ਕੰਪਨੀ ਨੇ 'ਪਾੜੋ ਅਤੇ ਰਾਜ ਕਰੋ' ਦੀ ਨੀਤੀ ਲਾਗੂ ਕਰਕੇ ਭਾਰਤ ਦੇਸ਼ ਉੱਤੇ ਆਪਣੇ ਦੇਸ਼ ਦਾ ਯੂਨੀਅਨ ਜੈਕ ਝੁਲਾ ਦਿੱਤਾ । ਅੰਗਰੇਜ਼ ਨੇ ਸਹੂਲਤਾਂ ਦੇ ਕੇ ਭਾਰਤ ਦੇ ਸਮਾਜ ਵਿਚੋਂ ਬੜੇ ਸ਼ਾਤਰਾਨਾ ਢੰਗ ਨਾਲ ਲੰਬੜਦਾਰਾਂ, ਸਫੈਦਪੋਸ਼ਾਂ, ਜ਼ੈਲਦਾਰਾਂ, ਅਤੇ ਸਰ ਦੀਆਂ ਉਪਾਧੀਆਂ ਦੇ ਰੂਪ ਵਿਚ ਸ਼ਿਕਾਰੀਆਂ ਦੀ ਚੋਣ ਕਰ ਲਈ ਅਤੇ ਬਾਕੀ ਜਨਤਾ ਨੂੰ ਸ਼ਿਕਾਰ ਬਣਾ ਦਿੱਤਾ । ਮੱਝ ਉਸ ਦੀ ਹੀ ਰਹੀ, ਜਿਸ ਦੇ ਕੋਲ ਮਜ਼ਬੂਤ ਡਾਂਗ ਸੀ । ਇਸ ਤੋਂ ਬਾਅਦ ਅੱਜ ਦੇ ਹਾਈ-ਫਾਈ ਤਕਨੀਕ ਵਾਲੇ ਦੌਰ ਵਿੱਚ ਵੀ ਇਹ ਵਰਤਾਰਾ ਬਾ-ਦਸਤੂਰ ਜਾਰੀ ਹੈ ।ਇੱਕ ਪਿੰਡ ਵਿੱਚ ਦੋ ਪਿੰਡ ਰਹਿੰਦੇ ਹਨ, ਇੱਕ ਸ਼ਹਿਰ ਵਿੱਚ ਦੋ ਸ਼ਹਿਰ ਰਹਿੰਦੇ ਹਨ ਅਤੇ ਇੱਕ ਦੇਸ਼ ਵਿੱਚ ਦੋ ਦੇਸ਼ ਰਹਿੰਦੇ ਹਨ । ਇਹਨਾਂ ਵਿੱਚ ਦੋ-ਦੋ ਕਨੂੰਨ ਚਲਦੇ ਹਨ । ਇੱਕ ਸ਼ਿਕਾਰੀਆਂ ਲਈ ਅਤੇ ਇੱਕ ਸ਼ਿਕਾਰ ਬਣਨ ਵਾਲਿਆਂ ਲਈ। ਪਿੰਡਾਂ ਅਤੇ ਦੇਸ਼ਾਂ ਦੀ ਗੱਲ ਜੇ ਛੱਡ ਵੀ ਦੇਈਏ ਤਾਂ ਵਿਸ਼ਵ ਪੱਧਰ ਉੱਤੇ ਵੀ ਇਹੀ ਭਾਣਾ ਵਰਤ ਰਿਹਾ ਹੈ । ਦੂਜੀ ਵਿਸ਼ਵ ਜੰਗ ਤੋਂ ਬਾਅਦ ਦੁਨੀਆ ਦੋ ਕੈਂਪਾਂ ਵਿੱਚ ਵੰਡੀ ਗਈ ਸੀ । ਇੱਕ ਦੀ ਪ੍ਰਤੀਨਿਧਤਾ ਸੋਵੀਅਤ ਯੂਨੀਅਨ ਕਰਦਾ ਸੀ ਅਤੇ ਦੂਜੇ ਦੀ ਅਮਰੀਕਾ । ਇਸ ਤਰਾਂ ਕਿਸੇ ਹੱਦ ਤੱਕ ਸੰਤੁਲਨ ਬਣਿਆ ਹੋਇਆ ਸੀ । ਫੇਰ ਇੱਕੋ ਝਟਕੇ ਨਾਲ ਸੋਵੀਅਤ ਯੂਨੀਅਨ ਟੁੱਟ ਗਿਆ ਅਤੇ ਅਮਰੀਕਾ ਦੀ ਸੁਪਰਮੇਸੀ ਹੋ ਗਈ । ਇਹ ਮੁਕਾਮ ਹਾਸਲ ਕਰਕੇ ਉਹ ਵੱਡੇ ਸ਼ਿਕਾਰੀ ਦੇ ਰੂਪ ਵਿੱਚ ਸਾਹਮਣੇ ਆ ਗਿਆ । ਜਿੱਥੇ ਉਹਦਾ ਜੀਅ ਕਰਦਾ, ਉੱਥੋਂ ਡਾਂਗ ਦੇ ਜ਼ੋਰ ਨਾਲ ਮੱਝਾਂ ਹੱਕ ਲਿਆਉਂਦਾ । ਉਹਨੂੰ ਵੀਅਤਨਾਮ ਵਿੱਚ ਵੀ ਰੰਗੇ ਹੱਥੀਂ ਫੜਿਆ ਗਿਆ ਅਤੇ ਅਫ਼ਗਾਨਿਸਤਾਨ ਵਿੱਚ ਵੀ, ਲੇਕਿਨ ਉਹ ਜੰਗਲੀ ਜਾਨਵਰ ਬਣ ਕੇ ਬੇਗਾਨੀਆਂ ਮੱਝਾਂ 'ਤੇ ਝਪਟਦਾ ਰਿਹਾ । ਕਿਸੇ ਨੇ ਵਿਰੋਧ ਕੀਤਾ ਕਿਸੇ ਨੇ ਨਾ ਕੀਤਾ, ਕਿਉਂਕਿ ਉਸ ਦੀ ਡਾਂਗ ਤਕੜੀ ਅਤੇ ਮੋਟੀ ਸੀ । ਇਕ ਦਿਨ ਦੁਨੀਆ ਨੂੰ ਪਤਾ ਲੱਗਾ ਕਿ ਉਹ ਗੁਆਂਢੀ ਦੇਸ਼ ਵੈਨੇਜ਼ੁਏਲਾ ਦੀ ਮੱਝ ਰਾਤੋ-ਰਾਤ ਖੋਹਲ ਲਿਆਇਆ ਹੈ । ਦੁਨੀਆਂ ਸੁਸਰੀ ਵਾਂਗ ਸੌਂ ਗਈ । ਇਸ ਦਾ ਕਾਰਨ ਮੁਦਈ ਸੁਸਤ ਅਤੇ ਗਵਾਹ ਚੁਸਤ ਵਾਲੀ ਕਹਾਵਤ ਵਿਚ ਸਿਮਟਿਆ ਹੋਇਆ ਸੀ । ਇਸ ਲਈ ਉਸ ਨੇ ਈਰਾਨ ਦੇ ਤੀਜੇ ਵੱਡੇ ਤੇਲ ਭੰਡਾਰਾਂ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਈਰਾਨ 'ਤੇ ਹਮਲਾ ਬੋਲ ਦਿੱਤਾ ।

ਈਰਾਨ ਨੇ ਤੇਲੀ ਮੱਝ ਖੋਲ੍ਹਣ ਸਮੇਂ ਉਸ ਨੂੰ ਸਿਰ ਤੋਂ ਫੜ ਲਿਆ ਅਤੇ ਹਾਲ-ਦੁਹਾਈ ਪਾ ਦਿੱਤੀ । ਪੂਰਾ ਪਿੰਡ ਉਸ ਦੀ ਸਹਾਇਤਾ ਕਰਨ ਲਈ ਆਣ ਪਹੁੰਚਾ । ਇੱਕ ਚੋਰ ਦੇ ਰੂਪ ਵਿੱਚ ਇਸ ਵੇਲੇ ਅਮਰੀਕਾ ਦਾ ਸਰਵੇ-ਸਰਵਾ ਰਾਸ਼ਟਰਪਤੀ ਟਰੰਪ ਦੁਨੀਆ ਦੀ ਸੱਥ ਵਿਚਕਾਰ ਇਸ ਤਰਾਂ ਖਲੋਤਾ ਹੈ, ਜਿਵੇਂ ਹੱਥ-ਪੈਰ ਬੰਨ੍ਹਿਆ ਹੋਇਆ ਚੋਰ ਖਲੋਤਾ ਹੁੰਦਾ ਹੈ। ਇਸ ਦੁਨੀਆਂ ਅੰਦਰ ਜੰਗਲ ਤੋਂ ਬਾਹਰਲਾ ਸੱਭਿਅਕ ਕਨੂੰਨ ਲਾਗੂ ਕਰਨ ਦੇ ਯਤਨ ਤਾਂ ਬਹੁਤ ਕੀਤੇ ਗਏ, ਲੇਕਿਨ ਪੂਰੀ ਤਰਾਂ ਸਫਲ ਨਹੀ ਹੋਏ । ਅਗਰ ਹੋਏ ਵੀ ਤਾਂ ਅੱਧੇ-ਅਧੂਰੇ ਅਤੇ ਥੋੜ੍ਹ ਚਿਰੇ । ਜਿਹਨਾਂ ਮਹਾਨ ਸ਼ਖ਼ਸੀਅਤਾਂ ਨੇ ਇਹ ਯਤਨ ਕੀਤੇ, ਉਹਨਾਂ ਦਾ ਨਾਂਅ ਇਤਿਹਾਸ ਦੇ ਸੁਨਹਿਰੀ ਪੰਨਿਆਂ ਉੱਤੇ ਉਕਰਿਆ ਹੋਇਆ ਹੈ । ਇਸ ਵਿੱਚ ਰਾਜਨੀਤਕ, ਵਿਗਿਆਨੀ, ਦਾਨਸ਼ਵਰ ,ਧਾਰਮਿਕ ਅਤੇ ਸਾਰੇ ਵਿਚਾਰਾਂ ਦੇ ਲੋਕ ਸ਼ਾਮਲ ਹਨ । ਲੋੜ ਇਸ ਤਰਾਂ ਦਾ ਸੰਤੁਲਿਤ ਅਤੇ ਨਰੋਆ ਸਮਾਜ ਸਿਰਜਣ ਦੀ ਹੈ, ਜਿਸ ਵਿੱਚ ਜ਼ੋਰਾਵਰਾਂ ਦਾ ਸੱਤੀਂ ਵੀਹੀਂ ਸੌ ਨਾ ਗਿਣਿਆ ਜਾਂਦਾ ਹੋਵੇ ਅਤੇ ਲਾਠੀ ਦੇ ਜ਼ੋਰ ਨਾਲ ਕੋਈ ਕਿਸੇ ਦੀ ਮੱਝ ਨੂੰ ਅੱਗੇ ਨਾ ਲਾ ਸਕੇ ।

# ਸੰਪਰਕ : 79735-01892

# ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ ਕੇਂਦਰ ਦੇ ਫਾਸ਼ੀਵਾਦੀ ਹੱਲੇ ਖਿਲਾਫ ਜ਼ਿਲ੍ਹਾ ਪੱਧਰੀ ਰੋਸ ਮੁਜ਼ਾਹਰੇ

## ਪੰਜਾਬ ਦੀ ਰਾਜਧਾਨੀ, ਪੰਜਾਬੀ ਬੋਲਦੇ ਇਲਾਕੇ, ਹੈੱਡਵਰਕਸ, ਡੈਮ ਪੰਜਾਬ ਹਵਾਲੇ ਕੀਤੇ ਜਾਣ



ਮੋਗਾ




ਲੁਧਿਆਣਾ




ਬਠਿੰਡਾ



ਫਾਜ਼ਿਲਕਾ




ਸੰਗਰੂਰ

**ਮੋਗਾ (ਇਕਬਾਲ ਸਿੰਘ ਖਹਿਰਾ)**

ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ ਕੇਂਦਰ ਸਰਕਾਰ ਦੇ ਫਾਸ਼ੀਵਾਦੀ ਹੱਲੇ ਖਿਲਾਫ ਮੋਗਾ ਦੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਇੱਕਠੇ ਹੋ ਕੇ ਸ਼ਹਿਰ ਵਿੱਚ ਰੋਸ ਮੁਜ਼ਾਹਰਾ ਕੀਤਾ ਗਿਆ।ਭਾਰਤੀ ਕਮਿਊਨਿਸਟ ਪਾਰਟੀ ਮਾਰਕਸਵਾਦੀ, ਲੈਨਿਨਵਾਦੀ (ਨਿਊ ਡੈਮੋਕਰੇਸੀ) ਦੇ ਆਗੂ ਚਮਕੌਰ ਸਿੰਘ, ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੱਛਮੀ ਬੰਗਾਲ ਦੀ ਚੋਣ ਉਪਰੰਤ ਭਾਜਪਾ ਪੰਜਾਬ ਜਿੱਤਣ ਦੇ ਦਾਅਵੇ ਕਰ ਰਹੀ ਹੈ।ਭਾਜਪਾ ਨੇ ਚੋਣ ਜਿੱਤਣ ਉਪਰੰਤ ਪੱਛਮੀ ਬੰਗਾਲ ਵਿੱਚ ਮੁਸਲਮਾਨਾਂ ਲਈ ਸੜਕ ਕਿਨਾਰੇ ਨਮਾਜ ਪੜ੍ਹਨ 'ਤੇ ਪਾਬੰਦੀ ਲਗਾ ਦਿੱਤੀ ਹੈ।ਇਸ ਕਰਕੇ ਭਾਜਪਾ ਦੇ ਕਾਲੇ ਮਨਸੂਬਿਆਂ ਨੂੰ ਸਮਝਦੇ ਹੋਏ ਭਾਜਪਾ ਖਿਲਾਫ ਪੰਜਾਬ ਦੇ ਅਤੇ ਜਮਹੂਰੀ ਮੁੱਦਿਆਂ ਉੱਪਰ ਸੰਘਰਸ਼ ਤੇਜ਼ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਦਰਿਆਈ ਪਾਣੀਆਂ ਦਾ ਮਸਲਾ ਰਿਪੇਰੀਅਨ ਸਿਧਾਂਤ ਮੁਤਾਬਿਕ ਹੱਲ ਕੀਤਾ ਜਾਵੇ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਭੰਗ ਕਰਕੇ ਪੰਜਾਬ ਦਾ ਵੱਖਰਾ ਬੋਰਡ ਬਣਾਇਆ ਜਾਵੇ। ਪੰਜਾਬ ਦੇ ਹੈੱਡਵਰਕਸ ਉੱਪਰ ਪੰਜਾਬ ਦਾ ਕੰਟਰੋਲ ਹੋਵੇ, ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਹਵਾਲੇ ਕੀਤੇ ਜਾਣ, ਸਿੱਖਿਆ ਨੀਤੀ ਬਣਾਉਣ ਦਾ ਅਧਿਕਾਰ ਪੰਜਾਬ ਨੂੰ ਦਿੱਤਾ ਜਾਵੇ।ਪੰਜਾਬ ਦੀਆਂ ਯੂਨੀਵਰਸਿਟੀ ਦੇ ਵੀ ਸੀ ਲਾਉਣ ਦਾ ਅਧਿਕਾਰ ਪੰਜਾਬ ਨੂੰ ਦਿੱਤਾ ਜਾਵੇ।ਸਭ ਸਿਆਸੀ ਕੈਦੀਆਂ ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਕੈਦੀਆਂ ਨੂੰ ਰਿਹਾਅ ਕੀਤਾ ਜਾਵੇ, ਐੱਨ ਆਈ ਏ, ਯੂ ਏ ਪੀ ਏ, ਗੜਬੜ ਗ੍ਰਸਤ ਕਾਨੂੰਨ, ਜ਼ਰੂਰੀ ਸੇਵਾਵਾਂ ਜਿਹੇ ਜਾਲਮ ਕਾਨੂੰਨ, ਲੇਬਰ ਕੋਡ, ਜੀ ਰਾਮ ਜੀ ਕਾਨੂੰਨ, ਬਿਜਲੀ ਬਿੱਲ, ਬੀਜ ਬਿੱਲ ਰੱਦ ਕੀਤੇ ਜਾਣ।ਐੱਸ ਆਈ ਆਰ ਨੂੰ ਧਾਰਮਿਕ, ਸਿਆਸੀ ਮਨੋਰਥਾਂ ਲਈ ਵਰਤਣਾ ਬੰਦ ਕੀਤਾ ਜਾਵੇ।ਕੌਮੀ ਸੁਰੱਖਿਆ ਏਜੰਸੀ ਨੂੰ ਭੰਗ ਕੀਤਾ ਜਾਵੇ ਤੇ ਸੀ ਬੀ ਆਈ ਲਈ ਸੂਬੇ 'ਚ ਦਾਖਲ ਹੋਣ ਲਈ ਪੰਜਾਬ ਸਰਕਾਰ ਦੀ ਮਨਜ਼ੂਰੀ ਤੈਅ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਟੈਕਸ ਉਗਰਾਹੁਣ ਤੇ ਲਾਉਣ ਦਾ ਅਧਿਕਾਰ ਰਾਜਾਂ ਕੋਲ ਹੀ ਹੋਣਾ ਚਾਹੀਦਾ ਹੈ। ਬੀ ਐੱਸ ਐੱਫ ਦਾ ਘੇਰਾ ਪੰਜਾਹ ਕਿਲੋਮੀਟਰ ਤੋਂ ਘਟਾ ਕੇ ਪੰਦਰਾਂ ਕਿਲੋਮੀਟਰ ਕੀਤਾ ਜਾਵੇ।

ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਨੌਜਵਾਨ ਭਾਰਤ ਸਭਾ ਦੇ ਸੂਬਾ ਜਨਰਲ ਸਕੱਤਰ ਕਰਮਜੀਤ ਮਾਣੂੰਕੇ, ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਹਰਪ੍ਰੀਤ ਸਿੰਘ ਢੁੱਡੀਕੇ, ਸਫਾਈ ਸੇਵਕ ਯੂਨੀਅਨ ਪੰਜਾਬ ਦੇ ਆਗੂ ਸੋਮਨਾਥ ਚੌਂਬੜ, ਵਿਸ਼ਵਨਾਥ ਜੋਨੀ, ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੇ ਆਗੂ ਗੁਰਪ੍ਰੀਤ ਸਿੰਘ, ਕਾਮਰੇਡ ਜਗਜੀਤ ਸਿੰਘ ਧੂਰਕੋਟ ਬਲਾਕ ਸਕੱਤਰ ਨਿਹਾਲ ਸਿੰਘ ਵਾਲਾ, ਕਾਮਰੇਡ ਸ਼ੇਰ ਸਿੰਘ ਸਰਪੰਚ ਬਲਾਕ ਸਕੱਤਰ ਮੋਗਾ-2, ਕਾਮਰੇਡ ਸਵਰਾਜ ਸਿੰਘ ਢੁੱਡੀਕੇ ਬਲਾਕ ਸਕੱਤਰ ਮੋਗਾ-1, ਕਾਮਰੇਡ ਗੁਰਮੀਤ ਸਿੰਘ ਬਾਂਦਰ ਬਲਾਕ ਸਕੱਤਰ ਬਾਘਾ ਪੁਰਾਣਾ, ਕਾਮਰੇਡ ਸਵਰਨ ਸਿੰਘ ਖੋਸਾ ਬਲਾਕ ਸਕੱਤਰ ਮੋਗਾ ਸ਼ਹਿਰੀ ਭਾਰਤੀ ਕਮਿਊਨਿਸਟ ਪਾਰਟੀ, ਕਾਮਰੇਡ ਜਗਦੀਸ਼ ਸਿੰਘ ਚਾਹਲ ਸੂਬਾ ਸਕੱਤਰ ਏਟਕ ਪੰਜਾਬ, ਕਾਮਰੇਡ ਗੁਰਮੇਲ ਸਿੰਘ ਸੂਬਾ ਆਗੂ ਪੈਨਸ਼ਨਰ ਯੂਨੀਅਨ, ਕਾਮਰੇਡ ਜਗਸੀਰ ਸਿੰਘ ਖੋਸਾ ਜਨਰਲ ਸਕੱਤਰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ, ਕਾਮਰੇਡ ਸੂਰਤ ਸਿੰਘ ਜ਼ਿਲ੍ਹਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਤੇ ਕਾਮਰੇਡ ਸਿਕੰਦਰ ਸਿੰਘ ਮਧੇਕੇ, ਕਾਮਰੇਡ ਮਹਿੰਦਰ ਸਿੰਘ ਧੂਰਕੋਟ ਆਗੂ ਪੰਜਾਬ ਖੇਤ ਮਜ਼ਦੂਰ ਸਭਾ ਕਾਮਰੇਡ ਗੁਰਦਿੱਤ ਸਿੰਘ ਦੀਨਾ, ਕਾਮਰੇਡ ਇੰਦਰਜੀਤ ਸਿੰਘ ਦੀਨਾ, ਕਾਮਰੇਡ ਜਗਵਿੰਦਰ ਸਿੰਘ ਕਾਕਾ, ਜਸਪ੍ਰੀਤ ਕੌਰ ਬੱਧਨੀ, ਬੋਹੜ ਸਿੰਘ ਬੁੱਟਰ ਸਾਰੇ ਆਗੂ ਸਰਬ ਭਾਰਤ ਨੌਜਵਾਨ ਸਭਾ ਮੋਗਾ, ਨਵਜੋਤ ਕੌਰ ਬਿਲਾਸਪੁਰ, ਨਵਕਿਰਨ ਕੌਰ ਬੱਧਨੀ ਆਗੂ ਏ ਆਈ ਐੱਸ ਐੱਫ ਮੋਗਾ ਹਾਜ਼ਰ ਸਨ।ਅਖੀਰ 'ਤੇ ਸਟੇਜ ਸਕੱਤਰ ਭੂਮਿਕਾ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਮੰਗਾ ਵੈਰੋਕੇ ਨੇ ਨਿਭਾਈ।

**ਲੁਧਿਆਣਾ (ਐੱਮ ਐੱਸ ਭਾਟੀਆ)** : ਫਾਸ਼ੀ ਹਮਲਿਆਂ ਵਿਰੋਧੀ ਫਰੰਟ ਪੰਜਾਬ ਦੇ ਸੱਦੇ 'ਤੇ ਜ਼ਿਲ੍ਹਾ ਪੱਧਰੀ ਰੋਸ ਮੁਜ਼ਾਹਰੇ ਵਿੱਚ ਸੀ ਪੀ ਆਈ, ਆਰ ਐੱਮ ਪੀ ਆਈ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ, ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕ੍ਰੇਸੀ ਦੇ ਲੁਧਿਆਣਾ ਜ਼ਿਲ੍ਹੇ ਦੇ ਕਾਰਕੁੰਨ ਤੇ ਆਗੂ ਵੱਡੀ ਗਿਣਤੀ ਵਿੱਚ ਨਵੀਂ ਕਚਹਿਰੀ ਦੇ ਬਾਹਰ ਕੀਤੇ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਘੱਟ ਗਿਣਤੀਆਂ, ਅਨੁਸੂਚਿਤ ਜਾਤੀਆਂ, ਪੱਤਰਕਾਰਾਂ ਤੇ ਸਮਾਜ ਦੇ ਹੋਰ ਵੱਖ ਵੱਖ ਵਰਗ, ਜੋ ਆਪਣੀ ਹੱਕ ਸੱਚ ਦੀ ਲੜਾਈ ਲੜ ਰਹੇ ਹਨ, 'ਤੇ ਜ਼ੁਲਮ ਢਾਹਿਆ ਜਾ ਰਿਹਾ ਹੈ।ਬਹੁਤਿਆਂ ਨੂੰ ਅਰਬਨ ਨਕਸਲ ਕਹਿ ਕੇ ਬਿਨਾਂ ਮੁਕੱਦਮਾ ਚਲਾਇਆਂ ਸਾਲਾਂਬੱਧੀ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ।ਲੋਕਤੰਤਰ ਦਾ ਗਲਾ ਘੁੱਟਿਆ ਜਾ ਰਿਹਾ ਹੈ ਤੇ ਨਿਆ ਪਾਲਿਕਾ ਸਮੇਤ ਸੰਵਿਧਾਨਕ ਤੌਰ 'ਤੇ ਕੰਮ ਕਰ ਰਹੀਆਂ ਸੰਸਥਾਵਾਂ ਦੀ ਖੁਦ-ਮੁਖਤਾਰੀ ਨੂੰ ਖਤਮ ਕੀਤਾ ਜਾ ਰਿਹਾ ਹੈ।ਹੱਕ ਸੱਚ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ।ਲੋਕਾਂ ਵਿੱਚ ਫਿਰਕੂ ਤਨਾਵ ਪੈਦਾ ਕੀਤਾ ਜਾ ਰਿਹਾ ਹੈ।ਮੋਦੀ ਸਰਕਾਰ ਦੇਸ਼ ਦੀ ਧਨ ਦੌਲਤ ਕਾਰਪੋਰੇਟ ਘਰਾਨਿਆਂ ਨੂੰ ਲੁਟਾ ਰਹੀ ਹੈ ਤੇ ਉਸ ਦਾ ਬੋਝ ਆਮ ਜਨਤਾ 'ਤੇ ਪਾ ਰਹੀ ਹੈ, ਜਿਸ ਕਰਕੇ ਆਰਥਿਕ ਤੇ ਸਮਾਜਿਕ ਅਸਮਾਨਤਾ ਬੜੀ ਤੇਜ਼ੀ ਨਾਲ ਵੱਧ ਰਹੀ ਹੈ।ਭਾਰਤ ਦੀ ਵਿਦੇਸ਼ ਨੀਤੀ ਦਾ ਪੂਰੀ ਤਰ੍ਹਾਂ ਘਾਣ ਕਰ ਦਿੱਤਾ ਗਿਆ ਹੈ।ਪਿਛਲੇ ਦਿਨੀਂ ਫਰਾਂਸ ਵਿੱਚ ਮੋਦੀ ਤੇ ਟਰੰਪ ਦੀ ਮੁਲਾਕਾਤ ਦੌਰਾਨ ਟਰੰਪ ਨੇ ਸਪੱਸ਼ਟ ਕਿਹਾ ਹੈ ਕਿ ਮੋਦੀ ਭਾਰਤ ਤੋਂ ਖਰਬਾਂ ਰੁਪਏ ਦਾ ਨਿਵੇਸ਼ ਅਮਰੀਕਾ ਵਿੱਚ ਲਿਆ ਰਿਹਾ ਹੈ।ਇੱਕ ਪਾਸੇ ਤਾਂ ਨਰਿੰਦਰ ਮੋਦੀ ਦੇਸ਼ ਵਿੱਚ ਆਰਥਿਕ ਸੰਕਟ ਦੀ ਗੱਲ ਕਰਕੇ ਮਹਿੰਗਾਈ ਦਾ ਬੋਝ ਆਮ ਲੋਕਾਂ 'ਤੇ ਪਾ ਰਹੇ ਹਨ, ਦੂਜੇ ਪਾਸੇ ਭਾਰਤੀ ਧਨ ਵਿਦੇਸ਼ਾਂ ਵਿੱਚ ਨਿਵੇਸ਼ ਲਈ ਭਿਜਵਾ ਰਹੇ ਹਨ, ਜਿਸ ਢੰਗ ਦਾ ਵਿਹਾਰ ਮੋਦੀ ਨੇ ਟਰੰਪ ਨਾਲ ਮੀਟਿੰਗ ਵਿੱਚ ਕੀਤਾ, ਉਸ ਨਾਲ ਦੁਨੀਆ ਵਿੱਚ ਭਾਰਤ ਦੀ ਸਾਖ ਨੂੰ ਬਹੁਤ ਧੱਕਾ ਵੱਜਿਆ ਹੈ।

ਆਗੂਆਂ ਨੇ ਮੰਗ ਕੀਤੀ ਕਿ ਨੀਟ ਦੇ ਪੇਪਰ ਵਿੱਚ ਹੋਈ ਘਪਲੇਬਾਜ਼ੀ ਲਈ ਜ਼ਿੰਮੇਵਾਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਅਸਤੀਫਾ ਦੇਵੇ ਤੇ ਦੋਸ਼ੀਆਂ 'ਤੇ ਮੁਕੱਦਮੇ ਚਲਾ ਕੇ ਜੇਲ੍ਹੀਂ ਡੱਕਿਆ ਜਾਏ, ਜਿਨਾਂ ਨੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਹੈ।ਇਕੱਠ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਸਾਥੀ ਰਮੇਸ਼ ਰਤਨ, ਡਾ. ਰਜਿੰਦਰ ਪਾਲ ਸਿੰਘ ਔਲਖ, ਰਘਬੀਰ ਸਿੰਘ ਬੈਨੀਪਾਲ, ਪਰਮਜੀਤ ਸਿੰਘ, ਡਾਕਟਰ ਗੁਰਚਰਨ ਸਿੰਘ ਬੜਿੰਗ, ਸਾਧੂ ਸਿੰਘ ਤੇ ਅਵਤਾਰ ਸਿੰਘ ਰਸੂਲਪੁਰ ਸ਼ਾਮਲ ਸਨ।ਗੁਰਦੀਪ ਸਿੰਘ ਕਲਸੀ, ਕਾਮਰੇਡ ਕਰਤਾਰ ਰਾਮ ਰਾਏਕੋਟ, ਡਾ: ਗੁਲਜਾਰ ਸਿੰਘ ਪੰਧੇਰ, ਕਾਮਰੇਡ ਬਲਰਾਮ, ਗੁਰਮੇਲ ਸਿੰਘ ਮੈਲੜੇ, ਇੰਜ: ਬਲਵੀਰ ਸਿੰਘ ਮਾਨ, ਜੈ ਪ੍ਰਕਾਸ਼ ਨਰਾਇਣ ਆਪਣੇ ਸਾਥੀਆਂ ਦੇ ਜਥੇ ਨਾਲ ਸ਼ਾਮਲ ਹੋਏ। ਸਟੇਜ ਦਾ ਸੰਚਾਲਨ ਹਰਨੇਕ ਸਿੰਘ ਗੁੱਜਰਵਾਲ ਨੇ ਕੀਤਾ।ਚਮਕੌਰ ਸਿੰਘ ਨੇ ਸਾਰਿਆਂ ਦੇ ਸਹਿਯੋਗ ਲਈ ਧੰਨਵਾਦ ਕੀਤਾ।ਅੰਤ ਵਿੱਚ ਇੱਕ ਮਾਰਚ ਦੀ ਸ਼ਕਲ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਭਾਈ ਵਾਲਾ ਚੌਕ ਸਥਿਤ ਬੁੱਤ 'ਤੇ ਪਹੁੰਚ ਕੇ ਆਪਣੇ ਇਸ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਪ੍ਰਣ ਕੀਤਾ ਗਿਆ।

**ਬਠਿੰਡਾ (ਪਰਵਿੰਦਰ ਜੀਤ ਸਿੰਘ)** : ਫਾਸ਼ੀ ਹਮਲਿਆਂ ਵਿਰੋਧੀ ਫਰੰਟ ਦੇ ਸੱਦੇ 'ਤੇ ਖੱਬੀਆਂ ਪਾਰਟੀਆਂ ਵੱਲੋਂ ਅੰਬੇਡਕਰ ਪਾਰਕ ਬਠਿੰਡਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮਲਕੀਤ ਸਿੰਘ, ਬੀਰਬਲ ਸਿੰਘ, ਜਸਵੀਰ ਸਿੰਘ, ਅਮੀ ਲਾਲ ਤੇ ਬਲਕਰਨ ਸਿੰਘ ਨੇ ਕਿਹਾ ਕਿ ਮੋਦੀ ਸਰਕਾਰ ਮਨੂਵਾਦੀ ਸੋਚ ਲਾਗੂ ਕਰਕੇ ਹਿੰਦੂ ਰਾਸ਼ਟਰ ਬਣਾਉਣ ਲਈ ਲੋਕਾਂ ਨੂੰ ਆਪਸ ਵਿੱਚ ਲੜਾ ਰਹੀ ਹੈ ਅਤੇ ਐੱਸ ਆਈ ਆਰ ਰਾਹੀਂ ਪੂਰੇ ਭਾਰਤ 'ਤੇ ਰਾਜ ਕਰਨ ਲਈ ਵੋਟਾਂ ਦੀ ਕੱਟ ਵੱਢ ਕਰ ਰਹੀ ਹੈ।ਖ਼ਰੀਦੋ ਫਰੋਕਤ ਕਰਕੇ ਅਤੇ ਈ ਡੀ ਰਾਹੀਂ ਦੂਸਰੀਆਂ ਪਾਰਟੀਆਂ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਹਰ ਰੋਜ਼ ਮਹਿੰਗਾਈ ਵਿੱਚ ਵਾਧਾ ਕਰਕੇ ਆਮ ਲੋਕਾਂ ਦਾ ਜੀਣਾ ਦੁੱਭਰ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਵੱਲੋਂ ਹੱਕ ਮੰਗਦੇ ਲੋਕਾਂ 'ਤੇ ਕੁਟਾਪਾ ਚਾੜ੍ਹਿਆ ਜਾ ਰਿਹਾ ਹੈ।ਬੁਲਾਰਿਆਂ ਨੇ ਅਪੀਲ ਕਰਦਿਆਂ ਹੋਕਾ ਦਿੱਤਾ ਕਿ ਮੋਦੀ ਦੇ ਫਾਸ਼ੀ ਹਮਲਿਆਂ ਨੂੰ ਰੋਕਣ ਲਈ ਤੇ ਬਰਾਬਰਤਾ ਦਾ ਸਮਾਜ ਸਿਰਜਣ ਲਈ ਕਿਰਤੀ ਤੇ ਸਘੰਰਸ਼ਸ਼ੀਲ ਪਾਰਟੀਆਂ, ਜਥੇਬੰਦੀਆਂ ਦਾ ਇੱਕ ਮੰਚ 'ਤੇ ਇਕੱਠਾ ਹੋਣਾ ਜ਼ਰੂਰੀ ਤੇ ਸਮੇਂ ਦੀ ਮੰਗ ਹੈ।ਇਸ ਮੌਕੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਪ੍ਰਕਾਸ਼ ਸਿੰਘ ਨੇ ਨਿਭਾਈ।

**ਫਾਜ਼ਿਲਕਾ (ਪਰਮਜੀਤ ਢਾਬਾਂ)** : ਫਾਸ਼ੀਵਾਦੀ ਵਿਰੋਧੀ ਫਰੰਟ ਦੇ ਸੂਬਾ ਪੱਧਰੀ ਸੱਦੇ ਤਹਿਤ ਅੱਜ ਫਾਜ਼ਿਲਕਾ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਇਨਕਲਾਬੀ ਪਾਰਟੀਆਂ ਆਰ ਐੱਮ ਪੀ ਆਈ ਦੇ ਸੂਬਾ ਕਮੇਟੀ ਮੈਂਬਰ ਰਮੇਸ਼ ਵਡੇਰਾ, ਕਾਮਰੇਡ ਜੱਗਾ ਸਿੰਘ, ਜ਼ਿਲ੍ਹਾ ਸਕੱਤਰ ਅਰਜਨ ਸਿੰਘ, ਸੀ ਪੀ ਆਈ ਸੀਨੀਅਰ ਆਗੂ ਕਾਮਰੇਡ ਹੰਸ ਰਾਜ ਗੋਲਡਨ, ਜ਼ਿਲ੍ਹਾ ਸਕੱਤਰ ਸੁਰਿੰਦਰ ਢੰਡੀਆਂ, ਸੀ ਪੀ ਆਈ ਐੱਮ ਐੱਲ (ਨਿਊ ਡੈਮੋਕਰੇਸੀ), ਡੀ ਟੀ ਐੱਫ ਦੇ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ, ਇਫਟੂ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਕੁਮਾਰ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸ਼ੁਬੇਗ ਝੰਗੜ ਭੈਣੀ, ਗੁਰਦਿਆਲ ਢਾਬਾਂ ਮੁੱਖ ਸਲਾਹਕਾਰ ਸਰਬ ਭਾਰਤ ਨੌਜਵਾਨ ਸਭਾ ਫ਼ਾਜ਼ਿਲਕਾ, ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਰਾਜਨ ਮੁਹਾਰ ਸੋਨਾ, ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਮਮਤਾ ਲਾਧੂਕਾ ਦੀ ਅਗਵਾਈ ਹੇਠ ਰੋਸ ਧਰਨਾ ਦਿੱਤਾ ਗਿਆ।

**ਸੰਗਰੂਰ (ਪ੍ਰਵੀਨ ਸਿੰਘ)** : ਖੱਬੀਆਂ ਧਿਰਾਂ ਦੀ ਅਗਵਾਈ ਵਾਲੇ ਫਾਸ਼ੀਵਾਦੀ ਵਿਰੋਧੀ ਫਰੰਟ ਵੱਲੋਂ ਸਥਾਨਕ ਕਾਮਰੇਡ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਕਨਵੈਂਸ਼ਨ ਕੀਤੀ ਗਈ, ਜਿਸ ਦੀ ਪ੍ਰਧਾਨਗੀ ਹਰਦੇਵ ਸਿੰਘ ਬਖਸ਼ੀਵਾਲਾ, ਘੁਮੰਡ ਸਿੰਘ ਉਗਰਾਹਾਂ, ਹਰਮੇਲ ਮਹਿਰੋਕ, ਪ੍ਰਹਿਲਾਦ ਸਿੰਘ ਤੇ ਦਰਸ਼ਨ ਸਿੰਘ ਕੂੰਨਰਾਂ ਨੇ ਕੀਤੀ।

ਕਨਵੈਂਸ਼ਨ ਤੋਂ ਬਾਅਦ ਸੁਤੰਤਰ ਭਵਨ ਤੋਂ ਡੀ ਸੀ ਦਫਤਰ ਤੱਕ ਫਿਰਕੂ ਫਾਸ਼ੀਵਾਦ ਖਿਲਾਫ ਰੋਹ ਭਰਪੂਰ ਮੁਜ਼ਾਹਰਾ ਕੀਤਾ ਗਿਆ।ਕਨਵੈਂਸ਼ਨ ਨੂੰ ਸੰਬੋਧਨ ਕਰਦਿਆਂ ਆਰ ਐੱਮ ਪੀ ਆਈ ਦੇ ਸੂਬਾ ਆਗੂ ਊਧਮ ਸਿੰਘ ਸੰਤੋਖਪੁਰਾ, ਸੀਪੀਆਈ ਦੇ ਜ਼ਿਲ੍ਹਾ ਸਕੱਤਰ ਸੁਖਦੇਵ ਸ਼ਰਮਾ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਰੁਪਿੰਦਰ ਚੌਂਦਾ, ਐੱਮ ਸੀ ਪੀ ਆਈ ਯੂ ਦੇ ਪੋਲਿਟ ਬਿਊਰੋ ਮੈਂਬਰ ਕਿਰਨਜੀਤ ਸਿੰਘ ਸੇਖੋਂ, ਸੀਪੀਆਈ ਐੱਮ ਐੱਲ ਲਿਬਰੇਸ਼ਨ ਦੇ ਸੂਬਾ ਆਗੂ ਕਾਮਰੇਡ ਗੋਬਿੰਦ ਛਾਜਲੀ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਏਜੰਡੇ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਤੇ ਕਾਰਪੋਰੇਟ ਦੇ ਏਜੰਡੇ ਦੇਸ਼ ਦੇ ਜਲ, ਜੰਗਲ, ਜ਼ਮੀਨ ਤੇ ਪਬਲਿਕ ਅਦਾਰਿਆਂ ਦਾ ਨਿੱਜੀਕਰਨ ਕਰਨ ਲਈ ਕੰਮ ਕਰ ਰਹੀ ਹੈ।ਇਸ ਮਕਸਦ ਲਈ ਦੇਸ਼ ਦੀਆਂ ਸੰਵਿਧਾਨਿਕ ਸੰਸਥਾਵਾਂ ਨੂੰ ਲਗਾਤਾਰ ਆਪਣੇ ਕੰਟਰੋਲ 'ਚ ਕਰ ਰਹੀ ਹੈ, ਜਿਸ ਰਾਹੀਂ ਦੇਸ਼ ਦੀ ਨਿਆਂ ਪ੍ਰਣਾਲੀ, ਸਿੱਖਿਆ ਢਾਂਚਾ, ਚੋਣ ਢਾਂਚਾ ਪ੍ਰਭਾਵਿਤ ਹੋਇਆ ਹੈ।ਫਿਰਕੂ ਫਾਸ਼ੀਵਾਦ ਦੀ ਹਨੇਰੀ ਠੱਲ੍ਹਣ ਲਈ ਦੇਸ਼ ਦੇ ਲੋਕ ਖੱਬੀਆਂ ਧਿਰਾਂ ਨਾਲ ਇੱਕਜੁੱਟ ਹੋ ਕੇ ਇਨ੍ਹਾਂ ਨੀਤੀਆਂ ਦਾ ਟਾਕਰਾ ਕਰਨਗੇ।ਬੁਲਾਰਿਆਂ ਨੇ ਮੰਗ ਕੀਤੀ ਕਿ ਦੇਸ਼ੀ ਵਿਦੇਸ਼ੀ ਕਾਰਪੋਰੇਟ ਦੇ ਹਿੱਤ ਪੂਰਦੀਆਂ ਨਵ ਉਦਾਰਵਾਦੀ ਨੀਤੀਆਂ ਰੱਦ ਕਰੋ, ਖੇਤੀ ਤੇ ਪਰਚੂਨ ਵਪਾਰ ਨੂੰ ਤਬਾਹ ਕਰਨ ਲਈ ਵਿਦੇਸ਼ੀ ਵਪਾਰ ਸਮਝੌਤੇ ਰੱਦ ਕੀਤੇ ਕਰੋ, ਡੀਜ਼ਲ ਪੈਟਰੋਲ ਤੇ ਰਸੋਈ ਗੈਸ ਦੀਆਂ ਕੀਮਤਾਂ ਦੇ ਵਾਧੇ ਨੂੰ ਨੱਥ ਪਾਓ, ਸਿੱਖ ਬੰਦੀਆਂ ਸਮੇਤ ਸਜਾਵਾਂ ਪੂਰੀਆਂ ਕਰ ਚੁੱਕੇ ਤੇ ਬਿਨਾਂ ਮੁਕੱਦਮਾ ਜੇਲ੍ਹੀਂ ਡੱਕੇ ਸਿਆਸੀ ਕੈਦੀ ਰਿਹਾਅ ਕਰੋ, ਪੇਪਰ ਲੀਕ ਤੇ ਬੇਰੁਜ਼ਗਾਰੀ ਰਾਹੀਂ ਨੌਜਵਾਨੀ ਨੂੰ ਤਬਾਹ ਕਰਨ ਵਾਲਿਆਂ ਨੂੰ ਸਜ਼ਾਵਾਂ ਦਿਓ।ਆਗੂਆਂ ਨੇ ਸੱਦਾ ਦਿੱਤਾ ਕਿ ਇਨ੍ਹਾਂ ਮੰਗਾਂ 'ਤੇ ਲੋਕਾਂ ਨੂੰ ਲਾਮਬੰਦ ਕਰਨ ਲਈ ਇਸ ਮੁਹਿੰਮ ਨੂੰ ਪਿੰਡ ਪਿੰਡ ਤੱਕ ਲੈ ਕੇ ਜਾਇਆ ਜਾਵੇਗਾ।ਅੱਜ ਦੀ ਕਨਵੈਂਸ਼ਨ ਨੂੰ ਕਾਮਰੇਡ ਨਵਜੀਤ, ਨਿਰਮਲ ਬਟੜਿਆਣਾ ਨੇ ਵੀ ਸੰਬੋਧਨ ਕੀਤਾ।

## ਕਿਸਾਨ ਮਜ਼ਦੂਰ ਜਥੇਬੰਦੀਆਂ ਭਲਕੇ ਫੂਕਣਗੀਆਂ ਮੋਦੀ ਤੇ ਟਰੰਪ ਦਾ ਪੁਤਲਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਦਰਸ਼ਨ ਸਿੰਘ ਮੋਗਾ ਤੇ ਜ਼ਿਲ੍ਹਾ ਸਕੱਤਰ ਅਵਤਾਰ ਸਿੰਘ ਧਰਮ ਸਿੰਘ ਵਾਲਾ ਨੇ ਦੱਸਿਆ ਕਿ ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ ਉੱਤੇ 24 ਜੂਨ ਨੂੰ ਮੋਗਾ ਵਿਖੇ ਭਾਜਪਾ ਦੇ ਦਫ਼ਤਰ ਅੱਗੇ ਭਾਰਤ-ਅਮਰੀਕਾ ਫ੍ਰੀ ਟ੍ਰੇਡ ਸਮਝੌਤੇ ਦੇ ਵਿਰੋਧ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਪੁਤਲਾ ਫੂਕ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਭਾਰਤ ਦੇ ਕਿਸਾਨਾਂ, ਮਜ਼ਦੂਰਾਂ, ਛੋਟੇ ਵਪਾਰੀਆਂ ਤੇ ਆਮ ਲੋਕਾਂ ਦੇ ਹਿੱਤਾਂ ਨਾਲ ਸਮਝੌਤਾ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਭਾਰਤ-ਅਮਰੀਕਾ ਫ੍ਰੀ ਟ੍ਰੇਡ ਸਮਝੌਤਾ ਲਾਗੂ ਹੋਣ ਨਾਲ ਖੇਤੀਬਾੜੀ, ਡੇਅਰੀ, ਮੱਛੀ ਪਾਲਣ, ਮੁਰਗੀ ਪਾਲਣ, ਛੋਟੇ ਉਦਯੋਗਾਂ ਤੇ ਦੇਸ਼ ਦੀ ਅੰਦਰੂਨੀ ਅਰਥਵਿਵਸਥਾ ਨੂੰ ਭਾਰੀ ਨੁਕਸਾਨ ਪਹੁੰਚੇਗਾ, ਜਿਸ ਨਾਲ ਲੱਖਾਂ ਲੋਕਾਂ ਦੇ ਰੁਜ਼ਗਾਰ ਤੇ ਜੀਵਨ-ਨਿਰਵਾਹ 'ਤੇ ਗੰਭੀਰ ਅਸਰ ਪਵੇਗਾ।ਉਨ੍ਹਾਂ ਕਿਹਾ ਕਿ ਕਿਸਾਨ ਮਜ਼ਦੂਰ ਮੋਰਚਾ ਕਿਸੇ ਵੀ ਅਜਿਹੇ ਸਮਝੌਤੇ ਨੂੰ ਬਰਦਾਸ਼ਤ ਨਹੀਂ ਕਰੇਗਾ, ਜੋ ਦੇਸ਼ ਦੇ ਅੰਨਦਾਤਿਆਂ ਤੇ ਕਿਰਤੀ ਲੋਕਾਂ ਦੇ ਹਿੱਤਾਂ ਦੇ ਖ਼ਿਲਾਫ਼ ਹੋਵੇ।ਉਨ੍ਹਾਂ ਸਮੂਹ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਛੋਟੇ ਵਪਾਰੀਆਂ, ਡੇਅਰੀ ਮਾਲਕ, ਮੱਛੀ ਪਾਲਣ, ਮੁਰਗੀ ਫਾਰਮ ਵਾਲੇ ਤੇ ਇਨਸਾਫ਼ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ ਉਹ 24 ਜੂਨ ਨੂੰ ਵੱਡੀ ਗਿਣਤੀ ਵਿੱਚ ਮੋਗਾ ਵਿਖੇ ਭਾਜਪਾ ਦਫ਼ਤਰ ਅੱਗੇ ਪਹੁੰਚ ਕੇ ਇਸ ਰੋਸ ਪ੍ਰਦਰਸ਼ਨ ਨੂੰ ਕਾਮਯਾਬ ਬਣਾਈਏ ਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਆਪਣੀ ਆਵਾਜ਼ ਬੁਲੰਦ ਕਰੀਏ।

## ਕਾਤਰਾਂ

### ਰੋਡਵੇਜ਼ ਪੈਨਸ਼ਨਰਜ਼ ਵੈਲਫ਼ੇਅਰ ਐਸੋਸੀਏਸ਼ਨ ਦੀ ਮੀਟਿੰਗ

**ਲੁਧਿਆਣਾ (ਸਤੀਸ਼ ਸਚਦੇਵਾ)**-ਰੋਡਵੇਜ਼ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਸ਼੍ਰੀ ਰਾਜਿੰਦਰ ਸਿੰਘ ਲਲਤੋਂ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਵਿਖੇ ਹੋਈ।ਮੀਟਿੰਗ 'ਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਜੋ ਪੰਜਾਬ ਦੇ ਮੁਲਾਜ਼ਮ/ ਪੈਨਸ਼ਨਰਜ਼ ਆਪਣੀਆਂ ਜਾਇਜ਼ ਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਅਸੀਂ ਪੂਰੀ ਤਨਦੇਹੀ ਨਾਲ ਤਨੋਂ, ਮਨੋਂ, ਧਨੋਂ ਉਨ੍ਹਾਂ ਦੇ ਨਾਲ ਹਾਂ।ਸਾਡੀ ਐਸੋਸੀਏਸ਼ਨ ਜੋ ਵੀ ਸੰਘਰਸ਼ ਉਲੀਕਿਆ ਗਿਆ, ਵਧ-ਚੜ੍ਹ ਕੇ ਇਸਦਾ ਸਾਥ ਦੇਵੇਗੀ। ਮੀਟਿੰਗ ਵਿੱਚ ਚੇਅਰਮੈਨ ਸ਼੍ਰੀ ਨਰਿੰਦਰ ਸੂਦ, ਬੀਰਾ ਸਿੰਘ ਸੀਨੀਅਰ ਮੀਤ ਪ੍ਰਧਾਨ, ਗੁਰਮੁਖ ਸਿੰਘ ਘੁਡਾਣੀ ਸੀਨੀਅਰ ਮੀਤ ਪ੍ਰਧਾਨ, ਸਵਰਨਜੀਤ ਸਿੰਘ, ਕੁਲਵੰਤ ਸਿੰਘ, ਗੁਰਜੀਤ ਸਿੰਘ ਕੈਸ਼ੀਅਰ, ਮੁੱਖ ਸਲਾਹਕਾਰ ਹਰਮਿੰਦਰ ਕੁਮਾਰ, ਦਰਸ਼ਨ ਸਿੰਘ ਢੋਲੇਵਾਲ ਆਦਿ ਹਾਜ਼ਰ ਸਨ।

### ਸਾਹਿਤਕਾਰ ਗੁਰਚਰਨ ਨੂਰਪੁਰ ਅੱਜ ਡੀ.ਡੀ ਪੰਜਾਬੀ 'ਤੇ



**ਜ਼ੀਰਾ (ਨਰਿੰਦਰ ਅਨੇਜਾ)** ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ ਡੀਡੀ ਪੰਜਾਬੀ ਦੇ ਪ੍ਰੋਗਰਾਮ 'ਸੱਜਰੀ ਸਵੇਰ' ਵਿੱਚ ਦਰਸ਼ਕਾਂ ਦੇ ਰੂਬਰੂ ਹੋਣਗੇ।ਸਾਹਿਤ ਸਭਾ ਜੀਰਾ ਦੇ ਪ੍ਰਧਾਨ ਦਲਜੀਤ ਰਾਏ ਕਾਲੀਆ ਤੇ ਵਿੱਤ ਸਕੱਤਰ ਪਰਮਜੀਤ ਵਿਦਿਆਰਥੀ ਨੇ ਦੱਸਿਆ ਕਿ ਗੁਰਚਰਨ ਨੂਰਪੁਰ 'ਅਸੀਂ ਤੇ ਸਾਡਾ ਵਾਤਾਵਰਣ' ਵਿਸ਼ੇ ਤਹਿਤ ਗੱਲਾਂ ਤੇ ਗੀਤ ਵਿੱਚ ਵਿਚਾਰ ਪੇਸ਼ ਕਰਨਗੇ। ਦੂਰਦਰਸ਼ਨ ਜਲੰਧਰ ਡੀ.ਡੀ ਪੰਜਾਬੀ ਦੇ ਪ੍ਰੋਗਰਾਮਾਂ ਦੇ ਮੁਖੀ ਗੁਰਵਿੰਦਰ ਸਿੰਘ ਨਰੂਲਾ ਦੇ ਦਿਸ਼ਾ-ਨਿਰਦੇਸ਼ ਤਹਿਤ ਇਸ ਪ੍ਰੋਗਰਾਮ ਦੇ ਡਾਇਰੈਕਟਰ ਪੰਕਜ ਹੋਣਗੇ।

### ਮੂਰਤੀ ਪ੍ਰਤਿਸ਼ਠਾ ਮਹਾਂਉਤਸਵ ਅੱਜ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਸ੍ਰੀ ਕਲਿਆਣ ਗਊਸ਼ਾਲਾ ਮਾਤਾ ਮੋਦੀ ਰੋਡ ਵਿਖੇ ਮੂਰਤੀ ਪ੍ਰਤਿਸ਼ਠਾ ਦੇ 20 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ 23 ਜੂਨ 2026 ਨੂੰ ਮੂਰਤੀ ਪ੍ਰਤਿਸ਼ਠਾ ਮਹਾਂਉਤਸਵ ਕਰਵਾਇਆ ਜਾ ਰਿਹਾ ਹੈ।ਇਸ ਧਾਰਮਿਕ ਸਮਾਗਮ ਵਿੱਚ ਸ਼ਹਿਰ ਤੇ ਇਲਾਕੇ ਦੀਆਂ ਧਾਰਮਿਕ, ਸਮਾਜਿਕ ਤੇ ਗਊ ਭਗਤ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਗਊਸ਼ਾਲਾ ਪ੍ਰਬੰਧਕ ਕਮੇਟੀ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਸਵੇਰੇ 7 ਵਜੇ ਅਭਿਸ਼ੇਕ ਪੂਜਨ ਤੇ ਆਰਤੀ ਨਾਲ ਹੋਵੇਗੀ।ਇਸ ਤੋਂ ਬਾਅਦ ਸ਼ਾਮ 4:30 ਵਜੇ ਸਾਮੂਹਕ ਹਨੂਮਾਨ ਚਾਲੀਸਾ ਪਾਠ, ਸ਼ਾਮ 5:30 ਵਜੇ ਸ਼੍ਰੀ ਹਰਿਨਾਮ ਸੰਕੀਰਤਨ ਤੇ ਸ਼ਾਮ 6:30 ਵਜੇ ਆਰਤੀ ਤੇ ਭੋਗ ਪ੍ਰਸਾਦ ਦਾ ਆਯੋਜਨ ਕੀਤਾ ਜਾਵੇਗਾ।ਸਮਾਗਮ ਦੇ ਪੂਜਨ ਯਜਮਾਨ ਵਜੋਂ ਵਿਕਰਮ ਗਰਗ (ਵਿੱਕੀ) ਪ੍ਰਧਾਨ ਅਗਰਵਾਲ ਸਭਾ ਆਪਣੀਆਂ ਸੇਵਾਵਾਂ ਨਿਭਾਉਣਗੇ।ਪ੍ਰਬੰਧਕਾਂ ਨੇ ਸਮੂਹ ਸ਼ਹਿਰ ਵਾਸੀਆਂ ਤੇ ਧਾਰਮਿਕ ਸੰਗਤਾਂ ਨੂੰ ਇਸ ਪਵਿੱਤਰ ਸਮਾਗਮ ਵਿੱਚ ਸ਼ਾਮਲ ਹੋ ਕੇ ਆਸ਼ੀਰਵਾਦ ਪ੍ਰਾਪਤ ਕਰਨ ਦੀ ਅਪੀਲ ਕੀਤੀ।

## ਸਿਹਤ ਸਹੂਲਤਾਂ ਦੀ ਬਿਹਤਰੀ ਲਈ ਹੁਣ ਤੱਕ ਕਰੀਬ 57 ਕਰੋੜ ਰੁਪਏ ਖਰਚੇ : ਅਮਨ ਅਰੋੜਾ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਹਲਕੇ ਦੇ ਲੋਕਾਂ ਨੂੰ ਇੱਕ ਵੱਡੀ ਸੌਗਾਤ ਦਿੰਦਿਆਂ ਸਰਕਾਰੀ ਹਸਪਤਾਲ ਵਿਖੇ 50 ਬੈੱਡਾਂ ਵਾਲੇ ਅਤਿ-ਆਧੁਨਿਕ ਜੱਚਾ-ਬੱਚਾ ਹਸਪਤਾਲ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਇਹ ਹਸਪਤਾਲ ਕਰੀਬ 14 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਸੁਨਾਮ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਹੁਣ ਤੱਕ 57 ਕਰੋੜ ਰੁਪਏ ਵੱਖ ਵੱਖ ਪ੍ਰੋਜੈਕਟਾਂ ਉੱਤੇ ਖਰਚੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚ ਕਰੀਬ 25.5 ਕਰੋੜ ਰੁਪਏ ਦੀ ਲਾਗਤ ਨਾਲ ਸਰਕਾਰੀ ਹਸਪਤਾਲ ਸੁਨਾਮ ਵਿਖੇ ਓਪੀਡੀ ਦੇ ਨਵੇਂ 09 ਕਮਰਿਆਂ ਦਾ ਬਲਾਕ, ਦਵਾਈਆਂ ਦਾ ਵੇਅਰ ਹਾਊਸ, ਟਰੋਮਾ ਸੈਂਟਰ ਅਤੇ ਬਲੱਡ ਬੈਂਕ ਸ਼ਾਮਲ ਹਨ।ਚੀਮਾ ਵਿਖੇ 14.5 ਕਰੋੜ ਰੁਪਏ ਦੀ ਲਾਗਤ ਦੇ ਨਾਲ ਤੇ ਲੌਂਗੋਵਾਲ ਵਿਖੇ 11.5 ਕਰੋੜ ਰੁਪਏ ਦੀ ਲਾਗ ਦੇ ਨਾਲ ਹਸਪਤਾਲ ਬਣਾਏ ਗਏ ਹਨ।ਹਲਕੇ ਵਿੱਚ ਵੱਖ-ਵੱਖ ਥਾਂ 8 ਆਮ ਆਦਮੀ ਕਲੀਨਿਕ ਬਣਾਏ ਗਏ ਹਨ, ਇੱਕ ਆਮ ਆਦਮੀ ਕਲੀਨਿਕ ਦੀ ਲਾਗਤ 25 ਲੱਖ ਰੁਪਏ ਹੈ।ਇਸੇ ਤਰ੍ਹਾਂ 12 ਹੈਲਥ ਐਂਡ ਵੈਲਨੈਸ ਸੈਂਟਰ ਬਣਾਏ ਗਏ ਹਨ ਤੇ ਇੱਕ ਹੈਲਥ ਐਂਡ ਵੈਲਨੈਸ ਸੈਂਟਰ ਦੀ ਲਾਗਤ 35 ਲੱਖ ਰੁਪਏ ਹੈ।ਜੱਚਾ-ਬੱਚਾ ਹਸਪਤਾਲ ਮਾਵਾਂ ਅਤੇ ਨਵਜਨਮੇ ਬੱਚਿਆਂ ਲਈ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਹੈ।

ਹਸਪਤਾਲ ਦੇ ਤਿਆਰ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਉੱਚ ਪੱਧਰੀ ਇਲਾਜ ਲਈ ਦੂਰ-ਦੁਰਾਡੇ ਜਾਂ ਵੱਡੇ ਸ਼ਹਿਰਾਂ ਦੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ।ਇਸ ਹਸਪਤਾਲ ਵਿੱਚ 5 ਓ.ਪੀ.ਡੀ. ਕਮਰੇ, 2 ਆਧੁਨਿਕ ਆਪਰੇਸ਼ਨ ਥੀਏਟਰ, 3 ਬੈੱਡਾਂ ਵਾਲਾ ਨਾਰਮਲ ਡਿਲਿਵਰੀ ਰੂਮ, ਟੈਸਟਿੰਗ ਲੈਬ, ਅਲਟਰਾ ਸਾਊਂਡ ਲੈਬ, ਫਾਰਮੇਸੀ, ਈ.ਸੀ.ਜੀ. ਰੂਮ, ਪੀਡੀਆਟ੍ਰਿਕ ਰੂਮ ਤੇ ਇਮਿਊਨਾਈਜ਼ੇਸ਼ਨ ਰੂਮ ਸਮੇਤ ਹੋਰ ਸਾਰੀਆਂ ਆਧੁਨਿਕ ਸਹੂਲਤਾਂ ਉਪਲਬਧ ਹੋਣਗੀਆਂ।ਇਸ ਤੋਂ ਇਲਾਵਾ, ਹਸਪਤਾਲ ਵਿੱਚ 4 ਗਾਇਨੀ ਵਾਰਡ, 2 ਬਾਲ ਰੋਗ ਵਾਰਡ, 4 ਪ੍ਰਾਈਵੇਟ ਕਮਰੇ, 3 ਡਾਕਟਰ ਸਟੇਸ਼ਨ ਅਤੇ 5 ਨਰਸ ਸਟੇਸ਼ਨ ਬਣਾਏ ਜਾਣਗੇ ਤਾਂ ਜੁ ਮਰੀਜ਼ਾਂ ਦੀ ਸੰਭਾਲ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ ਜਾ ਸਕੇ।

## ਕਮਿਊਨਿਟੀ ਹੈੱਲਥ ਅਫ਼ਸਰਾਂ ਵੱਲੋਂ ਸਿਵਲ ਸਰਜਨ ਦਫ਼ਤਰ ਅੱਗੇ ਧਰਨਾ

### ਅੱਜ ਤੋਂ ਕੰਮ ਬੰਦ, 2 ਜੁਲਾਈ ਨੂੰ ਸੰਗਰੂਰ 'ਚ ਹੋਵੇਗਾ ਸੂਬਾ ਪੱਧਰੀ ਧਰਨਾ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)**

ਕਮਿਊਨਿਟੀ ਹੈਲਥ ਅਫ਼ਸਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਜਾਇਜ਼ ਮੰਗਾਂ ਦੇ ਹੱਲ ਲਈ ਸੋਮਵਾਰ ਸਟੇਟ ਯੂਨੀਅਨ ਦੇ ਸੱਦੇ 'ਤੇ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਕਮਿਊਨਿਟੀ ਹੈਲਥ ਅਫ਼ਸਰਾਂ ਵੱਲੋਂ ਸਿਵਲ ਸਰਜਨ ਦਫ਼ਤਰ ਫ਼ਿਰੋਜ਼ਪੁਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ।ਇਸ ਮੌਕੇ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਚਾਰਾਂ ਬਲਾਕਾਂ ਦੇ ਕਮਿਊਨਿਟੀ ਹੈਲਥ ਅਫ਼ਸਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਅਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਤੇ ਸਰਕਾਰ ਦੇ ਨਾਮ ਸਿਵਲ ਸਰਜਨ ਰਾਹੀਂ ਮੰਗ ਪੱਤਰ ਸੌਂਪਿਆ।



ਇਸ ਮੌਕੇ ਸੰਬੋਧਨ ਕਰਦਿਆਂ ਸੀ ਐੱਚ ਓ ਐਸੋਸੀਏਸ਼ਨ ਦੇ ਆਗੂ ਡਾ. ਪ੍ਰੀਤ ਮਖੀਜਾ ਤੇ ਨਰਿੰਦਰ ਸਿੰਘ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਕਮਿਊਨਿਟੀ ਹੈਲਥ ਅਫ਼ਸਰ ਆਪਣੀਆਂ ਜਾਇਜ਼ ਮੰਗਾਂ ਦੇ ਹੱਲ ਲਈ ਸੰਘਰਸ਼ ਕਰ ਰਹੇ ਹਨ।ਸਰਕਾਰ ਤੇ ਸਿਹਤ ਵਿਭਾਗ ਨਾਲ ਕਈ ਵਾਰ ਮੀਟਿੰਗਾਂ ਹੋ ਚੁੱਕੀਆਂ ਹਨ, ਅਨੇਕਾਂ ਵਾਰ ਮੰਗ ਪੱਤਰ ਦਿੱਤੇ ਗਏ ਹਨ, ਪ੍ਰੰਤੂ ਅੱਜ ਤੱਕ ਕਿਸੇ ਵੀ ਮੰਗ ਦਾ ਕੋਈ ਹੱਲ ਨਹੀਂ ਕੀਤਾ ਗਿਆ।ਧਰਨੇ ਵਿੱਚ ਸ਼ਾਮਲ ਪੈਰਾਮੈਡੀਕਲ ਯੂਨੀਅਨ ਫਿਰੋਜ਼ਪੁਰ ਦੇ ਸੀਨੀਅਰ ਆਗੂ ਕੌਰਜੀਤ ਸਿੰਘ, ਰਾਮਪ੍ਰਸ਼ਾਦ, ਨਰਿੰਦਰ ਸ਼ਰਮਾ, ਮਨਿੰਦਰਜੀਤ ਸਿੰਘ, ਜਸਵਿੰਦਰ ਸਿੰਘ, ਕਰਨਜੀਤ ਸਿੰਘ, ਸਤਨਾਮ ਸਿੰਘ, ਗੁਰਦੇਵ ਸਿੰਘ ਨੇ ਵੀ ਧਰਨੇ ਨੂੰ ਸੰਬੋਧਨ ਕੀਤਾ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਲਗਾਤਾਰ ਕੀਤੀ ਜਾ ਰਹੀ ਅਣਗਹਿਲੀ ਕਾਰਨ ਅੱਜ ਤੋਂ ਪੰਜਾਬ ਭਰ ਦੇ ਕਮਿਊਨਿਟੀ ਹੈਲਥ ਅਫ਼ਸਰਾਂ ਵੱਲੋਂ ਕੰਮ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਗਿਆ ਹੈ।ਜਦੋਂ ਤੱਕ ਸਰਕਾਰ ਵੱਲੋਂ ਮੰਗਾਂ ਦੇ ਹੱਲ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ ਜਾਂਦਾ, ਉਦੋਂ ਤੱਕ ਇਹ ਹੜਤਾਲ ਜਾਰੀ ਰਹੇਗੀ।

ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਹੁਣ ਵੀ ਸਰਕਾਰ ਨੇ ਕਮਿਊਨਿਟੀ ਹੈਲਥ ਅਫ਼ਸਰਾਂ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ 2 ਜੁਲਾਈ ਨੂੰ ਮਾਣਯੋਗ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼, ਸੰਗਰੂਰ ਵਿਖੇ ਸੂਬਾ ਪੱਧਰੀ ਵਿਸ਼ਾਲ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਪੰਜਾਬ ਭਰ ਤੋਂ ਹਜ਼ਾਰਾਂ ਕਮਿਊਨਿਟੀ ਹੈਲਥ ਅਫ਼ਸਰ ਸ਼ਮੂਲੀਅਤ ਕਰਨਗੇ।ਇਸ ਮੌਕੇ ਡਾ. ਅਸ਼ੋਕ ਕੁਮਾਰ, ਰਾਜਵਿੰਦਰ ਕੌਰ, ਗੌਰਵ ਦਾਸ, ਕਿਰਨਦੀਪ ਕੌਰ, ਨੇਹਾ ਮਲਹੋਤਰਾ, ਡਾ. ਗੁਰਬਚਨ ਸਿੰਘ, ਨਵਜੀਤ ਕੁਮਾਰ, ਡਾ. ਸਤਨਾਮ ਸਿੰਘ, ਅਮਰੀਕ ਸਿੰਘ, ਮਨੀਸ਼ਾ ਮੋਨਿਕਾ, ਬਲਦੇਵ ਸਿੰਘ ਤੇ ਹੋਰ ਵੱਡੀ ਗਿਣਤੀ ਵਿੱਚ ਕਮਿਊਨਿਟੀ ਹੈਲਥ ਅਫ਼ਸਰ ਹਾਜ਼ਰ ਸਨ।

## ਯੂਨੀਅਨ ਅੱਜ ਕਰੇਗੀ ਜੰਗਲਾਤ ਮੰਤਰੀ ਤੇ ਪ੍ਰਿੰਸੀਪਲ ਚੀਫ ਨਾਲ ਮੀਟਿੰਗ : ਲੂੰਬਾ, ਮੰਡੋਲੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਣ ਵਿਭਾਗ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਮੰਡੋਲੀ, ਸੂਬਾ ਜਨਰਲ ਸਕੱਤਰ ਸ੍ਰੀ ਵੀਰਪਾਲ ਸਿੰਘ ਬੰਮਣਾ ਤੇ ਮੇਜਰ ਸਿੰਘ ਬਹੇੜ, ਮੀਤ ਪ੍ਰਧਾਨ ਫ.ਗ.ਸ. ਨੇ ਇੱਕ ਪ੍ਰੈੱਸ ਨੋਟ ਰਾਹੀਂ ਦੱਸਿਆ ਕਿ ਪਿਛਲੇ ਦਿਨੀਂ ਪੰਜਾਬ ਸਰਕਾਰ ਦੀ ਸਬ-ਕਮੇਟੀ ਦੇ ਚੇਅਰਮੈਨ ਤੇ ਖਜ਼ਾਨਾ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਨਾਲ ਮੀਟਿੰਗ ਕਰਕੇ ਜੰਗਲਾਤ ਵਿਭਾਗ ਅਧੀਨ ਕੰਮ ਕਰਦੇ ਦਿਹਾੜੀਦਾਰ ਕਾਮਿਆਂ ਨੂੰ ਇਨਸਾਫ ਦਿਵਾਉਣ ਲਈ ਮੰਗ ਰੱਖੀ ਗਈ ਸੀ, ਜਿਹੜੇ ਕਿਰਤੀ ਦੋ ਦਹਾਕਿਆਂ ਤੋਂ ਵਿਭਾਗੀ ਸੇਵਾਵਾਂ ਨਿਭਾਅ ਰਹੇ ਹਨ, ਨੂੰ ਰੈਗੂਲਰ ਕੀਤਾ ਜਾਵੇ।

ਸਬ ਕਮੇਟੀ ਨੇ ਜਥੇਬੰਦੀ ਦੀ ਮੰਗ ਨਾਲ ਸਹਿਮਤ ਹੁੰਦੇ ਹੋਏ ਰਹਿੰਦੇ ਜੰਗਲਾਤ ਵਿਭਾਗ ਦੇ ਕਿਰਤੀਆਂ ਨੂੰ ਪੱਕਾ ਕਰਨ ਦਾ ਭਰੋਸਾ ਦਿੱਤਾ ਤੇ 15 ਦਿਨ ਅੰਦਰ ਰਹਿੰਦੇ ਕਾਮਿਆਂ ਦੀ ਰਿਪੋਰਟ ਮੰਗ ਲਈ ਹੈ, ਜਿਨ੍ਹਾਂ ਨੂੰ ਪੱਕੇ ਕਰਨਾ ਹੈ। ਯੂਨੀਅਨ ਅੱਜ ਦਿਹਾੜੀਦਾਰ ਕਾਮਿਆਂ ਦੀਆਂ ਜਾਇਜ਼ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਲੈ ਕੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਮੰਤਰੀ ਲਾਲ ਚੰਦ ਕਟਾਰੂਚੱਕ ਨਾਲ ਅਤੇ ਪ੍ਰਿੰਸੀਪਲ ਚੀਫ ਕੰਨਸਵੇਟਰ ਪੰਜਾਬ, ਚੀਫ ਸੈਕਟਰੀ ਵਣ ਪੰਜਾਬ ਸਰਕਾਰ ਨਾਲ ਵਣ ਕੰਪਲੈਕਸ ਸੈਕਟਰ 68, ਐੱਸ.ਏ.ਐੱਸ. ਨਗਰ ਚੰਡੀਗੜ੍ਹ ਵਿਖੇ ਮੀਟਿੰਗ ਕਰਕੇ ਜੰਗਲਾਤ ਦੇ ਕਿਰਤੀ ਕਾਮਿਆਂ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਲੈ ਕੇ ਵਿਚਾਰ ਕਰਨ ਵਿੱਚ ਫੇਲ੍ਹ ਹੁੰਦੀ ਹੈ ਤਾਂ ਪੰਜਾਬ ਵਣ ਵਿਭਾਗ ਵਰਕਰਜ਼ ਯੂਨੀਅਨ ਸੂਬਾ ਪੱਧਰੀ ਸੰਘਰਸ਼ ਕਰੇਗੀ।

## ਪੰਜਾਬ ਦੇ ਸੈਕੰਡਰੀ ਸਕੂਲ ਵਿਦਿਆਰਥੀਆਂ 'ਚ ਪੜ੍ਹਨ ਦੇ ਹੁਨਰ ਤੇ ਸੋਚ ਨੂੰ ਸਮਝਣ ਦੀ ਸਮਰੱਥਾ ਦਾ ਪੱਧਰ ਔਸਤ ਨਾਲੋਂ ਉੱਤੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**



ਪੰਜਾਬੀ ਯੂਨੀਵਰਸਿਟੀ ਦੇ ਸਿੱਖਿਆ ਤੇ ਸੁਮਦਾਇ ਸੇਵਾਵਾਂ ਵਿਭਾਗ ਵਿੱਚ ਹੋਏ ਇੱਕ ਖੋਜ ਕਾਰਜ ਰਾਹੀਂ ਪੰਜਾਬ ਦੇ ਸੈਕੰਡਰੀ ਸਕੂਲਾਂ ਦੇ ਵਿਦਿਆਰਥੀਆਂ 'ਚ ਪੜ੍ਹਨ ਦੇ ਹੁਨਰ ਤੇ ਇਸ ਨੂੰ ਪ੍ਰਭਾਵਿਤ ਕਰਨ ਵਾਲ਼ੇ ਮੁੱਖ ਕਾਰਕਾਂ 'ਤੇ ਚਾਨਣਾ ਪਾਇਆ ਗਿਆ ਹੈ।ਖੋਜਾਰਥੀ ਡਾ. ਸੁਖਰਾਜ ਸਿੰਘ ਵੱਲੋਂ ਇਹ ਖੋਜ ਕਾਰਜ ਡਾ. ਜਗਪ੍ਰੀਤ ਕੌਰ ਦੀ ਨਿਗਰਾਨੀ ਹੇਠ ਕੀਤਾ ਗਿਆ।ਡਾ. ਜਗਪ੍ਰੀਤ ਕੌਰ ਨੇ ਖੋਜ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਇਹ ਪੰਜਾਬ ਦੇ ਸੈਕੰਡਰੀ ਸਕੂਲਾਂ ਨਾਲ ਸਬੰਧਿਤ ਅਧਿਐਨ ਹੈ, ਜੋ ਪੰਜਾਬ ਦੇ ਛੇ ਜ਼ਿਲ੍ਹਿਆਂ, ਜਲੰਧਰ, ਹੁਸ਼ਿਆਰਪੁਰ, ਪਟਿਆਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ ਤੇ ਤਰਨਤਾਰਨ ਦੇ 860 ਵਿਦਿਆਰਥੀਆਂ ਤੋਂ ਪ੍ਰਾਪਤ ਅੰਕੜਿਆਂ 'ਤੇ ਅਧਾਰਤ ਹੈ।ਉਨ੍ਹਾਂ ਦੱਸਿਆ ਕਿ ਖੋਜ ਦੇ ਨਤੀਜਿਆਂ ਤੋਂ ਸਾਹਮਣੇ ਆਇਆ ਹੈ ਕਿ ਵਿਦਿਆਰਥੀਆਂ ਵਿੱਚ ਸਮੁੱਚੇ ਤੌਰ 'ਤੇ ਪੜ੍ਹਨ ਦੇ ਹੁਨਰ ਅਤੇ ਆਪਣੀ ਸੋਚ ਨੂੰ ਸਮਝਣ ਦੀ ਸਮਰਥਾ (ਮੈਟਾਕੋਗਨੀਸ਼ਨ) ਦਾ ਪੱਧਰ ਔਸਤ ਨਾਲ਼ੋਂ ਉੱਪਰ ਹੈ, ਜਦੋਂ ਕਿ ਉਨ੍ਹਾਂ ਵਿੱਚ ਪੜ੍ਹਾਈ ਦੌਰਾਨ ਆਲਸ ਕਰਨ ਦੀ ਪ੍ਰਵਿਰਤੀ ਔਸਤ ਨਾਲ਼ੋਂ ਘੱਟ ਮਿਲੀ।ਉਨ੍ਹਾਂ ਦੱਸਿਆ ਕਿ ਅਧਿਐਨ ਦੌਰਾਨ ਪੜ੍ਹਨ ਦੇ ਹੁਨਰ ਤੇ ਆਲਸ ਦੇ ਮਾਮਲੇ ਵਿੱਚ ਲੜਕੇ ਤੇ ਲੜਕੀਆਂ ਵਿਚਕਾਰ ਮਹੱਤਵਪੂਰਨ ਫਰਕ ਦੇਖਿਆ ਗਿਆ, ਪਰ ਮੈਟਾਕੋਗਨੀਸ਼ਨ ਦੇ ਮਾਮਲੇ ਵਿੱਚ ਕੋਈ ਲਿੰਗ ਅਧਾਰਤ ਫ਼ਰਕ ਨਹੀਂ ਪਾਇਆ ਗਿਆ।ਸ਼ਹਿਰੀ ਜਾਂ ਪੇਂਡੂ ਖੇਤਰ ਦੇ ਅਧਾਰ 'ਤੇ ਸਿਰਫ਼ ਪੜ੍ਹਾਈ ਦੇ ਆਲਸ ਵਿੱਚ ਅੰਤਰ ਦੇਖਿਆ ਗਿਆ, ਜਦਕਿ ਸਕੂਲਾਂ ਦੀ ਕਿਸਮ (ਸਰਕਾਰੀ ਜਾਂ ਪ੍ਰਾਈਵੇਟ) ਦਾ ਕਿਸੇ ਵੀ ਮੁੱਖ ਕਾਰਕ 'ਤੇ ਕੋਈ ਖਾਸ ਅਸਰ ਵੇਖਣ ਨੂੰ ਨਹੀਂ ਮਿਲਿਆ।ਉਨ੍ਹਾਂ ਦੱਸਿਆ ਕਿ ਖੋਜ ਮੁਤਾਬਕ ਮਾਪਿਆਂ ਦੀ ਪੜ੍ਹਾਈ ਦਾ ਵੀ ਬੱਚਿਆਂ ਦੀਆਂ ਆਦਤਾਂ ਤੇ ਵੱਖਰਾ ਪ੍ਰਭਾਵ ਦੇਖਣ ਨੂੰ ਮਿਲਿਆ।ਉਨ੍ਹਾਂ ਦੱਸਿਆ ਕਿ ਵਿਸ਼ਲੇਸ਼ਣ ਤੋਂ ਸਿੱਧ ਹੁੰਦਾ ਹੈ ਕਿ ਮੈਟਾਕੋਗਨੀਸ਼ਨ ਵਿਦਿਆਰਥੀਆਂ ਦੇ ਪੜ੍ਹਨ ਦੇ ਹੁਨਰ ਨੂੰ ਵਧਾਉਣ ਤੇ ਪੜ੍ਹਾਈ ਦੇ ਆਲਸ ਨੂੰ ਘਟਾਉਣ ਵਿੱਚ ਸਭ ਤੋਂ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।ਖੋਜਾਰਥੀ ਡਾ. ਸੁਖਰਾਜ ਸਿੰਘ ਨੇ ਦੱਸਿਆ ਕਿ ਇਨ੍ਹਾਂ ਨਤੀਜਿਆਂ ਦੇ ਅਧਾਰ 'ਤੇ ਸੁਝਾਇਆ ਗਿਆ ਹੈ ਕਿ ਹਰ ਸਕੂਲ ਦੀ ਲਾਇਬ੍ਰੇਰੀ ਵਿੱਚ ਬੁੱਕ-ਬੈਂਕ ਤੇ ਡਿਜੀਟਲ ਲਾਇਬ੍ਰੇਰੀ ਦੀ ਸਥਾਪਨਾ ਲਾਜ਼ਮੀ ਕੀਤੀ ਜਾਣੀ ਚਾਹੀਦੀ ਹੈ ਤਾਂ ਜੁ ਵਿਦਿਆਰਥੀ ਵੱਧ ਤੋਂ ਵੱਧ ਕਿਤਾਬਾਂ, ਮੈਗਜ਼ੀਨਾਂ ਤੇ ਅਖ਼ਬਾਰਾਂ ਨਾਲ਼ ਜੁੜ ਸਕਣ।ਇਸ ਨਾਲ਼ ਬੱਚਿਆਂ ਨੂੰ ਪੜ੍ਹਨ, ਲਿਖਣ, ਯਾਦ ਰੱਖਣ ਤੇ ਸਮਝਣ ਦੇ ਵੱਖ-ਵੱਖ ਹੁਨਰਾਂ ਵਿੱਚ ਮਾਹਰ ਬਣਾਇਆ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਇਹ ਨਤੀਜੇ ਨੀਤੀ ਘਾੜਿਆਂ ਤੇ ਸਿੱਖਿਆ ਸ਼ਾਸਤਰੀਆਂ ਲਈ ਬਹੁਤ ਮਹੱਤਵ ਰੱਖਦੇ ਹਨ।ਉਨ੍ਹਾਂ ਦੱਸਿਆ ਕਿ ਇਹ ਖੋਜ ਸੁਝਾਉਂਦੀ ਹੈ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਬੌਧਿਕ ਵਿਕਾਸ ਲਈ ਗਰੁੱਪ ਡਿਸਕਸ਼ਨ, ਕੁਇਜ਼ ਮੁਕਾਬਲੇ ਤੇ ਲੇਖ ਰਚਨਾ ਵਰਗੇ ਪ੍ਰੋਗਰਾਮ ਕਰਵਾਏ ਜਾਣੇ ਚਾਹੀਦੇ ਹਨ ਤੇ ਨਾਲ਼ ਹੀ ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਲਈ ਵਿਸ਼ੇਸ਼ ਸੈਮੀਨਾਰ ਤੇ ਵਰਕਸ਼ਾਪਾਂ ਲਾਈਆਂ ਜਾਣੀਆਂ ਚਾਹੀਦੀਆਂ ਹਨ ਤਾਂ ਜੁ ਉਹ ਪੜ੍ਹਨ ਦੇ ਹੁਨਰ ਦੀ ਅਹਿਮੀਅਤ ਨੂੰ ਸਮਝ ਸਕਣ।ਉਨ੍ਹਾਂ ਕੌਮੀ ਸਿੱਖਿਆ ਨੀਤੀ (2020) ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਪੜ੍ਹਨ ਦੇ ਇਨ੍ਹਾਂ ਹੁਨਰਾਂ ਨੂੰ ਮੁੱਢਲੀ ਸਿੱਖਿਆ ਤੋਂ ਹੀ ਸ਼ੁਰੂ ਕਰ ਕੇ ਵਿਦਿਆਰਥੀ ਦੇ ਪੂਰੇ ਵਿਦਿਅਕ ਸਫ਼ਰ ਦੌਰਾਨ ਜਾਰੀ ਰੱਖਣਾ ਜ਼ਰੂਰੀ ਹੈ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਉਪਲਬਧੀ 'ਤੇ ਵਧਾਈ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਹਮੇਸ਼ਾ ਹੀ ਦੇਸ਼ ਅਤੇ ਵਿਦੇਸ਼ ਵਿੱਚ ਸਿੱਖਿਆ ਪ੍ਰਣਾਲੀ ਦੇ ਸੁਧਾਰ ਲਈ ਕੀਤੇ ਜਾਣ ਵਾਲੇ ਅਜਿਹੇ ਖੋਜ ਕਾਰਜਾਂ ਲਈ ਜਾਣੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਗਲੋਬਲ ਪੱਧਰ 'ਤੇ ਵਿਦਿਅਕ ਨੀਤੀਆਂ ਤੇ ਅਮਲਾਂ ਨੂੰ ਬਿਹਤਰ ਤਰੀਕੇ ਨਾਲ ਸਮਝਣ ਲਈ ਅਜਿਹੇ ਅਧਿਐਨ ਬੇਹੱਦ ਮਹੱਤਵਪੂਰਨ ਤੇ ਲੋੜੀਂਦੇ ਹਨ।

## ਨਜਾਇਜ਼ ਅਸਲੇ ਤੇ ਮੋਟਰਸਾਈਕਲ ਸਮੇਤ ਮੁਲਜ਼ਮ ਗ੍ਰਿਫ਼ਤਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਪੁਲਸ ਨੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਮੁਸਤੈਦੀ ਦਿਖਾਉਂਦਿਆਂ ਇੱਕ ਸ਼ੱਕੀ ਵਿਅਕਤੀ ਨੂੰ ਕਾਬੂ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਪੁਲਸ ਵੱਲੋਂ ਫੜੇ ਗਏ ਇਸ ਮੁਲਜ਼ਮ ਦੇ ਕਬਜ਼ੇ ਵਿੱਚੋਂ ਇੱਕ ਗੈਰ-ਕਾਨੂੰਨੀ ਪਿਸਤੌਲ, ਮੈਗਜ਼ੀਨ, ਦੋ ਜ਼ਿੰਦਾ ਕਾਰਤੂਸ ਤੇ ਇੱਕ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਰੱਖਣ ਤੇ ਅਪਰਾਧਿਕ ਗਤੀਵਿਧੀਆਂ ਨੂੰ ਨੱਥ ਪਾਉਣ ਲਈ ਫ਼ਿਰੋਜ਼ਪੁਰ ਪੁਲਸ ਵੱਲੋਂ ਲਗਾਤਾਰ ਸਖ਼ਤ ਕਦਮ ਚੁੱਕੇ ਜਾ ਰਹੇ ਹਨ। ਇਸੇ ਲੜੀ ਤਹਿਤ ਨਾਕਾਬੰਦੀ ਤੇ ਗਸ਼ਤ ਦੌਰਾਨ ਪੁਲਸ ਟੀਮ ਨੇ ਇੱਕ ਸ਼ੱਕੀ ਨੌਜਵਾਨ ਨੂੰ ਰੋਕ ਕੇ ਜਦੋਂ ਉਸ ਦੀ ਤਲਾਸ਼ੀ ਲਈ, ਤਾਂ ਉਸ ਕੋਲੋਂ ਮਾਰੂ ਹਥਿਆਰ ਬਰਾਮਦ ਹੋਏ। ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮ ਨੂੰ ਮੌਕੇ 'ਤੇ ਹੀ ਹਿਰਾਸਤ ਵਿੱਚ ਲੈ ਲਿਆ। ਪੁਲਸ ਅਧਿਕਾਰੀਆਂ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਫੜੇ ਗਏ ਮੁਲਜ਼ਮ ਕੋਲੋਂ ਇੱਕ ਦੇਸੀ ਪਿਸਤੌਲ, ਉਸ ਦੇ ਨਾਲ ਇੱਕ ਮੈਗਜ਼ੀਨ ਤੇ ਦੋ ਜ਼ਿੰਦਾ ਰੌਂਦ (ਕਾਰਤੂਸ) ਮਿਲੇ ਹਨ। ਇਸ ਤੋਂ ਇਲਾਵਾ, ਜਿਸ ਮੋਟਰਸਾਈਕਲ 'ਤੇ ਉਹ ਸਵਾਰ ਸੀ, ਉਸ ਨੂੰ ਵੀ ਪੁਲਸ ਨੇ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ। ਪੁਲਸ ਵੱਲੋਂ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਕਿ ਮੁਲਜ਼ਮ ਇਹ ਹਥਿਆਰ ਕਿੱਥੋਂ ਲੈ ਕੇ ਆਇਆ ਸੀ ਤੇ ਇਸ ਦੀ ਵਰਤੋਂ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਲਈ ਕੀਤੀ ਜਾਣੀ ਸੀ ਜਾਂ ਨਹੀਂ। ਫੜੇ ਗਏ ਵਿਅਕਤੀ ਖ਼ਿਲਾਫ਼ ਅਸਲਾ ਐਕਟ ਤੇ ਹੋਰ ਸਬੰਧਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਅਦਾਲਤ ਵਿੱਚ ਪੇਸ਼ ਕਰਕੇ ਮੁਲਜ਼ਮ ਦਾ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਪੁੱਛਗਿੱਛ ਦੌਰਾਨ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਉਮੀਦ ਹੈ।

## ਬਰਸਾਤਾਂ ਤੋਂ ਪਹਿਲਾਂ ਡਰੇਨਾਂ ਦੀ ਸਫ਼ਾਈ ਕਰਵਾਈ ਜਾਵੇ : ਦੌਲਤਪੁਰਾ




**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਕਿਸਾਨ ਆਗੂਆਂ ਨੇ ਡਰੇਨੇਜ ਵਿਭਾਗ ਦੇ ਐੱਸ ਡੀ ਓ ਸੰਦੀਪ ਕੁਮਾਰ ਵਾਧੂ ਚਾਰਜ ਡਰੇਨ ਵਿਭਾਗ ਮੋਗਾ ਨੂੰ ਮੰਗ ਪੱਤਰ ਸੌਂਪਿਆ। ਇਸ ਦੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਮੰਗ ਪੱਤਰ 'ਚ ਮੰਗ ਕੀਤੀ ਹੈ ਕਿ ਬਰਸਾਤਾਂ ਦੇ ਮੌਸਮ ਤੋਂ ਪਹਿਲਾਂ ਜ਼ਿਲ੍ਹਾ ਮੋਗਾ ਸਮੇਤ ਪੰਜਾਬ ਭਰ ਦੀਆਂ ਡਰੇਨਾਂ ਦੀ ਤੁਰੰਤ ਸਫ਼ਾਈ ਕਰਵਾਉਣ ਦੀ ਮੰਗ ਕੀਤੀ ਹੈ।ਜ਼ਿਲ੍ਹਾ ਪ੍ਰਧਾਨ ਦੌਲਤਪੁਰਾ ਨੇ ਕਿਹਾ ਕਿ ਇਸ ਵੇਲੇ ਬਹੁਤੀਆਂ ਡਰੇਨਾਂ ਵਿੱਚ ਘਾਹ-ਫੂਸ, ਝਾੜੀਆਂ, ਗਾਰ ਤੇ ਹੋਰ ਕੂੜਾ-ਕਰਕਟ ਜਮ੍ਹਾਂ ਹੋਣ ਕਾਰਨ ਪਾਣੀ ਦੀ ਨਿਕਾਸੀ ਪ੍ਰਭਾਵਿਤ ਹੋ ਰਹੀ ਹੈ।ਹਰ ਸਾਲ ਬਰਸਾਤਾਂ ਦੌਰਾਨ ਡਰੇਨਾਂ ਦੀ ਸਫ਼ਾਈ ਨਾ ਹੋਣ ਕਾਰਨ ਹਜ਼ਾਰਾਂ ਏਕੜ ਫ਼ਸਲਾਂ ਪਾਣੀ ਵਿੱਚ ਡੁੱਬ ਜਾਂਦੀਆਂ ਹਨ, ਜਿਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪੈਂਦਾ ਹੈ।ਇਸ ਤੋਂ ਇਲਾਵਾ ਪਿੰਡਾਂ ਤੇ ਸ਼ਹਿਰਾਂ ਦੇ ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਕਾਰਨ ਆਮ ਲੋਕਾਂ ਨੂੰ ਵੀ ਕਾਫ਼ੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਭੁਪਿੰਦਰ ਸਿੰਘ ਦੌਲਤਪੁਰਾ ਨੇ ਮੰਗ ਕੀਤੀ ਕਿ ਡਰੇਨਾਂ ਵਿੱਚ ਜਮ੍ਹਾਂ ਗਾਰ, ਘਾਹ-ਫੂਸ ਤੇ ਹੋਰ ਰੁਕਾਵਟਾਂ ਨੂੰ ਤੁਰੰਤ ਹਟਾਇਆ ਜਾਵੇ, ਡਰੇਨਾਂ ਦੇ ਟੁੱਟੇ ਹੋਏ ਕੰਢਿਆਂ ਦੀ ਮੁਰੰਮਤ ਕੀਤੀ ਜਾਵੇ ਤੇ ਬਰਸਾਤਾਂ ਸ਼ੁਰੂ ਹੋਣ ਤੋਂ ਪਹਿਲਾਂ ਸਾਰਾ ਸਫ਼ਾਈ ਕਾਰਜ ਮੁਕੰਮਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਡਰੇਨਾਂ ਦੀ ਨਿਯਮਤ ਨਿਗਰਾਨੀ ਲਈ ਵੀ ਪੱਕਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਕਿਸਾਨਾਂ ਤੇ ਆਮ ਲੋਕਾਂ ਨੂੰ ਨੁਕਸਾਨ ਤੋਂ ਬਚਾਇਆ ਜਾ ਸਕੇ।

ਇਸ ਮੌਕੇ ਡਰੇਨ ਵਿਭਾਗ ਦੇ ਐੱਸ.ਡੀ.ਓ. ਸੰਦੀਪ ਕੁਮਾਰ ਨੇ ਕਿਸਾਨ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਵਿਭਾਗ ਵੱਲੋਂ ਡਰੇਨਾਂ ਦੀ ਸਫ਼ਾਈ ਤੇ ਲੋੜੀਂਦੀ ਮੁਰੰਮਤ ਸਬੰਧੀ ਕਾਰਵਾਈ ਨੂੰ ਤਰਜੀਹ ਦੇ ਆਧਾਰ 'ਤੇ ਅਮਲ ਵਿੱਚ ਲਿਆਂਦਾ ਜਾਵੇਗਾ।ਉਨ੍ਹਾਂ ਕਿਸਾਨਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਵਿਅਕਤੀਆਂ ਵੱਲੋਂ ਡਰੇਨਾਂ ਦੀ ਜ਼ਮੀਨ ਉੱਪਰ ਨਾਜਾਇਜ਼ ਕਬਜ਼ੇ ਕੀਤੇ ਹੋਏ ਹਨ, ਉਹ ਖੁਦ ਹੀ ਇਹ ਕਬਜ਼ੇ ਹਟਾ ਦੇਣ।ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਜੇਕਰ ਡਰੇਨਾਂ ਦੀ ਸਫ਼ਾਈ ਤੇ ਮੁਰੰਮਤ ਸਮੇਂ ਸਿਰ ਨਾ ਕੀਤੀ ਗਈ ਤੇ ਬਰਸਾਤਾਂ ਦੌਰਾਨ ਕਿਸਾਨਾਂ ਜਾਂ ਆਮ ਲੋਕਾਂ ਦਾ ਨੁਕਸਾਨ ਹੋਇਆ ਤਾਂ ਇਸ ਦੀ ਜ਼ਿੰਮੇਵਾਰੀ ਸੰਬੰਧਤ ਵਿਭਾਗ ਤੇ ਪੰਜਾਬ ਸਰਕਾਰ ਦੀ ਹੋਵੇਗੀ।

ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਲਖਬੀਰ ਸਿੰਘ ਸੰਧੂਆਣਾ, ਜ਼ਿਲ੍ਹਾ ਮੀਤ ਪ੍ਰਧਾਨ ਮੋਦਨ ਸਿੰਘ ਨਿਧਾ ਵਾਲਾ, ਜ਼ਿਲ੍ਹਾ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ, ਮੀਤ ਪ੍ਰਧਾਨ ਲਖਵਿੰਦਰ ਸਿੰਘ ਉਰੌਲੀ, ਬੰਤ ਸਿੰਘ ਨਿਧਾ ਵਾਲਾ, ਗੁਰਮੀਤ ਸਿੰਘ ਸੰਧੂਆਣਾ ਆਦਿ ਆਗੂ ਹਾਜ਼ਰ ਸਨ।

# ਹੋਮਿਓਪੈਥਿਕ ਕਲੀਨਿਕ 'ਤੇ ਅਣਪਛਾਤੇ ਨਕਾਬਪੋਸ਼ਾਂ ਵੱਲੋਂ ਫਾਇਰਿੰਗ

**ਜਲੰਧਰ (ਸ਼ੈਲੀ ਐਲਬਰਟ)**- ਜਲੰਧਰ ਸਲੇਮਪੁਰ ਰੋਡ 'ਤੇ ਵੇਰਕਾ ਮਿਲਕ ਪਲਾਂਟ ਕੋਲ ਆਰੀਅਨ ਹੋਮਿਓਪੈਥਿਕ ਕਲੀਨਿਕ 'ਤੇ ਅਣਪਛਾਤੇ ਨਕਾਬਪੋਸ਼ ਬਦਮਾਸ਼ਾਂ ਵੱਲੋਂ ਅੰਨ੍ਹੇਵਾਹ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਹਮਲਾਵਰ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਏ। ਘਟਨਾ ਦੌਰਾਨ ਕਲੀਨਿਕ ਦੇ ਸ਼ਟਰ ਵਿੱਚ ਗੋਲੀਆਂ ਦੇ ਨਿਸ਼ਾਨ ਪਾਏ ਗਏ ਅਤੇ ਅੰਦਰ ਲੱਗੇ ਸ਼ੀਸ਼ੇ ਟੁੱਟੇ ਹੋਏ ਮਿਲੇ। ਹਾਲਾਂਕਿ, ਘਟਨਾ ਵੇਲੇ ਇਲਾਕੇ ਦੀਆਂ ਸਾਰੀਆਂ ਦੁਕਾਨਾਂ ਬੰਦ ਹੋਣ ਕਾਰਨ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਕੋਈ ਸੂਚਨਾ ਨਹੀਂ ਮਿਲੀ। ਘਟਨਾ ਦੀ ਜਾਣਕਾਰੀ ਮਿਲਦੇ ਹੀ ਸਥਾਨਕ ਪੁਲਸ ਤੁਰੰਤ ਮੌਕੇ 'ਤੇ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਵੱਲੋਂ ਇਲਾਕੇ ਵਿੱਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਹਮਲਾਵਰਾਂ ਦੀ ਪਛਾਣ ਕੀਤੀ ਜਾ ਸਕੇ। ਜਾਣਕਾਰੀ ਮੁਤਾਬਕ ਇਹ ਘਟਨਾ ਐਤਵਾਰ ਦੇਰ ਰਾਤ ਵਾਪਰੀ। ਨੇੜੇ ਦੁਕਾਨ ਚਲਾਉਣ ਵਾਲੀ ਇਕ ਮਹਿਲਾ ਨੇ ਦੱਸਿਆ ਕਿ ਜਦੋਂ ਉਹ ਸੋਮਵਾਰ ਸਵੇਰੇ ਆਪਣੀ ਦੁਕਾਨ 'ਤੇ ਪਹੁੰਚੀ ਤਾਂ ਉੱਥੇ ਪਹਿਲਾਂ ਹੀ ਪੁਲਸ ਮੌਜੂਦ ਸੀ। ਆਰੀਅਨ ਹੋਮਿਓਪੈਥਿਕ ਕਲੀਨਿਕ ਨੂੰ ਸੀਲ ਕੀਤਾ ਗਿਆ ਹੋਇਆ ਸੀ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਗੋਲੀ ਚੱਲਣ ਬਾਰੇ ਕੋਈ ਜਾਣਕਾਰੀ ਨਹੀਂ ਸੀ, ਪਰ ਆਸ-ਪਾਸ ਦੇ ਲੋਕਾਂ ਵਿੱਚ ਇਸ ਘਟਨਾ ਦੀ ਚਰਚਾ ਹੋ ਰਹੀ ਸੀ। ਇਸੇ ਦੌਰਾਨ ਨੇੜਲੀ ਦੁਕਾਨ ਦੇ ਮਾਲਕ ਰਵਿੰਦਰ ਸਿੰਘ ਨੇ ਦੱਸਿਆ ਕਿ ਗੋਲੀਬਾਰੀ ਦੀ ਗੱਲ ਸਾਹਮਣੇ ਆ ਰਹੀ ਹੈ, ਪਰ ਇਹ ਸਪੱਸ਼ਟ ਨਹੀਂ ਕਿ ਇਹ ਘਟਨਾ ਕਿਸ ਸਮੇਂ ਵਾਪਰੀ। ਐਤਵਾਰ ਹੋਣ ਕਾਰਨ ਸਾਰੀਆਂ ਦੁਕਾਨਾਂ ਬੰਦ ਸਨ ਅਤੇ ਸੋਮਵਾਰ ਸਵੇਰੇ ਜਦੋਂ ਉਹ ਦੁਕਾਨ ਖੋਲ੍ਹਣ ਆਏ ਤਾਂ ਉਨ੍ਹਾਂ ਨੇ ਸ਼ਟਰ ਖੁੱਲ੍ਹਾ ਅਤੇ ਅੰਦਰਲਾ ਸ਼ੀਸ਼ਾ ਟੁੱਟਿਆ ਦੇਖਿਆ। ਨਾਲ ਲੱਗਦੇ ਸਰਦੇਵਾ ਪ੍ਰਾਪਰਟੀ ਐਡਵਾਈਜ਼ਰ ਵਿੱਚ ਕੰਮ ਕਰਨ ਵਾਲੇ ਇਕ ਵਿਅਕਤੀ ਨੇ ਦੱਸਿਆ ਕਿ ਇਸ ਕਲੀਨਿਕ ਵਿੱਚ ਡਾਕਟਰ ਵਿਜੇ ਸ਼ਰਮਾ ਅਤੇ ਉਨ੍ਹਾਂ ਦੇ ਪੁੱਤਰ ਆਰੀਅਨ ਸ਼ਰਮਾ ਮਰੀਜ਼ਾਂ ਨੂੰ ਦੇਖਦੇ ਹਨ। ਸ਼ਨੀਵਾਰ ਰਾਤ ਕਰੀਬ 8:30 ਵਜੇ ਉਹ ਦੁਕਾਨ ਬੰਦ ਕਰਕੇ ਘਰ ਚਲੇ ਗਏ ਸਨ, ਜਦਕਿ ਐਤਵਾਰ ਨੂੰ ਕਲੀਨਿਕ ਪੂਰੀ ਤਰ੍ਹਾਂ ਬੰਦ ਰਿਹਾ। ਸੋਮਵਾਰ ਸਵੇਰੇ 8:30 ਵਜੇ ਜਦੋਂ ਦੁਕਾਨ ਖੋਲ੍ਹਣ ਦੀ ਕੋਸ਼ਿਸ਼ ਕੀਤੀ ਗਈ ਤਾਂ ਬਾਹਰ ਕੱਚ ਖਿਲਰਿਆ ਹੋਇਆ ਅਤੇ ਸ਼ਟਰ 'ਤੇ ਗੋਲੀ ਦਾ ਨਿਸ਼ਾਨ ਨਜ਼ਰ ਆਇਆ। ਗੋਲੀ ਦਾ ਨਿਸ਼ਾਨ ਦੇਖਣ ਤੋਂ ਬਾਅਦ ਇਲਾਕੇ 'ਚ ਹਫੜਾ-ਦਫੜੀ ਮਚ ਗਈ।



# 30 ਤੱਕ 'ਓਪਨ ਮੈਨਹੋਲ ਫ੍ਰੀ' ਹੋਵੇਗਾ ਪੰਜਾਬ : ਬੈਂਸ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਜਨਤਕ ਸੁਰੱਖਿਆ ਦੇ ਮੱਦੇਨਜ਼ਰ ਵੱਡਾ ਕਦਮ ਚੁੱਕਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸੂਬੇ ਦੇ ਹਰ ਸ਼ਹਿਰ ਨੂੰ 'ਓਪਨ ਮੈਨਹੋਲ-ਫ੍ਰੀ' ਕਰਨ ਲਈ 30 ਜੂਨ ਆਖ਼ਰੀ ਮਿਤੀ ਤੈਅ ਕੀਤੀ ਹੈ। ਸਾਰੇ ਨਗਰ ਨਿਗਮ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ (ਸ਼ਹਿਰੀ ਵਿਕਾਸ) ਨੂੰ ਇਸ ਸਬੰਧ ਵਿੱਚ ਇੰਨ-ਬਿੰਨ ਪਾਲਣਾ ਰਿਪੋਰਟ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਮਿਸ਼ਨ ਕਲੀਨ ਪੰਜਾਬ ਤਹਿਤ 'ਜ਼ੀਰੋ ਓਪਨ ਮੈਨਹੋਲ' ਮੁਹਿੰਮ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਜਾਂ ਅਣਗਹਿਲੀ ਦੇ ਸਖ਼ਤ ਨਤੀਜੇ ਭੁਗਤਣੇ ਪੈਣਗੇ। ਹਰਜੋਤ ਸਿੰਘ ਨੇ ਦੱਸਿਆ ਕਿ ਇਹ ਨਿਰਦੇਸ਼ ਸੂਬਾ ਪੱਧਰੀ ਸੁਰੱਖਿਆ ਆਡਿਟ ਤੋਂ ਬਾਅਦ ਆਇਆ ਹੈ, ਜਿਸ ਵਿੱਚ ਮਾਨਸੂਨ ਸੀਜ਼ਨ ਤੋਂ ਪਹਿਲਾਂ ਸੀਵਰੇਜ ਬੁਨਿਆਦੀ ਢਾਂਚੇ ਵਿੱਚ 1451 ਮੈਨਹੋਲ ਖੁੱਲ੍ਹੇ ਹੋਣ ਬਾਰੇ ਖੁਲਾਸਾ ਹੋਇਆ ਸੀ। ਉਨ੍ਹਾਂ ਕਿਹਾ ਕਿ 1000 ਤੋਂ ਵੱਧ ਮੈਨਹੋਲ ਪਹਿਲਾਂ ਹੀ ਠੀਕ ਕੀਤੇ ਜਾ ਚੁੱਕੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਨਾਲ ਹੋਣ ਵਾਲੇ ਹਾਦਸਿਆਂ ਨੂੰ ਰੋਕਣ ਲਈ ਬਾਕੀ ਸਾਰੇ ਖੁੱਲ੍ਹੇ ਪਏ ਮੈਨਹੋਲ ਨੂੰ ਬੰਦ ਕਰਨ ਵਿੱਚ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਖੁੱਲ੍ਹੇ ਮੈਨਹੋਲਾਂ ਨੂੰ ਖਾਸ ਕਰਕੇ ਬਰਸਾਤੀ ਮੌਸਮ ਦੌਰਾਨ 'ਮੌਤ ਦਾ ਖੂਹ' ਦੱਸਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਲੋਕਾਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਲਾਪਰਵਾਹੀ ਲਈ ਜ਼ੀਰੋ ਸਹਿਣਸ਼ੀਲਤਾ ਦੀ ਚੇਤਾਵਨੀ ਦਿੱਤੀ। ਇਹ ਮੁਹਿੰਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅਗਵਾਈ ਹੇਠ ਚੱਲ ਰਹੇ 'ਮਿਸ਼ਨ ਕਲੀਨ ਪੰਜਾਬ' ਪਹਿਲਕਦਮੀ ਦਾ ਹਿੱਸਾ ਹੈ।ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਸਥਾਨਕ ਸਰਕਾਰਾਂ ਵਿਭਾਗ ਨੇ ਮੈਨਹੋਲ ਬੰਦ ਕਰਨ ਦੀ ਅਸਲ-ਸਮੇਂ ਦੀ ਟਰੈਕਿੰਗ ਲਈ ਇੱਕ ਏ.ਆਈ.-ਏਕੀਕ੍ਰਿਤ ਮੋਬਾਈਲ ਐਪ ਵੀ ਸ਼ੁਰੂ ਕੀਤੀ ਹੈ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਜਥੇਬੰਦਕ ਢਾਂਚੇ ਦਾ ਵੱਡਾ ਵਿਸਥਾਰ

**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਸਰਦਾਰ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਬੰਦਕ ਨਿਯੁਕਤੀਆਂ ਕਰਦਿਆਂ ਹਲਕਾ ਬਲਾਚੌਰ ਵਿੱਚ ਪਾਰਟੀ ਦੇ ਮਿਹਨਤੀ ਆਗੂਆਂ ਅਤੇ ਵਰਕਰਾਂ ਨੂੰ ਨਵੀਆਂ ਅਹੁਦੇਦਾਰੀਆਂ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਹ ਪ੍ਰਭਾਵਸ਼ਾਲੀ ਪ੍ਰੋਗਰਾਮ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੁਖਦੀਪ ਸਿੰਘ ਸ਼ੁਕਾਰ ਹਲਕਾ ਇੰਚਾਰਜ ਨਵਾਂਸ਼ਹਿਰ, ਗੁਰਬਖਸ਼ ਸਿੰਘ ਖਾਲਸਾ ਮੈਂਬਰ ਐਸ ਜੀ ਪੀ ਸੀ ਅਤੇ ਹਲਕਾ ਇੰਚਾਰਜ ਬਲਾਚੌਰ ਸੰਦੀਪ ਹਨੀ ਟੌਂਸਾ ਦੀ ਵਿਸ਼ੇਸ਼ ਅਗਵਾਈ ਹੇਠ ਸੰਪੰਨ ਹੋਇਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ. ਤਰਲੋਚਨ ਸਿੰਘ ਰੱਕੜ (ਚੇਅਰਮੈਨ), ਸਤਨਾਮ ਸਿੰਘ ਡੀ ਐਸ ਪੀ, ਸੁੱਖਵਿੰਦਰ ਸਿੰਘ, ਪਰਮਜੀਤ ਪਨਿਆਲੀ, ਰਣਬੀਰ ਸਿੰਘ ਭੱਟੀ ਚੈਨਕੋਆਂ, ਮੋਹਨ ਸਿੰਘ ਰਾਣੇਵਾਲ ਟੱਪਰੀਆਂ,ਰਾਣਾ ਰਣਦੀਪ ਸਾਬਕਾ ਪ੍ਰਧਾਨ ਨਗਰ ਕੌਂਸਲ ਸਮੇਤ ਵੱਡੀ ਗਿਣਤੀ ਵਿੱਚ ਮੁੱਖ ਆਗੂ ਹਾਜ਼ਰ ਸਨ।ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹਲਕਾ ਬਲਾਚੌਰ ਦੇ ਵੱਖ-ਵੱਖ ਵਿੰਗਾਂ ਦੇ ਪ੍ਰਧਾਨਾਂ ਦੇ ਨਾਵਾਂ ਦਾ ਐਲਾਨ ਕੀਤਾ ਗਿਆ, ਜਿਨ੍ਹਾਂ ਵਿੱਚ:ਹਰਦੇਵ ਸਿੰਘ ਰਾਣਾ-ਪ੍ਰਧਾਨ, ਵਪਾਰ ਵਿੰਗ,ਕਰਨ ਜੋਤ ਸਿੰਘ ਬੈਂਸ-ਪ੍ਰਧਾਨ, ਯੂਥ ਅਕਾਲੀ ਦਲ, ਬੀਬੀ ਸੁਰਿੰਦਰ ਕੌਰ ਆਂਸਰੋ ਪ੍ਰਧਾਨ, ਇਸਤਰੀ ਅਕਾਲੀ ਦਲ, ਸੁੱਚਾ ਸਿੰਘ ਸੜੋਆ-ਪ੍ਰਧਾਨ, ਐਸ.ਸੀ. ਵਿੰਗ, ਸੁਰਿੰਦਰ ਭੂੰਬਲਾ-ਪ੍ਰਧਾਨ, ਬੀ.ਸੀ. ਵਿੰਗ। ਇਸ ਤੋਂ ਇਲਾਵਾ ਜ਼ਿਲ੍ਹਾ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨਾਂ ਦੀ ਸੂਚੀ ਵਿੱਚ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਨਾਲ ਸਬੰਧਤ ਟਕਸਾਲੀ ਤੇ ਮਿਹਨਤੀ ਆਗੂਆਂ ਨੂੰ ਜ਼ਿਲ੍ਹਾ ਦੇ ਸੀਨੀਅਰ ਮੀਤ ਪ੍ਰਧਾਨ ਦੀਆਂ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ ਜਿਨ੍ਹਾਂ 'ਚ ਅਮਰੀਕ ਸਿੰਘ ਖੱਡੂਪੁਰ,ਬਰਿੰਦਰ ਕੁਮਾਰ ਪੋਜੇਵਾਲ, ਦੇਸਰਾਜ ਮੋਤੋਂ, ਚੂਹੜ ਰਾਮ ਸਰਪੰਚ ਕੁਲਾਰ, ਚਰਨਜੀਤ ਸਿੰਘ ਮਹਿਲੀ ਆਦੋਆਣਾ, ਅਵਤਾਰ ਸਿੰਘ ਨੀਲਾਵਾੜਾ, ਕਾਬਲ ਸਿੰਘ ਸਰਪੰਚ ਸੁਰਾਪੁਰ, ਨਵੀਨ ਕੁਮਾਰ ਚੇਅਰਮੈਨ ਕੁਰਾਂ ਮੰਡ, ਪੰਜਾਬ ਸਿੰਘ ਸੁੱਜੋਵਾਲ, ਸ਼ਮਸ਼ੇਰ ਸਿੰਘ ਰੈਲ ਮਾਜਰਾ, ਪਿਆਰਾ ਸਿੰਘ ਪਨਿਆਲੀ ਕਲਾਂ, ਸੰਤੋਖ ਸਿੰਘ ਰੈਲਮਾਜਰਾ, ਮਾਸਟਰ ਜਗਦੀਸ਼ ਰਾਣਾ ਬਲਾਚੌਰ ਸ਼ਹਿਰ, ਚਰਨਜੀਤ ਸਿੰਘ ਕਿਸ਼ਨਪੁਰ, ਸੁਖਦੇਵ ਸਿੰਘ ਸਰਪੰਚ ਰੱਕੜਾ ਢਾਹਾਂ, ਸੁੱਚਾ ਸਿੰਘ ਸਰਪੰਚ ਬੁਲੇਵਾਲ, ਗੁਰਦੇਵ ਸਿੰਘ ਗੜ੍ਹੀ ਤੇ ਗੁਰਬਖਸ਼ ਸਿੰਘ ਨਿਆਣਾ,ਹਰੀਪਾਲ ਸਿੰਘ ਜਾਡਲੀ,ਭੁਪਿੰਦਰ ਸਿੰਘ ਮਹਿੰਦਪੁਰ ਸ਼ਾਮਿਲ ਹਨ।



# ਜਨਤਾ ਕਾਲਜ 'ਚ ਯੋਗਾ ਦਿਵਸ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਐਮ. ਜੀ ਐਸ.ਐਮ ਜਨਤਾ ਕਾਲਜ ਕਰਤਾਰਪੁਰ ਵਿਖੇ ਪ੍ਰਿੰਸੀਪਲ ਤੇ ਲੈਫਟੀਨੈਂਟ ਪ੍ਰੋ. ਦਲਜੀਤ ਸਿੰਘ ਦੀ ਅਗਵਾਈ ਹੇਠ ਭਾਰਤ ਸਰਕਾਰ ਦੀਆਂ ਹਿਦਾਇਤਾਂ ਅਨੁਸਾਰ ਐਨ. ਐੱਸ. ਐੱਸ ਅਤੇ ਐਨ. ਸੀ. ਸੀ ਬੀ ਏ ਪੀ ਪੀ ਬੀ ਬੀ ਐਨ ਐਨ ਸੀ ਸੀ ਕਪੂਰਥਲਾ ਵੱਲੋਂ ਸੀ. ਓ ਆਰ ਕੇ ਚੌਹਾਨ ਦੇ ਨਿਰਦੇਸ਼ਾਂ ਅਨੁਸਾਰ ਯੋਗਾ ਦਿਵਸ ਮਨਾਇਆ ਗਿਆ। ਜਿਸ ਵਿੱਚ ਐਨ.. ਸੀ. ਸੀ ਕੈਡਿਟ ਅਤੇ ਐਨ. ਐਸ. ਐਸ ਦੇ ਵਲੰਟੀਅਰ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਇਸ ਦਿਨ ਪ੍ਰੋਗਰਾਮ ਅਫ਼ਸਰ ਡਾ. ਗੁਲਜ਼ਾਰ ਸਿੰਘ ਨੇ ਵਿਦਿਆਰਥੀਆਂ ਨੂੰ ਯੋਗ ਆਸਣ ਕਰਵਾਏ। ਪ੍ਰਿੰਸੀਪਲ ਤੇ ਲੈਫਟੀਨੈਂਟ ਪ੍ਰੋ. ਦਲਜੀਤ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅਜੋਕੇ ਸਮੇਂ ਵਿੱਚ ਜਿਹੜਾ ਵਿਅਕਤੀ ਤੰਦਰੁਸਤ ਹੈ, ਉਹ ਦੁਨੀਆ ਦਾ ਸਭ ਤੋਂ ਅਮੀਰ ਵਿਅਕਤੀ ਹੈ। ਸਰੀਰ ਨੂੰ ਤੰਦਰੁਸਤ ਰੱਖਣ ਲਈ ਯੋਗ ਨਾਲ ਜੁੜਨਾ ਅਤਿ ਜ਼ਰੂਰੀ ਹੈ। ਕਾਲਜ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਤੇ ਸਾਬਕਾ ਐਮ. ਐਲ. ਏ (ਹਲਕਾ ਕਰਤਾਰਪੁਰ ) ਚੌਧਰੀ ਸੁਰਿੰਦਰ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਸਰੀਰ ਦੀ ਤੰਦਰੁਸਤੀ ਲਈ ਯੋਗ ਬਹੁਤ ਲਾਭਕਾਰੀ ਹੈ। ਇਸ ਮੌਕੇ ਪ੍ਰੋਗਰਾਮ ਅਫ਼ਸਰ ਸਾਕਸ਼ੀ ਕਸ਼ੱਅਪ ਨੇ ਵਿਦਿਆਰਥੀਆਂ ਨੂੰ ਯੋਗ ਕਰਨ ਦੇ ਲਾਭ ਦੱਸਦੇ ਹੋਏ ਨੌਜਵਾਨ ਪੀੜ੍ਹੀ ਨੂੰ ਇਸ ਨਾਲ ਜੁੜਨ ਦਾ ਸੰਦੇਸ਼ ਦਿੱਤਾ।

# ਬੱਡੋਂ ਵਿਖੇ ਕੀਰਤਨ ਦਰਬਾਰ ਕਰਵਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਇਤਿਹਾਸਕ ਪਿੰਡ ਬੱਡੋਂ ਵਿਖੇ ਗੁਰਦੁਆਰਾ ਸ਼ਹੀਦ ਬਾਬਾ ਕਰਮ ਸਿੰਘ ਜੀ (ਸ਼ਹੀਦਾਂ) ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਹੀਦ ਬਾਬਾ ਕਰਮ ਸਿੰਘ ਜੀ ਦੀ ਯਾਦ ਵਿੱਚ ਸਲਾਨਾ ਜੋੜ ਮੇਲੇ ਮੌਕੇ ਮਹਾਨ ਕੀਰਤਨ ਦਰਬਾਰ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਕਮੇਟੀ ਪ੍ਰਧਾਨ ਦਰਸ਼ਨ ਸਿੰਘ ਬੱਡੋਂ ਨੇ ਦੱਸਿਆ ਕਿ ਸਲਾਨਾ ਜੋੜ ਮੇਲੇ ਮੌਕੇ ਮਹਾਨ ਕੀਰਤਨ ਦਰਬਾਰ ਮੌਕੇ 17 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਲਾਨਾ ਜੋੜ ਮੇਲੇ ਮੌਕੇ ਮਹਾਨ ਗੁਰਮਤਿ ਸਮਾਗਮ ਵਿੱਚ ਕਵੀਸ਼ਰੀ ਜਥਿਆਂ ਨੇ ਗੁਰਬਾਣੀ, ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਪ੍ਰਬੰਧਕ ਨੇ ਆਏ ਹੋਏ ਰਾਗੀ ਜਥੇ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਕਮੇਟੀ ਪ੍ਰਧਾਨ ਦਰਸ਼ਨ ਸਿੰਘ, ਮੱਖਣ ਸਿੰਘ ਮੀਤ ਪ੍ਰਧਾਨ, ਹਰਦੀਪ ਸਿੰਘ ਖਾਲਸਾ ਖਜ਼ਾਨਚੀ, ਸੁਰਿੰਦਰ ਸਿੰਘ ਜਨਰਲ ਸਕੱਤਰ, ਸਰਬਪ੍ਰੀਤ ਸਿੰਘ ਸੋਨੂੰ ਸਟੇਜ ਸਕੱਤਰ, ਪਰਮਜੀਤ ਸਿੰਘ ਮੁੱਖ ਗ੍ਰੰਥੀ, ਤਰਲੋਚਨ ਸਿੰਘ, ਹਰਵੇਲ ਸਿੰਘ, ਵਿਜੈ ਸਿੰਘ, ਅਵਤਾਰ ਸਿੰਘ ਤਾਰੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਸਮਾਗਮ ਦੌਰਾਨ ਛਬੀਲ, ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਪ੍ਰੋਗਰਾਮ ਦੀ ਜਾਣਕਾਰੀ ਸਟੇਜ ਸਕੱਤਰ ਸਰਬਪ੍ਰੀਤ ਸਿੰਘ ਸੋਨੂੰ ਸਾਬਕਾ ਪੰਚ ਨੇ ਪ੍ਰੈਸ ਨੂੰ ਦਿੱਤੀ।



# ਮੁੱਖ ਮੰਤਰੀ ਦੇ ਨਿਰਦੇਸ਼ਾਂ ਤੋਂ ਬਾਅਦ ਏ ਡੀ ਸੀ ਨੂੰ ਮਿਲੇ ਪ੍ਰਸ਼ਾਸਨਿਕ ਅਧਿਕਾਰ

## ਹੁਣ ਲੋਕਾਂ ਨੂੰ ਬਹੁਤੇ ਪ੍ਰਸ਼ਾਸਨਿਕ ਕਾਰਜਾਂ ਲਈ ਨਹੀਂ ਜਾਣਾ ਪਵੇਗਾ ਕਪੂਰਥਲਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੀ ਦਿਨ ਪਹਿਲਾਂ ਫਗਵਾੜਾ ਦੇ ਵਸਨੀਕਾਂ ਨੂੰ ਸਬ-ਡਿਵੀਜ਼ਨ ਪੱਧਰ 'ਤੇ ਹੀ ਅਹਿਮ ਪ੍ਰਸ਼ਾਸਨਿਕ ਸੇਵਾਵਾਂ ਮੁਹੱਈਆ ਕਰਵਾਉਣ ਦੇ ਵਾਅਦੇ ਨੂੰ ਪੂਰਾ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ, ਫਗਵਾੜਾ ਨੂੰ ਕਈ ਅਹਿਮ ਪ੍ਰਸ਼ਾਸਨਿਕ ਕਾਰਜਾਂ ਲਈ ਅਧਿਕਾਰਤ ਕਰ ਦਿੱਤਾ ਗਿਆ ਹੈ।ਇਸ ਫੈਸਲੇ ਨਾਲ ਫਗਵਾੜਾ ਸਬ-ਡਵੀਜ਼ਨ ਵਾਸੀਆਂ ਨੂੰ ਹੁਣ ਇਨ੍ਹਾਂ ਕਾਰਜਾਂ ਲਈ ਜ਼ਿਲ੍ਹਾ ਹੈਡਕੁਆਰਟਰ, ਕਪੂਰਥਲਾ ਵਿਖੇ ਨਹੀ ਜਾਣਾ ਪਵੇਗਾ। ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਫਗਵਾੜਾ ਦੇ ਵਧੀਕ ਡਿਪਟੀ ਕਮਿਸ਼ਨਰ ਨੂੰ ਕਈ ਪ੍ਰਸ਼ਾਸਨਿਕ ਅਧਿਕਾਰ ਸੌਂਪੇ ਗਏ ਹਨ। ਇਹ ਫੈਸਲਾ ਪਿਛਲੇ ਵੀਰਵਾਰ ਫਗਵਾੜਾ ਵਿੱਚ ਹੋਈ ਲੋਕ ਮਿਲਣੀ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਿੱਤੇ ਨਿਰਦੇਸ਼ਾਂ ਦਾ ਸਿੱਟਾ ਹੈ ਕਿਉਂਕਿ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਲੋਕ ਹਿੱਤ ਵਿੱਚ ਇਹ ਮੰਗ ਮੁੱਖ ਮੰਤਰੀ ਸਾਹਮਣੇ ਰੱਖੀ ਸੀ। ਮੁੱਖ ਮੰਤਰੀ ਨੇ ਮੰਗ ਨੂੰ ਤੁਰੰਤ ਸਵੀਕਾਰ ਕਰਦਿਆਂ ਡਿਪਟੀ ਕਮਿਸ਼ਨਰ ਕਪੂਰਥਲਾ ਨੂੰ ਮੌਕੇ 'ਤੇ ਹੀ ਸਬ-ਡਿਵੀਜ਼ਨ ਪੱਧਰ 'ਤੇ ਵਧੀਕ ਡਿਪਟੀ ਕਮਿਸ਼ਨਰ ਨੂੰ ਲੋੜੀਂਦੇ ਅਧਿਕਾਰ ਦੇਣ ਦੇ ਨਿਰਦੇਸ਼ ਦਿੱਤੇ ਸਨ। ਮੁੱਖ ਮੰਤਰੀ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਐਡੀਸ਼ਨਲ ਡਿਪਟੀ ਕਮਿਸ਼ਨਰ (ਜਨਰਲ), ਫਗਵਾੜਾ ਨੂੰ ਸਬ-ਡਿਵੀਜ਼ਨ ਅਧੀਨ ਆਉਣ ਵਾਲੀਆਂ ਕਈ ਮਹੱਤਵਪੂਰਨ ਨਾਗਰਿਕ ਸੇਵਾਵਾਂ ਲੋਕਾਂ ਨੂੰ ਪ੍ਰਦਾਨ ਕਰਨ ਦੀ ਜ਼ਿੰਮੇਵਾਰੀ ਸੌਂਪੀ ਹੈ। ਇਸ ਨਾਲ ਫਗਵਾੜਾ ਸਬ-ਡਵੀਜ਼ਨ ਵਾਸੀਆਂ ਨੂੰ ਨਾ ਸਿਰਫ ਵੱਡੀ ਰਾਹਤ ਮਿਲੇਗੀ ਸਗੋਂ ਉਨ੍ਹਾਂ ਦੇ ਰੋਜ਼ਾਨਾ ਦੇ ਕੰਮ ਇੱਥੇ ਹੀ ਹੋ ਜਾਣ ਨਾਲ ਸਮੇਂ ਦੀ ਵੀ ਬੱਚਤ ਹੋਵੇਗੀ।ਇਸ ਤੋਂ ਇਲਾਵਾ ਏਡੀਸੀ ਲੋਕ ਸ਼ਿਕਾਇਤਾਂ ਦਾ ਨਿਪਟਾਰਾ, ਆਜ਼ਾਦੀ ਘੁਲਾਟੀਆਂ ਬਾਰੇ ਸਰਟੀਫਿਕੇਟ ਜਾਰੀ ਕਰਨਾ, ਸਰਟੀਫਿਕੇਟਾਂ ਦੀ ਕਾਊਂਟਰ ਸਾਈਨਿੰਗ, ਆਤਿਸ਼ਬਾਜ਼ੀ ਦੀ ਮਨਜ਼ੂਰੀ, ਇੱਕ ਸਾਲ ਬਾਅਦ ਲਾਜ਼ਮੀ ਵਿਆਹ ਰਜਿਸਟ੍ਰੇਸ਼ਨ ਐਕਟ ਅਤੇ ਸਪੈਸ਼ਲ ਮੈਰਿਜ ਐਕਟ ਤਹਿਤ ਵਿਆਹਾਂ ਦੀ ਰਜਿਸਟ੍ਰੇਸ਼ਨ, ਅਣਵਿਆਹੇ ਹੋਣ ਦੇ ਸਰਟੀਫਿਕੇਟ, ਪੁਲਿਸ ਸਹਾਇਤਾ ਅਤੇ ਆਰਮਜ਼ ਐਕਟ ਦੀਆਂ ਧਾਰਾਵਾਂ 25, 54 ਅਤੇ 59 ਤਹਿਤ ਮਨਜ਼ੂਰੀਆਂ ਵੀ ਦੇਣਗੇ।


# ਸਾਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)** ਸਰਬ ਸਾਂਝਾ ਦਰਬਾਰ ਰੱਤੂ ਜਠੇਰੇ ਅਸਥਾਨ ਬਾਬਾ ਡੋਗਰ ਪੀਰ,ਬਾਬਾ ਜਾਹਰ ਪੀਰ ਅਤੇ ਬਾਬਾ ਸੇਲਬਰਾਹ ਪਿੰਡ ਝੰਡੇਰਾਂ ਵਿਖੇ ਸਾਲਾਨਾ ਜੋੜ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਰੱਤੂ ਪਰਵਾਰ ਵਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਪ੍ਰਧਾਨ ਮੇਜਰ ਰਾਮ ਰੱਤੂ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਕਲਾਕਾਰਾਂ ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਦਰਬਾਰ ਤੇ ਠੰਡਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪ੍ਰਧਾਨ ਮੇਜਰ ਰਾਮ ਰੱਤੂ, ਕੁਲਦੀਪ ਕੁਮਾਰ ,ਇਰਵਨ ਰੱਤੂ, ਡਾ. ਸੁਰਿੰਦਰ ਕੁਮਾਰ ਸਰਪੰਚ, ਮਹਿੰਦਰ ਰਾਮ ਰੱਤੂ, ਬਿਸ਼ਨ ਲਾਲ ਸਰਹਾਲ ਮੁੰਡੀ, ਕਿਸ਼ੋਰੀ ਲਾਲ ਸਰਪੰਚ ਚੱਕ ਗੁਰੂ, ਰਾਮ ਪ੍ਰਕਾਸ਼ ਰੱਤੂ, ਸਤਵਿੰਦਰ ਕੁਮਾਰ, ਪਰਗਣ ਸਿੰਘ ਸ਼ੇਰਗਿੱਲ, ਮੰਗਤ ਰਾਮ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



# ਚੇਅਰਮੈਨ ਗੜ੍ਹੀ ਵੱਲੋਂ ਸੰਤ ਪਰਮਜੀਤ ਦਾਸ ਨਗਰ ਨਾਲ ਮੁਲਾਕਾਤ

**ਹੁਸ਼ਿਆਰਪੁਰ (ਓ ਪੀ ਰਾਣਾ, ਬੀ ਐੱਸ ਸੈਣੀ)**- ਡੇਰਾ ਸੰਤ ਮੇਲਾ ਰਾਮ ਸੱਚਖੰਡ ਨਗਰ ਵਿਖੇ ਨਤਮਸਤਕ ਹੋ ਕੇ ਐਸ ਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵਲੋਂ ਮੌਜੂਦਾ ਗੱਦੀ ਨਸ਼ੀਨ ਸ੍ਰੀਮਾਨ 108 ਸੰਤ ਪਰਮਜੀਤ ਦਾਸ ਕੈਸ਼ੀਅਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਨਾਲ ਧਾਰਮਿਕ, ਸਮਾਜਿਕ ਮਸਲਿਆਂ ਦੇ ਹੱਲ ਲਈ ਅਤੇ ਡੇਰੇ ਦੇ ਆਲੇ ਦੁਆਲੇ ਸੜਕਾਂ, ਬਰਸਾਤੀ ਪਾਣੀ ਨਾਲ ਹੁੰਦੇ ਭਾਰੀ ਨੁਕਸਾਨ ਅਤੇ ਹੋਰ ਸਮੱਸਿਆਵਾਂ ਨੂੰ ਲੈ ਕੇ ਮੁਲਾਕਾਤ ਕੀਤੀ। ਸੰਤ ਪਰਮਜੀਤ ਦਾਸ ਨੇ ਦੱਸਿਆ ਕਿ ਉਹ ਇਤਿਹਾਸਕ ਅਸਥਾਨ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਮੁੱਖ ਸੇਵਾਦਾਰ ਸੇਵਾ ਨਿਭਾਅ ਰਹੇ ਹਨ, ਇਥੇ ਸਾਲ ਵਿੱਚ ਕਈ ਵੱਡੇ ਸਮਾਗਮ ਹੁੰਦੇ ਹਨ ਅਤੇ ਦਰਸ਼ਨਾਂ ਲਈ ਲੱਖਾਂ ਸ਼ਰਧਾਲੂ ਆਉਂਦੇ ਹਨ। ਓਨਾਂ ਕਿਹਾ ਇਥੇ ਸੜਕਾਂ ਤੋਂ ਪਾਣੀ ਦੀ ਨਿਕਾਸੀ ਸਹੀ ਨਾ ਹੋਣ ਕਰਕੇ ਸੰਗਤਾਂ ਨੂੰ ਵੱਡੀ ਪ੍ਰੇਸ਼ਾਨੀ ਹੁੰਦੀ ਹੈ ਜਿਸਦੇ ਹੱਲ ਲਈ ਉਨ੍ਹਾਂ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਹੈ। ਇਸ ਮੌਕੇ ਐਸ ਸੀ ਕਮਿਸ਼ਨ ਪੰਜਾਬ ਜਸਵੀਰ ਸਿੰਘ ਗੜ੍ਹੀ ਵਲੋਂ ਕੌਮ ਦੇ ਧਾਰਮਿਕ ਅਤੇ ਸਮਾਜਿਕ ਮਸਲਿਆਂ ਦੇ ਹੱਲ ਲਈ ਪਾਰਦਰਸ਼ਤਾ ਲਿਆਉਣ ਸਬੰਧੀ ਲੰਬੀ ਗੱਲਬਾਤ ਕੀਤੀ। ਇਸ ਮੌਕੇ ਸੰਤ ਪਰਮਜੀਤ ਦਾਸ ਵਲੋਂ ਗੁਰੂਘਰ ਦੀ ਬਖਸ਼ਿਸ਼ ਸਿਰਪਾਓ ਭੇਟ ਕਰਕੇ ਜਸਵੀਰ ਸਿੰਘ ਗੜ੍ਹੀ ਅਤੇ ਹੋਰ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਡੇਰੇ ਦੇ ਸੇਵਾਦਾਰਾਂ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਸਮੈਮ ਤੇ ਸੀ ਡੀ ਪੀ ਸਕੀਮ ਅਧੀਨ ਲਾਭਪਾਤਰੀਆਂ ਦੀ ਚੋਣ

**ਬਲਾਚੌਰ (ਜਸਵਿੰਦਰ ਬੈਂਸ)**- ਡਿਪਟੀ ਕਮਿਸ਼ਨਰ ਗੁੱਲਪ੍ਰੀਤ ਸਿੰਘ ਔਲੱਖ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪੱਧਰੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਹੋਈ, ਜਿਸ ਵਿੱਚ ਉਨ੍ਹਾਂ ਵਲੋਂ ਸਮੈਮ ਅਤੇ ਸੀ.ਡੀ.ਪੀ ਸਕੀਮ ਸਾਲ 2026-27 ਵਿੱਚ ਵੱਖ-ਵੱਖ ਮਸ਼ੀਨਾਂ ਦੀਆਂ ਪ੍ਰਾਪਤ ਹੋਈਆਂ ਦਰਖਾਸਤਾਂ ਦੀ ਇਨ੍ਹਾਂ ਦੇ ਪ੍ਰਾਪਤ ਟੀਚਿਆਂ ਮੁਤਾਬਿਕ ਲਾਭਪਾਤਰੀਆਂ ਦੀ ਚੋਣ ਕੀਤੀ ਗਈ।ਡਾ. ਲੇਖ ਰਾਜ ਮਾਹੀ, ਮੁੱਖ ਖੇਤੀਬਾੜੀ ਅਫਸਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਦੱਸਿਆ ਗਿਆ ਕਿ ਵੱਖ-ਵੱਖ ਕੈਟਾਗਿਰੀ ਵਿੱਚ ਚੁੱਣੇ ਗਏ ਲਾਭਪਾਤਰੀਆਂ ਨੂੰ ਮਸ਼ੀਨਾਂ ਖਰੀਦਣ ਲਈ ਵਿਭਾਗ ਦੀਆਂ ਗਾਇਡਲਾਈਨਜ਼ ਅਨੁਸਾਰ ਸਬੰਧਤ ਬਲਾਕ ਖੇਤੀਬਾੜੀ ਅਫਸਰ ਵੱਲੋਂ ਤਸਦੀਕ ਹੋਣ ਉਪਰੰਤ ਸੈਂਕਸ਼ਨ ਜਾਰੀ ਕਰ ਦਿੱਤੀ ਜਾਵੇਗੀ।ਉਨ੍ਹਾਂ ਵਲੋਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਸਾਰੇ ਕਿਸਾਨ ਵੱਧ ਤੋਂ ਵੱਧ ਖੇਤੀ ਮਸ਼ੀਨੀਕਰਨ ਨੂੰ ਅਪਣਾਉਣ ਜਿਸ ਨਾਲ ਫਸਲ ਦੇ ਝਾੜ ਵਿੱਚ ਵਾਧਾ ਹੁੰਦਾ ਹੈ ਅਤੇ ਲੇਬਰ ਦੀ ਵੀ ਬਚੱਤ ਹੁੰਦੀ ਹੈ।ਇਸ ਮੋਕੇ ਤੇ ਇੰਜ: ਚੰਦਨ ਸ਼ਰਮਾ ਸਹਾਇਕ ਖੇਤੀਬਾੜੀ ਇੰਜੀਨੀਅਰ (ਸੰਦ), ਡਾ. ਜਸਵਿੰਦਰ ਸਿੰਘ, ਅਸਿਸਟੈਂਟ ਪ੍ਰਫੈਸਰ ਕੇ.ਵੀ.ਕੇ ਲੰਗੜੋਆ, ਰਾਜੇਸ਼ ਮੋਹਨ ਭਗਤ ਐਲ.ਡੀ.ਐਮ (ਪੀ.ਐਨ.ਬੀ), ਸੰਦੀਪ ਗੰਗੜ ਏ.ਟੀ.ਐਮ, ਗੁਰਚਰਨ ਸਿੰਘ ਸੀਨੀਅਰ ਸਹਾਇਕ ਅਤੇ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ 10 ਤੋਂ ਵੱਧ ਕਿਸਾਨ ਹਾਜ਼ਰ ਸਨ।



# ਅਕਾਲੀ ਦਲ ਦੇ ਵਰਕਰ ਪਾਰਟੀ, ਸਿਧਾਂਤਾਂ ਦੇ ਸਨਮਾਨ ਲਈ ਹਮੇਸ਼ਾ ਡਟ ਕੇ ਖੜ੍ਹੇ : ਬਲਦੇਵ ਖਹਿਰਾ



**ਫਿਲੌਰ (ਨਿਰਮਲ)**- ਸ਼੍ਰੋਮਣੀ ਅਕਾਲੀ ਦਲ ਦੇ ਸਮਰਪਤ ਵਰਕਰਾਂ ਅਤੇ ਆਗੂਆਂ ਨੇ ਇੱਕਜੁੱਟਤਾ ਅਤੇ ਪਾਰਟੀ ਪ੍ਰਤੀ ਆਪਣੀ ਵਫ਼ਾਦਾਰੀ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਝਾੜੂ ਪਾਰਟੀ ਨੂੰ ਕਰਾਰਾ ਜਵਾਬ ਦਿੱਤਾ।ਇਹ ਜਾਣਕਾਰੀ ਦਿੰਦੇ ਹੋਏ ਅਕਾਲੀ ਦਲ (ਬ) ਦੇ ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ ਨੇ ਦੱਸਿਆ ਕਿ ਜਿਵੇਂ ਹੀ ਇਹ ਜਾਣਕਾਰੀ ਪ੍ਰਾਪਤ ਹੋਈ ਕਿ ਆਮ ਆਦਮੀ ਪਾਰਟੀ ਵੱਲੋਂ ਮੇਰੇ ਗ੍ਰਹਿ ਦਾ ਘਿਰਾਓ ਕਰਨ ਦੀ ਯੋਜਨਾ ਬਣਾਈ ਗਈ ਹੈ, ਤੁਰੰਤ ਹੀ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਹਿਬਾਨ ਅਤੇ ਵੱਡੀ ਗਿਣਤੀ ਵਿੱਚ ਵਰਕਰ ਮੇਰੇ ਗ੍ਰਹਿ ਵਿਖੇ ਪਹੁੰਚ ਗਏ ਅਤੇ ਪਾਰਟੀ ਦੀ ਏਕਤਾ ਅਤੇ ਤਾਕਤ ਦਾ ਪ੍ਰਗਟਾਵਾ ਕੀਤਾ।ਮੈਂ ਹਲਕਾ ਫਿਲੌਰ ਦੇ ਸਮੂਹ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ, ਵਰਕਰਾਂ ਅਤੇ ਸਾਥੀਆਂ ਦਾ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਅੱਜ ਇਹ ਸਾਬਤ ਕਰ ਦਿੱਤਾ ਕਿ ਸਾਡੇ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਸਰਵਉਚ ਅਤੇ ਮਹਾਨ ਸੰਸਥਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੋ ਵੀ ਫ਼ੈਸਲਾ ਆਵੇਗਾ, ਸਮੁੱਚੀ ਕੌਮ ਉਸ ਨੂੰ ਖਿੜੇ ਮੱਥੇ ਅਤੇ ਪੂਰੇ ਸਤਿਕਾਰ ਨਾਲ ਪ੍ਰਵਾਨ ਕਰੇਗੀ।ਅੱਜ ਦੇ ਇਸ ਇਕੱਠ ਨੇ ਇਹ ਵੀ ਸਪੱਸ਼ਟ ਕਰ ਦਿੱਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਆਪਣੀ ਪਾਰਟੀ, ਆਪਣੇ ਸਿਧਾਂਤਾਂ ਅਤੇ ਪੰਥਕ ਸੰਸਥਾਵਾਂ ਦੇ ਸਨਮਾਨ ਲਈ ਹਮੇਸ਼ਾ ਡਟ ਕੇ ਖੜ੍ਹੇ ਹਨ।

# ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਦੇ 117ਵੇਂ ਜਨਮ ਦਿਹਾੜੇ ਮੌਕੇ ਧਾਰਮਿਕ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਨਜ਼ਦੀਕੀ ਪਿੰਡ ਪੰਜੌੜਾ ਵਿਖੇ ਧੰਨ-ਧੰਨ 108 ਸੰਤ ਬਾਬਾ ਹਰੀ ਸਿੰਘ ਜੀ ਮਹਾਰਾਜ ਨੈਕੀ ਵਾਲਿਆਂ ਦੇ ਤਪ-ਅਸਥਾਨ ਗੁਰਦੁਆਰਾ ਨੈਕੀ ਸਾਹਿਬ ਪਿੰਡ ਪੰਜੌੜ ਵਿਖੇ ਪ੍ਰਬੰਧਕ ਕਮੇਟੀ, ਸਮੂਹ ਇਲਾਕੇ ਦੀ ਸੰਗਤ, ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਜਸਪਾਲ ਸਿੰਘ ਨੈਕੀ ਵਾਲੇ ਅਤੇ ਸੰਤ ਬਾਬਾ ਅਮਰੀਕ ਸਿੰਘ ਨੈਕੀ ਵਾਲਿਆਂ ਦੀ ਅਗਵਾਈ ਵਿੱਚ ਸ਼ਰਧਾਪੂਰਵਕ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਸੰਤ ਬਾਬਾ ਅਮਰੀਕ ਸਿੰਘ ਮੰਨਣਹਾਨਾ ਵਾਲੇ, ਭਾਈ ਵੀਰ ਜਤਿੰਦਰ ਸਿੰਘ ਮਲਕਪੁਰ ਵਾਲੇ, ਸੰਤ ਬਾਬਾ ਜਸਪਾਲ ਸਿੰਘ ਨੈਕੀ ਵਾਲੇ, ਜਥੇਦਾਰ ਬਾਬਾ ਗੁਰਮੀਤ ਸਿੰਘ ਨਡਾਲੋਂ ਵਾਲੇ, ਭਾਈ ਸਰਬਜੀਤ ਸਿੰਘ ਲੁਧਿਆਣੇ ਵਾਲੇ, ਭਾਈ ਜੀਵਨ ਸਿੰਘ ਬਗੀਚੀ ਵਾਲੇ, ਗੁਰਦੁਆਰਾ ਨੈਕੀ ਸਾਹਿਬ ਪੰਜੌੜ ਸੰਗੀਤ ਵਿਦਿਆਲੇ ਦੇ ਵਿਦਿਆਰਥੀ, ਹਰੀ ਦਰਬਾਰ ਸੰਗੀਤ ਵਿਦਿਆਲਾ (ਅਟਾਰੀ) ਦੇ ਵਿਦਿਆਰਥੀ ਆਦਿ ਨੇ ਕਥਾ ਕੀਰਤਨ ਦੁਆਰਾ ਗੁਰ ਇਤਿਹਾਸ ਤੇ ਗੁਰ-ਮਹਿਮਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਸੰਤ ਸਮਾਗਮ ਵਿੱਚ ਇਲਾਕੇ ਭਰ ਤੋਂ ਸੰਤ-ਮਹਾਂਪੁਰਸ਼ ਸੰਤ ਬਾਬਾ ਪ੍ਰੀਤਮ ਸਿੰਘ ਬੜੀਆਂ ਕਲਾਂ, ਸੰਤ ਬਾਬਾ ਬਿਕਰਮਜੀਤ ਸਿੰਘ ਨੰਗਲ ਖੁਰਦ, ਸੰਤ ਬਾਬਾ ਪ੍ਰੀਤਮ ਸਿੰਘ ਡੁਮੇਲੀ, ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ, ਸੁਆਮੀ ਅੰਬਿਕਾ ਭਾਰਤੀ ਲੁਧਿਆਣਾ, ਸੁਆਮੀ ਵਿਸ਼ਵ ਭਾਰਤੀ ਲੁਧਿਆਣਾ, ਸੰਤ ਬਾਬਾ ਭੁਪਿੰਦਰ ਸਿੰਘ ਅੰਮ੍ਰਿਤਸਰ, ਸੰਤ ਬਾਬਾ ਜੋਗਿੰਦਰ ਸਿੰਘ ਅਟਾਰੀ, ਸੰਤ ਬਾਬਾ ਮੱਖਣ ਸਿੰਘ ਟੂਟੋਮਜਾਰਾ, ਸੰਤ ਸਰਬਜੀਤ ਸਿੰਘ ਠੱਕਰਵਾਲ, ਸੰਤ ਗੁਰਪ੍ਰੀਤ ਸਿੰਘ , ਬਾਬਾ ਅਮਰਜੀਤ ਸਿੰਘ ਕਥਾ ਵਾਚਕ ਹਰਖੋਵਾਲ, ਸੰਤ ਬਾਬਾ ਬਲਵੀਰ ਸਿੰਘ, ਸੰਤ ਬਾਬਾ ਜਰਨੈਲ ਸਿੰਘ ਨੌਰਾ, ਸੰਤ ਬਾਬਾ ਗੁਰਨਾਮ ਸਿੰਘ, ਸੰਤ ਤਰਸੇਮ ਸਿੰਘ, ਸੰਤ ਰਿਸ਼ੀ ਰਾਜ ਨਵਾਂਸ਼ਹਿਰ, ਬੀਬੀ ਗੁਰਿੰਦਰ ਕੌਰ ਬਾਹੋਵਾਲ, ਸੰਤ ਤੇਜਾ ਸਿੰਘ ਖੁੱਡੇਵਾਲੇ, ਸੰਤ ਬਾਬਾ ਗੁਰਚਰਨ ਸਿੰਘ ਪੰਡਵਾ, ਸੰਤ ਮਹਾਂਵੀਰ ਸਿੰਘ ਤਾਜੇਵਾਲ, ਸੰਤ ਅਜਮੇਰ ਸਿੰਘ ਬਾੜੀਆਂ ਕਲਾਂ, ਸੰਤ ਸਤਨਾਮ ਸਿੰਘ, ਸੰਤ ਕਰਮਜੀਤ ਸਿੰਘ ਹੁਸ਼ਿਆਰਪੁਰ ਤੋਂ ਇਲਾਵਾ ਹੋਰ ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਸ਼ਾਂ ਨੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਸਟੇਜ ਸੰਚਾਲਨ ਭਾਈ ਹਰਜਿੰਦਰ ਸਿੰਘ ਅਟਾਰੀ ਨੇ ਕੀਤਾ।ਇਸ ਮੌਕੇ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।ਇਸ ਮੌਕੇ ਸੰਤ ਬਾਬਾ ਅਮਰੀਕ ਸਿੰਘ ਜੀ ਨੈਕੀ ਵਾਲੇ, ਸੰਤ ਬਾਬਾ ਜਸਪਾਲ ਸਿੰਘ, ਹਰਜੀਤ ਸਿੰਘ ਕਿਸਾਨ ਆਗੂ, ਅਮਰਜੀਤ ਸਿੰਘ ਠੀਂਡਾ, ਸੰਦੀਪ ਸੈਂਡੀ, ਬਲਜਿੰਦਰ ਸਿੰਘ ਖਾਲਸਾ, ਮਨਪ੍ਰੀਤ ਸਿੰਘ ਮੰਨਾ, ਸੇਵਾਦਾਰ ਅਮਰਜੀਤ ਸਿੰਘ, ਭਾਈ ਭੁਪਿੰਦਰ ਸਿੰਘ, ਸੁਰਜੀਤ ਸਿੰਘ ਭੱਟੀ, ਸਰਬਜੀਤ ਸਿੰਘ ਲੱਭਾ, ਜੋਗਿੰਦਰ ਸਿੰਘ, ਸੁਰਿੰਦਰ ਸਿੰਘ, ਨਰਿੰਦਰ ਸਿੰਘ, ਹੰਸ ਰਾਜ, ਸਰਪੰਚ ਚਰਨਜੀਤ ਸਿੰਘ, ਮਾਸਟਰ ਹਰਭਜਨ ਸਿੰਘ ਅਜਨੋਹਾ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ ।



# ਐੱਨ ਆਰ ਆਈ ਮਿਲਣੀ ਭਲਕੇ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਐਨ ਆਰ ਆਈ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 24 ਜੂਨ ਨੂੰ ਐਮਿਟੀ ਯੂਨੀਵਰਸਿਟੀ, ਮੋਹਾਲੀ ਵਿਖੇ ਐਨ.ਆਰ.ਆਈ. ਮਿਲਣੀ 2026 ਦਾ ਆਯੋਜਨ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਹੋਰ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਇਹ ਸਮਾਗਮ ਪੰਜਾਬ ਸਰਕਾਰ ਵੱਲੋਂ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨਾਲ ਆਪਣੇ ਸਬੰਧ ਹੋਰ ਮਜ਼ਬੂਤ ਕਰਨ ਅਤੇ ਗੈਰ-ਨਿਵਾਸੀ ਭਾਰਤੀਆਂ (ਐਨ.ਆਰ.ਆਈਜ਼) ਨੂੰ ਦਰਪੇਸ਼ ਸਮੱਸਿਆਵਾਂ ਦੇ ਸਮੇਂ ਸਿਰ ਹੱਲ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਐਨ.ਆਰ.ਆਈ. ਮਿਲਣੀ 2026 ਐਨ.ਆਰ.ਆਈਜ਼ ਅਤੇ ਪੰਜਾਬ ਸਰਕਾਰ ਦਰਮਿਆਨ ਸਿੱਧੇ ਸੰਵਾਦ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗੀ, ਜਿੱਥੇ ਭਾਗੀਦਾਰ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਾਂਝੇ ਕਰ ਸਕਣਗੇ ਅਤੇ ਆਪਣੇ ਜ਼ਿਲ੍ਹਿਆਂ ਅਤੇ ਸੂਬੇ ਨਾਲ ਸਬੰਧਤ ਮਾਮਲਿਆਂ ਦੇ ਹੱਲ ਲਈ ਸਰਕਾਰ ਨਾਲ ਸਿੱਧੀ ਗੱਲਬਾਤ ਕਰ ਸਕਣਗੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਐੱਸ ਏ ਐੱਸ ਨਗਰ (ਮੋਹਾਲੀ), ਰੂਪਨਗਰ, ਫ਼ਤਹਿਗੜ੍ਹ ਸਾਹਿਬ ਅਤੇ ਪਟਿਆਲਾ ਜ਼ਿਲ੍ਹਿਆਂ ਨਾਲ ਸਬੰਧਤ ਐਨ ਆਰ ਆਈਜ਼ ਨੂੰ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਲਈ ਸੱਦਾ ਦਿੱਤਾ ਗਿਆ ਹੈ। ਰਜਿਸਟ੍ਰੇਸ਼ਨ ਦੌਰਾਨ ਭਾਗੀਦਾਰਾਂ ਨੂੰ ਆਪਣਾ ਪੂਰਾ ਨਾਮ, ਪਤਾ, ਸੰਪਰਕ ਨੰਬਰ, ਈ-ਮੇਲ ਆਈ.ਡੀ. ਅਤੇ ਆਪਣੇ ਜ਼ਿਲ੍ਹੇ ਨਾਲ ਸਬੰਧਤ ਕਿਸੇ ਵੀ ਪਹਿਲਾਂ ਦਰਜ ਸ਼ਿਕਾਇਤ ਜਾਂ ਸਮੱਸਿਆ ਦਾ ਵੇਰਵਾ ਸਹੀ ਢੰਗ ਨਾਲ ਮੁਹੱਈਆ ਕਰਵਾਉਣ ਲਈ ਕਿਹਾ ਗਿਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਜਾਣਕਾਰੀ ਸਮਾਗਮ ਦੌਰਾਨ ਉਠਾਏ ਜਾਣ ਵਾਲੇ ਮਾਮਲਿਆਂ ਦੇ ਪ੍ਰਭਾਵਸ਼ਾਲੀ ਅਤੇ ਸਮੇਂ ਸਿਰ ਨਿਪਟਾਰੇ ਵਿੱਚ ਵਿਭਾਗ ਦੀ ਸਹਾਇਤਾ ਕਰੇਗੀ। ਡਾ. ਰਵਜੋਤ ਸਿੰਘ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਐਨ.ਆਰ.ਆਈ. ਭਾਈਚਾਰੇ ਦੇ ਹਿੱਤਾਂ ਦੀ ਰੱਖਿਆ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਜਵਾਬਦੇਹ, ਪਾਰਦਰਸ਼ੀ ਅਤੇ ਲੋਕ-ਕੇਂਦਰਿਤ ਪ੍ਰਸ਼ਾਸਨ ਰਾਹੀਂ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਕੈਬਨਿਟ ਮੰਤਰੀ ਨੇ ਸਬੰਧਤ ਜ਼ਿਲ੍ਹਿਆਂ ਦੇ ਸਾਰੇ ਯੋਗ ਐਨ.ਆਰ.ਆਈਜ਼ ਨੂੰ ਅਪੀਲ ਕੀਤੀ ਕਿ ਉਹ ਇਸ ਸਮਾਗਮ ਵਿੱਚ ਸਰਗਰਮ ਭਾਗੀਦਾਰੀ ਕਰਨ ਅਤੇ ਵਿਸ਼ਵ ਭਰ ਦੇ ਪੰਜਾਬੀ ਭਾਈਚਾਰੇ ਲਈ ਐਨ.ਆਰ.ਆਈ. ਮਿਲਣੀ 2026 ਨੂੰ ਇੱਕ ਅਰਥਪੂਰਨ ਅਤੇ ਸਫਲ ਸਮਾਗਮ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

# ਯੋਗ ਦਿਵਸ ਸਮਾਗਮ 'ਚ 272 ਲੋਕਾਂ ਨੇ ਹਿੱਸਾ ਲਿਆ



**ਮੋਹਾਲੀ (ਗੁਰਜੀਤ ਬਿੱਲਾ)**- ਐਰੋ ਸਿਟੀ, ਮੋਹਾਲੀ ਵਿੱਚ ਮੈਕਸ ਹਸਪਤਾਲ ਮੋਹਾਲੀ ਅਤੇ ਬ੍ਰਹਮਾ ਕੁਮਾਰੀਆਂ ਦੇ ਸਹਿਯੋਗ ਨਾਲ ਆਯੋਜਿਤ ਅੰਤਰਰਾਸ਼ਟਰੀ ਯੋਗ ਦਿਵਸ ਸਮਾਗਮ ਵਿੱਚ 272 ਲੋਕਾਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਵਿੱਚ ਯੋਗ ਆਸਣ, ਸਾਹ ਲੈਣ ਦੀਆਂ ਕਸਰਤਾਂ, ਧਿਆਨ, ਅਤੇ ਸੁਚੇਤ ਜੀਵਨ ਅਤੇ ਸੰਪੂਰਨ ਤੰਦਰੁਸਤੀ ਦੀ ਮਹੱਤਤਾ 'ਤੇ ਕੇਂਦ੍ਰਿਤ ਇੱਕ ਸਿਹਤ ਜਾਗਰੂਕਤਾ ਸੈਸ਼ਨ ਸ਼ਾਮਲ ਸੀ। ਇਸ ਮੌਕੇ ਬੋਲਦੇ ਹੋਏ, ਮੈਕਸ ਵਿਖੇ ਮੈਡੀਕਲ ਓਨਕੋਲੋਜੀ ਸਲਾਹਕਾਰ ਡਾ. ਅਕਾਂਕਸ਼ਾ ਨੇ ਕਿਹਾ, 'ਯੋਗਾ ਸਰੀਰਕ ਅਤੇ ਮਾਨਸਿਕ ਸਿਹਤ ਦੋਵਾਂ ਨੂੰ ਬਣਾਈ ਰੱਖਣ ਲਈ ਇੱਕ ਸ਼ਕਤੀਸ਼ਾਲੀ ਸਾਧਨ ਹੈ। ਨਿਯਮਤ ਅਭਿਆਸ ਲਚਕਤਾ ਵਧਾਉਣ, ਤਣਾਅ ਘਟਾਉਣ, ਇਕਾਗਰਤਾ ਵਧਾਉਣ ਅਤੇ ਸਮੁੱਚੀ ਤੰਦਰੁਸਤੀ ਵਿੱਚ ਯੋਗਦਾਨ ਪਾਉਣ ਵਿੱਚ ਮਦਦ ਕਰ ਸਕਦਾ ਹੈ। ਰੋਜ਼ਾਨਾ ਕੁਝ ਮਿੰਟ ਯੋਗਾ ਵੀ ਕਿਸੇ ਦੀ ਸਿਹਤ ਵਿੱਚ ਮਹੱਤਵਪੂਰਨ ਫ਼ਰਕ ਪਾ ਸਕਦਾ ਹੈ।

# ਨੌਜਵਾਨ ਖੇਡਾਂ ਦੇ ਨਾਲ-ਨਾਲ ਉਚ ਸਿੱਖਿਆ ਵੱਲ ਵੀ ਵਿਸ਼ੇਸ਼ ਧਿਆਨ ਦੇਣ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਨਜ਼ਦੀਕੀ ਪਿੰਡ ਢੰਗਰਾਲੀ ਵਿਖੇ ਨੌਜਵਾਨ ਸਭਾ ਢੰਗਰਾਲੀ ਵਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੇਜ਼ਬਾਨ ਨੌਜਵਾਨ ਸਭਾ ਦੇ ਪ੍ਰਧਾਨ ਗੁਰਜੀਤ ਸਿੰਘ ਨੇ ਦੱਸਿਆ ਕਿ ਇਸ ਟੂਰਨਾਮੈਂਟ ਦਾ ਉਦਘਾਟਨ ਵਿਸ਼ੇਸ਼ ਤੌਰ 'ਤੇ ਪਹੁੰਚੇ ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ ਨੇ ਕੀਤਾ। ਜਦੋਂ ਕਿ ਮੁੱਖ ਮਹਿਮਾਨ ਵਜੋਂ ਹਰਮਿੰਦਰ ਸਿੰਘ ਲੱਕੀ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਅਤੇ ਕੌਂਸਲਰ ਹਰਜਿੰਦਰ ਸਿੰਘ ਛਿੱਬਰ ਅਤੇ ਡਾ. ਗੁਰਦਰਸ਼ਨ ਸਿੰਘ ਪਹੁੰਚੇ। ਇਸ ਮੌਕੇ ਨੌਜਵਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆ ਕਰਨੈਲ ਸਿੰਘ ਜੀਤ ਨੇ ਆਖਿਆ ਕਿ ਨੌਜਵਾਨ ਖੇਡਾਂ ਦੇ ਨਾਲ ਨਾਲ ਉਚ ਸਿੱਖਿਆ ਹਾਸਲ ਕਰਨ ਵੱਲ ਵਿਸ਼ੇਸ਼ ਧਿਆਨ ਦੇਣ ਤਾਂ ਜੋ ਦੇਸ਼ ਦੇ ਵਿਕਾਸ ਵਿੱਚ ਵਡਮੁੱਲਾ ਯੋਗਦਾਨ ਪਾਇਆ ਜਾ ਸਕੇ। ਉਹਨਾਂ ਆਖਿਆ ਕਿ ਖੇਡਾਂ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਹਨ ਜੋ ਸਾਡੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਸਹਾਈ ਸਿੱਧ ਹੁੰਦੀਆਂ ਹਨ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਹਰਮਿੰਦਰ ਸਿੰਘ ਲੱਕੀ ਨੇ ਟੂਰਨਾਮੈਂਟ ਦੇ ਪ੍ਰਬੰਧਕ ਨੌਜਵਾਨ ਸਭਾ ਢੰਗਰਾਲੀ ਦੇ ਪ੍ਰਧਾਨ ਗੁਰਜੀਤ ਸਿੰਘ ਅਤੇ ਯੂਵਕ ਸੇਵਾਵਾਂ ਕਲੱਬ ਖੈਰਪੁਰ ਦੇ ਪ੍ਰਧਾਨ ਬਿਕਰਮਜੀਤ ਸਿੰਘ ਵਿੱਕੀ ਦੇ ਇਸ ਉਦਮ ਦੀ ਜ਼ੋਰਦਾਰ ਸ਼ਲਾਘਾ ਕਰਦਿਆਂ ਆਖਿਆ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਅਤਿਅੰਤ ਲੋੜ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਰਾਜ ਕੁਮਾਰ ਦਸੌੜ, ਬਿਕ੍ਰਮਜੀਤ ਸਿੰਘ ਬਿੱਕੀ, ਗੁਰਜੀਤ ਸਿੰਘ ਪ੍ਰਧਾਨ, ਸਤਨਾਮ ਸਿੰਘ, ਅਰਸ਼, ਅਮਰੀਕ ਸਿੰਘ ਰਿੱਕੂ, ਰਣਜੀਤ ਸਿੰਘ ਭੋਲੂ, ਹਰਿੰਦਰ ਸੋਨੂੰ, ਗੁਰਤੇਜ ਸਿੰਘ ਅਤੇ ਬਿੱਲਾਂ ਢੰਗਰਾਲੀ ਆਦਿ ਨੌਜਵਾਨ ਅਤੇ ਖਿਡਾਰੀ ਹਾਜ਼ਰ ਸਨ।





# ਸ਼ਹੀਦੀ ਦਿਹਾੜੇ 'ਤੇ ਛਬੀਲ ਲਗਾਈ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਰਹਿੰਦ ਰੋਡ ਮੋਰਿੰਡਾ ਦੇ ਦੁਕਾਨਦਾਰਾਂ ਅਤੇ ਨਿਵਾਸੀਆਂ ਵੱਲੋਂ ਸਾਧ ਸੰਗਤ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਨਮਕੀਨ ਚੌਲਾਂ ਦਾ ਅਟੁੱਟ ਲੰਗਰ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਦਰਸ਼ਨ ਸਿੰਘ ਗੀਹਲ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਗਾਈ ਇਸ ਠੰਢੇ ਮਿੱਠੇ ਜਲ ਦੀ ਛਬੀਲ ਦੀ ਸ਼ੁਰੂਆਤ ਬੀਬੀਆਂ ਦੇ ਜਥੇ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਕੀਤੀ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਗਾਈ ਇਸ ਛਬੀਲ ਤੋਂ ਸੈਂਕੜੇ ਰਾਹਗੀਰਾਂ ਨੇ ਜਲ ਅਤੇ ਚੌਲਾਂ ਦਾ ਪ੍ਰਸ਼ਾਦਿ ਛਕਿਆ। ਉਨ੍ਹਾਂ ਦੱਸਿਆ ਕਿ ਇਸ ਮੌਕੇ ਜਿਥੇ ਕੌਂਸਲਰ ਹਰਜਿੰਦਰ ਸਿੰਘ ਛਿੱਬਰ ਅਤੇ ਗੁਰੂ ਘਰ ਦੇ ਸੇਵਕ ਬੀਬੀ ਸਤਨਾਮ ਕੌਰ ਮੋਹਾਲੀ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਸਮਾਜ ਸੇਵੀ ਪਰਵਿੰਦਰ ਸਿੰਘ, ਹਰਜੀਤ ਸਿੰਘ, ਗੁਰਵਿੰਦਰ ਸਿੰਘ, ਹਰਵਿੰਦਰ ਸਿੰਘ, ਰਾਜ ਕੁਮਾਰ ਦਸੌੜ, ਅਵਤਾਰ ਸਿੰਘ ਸੱਲ੍ਹ, ਜਸ਼ਨਪ੍ਰੀਤ ਗੀਹਲ, ਸੁਖਵਿੰਦਰ ਸਿੰਘ ਘੰਨਾ, ਆਦਰਸ਼ ਗੀਹਲ੍ਹ, ਗੁਰਿੰਦਰ ਸਿੰਘ ਸੋਨੀ ਮੋਟਰ, ਉਪਿੰਦਰ ਧੀਮਾਨ, ਬਿਕਰਮਜੀਤ ਸਿੰਘ, ਕੁਲਵਿੰਦਰ ਸਿੰਘ ਖੰਨਾ, ਕੀਰਤ ਖੰਨਾ, ਜਗਜੀਵਨ ਸਿੰਘ, ਦਲਜੀਤ ਸਿੰਘ ਸੋਹਣਪਾਲ, ਗਗਨ ਸੋਹਣਪਾਲ, ਕੁਲਦੀਪ ਸਿੰਘ ਛਿੱਬਰ, ਰਾਜੂ ਅਤੇ ਅਮਨਪ੍ਰੀਤ ਸਿੰਘ ਚਾਨੇ ਆਦਿ ਨੇ ਸੰਗਤ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।



# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਕਵੀ ਦਰਬਾਰ



**ਫਗਵਾੜਾ (ਜਸਵਿੰਦਰ ਢੱਡਾ)**- ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬਲੱਡ ਸੈਂਟਰ, ਫਗਵਾੜਾ ਵੱਲੋਂ ਸਕੇਪ ਸਾਹਿਤਕ ਸੰਸਥਾ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਸਾਹਿਤਕ ਸਮਾਗਮ ਅਤੇ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਗੁਰੂ ਰਵਿਦਾਸ ਜੀ ਦੇ ਉੱਚੇ ਆਦਰਸ਼ਾਂ, ਮਨੁੱਖਤਾ ਪ੍ਰਤੀ ਉਨ੍ਹਾਂ ਦੇ ਸੰਦੇਸ਼ ਅਤੇ ਸਮਾਜਿਕ ਬਰਾਬਰੀ ਦੇ ਸਿਧਾਂਤਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਸੀ। ਸਮਾਗਮ ਦੀ ਪ੍ਰਧਾਨਗੀ ਪ੍ਰਸਿੱਧ ਵਿਦਵਾਨ ਡਾ. ਐੱਸ ਐੱਲ ਵਿਰਦੀ ਐਡਵੋਕੇਟ, ਬਲੱਡ ਸੈਂਟਰ, ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ, ਉੱਘੇ ਲੇਖਕ ਗੁਰਮੀਤ ਸਿੰਘ ਪਲਾਹੀ, ਸਮਾਜ ਸੇਵੀ ਤਾਰਾ ਚੰਦ ਚੁੰਬਰ ਅਤੇ ਸਕੇਪ ਸਾਹਿਤਕ ਸੰਸਥਾ ਦੇ ਪ੍ਰਧਾਨ ਪਰਵਿੰਦਰ ਜੀਤ ਸਿੰਘ ਨੇ ਸਾਂਝੇ ਤੌਰ 'ਤੇ ਕੀਤੀ। ਮੁੱਖ ਬੁਲਾਰੇ ਡਾ. ਐਸ ਐਲ ਵਿਰਦੀ ਨੇ ਆਪਣੇ ਸੰਬੋਧਨ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਦੇ ਅਧਿਆਤਮਿਕ, ਸਮਾਜਿਕ ਅਤੇ ਨੈਤਿਕ ਪੱਖਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉੱਘੇ ਸਾਹਿਤਕਾਰ ਗੁਰਮੀਤ ਸਿੰਘ ਪਲਾਹੀ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਜਾਤ-ਪਾਤ, ਊਚ-ਨੀਚ, ਸਮਾਜਿਕ ਭੇਦਭਾਵ ਦੇ ਖਿਲਾਫ਼ ਆਵਾਜ਼ ਬੁਲੰਦ ਕੀਤੀ ਅਤੇ ਮਨੁੱਖੀ ਏਕਤਾ ਦਾ ਸੁਨੇਹਾ ਦਿੱਤਾ।

ਬਲੱਡ ਸੈਂਟਰ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਨੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਅਤੇ ਸਮਾਜਿਕ ਸੰਸਥਾਵਾਂ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸਰਾਹਨਾ ਕੀਤੀ। ਇਸ ਮੌਕੇ ਉੱਘੇ ਲੇਖਕ ਕੈਪਟਨ ਦਵਿੰਦਰ ਸਿੰਘ ਜੱਸਲ ਨਾਲ ਵਿਸ਼ੇਸ਼ ਰੂ-ਬ-ਰੂ ਵੀ ਕਰਵਾਇਆ ਗਿਆ।

# ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰਣਧੀਰ ਸਿੰਘ ਭਾਰਜ ਨਹੀਂ ਰਹੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰਣਧੀਰ ਸਿੰਘ ਭਾਰਜ ਦੇ ਭਰ ਜਵਾਨੀ ਵਿੱਚ ਸਦੀਵੀ ਵਿਛੋੜਾ ਦੇ ਜਾਣ ਕਾਰਨ ਸਮੁੱਚੇ ਸ਼ਹਿਰ ਵਿੱਚ ਸੋਗ ਦੀ ਲਹਿਰ ਛਾ ਗਈ। ਸੋਸ਼ਲ ਮੀਡੀਆ ਰਾਹੀਂ ਇਹ ਖ਼ਬਰ ਸਾਰੇ ਸ਼ਹਿਰ ਵਿੱਚ ਅੱਗ ਵਾਂਗ ਫੈਲ ਗਈ ਜਿਸ ਉਪਰੰਤ ਉਨ੍ਹਾਂ ਦੇ ਘਰ ਪਾਰਟੀ ਵਰਕਰਾਂ ਦੇ ਨਾਲ ਨਾਲ ਪਤਵੰਤੇ ਸ਼ਹਿਰੀ ਅਫਸੋਸ ਲਈ ਪੁੱਜਣੇ ਸ਼ੁਰੂ ਹੋ ਗਏ। ਜ਼ਿਕਰਯੋਗ ਹੈ ਕਿ ਰਣਧੀਰ ਸਿੰਘ ਭਾਰਜ ਨੂੰ ਕੁੱਝ ਦਿਨ ਪਹਿਲਾਂ ਹੀ ਹੁਸ਼ਿਆਰਪੁਰ ਹਲਕੇ ਦਾ ਯੂਥ ਇੰਚਾਰਜ ਬਣਾਇਆ ਗਿਆ ਸੀ ਅਤੇ ਬੀਤੇ ਸ਼ਨੀਵਾਰ ਨੂੰ ਹੀ ਹੁਸ਼ਿਆਰਪੁਰ ਨਗਰ ਨਿਗਮ ਲਈ ਹੋਣ ਵਾਲੀਆਂ ਚੋਣਾਂ ਲਈ ਪਾਰਟੀ ਵੱਲੋਂ ਵਾਰਡ ਨੰਬਰ 38 ਤੋਂ ਉਮੀਦਵਾਰ ਬਣਾਇਆ ਗਿਆ ਸੀ। ਮਿਲਣਸਾਰ ਤਬੀਅਤ ਦੇ ਮਾਲਿਕ ਰਣਧੀਰ ਸਿੰਘ ਭਾਰਜ ਅਕਾਲੀ ਹਲਕਿਆਂ ਖਾਸ ਕਰਕੇ ਯੂਥ ਵਿੰਗ ਦੇ ਹਰਮਨ ਪਿਆਰੇ ਆਗੂ ਸਨ ਅਤੇ ਉਨ੍ਹਾਂ ਦਾ ਅੰਤਮ ਸੰਸਕਾਰ ਹਰਿਆਣਾ ਰੋਡ ਹੁਸ਼ਿਆਰਪੁਰ ਸਥਿਤ ਸ਼ਮਸ਼ਾਨ ਘਾਟ ਵਿਖੇ ਕਰ ਦਿੱਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ, ਵਰਕਰ, ਸ਼ਹਿਰ ਵਾਸੀ ਖਾਸ ਕਰਕੇ ਨੌਜਵਾਨ ਵਰਗ ਦੇ ਲੋਕ ਵੱਡੀ ਤਾਦਾਦ ਵਿੱਚ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦੇਣ ਲਈ ਪਹੁੰਚੇ ਹੋਏ ਸਨ ਅਤੇ ਵਿਦਾਇਗੀ ਮੌਕੇ ਹਰ ਅੱਖ ਨਮ ਸੀ। ਰਣਧੀਰ ਸਿੰਘ ਭਾਰਜ ਦੀ ਮਿਲਣਸਾਰਤਾ ਤੇ ਹਰਮਨਪਿਆਰਤਾ ਦਾ ਆਲਮ ਇਹ ਸੀ ਕਿ ਸ਼੍ਰੋਮਣੀ ਅਕਾਲੀ ਦਲ ਤੋਂ ਇਲਾਵਾ ਹੋਰ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਵੀ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦੇਣ ਲਈ ਪੁੱਜੇ। ਜਿਨ੍ਹਾਂ ਵਿੱਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ, ਬ੍ਰਹਮ ਸ਼ੰਕਰ ਜਿੰਪਾ ਵਿਧਾਇਕ, ਜਤਿੰਦਰ ਸਿੰਘ ਲਾਲੀ ਬਾਜਵਾ ਜ਼ਿਲ੍ਹਾ ਪ੍ਰਧਾਨ ਸ਼ਹਿਰੀ, ਐਡਵੋਕੇਟ ਇੰਦਰਪਾਲ ਸਿੰਘ ਧੰਨਾ ਮੁੱਖ ਸੂਚਨਾ ਕਮਿਸ਼ਨਰ, ਹਰਜੀਤ ਸਿੰਘ ਮਠਾਰੂ, ਸਤਵੰਤ ਸਿੰਘ ਸਿਆਣ ਸਕੱਤਰ ਆਪ ਪੰਜਾਬ, ਵਰਿੰਦਰ ਸਿੰਘ ਬਾਜਵਾ ਸਾਬਕਾ ਮੈਂਬਰ ਰਾਜ ਸਭਾ, ਗੁਰਪ੍ਰੀਤ ਸਿੰਘ ਪ੍ਰਧਾਨ ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ, ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ, ਸੰਦੀਪ ਸਿੰਘ ਸੀਕਰੀ, ਬਰਿੰਦਰ ਸਿੰਘ ਪਰਮਾਰ ਜ਼ਿਲ੍ਹਾ ਸਕੱਤਰ ਜਨਰਲ, ਸਰਬਜੀਤ ਸਿੰਘ ਬਡਵਾਲ ਚੇਅਰਮੈਨ, ਗੁਰਬਿੰਦਰ ਸਿੰਘ ਪਲਾਹਾ ਪ੍ਰਧਾਨ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ, ਜਸਵੀਰ ਸਿੰਘ ਚੇਅਰਮੈਨ ਤੇ ਤੇਜਪਾਲ ਸਿੰਘ ਪ੍ਰਧਾਨ ਵਾਰਿਸ ਬਾਬਾ ਬਘੇਲ਼ ਸਿੰਘ ਵੈਲਫੇਅਰ ਸੁਸਾਇਟੀ ਹਰਿਆਣਾ, ਜਗਵਿੰਦਰ ਸਿੰਘ ਮਿੰਟੂ, ਇਕਬਾਲ ਸਿੰਘ ਖੇੜਾ, ਸਰਬਜੀਤ ਸਿੰਘ ਮੋਮੀ, ਸੁਖਵਿੰਦਰ ਸਿੰਘ ਮੋਮੀ, ਪ੍ਰੇਮ ਸਿੰਘ ਪਿਪਲਾਂਵਾਲਾ, ਬਿਕਰਮਜੀਤ ਸਿੰਘ ਕਲਸੀ, ਸੰਤੋਖ ਸਿੰਘ ਔਜਲਾ, ਮਨਜੋਤ ਸਿੰਘ ਪਲਾਹਾ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਪਤਵੰਤੇ ਹਾਜ਼ਿਰ ਹੋਏ ।



# ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਸਿਹਤਮੰਦ ਜੀਵਨ ਦਾ ਦਿੱਤਾ ਸੰਦੇਸ਼

**ਜਲੰਧਰ (ਸ਼ੈਲੀ ਐਲਬਰਟ)** ਹੰਸ ਰਾਜ ਮਹਿਲਾ ਮਹਾਂਵਿਦਆਲਿਆ, ਜਲੰਧਰ ਅਤੇ ਆਰੀਆ ਪ੍ਰਤੀਨਧ ਉਪ ਸਭਾ, ਪੰਜਾਬਾ ਇਕਾਈ ਦੇ ਸਾਂਝੇ ਉਪਰਾਲੇ ਅਤੇ ਕਾਲਜ ਸਟੂਡੈਂਟ ਕੌਂਸਿਲ, ਐਨ.ਐਸ.ਐਸ., ਐਨ.ਸੀ.ਸੀ. ਅਤੇ ਕਾਲਜ ਦੇ ਸਪੋਰਟਸ ਵਿੰਗ ਦੇ ਸਿਹਯੋਗ ਨਾਲ ਅੰਤਰਰਾਸ਼ਟਰੀ ਯੋਗ ਦਿਵਸ ਉਤਸ਼ਾਹ ਨਾਲ ਮਨਾਇਆਾ ਗਆ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਦੀ ਅਗਵਾਈ ਹੇਠ ਆਯੋਜਿਤ ਇਸ ਸਮਾਗਮ ਦਾ ਉਦੇਸ਼ ਵਿਦਿਆਰਥਣਾਂ ਅਤੇ ਸਟਾਫ ਮੈਂਬਰਾਂ ਨੂੰ ਯੋਗ ਦੇ ਮਹੱਤਵ ਤੋਂ ਜਾਣੂ ਕਰਵਾਉਣਾ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਸਮਾਗਮ ਵਿੱਚ ਆਰੀਆ ਉਪ ਸਭਾ (ਪੰਜਾਬ) ਦੇ ਪ੍ਰਧਾਨ ਡਾ. ਜੇ.ਪੀ. ਸ਼ੂਰ, ਉਪ ਸਰਪ੍ਰਸਤ ਸ੍ਰੀ ਕੁੰਦਨ ਲਾਲ ਅਗਰਵਾਲ ਅਤੇ ਡੀ.ਏ.ਵੀ. ਸੀ.ਐੱਮ.ਸੀ., ਨਵੀਂ ਦਿੱਲੀ ਦੇ ਸਕੱਤਰ ਸ੍ਰੀ ਅਜੈ ਗੋਸਵਾਮੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਭਾਰਤ ਸਰਕਾਰ ਦੇ ਆਯੁਸ਼ ਮੰਤਰਾਲੇ ਵੱਲੋਂ ਨਿਰਧਾਰਿਤ ਇਸ ਸਾਲ ਦੇ ਵਿਸ਼ੇ "ਬੁਢਾਪੇ ਵਿੱਚ ਸਿਹਤਮੰਦ ਜੀਵਨ ਲਈ ਯੋਗ" ਨੂੰ ਧਿਆਨ ਵਿੱਚ ਰੱਖਿਦਆਂ ਯੋਗ ਮਾਹਰ ਸਿਮਰਨ ਨੇ ਭਾਗੀਦਾਰਾਂ ਨੂੰ ਵੱਖ-ਵੱਖ ਯੋਗ ਆਸਨਾਂ, ਪ੍ਰਾਣਾਯਾਮ ਅਤੇ ਧਿਆਨ ਦੀਆਂ ਵਿਧੀਆਂ ਦਾ ਅਭਿਆਸ ਕਰਵਾਇਆ। ਉਨ੍ਹਾਂ ਯੋਗ ਦੇ ਸਰੀਰਕ, ਮਾਨਿਸਕ ਅਤੇ ਆਤਿਮਕ ਲਾਭਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਡਾ. ਜੋਤੀ ਗੋਗੀਆ ਨੇ ਯੋਗ ਅਤੇ ਧਿਆਨ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਯੋਗ ਮਨੁੱਖ ਨੂੰ ਤਣਾਅ-ਮੁਕਤ ਅਤੇ ਸੰਤੁਲਿਤ ਜੀਵਨ ਜੀਣ ਦੀ ਪ੍ਰੇਰਣਾ ਦਿੰਦਾ ਹੈ। ਇਸ ਮੌਕੇ ਉਨਾਂ ਨੇ ਵਿਸ਼ੇਸ਼ ਮਹਿਮਾਨਾਂ ਦਾ ਗ੍ਰੀਨ ਪਲਾਂਟਰ ਭੇਟ ਕਰਕੇ ਸਨਮਾਨ ਕੀਤਾ ਅਤੇ ਸਮਾਗਮ ਦੇ ਸਫਲ ਆਯੋਜਨ ਲਈ ਡਾ. ਜੋਤੀ ਗੋਗੀਆ ਅਤੇ ਸ੍ਰੀਮਤੀ ਕੁਲਜੀਤ ਕੌਰ ਨੂੰ ਵਧਾਈ ਦਿੱਤੀ।



# ਡਾਇਗਨੋਸਟਿਕ ਕਿੱਟ ਸੰਬੰਧੀ ਆਸ਼ਾ ਵਰਕਰਾਂ ਦੀ ਇਕ ਰੋਜ਼ਾ ਸਿਖਲਾਈ ਕਰਾਈ



ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ) ਡਾ. ਚੰਦਰਸ਼ੇਖਰ ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਸ਼ਾ ਵਰਕਰਾਂ ਨੂੰ ਨਵਜੰਮੇ ਬੱਚਿਆਂ, ਬਜ਼ੁਰਗਾਂ, ਮਾਨਸਿਕ ਤੌਰ 'ਤੇ ਬਿਮਾਰ ਤੇ ਗਰਭਵਤੀ ਮਾਵਾਂ ਦੀ ਦੇਖਭਾਲ ਕਰਨ ਲਈ ਇੱਕ ਰੋਜ਼ਾ ਸਿਖਲਾਈ ਕਰਾਈ ਗਈ।ਇਸ ਮੌਕੇ ਜਿਲ੍ਹਾ ਸੰਦੀਪ ਕੁਮਾਰ ਛੌਕਰਾ ਜ਼ਿਲ੍ਹਾ ਕਮਿਊਨਿਟੀ ਮੋਬਲਾਈਜ਼ਰ, ਕਮਿਊਨਿਟੀ ਹੈਲਥ ਅਫਸਰ ਜਸਵੰਤ ਕੌਰ, ਸੰਦੀਪ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਨਵਜੰਮੇ ਬੱਚਿਆਂ ਅਤੇ ਗਰਭਵਤੀ ਮਾਵਾਂ, ਮਾਨਸਿਕ ਤੌਰ 'ਤੇ ਬਿਮਾਰ ਤੇ ਬਜ਼ੁਰਗਾਂ ਦੀ ਦੇਖਭਾਲ ਲਈ ਵਿਸ਼ੇਸ਼ ਮੁਫ਼ਤ ਸਹੂਲਤਾਂ ਦੇ ਨਾਲ-ਨਾਲ ਲੋੜੀਂਦੀਆਂ ਦਵਾਈਆਂ, ਕੁੱਤੇ ਜਾਂ ਕਿਸੇ ਜਾਨਵਰ ਦੇ ਕੱਟਣ ਤੋਂ ਬਾਅਦ ਹਲਕਾਅ ਤੋਂ ਬਚਾਉਣ ਲਈ ਟੀਕਾਕਰਨ ਤੇ ਲੈਬ ਟੈਸਟ ਬਿਲਕੁਲ ਮੁਫ਼ਤ ਮੁਹੱਈਆ ਕਰਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਿਹਤ ਕੇਂਦਰਾਂ ਵਿੱਚ ਬੱਚਿਆਂ ਨੂੰ 11 ਮਾਰੂ ਬਿਮਾਰੀਆਂ ਤੋਂ ਬਚਾਉਣ ਲਈ ਮੁਫ਼ਤ ਟੀਕਾਕਰਨ ਕੀਤਾ ਜਾ ਰਿਹਾ ਹੈ, ਨਵਜੰਮੇ ਬੱਚੇ ਦੀ ਜਨਮ ਤੋਂ ਬਾਅਦ ਉਸਦੀ ਸਿਹਤ ਦੀ ਜਾਂਚ, ਦੇਖਭਾਲ ਤੇ ਜ਼ਰੂਰੀ ਡਾਕਟਰੀ ਸਹਾਇਤਾ ਮੁਹੱਈਆ ਕਰਾਈ ਜਾਂਦੀ ਹੈ।ਹਾਈ ਰਿਸਕ ਗਰਭਵਤੀ ਦੀ ਪਛਾਣ ਤੇ ਪਬੰਧਨ ਬਾਰੇ ਟ੍ਰੇਨਿੰਗ ਦਿੱਤੀ ਗਈ।ਉਨ੍ਹਾਂ ਵੱਲੋਂ ਨਵਜੰਮੇ ਬੱਚਿਆਂ ਦੀ ਬਿਹਤਰ ਦੇਖਭਾਲ ਕਰਨ ਸੰਬੰਧੀ ਜਾਣੂ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕ ਵਿੱਚ ਜੇਕਰ ਬੱਚਾ ਸਿਹਤ ਪੱਖੋਂ ਕਮਜ਼ੋਰ ਆਉਂਦਾ ਹੈ ਤਾਂ ਉਸਦੀ ਸਿਹਤ ਸੁਧਾਰਨ ਲਈ ਵਿਸ਼ੇਸ਼ ਸਲਾਹ ਤੇ ਇਲਾਜ ਮੁਹੱਈਆ ਕਰਵਾਇਆ ਜਾਂਦਾ ਹੈ।ਬੱਚਿਆਂ ਲਈ ਜ਼ਰੂਰੀ ਦਵਾਈਆਂ ਅਤੇ ਖੂਨ ਦੇ ਟੈਸਟ ਕਲੀਨਿਕਾਂ ਵਿੱਚ ਬਿਲਕੁਲ ਮੁਫ਼ਤ ਹਨ।

ਇਸ ਮੌਕੇ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫਸਰ ਕੁਲਵੰਤ ਸਿੰਘ, ਡਿਪਟੀ ਮਾਸ ਮੀਡੀਆ ਤੇ ਸੂਚਨਾ ਅਫਸਰ ਡਾ. ਪ੍ਰਭਦੀਪ ਸਿੰਘ ਚਾਵਲਾ, ਡਿਪਟੀ ਮਾਸ ਮੀਡੀਆ ਤੇ ਸੂਚਨਾ ਅਫਸਰ ਸੁਧੀਰ ਧੀਰ ਅਤੇ ਡਿਪਟੀ ਮਾਸ ਮੀਡੀਆ ਤੇ ਸੂਚਨਾ ਅਫਸਰ ਲਖਵਿੰਦਰ ਸਿੰਘ ਕੈਂਥ ਨੇ ਸਿਹਤ ਵਿਭਾਗ ਅਧੀਨ ਵੱਖ-ਵੱਖ ਸਿਹਤ ਸੇਵਾਵਾਂ, ਸਹੂਲਤਾਂ ਅਤੇ ਭਲਾਈ ਸਕੀਮਾਂ ਆਮ ਲੋਕਾਂ ਤੱਕ ਪਹੁੰਚਾਉਣ ਤੇ ਜਾਗਰੂਕਤਾ ਸਰਗਰਮੀ ਸੁਚੱਜੇ ਢੰਗ ਨਾਲ ਪ੍ਰਦਰਸ਼ਿਤ ਕਰਨ ਸਬੰਧੀ ਮਹੱਤਵਪੂਰਨ ਨੁਕਤੇ ਸਾਂਝੇ ਕੀਤੇ।

# ਪੈਦਲ ਚੱਲਣ ਦੇ ਅਧਿਕਾਰ ਬਾਰੇ ਸੁਪਰੀਮ ਕੋਰਟ ਦਾ ਫੈਸਲਾ ਮੀਤ ਹੇਅਰ ਵੱਲੋਂ ਸੰਸਦ 'ਚ ਚੁੱਕੇ ਮੁੱਦਿਆਂ ਦੀ ਦਰੁਸਤਗੀ ਦਾ ਸਬੂਤ



ਚੰਡੀਗੜ੍ਹ (ਨ ਜ ਸ)-ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਮਾਣਯੋਗ ਸੁਪਰੀਮ ਕੋਰਟ ਦੇ ਹਾਲ ਹੀ ਦੇ ਫੈਸਲੇ ਦਾ ਸਵਾਗਤ ਕੀਤਾ ਹੈ, ਜਿਸ ਵਿੱਚ ਪੈਦਲ ਚੱਲਣ ਵਾਲਿਆਂ ਲਈ ਫੁੱਟਪਾਥਾਂ ਦੀ ਵਰਤੋਂ ਕਰਨ ਦੇ ਅਧਿਕਾਰ ਨੂੰ ਮੌਲਿਕ ਅਧਿਕਾਰ ਵਜੋਂ ਮਾਨਤਾ ਦਿੱਤੀ ਗਈ ਹੈ। ਉਨ੍ਹਾਂ ਇਸ ਨੂੰ ਇਤਿਹਾਸਕ ਫੈਸਲਾ ਦੱਸਦਿਆਂ ਕਿਹਾ ਕਿ ਇਹ ਫੈਸਲਾ ਹਰੇਕ ਨਾਗਰਿਕ ਲਈ ਸੁਰੱਖਿਅਤ ਅਤੇ ਸਨਮਾਨਜਨਕ ਸੰਵਿਧਾਨਕ ਗਰੰਟੀ ਨੂੰ ਮਜ਼ਬੂਤ ਕਰਦਾ ਹੈ।ਮੀਤ ਹੇਅਰ ਨੇ ਕਿਹਾ ਕਿ ਇਸ ਫੈਸਲੇ ਨੇ ਰਾਸ਼ਟਰੀ ਰਾਜਮਾਰਗਾਂ 'ਤੇ ਪੈਦਲ ਚੱਲਣ ਵਾਲਿਆਂ, ਸਾਈਕਲ ਸਵਾਰਾਂ ਅਤੇ ਹੋਰ ਗੈਰ-ਮੋਟਰਾਈਜ਼ਡ ਉਪਭੋਗਤਾਵਾਂ ਦੀ ਸੁਰੱਖਿਆ ਅਤੇ ਆਵਾਜਾਈ ਦੇ ਅਧਿਕਾਰਾਂ ਬਾਰੇ ਲੋਕ ਸਭਾ ਵਿੱਚ ਉਠਾਈਆਂ ਗਈਆਂ ਚਿੰਤਾਵਾਂ ਨੂੰ ਕਾਫ਼ੀ ਬਲ ਦਿੱਤਾ ਹੈ।

ਸੰਸਦ ਮੈਂਬਰ ਨੇ ਦੱਸਿਆ ਕਿ ਉਨ੍ਹਾਂ ਨੇ 31 ਜੁਲਾਈ, 2025 ਨੂੰ ਸੰਸਦ ਵਿੱਚ ਪ੍ਰਸ਼ਨ ਕਾਲ ਰਾਹੀਂ ਇਹ ਮੁੱਦਾ ਚੁੱਕਿਆ ਸੀ, ਜਿਸ ਵਿੱਚ ਕੇਂਦਰ ਸਰਕਾਰ ਤੋਂ ਸਪੱਸ਼ਟਤਾ ਮੰਗੀ ਗਈ ਸੀ ਕਿ ਕੀ ਸਰਕਾਰ ਰਾਸ਼ਟਰੀ ਰਾਜਮਾਰਗਾਂ ਦੇ ਨਾਲ-ਨਾਲ ਜਾਂ ਇਨ੍ਹਾਂ ਮਾਰਗਾਂ ਉੱਤੇ ਪੈਦਲ ਚੱਲਣ ਵਾਲਿਆਂ, ਸਾਈਕਲ ਸਵਾਰਾਂ ਅਤੇ ਗੈਰ-ਮੋਟਰਾਈਜ਼ਡ ਉਪਭੋਗਤਾਵਾਂ ਦੀ ਸੁਰੱਖਿਅਤ ਆਵਾਜਾਈ ਦੇ ਅਧਿਕਾਰ ਨੂੰ ਮਾਨਤਾ ਦਿੰਦੀ ਹੈ ਅਤੇ ਕਮਜ਼ੋਰ ਸੜਕ ਉਪਭੋਗਤਾਵਾਂ ਲਈ ਸੁਰੱਖਿਅਤ ਅਤੇ ਪਹੁੰਚਯੋਗ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣ ਲਈ ਕਿਹੜੇ ਉਪਾਅ ਕੀਤੇ ਜਾ ਰਹੇ ਹਨ।

# 'ਆਪ' ਨੂੰ ਮਿਲਿਆ ਵੱਡਾ ਸਿਆਸੀ ਬਲ, ਦਰਜਨਾਂ ਪਰਵਾਰਾਂ ਨੇ ਫੜਿਆ ਝਾੜੂ ਦਾ ਪੱਲਾ



ਭਵਾਨੀਗੜ੍ਹ (ਰਾਮ ਖੁਰਮੀ) ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਸਿਆਸੀ ਹੁਲਾਰਾ ਮਿਲਿਆ, ਜਦੋਂ ਪਿੰਡ ਨਗਰ ਹਰੇੜੀ ਰੋਡ ਖੇਤਰ ਦੇ ਦਰਜਨਾਂ ਪਰਵਾਰਾਂ, ਵੱਖ-ਵੱਖ ਯੂਨੀਅਨਾਂ ਦੇ ਆਗੂਆਂ ਤੇ ਸੇਵਾਮੁਕਤ ਅਧਿਕਾਰੀਆਂ ਨੇ ਰਵਾਇਤੀ ਸਿਆਸੀ ਪਾਰਟੀਆਂ ਨੂੰ ਅਲਵਿਦਾ ਕਹਿੰਦੇ ਹੋਏ ਆਪਣੇ ਪਰਵਾਰਾਂ ਸਮੇਤ 'ਆਪ' ਦਾ ਪੱਲਾ ਫੜ ਲਿਆ।ਪੰਜਾਬ ਇਨਫੋਟੈੱਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਦਾ ਨੇ ਸਾਰੇ ਨਵੇਂ ਮੈਂਬਰਾਂ ਨੂੰ ਸਿਰੋਪਾਓ ਪਾ ਕੇ ਪਾਰਟੀ ਵਿੱਚ ਸ਼ਾਮਲ ਕੀਤਾ ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।

ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਰੋਡਵੇਜ਼ ਯੂਨੀਅਨ ਦੇ ਵਾਈਸ ਪ੍ਰਧਾਨ ਗੋਲੂ ਕੁਮਾਰ, ਸੇਵਾਮੁਕਤ ਥਾਣੇਦਾਰ ਜਗਪਾਲ ਸਿੰਘ, ਸੇਵਾਮੁਕਤ ਏ.ਐਸ.ਆਈ. ਰਾਕੇਸ਼ ਕੁਮਾਰ ਸਮੇਤ ਕਈ ਪ੍ਰਮੁੱਖ ਸਮਾਜਿਕ ਅਤੇ ਸਥਾਨਕ ਆਗੂ ਸ਼ਾਮਲ ਸਨ।ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਨੌਜਵਾਨਾਂ ਨੇ ਵੀ 'ਆਪ' ਵਿੱਚ ਸ਼ਮੂਲੀਅਤ ਕਰਕੇ ਪਾਰਟੀ ਪ੍ਰਤੀ ਆਪਣਾ ਭਰੋਸਾ ਪ੍ਰਗਟਾਇਆ।ਚੇਅਰਮੈਨ ਡਾ. ਮਿੰਕੂ ਜਵੰਦਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਵਿਕਾਸ ਤੇ ਲੋਕ ਭਲਾਈ ਦੀ ਨਵੀਂ ਲਹਿਰ ਚੱਲ ਰਹੀ ਹੈ, ਜਿਸ ਤੋਂ ਪ੍ਰਭਾਵਤ ਹੋ ਕੇ ਹਰ ਵਰਗ ਦੇ ਲੋਕ 'ਆਪ' ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਬੀਤੇ ਚਾਰ ਸਾਲਾਂ ਦੌਰਾਨ ਸੂਬੇ ਵਿੱਚ ਹੋਏ ਵਿਕਾਸ ਕਾਰਜਾਂ ਨੇ ਲੋਕਾਂ ਦਾ ਭਰੋਸਾ ਜਿੱਤਿਆ ਹੈ ਤੇ ਇਸੇ ਕਰਕੇ ਰਵਾਇਤੀ ਪਾਰਟੀਆਂ ਦੇ ਆਧਾਰ ਲਗਾਤਾਰ ਕਮਜ਼ੋਰ ਹੋ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ ਤੋਂ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਮਨ ਬਣਾ ਚੁੱਕੇ ਹਨ।ਡਾ. ਜਵੰਦਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਪਰਵਾਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਜਥੇਬੰਦੀ ਅੰਦਰ ਪੂਰਾ ਮਾਣ-ਸਤਿਕਾਰ ਅਤੇ ਬਣਦਾ ਹੱਕ ਦਿੱਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲੋਕ-ਪੱਖੀ ਨੀਤੀਆਂ ਤੇ ਡਾ. ਮਿੰਕੂ ਜਵੰਦਾ ਦੀ ਸਰਗਰਮ ਕਾਰਗੁਜ਼ਾਰੀ ਤੋਂ ਪ੍ਰਭਾਵਤ ਹੋ ਕੇ 'ਆਪ' ਵਿੱਚ ਸ਼ਾਮਲ ਹੋਏ ਹਨ।ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

# ਪੰਜਾਬ ਮੈਡੀਕਲ ਰਿਪ੍ਰੇਜ਼ੈਂਟੇਟਿਵ ਐਸੋਸੀਏਸ਼ਨ ਵੱਲੋਂ ਸੂਬਾ ਪੱਧਰੀ ਮੀਟਿੰਗ



ਦੋਰਾਹਾ (ਰਵਿੰਦਰ ਸੇਠ) ਪੰਜਾਬ ਮੈਡੀਕਲ ਰਿਪ੍ਰੇਜ਼ੈਂਟੇਟਿਵ ਐਸੋਸੀਏਸ਼ਨ ਵੱਲੋਂ ਆਪਣੇ ਕਾਮਰੇਡਾਂ ਦੇ ਹੱਕਾਂ ਦੀ ਰਾਖੀ ਅਤੇ ਉਨ੍ਹਾਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਦੂਰ ਕਰਨ ਸੰਬੰਧੀ ਵਿਚਾਰ ਕਰਨ ਲਈ ਸੂਬਾ ਪੱਧਰੀ ਮੀਟਿੰਗ ਆਯੋਜਤ ਕੀਤੀ ਗਈ, ਜਿਸ ਵਿੱਚ ਲੁਧਿਆਣਾ, ਜਲੰਧਰ, ਹੁਸ਼ਿਆਰਪੁਰ, ਪਠਾਨਕੋਟ, ਅੰਮ੍ਰਿਤਸਰ, ਫ਼ਿਰੋਜ਼ਪੁਰ, ਮੋਗਾ, ਸੰਗਰੂਰ ਅਤੇ ਬਠਿੰਡਾ ਸਮੇਤ ਸੂਬੇ ਭਰ ਦੇ ਮੁੱਖ ਯੂਨਿਟਾਂ ਦੀ ਲੀਡਰਸ਼ਿਪ ਨੇ ਭਾਗ ਲਿਆ। ਸਾਰੇ ਕਾਮਰੇਡਾਂ ਵੱਲੋਂ ਸਭ ਤੋਂ ਪਹਿਲਾਂ ਸਰਬਸੰਮਤੀ ਨਾਲ ਮੌਜੂਦਾ ਸਟੇਟ ਕਾਰਜਕਾਰਨੀ ਨੂੰ ਅਗਲੇ ਕਾਰਜਕਾਲ ਲਈ ਮੁੜ ਚੁਣਿਆ ਗਿਆ ਤੇ ਉਹੀ ਅਗਵਾਈ ਜਾਰੀ ਰੱਖਣ ਦਾ ਫ਼ੈਸਲਾ ਕੀਤਾ ਗਿਆ।ਇਹ ਪ੍ਰਸਤਾਵ ਕਾਮਰੇਡ ਰਾਕੇਸ਼ ਪੁਰੀ ਵੱਲੋਂ ਪੇਸ਼ ਕੀਤਾ ਗਿਆ, ਜਿਸ ਨੂੰ ਪੀ.ਐਮ.ਆਰ.ਏ ਦੀਆਂ ਸਾਰੀਆਂ ਯੂਨਿਟਾਂ ਵੱਲੋਂ ਸਰਬਸੰਮਤੀ ਨਾਲ ਸਮਰਥਨ ਦਿੱਤਾ ਗਿਆ।ਇਸ ਸਮੇਂ ਕਾਮਰੇਡ ਅਨੁਰਾਗ ਸਿੰਘ, ਸੂਬਾ ਪ੍ਰਧਾਨ ਤੇ ਕਾਮਰੇਡ ਰਮਨ ਮਲਹੋਤਰਾ ਨੇ ਸਾਰੇ ਮੈਂਬਰਾਂ ਦਾ ਉਨ੍ਹਾਂ ਦੇ ਭਰੋਸੇ ਅਤੇ ਸਹਿਯੋਗ ਲਈ ਧੰਨਵਾਦ ਕੀਤਾ।ਇਸ ਤੋਂ ਬਾਅਦ ਮੀਟਿੰਗ ਵਿੱਚ ਮੈਡੀਕਲ ਰਿਪ੍ਰੇਜ਼ੈਂਟੇਟਿਵਜ਼ ਨਾਲ ਸੰਬੰਧਤ ਮੁੱਖ ਮੁੱਦਿਆਂ ਜਿਵੇਂ ਕਿ ਏਆਈ ਦਖਲਅੰਦਾਜ਼ੀ ਨਾਲ ਜੁੜੀਆਂ ਚੁਣੌਤੀਆਂ, ਜਿਓ-ਫੈਂਸਡ ਲੋਕੇਸ਼ਨ ਅਧਾਰਤ ਰਿਪੋਰਟਿੰਗ ਸਮੇਤ ਐਸੋਸੀਏਸ਼ਨ ਦੇ ਕਾਮਰੇਡਾਂ ਲਈ ਉਤਪੀੜਨ ਰਹਿਤ ਕੰਮ ਦੇ ਮਾਹੌਲ ਨੂੰ ਯਕੀਨੀ ਬਣਾਉਣ ਦੇ ਤਰੀਕਿਆਂ ਤੇ ਹੋਰ ਸਾਧਨਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

# ਭਾਰਤ-ਅਮਰੀਕਾ ਸੰਧੀ ਤੋਂ ਬਾਜ਼ ਆਏ ਮੋਦੀ ਸਰਕਾਰ : ਐੱਸ ਕੇ ਐੱਮ



ਵਲਟੋਹਾ (ਰਣਜੀਤ ਸਿੰਘ)-ਸ਼ੇਰੋਂ ਖੰਡ ਮਿੱਲ ਬਚਾਓ ਪੱਕਾ ਮੋਰਚਾ ਤੇ ਬੈਠੇ ਕਿਸਾਨਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਗਾਹ ਕੀਤਾ ਕਿ ਅਮਰੀਕਾ ਨਾਲ ਨੇੜਤਾ ਹਮੇਸ਼ਾ ਭਾਰਤ ਨੂੰ ਮਹਿੰਗੀ ਪਈ ਹੈ। ਮੋਦੀ ਸਰਕਾਰ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਜਨਤਾ ਪਾਰਟੀ ਦੀ ਸਰਕਾਰ ਵੇਲੇ ਜਨਸੰਘੀ ਪ੍ਰਧਾਨ ਮੰਤਰੀ ਮੋਰਾਰ ਜੀ ਦੇਸਾਈ ਨੇ ਵੀ ਅਮਰੀਕਾ ਨਾਲ ਸਮਝੌਤੇ ਕਰਨ ਲਈ ਕਾਹਲ ਵਿਖਾਈ ਸੀ,ਜਿਸ ਤੇ ਉਸਨੂੰ ਮੂੰਹ ਦੀ ਖਾਣੀ ਪਈ ਸੀ। ਹੁਣ ਮੋਦੀ ਸਰਕਾਰ ਅਮਰੀਕਾ ਦੇ ਥੱਲੇ ਲੱਗ ਕੇ ਤੇ ਉਸ ਦੀਆਂ ਸ਼ਰਤਾਂ ਤਹਿਤ ਵਪਾਰਕ ਸਮਝੌਤਾ ਕਰਨ ਲਈ ਕਾਹਲੀ ਹੈ,ਜਿਸ ਨਾਲ ਭਾਰਤੀ ਖੇਤੀ ਤੇ ਅਰਥਚਾਰੇ ਨੂੰ ਵੱਡਾ ਨੁਕਸਾਨ ਹੋਵੇਗਾ। ਇਹ ਸ਼ਬਦ ਸ਼ੇਰੋਂ ਖੰਡ ਮਿੱਲ ਬਚਾਓ ਪੱਕਾ ਮੋਰਚਾ ਤੇ ਬੈਠੇ ਕਿਸਾਨ ਆਗੂਆਂ ਨੇ ਕਹੀ। ਕਿਸਾਨ ਮੋਰਚਾ ਦੇ ਆਗੂ ਹਰਜਿੰਦਰ ਸਿੰਘ ਟਾਂਡਾ, ਮਨਜੀਤ ਸਿੰਘ ਬੱਗੂ, ਬਲਕਾਰ ਸਿੰਘ ਵਲਟੋਹਾ, ਤਰਸੇਮ ਸਿੰਘ ਲੁਹਾਰ, ਨਛੱਤਰ ਸਿੰਘ ਪੰਨੂ , ਇੰਦਰਜੀਤ ਸਿੰਘ ਮਰਹਾਣਾ ਨੇ ਧਰਨੇ ਤੇ ਬੈਠੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਮੋਦੀ ਸਰਕਾਰ ਨੂੰ ਅਜਿਹਾ ਸਮਝੌਤਾ ਇੱਕ ਸਾਮਰਾਜ ਸਰਕਾਰ ਦੇਸ਼ ਨਾਲ ਕਦਾਚਿਤ ਨਹੀਂ ਕਰਨਾ ਚਾਹੀਦਾ ਜੋ ਸਾਡੇ ਦੇਸ਼ ਦੀ ਮਿਹਨਤਕਸ਼ ਜਨਤਾ ਦਾ ਲਹੂ ਚੂਸਣ ਵਾਲਾ ਹੋਵੇ। ਧਰਨੇ ਤੇ ਬੈਠਿਆਂ ਕਿਸਾਨ ਆਗੂ ਅਮਰੀਕ ਸਿੰਘ ਸ਼ੇਰੋਂ, ਕਸ਼ਮੀਰ ਸਿੰਘ ਸ਼ੇਰੋਂ, ਪਰਮਜੀਤ ਸਿੰਘ ਚੋਹਲਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਜੱਸਾ ਸਿੰਘ ਕੰਦਗਿੱਲ, ਮੰਗਲ ਸਿੰਘ, ਤਰਲੋਚਨ ਸਿੰਘ ਆਦਿ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਨਹਿਰਾਂ ਨਾਲਿਆਂ ਦੇ ਬੰਨ੍ਹ ਤੁਰੰਤ ਮਜ਼ਬੂਤ ਕਰਨ ਦਾ ਪ੍ਰਬੰਧ ਕਰੇ ਕਿਉਂਕਿ ਪੰਜਾਬ ਵਿੱਚ ਪਿਛਲੇ ਦਿਨੀਂ ਕਈ ਥਾਈਂ ਨਹਿਰਾਂ ਦੇ ਕੰਢੇ ਟੁੱਟਣ ਨਾਲ ਵੱਡਾ ਨੁਕਸਾਨ ਹੋ ਰਿਹਾ ਹੈ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਬਲਵਿੰਦਰ ਸਿੰਘ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ, ਜ਼ਿਲ੍ਹਾ ਜਲੰਧਰ।

ਮਿਸਲ ਨੰ. 12/ਐੱਨ.ਟੀ. 2026

ਕੇਸ ਦੀ ਕਿਸਮ (ਤਕਸੀਮ ਕੇਸ)

ਕੇਸ ਅਨੁਵਾਨ ਮਲਕੀਤ ਸਿੰਘ ਪੁੱਤਰ ਜਗਤ ਸਿੰਘ ਪੁੱਤਰ ਸਾਉਣ ਸਿੰਘ, ਵਾਸੀ ਪਿੰਡ ਸ਼ਾਹਜਹਾਨਪੁਰ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ।

ਬਨਾਮ

ਰੇਸ਼ਮ ਸਿੰਘ ਪੁੱਤਰ ਦਰਸ਼ਨ ਸਿੰਘ 2. ਜਤਿੰਦਰਪਾਲ ਸਿੰਘ ਦੀਦਾਰ ਸਿੰਘ 3. ਗੁਰਪ੍ਰੀਤ ਸਿੰਘ ਪੁੱਤਰ ਤਰਲੋਕ ਸਿੰਘ 4. ਕੁਲਵਿੰਦਰ ਕੌਰ ਵਿਧਵਾ ਤਰਲੋਕ ਸਿੰਘ ਪੁੱਤਰ ਮੇਲਾ ਸਿੰਘ 5. ਹਰਭਜਨ ਸਿੰਘ ਪੁੱਤਰ ਮੇਲਾ ਸਿੰਘ 6. ਸੁਖਦੇਵ ਸਿੰਘ ਪੁੱਤਰ ਇੰਦਰ ਸਿੰਘ 7. ਸਾਹਿਬ ਸਿੰਘ ਪੁੱਤਰ ਕਰਨੈਲ ਸਿੰਘ 8. ਸਰੂਪ ਸਿੰਘ ਪੁੱਤਰ ਕਰਨੈਲ ਸਿੰਘ 9. ਗੁਰਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ 10. ਹਰਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ 11. ਮਨਜੀਤ ਕੌਰ ਵਿਧਵਾ ਬਲਕਾਰ ਸਿੰਘ 12. ਅਮਨਦੀਪ ਸਿੰਘ ਪੁੱਤਰ ਬਲਕਾਰ ਸਿੰਘ 13. ਪਵਨਦੀਪ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਸ਼ਾਹਜਹਾਨਪੁਰ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ 14. ਗੁਰਨਾਮ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਸ਼ਾਹਜਹਾਨਪੁਰ, ਤਹਿਸੀਲ ਸੁਲਤਾਨਪੁਰ ਲੋਧੀ, ਕਪੂਰਥਲਾ।

ਉਪਰੋਕਤ ਵਿਸ਼ੇ ਸੰਬੰਧੀ ਪਹਿਲੀ ਧਿਰ ਵੱਲੋਂ ਇਸ ਦਫਤਰ ਵਿੱਚ ਤਕਸੀਮ ਦਾ ਕੇਸ ਪਾਇਆ ਗਿਆ ਹੈ।ਇਹ ਤਕਸੀਮ ਦਾ ਕੇਸ ਇਸ ਅਦਾਲਤ ਵਿੱਚ ਚੱਲ ਰਿਹਾ ਹੈ।ਦੂਜੀ ਧਿਰ ਦੇ ਵਿਅਕਤੀ ਸੰਬੰਧਤ ਪਿੰਡ ਵਿੱਚ ਨਹੀਂ ਰਹਿੰਦੇ, ਵਿਦੇਸ਼ ਜਾਂ ਪਿੰਡ ਤੋਂ ਬਾਹਰ ਰਹਿੰਦੇ ਹਨ।ਇਸ ਕੇਸ ਦੀ ਤਾਰੀਖ ਪੇਸ਼ੀ ਮਿਤੀ 30.06.2026 ਪਾਈ ਗਈ ਹੈ।ਇਸ ਸੰਬੰਧੀ ਕਿਸੇ ਵਿਅਕਤੀ ਨੂੰ ਕੋਈ ਉਜ਼ਰ/ਇਤਰਾਜ਼ ਹੋਵੇ ਤਾਂ ਉਹ ਉਕਤ ਅਦਾਲਤ ਵਿੱਚ 15 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਇਸ ਕੇਸ ਵਿੱਚ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਰਿਕਾਰਡ ਮਾਲ ਵਿਚ ਸਾਂਝਾ ਖਾਤਾ ਹੋਣ ਕਰਕੇ ਪਹਿਲੀ ਧਿਰ ਦੀ ਤਕਸੀਮ ਕੀਤੀ ਜਾਵੇਗੀ ਅਤੇ ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਸੁਣਵਾਈ ਯੋਗ ਨਹੀਂ ਹੋਵੇਗਾ।

ਨੰ. 136 ਮਿਤੀ : 19.06.26

ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ।

## ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤੀ ਜਾਂਦਾ ਹੈ ਕਿ ਇਹ ਪ੍ਰੋਪਰਟੀ (ਰਿਹਾਇਸ਼ੀ) ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰੋਪਰਟੀ ਟੈਕਸ ਰਿਕਾਰਡ ਵਿੱਚ ਸ੍ਰੀ ਸੁਰਿੰਦਰ ਕੁਮਾਰ ਅਤੇ ਵਰਿੰਦਰ ਕੁਮਾਰ ਪੁੱਤਰ ਉਮ ਪ੍ਰਕਾਸ਼ ਪੁੱਤਰ ਹਰੀ ਨਰੰਜਣ ਵਾਸੀ ਲੋਹੀਆਂ ਖਾਸ ਹਾਲ ਵਾਸੀ ਹਾਊਸ ਨੰ. 1165 ਡੀ ਬਲਾਕ, ਡੀ ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ 'ਤੇ ਦਰਜ ਹੈ।ਜਿਸ ਦਾ ਪੀ.ਟੀ. ਨੰਬਰ - 1007-3072562 ਹੈ। ਜਿਸ ਦਾ ਰਕਬਾ ਕਰੀਬ 00 ਕਨਾਲ 4 ਮਰਲੇ 5 ਸਰਸਾਈ (ਕਵਰਡ ਏਰੀਆ 1400 ਫੁੱਟ ) ਹੈ।ਜਿਸ ਦੀਆਂ ਹੱਦਾਂ ਚੜ੍ਹਦੇ ਰਸਤਾ ਗਲੀ, ਲਹਿੰਦੇ ਰਸਤਾ ਸੜਕ ਸਰਕੂਲਰ, ਪਹਾੜ ਬਿਮਲਾ ਰਾਣੀ ਪਤਨੀ ਹਜਾਰੀ ਲਾਲ, ਦੱਖਣ ਪਵਨ ਕੁਮਾਰ ਪੁੱਤਰ ਹਿੱਤ ਪ੍ਰੇਮ ਹੈ। ਜਿਸ ਮੰਜ਼ਲਾਂ ਦੀ ਗਿਣਤੀ 2 ਮੰਜ਼ਲਾਂ ਹੈ। ਸ੍ਰੀ ਸੁਰਿੰਦਰ ਕੁਮਾਰ ਅਤੇ ਵਰਿੰਦਰ ਕੁਮਾਰ ਪੁੱਤਰ ਉਮ ਪ੍ਰਕਾਸ਼ ਪੁੱਤਰ ਹਰੀ ਨਿਰੰਜਣ ਵਾਸੀ ਲੋਹੀਆਂ ਖਾਸ ਹਾਲ ਵਾਸੀ ਹਾਊਸ ਨੰ. 1165 ਡੀ ਬਲਾਕ, ਡੀ ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ ਵੱਲੋਂ ਇਹ ਪ੍ਰੋਪਰਟੀ ਸ੍ਰੀ ਗੁਰਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਮੁਣਸ਼ਾ ਸਿੰਘ ਵਾਸੀ ਪਿੰਡ ਰਾਈਵਾਲ ਬੇਟ ਹਾਲ ਲੋਹੀਆਂ ਖਾਸ ਦਸਤਾਵੇਜ਼ ਨੰਬਰ 799 ਮਿਤੀ 30.01.2026 ਰਜਿਸਟਰੀ ਕਰਵਾਈ ਗਈ ਹੈ।ਇਹ ਪ੍ਰੋਪਰਟੀ ਦਾ ਪ੍ਰੋਪਰਟੀ ਟੈਕਸ ਕਲੀਅਰ ਹੈ। ਸ੍ਰੀ ਗੁਰਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਮੁਣਸ਼ਾ ਸਿੰਘ ਵਾਸੀ ਪਿੰਡ ਰਾਈਵਾਲ ਬੇਟ ਹਾਲ ਲੋਹੀਆਂ ਖਾਸ ਵੱਲੋਂ ਇਹ ਸਵੈ-ਘੋਸ਼ਣਾ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰੋਪਰਟੀ ਦਾ ਕੋਈ ਪਰਿਵਾਰਕ ਝਗੜਾ ਨਹੀਂ ਹੈ ਅਤੇ ਨਾ ਹੀ ਕੋਈ ਅਦਾਲਤੀ ਕੇਸ ਚੱਲਦਾ ਹੈ।ਇਸ ਲਈ ਇਹ ਪ੍ਰੋਪਰਟੀ (ਰਿਹਾਇਸ਼ੀ) ਸਿਰਫ ਪ੍ਰੋਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰੋਪਰਟੀ ਸ੍ਰੀ ਗੁਰਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਮੁਣਸ਼ਾ ਸਿੰਘ ਵਾਸੀ ਪਿੰਡ ਰਾਈਵਾਲ ਬੇਟ ਹਾਲ ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇ। ਇਸ ਇਸ਼ਤਿਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ। 30 ਦਿਨ ਦਾ ਸਮਾਂ ਖਤਮ ਹੋਣ ਤੋਂ ਬਾਅਦ ਇਹ ਪ੍ਰੋਪਰਟੀ ਸ੍ਰੀ ਗੁਰਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਮੁਣਸ਼ਾ ਸਿੰਘ ਵਾਸੀ ਪਿੰਡ ਰਾਈਵਾਲ ਬੇਟ ਹਾਲ ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਕਿਸੇ ਦਾ ਕੋਈ ਉਜ਼ਰ ਜਾਂ ਸੁਝਾਅ ਨਹੀਂ ਸੁਣਿਆ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਲੋਹੀਆਂ ਖਾਸ।

Ref. No/ 488 Dated 17.06.2026

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਮਨਦੀਪ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹੁਸ਼ਿਆਰਪੁਰ।

ਤਕਸੀਮ ਕੇਸ : ਦਵਿੰਦਰ ਸਿੰਘ ਢਿੱਲੋਂ ਵਗੈਰਾ

ਬਨਾਮ ਅਮਰਜੀਤ ਕੌਰ ਵਗੈਰਾ

ਰਕਬਾ ਵਾਕਿਆ ਪਿੰਡ ਡਡਿਆਣਾ ਖੁਰਦ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ।

ਉਕਤ ਤਕਸੀਮ ਕੇਸ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਹੇਠ ਲਿਖੇ ਮੁਦਾਲਾ ਦੀ ਸਧਾਰਨ ਤਰੀਕੇ ਨਾਲ ਸੰਮਨਾਂ ਰਾਹੀਂ ਤਮੀਲ ਕਰਾਉਣੀ ਮੁਸ਼ਕਿਲ ਹੈ। ਇਸ ਲਈ ਇਸ ਕੇਸ ਵਿੱਚ ਤਾਰੀਖ ਪੇਸ਼ੀ ਮਿਤੀ 09-07-2026 ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਹੇਠ ਲਿਖੇ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਕੇਸ ਦੀ ਪੈਰਵੀ ਕਰਨ ਲਈ ਉਹ ਪੇਸ਼ੀ ਮਿਤੀ 09-07-2026 ਨੂੰ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਅੱਜ ਮਿਤੀ 17.06.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਤਹਿਸੀਲਦਾਰ ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ ਹੁਸ਼ਿਆਰਪੁਰ।

ਨੰਬਰ : 406/ਰੀਡਰ ਮਿਤੀ : 17.06.2026

1. ਤਨਜੀਤ ਸਿੰਘ ਪੁੱਤਰ ਸੰਤੋਖ ਸਿੰਘ ਪੁੱਤਰ ਖੜਕ ਸਿੰਘ, 2. ਕਮਲਜੀਤ ਕੌਰ ਪੁੱਤਰੀ ਸੰਤੋਖ ਸਿੰਘ ਪੁੱਤਰ ਖੜਕ ਸਿੰਘ, ਦੋਨੋਂ ਵਾਸੀ ਪਿੰਡ ਡਡਿਆਣਾ ਖੁਰਦ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ।

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਮਨਦੀਪ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹੁਸ਼ਿਆਰਪੁਰ।

ਤਕਸੀਮ ਕੇਸ : ਦਵਿੰਦਰ ਸਿੰਘ ਢਿੱਲੋਂ ਵਗੈਰਾ

ਬਨਾਮ ਅਮਰਜੀਤ ਕੌਰ ਵਗੈਰਾ

ਰਕਬਾ ਵਾਕਿਆ ਪਿੰਡ ਬੈਰੋਕਾਂਗੜੀ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ।

ਉਕਤ ਤਕਸੀਮ ਕੇਸ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਹੇਠ ਲਿਖੇ ਮੁਦਾਲਾ ਦੀ ਸਧਾਰਨ ਤਰੀਕੇ ਨਾਲ ਸੰਮਨਾਂ ਰਾਹੀਂ ਤਮੀਲ ਕਰਾਉਣੀ ਮੁਸ਼ਕਿਲ ਹੈ। ਇਸ ਲਈ ਇਸ ਕੇਸ ਵਿੱਚ ਤਾਰੀਖ ਪੇਸ਼ੀ ਮਿਤੀ 09-07-2026 ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਹੇਠ ਲਿਖੇ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਕੇਸ ਦੀ ਪੈਰਵੀ ਕਰਨ ਲਈ ਉਹ ਪੇਸ਼ੀ ਮਿਤੀ 09-07-2026 ਨੂੰ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਅੱਜ ਮਿਤੀ 17.06.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਤਹਿਸੀਲਦਾਰ ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ ਹੁਸ਼ਿਆਰਪੁਰ।

ਨੰਬਰ : 402/ਰੀਡਰ ਮਿਤੀ : 17.06.2026

1. ਅਮਰਜੀਤ ਕੌਰ , 2. ਇੰਦਰਜੀਤ ਕੌਰ, 3. ਪਰਮਿੰਦਰ ਕੌਰ, 4. ਜਸਵਿੰਦਰ ਕੌਰ ਪੁੱਤਰੀਆਂ ਸਰਦਾਰ ਸਿੰਘ ਪੁੱਤਰ ਊਧਮ ਸਿੰਘ, 5. ਬਲਜੀਤ ਕੌਰ ਪਤਨੀ ਰਵਿੰਦਰ ਸਿੰਘ ਪੁੱਤਰ ਗੁਰਮੇਜ ਸਿੰਘ, 6. ਜਗਤਾਰ ਸਿੰਘ, 7. ਰਵਿੰਦਰ ਸਿੰਘ, 8. ਸਤਪਾਲ ਸਿੰਘ ਪੁੱਤਰਾਨ ਕਿਸ਼ਨ ਸਿੰਘ ਪੁੱਤਰ ਊਧਮ ਸਿੰਘ, 9. ਗੁਰਦੀਪ ਸਿੰਘ ਪੁੱਤਰ ਸੰਤੋਖ ਸਿੰਘ ਪੁੱਤਰ ਲਾਲ ਸਿੰਘ, 10. ਕਰਤਾਰ ਸਿੰਘ ਪੁੱਤਰ ਰਣ ਸਿੰਘ ਪੁੱਤਰ ਭਗਵਾਨ ਸਿੰਘ, 11. ਅਰਵਿੰਦਰ ਸਿੰਘ ਚੱਢਾ, 12. ਰੁਬਿੰਦਰ ਸਿੰਘ ਚੱਢਾ ਪੁੱਤਰਾਨ ਮੋਹਿੰਦਰ ਸਿੰਘ ਪੁੱਤਰ ਤੇਜਾ ਸਿੰਘ, ਵਾਸੀਆਨ ਪਿੰਡ ਬੈਰੋਕਾਂਗੜੀ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ।

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਮਨਦੀਪ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹੁਸ਼ਿਆਰਪੁਰ।

ਤਕਸੀਮ ਕੇਸ: ਮਨਦੀਪ ਕੌਰ ਢਿੱਲੋਂ

ਬਨਾਮ ਅਰਵਿੰਦਰ ਸਿੰਘ ਚੱਢਾ ਵਗੈਰਾ

ਰਕਬਾ ਵਾਕਿਆ ਪਿੰਡ ਡਡਿਆਣਾ ਖੁਰਦ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ।

ਉਕਤ ਤਕਸੀਮ ਕੇਸ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਹੇਠ ਲਿਖੇ ਮੁਦਾਲਾ ਦੀ ਸਧਾਰਨ ਤਰੀਕੇ ਨਾਲ ਸੰਮਨਾਂ ਰਾਹੀਂ ਤਮੀਲ ਕਰਾਉਣੀ ਮੁਸ਼ਕਿਲ ਹੈ। ਇਸ ਲਈ ਇਸ ਕੇਸ ਵਿੱਚ ਤਾਰੀਖ ਪੇਸ਼ੀ ਮਿਤੀ 09-07-2026 ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਹੇਠ ਲਿਖੇ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਕੇਸ ਦੀ ਪੈਰਵੀ ਕਰਨ ਲਈ ਉਹ ਪੇਸ਼ੀ ਮਿਤੀ 09-07-2026 ਨੂੰ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਅੱਜ ਮਿਤੀ 17.06.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਤਹਿਸੀਲਦਾਰ ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ ਹੁਸ਼ਿਆਰਪੁਰ।

ਨੰਬਰ : 408/ਰੀਡਰ ਮਿਤੀ : 17.06.2026

1. ਗੁਰਪ੍ਰੀਤ ਸਿੰਘ ਪੁੱਤਰ ਅਮਰੀਕ ਸਿੰਘ ਪੁੱਤਰ ਭਾਨ ਸਿੰਘ ਵਾਸੀ ਪਿੰਡ ਡਡਿਆਣਾ ਖੁਰਦ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ।

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਮਨਦੀਪ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹੁਸ਼ਿਆਰਪੁਰ।

ਤਕਸੀਮ ਕੇਸ: ਮਨਦੀਪ ਕੌਰ ਢਿੱਲੋਂ

ਬਨਾਮ ਅਰਵਿੰਦਰ ਸਿੰਘ ਚੱਢਾ ਵਗੈਰਾ

ਰਕਬਾ ਵਾਕਿਆ ਪਿੰਡ ਬੈਰੋਕਾਂਗੜੀ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ।

ਉਕਤ ਤਕਸੀਮ ਕੇਸ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਹੇਠ ਲਿਖੇ ਮੁਦਾਲਾ ਦੀ ਸਧਾਰਨ ਤਰੀਕੇ ਨਾਲ ਸੰਮਨਾਂ ਰਾਹੀਂ ਤਮੀਲ ਕਰਾਉਣੀ ਮੁਸ਼ਕਿਲ ਹੈ। ਇਸ ਲਈ ਇਸ ਕੇਸ ਵਿੱਚ ਤਾਰੀਖ ਪੇਸ਼ੀ ਮਿਤੀ 09-07-2026 ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਹੇਠ ਲਿਖੇ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਕੇਸ ਦੀ ਪੈਰਵੀ ਕਰਨ ਲਈ ਉਹ ਪੇਸ਼ੀ ਮਿਤੀ 09-07-2026 ਨੂੰ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਅੱਜ ਮਿਤੀ 17.06.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਤਹਿਸੀਲਦਾਰ ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ ਹੁਸ਼ਿਆਰਪੁਰ।

ਨੰਬਰ : 404/ਰੀਡਰ ਮਿਤੀ : 17.06.2026

1. ਅਰਵਿੰਦਰ ਸਿੰਘ ਚੱਢਾ ਪੁੱਤਰ ਮੋਹਿੰਦਰ ਸਿੰਘ ਪੁੱਤਰ ਤੇਜਾ ਸਿੰਘ 2. ਰੁਬਿੰਦਰ ਸਿੰਘ ਚੱਢਾ ਪੁੱਤਰ ਮੋਹਿੰਦਰ ਸਿੰਘ ਪੁੱਤਰ ਤੇਜਾ ਸਿੰਘ, 3. ਜਗੀਰ ਸਿੰਘ ਪੁੱਤਰ ਜਗਤ ਸਿੰਘ ਪੁੱਤਰ ਅਰਜਨ ਸਿੰਘ, 4. ਦਰਸ਼ਨ ਕੌਰ ਪਤਨੀ ਧਿਆਨ ਸਿੰਘ ਪੁੱਤਰ ਈਸ਼ਰ ਸਿੰਘ, 5. ਕਰਨੈਲ ਸਿੰਘ ਪੁੱਤਰ ਗਿਆਨ ਸਿੰਘ ਪੁੱਤਰ ਰਣ ਸਿੰਘ, 6. ਮਨੋਹਰ ਲਾਲ, 7. ਚਮਨ ਲਾਲ ਪੁੱਤਰਾਨ ਧੰਨਾ ਰਾਮ ਪੁੱਤਰ ਹਾਕੋ 8. ਗੁਰਮੇਲ ਚੰਦ, 9. ਮੋਹਿੰਦਰ ਪਾਲ, 10. ਪਰਮਜੀਤ ਸਿੰਘ ਪੁੱਤਰਾਨ ਰਾਮ ਜੀ ਪੁੱਤਰ ਧੰਨਾ ਰਾਮ, 11. ਮਨਪ੍ਰੀਤ ਸਿੰਘ ਪੁੱਤਰ ਬਖਸ਼ੀ ਰਾਮ ਪੁੱਤਰ ਉਜਾਗਰ ਸਿੰਘ। ਸਾਰੇ ਵਾਸੀਆਨ ਪਿੰਡ ਬੈਰੋਕਾਂਗੜੀ ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ।

## ਨੋਟਿਸ

ਵਿਸ਼ਾ : ਦਰਖਾਸਤ ਬਾਬਤ ਮਾਲ ਰਿਕਾਰਡ ਵਿੱਚ ਨਾਂਅ ਸਹੀ ਕਰਨ ਸੰਬੰਧੀ ਦ/ਵ ਗੁਰਮੀਤ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਸੁਹਾਵਾ ਸਿੰਘ ਵਾਸੀ ਰਣੀਆ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ

ਉਪਰੋਕਤ ਵਿਸ਼ੇ ਸੰਬੰਧੀ ਨਿਮਨ ਹਸਤਾਖਰ ਦੇ ਦਫਤਰ ਵਿੱਚ ਪੇਸ਼ ਹੋ ਕਿ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋ ਕੇ ਬੇਨਤੀ ਕੀਤੀ ਹੈ ਕਿ ਰਿਕਾਰਡ ਮਾਲ ਵਾਕਿਆ ਪਿੰਡ ਰਣੀਆ-1, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਦੀ ਜਮ੍ਹਾਂਬੰਦੀ ਸਾਲ 2022-2023 ਦੀ ਖੇਵਟ ਨੰਬਰ 141-193 ਖਤੌਨੀ ਨੰਬਰ 238-35 ਵਿੱਚ ਉਸ ਦਾ ਨਾਂਅ ਤਰਸੇਮ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਸੁਹਾਵਾ ਸਿੰਘ ਦਰਜ ਹੈ। ਪਰੰਤੂ ਉਸ ਦੇ ਨਾਲ ਸੰਬੰਧਤ ਹਰ ਇੱਕ ਕਾਗਜ਼ਾਤ, ਜਿਵੇਂ ਕਿ ਉਸ ਦਾ ਆਧਾਰ ਕਾਰਡ- ਪੈਨ ਕਾਰਡ, ਵੋਟਰ ਕਾਰਡ ਆਦਿ ਵਿੱਚ ਉਸ ਦਾ ਨਾਂਅ ਗੁਰਮੀਤ ਸਿੰਘ ਦਰਜ ਹੈ। ਹੁਣ ਰਿਕਾਰਡ ਮਾਲ ਵਿੱਚ ਉਹ ਆਪਣਾ ਨਾਂਅ ਤਰਸੇਮ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਸੁਹਾਵਾ ਸਿੰਘ ਦੀ ਬਜਾਏ ਤਰਸੇਮ ਸਿੰਘ ਉਰਫ ਗੁਰਮੀਤ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਸੁਹਾਵਾ ਸਿੰਘ ਤਬਦੀਲ ਕਰਵਾਉਣਾ ਚਾਹੁੰਦਾ ਹੈ। ਉਸ ਨੂੰ ਦੋ ਨਾਂਅ ਤਰਸੇਮ ਸਿੰਘ ਅਤੇ ਗੁਰਮੀਤ ਸਿੰਘ ਨਾਲ ਜਾਣਿਆ ਜਾਂਦਾ ਹੈ। ਦੋਨੋਂ ਨਾਂਅ ਵਾਲਾ ਇੱਕ ਹੀ ਵਿਅਕਤੀ ਹੈ ਅਤੇ ਉਹ ਆਪਣੇ ਉਪਰੋਕਤ ਦੋਵਾਂ ਨਾਵਾਂ ਸੰਬੰਧੀ ਹਰ ਤਰ੍ਹਾਂ ਨਾਲ ਜ਼ਿੰਮੇਵਾਰ ਹੈ। ਜੇਕਰ ਭਵਿੱਖ ਵਿੱਚ ਨਾਵਾਂ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਕੋਈ ਹੇਰਾਫੇਰੀ ਸਾਬਤ ਹੋਈ ਤਾਂ ਮੈਂ ਹਰ ਤਰ੍ਹਾਂ ਜ਼ਿੰਮੇਵਾਰ ਹੋਵਾਂਗਾ ਅਤੇ ਸਜ਼ਾ ਦਾ ਭਾਗੀਦਾਰ ਬਣਾਂਗਾ।ਉਸ ਨਾਲ ਸੰਬੰਧਤ ਰਿਕਾਰਡ ਮਾਲ ਵਾਕਿਆ ਰਣੀਆ-1, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਵਿੱਚ ਉਸ ਦਾ ਨਾਂਅ ਤਰਸੇਮ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਸੁਹਾਵਾ ਸਿੰਘ ਦੀ ਬਜਾਏ ਤਰਸੇਮ ਸਿੰਘ ਉਰਫ ਗੁਰਮੀਤ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਸੁਹਾਵਾ ਸਿੰਘ ਤਬਦੀਲ ਕੀਤਾ ਜਾਵੇ।

ਦੋਨੋਂ ਨਾਂਅ ਦੀ ਤਸਦੀਕ ਗੁਰਦੇਵ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਸੁਹਾਵਾ ਸਿੰਘ- ਜਗਜੀਤ ਸਿੰਘ ਨੰਬਰਦਾਰ ਪੁੱਤਰ ਗੋਬਿੰਦਰ ਸਿੰਘ-ਸ਼ਿਵਰਾਜ ਸਿੰਘ ਪੁੱਤਰ ਨਛੱਤਰ ਸਿੰਘ -ਪ੍ਰੀਤਮ ਸਿੰਘ ਪੁੱਤਰ ਸੁਹਾਵਾ ਸਿੰਘ-ਗੁਰਜੀਤ ਸਿੰਘ ਪੁੱਤਰ ਗੁਰਮੀਤ ਸਿੰਘ - ਸੁਖਜੀਤ ਸਿੰਘ ਪੁੱਤਰ ਗੁਰਮੀਤ ਸਿੰਘ-ਨਰੈਣ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀਆਨ ਰਣੀਆ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਵੱਲੋਂ ਕੀਤੀ ਗਈ ਹੈ।

ਇਸ ਲਈ ਪੰਜਾਬ ਸਰਕਾਰ ਦੇ ਮੀਮੋ ਨੰਬਰ 25/78/2012-ਭਮ-2 /12445-71 ਚੰਡੀਗੜ੍ਹ ਮਿਤੀ 26-7-2013 ਦੇ ਹਵਾਲੇ ਮੁਤਾਬਿਕ ਮਾਲ ਰਿਕਾਰਡ ਵਿੱਚ ਨਾਂਅ ਤਬਦੀਲੀ ਕਰਾਉਣੀ ਹੈ। ਹੁਣ ਮਾਲ ਰਿਕਾਰਡ ਵਿੱਚ ਤਰਸੇਮ ਸਿੰਘ ਉਰਫ ਗੁਰਮੀਤ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਸੁਹਾਵਾ ਸਿੰਘ ਦਾ ਇੰਦਰਾਜ਼ ਕਰਵਾਉਣਾ ਹੈ।ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਇਸ ਦਫਤਰ ਵਿੱਚ ਆਪਣਾ ਇਤਰਾਜ਼ 10 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ, ਬਾਅਦ ਗੁਜ਼ਰਨੇ ਮਿਆਦ ਕੋਈ ਵੀ ਇਤਰਾਜ਼ ਕਾਬਲੇ ਗੌਰ ਨਹੀਂ ਹੋਵੇਗਾ।

ਨੰਬਰ 261 / ਰੀਡਰ ਮਿਤੀ : 15.06.2026

ਸਹੀ/-ਤਹਿਸੀਲਦਾਰ-ਕਮ-ਸਰਕਲ ਰੈਵੀਨਿਊ ਅਫਸਰ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਬਿਨੈਕਾਰ ਦਾ ਨਾਮ : ਜਸਵੀਰ ਸਿੰਘ ਪਿਤਾ/ਪਤੀ ਦਾ ਨਾਮ : ਗੁਰਦੀਪ ਸਿੰਘ

ਪਤਾ: Vpo Nawan Pind Jattan Teh Nakodar Jalandhar, Village Nawan Pind Jattan / Tehsil - Nakodar / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ: ਮਨਜੀਤ ਸਿੰਘ ਪੱਕਾ ਪਤਾ: Vpo Nawan Pind Jattan Teh Nakodar Jalandhar, Nawan Pind Jattan Nakodar, Jalandhar, Punjab ਵਿਦੇਸ਼ੀ ਪਤਾ: 2012 W Winterwood Ct Nampa Id 83686 Usa / 2012 ਡਬਲਯੂ ਵਿੰਟਰਵੁੱਡ ਸੀਟੀ ਨਾਮਪਾ ਆਈਡੀ 83686 ਯੂਐਸਏ

ਉਮਰ/ਜਨਮ ਮਿਤੀ : 36-(09/05/1990)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 16-06-2026 ਨੂੰ ਜਾਰੀ ਹੋਇਆ।

ਨੰਬਰ 39 /ਨੰਬਰ/ਰੀਡਰ ਮਤੀ 16.06.2026 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਉੱਤਰ ਰੇਲਵੇ

ਟੈਂਡਰ ਨੋਟਿਸ ਨੰ: 04/2026-27 ਮਿਤੀ :- 19.06.2026

**ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀ. ਮੰਡਲ ਸਾਮਗਰੀ ਪ੍ਰਬੰਧਕ /ਉੱਤਰ ਰੇਲਵੇ / ਭੰਡਾਰ ਬਰਾਂਚ / ਫ਼ਿਰੋਜ਼ਪੁਰ ਦੁਵਾਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ ਟੈਂਡਰ ਮੰਗ ਕੀਤੀ ਜਾਂਦੀ ਹੈ:-

| ਲ. ਨੰ: | ਟੈਂਡਰ ਨੰ: | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 1. | 94265180 | SIC of Hand-held X-Ray Fluorescence (XRF). | 03 Nos | 15.07.2026 |

ਟੈਂਡਰ ਸ਼ਰਤਾਂ:- IREPS ਦੀ ਵੈੱਬ ਸਾਈਟ www.ireps.gov.in ਉਤੇ ਉਪਲਬਧ ਹੈ। ਸਾਰੇ ਇੱਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ। ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ। 2131/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## AXIS BANK LTD.

ਰਿਟੇਲ ਐੱਸੇਟ ਸੈਂਟਰ : ਐਕਸਿਸ ਬੈਂਕ ਲਿਮ., ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ। ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ ਕਾਨੂੰਨੀ ਵਾਰਸਾਂ ਦੇ ਨਾਂਅ | 1. ਐੱਨ ਪੀ ਏ ਮਿਤੀ , 2. ਡਿਮਾਂਡ ਨੋਟਿਸ ਦੀ ਮਿਤੀ 3. ਕਬਜ਼ੇ ਦੀ ਮਿਤੀ , 4. ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|
| 1. ਸ੍ਰੀ ਸੁਸ਼ੀਲ ਕੁਮਾਰ ਪੁੱਤਰ ਰਮੇਸ਼ ਕੁਮਾਰ (ਕਰਜ਼ਦਾਰ) ਅਤੇ 2. ਸ੍ਰੀਮਤੀ ਅਨੂ ਦੇਵੀ ਪਤਨੀ ਸੁਸ਼ੀਲ ਕੁਮਾਰ (ਸਹਿ-ਕਰਜ਼ਦਾਰ/ਰਹਿਣਕਾਰ) | 1. 10 ਮਾਰਚ, 2026 2. 23 ਮਾਰਚ 2026, 3. 20 ਜੂਨ, 2026 4. ਰੁਪਏ 1196009/- (ਗਿਆਰਾਂ ਲੱਖ ਛਿਆਨਵੇਂ ਹਜ਼ਾਰ ਨੌਂ ਰੁਪਏ ਕੇਵਲ) |

ਸਕਿਉਰਡ ਐਸਟਸ ਦਾ ਜਾਇਦਾਦੀ ਪਤਾ : ਬੈਨਾਮਾ ਦਸਤਾਵੇਜ਼ ਨੰ: 2020-21/189/1/1163 ਮਿਤੀ 15 ਜੁਲਾਈ 2023 ਅਨੁਸਾਰ ਸ੍ਰੀ ਸੁਸ਼ੀਲ ਕੁਮਾਰ ਪੁੱਤਰ ਰਮੇਸ਼ ਕੁਮਾਰ ਅਤੇ ਸ੍ਰੀਮਤੀ ਅਨੂ ਦੇਵੀ ਪਤਨੀ ਸੁਸ਼ੀਲ ਕੁਮਾਰ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ: 203 'ਤੇ ਨਿਰਮਿਤ ਮਕਾਨ, ਰਕਬਾ 82 ਵਰਗ ਗਜ਼, ਖਸਰਾ ਨੰ: 6316/4486 ਮਿੰਨ, ਖੱਤਾ ਖਤੌਨੀ ਨੰ: 1258/3191, ਜਮ੍ਹਾਂਬੰਦੀ ਸਾਲ 2015-16, ਵਾਕਿਆ ਸੁਲਤਾਨਵਿੰਡ ਵਿਖੇ ਸਥਿਤ, ਸਬ-ਅਰਬਨ ਤਰਫ ਮਾਹਲ-2, ਅਬਾਦੀ ਕੋਟ ਮਿੱਤ ਸਿੰਘ ਨੇੜੇ ਭਾਈ ਮੰਝ ਫਲੈਟ ਅਤੇ ਸਟੂਡੈਂਟ ਹੈਵਨ ਪਬਲਿਕ ਸਕੂਲ, ਨੇੜੇ ਵਾਟਰ ਟੈਂਕ, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਲਾਂਘਾ, ਪੱਛਮ : ਪਲਾਟ ਨੰ. 202, ਉੱਤਰ : ਪਲਾਟ ਨੰ: 204, ਦੱਖਣ : ਹੋਰ।

ਮਿਤੀ : 23-06-2026 ਸਹੀ/-ਅਧਿਕਾਰਤ ਅਫਸਰ,

ਸਥਾਨ : ਲੁਧਿਆਣਾ ਐਕਸਿਸ ਬੈਂਕ ਲਿਮਟਿਡ

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਾਇਦਾਦ ਵਿਕਰੀ ਨੋਟਿਸ**

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।

ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 13.07.2026 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | 1. ਸ੍ਰੀ ਰਾਜ ਸਿੰਘ ਪੁੱਤਰ ਸਿੰਘ ਇੰਦਰ ਸਿੰਘ ਪਿੰਡ ਤਕੀਆ, ਤਹਿਸੀਲ ਸੁਲਤਾਨਪੁਰ ਲੋਧੀ, ਤਕੀਆ, ਕਪੂਰਥਲਾ, ਯੂਸੁਫਪੁਰ ਦਾਰੇਵਾਲ, ਪੰਜਾਬ-144629 2. ਸ੍ਰੀ ਬਲਵਿੰਦਰ ਸਿੰਘ ਪੁੱਤਰ ਸ੍ਰੀ ਰਾਜ ਸਿੰਘ ਪਿੰਡ ਤਕੀਆ, ਜ਼ਿਲ੍ਹਾ ਕਪੂਰਥਲਾ, ਪੰਜਾਬ-144629 (ਕਰਜ਼ਦਾਰ) 3. ਸ੍ਰੀ ਸੁਰਜੀਤ ਸਿੰਘ ਪੁੱਤਰ ਸ੍ਰੀ ਬਿਸ਼ੰਬਰ ਸਿੰਘ ਵਾਸੀ ਬਸਤੀ ਦਾਰੇਵਾਲ, ਯੂਸੁਫਪੁਰ, ਦਾਰੇਵਾਲ, ਜਲੰਧਰ, ਪੰਜਾਬ-144629 (ਗਰੰਟਰ) |
| ਬਕਾਇਆ ਰਕਮ HL/54611000032 | Rs. 35,79,904/- (ਅਤੇ 01.06.2026 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਟਾਈਟਲ ਡੀਡ ਨੰ. 2020/21/31/1/91 ਮਿਤੀ 15.06.2020 ਅਨੁਸਾਰ ਰਾਹੀਂ ਸ੍ਰੀ ਰਾਜ ਸਿੰਘ ਪੁੱਤਰ ਸ੍ਰੀ ਇੰਦਰ ਸਿੰਘ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 1 ਕਨਾਲ 0 ਮਰਲਾ ਪਿੰਡ ਤਕੀਆ ਵਿਖੇ ਸਥਿਤ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਹੱਦਬਸਤ ਨੰ. 185 |
| ਰਾਖਵੀਂ ਕੀਮਤ | ਰੁ. 10 ਲੱਖ (ਰੁਪਏ ਦਸ ਲੱਖ ਰੁਪਏ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਮਿਤੀ 13-07-2026 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ" "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਅਧਾਰ 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਈ ਐੱਮ ਡੀ (ਰਕਮ ਬਿਆਨਾ) ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 13.07.2026 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਕੰਗਣਾ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 22.06.2026 ਅਧਿਕਾਰਤ ਅਫਸਰ

# ਕਲਾਸੀਫਾਈਡ ਇਸ਼ਤਿਹਾਰ

## Change of Name

I, Subhash Chander s/o Bachitar Ram, R/o Village Phulpur, District Jalandhar, Punjab, hereby affirm and declare that my correct name is Subhash Chander. Please note.

I, Nirmala Devi, w/o Subhash Chander, R/oVillage Phulpur, District Jalandhar, Punjab, hereby affirm and declare that my correct name is Nirmala Devi. Please note.

I Mini W/O Jaswinder Pal R/O V.P.O Sang Dhesian Tehsil Phillaur, Distt. Jalandhar. I Have Changed My Name Mini To Mini Kapila.

I, Surjit Kaur W/o Surjit Singh R/o VPO. Udhopur, Distt. Jalandhar have changed the name of my minor daughter Jasmine Kaur to Jasmine Kaur Athwal.

I,Mohinder Nath S/O Sh. Sant Ram R/O 1555,Urban Estate, Phase-1,Dugri,Ludhiana,Punjab have changed my name from Mohinder Nath to Mohinder Dass.Concerned note.

I, Inderpal Singh Arora S/o Jasbir Singh Arora R/o 4824/22, Gali No. 8, Mohan Nagar, Sultanwind Road, Amritsar, Punjab have changed my name from Inderpal Singh Arora to Inderpal Singh. All concerned please note.

I, Gurbaj Singh S/o Kirpal Singh R/o Dhanoa Khurd, Distt. Amritsar, Punjab-143108 have changed my minor son's name from Gurmandeep Singh to Singh is his surname and Gurmandeep is his given name.

I, Shiv Kumar Dogra S/o Sada Lal R/o Street No.12, Sadar Bazar, Abohar Fazilka 152116 Punjab have changed my name from Shiv Kumar Dogra to Shiva Kumar.

I, Sarita Sharma W/o Vijay Kumar R/o E8/396, Guru Nanak Nagar, Bhalla Colony, Chheharta, Amritsar have changed my name from Sarita Sharma to Pooja.

I, Kuldeep S/o Parkash Chand R/o 2308 Roada Shah Colony Islamabad Amritsar have changed my name from Kuldeep to Kuldeep Raj.

I, Samreen Kaur Chhina D/o Gurbakhash Singh R/o VPO Harse Chhina (Wichla Qilla) Tehsil Ajnala District Amritsar have changed my name from Samreen Kaur Chhina to Samreen Kaur.

I, Parshotam Kumar Chopra S/O Roshan Lal R/O H No. N.d 80 Bikram Pura, Jalandhar - 144001 Have Changed Name From Parshotam Kumar To Parshotam Kumar Chopra. All Note.

I, Rakesh Singh S/O Shangara Singh R/O Vill. Bhagian Po. Hussainpur Lalowal Hoshiarpur Punjab India, Have Changed My Name From Rakesh Singh To Singh Rakesh.(surname As Singh).

I, Tarsem Lal S/o Dalvir Singh R/o Vill. Kala, PO. Bara Pind, Tehsil Phillaur, Distt. Jalandhar, Punjab have changed name from given name as Tarsem and Lal as surname. All concerned please note.

I, Chandni D/o Ranjit Kumar R/o V. Kadianwali, Po. Jamsher, Distt. Jalandhar, Punjab have changed my name from Chandni to Chandni Jhim.(Jhim as Surname). All please note.

I, Rajbir S/o Lachman Dass, R/o H.No.129, Pind Mithapur, Distt. Jalandhar have changed my name from Rajbir to Rajvir.

I,Charnjit Singh s/o Sohan Singh r/o Ward No.11,Lohian Khas,Teh. Shahkot, Distt.Jalandhar,have changed my name from Charnjit Singh to Charanjit Singh.

I, Shingara Ram alias Shangara Ram s/o Chanan Ram r/o vpo.lakhan ke padda,Tehsil Dhilwan, Kapurthala, Punjab-144802 changed my name to Shangara Ram. All Please Note.

I, Sanjogta w/o Rajiv Kumar r/o H.No. 234, W.No. 2, Ram Gali Ahiyapur Urmar,Tehsil Dasuya, Distt. Hoshiarpur have changed my name to Sanyogta. All Please Note.

I, Manisha Mehmi W/o Ashok Kumar Mehmi R/o VPO. Randhawa Masandan, Distt. Jalandhar-144004, Punjab have changed my name from Manisha Mehmi to Tirath Rani. All Please Note.

I, Jugraj Singh S/o Daljit Singh R/o Vill. Shampur, PO. Bhullar, Teh. Batala, Distt. Gurdaspur have changed my name to Given Name Jugraj & Surname as Singh. Concerned Note.

## Change of Name

I, Jaspreet Kaur wife of Kuldeep Singh resident of VPO. Laroi, PO: Bhogpur, District Jalandhar, Punjab-144201 have changed my name from Jaspreet Kaur to Given Name Jaspreet & Surname as Kaur. All concerned please note.

I, Rajesh Randev S/o Darshan Kumar R/o H.No. 63, Bank Colony, Mithapur Road, Jalandhar, Punjab-144003 have changed the name of my minor son Taanishtha aged 14 years and he shall hereafter be known as Taanishtha Randev.

I, Anmolpreet Kaur D/o Jatinder Singh R/o Village Dhesian, PO. Fazlabad, Tehsil Dera Baba Nanak, District Gurdaspur, Punjab-143505 have changed my name from Anmolpreet Kaur to Given Name Anmolpreet & Surname as Kaur. All concerned please note.

I, Krishan Kumar Shukla S/o Ram Niwas Shukla R/o 18-B, Ashok Nagar, Jalandhar, Punjab have changed my name from Krishan Shukla to Krishan Kumar Shukla. All concerned please note.

I, Amreek Singh S/o Mohinder Singh S/o Hari Singh R/o Vill. khanke Fatehgarh , PO Mustfapur, Jalandhar-144801, Punjab certified that Amreek Singh as well as Amreek Singh Chouhan, is one and the same person. All concerned please note.

I, Priya D/o Jaswinder Lal R/o VPO. Sikandarpur, Distt. Jalandhar-144301, Punjab have changed my name from Priya to Priya Kaur. All Please Note.

I, Slomi W/o Karam Chand R/o H.No. 517, Near Jiwan Singh Gurudwara, Garha, Jalandhar-144022, Punjab have changed my name from Slomi to Bably. All concerned please note.

I, hitherto known as Gurpreet W/o Ravi Kumar residing at 180, 4 Professor Colony, PAP Lines, Jalandhar Cantt, Distt. Jalandhar, Punjab have changed my name and shall hereafter be known as Gurpreet Jhamat.

I, Hitherto known as Mahesh Adlan S/o Vijay Kumar R/o W.No. 11 Mohalla Sant Pura, Tanda, P.O. Urmar (Hoshiarpur) Punjab-144204 have changed my name and shall hereafter be known as Adlan Mahesh.

I , Hitherto known as Sukhjinder Kaur W/o Kuldeep Singh R/o Vill. Domana, P.O. Nathupur, Distt. Hoshiarpur, Punjab-144202 have changed my name and shall hereafter be known as Kaur Sukhjinder

I,Hitherto known as Jaswinder Kaur W/o Rawel Singh R/o Vill. Domana, P.O. Nathupur, Distt. Hoshairpur Punjab-144202 have changed my name and shall hereafter be known as Kaur Jaswinder.

I,Hitherto known as Satwinder Kaur D/o Sucha Singh R/o Vill. Domana, P.O. Nathupur Distt. Hoshiarpur, Punjab-144402 have changed my name and shall after be known as Kaur Satwinder.

## PUBLIC NOTICE

I, Karnail Singh S/o Ajit Singh Vill. Sehjowal, PO. Garhdiwala, Tehsil Dasuya, Distt. Hoshiarpur, Punjab declare that my father's name written wrongly Jit Singh in Revenue record of Village Sehjowal/438. According my Aadhar card, PAN Card my father's correct name is Ajit Singh be amended in revenue record of Village Sehjowal/438. Concerned note.

## ਨਾਂਅ ਦੀ ਬਦਲੀ

ਮੈਂ ਜਸਮੀਨ ਪੁੱਤਰ ਕੁਲਵਿੰਦਰ ਸਿੰਘ ਵਾਸੀ ਪਿੰਡ ਅਬਾਦਾਨ ਡਾਕਖਾਨਾ ਲਾਂਬੜਾ ਤਹਿਸੀਲ ਜਲੰਧਰ-II ਜਿਲਾ ਜਲੰਧਰ, ਪੰਜਾਬ ਨੇ ਆਪਣਾ ਨਾਮ ਜਸਮੀਨ ਤੋਂ ਬਦਲ ਕੇ ਜਸਮੀਨ ਸਿੰਘ ਰੱਖ ਲਿਆ ਹੈ। ਸਬੰਧਤ ਨੋਟ ਕਰਨ।

ਮੈਂ ਅਰਵਿੰਦ ਸਿੰਘ ਪਿਤਾ ਮਨਿੰਦਰਪਾਲ ਸਿੰਘ ਪੱਤੀ ਕਾਕੜ ਪਿੰਡ ਤਿਹਾੜਾ ਤਹਿਸੀਲ ਜਗਰਾਉ ਜਿਲਾ ਲੁਧਿਆਣਾ ਦਾ ਰਹਿਣ ਵਾਲਾ ਹਾਂ।ਮੇਰਾ ਪਹਿਲਾਂ ਨਾਮ ਅਰਵਿੰਦ ਸਿੰਘ ਸਿੱਧੂ ਸੀ ਜਿਸਨੂੰ ਮੈਂ ਬਦਲ ਕੇ ਅਰਵਿੰਦ ਸਿੰਘ ਰੱਖ ਲਿਆ ਹੈ।ਮੈਨੂੰ ਹੁਣ ਇਸ ਨਾਮ ਨਾਲ ਜਾਣਿਆ ਜਾਵੇ।

ਮੈਂ ਰੁਪੇਸ਼ ਐਸ ਬੇਦੀ ਪੁੱਤਰ ਪਰਮਿੰਦਰ ਸਿੰਘ ਬੇਦੀ ਵਾਸੀ ਡੇਰਾ ਬਾਬਾ ਨਾਨਕ ਜਿਲ੍ਹਾਂ ਗੁਰਦਾਸਪੁਰ,ਮੈਂ ਆਪਣਾ ਨਾਮ ਰੁਪੇਸ਼ ਐਸ ਬੇਦੀ ਤੋਂ ਬਦਲ ਕੇ ਰੁਪੇਸ਼ ਸਿੰਘ ਬੇਦੀ ਰੱਖ ਲਿਆ ਹੈ,ਸਬੰਧਤ ਨੋਟ ਕਰਨ ।

ਮੈਂ, ਸੀਮਾ ਪੁੱਤਰੀ ਸੁਰੇਸ਼ ਕੁਮਾਰ ਵਾਸੀ ਗਲੀ ਨੰ. 1, ਨੇੜੇ ਬਾਬਾ ਕਾਲਾ ਮਹਿਲ, ਨਿਊ ਜਵਾਲਾ ਨਗਰ, ਮਕਸੂਦਾਂ, ਜਲੰਧਰ, ਪੰਜਾਬ ਨੇ ਆਪਣਾ ਨਾਮ ਸੀਮਾ ਤੋਂ ਬਦਲ ਕੇ ਸਿਮਰਨਜੀਤ ਕੌਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈ ਜੋਗਿੰਦਰ ਸਿੰਘ ਪੁੱਤਰ ਸੂਰਤਾ ਸਿੰਘ ਵਾਸੀ ਛਿਛਰੇਵਾਲ, ਡਾਕਖਾਨਾ ਤੇਜਾ ਕਲਾਂ ਤਹਿਸੀਲ ਬਟਾਲਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਦੇਵ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈ ਇਸ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰੇ ਪਰਿਵਾਰ ਨਾਲ ਇਸ ਦਾ ਕੋਈ ਰਿਸਤਾ ਨਹੀਂ ਹੈ।ਲੈਣ ਦੇਣ ਵਾਲਾ ਖੁਦ ਜਿਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਮਦਨ ਲਾਲ ਸ਼ਰਮਾ ਪੁੱਤਰ ਰਵੀ ਦੱਤ ਸ਼ਰਮਾ ਵਾਸੀ ਹਾਊਸ ਨੰਬਰ 179 ਵਾਰਡ ਨੰਬਰ 17, ਸੁਨਾਮ, ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਕਰਮ ਸ਼ਰਮਾ ਅਤੇ ਨੂੰਹ ਰੇਖਾ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਅਲੱਗ ਰਹਿੰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਦੀ ਮੇਰੀ ਕੋਈ ਜ਼ਿੰਮੇਵਾਰ ਨਹੀਂ ਹੋਵੇਗੀ। ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਨਿਸ਼ਾਨ ਸਿੰਘ ਪੁੱਤਰ ਲਾਲ ਸਿੰਘ ਅਤੇ ਸੁਖਵਿੰਦਰ ਕੌਰ ਪਤਨੀ ਨਿਸ਼ਾਨ ਸਿੰਘ ਵਾਸੀ ਮਕਾਨ ਨੰ: 349, ਪਿੰਡ ਮੂਲੇ ਚੱਕ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਰਬਜੀਤ ਸਿੰਘ ਅਤੇ ਨੂੰਹ ਜਸ਼ਨਦੀਪ ਕੌਰ ਪਤਨੀ ਸਰਬਜੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਮੈਂ, ਕਿੰਦਰ ਕੌਰ ਪਤਨੀ ਕੁਲਦੀਪ ਸਿੰਘ ਵਾਸੀ ਪਿੰਡ ਮਾੜੀ ਉਦੋਕੇ, ਹਾਲ ਵਾਸੀ ਝਬਾਲ ਕਲਾਂ, ਤਹਿਸੀਲ/ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਸ ਨਾਲ ਕੋਈ ਰਿਸ਼ਤਾ ਨਹੀਂ ਹੈ।

ਅਸੀਂ, ਰਕੇਸ਼ ਕੁਮਾਰ ਸਪੁੱਤਰ ਸਤਪਾਲ ਅਤੇ ਰੇਨੂ ਪਤਨੀ ਰਕੇਸ਼ ਕੁਮਾਰ, ਵਾਸੀਆਨ ਮਕਾਨ ਨੰਬਰ ਐੱਲ-4/537, ਕੋਟ ਆਤਮਾ ਰਾਮ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਾਨਵ ਸ਼ਰਮਾ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਮੈਂ, ਨਿਰਮਲ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਠੱਠਾ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਜੇਬੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਨਾਲ ਮੇਰਾ ਤੇ ਮੇਰੇ ਪਰਵਾਰ ਦਾ ਕੋਈ ਸੰਬੰਧ ਨਹੀਂ ਹੈ। ਸੰਬੰਧਤ ਨੋਟ ਕਰਨ।

ਅਸੀਂ, ਜਸਵੰਤ ਸਿੰਘ ਪੁੱਤਰ ਅਜੀਤ ਸਿੰਘ ਅਤੇ ਲਖਵਿੰਦਰ ਕੌਰ ਪਤਨੀ ਜਸਵੰਤ ਸਿੰਘ ਵਾਸੀ ਐੱਲ-2, 1240, ਗਲੀ ਨੰ: 11, ਨਿਊ ਗੁਰਨਾਮ ਨਗਰ, ਸੁਲਤਾਨਵਿੰਡ ਰੋਡ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਸ਼ਾਲਦੀਪ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੀ ਕੋਈ ਗੱਲ ਨਹੀਂ ਮੰਨਦਾ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਅਸੀਂ ਅਤੇ ਸਾਡਾ ਪਰਵਾਰ ਇਸ ਦੇ ਕਿਸੇ ਵੀ ਕਾਰ-ਵਿਹਾਰ ਦਾ ਜ਼ਿੰਮੇਵਾਰ ਨਹੀਂ ਹੋਵਾਂਗੇ।

ਮੈਂ, ਸੁਰਜੀਤ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਖਾਲਸਾ ਨਗਰ, ਕੋਟ ਮਿੱਤ ਸਿੰਘ, ਤਾਰਨ ਤਾਰਨ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਪ੍ਰਭਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਰਿਸ਼ਤਾ-ਨਾਤਾ ਨਹੀਂ ਹੈ।

ਮੈਂ ਗੁਰਪ੍ਰੀਤ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਜੋਧ ਸਿੰਘ ਵਾਲਾ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰੀ ਲੜਕੀ ਸਿਮਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ।ਮੈਂ ਆਪਣੀ ਲੜਕੀ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈ ਦਲਜੀਤ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਵਾਰਡ ਨੰਬਰ 13 ਪੱਟੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ । ਮੇਰੀ ਪਤਨੀ ਮਨਜਿੰਦਰ ਕੌਰ ਮੇਰਾ ਲੜਕਾ ਸੁਖਮਨਪ੍ਰੀਤ ਸਿੰਘ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੀ ਪਤਨੀ ਤੇ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ । ਇਹਨਾਂ ਨਾਲ਼ ਲੈਣ ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਅਸੀਂ ਅਜੇ ਕੁਮਾਰ ਪੁੱਤਰ ਧੰਨਾ ਰਾਮ ਵਾ ਪੂਨਮ ਪਤਨੀ ਅਜੇ ਕੁਮਾਰ ਵਾਸੀਆਨ ਮਕਾਨ ਨੰ: ਈਐਸ-555, ਲਿੰਕ ਰੋਡ, ਨਿਊ ਮਾਡਲ ਟਾਊਨ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜਾਹਿਤ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਅਨੰਤ ਖੰਨਾ ਪੁੱਤਰ ਸੱਤਪਾਲ ਖੰਨਾ ਵਾਸੀ ਮਕਾਨ ਨੰ: 129, ਨਿਜਾਤਮ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੁਦਿਤ ਖੰਨਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸਵਰਨ ਸਿੰਘ ਪੁੱਤਰ ਨਰੰਜਨ ਸਿੰਘ ਵਾਸੀ ਪਿੰਡ ਨਵਾ ਪਿੰਡ ਭੰਠੇ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਦੇਵ ਸਿੰਘ ਵਾ ਨੂੰਹ ਸੁਖਪ੍ਰੀਤ ਕੌਰ ਪਤਨੀ ਗੁਰਦੇਵ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਵਾ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਕੁਲਵਿੰਦਰ ਕੌਰ ਪਤਨੀ ਕੁਲਦੀਪ ਸਿੰਘ ਪੁੱਤਰ ਮਿਲਖਾ ਸਿੰਘ ਵਾਸੀ ਕਾਦਪੁਰ, ਤਹਿਸੀਲ ਤੇ ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪ੍ਰੇਮ ਸਿੰਘ ਵਾ ਉਸਦੀ ਪਤਨੀ ਹਰਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸੋਨੀਆ ਕੋਹਲੀ ਵਿਧਵਾ ਮਨੋਜ ਕੋਹਲੀ ਵਾਸੀ ਡਬਲਯੂ ਜੀ-268, ਸ਼ਕਤੀ ਨਗਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਗਜਲ ਕੋਹਲੀ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਚਮਨ ਲਾਲ ਪੁੱਤਰ ਸ਼੍ਰੀ ਪਿਆਰਾ ਰਾਮ ਵਾਸੀ ਪਿੰਡ ਕੁੰਢਾਲੀਆ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਰਨੈਲ ਸਿੰਘ ਤੇ ਉਸਦੀ ਪਤਨੀ ਬੰਦਨਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਬਖਸ਼ੀਸ਼ ਸਿੰਘ ਪੁੱਤਰ ਸ੍ਰੀ ਬਿਸ਼ਨ ਦਾਸ ਵਾਸੀ ਪਿੰਡ ਗੰਭੋਵਾਲ, ਡਾਕ: ਖੁੱਡਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਨਿਰਮਲ ਕੌਰ ਪਤਨੀ ਜਰਨੈਲ ਸਿੰਘ ਪੁੱਤਰ ਹਰਨਾਮ ਸਿੰਘ, ਵਾਸੀ 418 ਪੁੱਡਾ ਕਾਲੋਨੀ ਬੇਬੇ ਨਾਨਕੀ ਅਰਬਨ ਅਸਟੇਟ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦੀ ਰਹਿਣ ਵਾਲੀ ਹਾਂ। ਇਹ ਹੈ ਕਿ ਮੇਰਾ ਲੜਕਾ ਇੰਦਰਜੀਤ ਸਿੰਘ ਅਤੇ ਮੇਰੀ ਨੂੰਹ ਗੁਰਪ੍ਰੀਤ ਕੌਰ, ਜੋ ਮੇਰੇ ਕਹਿਣੇਕਾਰ ਨਾ ਹੋਣ ਕਾਰਨ ਆਪਣੀ ਕੁੱਲ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਮੈਂ ਹੁਣ ਆਪਣੀ ਬੇਦਖਲੀ ਵਾਪਸ ਲੈਂਦੀ ਹਾਂ।

ਮੈਂ, ਰਤਨ ਚੰਦ ਪੁੱਤਰ ਦੇਸ ਰਾਜ ਵਾਸੀ ਮਕਾਨ ਨੰਬਰ 130, ਗਲੀ ਨੰ. 11, ਨਿਊ ਪਵਨ ਨਗਰ, ਬਟਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਮੇਰਾ ਭਤੀਜਾ ਸੁਨੀਲ ਕੁਮਾਰ (34) ਪੁੱਤਰ ਮਰਹੂਮ ਉਮ ਪ੍ਰਕਾਸ਼ ਵਾਸੀ ਵਾਰਡ ਨੰ: 4, ਪ੍ਰੀਤ ਨਗਰ, ਪਠਾਨਕੋਟ (ਹਾਲ) ਪਿੰਡ ਭੋਆ, ਕੋਟਲੀ ਜ਼ਿਲ੍ਹਾ ਪਠਾਨਕੋਟ ਨਾਲ ਮੇਰਾ ਤੇ ਮੇਰੇ ਬਾਕੀ ਪਰਵਾਰਕ ਮੈਂਬਰਾਂ ਦਾ ਕੋਈ ਤਲਕ-ਵਾਸਤਾ ਨਹੀਂ ਹੈ। ਜੇ ਕਰ ਕੋਈ ਇਸ ਨਾਲ ਸੰਬੰਧ ਜਾਂ ਲੈਣ-ਦੇਣ ਕਰਦਾ ਹਾਂ ਤਾਂ ਸਾਡੇ ਪਰਵਾਰ ਦਾ ਕੋਈ ਸੰਬੰਧ ਵਾਸਤਾ ਨਹੀਂ ਹੋਵੇਗਾ। ਸੁਨੀਲ ਕੁਮਾਰ ਆਪਣੇ ਕੀਤੇ ਕੰਮਾਂ-ਕਾਰਾਂ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੋਟਰ ਕਨੈਕਸ਼ਨ ਜਿਸ ਦਾ ਖਾਤਾ ਨੰਬਰ ਕੇ.ਐਨ.ਏ.ਪੀ 234 ਹੈ ਜੋ ਕਿ ਸਿੰਦਰ ਕੌਰ ਉਰਫ ਸ਼ਿੰਦਰਪਾਲ ਕੌਰ ਪਤਨੀ ਨਾਥਾ ਸਿੰਘ ਵਾਸੀ ਕਾਹਨਗੜ੍ਹ ਦੇ ਨਾਮ ਚੱਲਦਾ ਹੈ ਇਸ ਕੁਨੈਕਸ਼ਨ ਨੂੰ ਹੁਣ ਚਮਕੌਰ ਸਿੰਘ ਪੁੱਤਰ ਨਾਥਾ ਸਿੰਘ ਵਾਸੀ ਕਾਹਨਗੜ੍ਹ ਆਪਣੇ ਨਾਮ ਕਰਾਉਣਾ ਚਾਹੁੰਦਾ ਹੈ । ਜੇਕਰ ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ 15 ਦਿਨ ਦੇ ਅੰਦਰ ਅੰਦਰ ਆਪਣਾ ਇਤਰਾਜ਼ ਬਿਜਲੀ ਦਫਤਰ ਬਰੇਟਾ ਵਿਖੇ ਪੇਸ਼ ਕਰ ਸਕਦਾ ਹੈ।

ਟਿਊਬਵੈਲ ਕੁਨੈਕਸ਼ਨ ਖਾਤਾ ਨੰਬਰ ਐਚ 14 ਏ ਪੀ 160647 ਨਾਂਅ ਬਦਲੀ ਹੋ ਕੇ ਗੁਰਮੀਤ ਸਿੰਘ ਪੁੱਤਰ ਸ੍ਰੀ ਅਵਤਾਰ ਸਿੰਘ ਪਿੰਡ ਝੱਜੀ ਪਿੰਡ ਤੋਂ ਬਦਲ ਕੇ ਕਮਲਜੀਤ ਕੌਰ ਪਤਨੀ ਭਾਗ ਮੱਲ ਪਿੰਡ ਕਮਾਲਪੁਰ ਕੁਨੈਕਸ਼ਨ ਝੱਜੀ ਪਿੰਡ ਦੇ ਨਾਂਅ 'ਤੇ ਹੋਣ ਜਾ ਰਿਹਾ ਹੈ। ਇਤਰਾਜ਼ ਕਰਤਾ 15 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਬਿਜਲੀ ਦਫਤਰ ਸਬ-ਅਰਬਨ ਟਾਂਡਾ ਵਿੱਚ ਦਰਜ ਕਰਵਾ ਸਕਦੇ ਹਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਰਾਹੁਲ ਗਾਂਧੀ ਦੇ ਜਨਮ ਦਿਨ ਮੌਕੇ ਵਾਤਾਵਰਣ ਦੀ ਸੰਭਾਲ ਪ੍ਰੋਗਰਾਮ ਕਰਾਇਆ




**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਲ ਇੰਡੀਆ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਦੇ ਜਨਮ ਦਿਨ ਮੌਕੇ ਬੱਸ ਸਟੈਂਡ ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਤੇ ਯੂਥ ਕਾਂਗਰਸ ਦੇ ਆਗੂਆਂ ਵੱਲੋਂ ਵਾਤਾਵਰਣ ਸੰਭਾਲ ਨੂੰ ਸਮਰਪਤ ਵਿਸ਼ੇਸ਼ ਪ੍ਰੋਗਰਾਮ ਕਰਾਇਆ ਗਿਆ।ਇਸ ਦੌਰਾਨ ਫ਼ਲਦਾਰ, ਛਾਂਦਾਰ ਤੇ ਫੁੱਲਦਾਰ ਬੂਟਿਆਂ ਦੀ ਵੰਡ ਕੀਤੀ ਗਈ।ਐੱਸ.ਸੀ. ਵਿਭਾਗ ਕਾਂਗਰਸ ਪੰਜਾਬ ਦੇ ਕਾਰਜਕਾਰੀ ਚੇਅਰਮੈਨ ਬਨੀ ਖਹਿਰਾ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਹਮੇਸ਼ਾ ਲੋਕਾਂ ਦੇ ਹੱਕਾਂ, ਸਮਾਜਿਕ ਨਿਆਂ ਤੇ ਵਾਤਾਵਰਣ ਦੀ ਸੁਰੱਖਿਆ ਲਈ ਆਵਾਜ਼ ਬੁਲੰਦ ਕੀਤੀ ਹੈ।ਹਰ ਵਿਅਕਤੀ ਦਾ ਫ਼ਰਜ਼ ਬਣਦਾ ਹੈ ਕਿ ਉਹ ਰੁੱਖ ਲਾਉਣ ਤੇ ਕੁਦਰਤ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਵੇ।ਬਨੀ ਖਹਿਰਾ ਨੇ ਕਿਹਾ ਕਿ ਰੁੱਖ ਮਨੁੱਖਤਾ ਲਈ ਕੁਦਰਤ ਦਾ ਸਭ ਤੋਂ ਵੱਡਾ ਵਰਦਾਨ ਹਨ।ਇਹ ਨਾ ਸਿਰਫ਼ ਸਾਨੂੰ ਸਾਫ਼ ਹਵਾ ਅਤੇ ਠੰਢੀ ਛਾਂ ਪ੍ਰਦਾਨ ਕਰਦੇ ਹਨ, ਸਗੋਂ ਧਰਤੀ ਦੇ ਵਾਤਾਵਰਣਕ ਸੰਤੁਲਨ ਨੂੰ ਕਾਇਮ ਰੱਖਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੇ ਜਨਮ ਦਿਨ, ਵਿਆਹ ਦੀਆਂ ਵਰ੍ਹੇਗੰਢ ਤੇ ਹੋਰ ਖੁਸ਼ੀ ਦੇ ਮੌਕਿਆਂ 'ਤੇ ਵਾਧੂ ਖਰਚ ਕਰਨ ਦੀ ਥਾਂ ਵਧੇਰੇ ਬੂਟੇ ਲਾਉਣ ਦੀ ਪ੍ਰੰਪਰਾ ਅਪਣਾਉਣ। ਇਸ ਮੌਕੇ ਕਾਂਗਰਸ ਕਿਸਾਨ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਸਰਬੀ ਆੜ੍ਹਤੀਆ, ਪ੍ਰਧਾਨ ਗਗਨ ਸਰਾਂ ਨੇ ਕਿਹਾ ਕਿ ਬਨੀ ਖਹਿਰਾ ਵੱਲੋਂ ਹਲਕੇ ਵਿੱਚ ਸਮਾਜ ਭਲਾਈ ਨਾਲ ਜੁੜੇ ਕਾਰਜ ਲਗਾਤਾਰ ਕੀਤੇ ਜਾ ਰਹੇ ਹਨ। ਪ੍ਰੋਗਰਾਮ ਦੌਰਾਨ ਬੱਸ ਸਟੈਂਡ 'ਤੇ ਮੌਜੂਦ ਲੋਕਾਂ ਤੇ ਰਾਹਗੀਰਾਂ ਨੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਇਸ ਨੂੰ ਸਮੇਂ ਦੀ ਲੋੜ ਕਰਾਰ ਦਿੱਤਾ।

## ਨਾਰਵੇ 'ਚ ਹੋਈ ਕੌਮਾਂਤਰੀ ਪੰਜਾਬੀ ਕਾਨਫ਼ਰੰਸ ਨੇ ਵਿਰਾਸਤ, ਭਾਸ਼ਾ ਤੇ ਇਤਿਹਾਸ ਸੰਭਾਲਣ ਦਾ ਦਿੱਤਾ ਸੰਦੇਸ਼



**ਰਾਏਕੋਟ (ਸੰਤੋਖ ਗਿੱਲ)**-ਨਾਰਵੇ ਦੀ ਰਾਜਧਾਨੀ ਓਸਲੋ ਦੇ ਓਕਰਨ ਸੈਂਟਰ 'ਚ ਯੂਰਪ ਦੀ ਪਹਿਲੀ ਵਿਸ਼ਾਲ ਕੌਮਾਂਤਰੀ ਪੰਜਾਬੀ ਕਾਨਫ਼ਰੰਸ ਦੁਨੀਆ ਭਰ ਦੇ ਪੰਜਾਬੀਆਂ ਲਈ ਆਪਣੀ ਭਾਸ਼ਾ, ਸੱਭਿਆਚਾਰ ਤੇ ਇਤਿਹਾਸ ਨਾਲ ਜੁੜੇ ਰਹਿਣ ਦਾ ਮਜ਼ਬੂਤ ਸੰਦੇਸ਼ ਛੱਡ ਗਈ।ਕਾਨਫ਼ਰੰਸ ਵਿੱਚ ਵੱਖ-ਵੱਖ ਦੇਸ਼ਾਂ ਤੋਂ ਆਏ ਵਿਦਵਾਨਾਂ, ਇਤਿਹਾਸਕਾਰਾਂ, ਖੋਜਕਾਰਾਂ, ਰਾਜਨੀਤਕ ਵਿਸ਼ਲੇਸ਼ਕ ਅਤੇ ਮਨੁੱਖੀ ਅਧਿਕਾਰਾਂ ਦੇ ਹਮਾਇਤੀਆਂ ਨੇ ਸ਼ਿਰਕਤ ਕੀਤੀ। ਸਮਾਗਮ ਵਿੱਚ ਸਵੀਡਨ ਦੀ ਸਟਾਕਹੋਮ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਇਸ਼ਤਿਆਕ ਅਹਿਮਦ, ਭਾਰਤ ਤੋਂ ਡਾ. ਰਾਜਕੁਮਾਰ ਹੰਸ, ਪੰਜਾਬ ਯੂਨੀਵਰਸਿਟੀ ਲਾਹੌਰ ਦੇ ਸਾਬਕਾ ਡੀਨ ਪ੍ਰੋਫੈਸਰ ਡਾ. ਮੁਹੰਮਦ ਇਕਬਾਲ ਚਾਵਲਾ, ਮਲੇਸ਼ੀਆ ਤੋਂ ਡਾ. ਕਰਮਿੰਦਰ ਸਿੰਘ ਢਿੱਲੋਂ, ਇੰਡੀਅਨ ਜਰਨਲਿਸਟਸ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਸਿੰਘ ਜੰਮੂ, ਸੁਪਰੀਮ ਕੋਰਟ ਦੇ ਸੀਨੀਅਰ ਐਡਵੋਕੇਟ ਨਵਕਿਰਨ ਸਿੰਘ, ਬੀ.ਬੀ.ਸੀ ਰੇਡੀਓ ਨਾਲ ਜੁੜੇ ਰਵਿੰਦਰ ਸਿੰਘ ਕੁੰਦਰਾ, ਪੰਜਾਬ ਸਟੇਟ ਆਰਕਾਈਵਜ਼ ਦੀ ਬੀਬੀ ਪਰਮਿੰਦਰ ਕੌਰ (ਪੰਮੀ ਸਿੱਧੂ-ਸੰਧੂ), ਕੈਲੇਫੋਰਨੀਆ ਤੋਂ ਬਲਵਿੰਦਰ ਸਿੰਘ ਜਟਾਣਾ ਤੇ ਪ੍ਰਸਿੱਧ ਗੁਰਮਤਿ ਪ੍ਰਚਾਰਕ ਪ੍ਰੀਤਮ ਸਿੰਘ ਮਟਵਾਣੀ ਸਮੇਤ ਕਈ ਹੋਰ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

ਕਾਨਫ਼ਰੰਸ ਦੌਰਾਨ ਦੂਜਾ ਮਾਸਟਰ ਤਾਰਾ ਸਿੰਘ ਮੈਮੋਰੀਅਲ ਭਾਸ਼ਣ ਵੀ ਕਰਾਇਆ ਗਿਆ।ਗੁਰੂ ਨਾਨਕ ਇੰਸਟੀਚਿਊਟ ਵੱਲੋਂ ਦੁਨੀਆ ਦੇ ਪੰਜ ਵੱਖ-ਵੱਖ ਸਥਾਨਾਂ 'ਤੇ ਇਹ ਭਾਸ਼ਣ ਲੜੀ ਕਰਾਉਣ ਦਾ ਫ਼ੈਸਲਾ ਕੀਤਾ ਗਿਆ ਹੈ।ਇਸ ਮੌਕੇ ਪ੍ਰੋਫੈਸਰ ਡਾ. ਇਸ਼ਤਿਆਕ ਅਹਿਮਦ ਨੇ ਮਾਸਟਰ ਤਾਰਾ ਸਿੰਘ ਦੇ ਜੀਵਨ, ਵਿਚਾਰਾਂ ਤੇ ਪੰਜਾਬ ਦੇ ਰਾਜਨੀਤਿਕ ਇਤਿਹਾਸ ਬਾਰੇ ਵਿਸਥਾਰਪੂਰਵਕ ਭਾਸ਼ਣ ਦਿੱਤਾ, ਜਿਸ ਨੂੰ ਸਰੋਤਿਆਂ ਨੇ ਬਹੁਤ ਧਿਆਨ ਨਾਲ ਸੁਣਿਆ।ਸਮਾਗਮ ਦੀ ਪ੍ਰਧਾਨਗੀ ਡਾ. ਰਾਜਕੁਮਾਰ ਹੰਸ ਨੇ ਕੀਤੀ ਤੇ ਪ੍ਰੋਫੈਸਰ ਡਾ. ਮੁਹੰਮਦ ਇਕਬਾਲ ਚਾਵਲਾ ਨੇ ਪੰਜਾਬ ਦੀ ਵੰਡ ਬਾਰੇ ਲਾਹੌਰ ਯੂਨੀਵਰਸਿਟੀ ਵਿੱਚ ਹੋ ਰਹੀ ਖੋਜ ਬਾਰੇ ਜਾਣਕਾਰੀ ਸਾਂਝੀ ਕੀਤੀ।ਬਲਵਿੰਦਰ ਸਿੰਘ ਜੰਮੂ ਨੇ ਭਾਰਤ ਅਤੇ ਪਾਕਿਸਤਾਨ ਦੇ ਪੱਤਰਕਾਰਤਾ ਖੇਤਰ ਦੇ ਚੁਣੌਤੀਪੂਰਨ ਮਸਲਿਆਂ 'ਤੇ ਖੋਜ ਪੱਤਰ ਪੇਸ਼ ਕੀਤਾ।ਕੈਲੇਫੋਰਨੀਆ ਤੋਂ ਆਏ ਬਲਵਿੰਦਰ ਸਿੰਘ ਜਟਾਣਾ ਨੇ ਪੰਜਾਬ ਦੀ ਖੇਤੀਬਾੜੀ ਤੇ ਕਿਸਾਨੀ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ ਰੱਖੇ ਤੇ ਪੰਜਾਬ ਦੀ ਵੰਡ 'ਤੇ ਆਧਾਰਤ ਇਕ ਭਾਵਪੂਰਨ ਕਵਿਤਾ ਵੀ ਪੇਸ਼ ਕੀਤੀ।ਡਾ. ਕਰਮਿੰਦਰ ਸਿੰਘ ਨੇ ਸਿੱਖ ਫ਼ਲਸਫ਼ੇ ਤੇ ਉਸ ਦੀ ਆਧੁਨਿਕ ਪ੍ਰਸੰਗਿਕਤਾ ਬਾਰੇ ਪੇਪਰ ਪੜ੍ਹਿਆ।ਪ੍ਰੀਤਮ ਸਿੰਘ ਮਟਵਾਣੀ ਅਤੇ ਰਵਿੰਦਰ ਸਿੰਘ ਕੁੰਦਰਾ ਨੇ ਆਪਣੀਆਂ ਰਚਨਾਵਾਂ ਰਾਹੀਂ ਸਮਕਾਲੀ ਸਮਾਜਿਕ ਹਾਲਤਾਂ ਨੂੰ ਰੂਪਮਾਨ ਕੀਤਾ।ਸਮਾਗਮ ਦੌਰਾਨ ਪ੍ਰੋਫੈਸਰ ਡਾ. ਬਲਜਿੰਦਰ ਸਿੰਘ ਦੀਆਂ ਚਾਰ ਕਿਤਾਬਾਂ ਕਥਾ ਜਪੁਜੀ ਸਾਹਿਬ, ਸੁਖਮਨੀ ਸਾਹਿਬ ਦੀ ਕਥਾ, ਪਹਿਲੇ ਸਿੱਖ ਰਾਜ ਦੀ ਰਾਜਧਾਨੀ ਲੋਹਗੜ੍ਹ ਅਤੇ ਸੰਜੀਦਾ ਸਿੱਖ ਮਸਲੇ ਰਿਲੀਜ਼ ਕੀਤੀਆਂ ਗਈਆਂ।ਇਸ ਤੋਂ ਇਲਾਵਾ ਡਾ. ਗੁਰਦੇਵ ਸਿੰਘ ਸਿੱਧੂ ਦੀ ਕਿਤਾਬ ਗੰਗਾ ਸਾਗਰ ਦੀ ਸੇਵਾ ਸੰਭਾਲ ਵੀ ਲੋਕ ਅਰਪਿਤ ਕੀਤੀ ਗਈ।ਕਾਨਫ਼ਰੰਸ ਵਿੱਚ ਗੰਗਾ ਸਾਗਰ ਨਾਲ ਜੁੜੀ ਇਤਿਹਾਸਕ ਵਿਰਾਸਤ ਵਿਸ਼ੇਸ਼ ਖਿੱਚ ਦਾ ਕੇਂਦਰ ਸੀ।ਸੰਨ 1705 ਵਿੱਚ ਰਾਏਕੋਟ ਦੇ ਨਵਾਬ ਰਾਏ ਕਲ੍ਹਾ ਨੂੰ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖ਼ਸ਼ੇ ਗਏ ਤੋਹਫ਼ਿਆਂ ਵਿੱਚੋਂ ਇੱਕ ਇਤਿਹਾਸਕ ਨਿਸ਼ਾਨੀ ਦੇ ਮੌਜੂਦਾ ਕਸਟੋਡੀਅਨ ਰਾਏ ਅਜ਼ੀਜ਼ ਉੱਲਾ ਖ਼ਾਨ ਇਸ ਨੂੰ ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਕਾਨਫ਼ਰੰਸ ਵਿੱਚ ਲੈ ਕੇ ਪਹੁੰਚੇ, ਜਿਸ ਨੇ ਹਾਜ਼ਰੀਨ ਦਾ ਵਿਸ਼ੇਸ਼ ਧਿਆਨ ਖਿੱਚਿਆ। ਸਟੇਜ ਸੰਚਾਲਨ ਪਰਮਿੰਦਰ ਕੌਰ (ਪੰਮੀ ਸਿੱਧੂ-ਸੰਧੂ) ਨੇ ਬਹੁਤ ਸੁਚੱਜੇ ਢੰਗ ਨਾਲ ਕੀਤਾ।ਸਮਾਗਮ ਦੇ ਅੰਤ ਵਿੱਚ ਡਾ. ਹਰਜਿੰਦਰ ਸਿੰਘ ਦਿਲਗੀਰ, ਡਾ. ਬਲਜਿੰਦਰ ਸਿੰਘ, ਡਾ. ਰਾਜਕੁਮਾਰ ਹੰਸ, ਨਵਕਿਰਨ ਸਿੰਘ ਅਤੇ ਬੀਬੀ ਪਰਮਿੰਦਰ ਕੌਰ ਨੇ ਦੇਸ਼-ਵਿਦੇਸ਼ ਤੋਂ ਆਏ ਵਿਦਵਾਨਾਂ ਦਾ ਸਨਮਾਨ ਕਰਦਿਆਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ, ਲੋਈਆਂ ਤੇ ਫੁੱਲਾਂ ਦੇ ਹਾਰ ਭੇਟ ਕੀਤੇ।

## 2027 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ : ਰਾਜੂ ਬਰਾੜ

### ਹਲਕੇ 'ਚ ਮਾਹਲਾ ਪਰਵਾਰ ਨੂੰ ਮਿਲ ਰਿਹੈ ਭਰਵਾਂ ਸਮਰਥਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਅਗਾਮੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵਿੱਚ ਕਾਫੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਇਸ ਸਬੰਧੀ ਅਕਾਲੀ ਆਗੂ ਰਾਜੂ ਬਰਾੜ ਤੇ ਕੁਲਦੀਪ ਬਰਾੜ ਭਲੂਰ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ।ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਲੋਕਹਿੱਤ ਨੀਤੀਆਂ ਤੇ ਮਜ਼ਬੂਤ ਸੰਗਠਨ ਦੇ ਕਾਰਨ ਲੋਕਾਂ ਦਾ ਰੁਝਾਨ ਲਗਾਤਾਰ ਅਕਾਲੀ ਦਲ ਵੱਲ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਯੂਥ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਅੱਜ ਲੋਕਾਂ ਦੇ ਹਰਮਨ ਪਿਆਰੇ ਆਗੂ ਬਣ ਚੁੱਕੇ ਹਨ।ਉਨ੍ਹਾਂ ਦੀ ਸਾਦਗੀ, ਮਿਲਣਸਾਰ ਸੁਭਾਅ ਤੇ ਲੋਕ ਸੇਵਾ ਦੀ ਭਾਵਨਾ ਕਾਰਨ ਹਲਕੇ ਦੇ ਹਰ ਵਰਗ ਵਿੱਚ ਉਨ੍ਹਾਂ ਨੂੰ ਭਰਪੂਰ ਸਨਮਾਨ ਮਿਲ ਰਿਹਾ ਹੈ।ਰਾਜੂ ਬਰਾੜ ਤੇ ਕੁਲਦੀਪ ਬਰਾੜ ਨੇ ਦੱਸਿਆ ਕਿ ਸੁਖਜੀਤ ਸਿੰਘ ਮਾਹਲਾ ਵੱਲੋਂ ਹਲਕੇ ਵਿੱਚ ਲਗਾਤਾਰ ਯੂਥ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਨੌਜਵਾਨਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ, ਪ੍ਰੋਗਰਾਮਾਂ ਤੇ ਭਵਿੱਖੀ ਯੋਜਨਾਵਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ ਨੂੰ ਨੌਜਵਾਨ ਵਰਗ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ, ਜਿਸ ਨਾਲ ਪਾਰਟੀ ਹੋਰ ਮਜ਼ਬੂਤ ਹੋ ਰਹੀ ਹੈ।ਉਨ੍ਹਾਂ ਹੋਰ ਕਿਹਾ ਕਿ 2027 ਦੀਆਂ ਚੋਣਾਂ ਵਿਚ ਲੋਕ ਮਾਹਲਾ ਪਰਿਵਾਰ ਨੂੰ ਵੱਡੀ ਜਿੱਤ ਦਿਵਾਉਣ ਲਈ ਪੂਰੀ ਤਰ੍ਹਾਂ ਤਿਆਰ ਹਨ।ਹਲਕੇ ਦੇ ਹਰ ਪਿੰਡ ਤੇ ਸ਼ਹਿਰ ਵਿੱਚ ਪਾਰਟੀ ਲਈ ਸਕਾਰਾਤਮਕ ਮਾਹੌਲ ਬਣ ਰਿਹਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਵਿੱਚ ਬਾਘਾ ਪੁਰਾਣਾ ਹਲਕੇ ਤੋਂ ਸ਼ਾਨਦਾਰ ਜਿੱਤ ਦਰਜ ਕੀਤੀ ਜਾਵੇਗੀ।

## ਸਿਵਲ ਹਸਪਤਾਲ 'ਚ 60 ਦੇ ਕਰੀਬ ਗੋਡਿਆਂ ਦੇ ਮਰੀਜ਼ਾਂ ਦੇ ਹੋਏ ਸਫਲ ਅਪ੍ਰੇਸ਼ਨ : ਐੱਸ ਐੱਮ ਓ



**ਧੂਰੀ (ਬਿੰਨੀ ਗਰਗ)**-ਸਿਵਲ ਹਸਪਤਾਲ ਵਿਖੇ ਹਫਤੇ ਵਿੱਚ ਦੋ ਦਿਨ ਸ਼ੁੱਕਰਵਾਰ ਤੇ ਸ਼ਨੀਵਾਰ ਨੂੰ ਗੋਡਿਆਂ ਅਤੇ ਚੂਲਿਆਂ ਦੇ ਸਫਲ ਅਪ੍ਰੇਸ਼ਨ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ। ਇਹ ਜਾਣਕਾਰੀ ਸਿਵਲ ਹਸਪਤਾਲ ਦੇ ਐਸ ਐਮ ਓ ਡਾਕਟਰ ਸੰਜੀਵ ਅਰੋੜਾ ਨੇ ਦੱਸਿਆ ਕਿ ਪ੍ਰਾਈਵੇਟ ਹਸਪਤਾਲਾਂ ਵਿੱਚ ਗੋਡੇ ਬਦਲਾਉਣ ਉੱਪਰ ਲੱਖਾਂ ਰੁਪਏ ਦਾ ਖਰਚ ਆਉਂਦਾ ਹੈ, ਜਦੋਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਧੂਰੀ ਵਿਖੇ ਬਣੇ ਅਤਿ ਆਧੁਨਿਕ ਹਸਪਤਾਲ 'ਚ ਇਨ੍ਹੀਂ ਦਿਨੀਂ ਚੂਲੇ ਤੇ ਗੋਡਿਆਂ ਦੇ ਅਪ੍ਰੇਸ਼ਨ ਹੱਡੀਆਂ ਦੇ ਮਾਹਰ ਡਾਕਟਰ ਹਰਬੰਸ ਸਿੰਘ ਵੱਲੋਂ ਕੀਤੇ ਜਾ ਰਹੇ ਹਨ, ਜੋ ਪੂਰੀ ਤਰ੍ਹਾਂ ਮੁਫ਼ਤ ਕੀਤੇ ਜਾ ਰਹੇ ਹਨ। ਡਾਕਟਰ ਹਰਬੰਸ ਸਿੰਘ ਨੇ ਦੱਸਿਆ ਕਿ ਉਹ ਹਫਤੇ ਵਿੱਚ ਦੋ ਦਿਨ ਅਪ੍ਰੇਸ਼ਨਾਂ ਲਈ ਆਉਂਦੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਇੱਕ ਮਹੀਨੇ ਦੌਰਾਨ ਉਨ੍ਹਾਂ ਵੱਲੋਂ 60 ਦੇ ਕਰੀਬ ਮਰੀਜ਼ਾਂ ਦੇ ਸਫ਼ਲ ਅਪ੍ਰੇਸ਼ਨ ਕੀਤੇ ਜਾ ਚੁੱਕੇ ਹਨ। ਅਵਤਾਰ ਕੌਰ ਵਾਸੀ ਭਿੰਡਰਾਂ, ਨਰਿੰਦਰ ਸਿੰਘ ਵਾਸੀ ਰਾਜੋਮਾਜਰਾ, ਜੀਤ ਕੌਰ ਵਾਸੀ ਘਨੌਰ ਕਲਾਂ, ਮੇਲਾ ਸਿੰਘ ਵਾਸੀ ਝਾੜੋਂ, ਨਿੱਕੋ ਦੇਵੀ ਵਾਸੀ ਧੂਰੀ, ਮਹਿੰਦਰ ਸਿੰਘ ਵਾਸੀ ਭੋਜੋਵਾਲੀ, ਜੰਗੀਰ ਸਿੰਘ ਵਾਸੀ ਕਹੇਰੂ, ਅਜਮੇਰ ਸਿੰਘ ਵਾਸੀ ਰੂਪਾਹੇੜੀ, ਨੀਤਾ ਦੇਵੀ ਵਾਸੀ ਹਿਮਤਾਣਾ, ਅੰਗਰੇਜ਼ ਸਿੰਘ ਵਾਸੀ ਤੱਕੀਪੁਰ ਆਦਿ ਮਰੀਜ਼ ਜੋ ਸਿਵਲ ਹਸਪਤਾਲ ਵਿਖੇ ਗੋਡਿਆਂ ਦੇ ਅਪ੍ਰੇਸ਼ਨ ਕਰਾਉਣ ਉਪਰੰਤ ਜੇਰੇ ਇਲਾਜ ਸਨ, ਨੇ ਦੱਸਿਆ ਕਿ ਉਨ੍ਹਾਂ ਦੇ ਅਪ੍ਰੇਸ਼ਨ ਸਿਵਲ ਹਸਪਤਾਲ ਵਿੱਚੋਂ ਡਾਕਟਰ ਹਰਬੰਸ ਸਿੰਘ ਵੱਲੋਂ ਪੂਰੀ ਤਰ੍ਹਾਂ ਮੁਫਤ ਕੀਤੇ ਗਏ ਹਨ।ਇਸ ਐਸ.ਐਮ.ਓ ਡਾਕਟਰ ਸੰਜੀਵ ਅਰੋੜਾ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪ੍ਰਾਈਵੇਟ ਹਸਪਤਾਲਾਂ ਵਿੱਚ ਲੱਖਾਂ ਰੁਪਏ ਖਰਚ ਕੇ ਇਲਾਜ ਕਰਾਉਣ ਦੀ ਬਜਾਏ ਲੋੜਵੰਦ ਮਰੀਜ਼ ਸਿਵਲ ਹਸਪਤਾਲ ਵਿੱਚ ਇਲਾਜ ਕਰਾਉਣ ਨੂੰ ਪਹਿਲ ਦੇਣ ਜਿੱਥੇ ਗਾਈਨੀ ਦੇ ਮਾਹਰ ਡਾਕਟਰ ਵੀ ਮੌਜੂਦ ਹਨ ਤੇ ਜਣੇਪੇ ਨਾਲ ਸੰਬੰਧਤ ਕੇਸ ਵੀ ਪੂਰੀ ਤਰ੍ਹਾਂ ਮੁਫ਼ਤ ਹੁੰਦੇ ਹਨ।

## 17 ਨੂੰ ਮੁਹਾਲੀ 'ਚ ਮਹਾਂ ਰੈਲੀ ਕਰਕੇ ਮੁਕੰਮਲ ਹੜਤਾਲ ਦਾ ਕੀਤਾ ਜਾਵੇਗਾ ਐਲਾਨ



**ਲੁਧਿਆਣਾ (ਇੰਦਰਜੀਤ ਵਿਰਦੀ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ, ਪੰਜਾਬ ਵੱਲੋਂ ਪੈਨਸ਼ਨਰ ਭਵਨ ਵਿਖੇ ਪੰਜਾਬ ਭਰ ਦੀਆਂ ਸਮੂਹ ਮੁਲਾਜ਼ਮ ਤੇ ਪੈਨਸ਼ਨਰਜ਼ ਫੈਡਰੇਸ਼ਨਾਂ, ਐਸੋਸੀਏਸ਼ਨਾਂ, ਜਥੇਬੰਦੀਆਂ, ਆਊਟਸੋਰਸ, ਕੱਚੇ ਮੁਲਾਜ਼ਮ, ਠੇਕਾ ਮੁਲਾਜ਼ਮ, ਮਾਣਭੱਤਾ/ਇਨਸੈਂਟਿਵ ਮੁਲਾਜ਼ਮ, ਐਨਪੀਐਸ ਮੁਲਾਜ਼ਮ ਤੇ ਹੋਰ ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਪ੍ਰਮੁੱਖ ਆਗੂ ਸ਼ਾਮਲ ਹੋਏ ।ਮੀਟਿੰਗ ਦੌਰਾਨ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੀਆਂ ਇਕੱਤਰ ਹੋਈਆਂ ਜਥੇਬੰਦੀਆਂ ਵੱਲੋਂ ਮੀਟਿੰਗ ਕਰਕੇ ਭਵਿੱਖ ਵਿੱਚ ਸਰਕਾਰ ਵਿਰੁੱਧ ਸੰਘਰਸ਼ ਕਰਨ ਲਈ ਸਾਂਝੀ ਕੋਆਰਡੀਨੇਸ਼ਨ ਕਮੇਟੀ ਦਾ ਗਠਨ ਕੀਤਾ ਗਿਆ ਤੇ ਸਾਂਝੀ ਕੋਆਰਡੀਨੇਸ਼ਨ ਕਮੇਟੀ ਦੀ ਅਗਵਾਈ ਵਿੱਚ ਅਗਲੇ ਸੰਘਰਸ਼ਾਂ ਦਾ ਐਲਾਨ ਕਰਦਿਆਂ ਆਗੂਆਂ ਨੇ ਆਖਿਆ ਕਿ 24 ਜੂਨ ਨੂੰ ਆਪਣੇ-ਆਪਣੇ ਜ਼ਿਲ੍ਹਿਆਂ ਦੇ ਹੈੱਡਕੁਆਰਟਰਾਂ 'ਤੇ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਅੱਗੇ ਰੋਸ ਧਰਨੇ ਦਿੱਤੇ ਜਾਣਗੇ ਤੇ ਰੋਸ ਧਰਨਿਆਂ ਦੌਰਾਨ ਕੋਆਰਡੀਨੇਸ਼ਨ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ।ਮੀਟਿੰਗ 'ਚ ਫ਼ੈਸਲਾ ਕੀਤਾ ਗਿਆ ਕਿ 01 ਜੁਲਾਈ ਤੋਂ 10 ਜੁਲਾਈ ਦਰਮਿਆਨ ਮੰਤਰੀਆਂ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ।24 ਜੂਨ ਨੂੰ ਜ਼ਿਲ੍ਹਾ ਪੱਧਰੀ ਧਰਨਿਆਂ ਦੌਰਾਨ ਮੰਤਰੀਆਂ ਦੇ ਘਰਾਂ ਦੇ ਕਰਾਓ ਦੀਆਂ ਤਰੀਕਾਂ ਦਾ ਐਲਾਨ ਵੀ ਕੀਤਾ ਜਾਵੇਗਾ।ਆਗੂਆਂ ਆਖਿਆ ਕਿ ਮੰਤਰੀਆਂ ਦੇ ਘਰਾਂ ਦੇ ਘਿਰਾਓ ਦੌਰਾਨ ਚੇਤਾਵਨੀ ਪੱਤਰ ਦਿੱਤੇ ਜਾਣਗੇ ,ਇਹ ਚੇਤਾਵਨੀ ਪੱਤਰ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ 17 ਜੁਲਾਈ ਨੂੰ ਮੋਹਾਲੀ ਵਿਖੇ ਕੀਤੀ ਜਾ ਰਹੀ ਮਹਾਂ ਰੈਲੀ ਦੇ ਸੰਦਰਭ ਵਿੱਚ ਹੋਣਗੇ। ਆਗੂਆਂ ਨੇ ਕਿਹਾ ਕਿ ਇਹ ਰੈਲੀ 18% ਮਹਿਗਾਈ ਭੱਤਾ ਜਾਰੀ ਕਰਾਉਣ, ਪੈਨਸ਼ਨਰਾਂ ਤੇ 2.59 ਗੁਣਾਂਕ ਲਾਗੂ ਕਰਾਉਣ, ਪੁਰਾਣੀ ਪੈਨਸ਼ਨ ਬਹਾਲ ਕਰਵਾਉਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮ ਪੱਕੇ ਕਰਾਉਣ ਤੇ ਮਾਣਭੱਤਾ/ਇਨਸੈਂਟਿਵ ਮੁਲਾਜ਼ਮਾਂ ਤੇ ਘੱਟੋ-ਘੱਟ ਤਨਖਾਹ ਸਕੇਲ ਲਾਗੂ ਕਰਾਉਣ, ਪ੍ਰੋਬੇਸ਼ਨਲ ਪੀਰੀਅਡ ਪੂਰੀ ਤਨਖਾਹ ਸਮੇਤ ਇਕ ਸਾਲ ਕਰਾਉਣ, ਕੇਂਦਰੀ ਤਨਖਾਹ ਸਕੇਲ ਰੱਦ ਕਰਕੇ ਪੰਜਾਬ ਸਕੇਲ ਲਾਗੂ ਕਰਾਉਣ, ਬੰਦ ਕੀਤੇ ਭੱਤੇ ਸੋਧ ਕੇ ਬਹਾਲ ਕਰਾਉਣ ਤੇ 200 ਰੁਪਏ ਜਜ਼ੀਆ ਟੈਕਸ ਖਤਮ ਕਰਾਉਣ ਲਈ ਕੀਤੀ ਜਾ ਰਹੀ ਹੈ।ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਸਰਕਾਰ ਵੱਲੋਂ 17 ਜੁਲਾਈ ਦੀ ਮਹਾਂ ਰੈਲੀ ਤੱਕ ਕੋਈ ਸਬਕ ਨਾ ਸਿੱਖਿਆ ਤਾਂ ਇਸੇ ਰੈਲੀ ਦੌਰਾਨ ਮੁਕੰਮਲ ਹੜਤਾਲ ਦਾ ਐਲਾਨ ਕੀਤਾ ਜਾਵੇਗਾ।

## ਬਾਬਾ ਕੂੜਾ ਮੱਲ, ਰੁਲੀਆ ਰਾਮ ਤੇ ਸਾਵਣ ਮੱਲ ਯਾਦਗਾਰ ਵਿਖੇ ਸਾਲਾਨਾ ਭੰਡਾਰਾ ਸੰਪੰਨ



**ਦੋਰਾਹਾ (ਹਰਮਿੰਦਰ ਸੇਠ)**
ਪੂਜਨੀਕ ਬਾਬਾ ਕੂੜਾ ਮੱਲ, ਰੁਲੀਆ ਰਾਮ ਤੇ ਸਾਵਣ ਮੱਲ (ਲੱਲ ਕਲਾਂ ਵਾਲਿਆਂ) ਦੀ ਪਵਿੱਤਰ ਯਾਦ ਨੂੰ ਸਮਰਪਤ ਸਾਲਾਨਾ ਭੰਡਾਰਾ ਨੀਲੋਂ ਪੁਲ ਨੇੜੇ ਸਥਿਤ ਮੰਦਰ ਯਾਦਗਾਰ ਵਿਖੇ ਸ਼ਰਧਾ ਤੇ ਭਾਵਨਾ ਨਾਲ ਕਰਵਾਇਆ ਗਿਆ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਨੰਦ ਪਰਵਾਰ ਵੱਲੋਂ ਵੱਡੇ ਬਜ਼ੁਰਗਾਂ ਨੂੰ ਯਾਦ ਕਰਦਿਆਂ ਸਭ ਤੋਂ ਪਹਿਲਾਂ ਪੂਜਾ-ਅਰਚਨਾ ਕੀਤੀ ਗਈ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੇ ਅਸ਼ੀਰਵਾਦ ਨੂੰ ਨਮਨ ਕੀਤਾ ਗਿਆ।ਇਸ ਉਪਰੰਤ ਸੰਗਤ ਦੀ ਸੇਵਾ ਲਈ ਠੰਢੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ ਤੇ ਛੋਲੇ-ਕੁਲਚਿਆਂ ਦੇ ਲੰਗਰ ਦਾ ਪ੍ਰਬੰਧ ਕੀਤਾ ਗਿਆ।ਇਸ ਤੋਂ ਬਾਅਦ ਮਿੱਠੀ ਖੀਰ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰ ਕੇ ਪ੍ਰਸਾਦ ਗ੍ਰਹਿਣ ਕੀਤਾ।ਇਸ ਮੌਕੇ ਆਨੰਦ ਪਰਵਾਰ ਦੀ ਨੂੰਹ ਤੇ ਮਹਾਨਗਰ ਲੁਧਿਆਣਾ ਦੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਤੇ ਪਰਿਵਾਰਕ ਮੈਂਬਰਾਂ ਨਾਲ ਮਿਲ ਕੇ ਸੇਵਾ ਨਿਭਾਈ।ਇਸ ਮੌਕੇ ਜਾਣਕਾਰੀ ਦਿੰਦਿਆਂ ਆਨੰਦ ਪਰਵਾਰ ਦੇ ਮੈਂਬਰਾਂ ਨੇ ਦੱਸਿਆ ਕਿ ਇਹ ਸਾਲਾਨਾ ਭੰਡਾਰਾ ਆਪਣੇ ਵੱਡੇ ਬਜ਼ੁਰਗਾਂ ਦੀ ਪਵਿੱਤਰ ਯਾਦ ਨੂੰ ਸਮਰਪਤ ਹੁੰਦਾ ਹੈ, ਜਿਸ ਨੂੰ ਹਰ ਸਾਲ ਪੂਰੀ ਸ਼ਰਧਾ, ਸਤਿਕਾਰ ਤੇ ਧਾਰਮਿਕ ਭਾਵਨਾ ਨਾਲ ਆਯੋਜਿਤ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਸੰਗਤ ਲਈ ਮਿੱਠੀ ਛਬੀਲ, ਛੋਲੇ-ਕੁਲਚੇ ਤੇ ਖੀਰ ਦਾ ਅਤੁੱਟ ਲੰਗਰ ਵਰਤਾਇਆ ਗਿਆ।

**DEBTS RECOVERY TRIBUNAL CHANDIGARH(DRT 3)**
**SCO No.33-34-35, Sector-17-A, Chandigarh**
**(Additional space allotted on 3rd & 4th Floor also)**

ਫਾਰਮ ਨੰ. 13
[ਦੇਖੋ ਰੈਗੂਲੇਸ਼ਨ-13(1)(ਏ)]
ਕੇਸ ਨੰ. ਓ ਏ/313/2026
ਕਰਜ਼ਾ ਵਸੂਲੀ ਟ੍ਰਿਬਿਊਨਲ (ਅਮਲ) ਰੂਲਜ਼, 1993 ਦੇ ਨਿਯਮ 5 ਦੇ ਸਬ-ਨਿਯਮ (2-ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਈ ਐਕਸ ਐਚ ਨੰ. : 30677
ਪੰਜਾਬ ਨੈਸ਼ਨਲ ਬੈਂਕ ਲਿਮਟਿਡ
ਬਨਾਮ
ਗੁਰਮੀਤ ਸਿੰਘ ਅਤੇ ਹੋਰ

ਸੇਵਾ 'ਚ
1. ਗੁਰਮੀਤ ਸਿੰਘ ਪੁੱਤਰ ਕੇਸਰ ਸਿੰਘ ਵਾਸੀ ਤਾਜਪੁਰ ਰੋਡ, ਪਿੰਡ ਭਖਾਰੀ ਕਲਾਂ, ਜ਼ਿਲ੍ਹਾ ਲੁਧਿਆਣਾ
2. ਸ੍ਰੀ ਸੁਖਮਿੰਦਰ ਪਾਲ ਸਿੰਘ ਪੁੱਤਰ ਕੇਸਰ ਸਿੰਘ ਵਾਸੀ ਤਾਜਪੁਰ ਰੋਡ, ਪਿੰਡ ਭਖਾਰੀ ਕਲਾਂ, ਜ਼ਿਲ੍ਹਾ ਲੁਧਿਆਣਾ

**ਸੰਮਨ**

ਜਦੋਂ ਕਿ ਓ ਏ/313/2026 ਮਾਣਯੋਗ ਪ੍ਰਜ਼ਾਈਡਿੰਗ ਅਫਸਰ/ਰਜਿਸਟਰਾਰ ਸਨਮੁੱਖ 01-04-2026 ਨੂੰ ਸੂਚੀਬੱਧ ਕੀਤਾ ਗਿਆ ਸੀ।
ਜਦੋਂ ਕਿ ਤੁਹਾਡੇ ਵਿਰੁੱਧ ਰੁਪਏ 25,83,681.14/- ਦੀ ਕਰਜ਼ਾ ਵਸੂਲੀ ਲਈ ਉਕਤ ਅਰਜ਼ੀ 'ਤੇ ਐਕਟ ਦੇ ਸੈਕਸ਼ਨ 19(4)(ਓ ਏ) ਤਹਿਤ (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ, ਨੱਥੀ) ਇਹ ਮਾਣਯੋਗ ਟ੍ਰਿਬਿਊਨਲ ਸੰਮਨ/ਨੋਟਿਸ ਜਾਰੀ ਕਰਨ ਦੀ ਖੁਸ਼ੀ ਪ੍ਰਾਪਤ ਕਰ ਰਿਹਾ ਹੈ।
ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ, ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :
(i) ਸੰਮਨ ਪ੍ਰਾਪਤੀ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਦਿੱਤੀ ਗਈ ਰਾਹਤ ਮਨਜ਼ੂਰ ਕਿਉਂ ਨਾ ਕੀਤੀ ਜਾਵੇ।
(ii) ਅਸਲ ਅਰਜ਼ੀ ਦੇ ਲੜੀ ਨੰ. 3 ਏ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਗਈਆਂ ਜਾਇਦਾਦਾਂ ਅਤੇ ਐਸੇਟਸ ਤੋਂ ਇਲਾਵਾ ਹੋਰ ਜਾਇਦਾਦਾਂ ਜਾਂ ਐਸੇਟਸ ਦੇ ਵੇਰਵਿਆਂ ਦਾ ਖੁਲਾਸਾ ਕਰਨਾ।
(iii) ਅਸਲ ਅਰਜ਼ੀ ਦੇ ਲੜੀ ਨੰ. 3 ਏ ਤਹਿਤ ਖੁਲਾਸਾ ਕੀਤੇ ਗਏ ਸਕਿਉਰਡ ਐਸੇਟਸ ਜਾਂ ਅਜਿਹੇ ਹੋਰ ਐਸੇਟਸ, ਲੰਬਿਤ ਸੁਣਵਾਈ ਅਤੇ ਜਾਇਦਾਦਾਂ ਦੀ ਕੁਰਕੀ ਲਈ ਅਰਜ਼ੀ ਦੇ ਨਿਪਟਾਰੇ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ।
(iv) ਜਿਹੜੀ ਸਕਿਉਰਟੀ 'ਤੇ ਹਿੱਤ ਲਾਗੂ ਹਨ ਜਾਂ ਹੋਰ ਐਸੇਟਸ ਅਤੇ ਅਸਲ ਅਰਜ਼ੀ ਦੇ ਲੜੀ ਨੰ. 3 ਏ 'ਚ ਖੁਲਾਸਾ ਕੀਤੀਆਂ ਗਈਆਂ ਜਾਇਦਾਦਾਂ ਟ੍ਰਿਬਿਊਨਲ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ, ਬਿਜ਼ਨਸ ਦੇ ਸਧਾਰਨ ਕੋਰਸ ਤੋਂ ਇਲਾਵਾ ਤੁਸੀਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਨਹੀਂ ਕਰ ਸਕਦੇ।
(v) ਸਕਿਉਰਡ ਐਸੇਟਸ ਦੀ ਵਿਕਰੀ ਜਾਂ ਬਿਜ਼ਨਸ ਦੇ ਸਧਾਰਨ ਕੋਰਸ 'ਚ ਹੋਰ ਐਸੇਟਸ ਅਤੇ ਜਾਇਦਾਦਾਂ ਅਤੇ ਅਜਿਹੇ ਐਸੇਟਸ 'ਤੇ ਸਕਿਉਰਟੀ ਰੱਖਦੇ ਬੈਂਕ ਜਾਂ ਵਿੱਤੀ ਸੰਗਠਨਾਂ ਦੇ ਖਾਤਿਆਂ 'ਚ ਵਿਕਰੀ ਰਾਹੀਂ ਜਮ੍ਹਾਂ ਅਜਿਹੀ ਆਮਦਨ ਸਾਕਾਰ ਵਿਕਰੀ ਆਮਦਨ ਦਾ ਹਿਸਾਬ ਦੇਣ ਲਈ ਤੁਸੀਂ ਜਵਾਬਦੇਹ ਹੋਵੇਗੇ।
ਤੁਹਾਨੂੰ ਲਿਖਤੀ ਬਿਆਨ ਸਮੇਤ ਬਿਨੈਕਾਰ ਨੂੰ ਉਸ ਦੀ ਨਕਲ ਦੇ ਦਾਇਰ ਕਰਨ ਨਾਲ ਰਜਿਸਟਰਾਰ ਦੇ ਸਨਮੁੱਖ 25-06-2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਨਿਰਦੇਸ਼ ਦਿੱਤੇ ਜਾਂਦੇ ਹਨ। ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਕੀਤੀ ਜਾਵੇਗੀ ਅਤੇ ਤੁਹਾਡੀ ਗੈਰ-ਹਾਜ਼ਰੀ 'ਚ ਫੈਸਲਾ ਦੇ ਦਿੱਤਾ ਜਾਵੇਗਾ।
ਮੇਰੇ ਦਸਤਖਤਾਂ ਤੇ ਟ੍ਰਿਬਿਊਨਲ ਦੀ ਮੋਹਰ ਨਾਲ 06-04-2026 ਨੂੰ ਜਾਰੀ ਕੀਤਾ ਗਿਆ।
**ਸੰਮਨ ਜਾਰੀ ਕਰਨ ਦੇ ਅਧਿਕਾਰਤ ਅਫਸਰ ਦੇ ਦਸਤਖਤ**
ਟਿੱਪਣੀ : ਜੋ ਲਾਗੂ ਨਹੀਂ ਕੱਟ ਦਿਓ

## ਰਾਜ ਪੱਧਰੀ ਯੁਵਾ ਕਵੀ ਦਰਬਾਰ ਤੇ ਸਨਮਾਨ ਸਮਾਰੋਹ 28 ਨੂੰ, ਪੁਸਤਕ ਪ੍ਰਦਰਸ਼ਨੀ ਹੋਵੇਗੀ ਖਿੱਚ ਦਾ ਕੇਂਦਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਹਿੰਦਰ ਸਾਥੀ ਯਾਦਗਾਰੀ ਮੰਚ (ਰਜਿ) ਮੋਗਾ ਵੱਲੋਂ 28 ਜੂਨ ਨੂੰ ਸਵੇਰੇ 10 ਵਜੇ ਡੀ ਐੱਮ ਕਾਲਜ ਮੋਗਾ ਦੇ ਆਡੀਟੋਰੀਅਮ ਵਿੱਚ ਇਨਕਲਾਬੀ ਸ਼ਾਇਰ ਮਹਿੰਦਰ ਸਾਥੀ ਦੇ ਜਨਮ ਦਿਨ ਨੂੰ ਸਮਰਪਤ ਵਿਸ਼ਾਲ ਸਾਹਿਤਕ ਸਮਾਗਮ ਕਰਵਾਇਆ ਜਾਵੇਗਾ।ਇਸ ਮੌਕੇ ਰਾਜ ਪੱਧਰੀ ਯੁਵਾ ਕਵੀ ਦਰਬਾਰ ਹੋਵੇਗਾ, ਜਿਸ ਵਿੱਚ ਯੁਵਾ ਸਾਹਿਤ ਅਕਾਦਮੀ ਐਵਾਰਡ ਜੇਤੂ ਸ਼ਾਇਰ ਰਣਧੀਰ, ਚਰਚਿਤ ਯੁਵਾ ਸ਼ਾਇਰ ਕੇਵਲ ਕ੍ਰਾਂਤੀ, ਸੁਰਿੰਦਰ ਸਿੰਘ ਬਟਾਲਾ, ਕਵਿਤਰੀ ਪੂਜਾ ਪੁੰਡਰਕ, ਸੁਰਖ਼ਾਬ, ਰਾਜਵੀਰ ਮੱਤਾ, ਗਗਨਦੀਪ ਸਿੰਘ ਦੀਪ, ਰਾਣੀ ਸ਼ਰਮਾ, ਮਨਦੀਪ ਰਤਨ, ਹਰਮਨ ਸੂਫ਼ੀ ਤੇ ਸੁਖਵਿੰਦਰ ਫਿਰੋਜ਼ਪੁਰ ਭਾਗ ਲੈਣਗੇ।ਸਮਾਗਮ ਦੀ ਪ੍ਰਧਾਨਗੀ ਨਾਮਵਰ ਵਿਅੰਗਕਾਰ ਕੇ ਗਰਗ, ਜ਼ਿਲ੍ਹਾ ਭਾਸ਼ਾ ਅਫ਼ਸਰ ਲੁਧਿਆਣਾ ਤੇ ਉੱਘੇ ਸ਼ਾਇਰ ਸੰਦੀਪ ਸ਼ਰਮਾ, ਨਾਮਵਰ ਗਜ਼ਲਗੋ ਵਾਹਿਦ, ਪ੍ਰਸਿੱਧ ਆਲੋਚਕ ਡਾਕਟਰ ਸੁਰਜੀਤ ਬਰਾੜ ਵੱਲੋਂ ਕੀਤੀ ਜਾਵੇਗੀ।ਪੱਤਰਕਾਰਾਂ ਇਸ ਜਾਣਕਾਰੀ ਦਿੰਦੇ ਹੋਏ ਮੰਚ ਦੇ ਪ੍ਰਧਾਨ ਨਵਨੀਤ ਸਿੰਘ ਸੇਖਾ, ਜਨਰਲ ਸਕੱਤਰ ਗੁਰਪ੍ਰੀਤ ਧਰਮਕੋਟ, ਸੀਨੀਅਰ ਮੀਤ ਪ੍ਰਧਾਨ ਅਮਰਪ੍ਰੀਤ ਕੌਰ ਸੰਘਾ, ਮੀਤ ਪ੍ਰਧਾਨ ਧਾਮੀ ਗਿੱਲ ਨੇ ਦੱਸਿਆ ਕਿ ਸਮਾਗਮ ਵਿੱਚ ਪੰਜਾਬੀ ਦੇ ਚਰਚਿਤ ਨੌਜਵਾਨ ਕਹਾਣੀਕਾਰ ਅਲਫ਼ਾਜ਼ ਨੂੰ ਜਰਨੈਲ ਸਿੰਘ ਸੇਖਾ ਗਲਪ ਪੁਰਸਕਾਰ ਤੇ ਮਹਿੰਦਰ ਸਾਥੀ ਯਾਦਗਾਰੀ ਯੁਵਾ ਪੁਰਸਕਾਰ ਨਾਮਵਰ ਕਵਿਤਰੀ ਰੂਹੀ ਸਿੰਘ (ਪਟਿਆਲਾ) ਨੂੰ ਦਿੱਤਾ ਜਾਵੇਗਾ।ਸਮਾਗਮ ਦੌਰਾਨ ਜਰਨੈਲ ਸਿੰਘ ਆਰਟਿਸਟ ਬਾਰੇ ਪੁਸਤਕ ਲੋਕ ਅਰਪਣ ਕੀਤੀ ਜਾਵੇਗੀ।ਊੜਾ ਪ੍ਰਕਾਸ਼ਨ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ।ਮੰਚ ਵੱਲੋਂ ਵੱਖ ਵੱਖ ਸਾਹਿਤ ਸਭਾਵਾਂ ਤੇ ਸਾਹਿਤਕ ਸੰਸਥਾਵਾਂ ਦੇ ਮੈਂਬਰਾਂ ਤੇ ਲੇਖਕਾਂ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।

## ਰੰਗਕਰਮੀ ਪ੍ਰਦੀਪ ਰਾਜਾ ਦੀ ਯਾਦ 'ਚ ਸਮਾਗਮ, ਆਗੂਆਂ ਵੱਲੋਂ ਸ਼ਰਧਾਂਜਲੀਆਂ



**ਸਮਰਾਲਾ (ਸੁਰਜੀਤ ਸਿੰਘ)**
ਸਿੱਖਿਆ ਖੇਤਰ ਤੋਂ ਇਲਾਵਾ ਲੋਕ ਸੰਘਰਸ਼ ਕਮੇਟੀ, ਜਬਰ ਤੇ ਫ਼ਿਰਕਾਪ੍ਰਸਤੀ ਵਿਰੋਧੀ ਫਰੰਟ ਪੰਜਾਬ, ਲੋਕ ਮੋਰਚਾ ਪੰਜਾਬ, ਆਪਰੇਸ਼ਨ ਗ੍ਰੀਨਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ, ਲੇਖਕ ਮੰਚ ਸਮਰਾਲਾ ਤੇ ਸਮਾਜ ਸੇਵੀ ਸੰਸਥਾਵਾਂ ਵਿੱਚ ਅਹਿਮ ਭੂਮਿਕਾ ਅਦਾ ਕਰਦੇ ਆ ਰਹੇ ਮਾਸਟਰ ਕੁਲਵੰਤ ਸਿੰਘ ਤਰਕ ਦੇ ਇਕਲੌਤੇ ਸਪੁੱਤਰ ਰੰਗਕਰਮੀ ਪ੍ਰਦੀਪ ਰਾਜਾ ਦੀ ਯਾਦ 'ਚ ਹੋਏ ਸ਼ਰਧਾਜ਼ਲੀ ਸਮਾਗਮ ਮੌਕੇ ਵੱਡੀ ਗਿਣਤੀ 'ਚ ਜੁੜੇ ਲੋਕਾਂ ਅਤੇ ਲੋਕ ਜਥੇਬੰਦੀਆਂ ਨੇ ਸੇਜ਼ਲ ਅੱਖਾਂ ਨਾਲ ਭਾਵ ਭਿੰਨੀ ਸ਼ਰਧਾਂਜਲੀ ਭੇਟ ਕੀਤੀ।ਪ੍ਰੋ. ਪਰਮਿੰਦਰ ਸਿੰਘ (ਡਾ.) ਨੇ ਪ੍ਰਦੀਪ ਰਾਜਾ ਦੇ ਜੀਵਨ ਸਫ਼ਰ ਸਬੰਧੀ ਪ੍ਰੇਰਨਾਦਾਇਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਪ੍ਰਦੀਪ ਰਾਜਾ ਦੀ ਜ਼ਿੰਦਗੀ ਅਤੇ ਮੌਤ ਦਾ ਵਰਤਾਰਾ ਦਰਸਾਉਂਦਾ ਹੈ ਕਿ ਅਜੋਕੇ ਇਮਤਿਹਾਨੀ ਦੌਰ ਵਿੱਚ ਪਰਿਵਾਰਾਂ ਅਤੇ ਲੋਕਾਂ ਦੀ ਨਿੱਜੀ ਅਤੇ ਵਿਸ਼ਾਲ ਸਾਂਝ ਹੀ ਮੁਸੀਬਤਾਂ ਦੇ ਪਹਾੜਾਂ ਨੂੰ ਸਰ ਕਰੇਗੀ।

ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ, ਸੁਰਖ਼ ਲੀਹ ਦੇ ਸੰਪਾਦਕ ਜਸਪਾਲ ਜੱਸੀ ਅਤੇ ਆਪ੍ਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਕਨਵੀਨਰ ਬੂਟਾ ਸਿੰਘ ਮਹਿਮੂਦਪੁਰ ਨੇ ਪ੍ਰਦੀਪ ਰਾਜਾ ਅਤੇ ਉਸ ਦੇ ਪਰਿਵਾਰ ਦੀ ਲੰਮੀ, ਲੋਕਾਂ ਨੂੰ ਸਮਰਪਿਤ ਕਹਾਣੀ ਤੋਂ ਪ੍ਰੇਰਣਾ ਲੈਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰਦੀਪ ਰਾਜਾ ਦਾ ਵਿਛੋੜਾ ਕੁਦਰਤੀ ਨਹੀਂ, ਸਗੋਂ ਬੁਰੀ ਤਰ੍ਹਾਂ ਗਲੀ-ਸੜੀ ਵਿਵਸਥਾ ਵਿੱਚ ਪੈਦਾ ਹੋ ਰਹੀਆਂ ਗੰਭੀਰ ਬਿਮਾਰੀਆਂ ਅਤੇ ਇਲਾਜ ਦੇ ਮਾਨਵੀ ਦ੍ਰਿਸ਼ਟੀ ਤੋਂ ਪ੍ਰਬੰਧ ਨਾ ਹੋਣ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਵਿੱਦਿਅਕ ਰੰਗਮੰਚ ਅਤੇ ਫ਼ਿਲਮੀ ਦੁਨੀਆਂ ਵਿੱਚੀਂ ਵਿਚਰਦਾ ਪ੍ਰਤਿਭਾਵਾਨ ਨੌਜਵਾਨ ਪ੍ਰਦੀਪ ਰਾਜਾ ਜਾਨਲੇਵਾ ਬਿਮਾਰੀ ਨੇ ਜਕੜ ਲਿਆ ਤੇ ਨੋਟਾਂ ਦੀਆਂ ਪੰਡਾਂ ਉਸ ਦੇ ਸਿਰ ਤੋਂ ਵਾਰ ਕੇ ਵੀ ਅੰਨ੍ਹੇ ਮੁਨਾਫ਼ੇ ਦੀ ਦੌੜ 'ਚ ਪਏ, ਵਪਾਰ ਦਾ ਕੇਂਦਰ ਬਣੇ ਜਗਾੜ ਵਿੱਚੋਂ ਸਾਰੇ ਓਹੜ ਪੋਹੜ ਪ੍ਰਦੀਪ ਰਾਜਾ ਨੂੰ ਬਚਾ ਨਾ ਸਕੇ।ਮਾਸਟਰ ਕੁਲਵੰਤ ਸਿੰਘ ਤਰਕ ਨੇ ਕਿਹਾ ਕਿ ਪ੍ਰਦੀਪ ਰਾਜਾ ਮੇਰਾ ਸਿਰਫ਼ ਸਪੁੱਤਰ ਹੀ ਨਹੀਂ ਸੀ ਸਗੋਂ ਸੰਗੀ ਸਾਥੀ ਤੇ ਨਿੱਘਾ ਦੋਸਤ ਵੀ ਸੀ।

ਉਨ੍ਹਾਂ ਕਿਹਾ ਕਿ ਜਿਸ ਆਦਮ-ਖਾਣੇ ਨਿਜ਼ਾਮ ਨੇ ਰਾਜਾ ਖੋਹਿਆ ਹੈ, ਉਸ ਨੂੰ ਬਦਲਣ ਲਈ ਅਤੇ ਆਪਣੇ ਪੁਰਖਿਆਂ, ਸੰਗਰਾਮੀ ਕਾਫ਼ਲਿਆਂ ਵੱਲੋਂ ਦਰਸਾਏ ਬੇਗ਼ਮਪੁਰਾ ਤੇ ਸਾਂਝੀਵਾਲਤਾ ਸਿਰਜਣ ਲਈ ਚੱਲ ਰਹੇ ਸੰਗਰਾਮੀ ਕਾਫ਼ਲਿਆਂ ਵਿੱਚ ਮੈਂ ਆਪਣੇ ਪੁੱਤ ਦਾ ਚਿਹਰਾ ਨਿਹਾਰਦਾ ਰਹਾਂਗਾ।ਇਸ ਕਾਰਜ ਲਈ ਹੀ ਹਰ ਸਾਹ ਸਮਰਪਤ ਕਰਾਂਗਾ।ਲੋਕ ਪੱਖੀ ਜਥੇਬੰਦੀਆਂ ਦੇ ਆਗੂ ਭਗਵੰਤ ਸਮਰਾਲਾ (ਇੰਗਲੈਂਡ), ਮਾ. ਭਜਨ ਸਿੰਘ ਕੈਲਗਿਰੀ (ਕੈਨੇਡਾ), ਹਰਸ਼ਰਨ ਗਿੱਲ ਧੀਦੋ, ਪਰਮਿੰਦਰ ਗਿੱਲ (ਸ਼ਹੀਦ ਪਾਸ਼ ਦੀ ਭੈਣ) ਅਮਰੀਕਾ, ਸ਼ਹੀਦ ਹੰਸ ਰਾਜ ਦੇ ਭਰਾ ਹਰਬੰਸ ਸਿੰਘ ਨਿਊਜ਼ੀਲੈਂਡ, ਦੇਸ਼ ਭਗਤ ਯਾਦਗਾਰੀ ਕਮੇਟੀ ਜਲੰਧਰ, ਗਗਨਦੀਪ ਗਿੱਲ ਕੈਨੇਡਾ, ਬਲਦੇਵ ਰਹਿਪਾ ਤਰਕਸ਼ੀਲ ਰੈਸਨੇਲਿਸਟ ਸੁਸਾਇਟੀ ਕੈਨੇਡਾ, ਬਲਵੰਤ ਮਲਸੀਹਾਂ ਕੈਨੇਡਾ, ਕਵੀ ਸੁਰਿੰਦਰ ਧੰਜਲ (ਡਾ.), ਧੀਦੋ ਗਿੱਲ, ਪਰਮਿੰਦਰ ਗਿੱਲ ਪਾਸ਼ ਦੀ ਭੈਣ ਅਮਰੀਕਾ, ਹਰਜਿੰਦਰ ਸਿੰਘ ਮਜ਼ਦੂਰ ਆਗੂ, ਜਗਮੇਲ ਸਿੰਘ ਬਠਿੰਡਾ, ਚਰਨ ਸਿੰਘ ਨੂਰਪੁਰਾ, ਸਾਧੂ ਸਿੰਘ ਪੰਜੇਟਾ, ਕੁਲਦੀਪ ਸਿੰਘ, ਸੁਦਾਗਰ ਸਿੰਘ ਘੁਡਾਣੀ, ਗੁਰਵੀਰ ਸ਼ਾਹੀ, ਮਨਜੀਤ ਸਿੰਘ ਮੁੱਤੋਂ ਖੂਨਦਾਨੀ, ਜਸਵਿੰਦਰ ਸਿੰਘ ਦੋਰਾਹਾ, ਜਗਦੇਵ ਸਿੰਘ ਖੰਨਾ, ਜਸਵਿੰਦਰ ਸਿੰਘ, ਗੁਰਬਖ਼ਸ਼ੀਸ਼ ਸਿੰਘ, ਰਣਜੀਤ ਸਿੰਘ, ਹੁਸ਼ਿਆਰ ਸਿੰਘ, ਪੱਤਰਕਾਰ ਭਾਰਦਵਾਜ, ਦਲੀਪ ਸਿੰਘ, ਭਰਪੂਰ ਸਿੰਘ, ਸਿਕੰਦਰ ਸਿੰਘ ਪ੍ਰਧਾਨ, ਮੇਘ ਸਿੰਘ ਜਵੰਦਾ, ਵਿਜੇ ਕੁਮਾਰ, ਕਮਲਜੀਤ ਘੁੰਗਰਾਲੀ ਸਿੱਖਾਂ, ਅਮਰਜੀਤ ਸਿੰਘ ਬਾਲਿਓਂ, ਜਗਜੀਵਨ ਸਿੰਘ ਖੀਰਨੀਆਂ, ਡਾ. ਜਗਤਾਰ ਸਿੰਘ ਸਾਬਕਾ ਡੀ.ਪੀ.ਆਈ. ਪੰਜਾਬ, ਡਾ.ਦਰਸ਼ਨ ਖੇੜੀ, ਐਡਵੋਕੇਟ ਨਰਿੰਦਰ ਨਿੰਦੀ, ਮਲਕੀਤ ਸਿੰਘ ਜਗਰਾਓਂ, ਸਮਸ਼ੇਰ ਸਿੰਘ, ਦਵਿੰਦਰ ਸਿੰਘ ਸਬ ਇੰਸਪੈਕਟਰ, ਮਨਪ੍ਰੀਤ ਸਿੰਘ, ਡਾ. ਤਰਸੇਮ, ਪ੍ਰੇਮ ਸਿੰਘ ਦੀਵਾਲਾ, ਬਲਵੀਰ ਸਿੰਘ ਦੋਰਾਹਾ, ਮੋਹਣ ਸਿੰਘ ਲੁਧਿਆਣਾ, ਰਾਜ, ਰਾਜਵੀਰ ਸਿੰਘ, ਹਰਪ੍ਰੀਤ ਸਿੰਘ, ਰਾਮ ਸਿੰਘ ਕਾਲੜਾ, ਕੇਵਲ ਸਿੰਘ ਕੱਦੋਂ ਆਦਿ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

**International Asset Reconstruction Co. Pvt. Ltd.**
IARC
**Registered Office:** Plot No. 246, 2nd Floor, Okhla Industrial Estate, Phase-III, New Delhi-110020. **Corporate Office:** A-601, 602, 605, 6th Floor, 215 Atrium, Kanakia Spaces, Andheri Kurla Road, Andheri (East), Mumbai - 400093.
**CIN No.:** U74999012002PIC117525, **E-mail:** iarc@iarc.co.in
Website: www.iarc.co.in

ਈ-ਨਿਲਾਮੀ-ਕਮ-ਵਿਕਰੀ ਲਈ ਜਨਤਕ ਸੂਚਨਾ (ਅੰਤਿਕਾ IV ਏ) (ਰੂਲ 8 (6)

ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ-2002 ਤਹਿਤ ਅਚੱਲ ਐੱਸਟ ਦੀ ਵਿਕਰੀ ਲਈ ਵਿਕਰੀ ਨੋਟਿਸ।

ਇਸ ਦੁਆਰਾ ਆਮ ਜਨਤਾ ਅਤੇ ਖਾਸ ਤੌਰ 'ਤੇ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ), ਗਰੰਟਰ (ਗਰੰਟਰਾਂ) ਅਤੇ ਰਹਿਣਕਾਰ (ਰਹਿਕਾਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਸਕਿਉਰਡ ਐੱਸਟ ਨੂੰ ਇੰਟਰਨੈਸ਼ਨਲ ਐਸਟ ਰੀਕੰਸਟਰੱਕਸ਼ਨ ਕੰਪਨੀ ਪ੍ਰਾਈਵੇਟ ਲਿਮਟਿਡ ਰਿਟ ਕੰ-5 ਦੇ ਟਰੱਸਟੀ ਵਜੋਂ ਕਾਰਜਸ਼ੀਲ (ਇਸ ਤੋਂ ਬਾਅਦ "ਆਈ ਏ ਆਰ ਸੀ" ਵਜੋਂ ਹਵਾਲਾ), ਜਿਸ ਦਾ ਰਜਿਸਟਰਡ ਦਫਤਰ ਪਲਾਟ ਨੰ. 246, ਦੂਜੀ ਮੰਜ਼ਲ ਓਖਲਾ ਇੰਡਸਟ੍ਰੀਅਲ ਅਸਟੇਟ ਫੇਜ਼ III, ਨਵੀਂ ਦਿੱਲੀ-110020, ਕਾਰਪੋਰੇਟ ਦਫਤਰ ਏ 601/602/605, 6ਵੀਂ ਮੰਜ਼ਲ, 215 ਐਟ੍ਰੀਅਮ, ਕਨਕੀਆ ਸਪੇਸਜ਼, ਅੰਧੇਰੀ, ਕੁਰਲਾ ਰੋਡ, ਅੰਧੇਰੀ (ਪੂਰਬੀ) ਮੁੰਬਈ-400093 ਨੂੰ ਗਿਰਵੀ ਰੱਖੀ ਗਈ ਹੈ ਅਤੇ ਜਿਸ ਦਾ ਭੌਤਿਕ ਕਬਜ਼ਾ ਆਈ ਏ ਆਰ ਸੀ ਦੇ ਅਧਿਕਾਰਤ ਅਫਸਰ (ਏ ਓ) ਵੱਲੋਂ ਪ੍ਰਾਪਤ ਕਰ ਲਿਆ ਗਿਆ ਸੀ, ਨੂੰ ਆਈ ਏ ਆਰ ਸੀ ਦੇ ਬਕਾਏ ਦੀ ਪ੍ਰਾਪਤੀ ਲਈ "ਜਿਵੇਂ ਹੈ ਜਿੱਥੇ ਹੈ" ਅਤੇ "ਜਿਵੇਂ ਹੈ ਜੋ ਹੈ" ਅਤੇ "ਉੱਥੇ ਜਿਵੇਂ ਹੈ" ਅਤੇ "ਬਿਨਾਂ ਰੀਕੋਰਸ" ਦੇ ਅਧਾਰ 'ਤੇ ਵੇਚਿਆ ਜਾਵੇਗਾ। ਵਿਕਰੀ ਈ-ਨਿਲਾਮੀ ਪਲੇਟਫਾਰਮ ਰਾਹੀਂ ਕੀਤੀ ਜਾਵੇਗੀ, ਜਿਸ ਦੇ ਵੇਰਵੇ ਵੈੱਬਸਾਈਟ iarc.co.in 'ਤੇ ਉਪਲੱਬਧ ਹਨ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ
ਸ੍ਰੀ ਸੁਖਰਾਜ ਸਿੰਘ ਅਤੇ ਸ੍ਰੀ ਧਰਮ ਸਿੰਘ
ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ : ਮਿਤੀ 23.12.2021
ਰੁਪਏ 14,14,952/-
(ਚੌਦਾਂ ਲੱਖ ਚੌਦਾਂ ਹਜ਼ਾਰ ਨੌਂ ਸੌ ਬਵੰਜਾ ਰੁਪਏ ਕੇਵਲ)
ਅਚੱਲ ਜਾਇਦਾਦ/ਸਕਿਉਰਡ ਐੱਸਟ ਦਾ ਵੇਰਵਾ : ਰਹਿਣ ਕੀਤੀ ਜਾਇਦਾਦ ਪਲਾਟ ਨੰ. 348-ਏ, ਖਸਰਾ ਨੰ. 936 ਮਿੰਨ, ਵਾਕਿਆ ਰਕਬਾ ਸੁਲਤਾਨਵਿੰਡ ਅਰਬਨ ਅਬਾਦੀ, ਨਿਊ ਸ਼ਹੀਦ ਊਧਮ ਸਿੰਘ ਨਗਰ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ-143001, ਪੰਜਾਬ, ਭਾਰਤ (ਇਸ ਤੋਂ ਬਾਅਦ "ਸਕਿਉਰਡ ਐੱਸਟ' ਵਜੋਂ ਹਵਾਲਾ)

| ਭੌਤਿਕ ਕਬਜ਼ੇ ਦੀ ਮਿਤੀ | 03.06.2026 ਨੂੰ ਕੁੱਲ ਬਕਾਇਆ ਰਕਮ | ਰਾਖਵੀਂ ਕੀਮਤ | ਰਕਮ ਬਿਆਨਾ ਜਮ੍ਹਾਂ (ਈ ਐੱਮ ਡੀ) |
|---|---|---|---|
| 23.04.2025 | Rs. 13,68,934.86/ | Rs. 14,02,200/- (ਚੌਦਾਂ ਲੱਖ ਦੋ ਹਜ਼ਾਰ ਦੋ ਸੌ ਰੁਪਏ ਕੇਵਲ) | Rs. 1,40,220/- (ਇੱਕ ਲੱਖ ਚਾਲੀ ਹਜ਼ਾਰ ਦੋ ਸੌ ਵੀਹ ਰੁਪਏ ਕੇਵਲ) |

ਬੋਲੀ ਵਾਧਾ ਰਕਮ
ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ)
ਸਕਿਉਰਡ ਐੱਸਟ ਦੇ ਨਿਰੀਖਣ ਦੀ ਮਿਤੀ : 02 ਜੁਲਾਈ 2026, (01:00 ਤੋਂ 02 ਵਜੇ ਬਾਅਦ ਦੁਪਹਿਰ)
ਈ ਐੱਮ ਡੀ ਜਮ੍ਹਾਂ ਕਰਾਉਣ ਦੀ ਅੰਤਮ ਮਿਤੀ : 09 ਜੁਲਾਈ 2026, ਸ਼ਾਮ 04:00 ਵਜੇ ਤੱਕ
ਈ-ਨੀਲਾਮੀ ਦੀ ਮਿਤੀ/ਸਮਾਂ : 10 ਜੁਲਾਈ 2026 (ਸਵੇਰੇ 11:00 ਤੋਂ 12 ਵਜੇ ਦੁਪਹਿਰ ਤੱਕ)

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ
ਸ੍ਰੀ ਸ਼ਤਰੂਹਨ ਪਾਠਕ ਅਤੇ ਸ੍ਰੀਮਤੀ ਸੀਤਾ
ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ : ਮਿਤੀ 20.11.2024
ਰੁਪਏ 11,22,926/-
(ਗਿਆਰਾਂ ਲੱਖ ਬਾਈ ਹਜ਼ਾਰ ਨੌਂ ਸੌ ਛੱਬੀ ਰੁਪਏ ਕੇਵਲ)
ਅਚੱਲ ਜਾਇਦਾਦ/ਸਕਿਉਰਡ ਐੱਸਟ ਦਾ ਵੇਰਵਾ : ਰਹਿਣ ਕੀਤੀ ਜਾਇਦਾਦ ਮਕਾਨ ਨੰ. 8-ਏ ਦਾ ਵਿਕਰੀ ਨੋਟਿਸ, ਖਸਰਾ ਨੰ. 18//22, 23, 24/1, 19//2, 3,4/1 ਸ਼ੇਰਪੁਰ ਕਲੋਨੀ ਵਿਖੇ ਸਥਿਤ, ਪਿੰਡ ਸ਼ੇਰਪੁਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ-144001, ਪੰਜਾਬ (ਇਸ ਤੋਂ ਬਾਅਦ "ਸਕਿਉਰਡ ਐੱਸਟ" ਵਜੋਂ ਹਵਾਲਾ)

| ਭੌਤਿਕ ਕਬਜ਼ੇ ਦੀ ਮਿਤੀ | 03.06.2026 ਨੂੰ ਕੁੱਲ ਬਕਾਇਆ ਰਕਮ | ਰਾਖਵੀਂ ਕੀਮਤ | ਰਕਮ ਬਿਆਨਾ ਜਮ੍ਹਾਂ (ਈ ਐੱਮ ਡੀ) |
|---|---|---|---|
| 05.02.2025 | Rs. 13,52,099.51/- | Rs. 9,62,400/- ਨੌਂ ਲੱਖ ਬਾਹਠ ਹਜ਼ਾਰ ਚਾਰ ਸੌ ਰੁਪਏ ਕੇਵਲ) | Rs. 96,240/- (ਛਿਆਨਵੇਂ ਹਜ਼ਾਰ ਦੋ ਸੌ ਚਾਲੀ ਰੁਪਏ ਕੇਵਲ) |

ਬੋਲੀ ਵਾਧਾ ਰਕਮ
ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ)
ਸਕਿਉਰਡ ਐੱਸਟ ਦੇ ਨਿਰੀਖਣ ਦੀ ਮਿਤੀ : 02 ਜੁਲਾਈ 2026, (01:00 ਤੋਂ 02 ਵਜੇ ਬਾਅਦ ਦੁਪਹਿਰ)
ਈ ਐੱਮ ਡੀ ਜਮ੍ਹਾਂ ਕਰਾਉਣ ਦੀ ਅੰਤਮ ਮਿਤੀ : 09 ਜੁਲਾਈ 2026, ਸ਼ਾਮ 04:00 ਵਜੇ ਤੱਕ
ਈ-ਨੀਲਾਮੀ ਦੀ ਮਿਤੀ/ਸਮਾਂ : 10 ਜੁਲਾਈ 2026 (ਸਵੇਰੇ 11:00 ਤੋਂ 12 ਵਜੇ ਦੁਪਹਿਰ ਤੱਕ)

ਹੋਰ ਵੇਰਵੇ, ਕਲਾਸੀਫਿਕੇਸ਼ਨਜ਼ ਜਾਂ ਆਪਣੇ ਬਿਨੈ ਪੱਤਰ ਜਮ੍ਹਾਂ ਕਰਵਾਉਣ ਲਈ ਚਾਹਵਾਨ ਧਿਰਾਂ ਅਧਿਕਾਰਤ ਅਫਸਰ ਨਾਲ ਸੰਪਰਕ ਕਰਨ। ਵਿਕਰੀ ਦੇ ਨਿਯਮਾਂ ਤੇ ਸ਼ਰਤਾਂ ਲਈ ਕਿਰਪਾ ਕਰਕੇ ਆਈ ਏ ਆਰ ਸੀ ਦੀ ਵੈੱਬਸਾਈਟ www.iarc.co.in 'ਤੇ ਉਪਲੱਬਧ ਲਿੰਕ ਦਾ ਹਵਾਲਾ ਲਿਆ ਜਾਵੇ। ਕਿਸੇ ਸਹਾਇਤਾ ਲਈ ਚਾਹਵਾਨ ਧਿਰਾਂ ਸ੍ਰੀ ਗੁਲਸ਼ਨ ਮੋਉਨਦੀਨ ਨੂੰ +91-9211309232 ਅਤੇ ਸੋਨੀ ਗੁਪਤਾ ਨੂੰ 91-8657058931 'ਤੇ ਸੰਪਰਕ ਕਰਨ।
ਸਥਾਨ : ਪੰਜਾਬ
ਮਿਤੀ : 23.06.2026
ਅਧਿਕਾਰਤ ਅਫਸਰ

## ਸੰਧਵਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨ ਹਲਕਾ ਕੋਟਕਪੂਰਾ ਅਧੀਨ ਪੈਂਦੇ ਪਿੰਡ ਭਾਣਾ, ਮੋਰਾਂਵਾਲੀ ਅਤੇ ਮਿਸ਼ਰੀਵਾਲਾ ਵਿਖੇ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਇਲਾਕਾ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਸੁਣੀਆਂ।ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਦੀ ਅਗਵਾਈ ਹੇਠ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਤੇ ਘਰ-ਘਰ ਤੱਕ ਸਰਕਾਰੀ ਸੇਵਾਵਾਂ ਮੁਹੱਈਆ ਕਰਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਰਾਹੀਂ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣ ਕੇ ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਯਕੀਨੀ ਬਣਾਈ ਜਾ ਰਹੀ ਹੈ।ਸਪੀਕਰ ਨੇ ਲੋਕਾਂ ਵੱਲੋਂ ਰੱਖੀਆਂ ਵੱਖ-ਵੱਖ ਮੰਗਾਂ ਤੇ ਸਮੱਸਿਆਵਾਂ ਸਬੰਧੀ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਲੋਕ ਭਲਾਈ ਨਾਲ ਜੁੜੇ ਮਾਮਲਿਆਂ ਦੇ ਨਿਪਟਾਰੇ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਘੁੰਗਰਾਲੀ ਰਾਜਪੂਤਾਂ 'ਚ ਸਾਹਿਤ ਦੀ ਮਹਿਕ ਬਿਖੇਰੀ ਪੰਜਾਬੀ ਸਾਂਝੀ ਸੱਥ ਨੇ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**
ਪੰਜਾਬੀ ਸਾਹਿਤ ਸਾਂਝੀ ਸੱਥ (ਰਜਿ.) ਖੰਨਾ ਦੀ ਮਹੀਨਾਵਾਰ ਸਾਹਿਤਕ ਮੀਟਿੰਗ ਸਰਕਾਰੀ ਹਾਈ ਸਮਾਰਟ ਸਕੂਲ ਪਿੰਡ ਘੁੰਗਰਾਲੀ ਰਾਜਪੂਤਾਂ ਵਿਖੇ ਸਾਹਿਤਕ ਤੇ ਸੱਭਿਆਚਾਰਕ ਰੰਗਾਂ ਨਾਲ ਭਰਪੂਰ ਮਾਹੌਲ ਵਿੱਚ ਸੰਪੰਨ ਹੋਈ।ਸ਼ਬਦਾਂ, ਸੁਰਾਂ ਤੇ ਭਾਵਨਾਵਾਂ ਦੇ ਇਸ ਸੁੰਦਰ ਮੇਲੇ ਦੀ ਪ੍ਰਧਾਨਗੀ ਸੱਥ ਦੇ ਪ੍ਰਧਾਨ ਸ੍ਰ. ਕਿਰਨਦੀਪ ਸਿੰਘ ਕੁਲਾਰ, ਸਰਪ੍ਰਸਤ ਸ੍ਰ. ਅਵਤਾਰ ਸਿੰਘ ਉਟਾਲਾਂ ਤੇ ਉਪ ਪ੍ਰਧਾਨ ਹਰਬੰਸ ਸਿੰਘ ਸ਼ਾਨ (ਬਗਲੀ ਕਲਾਂ) ਨੇ ਕੀਤੀ।ਮੀਟਿੰਗ ਦੀ ਸ਼ੁਰੂਆਤ ਪੰਜਾਬੀ ਸਾਹਿਤ ਦੇ ਪ੍ਰਸਿੱਧ ਹਸਤਾਖਰ ਸਵਰਨ ਸਿੰਘ ਭੰਗੂ ਦੇ ਅਚਾਨਕ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੋ ਮਿੰਟ ਦਾ ਮੌਨ ਧਾਰ ਕੇ ਕੀਤੀ ਗਈ।ਹਾਜ਼ਰ ਸਾਹਿਤਕਾਰਾਂ ਨੇ ਉਨ੍ਹਾਂ ਦੀ ਸਾਹਿਤਕ ਦੇਣ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ।ਰਚਨਾਵਾਂ ਦੇ ਦੌਰ 'ਚ ਸਭ ਤੋਂ ਪਹਿਲਾਂ ਸੁਖਵਿੰਦਰ ਸਿੰਘ ਬਿੱਟੂ ਖੰਨੇਵਾਲਾ ਨੇ ਕੁਦਰਤ ਨਾਲ ਹੋ ਰਹੀ ਬੇਰਹਿਮ ਛੇੜਛਾੜ ਵਿਰੁੱਧ ਆਪਣੀ ਦਰਦ ਭਰੀ ਆਵਾਜ਼ ਬੁਲੰਦ ਕਰਦਿਆਂ ਪ੍ਰਭਾਵਸ਼ਾਲੀ ਗੀਤ ਪੇਸ਼ ਕੀਤਾ, ਜਿਸ ਨੇ ਸਰੋਤਿਆਂ ਨੂੰ ਗੰਭੀਰ ਚਿੰਤਨ ਲਈ ਮਜਬੂਰ ਕਰ ਦਿੱਤਾ।ਇਸ ਤੋਂ ਬਾਅਦ ਮਨਦੀਪ ਮਾਨਕੀ, ਮਨਜੀਤ ਸਿੰਘ ਧੰਜਲ ਤੇ ਸੁਖਦੇਵ ਸਿੰਘ ਕੁੱਕੂ ਘਲੋਟੀ ਨੇ ਆਪਣੇ ਸੁਰੀਲੇ ਗੀਤਾਂ ਨਾਲ ਮਾਹੌਲ ਨੂੰ ਸੰਗੀਤਮਈ ਬਣਾ ਦਿੱਤਾ।ਨਰੇਸ਼ ਨਿਮਾਣਾ ਦੀ ਗ਼ਜ਼ਲ ਨੇ ਭਾਵਨਾਵਾਂ ਦੇ ਨਵੇਂ ਰੰਗ ਬਿਖੇਰੇ, ਜਦਕਿ ਹਰਬੰਸ ਸਿੰਘ ਸ਼ਾਨ ਬਗਲੀ ਨੇ ਧਾਰਮਿਕ ਕੁਰੀਤੀਆਂ 'ਤੇ ਤਿੱਖਾ ਵਿਅੰਗ ਕਰਦਿਆਂ ਸਮਾਜ ਨੂੰ ਸੱਚ ਦਾ ਆਈਨਾ ਵਿਖਾਇਆ।ਸੁਖਵਿੰਦਰ ਸਿੰਘ ਭਾਦਲਾ ਨੇ ਆਪਣੀ ਮਿੰਨੀ ਕਹਾਣੀ ਰਾਹੀਂ ਜੀਵਨ ਦੇ ਅਹਿਮ ਪੱਖਾਂ ਨੂੰ ਛੂਹਿਆ, ਜਦਕਿ ਕਿਰਨਦੀਪ ਸਿੰਘ ਕੁਲਾਰ ਦੀ ਗ਼ਜ਼ਲ ਨੇ ਸ਼ਾਇਰੀ ਦੇ ਰੰਗ ਵਿਖੇਰੇ।ਨਰਿੰਦਰ ਸਿੰਘ ਪਿੰਕੀ ਗਗੜੇਵਾਲਾ ਨੇ ਆਪਣੇ ਪ੍ਰਸਿੱਧ ਗੀਤ 'ਚੁੰਨੀਆਂ' ਨਾਲ ਵਾਹ-ਵਾਹ ਖੱਟੀ।ਜਸਵੀਰ ਸਿੰਘ ਝੱਜ ਨੇ ਮਜ਼ਦੂਰਾਂ ਤੇ ਕਿਸਾਨਾਂ ਦੀ ਜਾਗਰੂਕਤਾ ਨੂੰ ਸਮਰਪਤ ਜੋਸ਼ੀਲਾ ਗੀਤ ਪੇਸ਼ ਕੀਤਾ।ਸਮਾਗਮ ਦੇ ਅੰਤਿਮ ਪੜਾਅ ਵਿੱਚ ਅਵਤਾਰ ਸਿੰਘ ਉਟਾਲਾਂ ਨੇ ਪੰਜਾਬੀ ਵਿਰਾਸਤ, ਲੋਕ-ਸੱਭਿਆਚਾਰ ਤੇ ਮਿੱਟੀ ਦੀ ਮਹਿਕ ਨਾਲ ਰੰਗਿਆ ਗੀਤ ਸੁਣਾ ਕੇ ਸਮਾਗਮ ਨੂੰ ਸਿਖਰ 'ਤੇ ਪਹੁੰਚਾ ਦਿੱਤਾ। ਉਨ੍ਹਾਂ ਦੀ ਪੇਸ਼ਕਾਰੀ ਨੂੰ ਸਰੋਤਿਆਂ ਵੱਲੋਂ ਭਰਪੂਰ ਦਾਦ ਮਿਲੀ।ਮੀਟਿੰਗ ਦੀ ਕਾਰਵਾਈ ਸੁਖਵਿੰਦਰ ਸਿੰਘ ਭਾਦਲਾ ਨੇ ਬਹੁਤ ਹੀ ਸੁਚੱਜੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਈ।

## ਜਲਾਲਆਣਾ ਵਿਖੇ ਪੰਜਾਬੀ ਗੁਰਮੁਖੀ ਸਿਖਲਾਈ ਕੈਂਪ ਆਰੰਭ

### ਬੱਚਿਆਂ ਨੇ ਕੈਂਪ 'ਚ ਉਤਸ਼ਾਹ ਨਾਲ ਲਿਆ ਭਾਗ : ਗੁਰਮੀਤ ਸਿੰਘ



**ਸਿਰਸਾ (ਸੁਰਿੰਦਰ ਪਾਲ ਸਿੰਘ)**
ਹਰਿਆਣਾ ਦੇ ਸਿਰਸਾ ਜ਼ਿਲ੍ਹੇ ਪਿੰਡ ਜਲਾਲਆਣਾ ਦੇ ਗੁਰਦੁਆਰਾ ਸਾਹਿਬ ਵਿਖੇ ਪੰਜਾਬੀ ਭਾਸ਼ਾ ਤੇ ਗੁਰਮੁਖੀ ਲਿਪੀ ਦੇ ਪ੍ਰਚਾਰ-ਪ੍ਰਸਾਰ ਲਈ ਲਾਏ ਜਾ ਰਹੇ 10 ਦਿਨਾਂ ਕੈਂਪ ਦੇ ਪਹਿਲੇ ਦਿਨ ਵੱਡੀ ਗਿਣਤੀ ਵਿੱਚ ਬੱਚਿਆਂ ਨੇ ਸ਼ਮੂਲੀਅਤ ਕਰਕੇ ਇਸ ਉਪਰਾਲੇ ਨੂੰ ਭਰਵਾਂ ਹੁੰਗਾਰਾ ਦਿੱਤਾ ਹੈ।ਇਸ ਕੈਂਪ ਦੌਰਾਨ ਬੱਚਿਆਂ ਨੂੰ ਗੁਰਮੁਖੀ ਅੱਖਰਾਂ ਦੀ ਪਹਿਚਾਣ, ਸਹੀ ਉਚਾਰਨ, ਪੜ੍ਹਨ-ਲਿਖਣ ਦੀ ਮੁੱਢਲੀ ਸਿੱਖਿਆ ਤੇ ਪੰਜਾਬੀ ਭਾਸ਼ਾ ਦੇ ਮਹੱਤਵ ਬਾਰੇ ਜਾਣਕਾਰੀ ਦੇ ਰਹੇ ਕੈਂਪ ਸੰਚਲਕਾ ਦਾ ਕਹਿਣਾ ਸੀ ਕਿ ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਸਿਖਲਾਈ ਪ੍ਰਾਪਤ ਕੀਤੀ ਤੇ ਆਪਣੀ ਮਾਂ-ਬੋਲੀ ਸਿੱਖਣ ਪ੍ਰਤੀ ਵਿਸ਼ੇਸ਼ ਦਿਲਚਸਪੀ ਦਿਖਾਈ। ਕੈਂਪ ਸੰਚਾਲਕਾਂ ਨੇ ਬੱਚਿਆਂ ਤੇ ਉਨ੍ਹਾਂ ਦੇ ਵਾਰਸਾਂ ਨੂੰ ਸੰਬੋਧਨ ਕਰਦੇ ਕਿਹਾ ਕਿ ਪੰਜਾਬੀ ਸਾਡੀ ਮਾਂ-ਬੋਲੀ ਹੈ ਤੇ ਗੁਰਮੁਖੀ ਸਾਡੀ ਅਮੀਰ ਵਿਰਾਸਤ ਦੀ ਪਹਿਚਾਣ ਹੈ। ਹਰਿਆਣਾ 'ਚ ਬੱਚਿਆਂ ਨੂੰ ਸਕੂਲਾਂ ਵਿੱਚ ਪੰਜਾਬੀ ਪਹਿਲੀ ਜਮਾਤ ਤੋਂ ਪੜ੍ਹਾਉਣੀ ਸ਼ੁਰੂ ਕਰਵਾਈ ਜਾਣੀ ਚਾਹਿਦੀ ਹੈ। ਉਨ੍ਹਾਂ ਕਿਹਾ ਕਿ ਆਪਣੀ ਭਾਸ਼ਾ, ਸੱਭਿਆਚਾਰ ਤੇ ਇਤਿਹਾਸ ਨਾਲ ਬੱਚਿਆਂ ਨੂੰ ਜੋੜਨ ਲਈ ਅਜਿਹੇ ਕੈਂਪ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਬੱਚਿਆਂ ਨੂੰ ਗੁਰਮੁਖੀ ਪੜ੍ਹਨ ਤੇ ਲਿਖਣ ਦੇ ਨਾਲ-ਨਾਲ ਚੰਗੇ ਸੰਸਕਾਰਾਂ ਤੇ ਸਿੱਖ ਵਿਰਾਸਤ ਬਾਰੇ ਵੀ ਜਾਣੂ ਕਰਵਾਇਆ ਜਾ ਰਿਹਾ ਹੈ। ਬੱਚਿਆਂ ਨੂੰ ਭਾਸ਼ਾ ਦੀ ਸਿਖਲਾਈ ਦੇ ਰਹੇ ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ ਦੇ ਪ੍ਰਧਾਨ ਮਾ: ਸੁਰਿੰਦਰ ਪਾਲ ਸਿੰਘ, ਐਡਵੋਕੇਟ ਗੁਰਮੀਤ ਸਿੰਘ ਖਾਲਸਾ, ਲੈਕਚਰਾਰ ਅਮਰਜੀਤ ਸਿੰਘ ਗੁਦਰਾਣਾ, ਮੈਡਮ ਜਸਵੰਤ ਕੌਰ ਤੇ ਮੈਡਮ ਨਵਜੋਤ ਕੌਰ ਤਿਲੋਕੇਵਾਲਾ ਦਾ ਕਹਿਣਾ ਸੀ ਕਿ ਹਰਿਆਣਾ ਦੇ ਪੂਰੇ ਸਿਰਸਾ ਜ਼ਿਲ੍ਹੇ ਵਿੱਚ ਉਨ੍ਹਾਂ ਦੀ ਟੀਮ ਵੱਲੋਂ ਨਿਸ਼ਕਾਮ ਭਾਵਨਾ ਤੇ ਹਰਿਆਣਾ 'ਚ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਅਜਿਹੇ ਵਿਸ਼ੇਸ਼ ਕੈਂਪ ਲਾਏ ਜਾਣ ਲਈ ਉਹ ਆਪਣੀਆਂ ਟੀਮਾਂ ਦਾ ਵਿਕਾਸ ਕਰ ਰਹੇ ਹਨ।

ਇਸ ਮੌਕੇ ਗੁਰਦੁਆਰਾ ਸਾਹਿਬ ਜਲਾਲਆਣਾ ਦੇ ਗ੍ਰੰਥੀ ਬਾਬਾ ਵਾਹਿਗੁਰੂ ਸਿੰਘ, ਪ੍ਰਬੰਧਕ ਕਮੇਟੀ ਦੇ ਮੈਂਬਰ ਬੰਤਾ ਸਿੰਘ ਬੜਿੰਗ ਤੇ ਮਾ: ਮੁਲਖ ਸਿੰਘ ਪਿੱਪਲੀ ਸਮੇਤ ਹੋਰ ਪਤਵੰਤੇ ਸੱਜਣਾਂ ਵੱਲੋਂ ਟੀਮ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਤੇ ਗੁਰਮੁਖੀ ਲਿਪੀ ਦੀ ਸੰਭਾਲ ਤੇ ਪ੍ਰਫੁੱਲਤਾ ਲਈ ਅਜਿਹੇ ਯਤਨ ਸਮੇਂ ਦੀ ਮੁੱਖ ਲੋੜ ਹਨ। ਉਨ੍ਹਾਂ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਇਨ੍ਹਾਂ ਕੈਂਪਾਂ ਨਾਲ ਜੋੜਨ ਤਾਂ ਜੋ ਨਵੀਂ ਪੀੜ੍ਹੀ ਆਪਣੀਆਂ ਜੜ੍ਹਾਂ ਤੇ ਵਿਰਾਸਤ ਨਾਲ ਜੁੜੀ ਰਹੇ।

## ਡਰੱਗ ਸੈਂਸਜ਼ ਡਿਊਟੀ ਕਰਦੀ ਪੀੜਤ ਅਧਿਆਪਕਾ ਦੇ ਹੱਕ 'ਚ ਡਟੀ ਮਾਸਟਰ ਕੇਡਰ ਯੂਨੀਅਨ

### ਅਧਿਆਪਕਾ ਨਾਲ ਡਿਊਟੀ ਦੌਰਾਨ ਕੀਤੀ ਗਈ ਸੀ ਬਦਸਲੂਕੀ



**ਮੋਗਾ (ਇਕਬਾਲ ਸਿੰਘ ਖਹਿਰਾ)**
ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਬਲਜਿੰਦਰ ਧਾਲੀਵਾਲ, ਜ਼ਿਲ੍ਹਾ ਸਰਪ੍ਰਸਤ ਇੰਦਰਪਾਲ ਸਿੰਘ, ਸਟੇਟ ਕਮੇਟੀ ਮੈਂਬਰ ਨਿਰਵੈਰ ਸਿੰਘ, ਮੀਡੀਆ ਕੋਆਰਡੀਨੇਟਰ ਅਮਨਦੀਪ ਸਿੰਘ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਡਰੱਗ ਸੈਂਸਜ਼ ਵਿੱਚ ਬਹੁਤ ਸਾਰੇ ਅਧਿਆਪਕ ਡਰ ਦੇ ਸਾਏ ਵਿੱਚ ਡਿਊਟੀ ਕਰ ਰਹੇ ਹਨ।ਬਹੁਤ ਸਾਰੀਆਂ ਮਹਿਲਾ ਅਧਿਆਪਕਾਂ ਦੀਆਂ ਡਿਊਟੀਆਂ ਡਰੱਗ ਸੈਂਸਜ਼ ਵਿੱਚ ਥੋਪੀਆਂ ਗਈਆਂ ਹਨ ਤੇ ਇਨ੍ਹਾਂ ਡਿਊਟੀਆਂ ਦੌਰਾਨ ਘਰ-ਘਰ ਜਾ ਕੇ ਅਧਿਆਪਕਾਂ ਵੱਲੋਂ ਸਰਵੇ ਕੀਤਾ ਜਾ ਰਿਹਾ ਹੈ, ਪਰ ਸਰਵੇ ਦੌਰਾਨ ਬਹੁਤ ਸਾਰੇ ਅਧਿਆਪਕ ਪਬਲਿਕ ਦੇ ਕੁਝ ਲੋਕਾਂ ਵੱਲੋਂ ਜ਼ਲੀਲ ਵੀ ਹੁੰਦੇ ਹਨ।ਇਸ ਤਰ੍ਹਾਂ ਦੀ ਘਟਨਾ ਵਾਰਡ ਨੰਬਰ 33, ਬੂਥ ਨੰਬਰ 178 ਵਿੱਚ ਵੀ ਵਾਪਰੀ, ਜਦੋਂ ਲੈਕਚਰਾਰ ਕਿਰਨ ਬਾਲਾ ਡਰੱਗ ਸਰਵੇ ਕਰਨ ਵਾਸਤੇ ਸਿਵੀਆ ਅਗਵਾੜ ਵਿੱਚ ਇੱਕ ਘਰ ਗਏ ਤਾਂ ਉਸ ਘਰ ਦੀਆਂ ਔਰਤਾਂ ਤੇ ਪਰਿਵਾਰਕ ਮੈਂਬਰਾਂ ਨੇ ਸਰਕਾਰੀ ਡਿਊਟੀ ਕਰ ਰਹੀ ਅਧਿਆਪਕਾ ਨੂੰ ਜ਼ਲੀਲ ਕੀਤਾ ਤੇ ਧੱਕੇ ਮਾਰ ਕੇ ਬਾਹਰ ਕੱਢਣ ਬਾਰੇ ਕਿਹਾ। ਜਿਸ ਕਰਕੇ ਅਧਿਆਪਕਾ ਕਿਰਨ ਬਾਲਾ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਹੋ ਕੇ ਗਹਿਰੇ ਸਦਮੇ ਵਿੱਚ ਚਲੇ ਗਏ ਅਤੇ ਉਨ੍ਹਾਂ ਇਸ ਘਟਨਾ ਦੀ ਰਿਪੋਰਟ ਸੈਕਟਰ ਅਫਸਰ ਤੇ ਐੱਸ.ਡੀ.ਐੱਮ. ਆਫਿਸ ਨੂੰ ਲਿਖਤੀ ਭੇਜੀ ਅਤੇ ਡਿਊਟੀ ਨਾ ਕਰਨ ਦਾ ਫੈਸਲਾ ਕੀਤਾ।ਮਾਸਟਰ ਕੇਡਰ ਯੂਨੀਅਨ ਇਸ ਮੰਦਭਾਗੀ ਘਟਨਾ ਦੀ ਨਿੰਦਾ ਕਰਦੀ ਹੈ ਤੇ ਲੈਕਚਰਾਰ ਕਿਰਨ ਬਾਲਾ ਦੇ ਪੱਖ ਵਿੱਚ ਡੱਟ ਕੇ ਖੜੀ ਹੋ ਗਈ ਅਤੇ ਥਾਣਾ ਸਿਟੀ 'ਚ ਜਾ ਕੇ ਸਾਰੀ ਘਟਨਾ ਪੁਲਸ ਪ੍ਰਸ਼ਾਸਨ ਦੇ ਧਿਆਨ ਹਿੱਤ ਲਿਆਂਦੀ ਗਈ ਅਤੇ ਕਿਰਨ ਬਾਲਾ ਨੇ ਫੈਸਲਾ ਲਿਆ ਕਿ ਜਿੰਨਾ ਚਿਰ ਉਨ੍ਹਾਂ ਨੂੰ ਇਨਸਾਫ ਨਹੀਂ ਮਿਲਦਾ, ਉਹ ਇਹ ਥੋਪੀ ਗਈ ਡਰੱਗ ਡਿਊਟੀ ਨਹੀਂ ਕਰਨਗੇ, ਕਿਉਂਕਿ ਇਸ ਡਿਊਟੀ ਵਿੱਚ ਖਾਸ ਕਰਕੇ ਮਹਿਲਾ ਅਧਿਆਪਕ ਸੁਰੱਖਿਅਤ ਨਹੀਂ ਹਨ।ਮਾਸਟਰ ਕੇਡਰ ਯੂਨੀਅਨ ਵੱਲੋਂ ਵੀ ਐਲਾਨ ਕੀਤਾ ਗਿਆ ਕਿ ਜੇ ਅਧਿਆਪਕਾ ਕਿਰਨ ਬਾਲਾ ਨੂੰ ਇਨਸਾਫ ਨਹੀਂ ਮਿਲਦਾ ਤਾਂ ਪ੍ਰਸ਼ਾਸਨ ਖਿਲਾਫ ਤਿੱਖਾ ਸੰਘਰਸ਼ ਕਰਨੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਰਸ਼ਮੀ, ਅਲਕਾ, ਅੰਮ੍ਰਿਤਪਾਲ ਸਿੰਘ, ਗੁਰਮੀਤ ਸਿੰਘ, ਲਖਵਿੰਦਰ ਸਿੰਘ, ਅਰੁਣ ਕੁਮਾਰ, ਗੁਰਸ਼ਰਨ ਪਾਲ ਸਿੰਘ, ਸ਼ਿੰਦਰਪਾਲ ਸਿੰਘ ਆਦਿ ਹਾਜ਼ਰ ਸਨ।

# ਧੰਨਪ੍ਰੀਤ ਕੌਰ ਨੇ ਇੰਸਪੈਕਟਰ ਜਨਰਲ ਆਫ਼ ਪੁਲਸ-ਕਮ-ਡਾਇਰੈਕਟਰ ਦਾ ਅਹੁਦਾ ਸੰਭਾਲਿਆ

**ਫਿਲੌਰ (ਨਿਰਮਲ)**- ਪੰਜਾਬ ਸਰਕਾਰ ਵੱਲੋਂ ਜਾਰੀ ਹੁਕਮਾਂ ਅਨੁਸਾਰ ਧਨਪ੍ਰੀਤ ਕੌਰ, ਆਈ ਪੀ ਐਸ ਇੰਸਪੈਕਟਰ ਜਨਰਲ ਆਫ਼ ਪੁਲਿਸ-ਕਮ-ਡਾਇਰੈਕਟਰ, ਮਹਾਰਾਜਾ



ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਫਿਲੌਰ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ, ਪੰਜਾਬ ਪੁਲਿਸ ਅਕੈਡਮੀ, ਫਿਲੌਰ ਵਿਖੇ ਅਧਿਕਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਚਾਰਜ ਸੰਭਾਲਣ ਤੋਂ ਬਾਅਦ ਉਨ੍ਹਾਂ ਨੂੰ ਗਾਰਡ ਆਫ਼ ਆਨਰ ਪੇਸ਼ ਕੀਤਾ ਗਿਆ। ਪੰਜਾਬ ਪੁਲਿਸ ਅਕੈਡਮੀ, ਫਿਲੌਰ ਦਾ ਅਹੁਦਾ ਸੰਭਾਲਣ ਤੋਂ ਬਾਅਦ ਧਨਪ੍ਰੀਤ ਕੌਰ, ਆਈ ਪੀ ਐਸ ਨੇ ਅਕੈਡਮੀ ਵਿੱਚ ਤਾਇਨਾਤ ਅਧਿਕਾਰੀਆਂ ਅਤੇ ਫੈਕਲਟੀ ਨਾਲ ਇੱਕ ਮੀਟਿੰਗ ਕੀਤੀ। ਮੀਟਿੰਗ ਦੌਰਾਨ, ਉਨ੍ਹਾਂ ਨੇ ਮੌਜੂਦਾ ਹਾਲਾਤਾਂ, ਨਵੇਂ ਕਾਨੂੰਨਾਂ ਅਤੇ ਸਮੇਂ-ਸਮੇਂ 'ਤੇ ਮਾਨਯੋਗ ਅਦਾਲਤਾਂ ਵੱਲੋਂ ਜਾਰੀ ਕੀਤੇ ਗਏ ਆਦੇਸ਼ਾਂ ਦੇ ਮੱਦੇਨਜ਼ਰ ਸਿਖਲਾਈ ਦੇ ਮਿਆਰ ਨੂੰ ਹੋਰ ਬਣਾਈ ਰੱਖਣ ਲਈ ਵਿਸ਼ੇਸ਼ ਯਤਨ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਪਰਮਜੀਤ ਸਿੰਘ, ਪੀਪੀਐਸ, ਕਮਾਂਡੈਂਟ-ਕਮ-ਡਿਪਟੀ ਡਾਇਰੈਕਟਰ (ਇਨਡੋਰ/ਆਊਟਡੋਰ), ਅਮਨਪ੍ਰੀਤ ਸਿੰਘ ਸੰਧੂ, ਸਲਾਹਕਾਰ, ਵਰਚਨ ਸਿੰਘ, ਸਲਾਹਕਾਰ, ਕਾਨੂੰਨੀ ਅਧਿਕਾਰੀ, ਅਸ਼ੋਕ ਕੁਮਾਰ, ਪੀ ਪੀ ਐਸ, ਡੀ ਐਸ ਪੀ ਐਡਮਿਨ, ਸ਼੍ਰੀਮਤੀ ਬਲਵਿੰਦਰ ਕੌਰ, ਪੀ ਪੀ ਐਸ, ਡੀ ਐਸ ਪੀ ਆਊਟਡੋਰ, ਚੰਦਨ ਦਾਸ, ਪੀ ਪੀ ਐਸ, ਡੀ ਐਸ ਪੀ ਸੁਰੱਖਿਆ, ਅਮਿਤ ਠਾਕੁਰ, ਪੀ ਪੀ ਐਸ, ਡੀ ਐਸ ਪੀ ਇਨਡੋਰ ਤੇ ਜਸਵਿੰਦਰ ਸਿੰਘ, ਡੀ ਐਸ ਪੀ ਲਾਈਨਜ਼ ਮੌਜੂਦ ਸਨ।

# ਏ ਜੀ ਆਈ ਨੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਜਲੰਧਰ (ਰਾਜੇਸ਼ ਥਾਪਾ)**- ਏਜੀਆਈ ਇੰਫਰਾ ਲਿਮਿਟੇਡ ਦੀਆਂ ਰਿਹਾਇਸ਼ੀ ਸੋਸਾਇਟੀਆਂ ਜਲੰਧਰ ਹਾਈਟਸ-1, 2, 3, ਸਮਾਰਟ ਹੋਮਜ਼, ਮੈਕਸੀਮਾ ਅਤੇ ਅਰਬਾਨਾ ਦੇ ਵੱਡੀ ਗਿਣਤੀ ਵਿੱਚ ਨਿਵਾਸੀਆਂ ਨੇ ਅੰਤਰਰਾਸ਼ਟਰੀ ਯੋਗ ਦਿਵਸ ਸਮਾਰੋਹ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਹ ਸਮਾਗਮ ਅਰਬਾਨਾ ਦੇ ਗਲਾਸ ਹਾਊਸ ਨੇੜੇ ਸ਼ਾਂਤ ਅਤੇ ਕੁਦਰਤੀ ਮਾਹੌਲ ਵਿੱਚ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਮੂਹ ਮਨੁੱਖਤਾ ਦੀ ਚੰਗੀ ਸਿਹਤ, ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਨਾਲ ਹੋਈ। ਯੋਗ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਸਰਦਾਰ ਸੁਖਦੇਵ ਸਿੰਘ, ਸਲਵਿੰਦਰਜੀਤ ਕੌਰ ਤੇ ਹਰਵਿੰਦਰ ਕੌਰ ਦੀ ਹਾਜ਼ਰੀ ਦਾ ਸਵਾਗਤ ਕੀਤਾ ਗਿਆ। ਸੋਸਾਇਟੀਆਂ ਦੇ ਪ੍ਰਮੁੱਖ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ ਗਏ। ਉਨ੍ਹਾਂ ਨੇ ਪੂਰੇ ਦੋ ਘੰਟਿਆਂ ਦੇ ਯੋਗ ਸੈਸ਼ਨ ਵਿੱਚ ਭਾਗ ਲਿਆ ਤੇ ਹੋਰ ਭਾਗੀਦਾਰਾਂ ਨਾਲ ਮਿਲ ਕੇ ਸਾਰੇ ਯੋਗ ਆਸਨ ਕੀਤੇ। ਯੋਗ ਅਤੇ ਸਿਹਤ ਮਾਹਿਰਾਂ ਨੇ ਵੱਖ-ਵੱਖ ਯੋਗ ਆਸਨਾਂ ਅਤੇ ਪ੍ਰਾਣਾਯਾਮ ਦਾ ਅਭਿਆਸ ਕਰਵਾਇਆ ਅਤੇ ਉਨ੍ਹਾਂ ਦੇ ਸਰੀਰਕ, ਮਾਨਸਿਕ ਅਤੇ ਭਾਵਨਾਤਮਕ ਲਾਭਾਂ ਬਾਰੇ ਜਾਣਕਾਰੀ ਦਿੱਤੀ। ਸਾਰੇ ਭਾਗੀਦਾਰਾਂ ਨੇ ਉਨ੍ਹਾਂ ਦੀ ਰਹਿਨੁਮਾਈ ਹੇਠ ਬੜੇ ਉਤਸ਼ਾਹ ਨਾਲ ਯੋਗ ਅਭਿਆਸ



ਕੀਤਾ। ਸਮਾਗਮ ਦੌਰਾਨ ਯੋਗ ਅਤੇ ਸਿਹਤ ਨਾਲ ਸਬੰਧਤ ਕੁਝ ਮੁੱਖ ਗਰੁੱਪ ਮੁਕਾਬਲੇ ਵੀ ਕਰਵਾਏ ਗਏ। ਜੇਤੂਆਂ ਨੂੰ ਆਕਰਸ਼ਕ ਤੋਹਫ਼ੇ ਭੇਟ ਕੀਤੇ ਗਏ। ਯੋਗ ਸੈਸ਼ਨ ਤੋਂ ਬਾਅਦ ਸਾਰੇ ਭਾਗੀਦਾਰਾਂ ਨੂੰ ਹਲਕਾ ਅਤੇ ਸਿਹਤਮੰਦ ਨਾਸ਼ਤਾ ਦਿੱਤਾ ਗਿਆ। ਇਸ ਮੌਕੇ ਸਰਦਾਰ ਸੁਖਦੇਵ ਸਿੰਘ ਨੇ ਕਿਹਾ ਕਿ ਯੋਗ ਭਾਰਤ ਵੱਲੋਂ ਸੰਸਾਰ ਨੂੰ ਦਿੱਤਾ ਗਿਆ ਇੱਕ ਅਨਮੋਲ ਤੋਹਫ਼ਾ ਹੈ। ਇਹ ਸਰੀਰਕ ਤੰਦਰੁਸਤੀ, ਮਾਨਸਿਕ ਸ਼ਾਂਤੀ ਅਤੇ ਆਤਮਿਕ ਵਿਕਾਸ ਦਾ ਸ਼ਕਤੀਸ਼ਾਲੀ ਸਾਧਨ ਹੈ।

ਸੁਖਦੇਵ ਸਿੰਘ ਨੇ ਭਰੋਸਾ ਦਿਵਾਇਆ ਕਿ ਏ ਜੀ ਆਈ ਇੰਫਰਾ ਲਿਮਿਟੇਡ ਭਵਿੱਖ ਵਿੱਚ ਵੀ ਵੱਡੇ ਪੱਧਰ 'ਤੇ ਯੋਗ ਅਤੇ ਸਿਹਤ ਸੰਬੰਧੀ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਦਾ ਰਹੇਗਾ।

# ਸੀ ਟੀ ਗਰੁੱਪ ਦੇ ਵੱਖ-ਵੱਖ ਸੰਸਥਾਨਾਂ 'ਚ ਯੋਗ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- 12ਵੇਂ ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ 'ਤੇ ਸੀ ਟੀ ਗਰੁੱਪ ਦੀਆਂ ਆਪਣੇ ਵੱਖ-ਵੱਖ ਕੈਂਪਸਾਂ ਵਿੱਚ ਵਿਸ਼ੇਸ਼ ਯੋਗ ਸੈਸ਼ਨ ਆਯੋਜਿਤ ਕੀਤੇ ਗਏ। ਇਨ੍ਹਾਂ ਦਾ ਉਦੇਸ਼ ਵਿਦਿਆਰਥੀਆਂ, ਫੈਕਲਟੀ ਅਤੇ ਸਟਾਫ ਦੀ ਸਰੀਰਕ ਸਿਹਤ, ਮਾਨਸਿਕ ਸਪੱਸ਼ਟਤਾ ਅਤੇ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕਰਨਾ ਸੀ। ਸੀ ਟੀ ਪਬਲਿਕ ਸਕੂਲ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਪ੍ਰਸਿੱਧ ਯੋਗ ਵਿਦਵਾਨ ਧਰਮ ਪਾਲ ਜੀ (ਸਾਬਕਾ ਪ੍ਰਿੰਸੀਪਲ ਅਤੇ ਰਾਜ ਸਨਮਾਨ) ਦੀ ਰਹਿਨੁਮਾਈ ਹੇਠ ਯੋਗ ਸੈਸ਼ਨ ਕਰਵਾਇਆ ਗਿਆ। ਉਨ੍ਹਾਂ ਨੇ ਆਪਣੇ ਅਨੁਭਵ ਅਤੇ ਗਹਿਰੇ ਗਿਆਨ ਨਾਲ ਯੋਗ ਨੂੰ ਆਸਾਨ, ਰੌਚਕ ਅਤੇ ਜੀਵਨ ਨਾਲ ਜੁੜਿਆ ਬਣਾਇਆ। ਇਸ ਦੌਰਾਨ ਸਭ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਸਕਾਰਾਤਮਕਤਾ, ਸ਼ਾਂਤੀ ਅਤੇ ਸੰਤੁਲਨ ਦਾ ਅਨੁਭਵ ਕੀਤਾ।ਪ੍ਰਿੰਸੀਪਲ ਸੁਸ਼੍ਰੀ ਮਨੀਸ਼ਾ ਬਸਨੇਤ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ ਅਤੇ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਇਸ ਤੋਂ ਇਲਾਵਾ, ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਅਤੇ ਵਿਸ਼ਵ ਸੰਗੀਤ ਦਿਵਸ ਮੌਕੇ ਵਿਸ਼ੇਸ਼ ਯੋਗ ਸੈਸ਼ਨ ਕਰਵਾਇਆ ਗਿਆ। ਇਸ ਸੈਸ਼ਨ ਦੀ ਅਗਵਾਈ ਡਾ. ਰੂਪਾਲੀ ਕੋਹਲੀ (ਯੋਗ ਇੰਸਟ੍ਰਕਟਰ ਅਤੇ ਆਯੁਰਵੇਦਿਕ ਮੈਡੀਕਲ ਅਫਸਰ) ਅਤੇ ਅਮਰਜੀਤ ਕੌਰ ਬੋਪਰਾਇ (ਯੋਗ





ਇੰਸਟ੍ਰਕਟਰ) ਨੇ ਕੀਤੀ।ਕਾਰਜਕ੍ਰਮ ਦੀ ਸ਼ੁਰੂਆਤ ਸ਼ੰਖਨਾਦ ਨਾਲ ਹੋਈ, ਜਿਸ ਤੋਂ ਬਾਅਦ ਮਿਊਜ਼ਿਕ ਵਾਰਮ-ਅੱਪ ਕੀਤਾ ਗਿਆ। ਫਿਰ ਯੋਗ ਆਸਨ, ਪ੍ਰਾਣਾਯਾਮ ਅਤੇ ਧਿਆਨ ਰਾਹੀਂ ਭਾਗੀਦਾਰਾਂ ਨੂੰ ਮਨ ਦੀ ਸ਼ਾਂਤੀ, ਸਰੀਰਤਾ ਅਤੇ ਭਾਵਨਾਤਮਕ ਸੰਤੁਲਨ ਦਾ ਅਨੁਭਵ ਕਰਵਾਇਆ ਗਿਆ।

ਡਾ. ਰੂਪਾਲੀ ਕੋਹਲੀ ਨੇ ਕਿਹਾ ਕਿ ਯੋਗ ਸਿਰਫ਼ ਆਸਨਾਂ ਜਾਂ ਧਿਆਨ ਨਹੀਂ, ਸਗੋਂ ਵਰਤਮਾਨ ਵਿੱਚ ਜਿਉਣ ਦੀ ਕਲਾ ਹੈ। ਸ਼੍ਰੀਮਤੀ ਅਮਰਜੀਤ ਕੌਰ ਬੋਪਰਾਇ ਨੇ ਕਿਹਾ ਕਿ ਯੋਗ ਸਾਂਸਾਂ ਦੇ ਸੰਤੁਲਨ ਰਾਹੀਂ ਮਨ ਅਤੇ ਸਰੀਰ 'ਤੇ ਨਿਯੰਤਰਣ ਬਣਾਉਂਦਾ ਹੈ।

# ਆਨਲਾਈਨ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ

**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਦੀ ਅਗਵਾਈ ਹੇਠ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਇਸ ਸਮਾਗਮ ਨੂੰ ਆਨਲਾਈਨ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਭਾਗ ਲੈਂਦਿਆਂ ਵੱਖ-ਵੱਖ ਯੋਗ ਆਸਨ ਕਰਕੇ




ਤਸਵੀਰਾਂ ਸਾਂਝੀਆਂ ਕੀਤੀਆਂ। ਡਾ. ਪਲਵਿੰਦਰ ਕੁਮਾਰ ਨੇ ਯੋਗ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੋਗ ਸਿਰਫ ਸਰੀਰਕ ਕਸਰਤ ਨਹੀਂ, ਸਗੋਂ ਮਾਨਸਿਕ ਅਤੇ ਭਾਵਨਾਤਮਕ ਤੰਦਰੁਸਤੀ ਨੂੰ ਬਣਾਈ ਰੱਖਣ ਦਾ ਇੱਕ ਸੰਪੂਰਨ ਮਾਧਿਅਮ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਿਹਤਮੰਦ ਅਤੇ ਸੰਤੁਲਿਤ ਜੀਵਨ ਲਈ ਰੋਜ਼ਾਨਾ ਯੋਗ ਅਪਨਾਉਣ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਦਾ ਸਫਲ ਸੰਚਾਲਨ ਕਲਚਰਲ ਕਮੇਟੀ ਦੀ ਇੰਚਾਰਜ ਮਿਸ ਜੋਤੀ ਦੀ ਅਗਵਾਈ ਹੇਠ ਕੀਤਾ ਗਿਆ। ਕਮੇਟੀ ਦੇ ਮੈਂਬਰਾਂ ਮਿਸ ਪ੍ਰਿਆ ਸੇਠੀ ਅਤੇ ਮਿਸ ਹਰਸ਼ਾ ਕਸ਼ਯਪ ਨੇ ਵੀ ਇਸ ਮੌਕੇ ਵਿਸ਼ੇਸ਼ ਭੂਮਿਕਾ ਨਿਭਾਈ। ਕਮੇਟੀ ਵੱਲੋਂ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੂੰ ਯੋਗ ਆਸਨ ਕਰਦਿਆਂ ਆਪਣੀਆਂ ਤਸਵੀਰਾਂ ਭੇਜਣ ਲਈ ਪ੍ਰੇਰਿਤ ਕੀਤਾ ਗਿਆ, ਜਿਸ ਨੂੰ ਵਿਦਿਆਰਥੀਆਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ। ਅਖੀਰ ਵਿੱਚ ਸਾਰਿਆਂ ਨੇ ਨਿਯਮਿਤ ਤੌਰ 'ਤੇ ਯੋਗ ਕਰਨ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਦਾ ਪ੍ਰਣ ਲਿਆ।

# ਗੜ੍ਹੀ ਦਾ ਫੁੱਲਾਂ ਦੀ ਵਰਖਾ ਨਾਲ ਸਵਾਗਤ

**ਅੱਪਰਾ (ਨਿਰਮਲ ਗੁੜਾ)**- ਵਿਧਾਨ ਸਭਾ ਹਲਕਾ ਫਿਲੌਰ ਦੇ ਪਿੰਡ ਗੁੜਾ ਵਿਖੇ ਐਸ ਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਦੇ ਪਹੁੰਚਣ ਤੇ ਪਿੰਡ ਵਾਸੀਆਂ ਵਲੋਂ ਫੁਲਾਂ ਦੀ ਵਰਖਾ ਅਤੇ ਜੈ ਭੀਮ ਦੇ ਜੈਕਾਰਿਆਂ ਨਾਲ ਨਿੱਘਾ ਸਵਾਗਤ ਕੀਤਾ ਗਿਆ। ਪਿੰਡ ਵਾਸੀਆਂ ਨੇ ਅਗੇ ਕਿਹਾ ਕਿ ਜਦੋਂ ਤੋਂ ਜਸਵੀਰ ਸਿੰਘ ਗੜ੍ਹੀ ਐਸ ਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਵਜੋਂ ਕੁਰਸੀ ਤੇ



ਵਿਰਾਜਮਾਨ ਹਨ, ਐਸ ਸੀ ਸਮਾਜ ਦਾ ਮਾਣ ਸਨਮਾਨ ਵਧਿਆ ਹੈ, ਅਗੇ ਕਿਹਾ ਕਿ ਸਮਾਜ ਵੀ ਜਸਵੀਰ ਸਿੰਘ ਗੜ੍ਹੀ ਦੇ ਨਾਲ ਚਟਾਨ ਵਾਂਗ ਖੜ੍ਹਾ ਹੈ। ਫੁਲਾਂ ਦੀ ਵਰਖਾ, ਨਿੱਘਾ ਸਵਾਗਤ ਅਤੇ ਇਲਾਕਾ ਵਾਸੀਆਂ ਦਾ ਪਿਆਰ ਵੇਖ ਭਾਵੁਕ ਹੋ ਕੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬਾਨ, ਰਹਿਬਰ ਤੇ ਦੇਸ਼ ਭਗਤਾਂ ਦੇ ਸੰਘਰਸ਼ ਤੇ ਸੰਕਲਪ ਕਰਕੇ ਇਹ ਕੁਰਸੀਆਂ ਤੇ ਜਿਮੇਵਾਰੀਆਂ ਨਸੀਬ ਹੋਈਆਂ ਹਨ, ਇਸ ਲਈ ਮੇਰੀ ਜ਼ਿੰਮੇਵਾਰੀ ਬਣਦੀ ਹੈ ਕਿ ਜਿਸ ਦੀ ਦਫਤਰਾਂ ਤੱਕ ਪਹੁੰਚ ਨਹੀਂ, ਜਿਸ ਦੀ ਸੁਣਵਾਈ ਨਹੀਂ, ਜੋ ਅੱਜ ਵੀ ਮਾਰ ਸਹਿ ਕੇ ਮਜਬੂਰ ਵਸ ਬੈਠ ਜਾਂਦੇ ਉਹਨਾਂ ਦੀ ਅਵਾਜ ਬਣਾ ਅਤੇ ਇਨਸਾਫ ਮਿਲਣ ਤੱਕ ਯਤਨ ਕਰਦਾਂ ਹਾਂ। ਇਸ ਮੌਕੇ ਵੱਖ ਵੱਖ ਪਿੰਡਾਂ ਦੇ ਲੋਕਾਂ ਨੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਮਿਲ ਕੇ ਮੁਸ਼ਕਲਾਂ ਦੱਸੀਆਂ। ਪਿੰਡ ਗੁੜਾ ਅਤੇ ਇਲਾਕਾ ਵਾਸੀਆਂ ਵਲੋਂ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਅਤੇ ਉਹਨਾਂ ਦੇ ਨਾਲ ਆਏ ਪ੍ਰਿੰਸੀਪਲ ਪ੍ਰੇਮ ਕੁਮਾਰ ਨੂੰ ਲੋਈ ਅਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

# ਅਧਿਆਪਕਾਂ ਲਈ ਤਿੰਨ ਰੋਜ਼ਾ ਯੋਗ ਕੈਂਪ

**ਗੁਰਾਇਆ (ਬਿੰਦਰ ਸੁਮਨ)** ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ 'ਤੇ ਸ੍ਰੀ ਹਨੁਮਤ ਇੰਟਰਨੈਸ਼ਨਲ ਪਬਲਿਕ ਸਕੂਲ, ਗੋਰਾਇਆ ਵੱਲੋਂ ਭਾਰਤੀ ਯੋਗ ਸੰਸਥਾਨ ਦੇ ਸਹਿਯੋਗ ਨਾਲ ਅਧਿਆਪਕਾਂ ਲਈ ਤਿੰਨ ਰੋਜ਼ਾ ਯੋਗ ਕੈਂਪ ਦਾ



ਸਫਲ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਕੈਂਪ ਦਾ ਉਦੇਸ਼ ਅਧਿਆਪਕਾਂ ਦੀ ਸਰੀਰਕ, ਮਾਨਸਿਕ ਅਤੇ ਆਤਮਿਕ ਸਿਹਤ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਨੂੰ ਯੋਗ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਟੁੱਟ ਹਿੱਸਾ ਬਣਾਉਣ ਲਈ ਪ੍ਰੇਰਿਤ ਕਰਨਾ ਸੀ।

ਕੈਂਪ ਦੌਰਾਨ ਪ੍ਰਸਿੱਧ ਯੋਗ ਪ੍ਰਸ਼ਿਕਸ਼ਕ ਅਨਿਲ ਕੋਛੜ, ਮੀਨੂ ਅਗਰਵਾਲ, ਅੰਜੂ ਗਰਗ, ਡਾ. ਸੰਦੀਪ ਮਲਹੋਤਰਾ ਤੇ ਦਿਨੇਸ਼ ਵੱਲੋਂ ਵੱਖ-ਵੱਖ ਯੋਗ ਆਸਨਾਂ, ਪ੍ਰਾਣਾਯਾਮ ਅਤੇ ਧਿਆਨ ਦੀਆਂ ਵਿਧੀਆਂ ਦਾ ਅਭਿਆਸ ਕਰਵਾਇਆ ਗਿਆ। ਉਨ੍ਹਾਂ ਨੇ ਯੋਗ ਰਾਹੀਂ ਤਣਾਅ ਪ੍ਰਬੰਧਨ, ਮਾਨਸਿਕ ਇਕਾਗਰਤਾ, ਸਕਾਰਾਤਮਕ ਸੋਚ ਅਤੇ ਸਿਹਤਮੰਦ ਜੀਵਨ ਸ਼ੈਲੀ ਦੇ ਮਹੱਤਵ ਬਾਰੇ ਵੀ ਜਾਣਕਾਰੀ ਦਿੱਤੀ।ਇਸ ਤਿੰਨ ਰੋਜ਼ਾ ਯੋਗ ਕੈਂਪ ਨੇ ਅਧਿਆਪਕਾਂ ਨੂੰ ਆਪਣੀ ਰੁਝੇਵਿਆਂ ਭਰੀ ਦਿਨਚਰਿਆ ਵਿੱਚੋਂ ਸਮਾਂ ਕੱਢ ਕੇ ਆਪਣੀ ਸਿਹਤ ਅਤੇ ਮਾਨਸਿਕ ਸ਼ਾਂਤੀ ਵੱਲ ਧਿਆਨ ਦੇਣ ਦਾ ਮੌਕਾ ਪ੍ਰਦਾਨ ਕੀਤਾ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਆਰਤੀ ਸੋਬਤੀ ਨੇ ਅੰਤਰਰਾਸ਼ਟਰੀ ਯੋਗ ਦਿਵਸ ਦੇ ਮਹੱਤਵ ਬਾਰੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਯੋਗ ਭਾਰਤ ਦੀ ਅਨਮੋਲ ਸੱਭਿਆਚਾਰਕ ਵਿਰਾਸਤ ਹੈ, ਜਿਸ ਨੇ ਅੱਜ ਪੂਰੇ ਸੰਸਾਰ ਨੂੰ ਤੰਦਰੁਸਤ, ਸੰਤੁਲਿਤ ਅਤੇ ਅਨੁਸ਼ਾਸਿਤ ਜੀਵਨ ਜੀਊਣ ਦੀ ਪ੍ਰੇਰਣਾ ਦਿੱਤੀ ਹੈ। ਕੈਂਪ ਦਾ ਸਮਾਪਨ ਸਿਹਤ, ਸਕਾਰਾਤਮਕਤਾ ਅਤੇ ਆਤਮਿਕ ਸੰਤੁਲਨ ਦੇ ਸੰਦੇਸ਼ ਨਾਲ ਹੋਇਆ।

# ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਨਵਾਂਸ਼ਹਿਰ (ਮਨੋਜ ਲਾਡੀ)**- ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਵੱਲੋ ਹੋਈਆ ਹਦਾਇਤਾਂ ਦੀ ਪਾਲਣਾਂ ਅਨੁਸਾਰ ਅਤੇ ਮਾਣਯੋਗ ਜਿਲ੍ਹਾਂ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਜੀਆਂ ਅਤੇ ਸਿਵਲ ਜੱਜ ( ਸੀਨੀਅਰ ਡੀਵੀਜ਼ਨ)/



ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ.ਭ.ਸ ਨਗਰ ਡਾ. ਅਮਨਦੀਪ ਜੀਆਂ ਦੇ ਨਿਰਦੇਸ਼ਾਂ ਤਹਿਤ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋ 21 ਜੂਨ ਨੂੰ ਨਵੀ ਜੂਡੀਸ਼ੀਅਲ ਕੋਰਟ ਕੰਪਲੈਕਸ, ਸ.ਭ.ਸ ਨਗਰ ਵਿਖੇ ਅੰਤਰ ਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ । ਇਸ ਅੰਤਰ ਰਾਸ਼ਟਰੀ ਯੋਗ ਦਿਵਸ ਮੌਕੇ ਗਗਨਦੀਪ ਕੌਰ ਵਧੀਕ ਜਿਲ੍ਹਾਂ ਅਤੇ ਸ਼ੈਸਨ ਜੱਜ , ਮਹੇਸ਼ ਕੁਮਾਰ ਸੀ.ਜੇ.ਐਮ , ਤੁਸ਼ਾਰ ਕੌਰ ਥਿੰਦ , ਸਿਵਲ ਜੱਜ ( ਜੂਨੀਅਰ ਡੀਵੀਜ਼ਨ), ਕੋਰਟ ਸਟਾਫ ਅਤੇ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਟਾਫ ਵੱਲੋ ਭਾਗ ਲਿਆ ਅਤੇ ਇਸ ਅੰਤਰ ਰਾਸ਼ਟਰੀ ਯੋਗ ਦਿਵਸ ਮੌਕੇ ਯੋਗ ਅਭਿਆਸ ਕੀਤਾ ਗਿਆਂ। ਇਸ ਤੋ ਇਲਾਵਾ ਨਿਆਂਇਕ ਅਧਿਕਾਰੀਆ ਵੱਲੋ ਕਿਹਾ ਕਿ ਯੋਗਾ ਦਾ ਉਦੇਸ਼ ਵਿਅਕਤੀ ਨੂੰ ਸਰੀਰਕ ਤੇ ਮਾਨਸਿਕ ਤੌਰ ਤੇ ਤੰਦਰੁਸਤ ਰੱਖਣਾ ਹੈ ।

# ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਯੋਗ ਸੈਸ਼ਨ ਕਰਵਾਇਆ

**ਗੁਰਾਇਆ (ਬਿੰਦਰ ਸੁੰਮਨ)**- ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੀ ਐਚ ਸੀ ਬੜਾ ਪਿੰਡ ਡਾ. ਪਰਮਜੀਤ ਸਿੰਘ



ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਇਸ ਮੌਕੇ ਸਿਹਤ ਸੰਸਥਾ ਦੇ ਸਮੂਹ ਸਟਾਫ਼ ਲਈ ਵਿਸ਼ੇਸ਼ ਯੋਗਾ ਸੈਸ਼ਨ ਦਾ ਆਯੋਜਨ ਕੀਤਾ ਗਿਆ। ਯੋਗਾ ਸੈਸ਼ਨ ਦੀ ਅਗਵਾਈ ਮੈਡੀਕਲ ਅਫ਼ਸਰ ਡਾ. ਮਮਤਾ ਗੌਤਮ ਅਤੇ ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਬਲਜਿੰਦਰ ਸਿੰਘ ਵੱਲੋਂ ਕੀਤੀ ਗਈ। ਉਨ੍ਹਾਂ ਨੇ ਹਾਜ਼ਰ ਸਟਾਫ਼ ਨੂੰ ਵੱਖ-ਵੱਖ ਯੋਗ ਆਸਨਾਂ, ਪ੍ਰਾਣਾਯਾਮ ਅਤੇ ਧਿਆਨ ਦੀਆਂ ਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਦੇ ਸਿਹਤ ਲਾਭਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਡਾ. ਮਮਤਾ ਗੌਤਮ ਨੇ ਕਿਹਾ ਕਿ ਯੋਗਾ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਲਈ ਬਹੁਤ ਹੀ ਪ੍ਰਭਾਵਸ਼ਾਲੀ ਸਾਧਨ ਹੈ। ਡਾ. ਬਲਜਿੰਦਰ ਸਿੰਘ ਨੇ ਦੱਸਿਆ ਕਿ ਯੋਗਾ ਭਾਰਤ ਦੀ ਪ੍ਰਾਚੀਨ ਵਿਰਾਸਤ ਹੈ, ਜੋ ਮਨ, ਸਰੀਰ ਅਤੇ ਆਤਮਾ ਵਿਚ ਸੰਤੁਲਨ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਨੇ ਸਾਰੇ ਕਰਮਚਾਰੀਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਯੋਗਾ ਨੂੰ ਅਪਨਾਉਣ ਲਈ ਪ੍ਰੇਰਿਤ ਕੀਤਾ।

# ਅੰਤਰਰਾਸ਼ਟਰੀ ਯੋਗ ਦਿਵਸ ਮੌਕੇ 1500 ਤੋਂ ਵੱਧ ਲੋਕਾਂ ਨੇ ਕੀਤਾ ਯੋਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- 12ਵੇਂ ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ 'ਤੇ ਸ਼ਨੀਵਾਰ ਨੂੰ ਪੁਲਿਸ ਲਾਈਨ ਗਰਾਊਂਡ, ਹੁਸ਼ਿਆਰਪੁਰ ਵਿੱਚ ਜ਼ਿਲ੍ਹਾ ਪੱਧਰੀ ਯੋਗ ਦਿਵਸ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਯੋਗ ਭਾਰਤ ਦੀ ਪ੍ਰਾਚੀਨ ਅਤੇ ਗੌਰਵਮਈ ਪਰੰਪਰਾ ਹੈ, ਜੋ



ਅੱਜ ਸਰੀਰਕ, ਮਾਨਸਿਕ ਅਤੇ ਆਤਮਿਕ ਸ਼ੁੱਧਤਾ ਦਾ ਪ੍ਰਭਾਵਸ਼ਾਲੀ ਮਾਧਿਅਮ ਬਣ ਚੁੱਕੀ ਹੈ। ਉਨ੍ਹਾਂ ਕਿਹਾ ਕਿ ਭੱਜ-ਦੌੜ ਭਰੀ ਜੀਵਨ ਸ਼ੈਲੀ ਅਤੇ ਵਧਦੇ ਤਣਾਅ ਦੇ ਇਸ ਦੌਰ ਵਿੱਚ ਯੋਗ ਇੱਕ ਅਚੂਕ ਉਪਾਅ ਹੈ, ਜੋ ਵਿਅਕਤੀ ਨੂੰ ਤੰਦਰੁਸਤ ਰੱਖਣ ਦੇ ਨਾਲ-ਨਾਲ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਵੀ ਦੂਰ ਰੱਖਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ 'ਸੀ.ਐਮ. ਦੀ ਯੋਗਸ਼ਾਲਾ' ਰਾਹੀਂ ਪੂਰੇ ਸੂਬੇ ਵਿੱਚ ਯੋਗ ਦੇ ਪ੍ਰਚਾਰ-ਪ੍ਰਸਾਰ ਲਈ ਲਗਾਤਾਰ ਯਤਨ ਕਰ ਰਹੀ ਹੈ। ਸੂਬੇ ਦੇ ਪ੍ਰਮੁੱਖ ਸ਼ਹਿਰਾਂ ਤੋਂ ਲੈ ਕੇ ਬਲਾਕ ਪੱਧਰ ਤੱਕ ਯੋਗ ਕਲਾਸਾਂ ਚਲਾਈਆਂ ਜਾ ਰਹੀਆਂ ਹਨ, ਜਿੱਥੇ ਹਜ਼ਾਰਾਂ ਲੋਕ ਨਿਯਮਿਤ ਤੌਰ 'ਤੇ ਯੋਗ ਅਭਿਆਸ ਕਰ ਰਹੇ ਹਨ। ਉਨ੍ਹਾਂ ਇਸ ਨੂੰ ਪੰਜਾਬ ਨੂੰ ਤੰਦਰੁਸਤ ਅਤੇ ਸਿਹਤਮੰਦ ਬਣਾਉਣ ਵੱਲ ਇੱਕ ਮਹੱਤਵਪੂਰਨ ਪਹਿਲ ਦੱਸਦਿਆਂ ਨੌਜਵਾਨਾਂ ਨੂੰ ਯੋਗ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼ ਯੋਗ ਦੇ ਮਾਧਿਅਮ ਨਾਲ ਇੱਕ ਤੰਦਰੁਸਤ, ਅਨੁਸ਼ਾਸਿਤ ਅਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਕਰਨਾ ਹੈ। ਪੁਲਿਸ ਲਾਈਨ ਗਰਾਊਂਡ ਵਿੱਚ ਕਰਵਾਏ ਗਏ ਇਸ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ 1500 ਤੋਂ ਵੱਧ ਲੋਕਾਂ ਨੇ ਸਮੂਹਿਕ ਯੋਗ ਅਭਿਆਸ ਕਰਕੇ ਸਿਹਤ ਅਤੇ ਅਨੁਸ਼ਾਸਨ ਪ੍ਰਤੀ ਆਪਣੀ ਜਾਗਰੂਕਤਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਯੋਗ ਮਾਹਿਰ ਡਾ. ਰੁਪਿੰਦਰਪ੍ਰੀਤ ਸਿੰਘ, ਡਾ. ਗਗਨ, ਡਾ. ਰਿਤੂ, ਡਾ. ਸ਼ੁਭਮ ਅਤੇ ਅੰਮ੍ਰਿਤ ਨੇ ਵੱਖ-ਵੱਖ ਯੋਗ ਆਸਨਾਂ, ਉਨ੍ਹਾਂ ਦੇ ਲਾਭਾਂ ਅਤੇ ਅਭਿਆਸ ਦੀ ਵਿਧੀ ਬਾਰੇ ਜਾਣਕਾਰੀ ਦਿੱਤੀ। ਇਸੇ ਦੌਰਾਨ ਸੋਨਾਲਿਕਾ ਡਿਵਾਈਨ ਸੰਸਥਾ ਦੇ ਨੁਤਿੰਦਰ ਵੱਲੋਂ ਲਾਫਟਰ ਯੋਗ ਅਤੇ ਡਾਂਸ ਯੋਗ ਦਾ ਆਯੋਜਨ ਕੀਤਾ ਗਿਆ, ਜਿਸ ਨਾਲ ਹਾਜ਼ਰ ਲੋਕਾਂ ਵਿੱਚ ਉਤਸ਼ਾਹ ਅਤੇ ਨਵੀਂ ਊਰਜਾ ਦਾ ਸੰਚਾਰ ਹੋਇਆ। ਸਮਾਗਮ ਵਿੱਚ ਸਹਾਇਕ ਕਮਿਸ਼ਨਰ (ਜਨਰਲ) ਡਾ. ਸੁਮਿਤ ਮੂਧ, ਐੱਸ.ਡੀ.ਐੱਮ. ਪਰਮਪ੍ਰੀਤ ਸਿੰਘ, ਐੱਸ.ਪੀ. ਮਨਪ੍ਰੀਤ ਸ਼ੀਂਹਮਾਰ, ਜ਼ਿਲ੍ਹਾ ਆਯੁਰਵੇਦਿਕ ਅਤੇ ਯੂਨਾਨੀ ਅਧਿਕਾਰੀ ਡਾ. ਸੁਰਿੰਦਰ ਪਾਲ ਕੌਰ, ਆਯੁਰਵੇਦਿਕ ਵਿਭਾਗ ਦੇ ਨੋਡਲ ਅਧਿਕਾਰੀ ਡਾ. ਹਰੀਸ਼ ਭਾਟੀਆ, ਡਾ. ਕਰੁਣਾ ਸ਼ਰਮਾ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪ੍ਰੀਤ ਕੋਹਲੀ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਸਨ।

# ਐੱਚ ਐੱਮ ਵੀ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾਂ ਵਿਦਿਆਲਿਆ ਜਲੰਧਰ ਅਤੇ ਆਰੀਆ ਪ੍ਰਤੀਨਿਧ ਉਪ ਸਭਾ, ਪੰਜਾਬ ਇਕਾਈ ਦੇ ਸਾਂਝੇ ਉਪਰਾਲੇ ਅਤੇ ਕਾਲਜ ਸਟੂਡੈਂਟ ਕੌਂਸਿਲ, ਐਨ ਐਸ ਐਸ, ਐਨ ਸੀ ਸੀ ਅਤੇ ਕਾਲਜ ਦੇ ਸਪੋਰਟਸ ਵਿੰਗ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਯੋਗ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਦੀ ਅਗਵਾਈ ਹੇਠ



ਆਯੋਜਿਤ ਇਸ ਸਮਾਗਮ ਦਾ ਉਦੇਸ਼ ਵਿਦਿਆਰਥਣਾਂ ਅਤੇ ਸਟਾਫ ਮੈਂਬਰਾਂ ਨੂੰ ਯੋਗ ਦੇ ਮਹੱਤਵ ਤੋਂ ਜਾਣੂ ਕਰਵਾਉਣਾ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਸਮਾਗਮ ਵਿੱਚ ਆਰੀਆ ਉਪ ਸਭਾ (ਪੰਜਾਬ) ਦੇ ਪ੍ਰਧਾਨ ਡਾ. ਜੇ ਪੀ ਸ਼ੂਰ, ਉਪ ਸਰਪ੍ਰਸਤ ਕੁੰਦਨ ਲਾਲ ਅਗਰਵਾਲ ਅਤੇ ਡੀ ਏ ਵੀ ਸੀ ਐੱਮ ਸੀ ਨਵੀਂ ਦਿੱਲੀ ਦੇ ਸਕੱਤਰ ਅਜੈ ਗੋਸਵਾਮੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਭਾਰਤ ਸਰਕਾਰ ਦੇ ਆਯੁਸ਼ ਮੰਤਰਾਲੇ ਵੱਲੋਂ ਨਿਰਧਾਰਿਤ ਇਸ ਸਾਲ ਦੇ ਵਿਸ਼ੇ "ਬੁਢਾਪੇ ਵਿੱਚ ਸਿਹਤਮੰਦ ਜੀਵਨ ਲਈ ਯੋਗ" ਨੂੰ ਧਿਆਨ ਵਿੱਚ ਰੱਖਦਿਆਂ ਯੋਗ ਮਾਹਿਰ ਸਿਮਰਨ ਹਰਿ ਸਿਡਾਨਾ ਨੇ ਭਾਗੀਦਾਰਾਂ ਨੂੰ ਵੱਖ-ਵੱਖ ਯੋਗ ਆਸਨਾਂ, ਪ੍ਰਾਣਾਯਾਮ ਅਤੇ ਧਿਆਨ ਦੀਆਂ ਵਿਧੀਆਂ ਦਾ ਅਭਿਆਸ ਕਰਵਾਇਆ। ਉਨ੍ਹਾਂ ਯੋਗ ਦੇ ਸਰੀਰਕ, ਮਾਨਸਿਕ ਅਤੇ ਆਤਮਿਕ ਲਾਭਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਐਨ ਐਸ ਐਸ ਪ੍ਰੋਗਰਾਮ ਅਫ਼ਸਰ ਡਾ. ਜੋਤੀ ਗੋਗੀਆ ਨੇ ਯੋਗ ਅਤੇ ਧਿਆਨ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਯੋਗ ਮਨੁੱਖ ਨੂੰ ਤਣਾਅ-ਮੁਕਤ ਅਤੇ ਸੰਤੁਲਿਤ ਜੀਵਨ ਜੀਉਣ ਦੀ ਪ੍ਰੇਰਣਾ ਦਿੰਦਾ ਹੈ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਯੋਗ ਭਾਰਤੀ ਸੱਭਿਆਚਾਰ ਦੀ ਵਡਮੁੱਲਾ ਵਿਰਸਾ ਅਤੇ ਸੰਸਕ੍ਰਿਤੀ ਦਾ ਅਟੁੱਟ ਅੰਗ ਹੈ, ਜੋ ਸਰੀਰਕ ਸਿਹਤ ਦੇ ਨਾਲ-ਨਾਲ ਮਾਨਸਿਕ ਸ਼ਾਂਤੀ ਅਤੇ ਆਤਮਿਕ ਸੰਤੁਲਨ ਵੀ ਪ੍ਰਦਾਨ ਕਰਦੀ ਹੈ। ਉਨ੍ਹਾਂ ਵਿਦਿਆਰਥਣਾਂ ਨੂੰ ਯੋਗ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਵਿੱਚ ਐਨ ਐਸ ਐਸ, ਐਨ ਸੀ ਸੀ, ਸਟੂਡੈਂਟਸ ਕੌਂਸਲ, ਖੇਡ ਵਿਭਾਗ ਦੀਆਂ ਵਿਦਿਆਰਥਣਾਂ, ਫੈਕਲਟੀ ਮੈਂਬਰਾਂ, ਗੈਰ-ਅਧਿਆਪਨ ਕਰਮਚਾਰੀਆਂ ਅਤੇ ਹੋਰ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

# ਮੇਹਰ ਚੰਦ ਪੋਲੀਟੈਕਨਿਕ ਕਾਲਜ 'ਚ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਸਰੀਰਕ ਅਤੇ ਮਾਨਸਿਕ ਸਿਹਤ ਨੂੰ ਬਣਾਈ ਰੱਖਣ ਵਿੱਚ ਯੋਗ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਦਿਆਂ ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਯੋਗ ਕਲੱਬ ਵੱਲੋਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਅੰਤਰਰਾਸ਼ਟਰੀ ਯੋਗ ਦਿਵਸ



ਮਨਾਉਣ ਲਈ ਇੱਕ ਵਿਸ਼ੇਸ਼ ਪਹਿਲ ਕੀਤੀ ਗਈ ਹੈ। ਇਸ ਦਿਵਸ ਦੀ ਭਾਵਨਾ ਨੂੰ ਜੀਵੰਤ ਰੱਖਣ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ, ਸੰਸਥਾ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਮੂਹ ਸਟਾਫ ਮੈਂਬਰਾਂ ਨੂੰ ਆਪਣੇ-ਆਪਣੇ ਘਰਾਂ ਵਿੱਚ ਯੋਗ ਅਭਿਆਸ ਕਰਨ ਲਈ ਪ੍ਰੇਰਿਤ ਕੀਤਾ ਹੈ।ਉਨ੍ਹਾਂ ਕਿਹਾ ਕਿ ਇਹ ਸਾਂਝਾ ਉਪਰਾਲਾ ਨਾ ਸਿਰਫ਼ ਕਰਮਚਾਰੀਆਂ ਦੇ ਯੋਗ ਪ੍ਰਤੀ ਉਤਸ਼ਾਹ ਨੂੰ ਦਰਸਾਉਂਦਾ ਹੈ, ਸਗੋਂ ਇੱਕ ਟੀਮ ਵਜੋਂ ਉਨ੍ਹਾਂ ਦੀ ਮਜ਼ਬੂਤ ਏਕਤਾ ਅਤੇ ਸਮਰਪਣ ਨੂੰ ਵੀ ਪ੍ਰਗਟ ਕਰਦਾ ਹੈ।

# ਬੱਚਿਆਂ ਨੂੰ ਨਸ਼ਿਆਂ ਤੇ ਸੋਸ਼ਲ ਮੀਡੀਆ ਤੋਂ ਦੂਰ ਰਹਿਣ ਲਈ ਕੀਤਾ ਪ੍ਰੇਰਿਤ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਪਾਵਨ ਆਸ਼ੀਰਵਾਦ ਸਦਕਾ ਡੇਰਾ ਬੱਸੀ ਦੇ ਨਿਰੰਕਾਰੀ ਸਤਿਸੰਗ ਭਵਨ, ਵਿਖੇ ਇੱਕ ਵਿਸ਼ਾਲ ਬਾਲ ਸਮਾਗਮ ਦਾ ਆਯੋਜਨ ਕੀਤਾ ਗਿਆ। ਸੰਯੋਜਕ ਪੱਧਰ ਦੇ ਇਸ ਸਮਾਗਮ ਵਿੱਚ ਡੇਰਾ ਬੱਸੀ ਬਰਾਂਚ ਤੋਂ ਇਲਾਵਾ ਜੀਰਕਪੁਰ, ਲਾਲੜੂ, ਦੱਪਰ, ਮੁਬਾਰਿਕਪੁਰ, ਭਾਂਖਰਪੁਰ ਅਤੇ ਸਮਗੌਲੀ ਬਰਾਂਚਾਂ ਦੀਆਂ ਬਾਲ ਸੰਗਤਾਂ ਨੇ ਉਤਸ਼ਾਹ ਪੂਰਵਕ ਭਾਗ ਲਿਆ। ਇਸ ਮੌਕੇ



ਬੱਚਿਆਂ ਨੇ ਗੀਤ, ਸਕਿੱਟ, ਸਪੀਚ ਅਤੇ ਕਵੀ ਦਰਬਾਰ ਆਦਿ ਦੀਆਂ ਪੇਸ਼ਕਾਰੀਆਂ ਰਾਹੀਂ ਸਤਿਗੁਰੂ ਦੇ ਸੰਦੇਸ਼ ਨੂੰ ਸੰਗਤਾਂ ਤੱਕ ਪਹੁੰਚਾਇਆ। ਇਸ ਸਮਾਗਮ ਲਈ ਬੱਚਿਆਂ ਦੁਆਰਾ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਤਿਆਰੀਆਂ ਕੀਤੀਆਂ ਜਾ ਰਹੀਆਂ ਸਨ। ਬਾਲ ਸੰਤਾਂ ਵੱਲੋਂ ਆਪਣੀਆਂ ਪੇਸ਼ਕਾਰੀਆਂ ਰਾਹੀਂ ਇਨਸਾਨੀ ਗੁਣਾਂ ਨਾਲ ਭਰਪੂਰ ਕਦਰਾਂ-ਕੀਮਤਾਂ, ਮਾਪਿਆਂ ਅਤੇ ਵੱਡਿਆਂ ਦਾ ਅਦਬ-ਸਤਿਕਾਰ ਅਤੇ ਸੋਸ਼ਲ ਮੀਡੀਆ ਦੀ ਵਰਤੋਂ ਪ੍ਰਤੀ ਸੁਚੇਤ ਕੀਤਾ ਗਿਆ। ਇਸ ਮੌਕੇ ਸਤਿਗੁਰੂ ਮਾਤਾ ਦਾ ਸੰਦੇਸ਼ ਦੇਣ ਲਈ ਚੰਡੀਗੜ੍ਹ ਜ਼ੋਨ ਦੇ ਇੰਚਾਰਜ ਓ ਪੀ ਨਿਰੰਕਾਰੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਆਪਣੇ ਪ੍ਰਵਚਨਾਂ ਰਾਹੀਂ ਇਸ ਸਮਾਗਮ ਵਿੱਚ ਉਤਸ਼ਾਹ ਅਤੇ ਸ਼ਰਧਾ ਨਾਲ ਭਾਗ ਲੈਣ ਵਾਲੇ ਬਾਲ ਸੰਤਾਂ ਅਤੇ ਉਨ੍ਹਾਂ ਦੇ ਮਾਪਿਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਬੱਚੇ ਵਧਾਈ ਦੇ ਪਾਤਰ ਹਨ, ਜੋ ਛੋਟੀ ਉਮਰ ਵਿੱਚ ਹੀ ਆਪਣੇ ਜੀਵਨ ਨੂੰ ਅਜਿਹੀਆਂ ਅਧਿਆਤਮਿਕ ਸਿੱਖਿਆਵਾਂ ਨਾਲ ਜੋੜ ਰਹੇ ਹਨ, ਜੋ ਸਮਾਜਿਕ ਬੁਲੰਦੀਆਂ ਨੂੰ ਹਾਸਿਲ ਕਰਨ ਵਿੱਚ ਵੀ ਸਹਾਈ ਸਿੱਧ ਹੁੰਦੀਆਂ ਹਨ।

# ਸਿਲਵਰ ਓਕ ਸਕੂਲ 'ਚ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵੱਲੋਂ ਵਿਸ਼ਵ ਯੋਗਾ ਦਿਵਸ ਦੇ ਮੌਕੇ ਤੇ ਹੁੰਮ-



ਹੁਮਾ ਕੇ ਹਿੱਸਾ ਲਿਆ ਗਿਆ। ਇਸ ਮੌਕੇ ਤੇ ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਅਧਿਆਪਕਾਂ ਅਤੇ ਬੱਚਿਆਂ ਨੇ ਵੱਖ-ਵੱਖ ਯੋਗ ਆਸਨਾਂ ਦਾ ਅਭਿਆਸ ਅਤੇ ਪ੍ਰਦਰਸ਼ਨ ਕੀਤਾ। ਸੰਸਥਾ ਦੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਵਿਸ਼ਵ ਯੋਗ ਦਿਵਸ ਦੇ ਮੌਕੇ ਤੇ ਦੱਸਿਆ ਦੇਸ਼ ਵਿਦੇਸ਼ ਵਿੱਚ ਮਸ਼ਹੂਰ ਹੋਇਆ ਯੋਗ ਜਿਸ ਦੀਆਂ ਜੜ੍ਹਾਂ ਮੂਲ ਤੌਰ ਤੇ ਭਾਰਤ ਵਿੱਚ ਹਨ। ਅੱਜ ਦੁਨੀਆਂ ਵਿੱਚ ਹਰ ਕੋਈ ਯੋਗਤਾ ਲੋਹਾ ਮੰਨਦਾ ਹੈ ਤੇ ਅਸੀਂ ਜਾਣਦੇ ਹਾਂ ਕਿ ਅਸੀਂ ਯੋਗ ਦੇ ਨਾਲ ਬਹੁਤ ਸਾਰੀਆਂ ਬਿਮਾਰੀਆਂ ਤੋਂ ਮੁਕਤੀ ਪਾ ਕੇ ਆਪਣਾ ਸਰੀਰ ਸਵਸਥ ਕਰ ਸਕਦੇ ਹਾਂ। ਇਸ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਾਡਾ ਫਰਜ਼ ਹੈ ਕਿ ਅਸੀਂ ਆਪਣੇ ਵਿਦਿਆਰਥੀਆਂ ਨੂੰ ਯੋਗ ਦੇ ਲਾਭ ਅਤੇ ਇਸ ਦੀ ਜ਼ਿੰਦਗੀ ਦੇ ਵਿੱਚ ਜ਼ਰੂਰਤ ਦੇ ਬਾਰੇ ਜਾਣਕਾਰੀ ਦਈਏ । ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਦੇ ਇਨ੍ਹਾਂ ਯਤਨਾਂ ਦੀ ਸ਼ਲਾਘਾ ਕਰਦੇ ਹਾਂ ਅਤੇ ਉਮੀਦ ਕਰਦੇ ਹਾਂ ਤੇ ਸਮੁੱਚਾ ਦੇਸ਼ ਯੋਗ ਨੂੰ ਆਪਣਾ ਅਧਾਰ ਬਣਾ ਕੇ ਸਿਹਤਮੰਦ ਹੋਵੇਗਾ। ਇਸ ਮੌਕੇ ਤੇ ਮੈਨੇਜਰ ਗਜਿੰਦਰਪਾਲ ਸਿੰਘ, ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਕੋਆਰਡੀਨੇਟਰ ਵਿਸ਼ਾਲੀ, ਗੁਰਪ੍ਰੀਤ ਕੌਰ, ਅਰਚਨਾ ਸੈਣੀ, ਸੌਰਭੀ, ਸੀਰਤ ਤਨਵੀਰ, ਗੁਰਨੂਰ, ਤ੍ਰਿਸ਼ਾ, ਪਿਤਾਂਸ਼, ਗੁਰਸ਼ਾਨ, ਜਸਨੂਰ ਆਦਿ ਮੌਜੂਦ ਸਨ।

# ਕੰਗ ਵੱਲੋਂ ਖਰੜ ਵਿਧਾਨ ਸਭਾ ਹਲਕੇ ਦੇ ਪਿੰਡਾਂ ਦਾ ਦੌਰਾ



**ਖਰੜ (ਹਰਨਾਮ ਸਿੰਘ ਡੱਲਾ)**- ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਵਿਧਾਨ ਸਭਾ ਹਲਕਾ ਖਰੜ ਦੇ ਵੱਖ-ਵੱਖ ਪਿੰਡਾਂ ਜੈਂਤੀ ਮਾਜਰਾ, ਮਸੌਲ, ਕਾਨ੍ਹੇ ਕਾ ਵਾੜਾ, ਛੋਟੀ ਕਰੌਰ, ਵੱਡੀ ਕਰੌਰ, ਗੂੜੇ ਅਤੇ ਕਸੌਲੀ ਦਾ ਦੌਰਾ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ।ਇਸ ਮੌਕੇ ਸੰਸਦ ਮੈਂਬਰ ਕੰਗ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਮੁਢਲੀਆਂ ਲੋੜਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਪਹਿਲ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੈਂਤੀ ਮਾਜਰਾ, ਗੂੜੇ, ਕਰੌਂਦੇਵਾਲ ਅਤੇ ਕਸੌਲੀ ਵਿਖੇ ਬਰਸਾਤੀ ਨਾਲਿਆਂ 'ਤੇ ਲੋੜੀਂਦੀਆਂ ਪੁਲੀਆਂ ਦੇ ਨਿਰਮਾਣ ਦਾ ਕੰਮ ਜਲਦੀ ਸ਼ੁਰੂ ਕਰਵਾਇਆ ਜਾਵੇਗਾ।

# ਸੰਗਤ ਦੀ ਸੇਵਾ ਕਰਨਾ ਸਭ ਤੋਂ ਉੱਤਮ : ਲਵਲੀ ਨੰਦਰਾ, ਸੁਮਿਤ ਗੁਪਤਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਲਵਲੀ ਐਂਡ ਪਾਰਟੀ ਵੱਲੋਂ ਬਾਬਾ ਬੂਟਾ ਭਗਤ ਦੀ ਯਾਦ ਨੂੰ ਸਮਰਪਿਤ ਚੱਲ ਰਹੇ ਤਿੰਨ ਰੋਜ਼ਾ ਜੋੜ ਮੇਲੇ ਵਿੱਚ ਸ਼ਾਮਿਲ ਹੋ ਰਹੀਆਂ ਸੰਗਤਾਂ ਦੇ ਖਾਨ-ਪੀਣ ਦੇ ਲੰਗਰ ਤੋਂ ਇਲਾਵਾ ਠੰਡੇ-ਮਿੱਠੇ ਜਲ ਦੀ ਛਬੀਲ ਅੱਜ ਉੜਮੁੜ ਵਿਖੇ ਲਗਾਈ ਗਈ। ਛਬੀਲ ਤੇ ਲੰਗਰ ਦੇ ਚਾਲੂ ਕਰਨ ਤੋਂ ਪਹਿਲਾਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਬਾਬਾ ਜੀ ਦੇ ਸ਼ਰਧਾਲੂਆਂ ਨੂੰ ਲੰਗਰ




ਦਾ ਪ੍ਰਸ਼ਾਦ ਦੇਣ ਲਈ ਜਿੱਥੇ ਪਾਰਟੀ ਦੇ ਸਮੂਹ ਮੈਂਬਰ ਬੜੇ ਹੀ ਸਰਗਰਮ ਸਨ ਉੱਥੇ ਉੜਮੁੜ ਦੇ ਇਲਾਕਾ ਨਿਵਾਸੀ ਵੀ ਆਪਣਾ ਵਡਮੁੱਲਾ ਯੋਗਦਾਨ ਪਾ ਰਹੇ ਸਨ। ਇਸ ਮੌਕੇ ਵਿਸ਼ੇਸ਼ ਤੌਰ ਤੇ 'ਇਕ ਹਾਥ ਸੇਵਾ ਕੇ ਨਾਮ' ਸੋਸਾਇਟੀ ਦੇ ਸਰਪ੍ਰਸਤ ਸੁਮਿਤ ਗੁਪਤਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਲੰਗਰ ਦੀ ਸੇਵਾ ਨਿਭਾਈ। ਇਸ ਮੌਕੇ ਤੇ ਲਵਲੀ ਐਂਡ ਪਾਰਟੀ ਦੇ ਪ੍ਰਧਾਨ ਜਥੇਦਾਰ ਲਵਪ੍ਰੀਤ ਸਿੰਘ ਨੰਦਰਾ ਨੇ ਕਿਹਾ ਕਿ ਧਾਰਮਿਕ ਸਥਾਨਾਂ ਤੇ ਮੱਥਾ ਟੇਕਣ ਜਾ ਰਹੀ ਸੰਗਤ ਦੀ ਸੇਵਾ ਕਰਨ ਨਾਲ ਜਿੱਥੇ ਨੌਜਵਾਨ ਪੀੜੀ ਨੂੰ ਬੁਰੀ ਸੰਗਤ ਤੋਂ ਦੂਰ ਰਹਿਣ ਦੀ ਪ੍ਰੇਰਨਾ ਮਿਲਦੀ ਹੈ ਉੱਥੇ ਵਾਹਿਗੁਰੂ ਦੇ ਚਰਨਾਂ ਵਿੱਚ ਜੁੜਨ ਦੀ ਪ੍ਰੇਰਨਾ ਵੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਪੈ ਰਹੀ ਅੱਤ ਦੀ ਗਰਮੀ ਅਤੇ ਚੱਲ ਰਹੀ ਲੂ ਨੂੰ ਮੁੱਖ ਰੱਖਦੇ ਹੋਏ ਸ਼ਰਧਾਲੂਆਂ ਦੀ ਲੋੜ ਅਨੁਸਾਰ ਇਹ ਲੰਗਰ ਤੇ ਛਬੀਲ ਲਗਾਈ ਜਾਂਦੀ ਹੈ। ਇਸ ਮੌਕੇ ਤੇ 'ਇਕ ਹਾਥ ਸੇਵਾ ਕੇ ਨਾਮ' ਸੋਸਾਇਟੀ ਦੇ ਸਰਪ੍ਰਸਤ ਸੁਮਿਤ ਗੁਪਤਾ ਨੇ ਕਿਹਾ ਕਿ ਸੰਗਤ ਦੀ ਸੇਵਾ ਕਰਨਾ ਸਾਨੂੰ ਸਾਡੀ ਸਭਿਅਤਾ ਸਿਖਾਉਂਦੀ ਹੈ ਅਤੇ ਅਜਿਹਾ ਕਰਨ ਨਾਲ ਜਿੱਥੇ ਇਨਸਾਨ ਦੇ ਅੰਦਰੋਂ ਹਉਮੈ ਦੀ ਭਾਵਨਾ ਦਾ ਖਾਤਮਾ ਹੁੰਦਾ ਹੈ ਉੱਥੇ ਇਨਸਾਨ ਦੇ ਮਨ ਵਿੱਚ ਪ੍ਰਭੂ ਭਗਤੀ ਦੀ ਭਾਵਨਾ ਵੀ ਜਾਗ੍ਰਿਤ ਹੁੰਦੀ ਹੈ।ਉਨ੍ਹਾਂ ਨੇ ਸੰਗਤ ਨੂੰ ਸਾਰਾ ਦਿਨ ਲੰਗਰ ਛਕਾਉਣ ਦੀ ਸੇਵਾ ਕਰ ਰਹੇ ਪਾਰਟੀ ਦੇ ਸਮੂਹ ਮੈਂਬਰਾਂ ਅਤੇ ਉੜਮੁੜ ਨਿਵਾਸੀਆਂ ਦਾ ਤਹਿਦਿਲੋਂ ਧੰਨਵਾਦ ਕੀਤਾ। ਇਸ ਮੌਕੇ ਤੇ ਅਦਿਤਿਆ ਕਪੂਰ, ਲਵਲੀ ਮਾਲਵਾ, ਸੰਜੀਵ ਕਪੂਰ, ਗੌਰਵ ਕਪੂਰ, ਨਿਤਨ, ਵਰਿੰਦਰ ਮਰਵਾਹਾ, ਹਰਪ੍ਰੀਤ ਕੌਰ, ਕਮਲੇਸ਼ ਕੌਰ, ਗੁਰਬਖਸ਼ ਕੌਰ, ਮਨਮੀਤ ਕੌਰ, ਨਵ ਕਿਰਨ ਕੌਰ, ਭਵਨੂਰ ਕੌਰ, ਸਤਪਾਲ ਸਿੰਘ, ਸੁਰਜੀਤ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ ਅਤੇ ਹਰਵਿੰਦਰ ਦੀਪ ਕੌਰ ਤੋਂ ਇਲਾਵਾ ਹੋਰ ਮੈਂਬਰਾਂ ਨੇ ਲੰਗਰ ਦੀ ਸੇਵਾ ਨਿਭਾਈ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਗੱਤਕਾ, ਲੈਕਚਰ ਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ

**ਮੋਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਦੀ ਪ੍ਰਬੰਧਕ ਕਮੇਟੀ ਵਲੋ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ 18 ਰੋਜ਼ਾ ਗੁਰਮਤਿ ਗਿਆਨ, ਭਾਸ਼ਾ ਗਿਆਨ, ਸਿੱਖ ਇਤਿਹਾਸ ਅਤੇ ਸਿੱਖ ਸ਼ਸ਼ਤਰ ਗੱਤਕਾ ਸਿਖਲਾਈ ਕੈਂਪ ਦਾ



ਆਯੋਜਨ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਕੈਂਪ ਵਿੱਚ ਕੁੱਲ 118 ਵਿਦਿਆਰਥੀਆਂ ਵਲੋਂ ਭਾਗ ਲਿਆ ਗਿਆ। ਕੈਂਪ ਦੌਰਾਨ ਬੱਚਿਆਂ ਨੂੰ ਸਿਹਤਮੰਦ ਖੁਰਾਕ ਦੇ ਮੱਦੇਨਜ਼ਰ ਛੋਲੇ, ਕੇਲੇ, ਫਰੂਟ ਚਾਟ ਅਤੇ ਹੋਰ ਪੋਸ਼ਟਿਕ ਪਦਾਰਥ ਮੁਹੱਈਆ ਕਰਵਾਏ ਗਏ। ਸਮੂਹ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਨਾਲ ਜਾਣੂ ਕਰਵਾਉਣ ਲਈ ਸ਼ਹੀਦਾਂ ਦੀ ਧਰਤੀ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਜੀ, ਗੁਰਦੁਆਰਾ ਸ੍ਰੀ ਮਾਛੀਵਾੜਾ ਸਾਹਿਬ ਜੀ ਅਤੇ ਗੁਰਦੁਆਰਾ ਕੋਤਵਾਲੀ ਸਾਹਿਬ ਜੀ ਦੀ ਧਾਰਮਿਕ ਯਾਤਰਾ ਵੀ ਕਰਵਾਈ ਗਈ। ਕੈਂਪ ਦੇ ਅਖੀਰਲੇ ਦਿਨ ਵਿਦਿਆਰਥੀਆਂ ਦੇ ਗੱਤਕਾ, ਲੈਕਚਰ, ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਜੇਤੂ ਵਿਦਿਆਰਥੀਆਂ ਨੂੰ ਨਗਦੀ ਅਵਾਰਡ, ਇਤਿਹਾਸਕ ਕਿਤਾਬਾਂ ਅਤੇ ਸਨਮਾਨ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ। ਇਨਾਂ ਵਿਦਿਆਰਥੀਆਂ ਵਿੱਚੋ ਬੀਬੀ ਜਸਲੀਨ ਕੌਰ ਅਤੇ ਅਰਸ਼ਦੀਪ ਸਿੰਘ ਨੂੰ ਬੈਸਟ ਵਿਦਿਆਰਥੀ ਦਾ ਖਿਤਾਬ ਦਿੱਤਾ ਗਿਆ। ਇਸ ਮੌਕੇ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ, ਗੱਤਕਾ ਅਖਾੜਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਕੋਚ ਸ ਦਵਿੰਦਰ ਸਿੰਘ, ਪਿੰਡ ਅਤੇ ਇਲਾਕੇ ਦੇ ਪਤਵੰਤੇ ਸਜੱਣ ਅਤੇ ਵੱਡੀ ਗਿਣਤੀ ਵਿੱਚ ਸੰਗਤ ਬੱਚਿਆਂ ਦੀ ਹੌਂਸਲਾ ਅਫਜ਼ਾਈ ਕਰਨ ਲਈ ਪੁਜੀ ਹੋਈ ਸੀ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਨੇ ਦੱਸਿਆ ਕਿ ਭੱਵਿਖ ਵਿੱਚ ਵੀ ਇਸ ਤਰ੍ਹਾਂ ਦੇ ਗੁਰਮਤਿ ਅਤੇ ਗੱਤਕਾ ਕੈਂਪ ਲਗਾ ਕੇ ਨੌਜਵਾਨ ਪੀੜੀ ਨੂੰ ਗੁਰੂ ਘਰ ਅਤੇ ਗੁਰਸਿੱਖੀ ਨਾਲ ਜੋੜਿਆ ਜਾਂਦਾ ਰਹੇਗਾ। ਕੈਂਪ ਦੀ ਸਮਾਪਤੀ ਦੌਰਾਨ ਮਿਠਾਈਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਬ੍ਰਹਮਚਾਰੀ ਸਪੋਰਟਸ ਐਂਡ ਵੈੱਲਥ ਯੂਥ ਕਲੱਬ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਬ੍ਰਹਮਚਾਰੀ ਸਪੋਰਟਸ ਐਂਡ ਵੈਲਥ ਯੂਥ ਕਲੱਬ ਵੱਲੋਂ 12ਵੇਂ ਅੰਤਰਰਾਸ਼ਟਰੀ ਯੋਗਾ ਦਿਵਸ ਦੇ ਸ਼ੁਭ ਅਵਸਰ 'ਤੇ ਇੱਕ ਵਿਸ਼ੇਸ਼ ਯੋਗਾ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਬੀ ਏ ਬੀ ਸਕੂਲ ਦੀ ਗਰਾਊਂਡ ਵਿੱਚ ਕਲੱਬ ਦੇ ਪ੍ਰਧਾਨ ਸੁਨੀਲ ਕੌਸ਼ਲ ਲਾਡੀ ਰਾਣਾ ਦੀ ਅਗਵਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ। ਇਸ ਮੌਕੇ ਖੇਡਾਂ ਅਤੇ ਸਿਹਤ ਦੇ ਤਾਲਮੇਲ ਨੂੰ ਵਧਾਉਣ ਲਈ ਖਾਸ ਤੌਰ 'ਤੇ ਸਾਰੇ ਫੁੱਟਬਾਲ ਖਿਡਾਰੀਆਂ ਨੂੰ ਬੁਲਾਇਆ ਗਿਆ ਸੀ, ਜਿਨ੍ਹਾਂ ਨੇ




ਬੜੇ ਉਤਸ਼ਾਹ ਨਾਲ ਵੱਖ-ਵੱਖ ਯੋਗ ਆਸਣ ਕੀਤੇ।ਸਮਾਗਮ ਦੌਰਾਨ ਖਿਡਾਰੀਆਂ ਅਤੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੁਨੀਲ ਕੌਸ਼ਲ ਲਾਡੀ ਰਾਣਾ ਨੇ ਕਿਹਾ ਕੇ ਅੰਤਰਰਾਸ਼ਟਰੀ ਯੋਗਾ ਦਿਵਸ ਦੀ ਸ਼ੁਰੂਆਤ ਸਾਲ 2015 ਵਿੱਚ ਹੋਈ ਸੀ, ਇਸ ਲਈ ਸਾਲ 2026 ਵਿੱਚ ਇਹ 12ਵਾਂ ਵਿਸ਼ਵ ਯੋਗਾ ਦਿਵਸ ਹੈ।'ਯੋਗ ਕੇਵਲ ਕਸਰਤ ਨਹੀਂ, ਬਲਕਿ ਜਿਉਣ ਦੀ ਇੱਕ ਕਲਾ ਹੈ। ਇੱਕ ਖਿਡਾਰੀ ਲਈ ਸਰੀਰਕ ਤਾਕਤ ਦੇ ਨਾਲ-ਨਾਲ ਮਾਨਸਿਕ ਇਕਾਗਰਤਾ ਸਭ ਤੋਂ ਵੱਧ ਜ਼ਰੂਰੀ ਹੁੰਦੀ ਹੈ ਅਤੇ ਯੋਗ ਇਸ ਇਕਾਗਰਤਾ ਨੂੰ ਹਾਸਲ ਕਰਨ ਦਾ ਸਭ ਤੋਂ ਉੱਤਮ ਸਾਧਨ ਹੈ। ਸਾਡੇ ਕਲੱਬ ਦਾ ਮਕਸਦ ਨੌਜਵਾਨੀ ਨੂੰ ਨਸ਼ਿਆਂ ਅਤੇ ਬੁਰਾਈਆਂ ਤੋਂ ਦੂਰ ਰੱਖ ਕੇ ਖੇਡਾਂ ਅਤੇ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰਨਾ ਹੈ।' ਪ੍ਰਧਾਨ ਨੇ ਯੋਗਾ ਦੇ ਮਹੱਤਵ 'ਤੇ ਚਾਨਣਾ ਪਾਉਂਦਿਆਂ ਇਸ ਦੇ ਸਮਾਜਿਕ ਅਤੇ ਸਰੀਰਕ ਲਾਭਾਂ ਬਾਰੇ ਵਿਸਥਾਰ ਨਾਲ ਦੱਸਿਆਕੇ ਲਚਕਤਾ ਅਤੇ ਤਾਕਤ ਯੋਗ ਕਰਨ ਨਾਲ ਸਰੀਰ ਦੀਆਂ ਮਾਸਪੇਸ਼ੀਆਂ ਮਜ਼ਬੂਤ ਹੁੰਦੀਆਂ ਹਨ ਅਤੇ ਖਿਡਾਰੀਆਂ ਦੇ ਸਰੀਰ ਵਿੱਚ ਲਚਕਤਾ ਵਧਦੀ ਹੈ, ਜਿਸ ਨਾਲ ਖੇਡ ਦੌਰਾਨ ਸੱਟ ਲੱਗਣ ਦਾ ਖ਼ਤਰਾ ਘੱਟ ਜਾਂਦਾ ਹੈ।ਇਹ ਸਾਡੇ ਇਮਿਊਨਿਟੀ ਸਿਸਟਮ ਨੂੰ ਮਜ਼ਬੂਤ ਕਰਦਾ ਹੈ ਅਤੇ ਦਿਲ, ਬਲੱਡ ਪ੍ਰੈਸ਼ਰ ਤੇ ਸਾਹ ਦੀਆਂ ਬਿਮਾਰੀਆਂ ਨੂੰ ਦੂਰ ਰੱਖਦਾ ਹੈ। ਰੋਜ਼ਾਨਾ ਯੋਗ ਕਰਨ ਨਾਲ ਸਰੀਰ ਵਿੱਚ ਦਿਨ ਭਰ ਸਫੂਰਤੀ ਅਤੇ ਤਾਜ਼ਗੀ ਬਣੀ ਰਹਿੰਦੀ ਹੈ। ਅੱਜ-ਕੱਲ੍ਹ ਦੀ ਭੱਜ-ਦੌੜ ਭਰੀ ਜ਼ਿੰਦਗੀ ਵਿੱਚ ਨੌਜਵਾਨਾਂ ਅੰਦਰ ਵੱਧ ਰਹੇ ਤਣਾਅ ਅਤੇ ਡਿਪ੍ਰੈਸ਼ਨ ਨੂੰ ਯੋਗ ਰਾਹੀਂ ਖ਼ਤਮ ਕੀਤਾ ਜਾ ਸਕਦਾ ਹੈ। ਜੇਕਰ ਦੇਸ਼ ਦਾ ਨੌਜਵਾਨ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਹੋਵੇਗਾ, ਤਾਂ ਇੱਕ ਨਸ਼ਾ ਮੁਕਤ ਅਤੇ ਪ੍ਰਗਤੀਸ਼ੀਲ ਸਮਾਜ ਦਾ ਨਿਰਮਾਣ ਹੋਵੇਗਾ।ਅਜਿਹੇ ਸਮੂਹਿਕ ਯੋਗਾ ਕੈਂਪ ਨੌਜਵਾਨਾਂ ਵਿੱਚ ਆਪਸੀ ਪਿਆਰ, ਅਨੁਸ਼ਾਸਨ ਅਤੇ ਏਕਤਾ ਦੀ ਭਾਵਨਾ ਪੈਦਾ ਕਰਦੇ ਹਨ। ਇਸ ਮੌਕੇ ਮਦਨ ਚੌਧਰੀ, ਜਤਿਨ ਚੌਧਰੀ (ਨੂਨੀ), ਸੀਸ ਰਾਣਾ, ਯੋਗੇਸ਼ ਚੇਚੀ ਪੰਡਿਤ,ਲੱਕੀ, ਰਾਹੁਲ, ਪੰਕਜ ਵਰਮਾ,ਸੌਰਬ, ਆਤਮਾ ਕਲੱਬ ਦੇ ਹੋਰ ਅਹੁਦੇਦਾਰ ਅਤੇ ਪਤਵੰਤੇ ਸੱਜਣ ਵੀ ਹਾਜ਼ਰ ਸਨ।

# ਪਲੇਸਮੈਂਟ ਕੈਂਪ 25 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਵਿਖੇ 25 ਜੂਨ ਨੂੰ ਪਲੇਸਮੈਂਟ ਕੈਂਪ ਲਾਇਆ ਜਾਵੇਗਾ। ਇਸ ਪਲੇਸਮੈਂਟ ਕੈਂਪ ਵਿੱਚ ਸੋਨਾਲਿਕਾ ਟ੍ਰੈਕਟਰਜ਼ ਲਿਮਟਿਡ (ਕੰਪਨੀ ਰੋਲ), ਹਾਕਿੰਨਜ਼ ਕੂਕਰ ਫੈਕਟਰ ਹੁਸ਼ਿਆਰਪੁਰ, ਆਈ.ਸੀ.ਆਈ.ਸੀ.ਆਈ. ਬੈਂਕ ਤੇ ਐਸ.ਆਈ.ਐਸ. ਸਕਿਊਰਿਟੀ ਕੰਪਨੀ ਵੱਲੋਂ ਭਾਗ ਲਿਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਇਨ੍ਹਾਂ ਕੰਪਨੀਆਂ ਵੱਲੋਂ ਘੱਟੋ-ਘੱਟ ਦਸਵੀਂ, ਬਾਰਵੀਂ, ਗ੍ਰੈਜੂਏਸ਼ਨ ਪਾਸ ਤੇ ਆਈ.ਟੀ.ਆਈ. (ਸਾਰੇ ਟ੍ਰੇਡਜ਼) ਪਾਸ ਪ੍ਰਾਰਥੀਆਂ ਦੀ ਓਪਰੇਟਰ, ਹੈਲਪਰ, ਰੀਲੇਸ਼ਨਸ਼ਿਪ ਮੈਨੇਜਰ ਤੇ ਸਕਿਊਰਿਟੀ ਗਾਰਡ ਦੀ ਅਸਾਮੀ ਲਈ ਭਰਤੀ ਕੀਤੀ ਜਾਵੇਗੀ। ਇਨ੍ਹਾਂ ਕੰਪਨੀਆਂ ਵੱਲੋਂ ਭਰਤੀ ਕੀਤੇ ਜਾਣ ਵਾਲੇ ਪ੍ਰਾਰਥੀਆਂ ਨੂੰ 13500-26500 ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ। ਇਸ ਲਈ ਉਮੀਦਵਾਰ ਦੀ ਉਮਰ ਹੱਦ 18 ਤੋਂ 35 ਹੋਣੀ ਚਾਹੀਦੀ ਹੈ।

ਚਾਹਵਾਨ ਯੋਗ ਪ੍ਰਾਰਥੀ 25 ਜੂਨ ਨੂੰ ਸਵੇਰੇ 09:00 ਵਜੇ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸਰਕਾਰੀ ਆਈ.ਟੀ.ਆਈ. ਕੰਪਲੈਕਸ, ਐਮ.ਐਸ.ਡੀ.ਸੀ. ਬਿਲਡਿੰਗ, ਜਲੰਧਰ ਰੋਡ, ਹੁਸਿਆਰਪੁਰ ਵਿਖੇ ਆਪਣੇ ਰਿਜਿਊਮ ਦੀਆਂ 3-4 ਕਾਪੀਆਂ ਸਮੇਤ ਇਸ ਪਲੇਸਮੈਂਟ ਕੈਂਪ ਵਿਚ ਹਿੱਸਾ ਲੈ ਸਕਦੇ ਹਨ ਅਤੇ ਇਸ ਭਰਤੀ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰ ਸਕਦੇ ਹਨ।

# ਵੱਖ-ਵੱਖ ਸਕੂਲਾਂ 'ਚ ਅੰਤਰਰਾਸ਼ਟਰੀ ਯੋਗ ਦਿਵਸ ਉਤਸ਼ਾਹ ਨਾਲ ਮਨਾਇਆ


ਮੱਖੂ


ਸੁਨਾਮ


ਰਾਮਪੁਰਾ ਫੂਲ


ਫਰੀਦਕੋਟ



ਭਵਾਨੀਗੜ੍ਹ

**ਮੱਖੂ (ਰਛਪਾਲ ਸਿੰਘ ਸੰਧੂ) :** ਸਰਵਹਿੱਤਕਾਰੀ ਵਿੱਦਿਆ ਮੰਦਰ ਹਾਈ ਸਕੂਲ ਮਖੂ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਗਿਆ, ਜਿਸ ਵਿੱਚ ਅਧਿਆਪਕਾਂ, ਬੱਚਿਆਂ, ਸਕੂਲ ਮੈਨੇਜਮੈਂਟ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਇਸ ਮੌਕੇ ਸਕੂਲ ਦੇ ਮੈਨੇਜਰ ਸਤਪਾਲ ਦੂਆ ਤੇ ਉਨ੍ਹਾਂ ਦੀ ਟੀਮ ਦੇ


ਜਗਰਾਉਂ

ਮੈਂਬਰ ਜਗਦੀਸ਼ ਗਰੋਵਰ, ਸ਼੍ਰੀਮਤੀ ਸੁਮਨ ਗਰੋਵਰ, ਇਕਬਾਲ ਸਿੰਘ, ਲਕੇਸ਼ ਗਰੋਵਰ, ਰਾਜੀਵ ਕਪੂਰ ਸਕੂਲ ਸਟਾਫ਼ ਮੈਂਬਰ, ਬੱਚੇ, ਕਰਮਚਾਰੀ ਆਦਿ ਹਾਜ਼ਰ ਸਨ।ਇਸ ਮੌਕੇ ਇਕਬਾਲ ਸਿੰਘ, ਸਤਪਾਲ ਦੂਆ, ਰਾਜੀਵ ਕਪੂਰ ਨੇ ਕਿਹਾ ਕਿ ਯੋਗਾ ਸਿਰਫ਼ ਸਰੀਰਕ ਕਸਰਤ ਨਹੀਂ ਹੈ, ਸਗੋਂ ਇਹ ਸਰੀਰ, ਮਨ ਤੇ ਆਤਮਾ ਨੂੰ ਜੋੜਨ ਦਾ ਇੱਕ ਮਾਰਗ ਹੈ।ਰੋਜ਼ਾਨਾ ਯੋਗਾ ਕਰਨ ਨਾਲ ਸਾਡਾ ਖੂਨ ਸੰਚਾਰ ਠੀਕ ਰਹਿੰਦਾ ਹੈ, ਸਾਹ ਪ੍ਰਣਾਲੀ ਮਜ਼ਬੂਤ ਹੁੰਦੀ ਹੈ ਤੇ ਪਾਚਨ ਕਿਰਿਆ ਵਿੱਚ ਸੁਧਾਰ ਹੁੰਦਾ ਹੈ।ਜਗਦੀਸ਼ ਗਰੋਵਰ, ਲਕੇਸ਼ ਗਰੋਵਰ ਅਤੇ ਸ਼੍ਰੀਮਤੀ ਸੁਮਨ ਗਰੋਵਰ ਨੇ ਬੱਚਿਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਰੋਜ਼ ਸਵੇਰੇ ਉੱਠ ਕੇ ਯੋਗ ਆਸਨ ਜ਼ਰੂਰ ਕਰਨ।ਇਸ ਮੌਕੇ ਸਕੂਲ ਸਟਾਫ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨਤ ਕੀਤਾ ਗਿਆ।

**ਰਾਮਪੁਰਾ ਫੂਲ (ਦਰਸ਼ਨ ਜਿੰਦਲ) :** ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਰਾਮਪੁਰਾ ਫੂਲ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਸਟਾਫ ਮੈਂਬਰਾਂ, ਮਾਤਾ-ਪਿਤਾ ਤੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਵਿਦਿਆ ਭਾਰਤੀ ਵੱਲੋਂ ਨਿਯੁਕਤ ਪੰਜਾਬ ਪ੍ਰਾਂਤ ਦੇ ਯੋਗ ਪ੍ਰਮੁੱਖ ਵਿਪਨ ਕੁਮਾਰ ਨੇ ਹਾਜ਼ਰ ਸਾਰੇ ਸਟਾਫ ਮੈਂਬਰਾਂ, ਮਾਪਿਆਂ ਤੇ ਵਿਦਿਆਰਥੀਆਂ ਨੂੰ ਬਹੁਤ ਹੀ ਸੁੰਦਰ ਤੇ ਪ੍ਰਭਾਵਸ਼ਾਲੀ ਢੰਗ ਨਾਲ ਯੋਗ ਆਸਨਾਂ ਦਾ ਅਭਿਆਸ ਕਰਵਾਇਆ।ਸਕੂਲ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਸਮੂਹ ਮਹਿਮਾਨਾਂ, ਮਾਪਿਆਂ, ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਦਾ ਸਵਾਗਤ ਕਰਦਿਆਂ ਯੋਗ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਤੇ ਪ੍ਰੋਗਰਾਮ ਦੇ ਸਫਲ ਆਯੋਜਨ ਲਈ ਸਭ ਦਾ ਧੰਨਵਾਦ ਕੀਤਾ।

ਇਸੇ ਤਰ੍ਹਾਂ ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਆਨਲਾਈਨ ਮਨਾਇਆ ਗਿਆ।ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਬੱਚਿਆਂ ਦੇ ਆਤਮਵਿਸ਼ਵਾਸ ਦੀ ਪ੍ਰਸ਼ੰਸਾ ਕੀਤੀ।

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ) :** ਸਥਾਨਕ ਪ੍ਰਧਾਨ ਮੰਤਰੀ ਸ੍ਰੀ ਕੇਂਦਰੀ ਵਿਦਿਆਲਿਆ ਫਰੀਦਕੋਟ ਛਾਉਣੀ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਰਸਮੀ ਉਦਘਾਟਨ ਸਕੂਲ ਦੇ ਪ੍ਰਿੰਸੀਪਲ ਡਾ. ਸੁਨੀਲ ਕੁਮਾਰ ਨੇ ਕੀਤਾ।ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਡਾ. ਸੁਨੀਲ ਕੁਮਾਰ ਨੇ ਜੀਵਨ ਵਿੱਚ ਯੋਗ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਪਰੰਤ ਸਰੀਰਕ ਸਿੱਖਿਆ ਅਧਿਆਪਕ (ਪੀ ਐਂਡ ਐੱਚ ਈ) ਸ੍ਰੀ ਰਾਕੇਸ਼ ਦੀ ਨਿਗਰਾਨੀ ਹੇਠ ਇੱਕ ਸਮੂਹ ਯੋਗਾ ਸੈਸ਼ਨ ਸ਼ੁਰੂ ਹੋਇਆ।ਸੈਸ਼ਨ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੇ ਨਿਯਮਿਤ ਤੌਰ 'ਤੇ ਯੋਗਾ ਦਾ ਅਭਿਆਸ ਕਰਨ ਤੇ ਸਮਾਜ ਵਿੱਚ ਇਸ ਬਾਰੇ ਜਾਗਰੂਕਤਾ ਫੈਲਾਉਣ ਦਾ ਪ੍ਰਣ ਲਿਆ।

**ਭਵਾਨੀਗੜ੍ਹ (ਰਾਜ ਖੁਰਮੀ) :** ਰਹਿਬਰ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਖੇ ਯੋਗ ਦਿਵਸ ਬੜੇ ਉਤਸ਼ਾਹ, ਜੋਸ਼ ਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਯੋਗ ਮਾਹਰਾਂ ਵੱਲੋਂ ਵੱਖ-ਵੱਖ ਯੋਗ ਆਸਨਾਂ ਤੇ ਪ੍ਰਾਣਾਯਾਮ ਦੀਆਂ ਵਿਧੀਆਂ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਚੇਅਰਮੈਨ ਡਾ. ਐੱਮ. ਐੱਸ. ਖਾਨ ਨੇ ਕਿਹਾ ਕਿ ਯੋਗ ਨਾ ਸਿਰਫ਼ ਸਰੀਰ ਨੂੰ ਤੰਦਰੁਸਤ ਰੱਖਦਾ ਹੈ, ਸਗੋਂ ਮਨ ਨੂੰ ਸ਼ਾਂਤੀ ਤੇ ਸਕਾਰਾਤਮਕ ਊਰਜਾ ਵੀ ਪ੍ਰਦਾਨ ਕਰਦਾ ਹੈ।ਸਮਾਗਮ ਦੇ ਅੰਤ ਵਿੱਚ ਸੰਸਥਾ ਪ੍ਰਬੰਧਕਾਂ ਵੱਲੋਂ ਸਾਰੇ ਭਾਗੀਦਾਰਾਂ ਦਾ ਧੰਨਵਾਦ ਕੀਤਾ ਗਿਆ।

**ਜਗਰਾਉਂ (ਅਮਿਤ ਖੰਨਾ) :** ਡੀ ਏ ਵੀ ਕਾਲਜ ਜਗਰਾਓਂ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਕਾਲਜ ਪ੍ਰਿੰਸੀਪਲ ਡਾਕਟਰ ਅਨੁਜ ਸ਼ਰਮਾ, ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਰਾਜਿੰਦਰ ਸ਼ਰਮਾ ਤੇ ਭਾਰਤ ਵਿਕਾਸ ਪ੍ਰੀਸ਼ਦ ਪ੍ਰਧਾਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ।ਪਤੰਜਲੀ ਦੀ ਦਿਵਯਾ ਯੋਗਸ਼ਾਲਾਂ ਦੇ ਮੁੱਖ ਯੋਗਾ ਟ੍ਰੇਨਰ ਸ਼ਸ਼ੀ ਭੂਸ਼ਣ ਜੈਨ, ਸਹਾਇਕ ਯੋਗਾਂ ਟ੍ਰੇਨਰ ਰਾਧਿਕਾ ਗੋਇਲ, ਸ਼ੈਲੀ ਗੁਪਤਾ, ਮੀਨੂ ਵਰਮਾ ਤੇ ਨਰੇਸ਼ ਵਰਮਾ ਨੇ ਭਾਰੀ ਇਕੱਠ ਨੂੰ ਯੋਗਿਕ ਜੌਗਿੰਗ, ਪ੍ਰਾਣਾਯਾਮ ਤੇ ਯੋਗ ਆਸਨ ਕਰਵਾਉਂਦੇ ਹੋਏ ਯੋਗ ਕਰਕੇ ਕਿਵੇਂ ਨਿਰੋਗ ਰਿਹਾ ਜਾ ਸਕਦਾ ਹੈ, ਬਾਰੇ ਜਾਣਕਾਰੀ ਦਿੱਤੀ।ਯੋਗ ਕੈਂਪ ਵਿੱਚ ਕੌਂਸਲਰ ਸਤੀਸ਼ ਕੁਮਾਰ ਪੱਪੂ, ਕ੍ਰਿਸ਼ਨ ਕੁਮਾਰ, ਇੰਦੌਰਾ ਸ਼ੈਟੀ ਚੋਪੜਾ, ਸੀਮਾ ਗਰਗ ਤੇ ਉਨ੍ਹਾਂ ਦੀ ਟੀਮ ਨੇ ਵੀ ਯੋਗ ਆਸਨ ਤੇ ਪ੍ਰਾਣਾਯਾਮ ਕੀਤੇ।ਸਹਾਇਕ ਯੋਗਾ ਟ੍ਰੇਨਰ ਰਾਧਿਕਾ ਗੋਇਲ, ਮੀਨੂ ਵਰਮਾ ਤੇ ਸ਼ੈਲੀ ਗੁਪਤਾ ਨੂੰ ਵਧੀਆ ਯੋਗਾ ਕਰਵਾਉਣ ਲਈ ਸਨਮਾਨਤ ਕੀਤਾ।ਇਸ ਮੌਕੇ ਬਲੋਜਮ ਕੌਨਵੈਂਟ ਸਕੂਲ ਮਹਾਪ੍ਰਗਿਆ ਸਕੂਲ ਤੇ ਡੀ ਏ ਵੀ ਕਾਲਜ ਦੇ ਐੱਨ ਸੀ ਸੀ ਦੇ ਵੱਡੀ ਗਿਣਤੀ ਵਿੱਚ ਬੱਚਿਆ ਨੇ ਹਿੱਸਾ ਲਿਆ।

ਇਸੇ ਤਰ੍ਹਾਂ ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਵੇਦ ਵਰਤ ਪਲਾਹਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸਕੂਲ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਅਧਿਆਪਕਾਂ ਤੇ ਪੀਅਨ ਸਟਾਫ ਨੇ ਮਿਲ ਕੇ ਵੱਖ-ਵੱਖ ਯੋਗ ਆਸਣਾਂ ਦਾ ਅਭਿਆਸ ਕੀਤਾ।ਇਸੇ ਤਰ੍ਹਾਂ ਸ਼੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿਖੇ ਪ੍ਰਿੰਸੀਪਲ ਨੀਲੂ ਨਰੂਲਾ ਦੀ ਅਗਵਾਈ ਅਧੀਨ ਯੋਗ ਦਿਵਸ ਮਨਾਇਆ ਗਿਆ।ਇਸ ਮੌਕੇ ਸ੍ਰੀ ਸ਼ਾਮ ਸੁੰਦਰ ਨੇ ਬੱਚਿਆਂ ਨੂੰ ਯੋਗ ਦਿਵਸ ਬਾਰੇ ਜਾਣਕਾਰੀ ਦਿੱਤੀ।ਉਪਰੰਤ ਸ੍ਰੀ ਯਨੇਸ਼ ਨੇ ਯੋਗ ਕਰਵਾਏ। ਇਸ ਮੌਕੇ ਸਕੂਲ ਦੇ ਪ੍ਰਧਾਨ ਵਿਨੇ ਸਿੰਗਲਾ, ਪ੍ਰਬੰਧਕ ਪ੍ਰਦੀਪ ਕੁਮਾਰ, ਉਪ ਪ੍ਰਧਾਨ ਸ਼ਾਮ ਸੁੰਦਰ ਤੇ ਡਾਕਟਰ ਬੀ. ਵੀ. ਸਿੰਗਲਾ ਤੇ ਪ੍ਰਿੰਸੀਪਲ ਸ਼੍ਰੀਮਤੀ ਨੀਲੂ ਨਰੂਲਾ ਅਤੇ ਸਮੂਹ ਸਟਾਫ ਤੇ ਬੱਚੇ ਸ਼ਾਮਲ ਸਨ।ਅੰਤ ਵਿੱਚ ਸ੍ਰੀ ਯਨੇਸ਼ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) :** ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਪ੍ਰਿੰਸੀਪਲ ਡਾ. ਗਗਨਦੀਪ ਚੀਮਾ ਦੀ ਅਗਵਾਈ ਹੇਠ ਐੱਨ ਐੱਸ ਐੱਸ ਵਿਭਾਗ ਤੇ ਐੱਨਸੀਸੀ ਯੂਨਿਟ ਵੱਲੋਂ ਯੋਗ ਦਿਵਸ ਮਨਾਇਆ ਗਿਆ।ਇਸ ਦੌਰਾਨ


ਚੀਮਾ ਮੰਡੀ

ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਚੀਮਾ ਨੇ ਕਿਹਾ ਕਿ ਅੱਜ ਦੇ ਵਰਤਮਾਨ ਸਮੇਂ ਵਿੱਚ ਰੁਝੇਵੇਂ ਭਰੀ ਜ਼ਿੰਦਗੀ ਵਿੱਚ ਸਾਨੂੰ ਹਰ ਰੋਜ਼ ਯੋਗ ਜ਼ਰੂਰ ਕਰਨਾ ਚਾਹੀਦਾ ਹੈ। ਯੋਗ ਸਰੀਰਕ ਤੰਦਰੁਸਤੀ ਦੇ ਨਾਲ ਨਾਲ ਮਾਨਸਿਕ ਤਣਾਅ ਨੂੰ ਵੀ ਦੂਰ ਕਰਦਾ ਹੈ।ਪ੍ਰੋਗਰਾਮ ਦੇ ਆਖਿਰ ਵਿੱਚ ਡਾ. ਜਤਿੰਦਰ ਸਿੰਘ ਨੇ ਕਾਲਜ ਪ੍ਰਿੰਸੀਪਲ, ਸਟਾਫ ਤੇ ਵਲੰਟੀਅਰਾਂ ਦਾ ਰਸਮੀ ਧੰਨਵਾਦ ਕੀਤਾ।ਇਸ ਮੌਕੇ ਕਾਲਜ ਸਟਾਫ਼ ਵਿੱਚੋਂ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਜਗਦੀਸ਼ ਸਿੰਘ, ਪ੍ਰੋ. ਰੇਣੂ ਰਾਣੀ, ਪ੍ਰੋ. ਕਰਮਜੀਤ ਕੌਰ, ਪ੍ਰੋ. ਕੁਲਵਿੰਦਰ ਕੌਰ ਤੋਂ ਇਲਾਵਾ ਐੱਨ ਐੱਸ ਐੱਸ ਵਲੰਟੀਅਰ ਤੇ ਕਾਲਜ ਵਿਦਿਆਰਥੀ ਹਾਜ਼ਰ ਸਨ।

## ਪਵਨ ਗੋਇਲ ਤੇ ਗੋਪੀ ਸਰਪੰਚ ਦੀ ਨਿਯੁਕਤੀ ਨਾਲ ਪਾਰਟੀ ਹੋਵੇਗੀ ਹੋਰ ਮਜ਼ਬੂਤ : ਬਰਾੜ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤਲਵਾੜ ਸਿੰਘ ਬਰਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਕ ਅਜਿਹੀ ਪਾਰਟੀ ਹੈ, ਜੋ ਆਪਣੇ ਮਿਹਨਤੀ, ਇਮਾਨਦਾਰ ਤੇ ਵਫ਼ਾਦਾਰ ਆਗੂਆਂ ਤੇ ਵਰਕਰਾਂ ਦੀ ਕਦਰ ਕਰਦੀ ਹੈ ਅਤੇ ਸਮੇਂ-ਸਮੇਂ 'ਤੇ ਉਨ੍ਹਾਂ ਦੀ ਮਿਹਨਤ ਦਾ ਮੁੱਲ ਵੀ ਜ਼ਰੂਰ ਮੋੜਦੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੀ ਇਹ ਪ੍ਰਥਾ ਹੀ ਉਸ ਦੀ ਮਜ਼ਬੂਤੀ ਦਾ ਮੁੱਖ ਕਾਰਨ ਹੈ।ਉਨ੍ਹਾਂ ਹਾਲ ਹੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਪਾਰ ਮੰਡਲ ਦੇ ਨਵ-ਨਿਯੁਕਤ ਪ੍ਰਧਾਨ ਪਵਨ ਗੋਇਲ ਤੇ ਗੋਪੀ ਸਰਪੰਚ ਕੋਟਲਾ ਨੂੰ ਯੂਥ ਅਕਾਲੀ ਦਲ ਦਾ ਪ੍ਰਧਾਨ ਬਣਾਏ ਜਾਣ 'ਤੇ ਖੁਸ਼ੀ ਜ਼ਾਹਰ ਕੀਤੀ।ਇਸ ਮੌਕੇ ਉਨ੍ਹਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਕੀਤੀਆਂ ਇਹ ਨਿਯੁਕਤੀਆਂ ਬਿਲਕੁਲ ਸਹੀ ਤੇ ਸਮੇਂ ਦੀ ਲੋੜ ਅਨੁਸਾਰ ਹਨ।ਤਲਵਾੜ ਸਿੰਘ ਬਰਾੜ ਨੇ ਕਿਹਾ ਕਿ ਪਵਨ ਗੋਇਲ ਤੇ ਗੋਪੀ ਸਰਪੰਚ ਕੋਟਲਾ ਦੋਵੇਂ ਹੀ ਪਾਰਟੀ ਦੇ ਪੁਰਾਣੇ, ਮਿਹਨਤੀ ਤੇ ਵਫ਼ਾਦਾਰ ਸਿਪਾਹੀ ਹਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀ ਦੀ ਮਜ਼ਬੂਤੀ ਲਈ ਕੰਮ ਕੀਤਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਦੀ ਨਿਯੁਕਤੀ ਨਾਲ ਪਾਰਟੀ ਨੂੰ ਨਵੀਂ ਤਾਕਤ ਮਿਲੇਗੀ ਤੇ ਨੌਜਵਾਨਾਂ ਵਿੱਚ ਵੀ ਪਾਰਟੀ ਪ੍ਰਤੀ ਹੋਰ ਉਤਸ਼ਾਹ ਪੈਦਾ ਹੋਵੇਗਾ।ਅਖੀਰ ਵਿੱਚ ਬਰਾੜ ਨੇ ਦੋਵੇਂ ਨਵ-ਨਿਯੁਕਤ ਆਗੂਆਂ ਨੂੰ ਵਧਾਈ ਦਿੰਦਿਆਂ ਵਿਸ਼ਵਾਸ ਜ਼ਾਹਰ ਕੀਤਾ ਕਿ ਉਹ ਆਪਣੀਆਂ ਨਵੀਂ ਜ਼ਿੰਮੇਵਾਰੀਆਂ ਨੂੰ ਇਮਾਨਦਾਰੀ ਤੇ ਲਗਨ ਨਾਲ ਨਿਭਾਉਂਦੇ ਹੋਏ ਪਾਰਟੀ ਨੂੰ ਹੋਰ ਉਚਾਈਆਂ ਤੱਕ ਲੈ ਕੇ ਜਾਣਗੇ ਤੇ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਅਦਾ ਕਰਨਗੇ।

## ਵੋਕੇਸ਼ਨਲ ਅਧਿਆਪਕਾਂ ਵੱਲੋਂ ਅਮਨ ਅਰੋੜਾ ਦੀ ਕੋਠੀ ਅੱਗੇ ਧਰਨਾ

**ਪ੍ਰਾਈਵੇਟ ਕੰਪਨੀਆਂ ਹਵਾਲੇ ਕੀਤੀ ਜਾ ਰਹੀ ਭਰਤੀ ਪ੍ਰਕਿਰਿਆ ਦਾ ਕੀਤਾ ਵਿਰੋਧ**



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਐੱਨ.ਐੱਸ.ਕਿਊ.ਐੱਫ. ਵੋਕੇਸ਼ਨਲ ਟੀਚਰਜ਼ ਫਰੰਟ (ਪੰਜਾਬ) ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸਥਾਨਕ ਓਵਰ ਬ੍ਰਿਜ ਹੇਠਾਂ ਇਕੱਠੇ ਹੋਏ ਤੇ ਬਾਅਦ ਵਿੱਚ ਪੰਜਾਬ ਸਰਕਾਰ ਵਿਰੁੱਧ ਰੋਸ ਮਾਰਚ ਕਰਦੇ ਹੋਏ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਕੋਠੀ ਦਾ ਘਿਰਾਓ ਕਰਕੇ ਵਿਸ਼ਾਲ ਧਰਨਾ ਦਿੱਤਾ ਗਿਆ ਅਤੇ ਨਾਅਰੇਬਾਜ਼ੀ ਵੀ ਕੀਤੀ ਗਈ।ਇਸ ਦੌਰਾਨ ਧਰਨਾਕਾਰੀਆਂ ਨੇ ਸ਼ਹਿਰ ਦੇ ਬਜ਼ਾਰਾਂ ਵਿੱਚੋਂ ਵੀ ਰੋਸ ਮਾਰਚ ਕੱਢਿਆ।ਧਰਨੇ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਆਖਿਆ ਕਿ ਵੋਕੇਸ਼ਨਲ ਅਧਿਆਪਕਾਂ ਨੂੰ ਪ੍ਰਾਈਵੇਟ ਕੰਪਨੀਆਂ ਦੇ ਹਵਾਲੇ ਕਰਨ ਦੀ ਪ੍ਰਕਿਰਿਆ ਸਿੱਖਿਆ ਪ੍ਰਣਾਲੀ ਤੇ ਅਧਿਆਪਕਾਂ ਦੇ ਭਵਿੱਖ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਆਗੂਆਂ ਨੇ ਦੱਸਿਆ ਕਿ ਐੱਨ.ਐੱਸ.ਕਿਊ.ਐੱਫ. ਸਕੀਮ ਇੱਕ ਕੇਂਦਰ ਪ੍ਰਾਯੋਜਿਤ ਸਕੀਮ ਹੈ, ਜਿਸ ਵਿੱਚ ਕੇਂਦਰ ਤੇ ਰਾਜ ਸਰਕਾਰ ਦਾ ਯੋਗਦਾਨ ਕ੍ਰਮਵਾਰ 60:40 ਅਨੁਪਾਤ ਵਿੱਚ ਹੁੰਦਾ ਹੈ।ਇਸ ਸਕੀਮ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵੋਕੇਸ਼ਨਲ ਸਿੱਖਿਆ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ, ਪਰ ਹੁਣ ਅਧਿਆਪਕਾਂ ਨੂੰ ਪ੍ਰਾਈਵੇਟ ਕੰਪਨੀਆਂ ਰਾਹੀਂ ਭਰਤੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਆਗੂਆਂ ਨੇ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ 3670 ਵੋਕੇਸ਼ਨਲ ਅਧਿਆਪਕ ਕੰਮ ਕਰ ਰਹੇ ਹਨ, ਜਿਨ੍ਹਾਂ ਨੂੰ ਪੰਜਾਬ ਸਰਕਾਰ ਨੇ ਆਊਟਸੋਰਸ/ਕੰਪਨੀਆਂ ਅਧੀਨ ਭਰਤੀ ਕੀਤਾ ਹੋਇਆ ਹੈ। ਪਿਛਲੇ 12 ਸਾਲਾਂ ਤੋਂ ਇਹ ਕੰਪਨੀਆਂ ਅਧਿਆਪਕਾਂ ਦਾ ਸ਼ੋਸ਼ਣ ਕਰ ਰਹੀਆਂ ਹਨ, ਪਰ ਇਨ੍ਹਾਂ ਕੰਪਨੀਆਂ ਤੋਂ ਮਿਲਣ ਵਾਲੇ ਕਮਿਸ਼ਨ ਕਾਰਨ ਸਰਕਾਰ ਇਨ੍ਹਾਂ ਉੱਤੇ ਕੋਈ ਕਾਰਵਾਈ ਨਹੀਂ ਕਰਦੀ।ਵੋਕੇਸ਼ਨਲ ਟੀਚਰਜ਼ ਫਰੰਟ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦ ਪੂਰਾ ਕੀਤਾ ਜਾਵੇ ਤੇ ਸਿੱਖਿਆ ਖੇਤਰ ਵਿੱਚ ਨਿੱਜੀਕਰਨ ਦੀਆਂ ਨੀਤੀਆਂ ਨੂੰ ਰੋਕਿਆ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨੂੰ ਅਣਡਿੱਠਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਦੌਰਾਨ ਪੁੱਜੇ ਧਰਨਾਕਾਰੀਆਂ ਨੂੰ ਪ੍ਰਸ਼ਾਸਨ ਅਧਿਕਾਰੀਆਂ ਦੀ ਅਗਵਾਈ ਵਿੱਚ ਕੈਬਨਿਟ ਮੰਤਰੀ ਦੇ ਨੁਮਾਇੰਦੇ ਨੂੰ ਆਪਣਾ ਮੰਗ ਪੱਤਰ ਸੌਂਪਿਆ ਤੇ ਧਰਨਾਕਾਰੀਆਂ ਨੂੰ ਜਲਦ ਹੀ ਮੀਟਿੰਗ ਦਾ ਭਰੋਸਾ ਦੇ ਕੇ ਧਰਨਾ ਖਤਮ ਕਰਵਾਇਆ।ਇਸ ਮੌਕੇ ਸਟੇਟ ਕਮੇਟੀ ਮੈਂਬਰ ਰਣਜੀਤ ਸਿੰਘ ਬਰਨਾਲਾ, ਭੁਪਿੰਦਰ ਸਿੰਘ ਰੋਪੜ, ਰਣਜੀਤ ਸਿੰਘ ਨਵਾਂਸ਼ਹਿਰ, ਗੁਰਜੀਤ ਸਿੰਘ ਬਠਿੰਡਾ, ਸੁਰਜਵੀਰ ਸਿੰਘ ਤਰਨਤਾਰਨ, ਮਹਿਤਾਬ ਸਿੰਘ ਫਿਰੋਜ਼ਪੁਰ ਤੇ ਮਨਪ੍ਰੀਤ ਸਿੰਘ ਮੁਕਤਸਰ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਮੌਜੂਦ ਸਨ।

## ਨੌਜਵਾਨ ਆਗੂ ਪਾਰਟੀ ਦੀ ਰੀੜ੍ਹ ਦੀ ਹੱਡੀ : ਸੁਖਬੀਰ ਬਾਦਲ

**ਗੋਰਾ ਸੰਗਤਪੁਰਾ ਨੂੰ ਸਰਕਲ ਪ੍ਰਧਾਨ ਬਣਾਉਣ 'ਤੇ ਕੀਤਾ ਸਨਮਾਨਤ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਨੌਜਵਾਨ ਆਗੂ ਗੋਰਾ ਸੰਗਤਪੁਰਾ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਸਿਰੋਪਾਓ ਪਾ ਕੇ ਸਨਮਾਨਤ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਨੌਜਵਾਨ ਆਗੂ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਤੇ ਪਾਰਟੀ ਨੂੰ ਮਜ਼ਬੂਤ ਬਣਾਉਣ ਵਿੱਚ ਯੂਥ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੁੰਦਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਨੌਜਵਾਨ ਵਰਗ ਅਹਿਮ ਭੂਮਿਕਾ ਨਿਭਾਏਗਾ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਾਰਟੀ ਨਾਲ ਜੁੜ ਕੇ ਇਸ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਨਵ-ਨਿਯੁਕਤ ਸਰਕਲ ਪ੍ਰਧਾਨ ਗੋਰਾ ਸੰਗਤਪੁਰਾ ਨੇ ਪਾਰਟੀ ਪ੍ਰਧਾਨ ਤੋਂ ਆਸ਼ੀਰਵਾਦ ਪ੍ਰਾਪਤ ਕਰਦਿਆਂ ਧੰਨਵਾਦ ਪ੍ਰਗਟਾਇਆ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਗੋਰਾ ਸੰਗਤਪੁਰਾ ਨੇ ਵਿਸ਼ਵਾਸ ਜਤਾਇਆ ਕਿ ਆਉਣ ਵਾਲੀਆਂ ਚੋਣਾਂ ਵਿਚ ਪਾਰਟੀ ਵੱਡੀ ਜਿੱਤ ਦਰਜ ਕਰੇਗੀ ਤੇ ਪੰਜਾਬ ਵਿੱਚ ਮੁੜ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ।ਇਸ ਮੌਕੇ ਹੋਰ ਵੀ ਕਈ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

## ਸੜਕ ਹਾਦਸੇ ਦੌਰਾਨ ਜਾਨ ਗਵਾਉਣ ਵਾਲੇ ਰੇਲ ਕਰਮਚਾਰੀ ਦੇ ਪਰਵਾਰ ਨੂੰ ਮਿਲੀ 40 ਲੱਖ ਦੀ ਬੀਮਾ ਰਾਸ਼ੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਮੰਡਲ ਅਧੀਨ ਕੰਮ ਕਰਦੇ ਪ੍ਰਭਜੋਤ ਸਿੰਘ, ਜੋ ਕਿ ਡੀਜ਼ਲ ਸ਼ੈੱਡ ਲੁਧਿਆਣਾ ਵਿਖੇ ਤਕਨੀਸ਼ੀਅਨ-99 ਦੇ ਅਹੁਦੇ 'ਤੇ ਤਾਇਨਾਤ ਸਨ, ਦਾ 20 ਨਵੰਬਰ 2025 ਨੂੰ ਆਫ-ਡਿਊਟੀ (ਡਿਊਟੀ ਤੋਂ ਬਾਅਦ) ਦੌਰਾਨ ਇਕ ਸੜਕ ਹਾਦਸੇ ਵਿੱਚ ਦੇਹਾਂਤ ਹੋ ਗਿਆ ਸੀ। ਸਵਰਗੀ ਕਰਮਚਾਰੀ ਦੀ ਤਨਖਾਹ ਪੰਜਾਬ ਨੈਸ਼ਨਲ ਬੈਂਕ ਦੀ ਰੇਲਵੇ ਸੈਲਰੀ ਪੈਕੇਜ ਯੋਜਨਾ ਦੇ ਅਧੀਨ ਆਉਂਦੀ ਸੀ। ਇਸ ਸਕੀਮ ਮੁਤਾਬਕ, ਉਨ੍ਹਾਂ ਦਾ ਬੀਮਾ ਦਾਅਵਾ ਸਬੰਧਤ ਪੰਜਾਬ ਨੈਸ਼ਨਲ ਬੈਂਕ ਸ਼ਾਖਾ, ਲੁਧਿਆਣਾ ਨੂੰ ਭੇਜਿਆ ਗਿਆ ਸੀ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ, ਸੀਨੀਅਰ ਮੰਡਲ ਕਾਰਮਿਕ ਅਫ਼ਸਰ ਸ੍ਰੀਮਤੀ ਸਾਕਸ਼ੀ ਸਿੰਘ ਤੇ ਪੰਜਾਬ ਨੈਸ਼ਨਲ ਬੈਂਕ ਦੇ ਏ.ਜੀ.ਐੱਮ./ਸਰਕਲ ਹੈੱਡ ਕਪਿਲ ਕੁਮਾਰ ਗਾਂਧੀ ਤੇ ਸੀਨੀਅਰ ਮੈਨੇਜਰ ਦੀਪਕ ਕੁਮਾਰ ਦੀ ਮੌਜੂਦਗੀ ਵਿੱਚ 40 ਲੱਖ ਰੁਪਏ ਦੀ ਰਾਸ਼ੀ ਸਵਰਗੀ ਕਰਮਚਾਰੀ ਦੇ ਪਰਿਵਾਰਕ ਮੈਂਬਰਾਂ ਨੂੰ ਸੌਂਪੀ ਗਈ ਹੈ। ਇਸ ਤੋਂ ਇਲਾਵਾ ਸਵਰਗੀ ਰੇਲ ਕਰਮਚਾਰੀ ਦੇ ਪਰਿਵਾਰ ਨੂੰ ਅੰਤਿਮ ਭੁਗਤਾਨ ਵਜੋਂ ਜੀ.ਆਈ.ਐੱਸ., ਗ੍ਰੈਚੁਇਟੀ ਤੇ ਡੀ.ਸੀ.ਆਰ.ਜੀ. ਦਾ ਭੁਗਤਾਨ ਵੀ ਕਰ ਦਿੱਤਾ ਗਿਆ ਹੈ ਅਤੇ ਨਾਲ ਹੀ ਉਨ੍ਹਾਂ ਦੀ ਪਤਨੀ ਨੂੰ ਤਰਸ ਦੇ ਅਧਾਰ 'ਤੇ ਰੇਲਵੇ ਵਿਭਾਗ ਵਿਚ ਨੌਕਰੀ ਵੀ ਦਿੱਤੀ ਜਾ ਰਹੀ ਹੈ। ਫਿਰੋਜ਼ਪੁਰ ਮੰਡਲ ਨੇ ਦੁਖੀ ਪਰਵਾਰ ਨਾਲ ਆਪਣੀ ਡੂੰਘੀ ਹਮਦਰਦੀ ਤੇ ਸ਼ੋਕ ਪ੍ਰਗਟ ਕੀਤਾ ਹੈ। ਰੇਲ ਪ੍ਰਸ਼ਾਸਨ ਆਪਣੇ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਲਈ ਹਮੇਸ਼ਾ ਵਚਨਬੱਧ ਹੈ।

## ਮਜ਼ਦੂਰ ਆਗੂ ਪ੍ਰਕਾਸ਼ ਸਿੰਘ ਦਾ ਹਾਲ-ਚਾਲ ਜਾਨਣ ਪਹੁੰਚੇ ਅਵਤਾਰ ਸਿੰਘ ਰਾਏਸਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਸੱਦੋਵਾਲ ਵਿਖੇ ਮਜ਼ਦੂਰ ਆਗੂ ਪ੍ਰਕਾਸ਼ ਸਿੰਘ ਸੱਦੋਵਾਲ ਦਾ ਹਾਲ-ਚਾਲ ਪੁੱਛਣ ਲਈ ਸ਼੍ਰੋਮਣੀ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੇ ਆਗੂ ਅਵਤਾਰ ਸਿੰਘ ਰਾਏਸਰ ਉਨ੍ਹਾਂ ਦੇ ਘਰ ਪਿੰਡ ਸੱਦੋਵਾਲ ਪਹੁੰਚੇ।ਉਨ੍ਹਾਂ ਕਿਸੇ ਵੀ ਧਿਰ ਵੱਲੋਂ ਮਜ਼ਦੂਰ ਆਗੂ ਪ੍ਰਕਾਸ਼ ਸਿੰਘ ਸੱਦੋਵਾਲ ਦੀ ਬਿਪਤਾ ਦੀ ਘੜੀ ਮੌਕੇ ਸਾਰ ਨਾ ਲੈਣ 'ਤੇ ਦੁੱਖ ਪ੍ਰਗਟ ਕਰਦਿਆਂ ਆਪਣੇ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।ਰਾਏਸਰ ਨੇ ਮੰਗ ਕੀਤੀ ਰਾਜ ਸਰਕਾਰ ਇਸ ਪੀੜਤ ਪਰਵਾਰ ਦੀ ਸਾਰ ਲਵੇ।ਇਸ ਸਮੇਂ ਉਨ੍ਹਾਂ ਨਾਲ ਭੋਲਾ ਸਿੰਘ ਕਲਾਲ ਮਾਜਰਾ ਤੇ ਸਾਥੀ ਵੀ ਮੌਜੂਦ ਸਨ।ਜ਼ਿਕਰਯੋਗ ਹੈ ਕਿ ਮਜ਼ਦੂਰ ਆਗੂ ਪ੍ਰਕਾਸ਼ ਸਿੰਘ ਸੱਦੋਵਾਲ ਇੱਕ ਸੜਕ ਹਾਦਸੇ 'ਚ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਏ ਸਨ, ਜਿਨ੍ਹਾਂ ਦਾ ਇਲਾਜ ਪਿਛਲੇ ਲੰਮੇ ਸਮੇਂ ਤੋਂ ਵੱਖ-ਵੱਖ ਪ੍ਰਾਈਵੇਟ ਹਸਪਤਾਲਾਂ 'ਚ ਹੋਇਆ।ਗੰਭੀਰ ਸਥਿਤੀ ਕਰਕੇ ਉਨ੍ਹਾਂ ਦੀ ਇਕ ਲੱਤ ਕੱਟੇ ਜਾਣ ਉਪਰੰਤ ਉਹ ਤੁਰਨ ਫਿਰਨ ਤੋਂ ਅਸਮਰੱਥ ਹੋ ਕੇ ਅੱਜਕੱਲ੍ਹ ਮੰਜੇ 'ਤੇ ਹੀ ਹਨ।

## ਸਾਂਝਾ ਫਰੰਟ ਵੱਲੋਂ ਡੀ ਸੀ ਦਫ਼ਤਰ ਅੱਗੇ ਧਰਨਾ 25 ਨੂੰ, 17 ਨੂੰ ਹੋਵੇਗੀ ਮੋਹਾਲੀ 'ਚ ਸੂਬਾ ਪੱਧਰੀ ਮਹਾਂ ਰੈਲੀ : ਕੁੱਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਤੇ ਮੁਲਾਜ਼ਮ ਮੰਚ ਦੀ ਲੁਧਿਆਣਾ ਵਿਖੇ ਹੋਈ ਸਾਂਝੀ ਮੀਟਿੰਗ ਨੇ ਮੁਲਾਜ਼ਮਾਂ ਪੈਨਸ਼ਨਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਸਰਕਾਰ ਖਿਲਾਫ਼ ਸਾਂਝਾ ਸੰਘਰਸ਼ ਤੇਜ਼ ਕਰਨ ਦਾ ਜੋ ਪ੍ਰੋਗਰਾਮ ਉਲੀਕਿਆ ਹੈ, ਉਸ ਮੁਤਾਬਕ ਮੋਗਾ ਜ਼ਿਲ੍ਹੇ ਦੇ ਸਾਂਝਾ ਫਰੰਟ ਤੇ ਸਾਂਝਾ ਮੰਚ ਦੀ ਕੋਆਰਡੀਨੇਸ਼ਨ ਕਮੇਟੀ ਬਣਾਉਣ ਤੇ ਡਿਪਟੀ ਕਮਿਸ਼ਨਰ ਮੋਗਾ ਦੇ ਦਫ਼ਤਰ ਅੱਗੇ ਮੁਲਾਜ਼ਮ ਪੈਨਸ਼ਨਰਜ਼ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਸਰਕਾਰ ਖ਼ਿਲਾਫ਼ 25 ਜੂਨ ਨੂੰ ਧਰਨਾ ਤੇ ਵਿਸ਼ਾਲ ਰੈਲੀ ਕਰਨ ਦਾ ਫੈਸਲਾ ਕੀਤਾ ਹੈ।ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਜਰਨਲ ਸਕੱਤਰ ਸੁਰਿੰਦਰ ਰਾਮ ਕੁੱਸਾ ਨੇ ਦੱਸਿਆ ਕਿ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਦੇ ਆਗੂ ਸਾਹਿਬਾਨ ਨੇ ਸਾਂਝੇ ਤੌਰ 'ਤੇ ਅਪੀਲ ਕੀਤੀ ਹੈ ਕਿ 25 ਜੂਨ ਨੂੰ ਜ਼ਿਲ੍ਹੇ ਦੀ ਕੋਆਰਡੀਨੇਸ਼ਨ ਕਮੇਟੀ ਬਣਾਉਣੀ ਹੈ, ਸਾਰੇ ਠੀਕ 10 ਵਜੇ ਪਹੁੰਚਣ।ਕੁੱਸਾ ਨੇ ਦੱਸਿਆ ਕਿ ਇਸ ਮੌਕੇ ਭਰਾਤਰੀ ਜਥੇਬੰਦੀਆਂ, ਆਂਗਣਵਾੜੀ, ਆਸ਼ਾ ਵਰਕਰਾਂ ਨੂੰ ਵੀ ਧਰਨੇ 'ਚ ਸ਼ਾਮਲ ਹੋਣ ਦਾ ਸਦਾ ਦਿੱਤਾ ਹੈ।ਜਗਦੀਸ਼ ਸਿੰਘ ਚਾਹਲ, ਬਲੌਰ ਸਿੰਘ ਘਾਲੀ, ਸੁਖਮੰਦਰ ਸਿੰਘ, ਭੁਪਿੰਦਰ ਸਿੰਘ ਸੇਖੋਂ, ਸੁਰਜੀਤ ਸਿੰਘ ਗਗੜਾ, ਰਾਜਿੰਦਰ ਸਿੰਘ ਰਿਆੜ, ਕੁਲਵੀਰ ਸਿੰਘ ਢਿੱਲੋਂ, ਗੁਰਮੇਲ ਸਿੰਘ ਨਾਹਰ, ਸੁਖਪਾਲ ਜੀਤ ਸਿੰਘ, ਹਰਜੰਟ ਸਿੰਘ ਬੌਡੇ, ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਮੋਗਾ ਕੁਲਦੀਪ ਸਿੰਘ ਪ੍ਰਧਾਨ ਤੇ ਸੰਦੀਪ ਕੁਮਾਰ ਸਕੱਤਰ, ਪੀ ਐੱਸ ਐੱਮ ਐੱਸ ਯੂ ਡੀ ਸੀ ਦਫ਼ਤਰ ਮੋਗਾ ਸਾਂਝਾ ਮੁਲਾਜ਼ਮ ਮੰਚ ਮੋਗਾ ਨੇ ਸਾਂਝੀ ਮੀਟਿੰਗ ਦੇ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਪੱਧਰ 'ਤੇ ਸਮੂਹ ਮੰਤਰੀਆਂ ਦੇ ਘਰਾਂ ਅੱਗੇ ਧਰਨੇ 1 ਜੁਲਾਈ ਤੋਂ 10 ਜੁਲਾਈ ਤੱਕ ਦਿੱਤੇ ਜਾਣਗੇ ਤੇ ਸੂਬਾ ਪੱਧਰੀ ਮਹਾਂਰੈਲੀ 17 ਜੁਲਾਈ ਨੂੰ ਮੋਹਾਲੀ ਵਿਖੇ ਕੀਤੀ ਜਾਵੇਗੀ।

## ਮੱਲੀਆਂ ਵਾਲਾ ਵਿਖੇ ਕਈ ਕਾਂਗਰਸ ਵਰਕਰ 'ਆਪ' 'ਚ ਸ਼ਾਮਲ

**'ਆਪ' 'ਚ ਸ਼ਾਮਲ ਹੋਣ ਵਾਲਿਆਂ ਦਾ ਕੀਤਾ ਜਾਵੇਗਾ ਮਾਣ ਸਨਮਾਨ : ਡਾ. ਅਰੋੜਾ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਮੱਲੀਆਂਵਾਲਾ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਝਟਕਾ ਲੱਗਾ, ਜਦੋਂ ਗੁਰਜੰਟ ਸਿੰਘ, ਪੂਰਨ ਸਿੰਘ ਤੇ ਲਖਵੀਰ ਸਿੰਘ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ (ਆਪ) ਦਾ ਪੱਲਾ ਫੜ ਲਿਆ।ਉਨ੍ਹਾਂ ਨੂੰ ਆਪ ਪਾਰਟੀ ਦੇ ਬਲਾਕ ਪ੍ਰਧਾਨ ਨਛੱਤਰ ਸਿੰਘ ਮੱਲੀ ਦੇ ਯਤਨਾਂ ਸਦਕਾ ਪਾਰਟੀ ਵਿੱਚ ਸ਼ਾਮਲ ਕਰਵਾਇਆ ਗਿਆ।ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਪਰਵਾਰਾਂ ਦਾ ਸਿਰੋਪਾਓ ਭੇਟ ਕਰਕੇ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਇਨ੍ਹਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਆਮ ਆਦਮੀ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ ਅਤੇ ਲੋਕ ਭਲਾਈ ਤੇ ਵਿਕਾਸ ਨਾਲ ਜੁੜੀਆਂ ਗਤੀਵਿਧੀਆਂ ਨੂੰ ਨਵੀਂ ਰਫ਼ਤਾਰ ਪ੍ਰਾਪਤ ਹੋਵੇਗੀ।ਵਿਧਾਇਕ ਡਾ. ਅਰੋੜਾ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਸ਼ਾਮਲ ਹੋਏ ਆਗੂ ਤੇ ਵਰਕਰ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ।ਇਸ ਮੌਕੇ ਪੰਚ ਰਾਮ ਸਿੰਘ, ਪੰਚ ਗੁਰਜੰਟ ਸਿੰਘ ਸਮੇਤ ਹੋਰ ਪਾਰਟੀ ਵਰਕਰ ਤੇ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।

## ਸੰਤੁਲਿਤ ਖਾਦਾਂ ਦੀ ਵਰਤੋਂ ਤੇ ਜੈਵਿਕ ਆਦਾਨਾਂ ਦੀ ਵੰਡ ਸੰਬੰਧੀ ਜਾਗਰੂਕਤਾ ਪ੍ਰੋਗਰਾਮ

**ਜਲਾਲਾਬਾਦ (ਬਲਵਿੰਦਰ ਸਿੰਘ)**-ਖੇਤੀ ਵਿਗਿਆਨ ਕੇਂਦਰ, ਫਾਜ਼ਿਲਕਾ ਤੇ ਸੀਫੈਟ (ਅਬੋਹਰ) ਵੱਲੋਂ ਏਆਈਟੀਏ ਐੱਨਜੀਓ ਤੇ ਫਤਿਹ ਐੱਫਪੀਓ ਕੋਆਪ੍ਰੇਟਿਵ ਸੋਸਾਇਟੀ ਫਾਜ਼ਿਲਕਾ ਦੇ ਸਹਿਯੋਗ ਨਾਲ 'ਖੇਤ ਬਚਾਓ ਅਭਿਆਨ' ਤਹਿਤ ਪਿੰਡ ਚੱਕ ਲਮੋਚੜ (ਮੁਰਕ ਵਾਲਾ) ਵਿੱਚ ਜਲਾਲਾਬਾਦ ਪੱਛਮੀ ਬਲਾਕ ਦੇ ਅਨੁਸੂਚਿਤ ਜਾਤੀ (ਐੱਸ.ਸੀ.) ਕਿਸਾਨਾਂ ਲਈ ਸੰਤੁਲਿਤ ਖਾਦਾਂ ਦੀ ਵਰਤੋਂ ਤੇ ਜੈਵਿਕ ਆਦਾਨਾਂ (ਬਾਇਓ-ਇਨਪੁੱਟਸ) ਦੀ ਵੰਡ ਸਬੰਧੀ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ।ਇਸ ਪ੍ਰੋਗਰਾਮ ਦਾ ਉਦੇਸ਼ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੰਭਾਲ, ਖਾਦਾਂ ਦੀ ਸੂਝ-ਬੂਝ ਨਾਲ ਵਰਤੋਂ ਤੇ ਟਿਕਾਊ ਖੇਤੀ ਪ੍ਰਣਾਲੀਆਂ ਪ੍ਰਤੀ ਜਾਗਰੂਕ ਕਰਨਾ ਸੀ।ਪ੍ਰੋਗਰਾਮ ਦੌਰਾਨ ਡਾ. ਅਮਿਤ ਨਾਥ (ਮੁਖੀ, ਸੀਫੈਟ, ਅਬੋਹਰ) ਨੇ ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ ਨੂੰ ਅਪਣਾਉਣ ਤੇ ਕੁਦਰਤੀ ਸਰੋਤਾਂ ਦੀ ਸੰਭਾਲ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ।ਡਾ. ਅਰਵਿੰਦ ਕੁਮਾਰ ਅਹਲਾਵਤ (ਮੁਖੀ, ਖੇਤੀ




ਵਿਗਿਆਨ ਕੇਂਦਰ ਫਾਜ਼ਿਲਕਾ) ਨੇ ਕਿਸਾਨਾਂ ਨੂੰ ਸੰਤੁਲਿਤ ਪੋਸ਼ਣ ਪ੍ਰਬੰਧਨ ਅਪਨਾਉਣ ਤੇ ਰਸਾਇਣਕ ਖਾਦਾਂ ਨਾਲ ਜੈਵਿਕ ਆਦਾਨਾਂ ਦੇ ਇਕਸਾਰ ਉਪਯੋਗ ਦੀ ਲੋੜ ਬਾਰੇ ਜਾਣੂ ਕਰਵਾਇਆ।ਮਿੱਟੀ ਵਿਗਿਆਨੀ ਡਾ. ਪ੍ਰਕਾਸ਼ ਚੰਦ ਗੁਰਜਰ ਨੇ ਮਿੱਟੀ ਜਾਂਚ ਆਧਾਰਿਤ ਖਾਦ ਸਿਫ਼ਾਰਸ਼ਾਂ, ਮਿੱਟੀ ਸਿਹਤ ਕਾਰਡ ਤੇ ਸੂਖਮ ਪੋਸ਼ਕ ਤੱਤਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਤਕਨੀਕੀ ਜਾਣਕਾਰੀ ਦਿੱਤੀ। ਪ੍ਰੋਗਰਾਮ ਦੌਰਾਨ ਹਾਜ਼ਰ ਕਿਸਾਨਾਂ ਨੂੰ ਜੈਵਿਕ ਆਦਾਨ ਵੰਡੇ ਗਏ ਤੇ ਉਨ੍ਹਾਂ ਨਾਲ ਇਨ੍ਹਾਂ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ 150 ਕਿਸਾਨਾਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਮਾਹਿਰਾਂ ਤੋਂ ਆਪਣੀਆਂ ਖੇਤੀਬਾੜੀ ਨਾਲ ਸੰਬੰਧਿਤ ਸਮੱਸਿਆਵਾਂ ਦੇ ਹੱਲ ਪ੍ਰਾਪਤ ਕੀਤੇ।ਇਸ ਮੌਕੇ ਫਤਿਹ ਐੱਫਪੀਓ ਕੋਆਪ੍ਰੇਟਿਵ ਸੋਸਾਇਟੀ ਫਾਜ਼ਿਲਕਾ ਦੇ ਪ੍ਰਧਾਨ ਸਤਵੰਤ ਸਿੰਘ ਸੰਧੂ, ਪਿੰਡ ਚੱਕ ਲਮੋਚੜ ਦੇ ਮੌਜੂਦਾ ਸਰਪੰਚ ਗੁਰਪ੍ਰੀਤ ਕੰਬੋਜ, ਮੌਜੂਦਾ ਮੈਂਬਰ ਲਖਵਿੰਦਰ ਸਿੰਘ ਸੰਧੂ ਤੇ ਫਤਿਹ ਐਫਪੀਓ ਦੇ ਸਕੱਤਰ ਨਵਦੀਪ ਸਿੰਘ ਸੰਧੂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਸੂਬਾ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਸੰਧੂ ਦੀ ਸਰਕਲ ਪ੍ਰਧਾਨ ਘੁਬਾਇਆ ਅਮਰ ਸਿੰਘ ਟਰਿਆ ਦੀ ਹਾਜ਼ਰੀ ਵਿੱਚ ਕਿਸਾਨਾਂ ਨੂੰ ਜੈਵਿਕ ਆਦਾਨ ਸਮੱਗਰੀ ਵੰਡੀ ਗਈ।

## ਸਫਾ 3 ਦੇ ਬਾਕੀ...

### ਨਿੱਜੀ ਸਕੂਲਾਂ ਦੀ ਅੰਨ੍ਹੀ ...

ਕਰਕੇ ਪੰਜ ਫੀਸਦੀ ਤੋਂ ਵੱਧ ਫੀਸ ਵਧਾਉਣ ਦੀ ਲੋੜ ਪੈਂਦੀ ਹੈ, ਤਾਂ ਉਹ ਸਿੱਧਾ ਫੈਸਲਾ ਨਹੀਂ ਲੈ ਸਕਣਗੇ। ਸੰਬੰਧਤ ਸਕੂਲ ਨੂੰ ਪੰਜਾਬ ਸਰਕਾਰ ਵੱਲੋਂ ਗਠਿਤ ਕੀਤੀ ਜਾਣ ਵਾਲੀ ਉੱਚ ਪੱਧਰੀ ਕਮੇਟੀ ਅੱਗੇ ਆਪਣਾ ਪੱਖ ਰੱਖਣਾ ਪਵੇਗਾ ਅਤੇ ਵਾਧੇ ਦੇ ਪੁਖਤਾ ਤੱਥ ਤੇ ਦਸਤਾਵੇਜ਼ ਪੇਸ਼ ਕਰਨੇ ਹੋਣਗੇ। ਇਹ ਕਮੇਟੀ ਫੈਸਲਾ ਲੈਣ ਤੋਂ ਪਹਿਲਾਂ ਉਕਤ ਸਕੂਲਾਂ ਦਾ ਮੁਕੰਮਲ ਵਿੱਤੀ ਆਡਿਟ ਵੀ ਕਰਵਾਏਗੀ। ਬੈਂਸ ਨੇ ਵੱਡਾ ਖੁਲਾਸਾ ਕਰਦਿਆਂ ਦੱਸਿਆ ਕਿ ਮਨਮਾਨੀ ਲੁੱਟ ਕਰਨ ਵਾਲੇ ਅਜਿਹੇ ਸ਼ੱਕੀ ਸਕੂਲਾਂ ਦਾ ਰਿਕਾਰਡ ਅੱਜ ਤੋਂ ਹੀ ਸੀਜ਼ (ਜ਼ਬਤ) ਕਰਵਾਉਣਾ ਸ਼ੁਰੂ ਕਰ ਦਿੱਤਾ ਗਿਆ ਹੈ, ਤਾਂ ਜੋ ਮਾਪਿਆਂ ਦਾ ਸੋਸ਼ਣ ਤੁਰੰਤ ਬੰਦ ਹੋ ਸਕੇ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਮਾਨ ਨੇ ਬੀਤੀ 3 ਜੂਨ ਨੂੰ ਹੀ ਇਸ ਫੀਸ ਕੈਪਿੰਗ ਦਾ ਐਲਾਨ ਕਰ ਦਿੱਤਾ ਸੀ। ਇਹ ਸਖਤ ਕਦਮ ਪਿਛਲੇ ਦਿਨੀਂ ਅੰਮ੍ਰਿਤਸਰ ਵਿੱਚ ਇੱਕ 17 ਸਾਲ ਦੀ ਹੋਣਹਾਰ ਵਿਦਿਆਰਥਣ ਵੱਲੋਂ ਪ੍ਰਾਈਵੇਟ ਸਕੂਲ ਦੀ ਫੀਸ ਦੇ ਭਾਰੀ ਦਬਾਅ ਅਤੇ ਸਕੂਲ ਪ੍ਰਸ਼ਾਸਨ ਦੀ ਕਥਿਤ ਮਾਨਸਕ ਪਰੇਸ਼ਾਨੀ ਕਾਰਨ ਖੁਦਕੁਸ਼ੀ ਕਰਨ ਦੀ ਵਾਪਰੀ ਅੱਤ ਦੁਖਦਾਈ ਘਟਨਾ ਤੋਂ ਬਾਅਦ ਚੁੱਕਿਆ ਗਿਆ ਹੈ, ਤਾਂ ਜੋ ਭਵਿੱਖ ਵਿੱਚ ਕੋਈ ਹੋਰ ਬੱਚਾ ਅਜਿਹਾ ਕਦਮ ਨਾ ਚੁੱਕੇ।

ਪੰਜਾਬ ਕੈਬਨਿਟ ਨੇ ਉਦਯੋਗਪਤੀਆਂ ਨੂੰ ਵੀ ਵੱਡੀ ਰਾਹਤ ਦਿੱਤੀ ਹੈ। ਸਾਲ 1978 ਤੋਂ ਲੈ ਕੇ 2003 ਤੱਕ ਬਣੀਆਂ ਵੱਖ-ਵੱਖ ਉਦਯੋਗਕ ਨੀਤੀਆਂ ਤਹਿਤ ਉਦਯੋਗਾਂ ਨੂੰ ਸਬਸਿਡੀਆਂ ਅਤੇ ਕਈ ਤਰ੍ਹਾਂ ਦੀਆਂ ਛੋਟਾਂ ਦਿੱਤੀਆਂ ਗਈਆਂ ਸਨ, ਪਰ ਇਨ੍ਹਾਂ ਨੀਤੀਆਂ ਦੀਆਂ ਗੁੰਝਲਦਾਰ ਸ਼ਰਤਾਂ ਕਾਰਨ ਸਮੇਂ ਦੇ ਨਾਲ ਬੰਦ ਹੋਣ ਵਾਲੀਆਂ ਇੰਡਸਟਰੀਆਂ (ਉਦਯੋਗਾਂ) ਨੂੰ ਇਨ੍ਹਾਂ ਸਰਕਾਰੀ ਰਿਆਇਤਾਂ ਤੋਂ ਵਾਂਝਾ ਕਰ ਦਿੱਤਾ ਗਿਆ ਸੀ। ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ ਅਜਿਹੇ ਪ੍ਰਭਾਵਤ ਅਤੇ ਬੰਦ ਪਏ ਉਦਯੋਗਾਂ ਲਈ ਕੈਬਨਿਟ ਵੱਲੋਂ ਇੱਕ ਵਿਸ਼ੇਸ਼ 'ਯਕਮੁਸ਼ਤ ਸਕੀਮ' ਲਿਆਂਦੀ ਗਈ ਹੈ, ਤਾਂ ਜੋ ਉਨ੍ਹਾਂ ਦੇ ਪੁਰਾਣੀਆਂ ਨੀਤੀਆਂ ਤਹਿਤ ਰੁਕੇ ਹੋਏ ਬਣਦੇ ਹੱਕ ਅਤੇ ਵਿੱਤੀ ਲਾਭ ਤੁਰੰਤ ਦਿੱਤੇ ਜਾ ਸਕਣ ਅਤੇ ਸੂਬੇ ਵਿੱਚ ਮੁੜ ਨਿਵੇਸ਼ ਦਾ ਮਾਹੌਲ ਬਣ ਸਕੇ।

ਕੈਬਨਿਟ ਨੇ ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੀ ਦਸੂਹਾ ਸਬ-ਡਵੀਜ਼ਨ ਲਈ ਐਡੀਸ਼ਨਲ ਡਿਪਟੀ ਕਮਿਸ਼ਨਰ (ਜਨਰਲ) ਯਾਨਿ ਏ ਡੀ ਸੀ ਅਤੇ ਹੋਰ ਸਹਿਯੋਗੀ ਸਟਾਫ਼ ਦੀਆਂ ਪੰਜ ਅਸਾਮੀਆਂ ਸਿਰਜਣ ਨੂੰ ਵੀ ਹਰੀ ਝੰਡੀ ਦੇ ਦਿੱਤੀ ਹੈ। ਇਸ ਨਾਲ ਇਲਾਕੇ ਦੇ ਉਨ੍ਹਾਂ ਲੋਕਾਂ ਨੂੰ ਬਹੁਤ ਵੱਡੀ ਮਦਦ ਮਿਲੇਗੀ, ਜਿਨ੍ਹਾਂ ਨੂੰ ਜ਼ਿਲ੍ਹਾ ਪੱਧਰੀ ਪ੍ਰਸ਼ਾਸਨਿਕ ਕੰਮਾਂ, ਪ੍ਰਵਾਨਗੀਆਂ, ਮਾਲੀਆ ਮਾਮਲਿਆਂ ਅਤੇ ਜਨਤਕ ਸ਼ਿਕਾਇਤਾਂ ਦੇ ਨਿਬੇੜੇ ਲਈ ਕਾਫ਼ੀ ਲੰਮਾ ਸਫ਼ਰ ਤੈਅ ਕਰਨਾ ਪੈਂਦਾ ਸੀ।

### ਸੰਘ ਪਰਵਾਰ ਤੇ ਮੋਦੀ ...

ਕਿ ਸੰਕਟ ਦਾ ਭੰਨਿਆ ਸਾਮਰਾਜ ਜੰਗਾਂ ਲਾਉਣ ਤੋਂ ਬਾਜ ਨਹੀਂ ਆ ਸਕਦਾ। ਉਨ੍ਹਾਂ ਕਿਹਾ ਕਿ ਅਮਰੀਕਾ-ਇਜ਼ਰਾਈਲ ਦੀ ਪਿੱਠੂ ਮੋਦੀ ਸਰਕਾਰ ਦੀ ਗੋਡੇ ਟੇਕੂ ਵਿਦੇਸ਼ ਨੀਤੀ ਤੇ ਡਿਪਲੋਮੈਸੀ ਨਾਲ ਸੰਸਾਰ ਦੀਆਂ ਨਜ਼ਰਾਂ 'ਚ ਭਾਰਤ ਦੇ ਵਕਾਰ ਨੂੰ ਭਾਰੀ ਸੱਟ ਲੱਗੀ ਹੈ। ਦੇਸ਼ ਅੰਦਰ ਲੋਕ ਵਿਰੋਧੀ, ਜਮਹੂਰੀਅਤ ਵਿਰੋਧੀ, ਕਾਰਪੋਰੇਟ ਪ੍ਰਸਤ ਨੀਤੀਆਂ ਲਾਗੂ ਕਰ ਰਹੀ ਮੋਦੀ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਵਪਾਰ ਸਮਝੌਤੇ ਸਾਡੀ ਖੇਤੀ ਤੇ ਪ੍ਰਚੂਨ ਵਪਾਰ ਨੂੰ ਤਬਾਹ ਕਰ ਦੇਣਗੇ। ਦੂਜੇ ਪਾਸੇ ਪੰਜਾਬ ਦੀ ਮਾਨ ਸਰਕਾਰ ਪੰਜਾਬ-ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕਰਨ ਦੀ ਥਾਂ ਮੋਦੀ ਸਰਕਾਰ ਦੇ ਪਦਚਿੰਨ੍ਹਾਂ 'ਤੇ ਚੱਲਦਿਆਂ ਹੱਕੀ ਘੋਲਾਂ 'ਤੇ ਜ਼ੁਲਮ ਢਾਹ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੇ ਲਈ ਵਿਸ਼ਣੂ ਗਣੇਸ਼ ਪਿੰਗਲੇ, ਬਾਬਾ ਸੋਹਣ ਸਿੰਘ ਭਕਨਾ, ਮੌਲਵੀ ਬਰਕਤ ਉੱਲਾ ਤੇ ਲਾਲਾ ਹਰਦਿਆਲ ਸਮੇਤ ਸਾਰੇ ਸ਼ਹੀਦ ਤੇ ਕ੍ਰਾਂਤੀਕਾਰੀ ਇਕੋ ਜਿਹੇ ਸਤਿਕਾਰ ਦੇ ਪਾਤਰ ਹਨ, ਪਰ ਦੇਸ਼ ਦੇ ਮੌਜੂਦਾ ਹੁਕਮਰਾਨਾਂ, ਜੋ ਸਾਮਰਾਜ ਦੇ ਜਨਮਜਾਤ ਏਜੰਟ ਹਨ, ਨੂੰ ਮੌਲਵੀ ਬਰਕਤ ਉਲਾ ਤੇ ਅਸ਼ਫਾਕ ਉਲਾ ਜਿਹੇ ਦੇਸ਼ ਭਗਤ ਖਾਸ ਤੌਰ 'ਤੇ ਚੁਭਦੇ ਹਨ। ਬੁਲਾਰਿਆਂ ਨੇ ਭੋਪਾਲ ਦੀ ਯੂਨੀਵਰਸਿਟੀ ਦਾ ਪੁਰਾਣਾ ਨਾਂਅ ਬਹਾਲ ਰੱਖਣ ਦੀ ਜ਼ੋਰਦਾਰ ਮੰਗ ਰੱਖੀ।

ਬੁਲਾਰਿਆਂ ਕਿਹਾ ਕਿ ਡੂੰਘੇ ਆਰਥਿਕ ਸੰਕਟ 'ਚ ਫਸਿਆ ਦੇਸ਼-ਦੁਨੀਆ ਦਾ ਪੂੰਜੀਵਾਦੀ ਨਿਜ਼ਾਮ ਜੰਗਾਂ ਛੇੜਣ ਰਾਹੀਂ ਬੇਕਸੂਰ ਲੋਕਾਂ ਦਾ ਘਾਣ ਕਰਕੇ ਮੰਦਵਾੜੇ 'ਚੋਂ ਨਿਕਲਣਾ ਚਾਹੁੰਦਾ ਹੈ। ਇਸੇ ਲਈ ਟਰੰਪ ਬਿਨਾਂ ਕਿਸੇ ਤਰਕ-ਦਲੀਲ ਦੇ ਦੂਜੇ ਦੇਸ਼ਾਂ ਦੇ ਕੁਦਰਤੀ ਸੋਮਿਆਂ 'ਤੇ ਕਬਜ਼ਾ ਕਰਨ ਲਈ ਫੌਜੀ ਹਮਲਿਆਂ ਤੇ ਆਰਥਿਕ ਨਾਕਾਬੰਦੀਆਂ ਦਾ ਸਹਾਰਾ ਲੈ ਰਿਹਾ ਹੈ।ਉਸ ਦੇ ਜੁੰਡੀਦਾਰ ਨਸਲਵਾਦੀ ਨੇਤਨਯਾਹੂ ਨੇ ਗਾਜ਼ਾ ਪੱਟੀ ਤੇ ਪੱਛਮੀ ਕਿਨਾਰੇ 'ਚ ਫ਼ਲਸਤੀਨੀਆਂ ਦੀ ਯੋਜਨਾਬੱਧ ਨਸਲਕੁਸ਼ੀ ਦੀ ਮੁਹਿੰਮ ਛੇੜੀ ਹੋਈ ਹੈ ਅਤੇ ਲਿਬਨਾਨ ਦੇ ਇਲਾਕਿਆਂ 'ਤੇ ਵੀ ਕਬਜ਼ਾ ਕਰਨਾ ਜਾਰੀ ਰੱਖ ਰਿਹਾ ਹੈ। ਨਿਆਂਪਸੰਦ ਪੰਜਾਬੀ ਮਾਨਵਤਾ ਦੇ ਕਤਲੇਆਮ ਦੇ ਸਖ਼ਤ ਵਿਰੋਧੀ ਹਨ।

ਬੁਲਾਰਿਆਂ ਨੇ ਪੇਪਰ ਲੀਕ ਖ਼ਿਲਾਫ ਜਾਰੀ ਘੋਲ 'ਤੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਦਾ ਸਮਰਥਨ ਕੀਤਾ। ਉਨ੍ਹਾਂ ਪੰਜਾਬ ਦੇ ਦਰਿਆਈ ਪਾਣੀਆਂ ਦੀ ਰਿਪੇਰੀਅਨ ਸਿਧਾਂਤ ਅਨੁਸਾਰ ਵੰਡ ਕਰਨ, ਪੰਜਾਬੀ ਬੋਲੀ ਨੂੰ ਪੰਜਾਬ ਤੇ ਦੇਸ਼ 'ਚ ਬਣਦਾ ਸਥਾਨ ਦੇਣ, ਪੰਜਾਬੀ ਬੋਲਦੇ ਇਲਾਕੇ ਪੰਜਾਬ 'ਚ ਸ਼ਾਮਲ ਕਰਨ, ਰਾਜਧਾਨੀ ਚੰਡੀਗੜ੍ਹ ਤੇ ਡੈਮਾਂ ਦਾ ਪ੍ਰਬੰਧ ਪੰਜਾਬ ਦੇ ਹਵਾਲੇ ਕਰਨ, ਕੰਮ ਦਿਹਾੜੀ ਸਖ਼ਤੀ ਨਾਲ 8 ਘੰਟੇ ਲਾਗੂ ਕਰਨ, ਕਿਰਤ ਕੋਡ ਰੱਦ ਕਰਨ ਤੇ ਕਿਰਤ ਕਾਨੂੰਨ ਬਹਾਲ ਕਰਨ, ਮਨਰੇਗਾ ਐਕਟ ਬਹਾਲ ਕਰਨ, ਘੱਟੋ-ਘੱਟ ਉਜਰਤ 26000 ਰੁਪਏ ਪ੍ਰਤੀ ਮਹੀਨਾ ਕੀਤੇ ਜਾਣ, ਸਾਰੀਆਂ ਖੇਤੀ ਜਿਣਸਾਂ ਦੀ ਐੱਮ ਐੱਸ ਪੀ ਤੇ ਗਾਰੰਟੀਸ਼ੁਦਾ ਖਰੀਦ ਕਰਨ ਆਦਿ ਮੰਗਾਂ ਵੀ ਉਭਾਰੀਆਂ।

ਰੈਲੀ-ਪ੍ਰਦਰਸ਼ਨਾਂ ਨੂੰ ਵੱਖੋ-ਵੱਖ ਜ਼ਿਲ੍ਹਿਆਂ 'ਚ ਬੰਤ ਸਿੰਘ ਬਰਾੜ, ਸਾਬਕਾ ਵਿਧਾਇਕ ਹਰਦੇਵ ਅਰਸ਼ੀ, ਰਤਨ ਸਿੰਘ ਰੰਧਾਵਾ, ਰਾਜਵਿੰਦਰ ਸਿੰਘ ਰਾਣਾ, ਕੁਲਵਿੰਦਰ ਸਿੰਘ ਵੜੈਚ, ਮੰਗਤ ਰਾਮ ਲੌਂਗੋਵਾਲ, ਨੱਥਾ ਸਿੰਘ ਢਡਵਾਲ, ਗੋਬਿੰਦ ਸਿੰਘ ਛਾਜਲੀ, ਨਿਰਭੈ ਸਿੰਘ ਢੁੱਡੀਕੇ, ਪ੍ਰੇਮ ਸਿੰਘ ਭੰਗੂ, ਜਗਰੂਪ, ਸਤੀਸ਼ ਰਾਣਾ, ਗੁਲਜ਼ਾਰ ਸਿੰਘ ਭੁੰਬਲੀ, ਰਮਿੰਦਰ ਸਿੰਘ ਪਟਿਆਲਾ, ਕੁਲਦੀਪ ਸਿੰਘ ਭੋਲਾ, ਸਤਨਾਮ ਸਿੰਘ ਅਜਨਾਲਾ, ਰੁਲਦੂ ਸਿੰਘ ਮਾਨਸਾ, ਰਜਿੰਦਰ ਸਿੰਘ ਦੀਪ ਸਿੰਘ ਵਾਲਾ, ਸ਼ਿਵ ਕੁਮਾਰ ਪਠਾਨਕੋਟ, ਮੋਹਨ ਸਿੰਘ ਧਮਾਣਾ, ਰਘਬੀਰ ਸਿੰਘ ਬੈਨੀਪਾਲ, ਸੱਜਣ ਸਿੰਘ ਬੈਂਸ, ਦਰਸ਼ਨ ਨਾਹਰ ਤੇ ਸਰਬਜੀਤ ਗਿੱਲ ਆਦਿ ਨੇ ਸੰਬੋਧਨ ਕੀਤਾ।ਫਰੰਟ ਦੇ ਸੂਬਾਈ ਸੱਦੇ ਦੀ ਕੜੀ ਵਜੋਂ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਦੇ ਬਾਬਾ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿਖੇ ਜ਼ਿਲ੍ਹਾ ਪੱਧਰੀ ਰੈਲੀ ਕੀਤੀ ਗਈ। ਰੈਲੀ ਦੀ ਪ੍ਰਧਾਨਗੀ ਦਰਸ਼ਨ ਨਾਹਰ, ਹੰਸ ਰਾਜ ਪੱਬਵਾਂ ਤੇ ਹਰਜਿੰਦਰ ਮੌਜੀ ਨੇ ਕੀਤੀ। ਇਸ ਮੌਕੇ ਪ੍ਰਿਥੀਪਾਲ ਸਿੰਘ ਮਾੜੀਮੇਘਾ, ਮੰਗਤ ਰਾਮ ਪਾਸਲਾ, ਅਜਮੇਰ ਸਿੰਘ, ਕਸ਼ਮੀਰ ਸਿੰਘ ਘੁੱਗਸ਼ੋਰ, ਰਸ਼ਪਾਲ ਕੈਲੇ ਅਤੇ ਸਰਬਜੀਤ ਮੁਠੱਡਾ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਸੰਤੋਸ਼ ਬਰਾੜ, ਪਰਮਜੀਤ ਸਮਰਾਏ, ਵੀਰ ਕੁਮਾਰ, ਮਹਿੰਦਰ ਸਿੰਘ ਘੋੜਾਬਾਹੀ, ਸਵਰਨਜੀਤ ਸਿੰਘ ਕੁਰੈਸ਼ੀਆਂ ਆਦਿ ਵੀ ਮੌਜੂਦ ਸਨ। ਰੈਲੀ ਦੀ ਸਮਾਪਤੀ ਉਪਰੰਤ ਸ਼ਹਿਰ 'ਚ ਮੁਜ਼ਾਹਰਾ ਕੀਤਾ ਗਿਆ।

### ਨਿਹੰਗਾਂ ਤੇ ਉਤਰਾਖੰਡ...

ਗੁਰਦੁਆਰੇ ਦੇ ਸੋਲਰ ਪੈਨਲ ਤੋੜ ਦਿੱਤੇ ਅਤੇ ਪਾਣੀ ਦੀ ਸਪਲਾਈ ਵੀ ਪ੍ਰਭਾਵਤ ਕੀਤੀ, ਜਿਸ ਨਾਲ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਹੈ।

ਪੂਰੇ ਮਾਮਲੇ ਦੇ ਚਸ਼ਮਦੀਦ ਅਤੇ ਸਥਾਨਕ ਸਮਾਜਕ ਕਾਰਕੁਨ ਤ੍ਰਿਭੁਵਨ ਚੌਹਾਨ ਨੇ ਦੱਸਿਆ ਕਿ ਨਿਹੰਗ ਸਿੰਘਾਂ ਨੇ ਕੁਝ ਲੋਕਾਂ ਨੂੰ ਆਪਣੇ ਕੋਲ ਰੋਕਿਆ ਸੀ, ਪਰ ਹੁਣ ਉਨ੍ਹਾਂ ਨੂੰ ਮੁਕਤ ਕਰ ਦਿੱਤਾ ਗਿਆ ਹੈ ਅਤੇ ਕੋਈ ਵੀ ਬੰਧਕ ਨਹੀਂ ਹੈ। ਹਾਲਾਂਕਿ, ਨਿਹੰਗ ਸਿੰਘ ਅਜੇ ਵੀ ਇਮਾਰਤ ਦੀਆਂ ਉੱਪਰਲੀਆਂ ਮੰਜ਼ਲਾਂ 'ਤੇ ਡਟੇ ਹੋਏ ਹਨ, ਜਿਸ ਕਾਰਨ ਗੁਰਦੁਆਰਾ ਪ੍ਰਬੰਧਕਾਂ ਅਤੇ ਉਨ੍ਹਾਂ ਵਿਚਾਲੇ ਵਿਵਾਦ ਅਜੇ ਸੁਲਝਿਆ ਨਹੀਂ। ਗੁਰਦੁਆਰਾ ਸਾਹਿਬ ਦੇ ਚਾਰੇ ਪਾਸੇ ਭਾਰੀ ਪੁਲਸ ਫੋਰਸ ਅਤੇ ਪੈਰਾਮਿਲਟਰੀ ਫੋਰਸ ਤਾਇਨਾਤ ਹੈ, ਜਿਨ੍ਹਾਂ ਦੀ ਸੁਰੱਖਿਆ ਘੇਰੇ ਹੇਠ ਸ੍ਰੀ ਹੇਮਕੁੰਟ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਦੀ ਆਵਾਜਾਈ, ਨਿਤਨੇਮ ਦੀ ਅਰਦਾਸ ਅਤੇ ਲੰਗਰ ਸੇਵਾ ਪੂਰੀ ਤਰ੍ਹਾਂ ਅਮਨ-ਅਮਾਨ ਨਾਲ ਚੱਲ ਰਹੀ ਹੈ। ਵਿਵਾਦ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨਾਲ ਫੋਨ 'ਤੇ ਵਿਸ਼ੇਸ਼ ਗੱਲਬਾਤ ਕਰਦਿਆਂ ਹਾਲਾਤ ਨੂੰ ਜਲਦ ਤੋਂ ਜਲਦ ਸ਼ਾਂਤ ਕਰਨ ਤੇ ਸਥਿਤੀ ਨੂੰ ਕਾਬੂ ਹੇਠ ਲਿਆਉਣ ਲਈ ਦੋਵਾਂ ਸੂਬਿਆਂ ਦੇ ਆਪਸੀ ਤਾਲਮੇਲ ਅਤੇ ਸਹਿਯੋਗ 'ਤੇ ਖਾਸ ਜ਼ੋਰ ਦਿੱਤਾ।

ਮਾਨ ਨੇ ਉੱਤਰਾਖੰਡ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਬੇਹੱਦ ਸੰਵੇਦਨਸ਼ੀਲ ਮਾਮਲੇ ਵਿੱਚ ਅਮਨ-ਕਾਨੂੰਨ ਨੂੰ ਬਣਾਈ ਰੱਖਣ ਲਈ ਦੋਵਾਂ ਪੱਖਾਂ ਦੀ ਗੱਲ ਨੂੰ ਪੂਰੀ ਨਿਰਪੱਖਤਾ ਅਤੇ ਪਾਰਦਰਸ਼ਤਾ ਨਾਲ ਸੁਣਿਆ ਜਾਵੇ। ਕੋਈ ਵੀ ਪ੍ਰਸ਼ਾਸਨਕ ਜਾਂ ਕਾਨੂੰਨੀ ਫੈਸਲਾ ਲੈਣ ਤੋਂ ਪਹਿਲਾਂ ਦੋਵਾਂ ਧਿਰਾਂ ਦਾ ਪੱਖ ਸੁਣਨਾ ਬਹੁਤ ਜ਼ਰੂਰੀ ਹੈ, ਤਾਂ ਜੋ ਅਸਲ ਇਨਸਾਫ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਪੂਰੇ ਘਟਨਾਕ੍ਰਮ ਦਾ ਸਿਰਫ ਤੇ ਸਿਰਫ ਸ਼ਾਂਤੀਪੂਰਨ ਹੱਲ ਕੱਢਣਾ ਜ਼ਰੂਰੀ ਹੈ, ਤਾਂ ਜੋ ਪਹਾੜੀ ਇਲਾਕੇ ਵਿੱਚ ਆਪਸੀ ਭਾਈਚਾਰਕ ਸਾਂਝ, ਸਦਭਾਵਨਾ ਅਤੇ ਅਮਨ ਨੂੰ ਕੋਈ ਵੀ ਠੇਸ ਨਾ ਪਹੁੰਚੇ। ਮਾਨ ਨੇ ਉੱਤਰਾਖੰਡ ਵਿੱਚ ਰਹਿ ਰਹੀ ਸਥਾਨਕ ਸਿੱਖ ਸੰਗਤ ਅਤੇ ਪੰਜਾਬ ਤੋਂ ਜਾਣ ਵਾਲੇ ਸ਼ਰਧਾਲੂਆਂ ਨੂੰ ਵੀ ਪੂਰੀ ਤਰ੍ਹਾਂ ਸ਼ਾਂਤ ਰਹਿਣ ਦੀ ਅਪੀਲ ਕੀਤੀ ਹੈ। ਉਨ੍ਹਾ ਕਿਹਾ ਕਿ ਮੌਜੂਦਾ ਸਥਿਤੀ ਨੂੰ ਬਹੁਤ ਹੀ ਸੰਜਮ, ਸੂਝ-ਬੂਝ ਅਤੇ ਸ਼ਾਂਤੀ ਨਾਲ ਲਿਆ ਜਾਵੇ। ਮੁੱਖ ਮੰਤਰੀ ਨੇ ਦੇਸ਼-ਵਿਦੇਸ਼ ਵਿੱਚ ਬੈਠੇ ਪੰਜਾਬੀਆਂ ਨੂੰ ਭਰੋਸਾ ਦਿਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਲੋਕਾਂ ਅਤੇ ਸਿੱਖ ਸੰਗਤ ਦੀ ਸੁਰੱਖਿਆ ਦੇ ਨਾਲ-ਨਾਲ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਕਿਸੇ ਵੀ ਔਖੀ ਘੜੀ ਜਾਂ ਮੁਸ਼ਕਲ ਹਾਲਾਤ ਵਿੱਚ ਪੰਜਾਬ ਸਰਕਾਰ ਆਪਣੇ ਨਾਗਰਿਕਾਂ ਦੀ ਹਰ ਤਰ੍ਹਾਂ ਦੀ ਮਦਦ ਕਰਨ ਲਈ ਹਮੇਸ਼ਾ ਤਿਆਰ-ਬਰ-ਤਿਆਰ ਹੈ।

### ਲੋਕਪ੍ਰਿਅਤਾ ਘਟਣ...

ਲੀਡਰਸ਼ਿਪ ਨੂੰ ਅਸਲ ਖਤਰਾ ਪਿਛਲੇ ਹਫਤੇ ਹੋਈ 'ਮੇਕਰਫੀਲਡ' ਦੀ ਅਹਿਮ ਉਪ-ਚੋਣ ਤੋਂ ਬਾਅਦ ਪੈਦਾ ਹੋਇਆ। ਇਸ ਚੋਣ ਵਿੱਚ ਗ੍ਰੇਟਰ ਮੈਨਚੈਸਟਰ ਦੇ ਸਾਬਕਾ ਮੇਅਰ ਐਂਡੀ ਬਰਨਹੈਮ ਨੇ ਸ਼ਾਨਦਾਰ ਜਿੱਤ ਦਰਜ ਕਰਕੇ ਹਾਊਸ ਆਫ ਕਾਮਨਜ਼ (ਬ੍ਰਿਟਿਸ਼ ਸੰਸਦ) ਵਿੱਚ ਵਾਪਸੀ ਕੀਤੀ ਹੈ। ਬਰਨਹੈਮ ਦੀ ਇਸ ਵਾਪਸੀ ਨੇ ਪਾਰਟੀ ਦੇ ਅੰਦਰ ਸਟਾਰਮਰ ਖਿਲਾਫ ਬਗਾਵਤ ਨੂੰ ਤੇਜ਼ ਕਰ ਦਿੱਤਾ ਅਤੇ ਹੁਣ ਐਂਡੀ ਬਰਨਹੈਮ ਨੂੰ ਹੀ ਪ੍ਰਧਾਨ ਮੰਤਰੀ ਅਹੁਦੇ ਦੀ ਦੌੜ ਵਿੱਚ ਸਭ ਤੋਂ ਅੱਗੇ ਦੇਖਿਆ ਜਾ ਰਿਹਾ ਹੈ।

### ਦੋ ਨਹਿਰਾਂ 'ਚ ਪਏ...

ਨਹੀਂ ਮਿਲਿਆ। ਸਥਾਨਕ ਵਸਨੀਕਾਂ ਤਰਸੇਮ ਸਿੰਘ, ਸੁਰਜੀਤ ਸਿੰਘ ਅਤੇ ਹੋਰਨਾਂ ਨੇ ਦੱਸਿਆ ਕਿ ਘਰਾਂ ਵਿੱਚ ਕਈ-ਕਈ ਫੁੱਟ ਪਾਣੀ ਭਰਨ ਕਾਰਨ ਸਾਲ ਭਰ ਲਈ ਰੱਖੀ ਕਣਕ, ਘਰੇਲੂ ਸਾਮਾਨ ਅਤੇ ਹੋਰ ਕੀਮਤੀ ਵਸਤਾਂ ਪੂਰੀ ਤਰ੍ਹਾਂ ਬਰਬਾਦ ਹੋ ਚੁੱਕੀਆਂ ਹਨ। ਲੱਖਾਂ ਰੁਪਏ ਖਰਚ ਕੇ ਲਗਾਈ ਝੋਨੇ ਦੀ ਫਸਲ ਪੂਰੀ ਤਰ੍ਹਾਂ ਪਾਣੀ ਹੇਠ ਡੁੱਬ ਗਈ ਹੈ, ਜਿਸ ਦੇ ਬਚਣ ਦੀ ਹੁਣ ਕੋਈ ਉਮੀਦ ਨਹੀਂ ਹੈ। ਉਨ੍ਹਾਂ ਕੋਲ ਦੁਬਾਰਾ ਝੋਨਾ ਲਗਾਉਣ ਲਈ ਨਾ ਤਾਂ ਪਨੀਰੀ ਬਚੀ ਹੈ ਅਤੇ ਨਾ ਹੀ ਪ੍ਰਸ਼ਾਸਨ ਵੱਲੋਂ ਹਾਲੇ ਤੱਕ ਕੋਈ ਮਦਦ ਮਿਲੀ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਪੀੜਤਾਂ ਨੂੰ ਬਣਦਾ ਮੁਆਵਜ਼ਾ ਦੇਵੇ। ਤਰਨ ਤਾਰਨ ਦੀ ਰਿਪੋਰਟ ਹੈ ਕਿ ਅਪਰ ਬਾਰੀ ਦੁਆਬ ਨਹਿਰ ਵਿੱਚ ਰਸੂਲਪੁਰ ਦੇ ਨੇੜੇ ਐਤਵਾਰ ਪਿਆ 20 ਫੁੱਟ ਦਾ ਪਾੜ ਵਧ ਕੇ 45 ਫੁੱਟ ਦਾ ਹੋ ਗਿਆ ਹੈ ਅਤੇ ਪਿੰਡ ਚੁਤਾਲਾ, ਰਸੂਲਪੁਰ, ਰੂੜੇਆਸਲ, ਅਲਾਦੀਨਪੁਰ ਅਤੇ ਪਿੱਦੀ ਆਦਿ ਪਿੰਡਾਂ ਦੀ ਜ਼ਮੀਨ ਨੂੰ ਨੁਕਸਾਨ ਪਹੁੰਚਾਉਣ ਵੱਲ ਵਧ ਰਿਹਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# 'ਫਾਸ਼ੀਵਾਦੀ ਮੋਦੀ ਹਕੂਮਤ ਕਾਰਪੋਰੇਟਾਂ ਦੀ ਯਾਰ ਤੇ ਕਿਰਤੀਆਂ ਦੀ ਦੁਸ਼ਮਣ'

## ਮਜ਼ਦੂਰਾਂ, ਕਿਸਾਨਾਂ ਤੇ ਆਮ ਲੋਕਾਂ ਨੂੰ ਕੇਂਦਰ ਦੀ ਭਾਜਪਾ ਸਰਕਾਰ ਵਿਰੁੱਧ ਡਟਣ ਦਾ ਸੱਦਾ

**ਤਰਨਤਾਰਨ, ਝਬਾਲ, (ਪ੍ਰਿਤਪਾਲ ਸਿੰਘ, ਹਰਜਿੰਦਰ ਸਿੰਘ ਸੋਨੀ)**- ਫਾਸ਼ੀ ਹਮਲਿਆਂ ਵਿਰੋਧੀ ਫਰੰਟ ਦੇ ਸੂਬਾਈ ਸੱਦੇ ਤੇ ਚਾਰ ਕਮਿਊਨਿਸਟ ਪਾਰਟੀਆਂ ਵੱਲੋਂ ਸਥਾਨਕ ਗਾਂਧੀ ਪਾਰਕ ਵਿਖੇ ਵਿਸ਼ਾਲ ਕਨਵੈਨਸ਼ਨ ਦਲਜੀਤ ਸਿੰਘ ਦਿਆਲਪੁਰਾ, ਗੁਰਦਿਆਲ ਸਿੰਘ ਖਡੂਰ ਸਾਹਿਬ, ਮੇਹਰ ਸਿੰਘ ਚੁਤਾਲਾ ਤੇ ਬੋਹੜ ਸਿੰਘ ਸੁਰਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਕਨਵੈਨਸ਼ਨ ਵਿੱਚ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਫਿਰਕੂ ਨੀਤੀਆਂ ਤਹਿਤ ਫਾਸ਼ੀਵਾਦੀ ਰੁਝਾਨ ਰਾਹੀਂ ਘੱਟ ਗਿਣਤੀਆਂ, ਦਲਿਤਾਂ ਤੇ ਔਰਤਾਂ ਤੇ ਜ਼ੁਲਮ ਕਰਕੇ ਦੇਸ਼ ਵਿੱਚ ਫਿਰਕੂ ਸੰਕੀਰਨਤਾ ਨੂੰ ਵਧਾਇਆ ਜਾ ਰਿਹਾ ਹੈ।ਇਸ ਮੌਕੇ ਕਾਮਰੇਡ ਪ੍ਰਗਟ ਸਿੰਘ ਜਾਮਾਰਾਏ, ਦਵਿੰਦਰ ਸੋਹਲ, ਨਛੱਤਰ ਸਿੰਘ ਤੇ ਬਲਬੀਰ ਸਿੰਘ ਝਾਮਕਾ, ਨਿਰਮਲ ਸਿੰਘ ਪੱਟੀ (ਅੰਬੇਡਕਰਵਾਦੀ) ਨੇ ਕਿਹਾ ਕਿ ਅੱਜ ਸਾਡੇ ਦੇਸ਼ ਦਾ ਮਜ਼ਦੂਰ, ਕਿਸਾਨ ਤੇ ਹੋਰ ਕਿਰਤੀ ਲੋਕ ਬੁਰੀ ਤਰ੍ਹਾਂ ਨਪੀੜੇ ਜਾ ਰਹੇ ਹਨ।ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਤੰਗਦਸਤੀ ਨੇ ਆਮ ਮਿਹਨਤਕਸ਼ ਲੋਕਾਂ ਨੂੰ ਤਰਸ ਦੇ ਪਾਤਰ ਬਣਾ ਦਿੱਤਾ ਹੈ।ਸਾਡੇ ਦੇਸ਼ ਆਮ ਮਜ਼ਦੂਰ ਤੋਂ ਲੈ ਕੇ ਦਰਮਿਆਨੇ ਤਬਕੇ ਤੱਕ ਸਭ ਲੋਕਾਂ ਨੂੰ ਬੁਰੀ ਤਰ੍ਹਾਂ



ਕਰਜ਼ੇ ਦੇ ਜੰਜਾਲ ਵਿੱਚ ਫਸਾਇਆ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਅਮਰੀਕਾ ਸਾਮਰਾਜ ਦੇ ਦਬਾਅ ਤਹਿਤ ਮਹਿੰਗਾ ਡੀਜ਼ਲ, ਪੈਟਰੋਲ, ਗੈਸ ਖਰੀਦ ਕੇ ਸਾਡੇ ਲੋਕਾਂ ਤੇ ਮਹਿੰਗਾਈ ਦਾ ਵੱਡਾ ਬੋਝ ਪਾ ਰਹੀ ਹੈ, ਜਦੋਂ ਕਿ ਈਰਾਨ ਤੇ ਰੂਸ ਤੋਂ ਸਸਤਾ ਤੇਲ ਖਰੀਦਿਆ ਜਾ ਸਕਦਾ ਹੈ।ਮਜ਼ਦੂਰਾਂ ਦੇ ਹੱਕ ਦੇ ਕਾਨੂੰਨ ਤੋੜ ਕੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰ ਦਿੱਤੇ ਹਨ। ਐੱਮ ਐੱਸ ਪੀ ਦੇਣ ਦੇ ਵਾਅਦੇ ਤੋਂ ਕੇਂਦਰ ਸਰਕਾਰ ਮੁੱਕਰ ਗਈ ਹੈ। ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਦੇਣ ਲਈ ਖਾਦਾਂ, ਬੀਜ ਤੇ ਕੀਟਨਾਸ਼ਕ ਮਹਿੰਗੇ ਕੀਤੇ ਜਾ ਰਹੇ ਹਨ।ਚੰਡੀਗੜ੍ਹ ਪੰਜਾਬ ਤੋਂ ਖੋਹੇ ਜਾਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਪੰਜਾਬ ਦੇ ਪਾਣੀਆਂ 'ਤੇ ਡਾਕਾ ਮਾਰਿਆ ਜਾ ਰਿਹਾ ਹੈ।ਵਿਰੋਧੀ ਪਾਰਟੀਆਂ ਦੇ ਐੱਮਪੀ/ਐੱਮਐੱਲਏ ਖਰੀਦੇ ਤੇ ਈਡੀ ਰਾਹੀਂ ਡਰਾਏ ਜਾ ਰਹੇ ਹਨ ਤੇ ਉਨ੍ਹਾਂ ਨੂੰ ਬੀ ਜੇ ਪੀ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ।ਕੁੱਲ ਮਿਲਾ ਕੇ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਘਰ ਭਰਦਿਆਂ ਆਮ ਮਿਹਨਤਕਸ਼ ਲੋਕਾਂ ਦਾ ਲਹੂ ਪੀ ਰਹੀ ਹੈ। ਇਸ ਮੌਕੇ ਕਮਿਊਨਿਸਟ ਪਾਰਟੀਆਂ ਦੇ ਆਗੂਆਂ ਰਾਜਿੰਦਰ ਪਾਲ ਕੌਰ, ਚਮਨ ਲਾਲ ਦਰਾਜਕੇ, ਮੁਖਤਾਰ ਸਿੰਘ ਮੱਲਾ, ਬਲਕਾਰ ਸਿੰਘ ਵਲਟੋਹਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਧਰਮ ਸਿੰਘ ਪੱਟੀ ਨੇ ਵੀ ਆਪਣੇ ਵਿਚਾਰ ਰੱਖਦਿਆਂ ਕੇਂਦਰ ਦੀ ਫਾਸ਼ੀਵਾਦੀ ਅਤੇ ਲੋਕ ਵਿਰੋਧੀ ਨੀਤੀਆਂ ਵਾਲੀ ਮੋਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਨਾਮਿਆਂ ਬਾਰੇ ਖੁੱਲ੍ਹ ਕੇ ਗੱਲ ਕੀਤੀ।

# ਫਾਸ਼ੀ ਹਮਲਿਆਂ ਵਿਰੋਧੀ ਫਰੰਟ ਨੇ ਭਾਜਪਾ ਦੇ ਭੈੜੇ ਮਨਸੂਬਿਆਂ ਖਿਲਾਫ ਕੱਢੀ ਰੈਲੀ

**ਚੇਤਨਪੁਰਾ, ਛੇਹਰਟਾ (ਸੁਖਵੰਤ ਚੇਤਨਪੁਰੀ, ਮਨੋਜ ਕੁਮਾਰ)**- ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ ਸੰਘ/ਬੀਜੇਪੀ ਦੇ ਫਿਰਕੂ ਫਾਸ਼ੀ ਏਜੰਡੇ ਨੂੰ ਭਾਂਜ ਦੇਣ, ਦੇਸ਼-ਵਿਦੇਸ਼ 'ਚ ਕਾਰਪੋਰੇਟਾਂ ਦੇ ਹਿੱਤ ਪੂਰਦੀਆਂ ਨਵ-ਉਦਾਰਵਾਦੀ ਨੀਤੀਆਂ ਨੂੰ ਰੱਦ



ਕਰਵਾਉਣ, ਚਾਰ ਲੇਬਰ ਕੋਡ ਰੱਦ ਕਰਵਾਉਣ 'ਤੇ ਖੇਤੀ ਅਤੇ ਪ੍ਰਚੂਨ ਵਪਾਰ ਨੂੰ ਤਬਾਹ ਕਰਨ ਵਾਲੇ ਵਿਦੇਸ਼ ਵਪਾਰ ਸਮਝੌਤੇ ਨੂੰ ਰੱਦ ਕਰਵਾਉਣ ਲਈ ਸੀਪੀਆਈ, ਆਰਐੱਮਪੀਆਈ, ਸੀਪੀਆਈ (ਐੱਮ ਐੱਲ) ਲਿਬਰੇਸ਼ਨ ਅਤੇ ਸੀਪੀਆਈ (ਐੱਮ.ਐੱਲ.) ਨਿਊ ਡੈਮੋਕਰੇਸੀ ਪਾਰਟੀਆਂ ਦੇ ਸੈਂਕੜੇ ਕਾਰਕੁੰਨਾਂ, ਮਜ਼ਦੂਰਾਂ, ਕਿਸਾਨਾਂ, ਔਰਤਾਂ ਅਤੇ ਨੌਜਵਾਨਾਂ ਵੱਲੋਂ ਕੰਪਨੀ ਬਾਗ ਵਿਖੇ ਸਾਥੀ ਨਰਿੰਦਰ ਬੱਲ, ਜਗਤਾਰ ਸਿੰਘ ਕਰਮਪੁਰਾ, ਸ਼ਮਸ਼ੇਰ ਸਿੰਘ ਹੇਰ ਅਤੇ ਸਤਨਾਮ ਸਿੰਘ ਝੰਡੇਰ ਦੀ ਪ੍ਰਧਾਨਗੀ ਹੇਠ ਵਿਸ਼ਾਲ ਰੈਲੀ ਅਤੇ ਮੁਜ਼ਾਹਰਾ ਕੀਤਾ ਗਿਆ।ਉਪਰੋਕਤ ਇਕੱਠ ਨੂੰ ਸੰਬੋਧਨ ਕਰਦਿਆਂ ਡਾ: ਸਤਨਾਮ ਸਿੰਘ ਅਜਨਾਲਾ, ਗੁਰਨਾਮ ਸਿੰਘ ਦਾਊਦ, ਰਤਨ ਸਿੰਘ ਰੰਧਾਵਾ, ਕਾ: ਅਮਰਜੀਤ ਸਿੰਘ ਆਸਲ, ਲੱਖਬੀਰ ਸਿੰਘ ਨਿਜ਼ਾਮਪੁਰ, ਜਤਿੰਦਰ ਸਿੰਘ ਛੀਨਾ, ਸੁਖਦੇਵ ਸਿੰਘ ਸਹਿਸਰਾ, ਮੰਗਲ ਸਿੰਘ ਧਰਮਕੋਟ ਅਤੇ ਬਲਬੀਰ ਸਿੰਘ ਮੂਧਲ ਨੇ ਕਿਹਾ ਕਿ ਨਿੱਤ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ ਅਤੇ ਵਿਆਪਕ ਫੈਲਿਆ ਭ੍ਰਿਸ਼ਟਾਚਾਰ ਕੇਂਦਰ ਦੀ ਮੋਦੀ ਸਰਕਾਰ ਦੀਆਂ ਆਰਥਿਕ ਨੀਤੀਆਂ ਦਾ ਸਿੱਟਾ ਹੈ।ਬੁਲਾਰਿਆਂ ਨੇ ਕਿਹਾ ਕਿ ਦੇਸ਼ ਅੰਦਰ ਰਾਜ ਕਰ ਰਹੀ ਪਾਰਟੀ ਬੀਜੇਪੀ/ਆਰ.ਐੱਸ.ਐੱਸ. ਨੇ ਦੇਸ਼ ਦੇ ਸਾਰੇ ਜਮਹੂਰੀ ਅਦਾਰਿਆਂ ਅੰਦਰ ਕਬਜ਼ਾ ਕਰਕੇ ਜਮਹੂਰੀਅਤ ਨੂੰ ਖਤਰਾ ਖੜਾ ਕਰ ਦਿੱਤਾ ਹੈ ਅਤੇ ਦੇਸ਼ ਅੰਦਰ ਘੱਟ ਗਿਣਤੀਆਂ, ਬੁੱਧੀਜੀਵੀਆਂ ਅਤੇ ਸ਼ਹਿਰੀ ਆਜ਼ਾਦੀ ਦੇ ਹਮਾਇਤੀਆਂ ਨੂੰ ਬਿਨਾਂ ਮੁਕੱਦਮਾ ਚਲਾਏ ਜੇਲਾਂ ਅੰਦਰ ਬੰਦ ਕੀਤਾ ਹੋਇਆ ਹੈ, ਜਿਸ ਲਈ ਅੱਜ ਲੋੜ ਹੈ ਕਿ ਸਮੂਹ ਧਰਮ ਨਿਰਪੱਖ, ਜਮਹੂਰੀ ਸ਼ਕਤੀਆਂ ਅਤੇ ਇਸ ਏਜੰਡੇ ਦੀਆਂ ਵਿਰੋਧੀ ਪਾਰਟੀਆਂ ਨੂੰ ਇੱਕਮੁੱਠ ਹੋ ਕੇ ਇਨ੍ਹਾਂ ਦੇ ਫਿਰਕੂ ਫਾਸ਼ੀ ਹਮਲੇ ਨੂੰ ਰੋਕਣ ਲਈ ਅੱਗੇ ਆਉਣਾ ਚਾਹੀਦਾ ਹੈ।ਅੱਜ ਲੋੜ ਹੈ ਦੇਸ਼ ਦੇ ਸੰਵਿਧਾਨ ਨੂੰ ਬਚਾਇਆ ਜਾਵੇ।ਅਖੀਰ ਵਿੱਚ ਬੁਲਾਰਿਆਂ ਨੇ ਕਿਹਾ ਕਿ ਬੀਜੇਪੀ ਵੱਲੋਂ ਪੱਛਮੀ ਬੰਗਾਲ ਦੀਆਂ ਚੋਣਾਂ ਜਿੱਤਣ ਤੋਂ ਬਾਅਦ ਪੰਜਾਬ ਅੰਦਰ ਕਬਜ਼ਾ ਕਰਨ ਲਈ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਕਦਾਚਿਤ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਬੁਲਾਰਿਆਂ ਵੱਲੋਂ ਜ਼ੋਰਦਾਰ ਆਵਾਜ਼ ਉਠਾਈ ਗਈ ਕਿ ਅਮਰੀਕਾ-ਇਜ਼ਰਾਈਲ ਜੰਗਬਾਜ਼ ਜੁੰਡਲੀ ਵੱਲੋਂ ਲੱਗੀ ਮੋਦੀ ਸਰਕਾਰ ਨੂੰ ਚੱਲਦਾ ਕੀਤਾ ਜਾਵੇ।ਇਸ ਸਮੇਂ ਬਲਦੇਵ ਸਿੰਘ ਸੈਦਪੁਰ, ਬਲਦੇਵ ਸਿੰਘ ਵੇਰਕਾ, ਮੰਗਲ ਸਿੰਘ ਖਜਾਲਾ, ਗੁਰਮੇਜ ਸਿੰਘ ਤਿੰਮੋਵਾਲ, ਰਵਿੰਦਰ ਸਿੰਘ ਛੱਜਲਵੱਡੀ ਆਦਿ ਹਾਜ਼ਰ ਸਨ।

# ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰੂਪ ਮਸੀਹ ਪੁੱਤਰ ਮਨੀਰ ਮਸੀਹ ਵਾਸੀ ਖੰਜੂਪੁਰ 10 ਜੂਨ ਨੂੰ ਉਹ ਸਮੇਤ ਆਪਣੀ ਪਤਨੀ ਰੀਟਾ ਅਤੇ ਦੋਹਤਰੀ ਨਾਲ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਰੇਲਵੇ ਸਟੇਸ਼ਨ ਤੋਂ ਆਪਣੇ ਘਰ ਨੂੰ ਜਾ ਰਹੇ ਸੀ। ਜਦ ਉਹ ਇਕ ਹੋਟਲ ਨੇੜੇ ਪੁੱਜਾ ਤਾਂ ਕਥਿਤ ਦੋਸ਼ੀ ਮੋਟਰਸਾਈਕਲ ਤੇ ਸਵਾਰ ਹੋ ਕੇ ਆਏ ਅਤੇ ਮੋਟਰਸਾਈਕਲ ਨੂੰ ਫੇਟ ਮਾਰੀ ਜਿਸ 'ਤੇ ਉਹ ਮੋਟਰਸਾਈਕਲ ਸਮੇਤ ਡਿੱਗ ਪਏ। ਕਥਿਤ ਦੋਸ਼ੀਆਂ ਨੇ ਪੀੜਤ ਦੇ ਮੂੰਹ 'ਤੇ ਹੱਥ ਦੀ ਗਿੱਚੀ ਮਾਰੀ ਅਤੇ ਜ਼ਮੀਨ ਤੋਂ ਚੁੱਕ ਚੁੱਕ ਕੇ ਮਾਰੇ ਜਿਸ ਨਾਲ ਉਸਦੇ ਕਾਫੀ ਸੱਟਾਂ ਲੱਗ ਗਈਆਂ ਹਨ।

ਝਗੜੇ ਦਾ ਕਾਰਨ ਪੁਰਾਣੀ ਰੰਜਿਸ਼ ਦੱਸੀ ਜਾ ਰਹੀ ਹੈ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕਾਮਰੇਡ ਸਾਂਝੇ ਫਰੰਟ ਨੇ ਬੀ ਜੇ ਪੀ ਖਿਲਾਫ ਕੱਢਿਆ ਰੋਸ ਮਾਰਚ

**ਪਠਾਨਕੋਟ (ਦਵਿੰਦਰ ਸਿੰਘ)**- ਭਾਰਤੀ ਜਨਤਾ ਪਾਰਟੀ ਦੀ ਮੋਦੀ ਸਰਕਾਰ ਦੀ ਅਗਵਾਈ ਹੇਠ ਆਰ ਐੱਸ ਐੱਸ ਦੀ ਫਿਰਕੂ ਸੋਚ ਤਹਿਤ ਦੇਸ਼ ਦੀ ਸਦੀਆਂ ਪੁਰਾਣੀ ਭਾਈਚਾਰਕ ਸਾਂਝ ਨੂੰ ਤੋੜਨ, ਦੇਸ਼ ਦੇ ਫੈਡਰਲ ਢਾਂਚੇ ਦੀ ਬਰਬਾਦੀ ਤੇ ਆਜ਼ਾਦ ਸੰਸਥਾਵਾਂ ਸੀਬੀਆਈ, ਇਨਕਮ ਟੈਕਸ ਵਿਭਾਗ, ਅਦਾਲਤਾਂ, ਉਚ ਸਿੱਖਿਆ ਅਦਾਰੇ, ਚੋਣ ਕਮਿਸ਼ਨ ਆਦਿ ਦੀ ਅਹਿਮੀਅਤ ਨੂੰ ਖੋਰਾ ਲਾਇਆ ਹੋਇਆ ਹੈ ਅਤੇ ਈਡੀ ਤੇ ਐੱਨਐੱਸਏ ਨੂੰ ਰਾਜਨੀਤਕ ਬਦਲਾਖੋਰੀ ਲਈ ਵਰਤਿਆ ਜਾ ਰਿਹਾ।ਭਾਰਤੀ ਲੋਕਤੰਤਰ ਦੀ ਬੁਨਿਆਦ ਸੰਵਿਧਾਨ ਨੂੰ ਸਾਰਥਕ ਰੂਪ ਵਿੱਚ ਲਾਗੂ ਕਰਨ ਦੀ ਬਜਾਏ ਰੂੜੀਵਾਦੀ ਗੈਰ ਬਰਾਬਰੀ ਦੇ ਦਸਤਾਵੇਜ਼ ਨੂੰ ਸਮਰਿਤੀ ਨੂੰ ਲਾਗੂ ਕਰਨ ਲਈ ਘਿਨਾਉਣੇ ਕਾਂਡ ਕੀਤੇ ਜਾਣ ਦੇ ਖਿਲਾਫ ਫਾਸ਼ੀਵਾਦੀ ਹਮਲਿਆਂ ਵਿਰੁੱਧ ਫਰੰਟ ਵੱਲੋਂ ਸਾਰੇ ਪੰਜਾਬ ਅੰਦਰ ਮੁਜ਼ਾਹਰੇ ਕਰਨ ਦੇ ਸੱਦੇ ਅਨੁਸਾਰ ਜ਼ਿਲਾ ਪਠਾਨਕੋਟ ਵਿਖੇ ਫਰੰਟ ਵੱਲੋਂ ਬਾਲਮੀਕ ਚੌਂਕ ਪਠਾਨਕੋਟ ਨੇੜੇ ਕੰਪਲੈਕਸ ਵਿਚ ਸੀਪੀਆਈ, ਆਰਐੱਮਪੀਆਈ ਅਤੇ ਸੀਪੀਆਈ (ਐੱਮ ਐੱਲ) ਨਿਊਡੈਮੋਕਰੇਸੀ ਦੇ ਆਗੂਆਂ ਕਾਮਰੇਡ ਅਮਰੀਕ ਸਿੰਘ, ਬਲਵੰਤ ਸਿੰਘ ਘੋਹ ਅਤੇ ਕਮਲ




ਕਿਸ਼ੋਰ ਦੇ ਅਧਾਰਿਤ ਪ੍ਰਧਾਨਗੀ ਮੰਡਲ ਦੀ ਅਗਵਾਈ ਹੇਠ ਰੋਸ ਰੈਲੀ ਕੀਤੀ ਅਤੇ ਸ਼ਹਿਰ ਵਿਚ ਰੋਸ ਮਾਰਚ ਕੱਢਿਆ ਗਿਆ।ਫਰੰਟ ਵਿੱਚ ਸ਼ਾਮਲ ਪਾਰਟੀਆਂ ਦੇ ਆਗੂ ਕਾਮਰੇਡ ਸ਼ਿਵ ਕੁਮਾਰ, ਪ੍ਰਕਾਸ਼ ਸਿੰਘ, ਮੁਖਤਿਆਰ ਸਿੰਘ ਅਤੇ ਇਕਬਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਪਰੋਕਤ ਫਾਸ਼ੀ ਹਮਲਿਆਂ ਦੇ ਨਾਲ ਮੋਦੀ ਸਰਕਾਰ ਵੱਲੋਂ ਅਮਰੀਕਨ ਸਾਮਰਾਜ ਦੇ ਦਿਸ਼ਾ-ਨਿਰਦੇਸ਼ ਹੇਠ ਕਾਰਪੋਰੇਟ ਪੱਖੀ ਆਰਥਿਕ ਵਿਕਾਸ ਨੇ ਘਰੇਲੂ ਸਨਅਤ ਤੇ ਖੇਤੀ ਖੇਤਰ ਨੂੰ ਤਬਾਹ ਕਰ ਦਿੱਤਾ ਅਤੇ ਹੁਣ ਅਮਰੀਕੀ ਇਕਤਰਫਾ ਵਪਾਰ ਸਮਝੌਤਾ ਦੇਸ਼ ਦੀ ਹੋਰ ਬਰਬਾਦੀ ਕਰੇਗਾ।ਤੇਲ, ਗੈਸ ਕੀਮਤਾਂ ਦੇ ਵਾਧੇ ਨਾਲ ਕਾਲਾਬਜ਼ਾਰੀ ਨੇ ਲੋਕਾਂ ਦਾ ਜਿਊਣਾ ਦੁੱਭਰ ਕਰ ਛੱਡਿਆ ਹੈ। ਉਦਯੋਗਿਕ ਅਦਾਰਿਆਂ ਨੂੰ ਮਜਦੂਰਾਂ ਕੋਲੋਂ ਅੱਠ ਘੰਟੇ ਦੀ ਬਜਾਏ ਬਾਰਾਂ ਘੰਟੇ ਕੰਮ ਕਰਨ ਦੀ ਇਜਾਜ਼ਤ ਦੇ ਕੇ ਗਰੀਬ ਦਿਹਾੜੀਦਾਰ ਕਾਮਿਆਂ ਨੂੰ ਭਾਜਪਾਈ ਫੈਦੇ ਦੱਸ ਰਹੇ ਹਨ।ਮਹਿੰਗਾਈ ਤੇ ਬੇਰੁਜ਼ਗਾਰੀ ਨਾਲ ਅਬਾਦੀ ਦਾ ਵੱਡਾ ਹਿੱਸਾ ਤ੍ਰਾਹ-ਤ੍ਰਾਹ ਕਰ ਰਿਹਾ।ਉਪਰੋਕਤ ਤੋਂ ਇਲਾਵਾ ਕਾਮਰੇਡ ਨਰਿੰਜਣ ਸਿੰਘ, ਬਲਦੇਵ ਰਾਜ ਭੋਆ, ਸਕੱਤਰ ਸਿੰਘ, ਰਣਯੋਧ ਸਿੰਘ, ਬਲਕਾਰ ਚੰਦ, ਰਾਮ ਬਿਲਾਸ, ਦੇਵ ਰਾਜ ਸੈਲੀ ਕੁੱਲੀਆਂ, ਬਾਲ ਕ੍ਰਿਸ਼ਨ, ਦਰਸ਼ਨ ਸਿੰਘ, ਬਲਵਿੰਦਰ ਕੁਮਾਰ ਅਤੇ ਹੋਰ ਹਾਜ਼ਰ ਆਗੂਆਂ ਆਪਣੇ ਵਿਚਾਰ ਸਾਂਝੇ ਕੀਤੇ।

# ਡਕੈਤ ਗਿਰੋਹ ਦੇ ਤਿੰਨ ਸ਼ੂਟਰ ਗ੍ਰਿਫ਼ਤਾਰ, ਇਕ ਪਿਸਤੌਲ ਬਰਾਮਦ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) :** ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਖ਼ੁਫ਼ੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ ਲੋਹਾਰਕਾ ਰੋਡ ਪੈਟਰੋਲ ਪੰਪ

**● ਫਾਇਰਿੰਗ ਦੀਆਂ ਸੱਤ ਘਟਨਾਵਾਂ ਹੱਲ**

'ਤੇ ਹਥਿਆਰਬੰਦ ਡਕੈਤੀ ਤੇ ਫਾਇਰਿੰਗ ਦੀ ਘਟਨਾ ਨੂੰ ਸੁਲਝਾਉਂਦੇ ਹੋਏ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਇਕ ਪਿਸਤੌਲ (.30 ਬੋਰ ਜ਼ਿਗਾਨਾ), 8 ਜ਼ਿੰਦਾ ਕਾਰਤੂਸ ਤੇ ਇਕ ਕਾਰ (ਥਾਰ) ਬਰਾਮਦ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਗੁਰਦੇਵ ਸਿੰਘ ਉਰਫ਼ ਗੁਰਦੇਵ ਵਾਸੀ ਪਿੰਡ ਖਾਸੀ, ਬਾਬਾ ਬਕਾਲਾ, ਅੰਮ੍ਰਿਤਸਰ ਦਿਹਾਤੀ, ਜਸ਼ਨਪ੍ਰੀਤ ਸਿੰਘ ਉਰਫ ਜੱਸੂ ਵਾਸੀ ਪਿੰਡ ਕਾਲਾ, ਤਰਨ ਤਾਰਨ ਤੇ ਹਰਪਰਸਦੀਪ ਸਿੰਘ ਉਰਫ਼ ਪਾਰਸ ਨਿਵਾਸੀ ਕਟੜਾ ਕਰਮ ਸਿੰਘ, ਅੰਮ੍ਰਿਤਸਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ 21 ਤੇ 22 ਮਈ ਨੂੰ ਸਵੇਰੇ 1 ਵਜੇ ਦੇ ਕਰੀਬ ਮੁਲਜ਼ਮਾਂ ਨੇ ਲੋਹਾਰਕਾ ਰੋਡ ਪੈਟਰੋਲ ਪੰਪ 'ਤੇ ਗੋਲੀਬਾਰੀ ਕੀਤੀ ਤੇ ਬੰਦੂਕ ਦੀ ਨੋਕ 'ਤੇ ਕਰੀਬ 25,000 ਰੁਪਏ ਲੁੱਟੇ। ਇਸ ਸਬੰਧ ਵਿਚ ਮਾਮਲਾ ਥਾਣਾ ਕੰਟੋਨਮੈਂਟ ਵਿਚ



ਦਰਜ ਕੀਤਾ ਗਿਆ ਸੀ। ਤੁਰੰਤ ਕਾਰਵਾਈ ਕਰਦੇ ਹੋਏ ਪੁਲਸ ਟੀਮਾਂ ਨੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਜਸ਼ਨਪ੍ਰੀਤ ਸਿੰਘ ਉਰਫ਼ ਜੱਸੂ ਦੇ ਖੁਲਾਸੇ 'ਤੇ ਇਕ ਪਿਸਤੌਲ (.30 ਬੋਰ ਜ਼ਿਗਾਨਾ) ਦੇ ਨਾਲ ਅੱਠ ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਜਾਂਚ ਤੋਂ ਪਤਾ ਲੱਗਾ ਕਿ ਮੁਲਜ਼ਮਾਂ ਨੇ ਆਪਣੇ ਫ਼ਰਾਰ ਸਾਥੀ ਮਹੀਪ ਸਿੰਘ ਦੇ ਨਾਲ ਮਿਲ ਕੇ ਯੂਰਪ-ਅਧਾਰਤ ਹੈਂਡਲਰ ਜੱਜਬੀਰ ਸਿੰਘ ਉਰਫ਼ ਕਰਨ ਦੇ ਨਿਰਦੇਸ਼ਾਂ 'ਤੇ ਇਹ ਅਪਰਾਧ ਕੀਤਾ, ਜੋ ਗੈਂਗਸਟਰ ਡੋਨੀ ਬਲ ਤੇ ਪ੍ਰਭ ਦਾਸੂਵਾਲ ਨਾਲ ਮਿਲ ਕੇ ਕੰਮ ਕਰਦਾ ਹੈ। ਮੁੱਹਬਤ ਰੰਧਾਵਾ ਤੇ ਆਦੇਸ਼ ਜਮਾਰਾਏ ਕਥਿਤ ਤੌਰ 'ਤੇ ਗੈਂਗਸਟਰਾਂ ਵੱਲੋਂ ਫਿਰੌਤੀ ਦੀਆਂ ਕਾਲਾਂ ਕਰ ਰਹੇ ਸਨ, ਜਦੋਂ ਕਿ ਮੋਬਾਈਲ ਐਪਲੀਕੇਸ਼ਨਾਂ ਰਾਹੀਂ ਨਿਸ਼ਾਨਾ ਸਥਾਨ ਸਾਂਝੇ ਕੀਤੇ ਗਏ ਸਨ। ਉਨ੍ਹਾਂ ਦੱਸਿਆ ਕਿ ਅਗਲੀ ਜਾਂਚ ਨੇ ਪੰਜਾਬ ਭਰ ਵਿਚ ਕਈ ਗੋਲੀਬਾਰੀ ਦੀਆਂ ਘਟਨਾਵਾਂ ਤੇ ਹਥਿਆਰਬੰਦ ਡਕੈਤੀਆਂ ਵਿਚ ਮੁਲਜ਼ਮਾਂ ਦੀ ਸ਼ਮੂਲੀਅਤ ਦਾ ਪਤਾ ਲਗਾਇਆ, ਜਿਸ ਵਿਚ 4 ਮਈ 26 ਨੂੰ ਗੁਰਦੇਵ ਸਿੰਘ ਉਰਫ਼ ਗੁਰਦੇਵ ਤੇ ਹਰਪਰਸਦੀਪ ਸਿੰਘ ਉਰਫ਼ ਪਾਰਸ ਨੇ ਗੋਇੰਦਵਾਲ ਸਾਹਿਬ, ਤਰਨਤਾਰਨ ਨੇੜੇ ਇਕ ਰਿਹਾਇਸ਼ ਦੇ ਬਾਹਰ ਇਕ ਰੌਂਦ ਫਾਇਰਿੰਗ ਕੀਤੀ ਸੀ। 21-22 ਮਈ 26 ਨੂੰ ਜਸ਼ਨਪ੍ਰੀਤ ਸਿੰਘ ਉਰਫ਼ ਜੱਸੂ, ਗੁਰਦੇਵ ਸਿੰਘ ਉਰਫ਼ ਗੁਰਦੇਵ ਤੇ ਭਗੌੜੇ ਮੁਲਜ਼ਮ ਮਹੀਪ ਸਿੰਘ ਨੇ ਪੁਲਸ ਸਟੇਸ਼ਨ ਸੀ-ਡਿਵੀਜ਼ਨ ਦੇ ਪਿੱਛੇ ਇਕ ਪੈਟਰੋਲ ਪੰਪ ਤੋਂ ਕਰੀਬ 6,000-7,000 ਰੁਪਏ ਦੀ ਲੁੱਟ ਕੀਤੀ ਸੀ। ਕੁਝ ਦਿਨਾਂ ਬਾਅਦ ਗੁਰਦੇਵ ਸਿੰਘ ਉਰਫ਼ ਗੁਰਦੇਵ ਤੇ ਹਰਪਰਸਦੀਪ ਸਿੰਘ ਉਰਫ਼ ਪਾਰਸ ਨੇ ਰਈਆ, ਅੰਮ੍ਰਿਤਸਰ ਦਿਹਾਤੀ ਵਿਚ ਇਕ ਦੁਕਾਨ 'ਤੇ ਰਹਿਣ ਵਾਲਿਆਂ ਨੂੰ ਧਮਕਾਉਂਦੇ ਹੋਏ ਛੇ ਰੌਂਦ ਫਾਇਰਿੰਗ ਕੀਤੀ। 5 ਜੂਨ 26 ਜਸ਼ਨਪ੍ਰੀਤ ਸਿੰਘ ਉਰਫ਼ ਜੱਸੂ, ਗੁਰਦੇਵ ਸਿੰਘ ਉਰਫ਼ ਗੁਰਦੇਵ ਤੇ ਹਰਪਰਸਦੀਪ ਸਿੰਘ ਉਰਫ਼ ਪਾਰਸ ਨੇ ਗੋਇੰਦਵਾਲ ਸਾਹਿਬ, ਤਰਨਤਾਰਨ ਨੇੜੇ ਇਕ ਰਿਹਾਇਸ਼ ਦੇ ਬਾਹਰ ਤਿੰਨ ਰਾਊਂਡ ਫਾਇਰ ਕੀਤੇ। ਇਕ ਹੋਰ ਘਟਨਾ ਵਿਚ ਗੁਰਦੇਵ ਸਿੰਘ ਉਰਫ਼ ਗੁਰਦੇਵ ਤੇ ਮਹੀਪ ਸਿੰਘ ਨੇ ਤਰਨਤਾਰਨ ਦੇ ਸਰਹਾਲੀ ਮੇਨ ਰੋਡ 'ਤੇ ਇਕ ਪੈਟਰੋਲ ਪੰਪ 'ਤੇ ਇਕ ਹਵਾਈ ਫਾਇਰ ਕੀਤਾ ਤੇ ਕਰੀਬ 8000 ਰੁਪਏ ਦੀ ਲੁੱਟ ਕੀਤੀ। 13 ਜੂਨ 26 ਨੂੰ ਗੁਰਦੇਵ ਸਿੰਘ ਉਰਫ਼ ਗੁਰਦੇਵ ਤੇ ਹਰਪਰਸਦੀਪ ਸਿੰਘ ਉਰਫ਼ ਪਾਰਸ ਨੇ ਫਿਰੋਜ਼ਪੁਰ ਦੇ ਪਿੰਡ ਕਮਾਲਗੜ੍ਹ ਵਿਚ ਇਕ ਰਿਹਾਇਸ਼ ਦੇ ਬਾਹਰ ਪੰਜ ਗੋਲੀਆਂ ਚਲਾਈਆਂ। ਗ੍ਰਿਫ਼ਤਾਰ ਮੁਲਜ਼ਮ ਜਸ਼ਨਪ੍ਰੀਤ ਸਿੰਘ ਉਰਫ਼ ਜੱਸੂ ਨੂੰ ਪਹਿਲਾਂ ਵੀ ਅਪਰਾਧਿਕ ਸ਼ਮੂਲੀਅਤ ਵਾਲਾ ਇਕ ਆਦਤਨ ਅਪਰਾਧੀ ਪਾਇਆ ਗਿਆ। ਗ੍ਰਿਫ਼ਤਾਰ ਮੁਲਜ਼ਮ ਜਸ਼ਨਪ੍ਰੀਤ ਸਿੰਘ ਉਰਫ ਜੱਸੂ ਵਿਦੇਸ਼ੀ-ਅਧਾਰਤ ਮੁਲਜ਼ਮ ਜੱਜਬੀਰ ਸਿੰਘ ਉਰਫ਼ ਕਰਨ ਦਾ ਨਜ਼ਦੀਕੀ ਰਿਸ਼ਤੇਦਾਰ ਹੈ, ਜੋ ਇਸ ਸਮੇਂ ਯੂਰਪ ਵਿਚ ਰਹਿ ਰਿਹਾ ਹੈ। ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਨਜ਼ਦੀਕੀ ਸਬੰਧ ਕਾਰਨ ਜਸ਼ਨਪ੍ਰੀਤ ਸਿੰਘ ਸਿੱਧੇ ਤੌਰ 'ਤੇ ਜੱਜਬੀਰ ਸਿੰਘ ਉਰਫ਼ ਕਰਨ ਨਾਲ ਤਾਲਮੇਲ ਕਰ ਰਿਹਾ ਸੀ ਅਤੇ ਉਸਦੇ ਨਿਰਦੇਸ਼ਾਂ 'ਤੇ ਅਪਰਾਧਿਕ ਗਤੀਵਿਧੀਆਂ ਨੂੰ ਸੁਵਿਧਾਜਨਕ ਬਣਾਉਣ ਤੇ ਅੰਜਾਮ ਦੇਣ ਵਿਚ ਮੁੱਖ ਭੂਮਿਕਾ ਨਿਭਾਉਂਦਾ ਸੀ।

# ਮਲਟੀਪਰਪਜ਼ ਸਪੋਰਟਸ ਸਟੇਡੀਅਮ ਲਮੀਣੀ ਵਿਖੇ ਮਨਾਇਆ ਜ਼ਿਲ੍ਹਾ ਪੱਧਰੀ ਯੋਗਾ ਦਿਵਸ

**ਪਠਾਨਕੋਟ (ਦਵਿੰਦਰ ਸਿੰਘ)**- ਡਾਇਰੈਕਟਰ ਆਯੁਰਵੇਦ ਪੰਜਾਬ ਮਾਨਯੋਗ ਡਾ. ਰਮਨ ਖੰਨਾ, ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਅਤੇ ਜ਼ਿਲ੍ਹਾ ਆਯੁਰਵੈਦਿਕ ਯੂਨਾਨੀ ਅਫ਼ਸਰ ਡਾ. ਹਰਿੰਦਰ ਸਿੰਘ ਦੀ ਰਹਿਨੁਮਾਈ ਹੇਠ ਜ਼ਿਲ੍ਹਾ




ਪੱਧਰੀ ਯੋਗ ਦਿਵਸ ਦਾ ਆਯੋਜਨ ਮਲਟੀਪਰਪਜ਼ ਸਪੋਰਟਸ ਸਟੇਡੀਅਮ ਲਮੀਣੀ ਵਿਖੇ ਕੀਤਾ ਗਿਆ, ਜਿਸ ਦਾ ਸ਼ੁਭ ਆਰੰਭ ਐੱਸ. ਡੀ. ਐੱਮ. ਪਠਾਨਕੋਟ ਮਨਦੀਪ ਮਾਨ ਵੱਲੋਂ ਕੀਤਾ ਗਿਆ। ਵੱਡੀ ਗਿਣਤੀ ਵਿੱਚ ਸਥਾਨਕ ਨਾਗਰਿਕਾਂ, ਬੱਚਿਆਂ, ਬਜ਼ੁਰਗਾਂ ਅਤੇ ਨੌਜਵਾਨਾਂ ਨੇ ਉਤਸ਼ਾਹਪੂਰਵਕ ਭਾਗ ਲਿਆ।ਪ੍ਰੋਗਰਾਮ ਦੌਰਾਨ ਡਾ. ਮਾਲਤੀ, ਡਾ. ਪੰਕਜ, ਡਾ. ਮੀਨਾ, ਡਾ. ਨਮਿਤਾ, ਅਤੇ ਯੋਗਾ ਇੰਸਟਰੱਕਟਰ ਦੀਪਾਲੀ ਅਤੇ ਸੁਰੇਸ਼ ਵੱਲੋਂ ਹਾਜ਼ਰ ਲੋਕਾਂ ਨੂੰ ਵੱਖ-ਵੱਖ ਆਸਣਾਂ ਅਤੇ ਪ੍ਰਾਣਾਯਾਮ ਦਾ ਅਭਿਆਸ ਕਰਵਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਡਾ. ਰਿਤੂ ਦੇ ਸਵਾਗਤੀ ਭਾਸ਼ਣ ਨਾਲ ਹੋਈ।ਉਪਰੰਤ ਸਾਰੇ ਭਾਗੀਦਾਰਾਂ ਨੂੰ ਯੋਗ ਕਰਨ ਦੇ ਸਹੀ ਤਰੀਕਿਆਂ ਅਤੇ ਲੋੜੀਂਦੀਆਂ ਸਾਵਧਾਨੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਸੰਬੋਧਨ ਕਰਦਿਆਂ ਮਨਦੀਪ ਮਾਨ ਐੱਸਡੀਐੱਮ ਨੇ ਕਿਹਾ ਕਿ ਯੋਗਾ ਦਿਵਸ ਮਨਾਉਣ ਪਿੱਛੇ ਇੱਕ ਹੀ ਉਦੇਸ਼ ਹੈ ਕਿ ਲੋਕਾਂ ਨੂੰ ਯੋਗਾ ਦੇ ਨਾਲ ਜੋੜਿਆ ਜਾਵੇ। ਉਨ੍ਹਾਂ ਕਿਹਾ ਕਿ ਅਜਿਹਾ ਕਰਨ ਦੇ ਨਾਲ ਜਿੱਥੇ ਅਸੀਂ ਸਰੀਰਕ ਤੌਰ ਤੇ ਫਿਟ ਰਹਾਂਗੇ ਉਥੇ ਹੀ ਮਾਨਸਿਕ ਤੌਰ ਤੇ ਵੀ ਪੂਰੀ ਤਰ੍ਹਾਂ ਨਾਲ ਤੰਦਰੁਸਤ ਰਵਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਡੀ. ਜੀ. ਸਿੰਘ ਡਿਪਟੀ ਡੀ. ਈ. ਓ. ਐਲੀਮੈਂਟਰੀ, ਆਸ਼ਾ ਭਗਤ ਨਹਿਰੂ ਯੁਵਾ ਕੇਂਦਰ ਪਠਾਨਕੋਟ, ਅਮਨਦੀਪ ਕੌਰ ਕਾਰਪੋਰੇਸ਼ਨ ਪਠਾਨਕੋਟ, ਵਿਪਨਦੀਪ ਸੁਪਰਡੈਂਟ, ਆਯੁਰਵੈਦਿਕ ਡਾ. ਵਿਪਿਨ ਸਿੰਘ, ਡਾ. ਜਤਿੰਦਰ, ਡਾ. ਰਾਜਿੰਦਰ, ਸੁਰਕਸ਼ਾ ਸ਼ੁਕਲਾ ਇੰਚਾਰਜ ਸੀਐੱਮ ਦੀ ਯੋਗਸ਼ਾਲਾ, ਡਾ. ਯਸਵਿੰਦਰ, ਡਾ. ਰਿਤਿਕਾ, ਡਾ. ਮੰਜੂ, ਉਪਵੇਦ ਅਭਿਸ਼ੇਕ, ਸੰਦੀਪ, ਮਨਦੀਪ, ਯੋਗਾ ਇੰਸਟਰੱਕਟਰ, ਸੁਪਰਿੰਟੈਂਡੈਂਟ ਗੁਰਮੀਤ, ਅੰਕੁਸ਼, ਜਤਿਨ ਅਤੇ ਮੁਕੇਸ਼ ਵੀ ਮੌਜੂਦ ਰਹੇ।

# ਵਿਸ਼ਾਲ ਦੀਪ ਸ਼ਾਲੂ ਬਣੇ ਐੱਸ ਸੀ ਵਿੰਗ ਲੋਹੀਆਂ ਖਾਸ ਦੇ ਪ੍ਰਧਾਨ



**ਲੋਹੀਆਂ ਖਾਸ (ਯੋਗੇਸ਼ਵਰ)**- ਸ਼੍ਰੋਮਣੀ ਅਕਾਲੀ ਦਲ ਪਾਰਟੀ ਵੱਲੋਂ ਵਿਸ਼ਾਲ ਦੀਪ ਸ਼ਾਲੂ ਨੂੰ ਲੋਹੀਆਂ ਖਾਸ ਸ਼ਹਿਰ ਦਾ ਐੱਸ.ਸੀ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਸ਼ਾਹਕੋਟ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਤੇ ਹੋਰ ਆਗੂਆਂ ਵੱਲੋਂ ਵਿਸ਼ਾਲੂ ਦੀਪ ਸ਼ਾਲੂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ ਤੇ ਨਵ ਨਿਯੁਕਤ ਪ੍ਰਧਾਨ ਵਿਸ਼ਾਲ ਦੀਪ ਵੱਲੋਂ ਲੀਡਰਸ਼ਿਪ ਦਾ ਧੰਨਵਾਦ ਕੀਤਾ ਗਿਆ ਤੇ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਣ ਦੀ ਗੱਲ ਕੀਤੀ ਗਈ। ਇਸ ਮੌਕੇ ਸ਼ਹਿਰੀ ਪ੍ਰਧਾਨ ਕੁਲਵੰਤ ਰਾਏ ਸ਼ਰਮਾ, ਗੁਰਚਰਨ ਸਿੰਘ ਲਾਲੀ ਮੈਂਬਰ ਬਲਾਕ ਸੰਮਤੀ ਲੋਹੀਆਂ ਖਾਸ, ਗੀਨਾ ਸ਼ਰਮਾ ਵਾਰਡ ਇੰਚਾਰਜ ਵਾਰਡ ਨੰਬਰ 9, ਤਜਿੰਦਰ ਪਾਲ ਤੇਜੀ ਵਾਰਡ ਇੰਚਾਰਜ 2, ਜਥੇਦਾਰ ਗੁਰਨਾਮ ਸਿੰਘ ਖਾਲਸਾ, ਕਮਲੇਸ਼ ਰਾਣੀ, ਜੀਤ ਰਾਮ ਸਮੇਤ ਹੋਰ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਨੇ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਮਾਨਯੋਗ ਜਤਿੰਦਰ ਕੌਰ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਅਗਵਾਈ ਅਤੇ ਸ੍ਰੀ ਅਮਰਦੀਪ ਸਿੰਘ ਬੈਂਸ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਗਿਆ। ਇਸ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਅੰਮ੍ਰਿਤਸਰ ਵਿਖੇ ਇੱਕ ਵਿਸ਼ੇਸ਼ ਯੋਗਾ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਵਿੱਚ ਪਰਿੰਦਰ ਸਿੰਘ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ, ਅੰਮ੍ਰਿਤਸਰ



ਕਰਨ ਅਗਰਵਾਲ, ਜੁਡੀਸ਼ੀਅਲ ਮੈਜਿਸਟ੍ਰੇਟ (ਫਸਟ ਕਲਾਸ), ਮਿਸ ਜੈਸਮੀਨ, ਜੁਡੀਸ਼ੀਅਲ ਮੈਜਿਸਟ੍ਰੇਟ (ਫਸਟ ਕਲਾਸ), ਹਰਜਿੰਦਰ ਸਿੰਘ, ਜੁਡੀਸ਼ੀਅਲ ਮੈਜਿਸਟ੍ਰੇਟ (ਫਸਟ ਕਲਾਸ), ਮਿਸ ਕਿਰਨਦੀਪ ਕੌਰ, ਜੁਡੀਸ਼ੀਅਲ ਮੈਜਿਸਟ੍ਰੇਟ (ਫਸਟ ਕਲਾਸ) ਅੰਮ੍ਰਿਤਸਰ ਅਤੇ ਹੋਰ ਜੁਡੀਸ਼ੀਅਲ ਅਧਿਕਾਰੀਆਂ, ਅਦਾਲਤੀ ਸਟਾਫ, ਲੀਗਲ ਏਡ ਡਿਫੈਂਸ ਕੌਂਸਲ ਦੇ ਸਟਾਫ, ਪੈਨਲ ਵਕੀਲਾਂ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਦੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਯੋਗਾ ਮਾਹਿਰ ਵੱਲੋਂ ਭਾਗੀਦਾਰਾਂ ਨੂੰ ਵੱਖ-ਵੱਖ ਯੋਗ ਆਸਨਾਂ ਅਤੇ ਪ੍ਰਾਣਾਯਾਮ ਦੀਆਂ ਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਯੋਗਾ ਸਰੀਰਕ, ਮਾਨਸਿਕ ਅਤੇ ਆਤਮਿਕ ਤੰਦਰੁਸਤੀ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਸਾਰੇ ਭਾਗੀਦਾਰਾਂ ਨੂੰ ਯੋਗਾ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਟੁੱਟ ਹਿੱਸਾ ਬਣਾਉਣ, ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਨਿਯਮਿਤ ਤੌਰ 'ਤੇ ਯੋਗ ਅਭਿਆਸ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹਾਜ਼ਰ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਤੰਦਰੁਸਤ ਅਤੇ ਸੰਤੁਲਿਤ ਜੀਵਨ ਲਈ ਯੋਗਾ ਨੂੰ ਅਪਣਾਉਣ ਦਾ ਸੰਕਲਪ ਲਿਆ।

# ਸੁਜਾਨਪੁਰ ਪੁਲਸ ਵੱਲੋਂ ਸਕੂਟਰੀ ਚੋਰ ਕਾਬੂ

**ਪਠਾਨਕੋਟ (ਦਵਿੰਦਰ ਸਿੰਘ)**- ਸੁਜਾਨਪੁਰ ਪੁਲਸ ਵੱਲੋਂ ਇੱਕ ਸਕੂਟਰੀ ਚੋਰ ਨੂੰ ਸਕੂਟਰੀ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ ਐੱਚ ਓ ਸੁਜਾਨਪੁਰ ਅਰੁਣ



ਕੁਮਾਰ ਨੇ ਦੱਸਿਆ ਕਿ 19 ਜੂਨ ਨੂੰ ਕੁਲਦੀਪ ਪੁੱਤਰ ਸੰਸਾਰ ਚੰਦ ਵਾਸੀ ਸ਼ਹਿਰ ਛੰਨੀ ਆਪਣੇ ਕਿਸੇ ਕੰਮ ਸੁਜਾਨਪੁਰ ਪੁਲ ਨੰਬਰ ਚਾਰ ਤੇ ਆਇਆ ਹੋਇਆ ਸੀ ਕਿ ਜਦੋਂ ਉਹ ਸਕੂਟਰੀ ਖੜੀ ਕਰਕੇ ਆਈਸਕ੍ਰੀਮ ਖਾਣ ਗਿਆ ਅਤੇ ਆਮ ਕੇ ਦੇਖਿਆ ਤਾਂ ਉਸਦੀ ਕੋਈ ਸਕੂਟਰੀ ਚੋਰੀ ਕਰਕੇ ਲੈ ਗਿਆ ਸੀ ਜਿਸ 'ਤੇ ਪੁਲਸ ਵੱਲੋਂ ਮਾਮਲਾ ਦਰਜ ਕਰਕੇ ਕਾਨੂੰਨੀ ਕਾਰਵਾਈ ਕਰਦੇ ਹੋਏ ਸਕੂਟਰੀ ਚੋਰੀ ਕਰਨ ਵਾਲੇ ਦੋਸ਼ੀ ਰਾਹੁਲ ਚੌਧਰੀ ਪੁੱਤਰ ਰੋਸ਼ਨਦਾਨ ਵਾਸੀ ਜਾਖਿਆ ਲਾਹੜੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਉਸ ਕੋਲੋਂ ਸਕੂਟਰੀ ਬਰਾਮਦ ਕਰ ਲਈ ਹੈ।

# ਸ਼ਹੀਦ ਬਾਬਾ ਸਿੱਧ ਸੌਹ ਰੰਧਾਵਾ ਦਾ ਸਾਲਾਨਾ ਜੋੜ ਮੇਲਾ ਮਨਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹਿੰਦ-ਪਾਕਿ ਸਰਹੱਦ ਡੇਰਾ ਬਾਬਾ ਨਾਨਕ ਸ਼੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਨੇੜੇ ਗੁਰਦੁਆਰਾ ਸ਼ਹੀਦ ਬਾਬਾ ਸਿੱਧ ਸੌਹ ਰੰਧਾਵਾ ਵਿਖੇ ਪੱਖੋਕੇ ਟਾਹਲੀ ਸਾਹਿਬ ਦੇ ਰੰਧਾਵਾ ਪਰਿਵਾਰਾਂ ਵੱਲੋਂ ਐੱਨਆਰਆਈ ਵੀਰਾਂ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦ ਬਾਬਾ ਸਿੱਧ ਸੌਹ ਰੰਧਾਵਾ ਦਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਗਿਆ।ਇਸ ਮੌਕੇ ਪਹਿਲਾਂ ਤੋਂ ਰੱਖੇ ਗਏ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਗ੍ਰੰਥੀ ਸਿੰਘ ਭਾਈ ਹਰਜੋਤ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਵੱਖ-ਵੱਖ ਕੀਰਤਨੀ ਜਥਿਆਂ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ । ਇਸ ਮੌਕੇ ਭਾਈ ਨਿਸ਼ਾਨ ਸਿੰਘ ਡੇਰਾ ਪਠਾਣਾ, ਭਾਈ ਗੁਰਪ੍ਰੀਤ ਸਿੰਘ ਖਾਲਸਾ ਲੋਪੋਕੇ, ਭਾਈ ਸੁਖਜਿੰਦਰ ਸਿੰਘ ਚੀਮਾ ਖੁੱਡੀ, ਭਾਈ ਮਲੂਕ ਸਿੰਘ ਹੁਰਵਾਲ ਦੇ ਕਵੀਸ਼ਰ ਜਥੇ ਸਮੇਤ ਵੱਖ-ਵੱਖ ਜਥਿਆਂ ਵੱਲੋਂ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ ਗਿਆ ।ਇਸ ਮੌਕੇ ਰੰਧਾਵਾ ਪਰਿਵਾਰਾਂ ਤੋਂ ਇਲਾਵਾ ਇਲਾਕੇ ਦੀਆਂ ਸੰਗਤਾਂ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਤੇ ਸ਼ਹੀਦ ਬਾਬਾ ਸਿੱਧ ਸੌਹ ਰੰਧਾਵਾ ਦਾ ਅਸ਼ੀਰਵਾਦ ਪ੍ਰਾਪਤ ਕੀਤਾ ।ਇਸ ਮੌਕੇ ਸੰਗਤਾਂ ਲਈ ਲੰਗਰਾਂ ਦੀ ਸੇਵਾ ਪ੍ਰਿਤਪਾਲ ਸਿੰਘ ਰੰਧਾਵਾ ਵੱਲੋਂ ਕੀਤੀ ਗਈ ਅਤੇ ਮੇਲਾ ਪ੍ਰਬੰਧਕਾਂ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ।ਇਸ ਮੌਕੇ ਮੇਲਾ ਪ੍ਰਬੰਧਕ ਕਮੇਟੀ ਪ੍ਰਧਾਨ ਸੁਰਜੀਤ ਸਿੰਘ, ਕੌਂਸਲਰ ਗੁਰਨਾਮ ਸਿੰਘ, ਦਰਸ਼ਨ ਸਿੰਘ, ਹਰਪਾਲ ਸਿੰਘ, ਹਰਭਾਗ ਸਿੰਘ, ਰਘਬੀਰ ਸਿੰਘ, ਦਿਲਬਾਗ ਸਿੰਘ, ਰਣਜੀਤ ਸਿੰਘ, ਸੂਬਾ ਸਿੰਘ ਬਾਜਵਾ, ਰਣਜੀਤ ਸਿੰਘ ਬਾਜਵਾ, ਕੌਂਸਲਰ ਹਰਵਿੰਦਰ ਸਿੰਘ, ਤਰਲੋਚਨ ਸਿੰਘ, ਪ੍ਰਿਤਪਾਲ ਸਿੰਘ, ਸੇਵਾਦਾਰ ਬਾਬਾ ਸੁਖਦੇਵ ਸਿੰਘ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

# ਗੁ. ਸੰਤ ਸਾਗਰ ਗੈਂਡੀ ਖਾਤਾ ਦੀ ਨਵੀਂ ਇਮਾਰਤ ਦੀ ਦੂਸਰੀ ਮੰਜ਼ਿਲ ਦਾ ਲੈਂਟਰ ਮੁਕੰਮਲ



**ਝਬਾਲ: (ਹਰਜਿੰਦਰ ਸਿੰਘ ਸੋਨੀ)**- ਹਰਿਦੁਆਰ ਤੋਂ ਲੱਗਭਗ 21 ਕਿਲੋਮੀਟਰ ਨਜ਼ੀਬਾਬਾਦ ਰੋਡ 'ਤੇ ਗੈਂਡੀ ਖਾਤਾ ਵਿਖੇ ਸਥਿਤ ਪਾਵਨ ਅਸਥਾਨ ਗੁਰਦੁਆਰਾ ਸੰਤ ਸਾਗਰ ਦੀ ਬਣ ਰਹੀ ਨਵੀਂ ਸੁੰਦਰ ਇਮਾਰਤ ਦੀ ਦੂਸਰੀ ਮੰਜ਼ਿਲ ਦਾ ਲੈਂਟਰ ਪਾਇਆ ਗਿਆ।ਅਰਦਾਸ ਉਪਰੰਤ ਲੈਂਟਰ ਦੀ ਕਾਰ ਸੇਵਾ ਦੀ ਆਰੰਭਤਾ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਸ਼੍ਰੋਮਣੀ ਕਮੇਟੀ ਦੇ ਮੈਂਬਰ ਬਾਵਾ ਸਿੰਘ ਗੁਮਾਨਪੁਰਾ, ਮਹੰਤ ਜਗਜੀਤ ਸਿੰਘ ਸੰਤਪੁਰਾ, ਬਾਬਾ ਜੱਗਾ ਸਿੰਘ, ਬਾਬਾ ਜੁਝਾਰ ਸਿੰਘ ਸੈਦੋ ਲਹਿਲ, ਬਾਬਾ ਸੋਹਨ ਸਿੰਘ, ਬਾਬਾ ਪਰਮਜੀਤ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਪਰਮਜੀਤ ਸਿੰਘ, ਸੈਕਟਰੀ ਹਰਪਾਲ ਸਿੰਘ, ਮੈਂਬਰ ਅਮਰਜੀਤ ਸਿੰਘ, ਜਗਪਾਲ ਸਿੰਘ ਗਰੇਵਾਲ ਤੇ ਚੈਂਚਲ ਸਿੰਘ, ਕਰਮਜੀਤ ਸਿੰਘ ਖਹਿਰਾ ਖੈਰਾ ਢਾਬਾ, ਬਾਬਾ ਅਵਤਾਰ ਸਿੰਘ, ਬਾਬਾ ਹਰੀ ਸਿੰਘ ਤੇ ਬਾਬਾ ਰਤਨ ਸਿੰਘ ਨੇ ਕੰਕਰੀਟ ਦੇ ਪਹਿਲੇ ਬਾਲਟੇ ਪਾ ਕੇ ਕੀਤੀ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਨੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰੋਵਰ ਦੇ ਕੰਢੇ ਬਣ ਰਹੀ ਇਸ ਦੋ-ਮੰਜ਼ਿਲਾ ਸ਼ਾਨਦਾਰ ਇਮਾਰਤ ਨੂੰ ਇਸ ਤਰ੍ਹਾਂ ਤਿਆਰ ਕੀਤਾ ਜਾ ਰਿਹਾ ਹੈ ਕਿ ਭਵਿੱਖ ਵਿੱਚ ਵੱਡੇ ਧਾਰਮਿਕ ਦੀਵਾਨ, ਗੁਰਮਤਿ ਸਮਾਗਮ ਅਤੇ ਮਰਯਾਦਾ ਅਨੁਸਾਰ ਇਲਾਕੇ ਦੀ ਸੰਗਤ ਦੇ ਸਮਾਜਿਕ ਸਰੋਕਾਰ ਵੀ ਕੀਤੇ ਜਾ ਸਕਣ।ਮੁਕੰਮਲ ਹੋ ਜਾਣ ਉਪਰੰਤ ਇਹ ਅਸਥਾਨ ਸੰਗਤਾਂ ਦੀ ਸਹੂਲਤ ਅਤੇ ਗੁਰਮਤਿ ਪ੍ਰਚਾਰ ਦਾ ਵਿਸ਼ਾਲ ਕੇਂਦਰ ਬਣੇਗਾ।

ਉਨ੍ਹਾਂ ਦੱਸਿਆ ਕਿ ਇਸ ਇਮਾਰਤ ਦੇ ਗਰਾਊਂਡ ਫਲੋਰ ਨੂੰ ਇਸ ਢੰਗ ਨਾਲ ਤਿਆਰ ਕੀਤਾ ਜਾ ਰਿਹਾ ਹੈ ਕਿ ਇਥੇ ਰਸਦਾਂ ਦੀ ਸਟੋਰੇਜ ਤੋਂ ਇਲਾਵਾ ਇਲਾਕੇ ਦੀਆਂ ਸੰਗਤਾਂ ਅਨੰਦ ਕਾਰਜ, ਅੰਤਿਮ ਅਰਦਾਸਾਂ ਅਤੇ ਹੋਰ ਖੁਸ਼ੀ-ਗ਼ਮੀ ਦੇ ਸਮਾਗਮਾਂ ਵੀ ਕਰ ਸਕਣ।

# ਬੰਦੇ ਭਾਰਤ ਟ੍ਰੇਨ ਦਾ ਸਟਾਪਜ ਧਾਰੀਵਾਲ ਵੀ ਕੀਤਾ ਜਾਵੇ : ਇੰਜ ਜੇ. ਪੀ. ਸਿੰਘ

**ਧਾਰੀਵਾਲ, (ਮਨਦੀਪ ਵਿੱਕੀ)**- ਉੱਘੇ ਸਮਾਜ ਸੇਵਕ ਅਤੇ ਹਿਊਮਨ ਰਾਈਟ ਸੁਰਕਸ਼ਾ ਸੋਸਾਇਟੀ ਪੰਜਾਬ ਦੇ ਪ੍ਰਧਾਨ ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ ਨੇ ਧਾਰੀਵਾਲ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਨੇ ਬੰਦੇ ਭਾਰਤ ਟ੍ਰੇਨ ਦਾ ਅੰਮ੍ਰਿਤਸਰ ਤੋਂ ਕਟੜੇ ਵਾਲਾ ਰੂਟ ਕਰਕੇ ਮਾਤਾ ਵੈਸ਼ਨੋ ਦੇ ਦਰਸ਼ਨ ਕਰਨ ਵਾਲੇ ਜਾਣ ਵਾਲੇ ਸ਼ਰਧਾਲੂ ਨੂੰ ਇੱਕ ਬਹੁਤ ਵੱਡਾ ਤੋਹਫਾ ਦਿੱਤਾ ਹੈ।ਉਥੇ ਹੀ ਉਨ੍ਹਾਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਅੰਮ੍ਰਿਤਸਰ ਤੋਂ ਕੱਟੜਾ ਨੂੰ ਕੋਈ ਵੀ ਹੋਰ ਟ੍ਰੇਨ ਇਸ ਰੂਟ ਤੇ ਨਹੀਂ ਚੱਲਦੀ ਸੋ



ਬਹੁਤ ਸਾਰੇ ਸ਼ਰਧਾਲੂ ਧਾਰੀਵਾਲ ਤੋਂ ਮਾਤਾ ਵੈਸ਼ਨੋ ਦੇ ਦਰਸ਼ਨਾਂ ਲਈ ਜਾਂਦੇ ਹਨ। ਉਨ੍ਹਾਂ ਨੇ ਕੇਂਦਰ ਸਰਕਾਰ ਤੋਂ ਤੇ ਕੇਂਦਰੀ ਰੇਲ ਮੰਤਰੀ ਤੋਂ ਮੰਗ ਕੀਤੀ ਹੈ ਕਿ ਇਸ ਟਰੇਨ ਦਾ ਸਟਾਪਜ ਧਾਰੀਵਾਲ ਵੀ ਕੀਤਾ ਜਾਵੇ। ਧਾਰੀਵਾਲ ਸ਼ਹਿਰ ਗੁਰਦਾਸਪੁਰ ਜ਼ਿਲ੍ਹੇ ਦਾ ਬਹੁਤ ਪੁਰਾਣਾ ਤੇ ਇਤਿਹਾਸਕ ਸ਼ਹਿਰ ਹੈ।ਇਹ ਟ੍ਰੇਨ ਧਾਰੀਵਾਲ ਵਿਖੇ ਰੁਕਣ ਨਾਲ ਇਥੋਂ ਦੇ ਵਸਨੀਕਾਂ ਨੂੰ ਬਹੁਤ ਫਾਇਦਾ ਹੋਏਗਾ।

# ਸਠਿਆਲੀ ਨਹਿਰ 'ਚ ਪਾੜ ਪੈਣ ਕਾਰਨ ਲੋਕਾਂ ਨੂੰ ਝੱਲਣਾ ਪਿਆ ਵੱਡਾ ਨੁਕਸਾਨ

**ਗੁਰਦਾਸਪੁਰ, ਧਾਰੀਵਾਲ (ਜਨਕ ਮਹਾਜਨ, ਮਨਦੀਪ ਵਿੱਕੀ)**- ਸਠਿਆਲੀ ਹੈਡ ਵਰਕਸ ਤੋਂ ਨਿਕਲਦੀ ਨਹਿਰ ਵਿਚ ਅਚਾਨਕ ਰਾਤ 2 ਵਜੇ ਦੇ ਕਰੀਬ ਡੂੰਘਾ 40 ਫੁੱਟ ਦਾ ਪਾੜ ਕਰਕੇ ਨਜ਼ਦੀਕ ਪਿੰਡਾਂ ਅੰਦਰ



ਪਾਣੀ ਭਰ ਜਾਣ ਨਾਲ ਲੋਕਾਂ ਦਾ ਕਾਫ਼ੀ ਨੁਕਸਾਨ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਇਲਾਕੇ ਦੇ ਕਿਸਾਨਾਂ ਅਤੇ ਪਿੰਡਾਂ ਦੇ ਲੋਕਾਂ ਨੇ ਦੱਸਿਆ ਕਿ ਕੁਝ ਦਹਾਕੇ ਪਹਿਲਾਂ ਵੀ ਇਹ ਨਹਿਰ ਟੁੱਟੀ ਸੀ ਤਾਂ ਉਸ ਸਮੇਂ ਵੀ ਲੋਕਾਂ ਦਾ ਕਾਫ਼ੀ ਨੁਕਸਾਨ ਹੋਇਆ ਸੀ। ਮਹਿਕਮੇ ਵੱਲੋਂ ਪੁਖ਼ਤਾ ਪ੍ਰਬੰਧ ਨਾ ਕਰਨ ਕਰਕੇ ਹੁਣ ਫਿਰ ਇਕ ਵਾਰ ਨਹਿਰ ਟੁੱਟ ਗਈ ਹੈ। ਘਟਨਾ ਸਥਾਨ 'ਤੇ ਪਹੁੰਚੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਨਹਿਰ ਦੇ ਟੁੱਟਣ ਨਾਲ ਹੋਏ ਨੁਕਸਾਨ ਦੀ ਰਿਪੋਰਟ ਪੰਜਾਬ ਸਰਕਾਰ ਨੂੰ ਭੇਜ ਦਿੱਤੀ ਜਾਵੇਗੀ ਅਤੇ ਲੋਕਾਂ ਨੂੰ ਬਣਦਾ ਮੁਆਵਜ਼ਾ ਦਿਵਾਇਆ ਜਾਵੇਗਾ। ਲੋਕਾਂ ਨੇ ਕਿਹਾ ਕਿ ਸਰਕਾਰ ਨੂੰ ਕੱਚੀਆਂ ਨਹਿਰਾਂ ਨੂੰ ਪੱਕਿਆਂ ਕਰਨਾ ਚਾਹੀਦਾ ਹੈ ਜਿਸ ਨਾਲ ਦੁਬਾਰਾ ਨਹਿਰਾਂ ਨਾ ਟੁੱਟ ਸਕਣ ਅਤੇ ਨਾ ਹੀ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਹੋ ਸਕੇ। ਜ਼ਿਲ੍ਹਾ ਪ੍ਰਸ਼ਾਸਨ ਵਲੋਂ ਖ਼ਬਰ ਮਿਲਣ 'ਤੇ ਮਾਲ ਮਹਿਕਮੇ ਤੇ ਹੋਰ ਅਧਿਕਾਰੀ ਭੇਜ ਕੇ ਇਸ ਦੀ ਜਾਂਚ ਕਰਨ ਦੇ ਹੁਕਮ ਦਿੱਤੇ ਹਨ। ਮਹਿਕਮੇ ਨੂੰ ਨਹਿਰ ਟੁਟਣ ਦੀ ਖ਼ਬਰ ਮਿਲੀ ਤਾਂ ਉਨ੍ਹਾਂ ਪਾਣੀ ਦੀ ਗੁਣਵਤਾ ਘਟਾਉਣ ਲਈ ਸਠਿਆਲੀ ਨਹਿਰ ਦਾ ਪਾਣੀ ਬੰਦ ਕਰ ਦਿੱਤਾ ਗਿਆ।

# ਹੈਰੋਇਨ ਸਮੇਤ ਨਸ਼ਾ ਤਸਕਰ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਦੇ ਐੱਸ. ਆਈ. ਸੋਮ ਲਾਲ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਬੈਕ ਸਾਈਡ ਨਵਾਂ ਬੱਸ ਸਟੈਂਡ ਤੋਂ ਮੋਸਮ ਪੁੱਤਰ ਰਜਿੰਦਰ ਕਮਾਰ ਵਾਸੀ ਨੰਗਲ ਕੋਟਲੀ ਮੁਹੱਲਾ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋਂ 25 ਗ੍ਰਾਮ ਹੈਰੋਇਨ ਬਰਾਮਦ ਹੋਈ। ਤਲਾਸ਼ੀ ਕਰਨ ਤੇ ਇਸ ਕੋਲੋਂ ਇੱਕ ਇਲੈਕਟਰੋਨਿਕ ਕੰਡਾ ਵੀ ਬਰਾਮਦ ਹੋਇਆ ਹੈ। ਪੁਲਸ ਨੇ ਉਕਤ ਨਸ਼ਾ ਤਸਕਰ ਖ਼ਿਲਾਫ਼ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਜ਼ਖਮੀ ਹਾਲਤ 'ਚ ਅਣਪਛਾਤੀ ਔਰਤ ਦੀ ਲਾਸ਼ ਮਿਲੀ

**ਮਜੀਠਾ (ਸੋਇਮ ਆਨੰਦ)**- ਹਲਕਾ ਮਜੀਠਾ ਦੇ ਪਿੰਡ ਨੰਗਲ ਪੰਨਵਾਂ ਸਥਿਤ ਸੜਕ ਤੋਂ ਇੱਕ ਅਣਪਛਾਤੀ ਔਰਤ ਦੀ ਜ਼ਖਮੀ ਹਾਲਤ ਵਿੱਚ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਘਟਨਾ ਦੀ ਸੂਚਨਾ ਮਿਲਣ ਉਪਰੰਤ ਥਾਣਾ ਮਜੀਠਾ ਦੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



ਥਾਣਾ ਮਜੀਠਾ ਵਿਖੇ ਤਾਇਨਾਤ ਏਐੱਸਆਈ ਮੇਜਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਨੰਗਲ ਪੰਨਵਾਂ ਸਥਿਤ ਸੜਕ ਤੋਂ ਇੱਕ ਅਣਪਛਾਤੀ ਔਰਤ ਦੀ ਲਾਸ਼ ਜ਼ਖਮੀ ਹਾਲਤ ਵਿੱਚ ਮਿਲੀ ਹੈ।ਮੁੱਢਲੀ ਜਾਂਚ ਦੌਰਾਨ ਇਹ ਮਾਮਲਾ ਸੜਕੀ ਦੁਰਘਟਨਾ ਨਾਲ ਸਬੰਧਤ ਜਾਪਦਾ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਔਰਤ ਦੀ ਉਮਰ ਕਰੀਬ 50 ਤੋਂ 55 ਸਾਲ ਦੇ ਵਿਚਕਾਰ ਹੈ।ਪੁਲਸ ਅਨੁਸਾਰ ਮ੍ਰਿਤਕ ਔਰਤ ਨੇ ਗਰੇਅ ਰੰਗ ਦਾ ਕੁੜਤਾ ਅਤੇ ਕਾਲੇ ਰੰਗ ਦੀ ਪਜਾਮੀ ਪਹਿਨੀ ਹੋਈ ਸੀ।ਖ਼ਬਰ ਲਿਖੇ ਜਾਣ ਤੱਕ ਔਰਤ ਦੀ ਪਛਾਣ ਨਹੀਂ ਹੋ ਸਕੀ।ਪੁਲਸ ਵੱਲੋਂ ਮ੍ਰਿਤਕਾ ਦੀ ਲਾਸ਼ ਨੂੰ ਪਛਾਣ ਲਈ 72 ਘੰਟਿਆਂ ਵਾਸਤੇ ਸਿਵਲ ਹਸਪਤਾਲ ਅੰਮ੍ਰਿਤਸਰ ਦੇ ਮੁਰਦਾਖਾਨੇ ਵਿੱਚ ਰੱਖਵਾਇਆ ਗਿਆ ਹੈ।ਏਐੱਸਆਈ ਮੇਜਰ ਸਿੰਘ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਨੂੰ ਇਸ ਅਣਪਛਾਤੀ ਮ੍ਰਿਤਕ ਔਰਤ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਉਹ ਤੁਰੰਤ ਥਾਣਾ ਮਜੀਠਾ ਵਿਖੇ ਮੁਨਸ਼ੀ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਮ੍ਰਿਤਕਾ ਦੀ ਸ਼ਨਾਖਤ ਕਰਕੇ ਲਾਸ਼ ਉਸ ਦੇ ਪਰਿਵਾਰਕ ਮੈਂਬਰਾਂ ਹਵਾਲੇ ਕੀਤੀ ਜਾ ਸਕੇ।

# ਬਾਬਾ ਬੁੱਢਾ ਸਾਹਿਬ ਗੁਰਮਤਿ ਵਿਦਿਆਲੇ ਦੀ ਨਵੀਂ ਇਮਾਰਤ ਦਾ ਲੈਂਟਰ ਪਾਇਆ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਧਾਰਮਿਕ ਸਿੱਖਿਆ ਦੇ ਪ੍ਰਚਾਰ ਅਤੇ ਪ੍ਰਸਾਰ ਨੂੰ ਸਮਰਪਿਤ ਬਾਬਾ ਬੁੱਢਾ ਸਾਹਿਬ ਗੁਰਮਤਿ ਵਿਦਿਆਲਾ ਪਿੰਡ ਚੇਤਨਪੁਰਾ ਦੀ ਨਵੀਂ ਇਮਾਰਤ ਦਾ ਲੈਂਟਰ ਬੀਤੇ



ਦਿਨ ਸੰਗਤਾਂ ਦੇ ਭਾਰੀ ਸਹਿਯੋਗ ਨਾਲ ਪਾਇਆ ਗਿਆ।ਇਸ ਮੌਕੇ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਤਨ, ਮਨ ਅਤੇ ਧਨ ਨਾਲ ਸੇਵਾ ਨਿਭਾਈ।ਵਿਦਿਆਲੇ ਦੇ ਮੁਖੀ ਬਾਬਾ ਬਲਜੀਤ ਸਿੰਘ ਕੰਦੋਵਾਲੀ ਪ੍ਰਧਾਨ ਬਲਵਿੰਦਰ ਸਿੰਘ ਸੰਤੂ ਨੰਗਲ ਵਾਲਿਆਂ ਨੇ ਦੱਸਿਆ ਕਿ ਇਸ ਗੁਰਮਤਿ ਵਿਦਿਆਲੇ ਵਿੱਚ ਵਿਦਿਆਰਥੀਆਂ ਨੂੰ ਧਾਰਮਿਕ ਵਿਦਿਆ, ਗੁਰਬਾਣੀ ਕੰਠ, ਕੀਰਤਨ ਅਤੇ ਸੰਥਿਆ ਦੀ ਸਿੱਖਿਆ ਮੁਫ਼ਤ ਪ੍ਰਦਾਨ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਖ਼ਸ਼ਿਸ਼ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਵਿਦਿਆਲੇ ਦੀ ਇਮਾਰਤ ਦਾ ਕੰਮ ਲਗਾਤਾਰ ਅੱਗੇ ਵੱਧ ਰਿਹਾ ਹੈ।ਨਵੀਂ ਇਮਾਰਤ ਦਾ ਲੈਂਟਰ ਪਾਉਣ ਮੌਕੇ ਭਾਈ ਮਨਿੰਦਰ ਸਿੰਘ ਦਬੁਰਜੀ, ਬਾਬਾ ਪ੍ਰਭਜੀਤ ਸਿੰਘ ਕਾਰ ਸੇਵਾ ਵਾਲੇ, ਮਾਤਾ ਰਾਜ ਕੌਰ ਚੇਤਨਪੁਰਾ, ਭਾਈ ਗੁਰਜੀਤ ਸਿੰਘ ਕੁੱਲੀ ਵਾਲੇ, ਸਰਪੰਚ ਜਸਬੀਰ ਸਿੰਘ ਸੰਤੂ ਨੰਗਲ, ਸਰਪੰਚ ਹਰਪ੍ਰੀਤ ਸਿੰਘ ਕੰਦੋਵਾਲੀ, ਭਾਈ ਬਲਰਾਜ ਸਿੰਘ ਹੈੱਡ ਗ੍ਰੰਥੀ ਪਿਪਲੀ ਸਾਹਿਬ, ਭਾਈ ਅੰਮ੍ਰਿਤਪਾਲ ਸਿੰਘ ਗੁਰੂ ਕੇ ਬਾਗ, ਭਾਈ ਗੁਰਪ੍ਰੀਤ ਸਿੰਘ ਮਹਿਲ ਜੰਡਿਆਲਾ, ਰਤਨ ਸਿੰਘ, ਭਾਈ ਜੁਗਰਾਜ ਸਿੰਘ ਕੈਨੇਡਾ, ਕੁਲਵੰਤ ਸਿੰਘ ਦੋਧੀ, ਗੁਰਜੀਤ ਸਿੰਘ, ਰਵੇਲ ਸਿੰਘ, ਅਨੋਖ ਸਿੰਘ ਪਠਾਨ ਨੰਗਲ, ਬਾਬਾ ਕੇਵਲ ਸਿੰਘ ਮੱਝੂਪੁਰਾ, ਭਜਨ ਸਿੰਘ ਚੇਤਨਪੁਰਾ ਅਤੇ ਅਵਤਾਰ ਸਿੰਘ ਦੋਧੀ ਸਮੇਤ ਹੋਰ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।ਇਸ ਮੌਕੇ ਬਾਬਾ ਕੁਲਵਿੰਦਰ ਸਿੰਘ ਜੀ ਦਬੁਰਜੀ ਵਾਲੇ (ਨਾਨਕ ਨਾਮ ਜਹਾਜ਼ ਹੈ) ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰਮਤਿ ਸਿੱਖਿਆ ਹੀ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ ਨਾਲ ਜੋੜ ਸਕਦੀ ਹੈ।

ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਧਾਰਮਿਕ ਅਤੇ ਵਿਦਿਅਕ ਸੰਸਥਾਵਾਂ ਦੇ ਵਿਕਾਸ ਲਈ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਗੁਰਬਾਣੀ ਅਤੇ ਸਿੱਖੀ ਨਾਲ ਜੁੜ ਸਕਨ।

# ਬਾਕਸਰ ਜਗਤੇਸ਼ਵਰ ਸਿੰਘ ਗਿੱਲ ਕਰੇਗਾ ਨੈਸ਼ਨਲ ਖੇਡਾਂ 'ਚ ਪੰਜਾਬ ਦੀ ਨੁਮਾਇੰਦਗੀ

**ਧਾਰੀਵਾਲ, (ਮਨਦੀਪ ਵਿੱਕੀ)**- ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਚਲ ਰਹੇ ਜੀ. ਜੀ. ਐੱਸ. ਬਾਕਸਿੰਗ ਕਲੱਬ ਦਾ ਖਿਡਾਰੀ ਜਗਤੇਸ਼ਵਰ ਸਿੰਘ ਗਿੱਲ ਜਲੰਧਰ ਵਿਖੇ ਹੋਣ ਵਾਲੀਆਂ ਨੈਸ਼ਨਲ ਖੇਡਾਂ ਵਿੱਚ ਪੰਜਾਬ ਵੱਲੋਂ ਖੇਡਣ ਜਾ ਰਿਹਾ ਹੈ। ਇਸ ਬਾਬਤ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਬਾਕਸਿੰਗ ਫੈਡਰੇਸ਼ਨ ਆਫ



ਇੰਡੀਆ ਵੱਲੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਚ 23 ਜੂਨ ਤੋਂ ਲੈ ਕੇ 29 ਜੂਨ ਤੱਕ ਲੜਕੇ ਅਤੇ ਲੜਕੀਆਂ ਦੀ 5ਵੀਂ ਸਬ ਜੂਨੀਅਰ (ਅੰਡਰ-15) ਦੀ ਨੈਸ਼ਨਲ ਬਾਕਸਿੰਗ ਚੈਂਪੀਅਨਸ਼ਿਪ ਕਰਵਾਈ ਜਾ ਰਹੀ ਹੈ। ਇਸ ਹੋਣ ਵਾਲੀ ਚੈਂਪੀਅਨਸ਼ਿਪ ਵਿੱਚ ਕਲੱਬ ਦਾ ਖਿਡਾਰੀ ਸਟੇਟ ਗੋਲਡ ਮੈਡਲਿਸਟ ਜਗਤੇਸ਼ਵਰ ਸਿੰਘ ਗਿੱਲ 58-61 ਕਿਲੋ ਭਾਰ ਵਰਗ ਵਿੱਚ ਪੰਜਾਬ ਵੱਲੋਂ ਖੇਡਣ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਬੱਚੇ ਦੀ ਸਫਲਤਾ ਪਿੱਛੇ ਉਸਦੇ ਮਾਤਾ-ਪਿਤਾ ਤੋਂ ਇਲਾਵਾ ਕੋਚ ਨਵਤੇਜ ਸਿੰਘ ਤੇ ਕੋਚ ਗੁਰਪ੍ਰੀਤ ਕੌਰ ਦੇ ਨਾਲ-ਨਾਲ ਕਲੱਬ ਦੇ ਬਾਕੀ ਖਿਡਾਰੀਆਂ ਅਤੇ ਇਸ ਬੱਚੇ ਦੀ ਸਵੇਰੇ ਸ਼ਾਮ ਕੀਤੀ ਗਈ ਸਖਤ ਮਿਹਨਤ ਦਾ ਨਤੀਜਾ ਹੈ।

ਇਸ ਮੌਕੇ ਸਕੂਲ ਡਾਇਰੈਕਟਰ ਡਾ. ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ ਅਤੇ ਸੁਖਮੀਤ ਕੌਰ ਨੇ ਇਸ ਬੱਚੇ ਅਤੇ ਕੋਚ ਨਵਤੇਜ ਸਿੰਘ ਤੇ ਕੋਚ ਗੁਰਪ੍ਰੀਤ ਕੌਰ ਨੂੰ ਮੁਬਾਰਕਬਾਦ ਦਿੱਤੀ ਅਤੇ ਸ਼ੁੱਭ ਇਛਾਵਾਂ ਦਿੰਦੇ ਹੋਏ ਅਗਾਂਹ ਤੋਂ ਹੋਰ ਮਿਹਨਤ ਕਰਕੇ ਨੈਸ਼ਨਲ ਲੈਵਲ ਤੇ ਮੈਡਲ ਜਿੱਤਣ ਲਈ ਪ੍ਰੇਰਿਤ ਕੀਤਾ।

## ਸੈਂਕੜੇ ਏਕੜ ਫਸਲ ਪਾਣੀ 'ਚ ਡੁੱਬ ਕੇ ਤਬਾਹ; ਕਿਸਾਨਾਂ ਵੱਲੋਂ ਮੁਆਵਜ਼ੇ ਦੀ ਮੰਗ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਰਜਬਾਹਾ ਤਰਨ ਤਾਰਨ ਜੋ ਕਿ ਰਸੂਲਪੁਰ ਘਰਾਟਾਂ ਤੋਂ ਨਿਕਲ ਕੇ ਸ਼ਭਾਜਪੁਰ ਨੂੰ ਜਾਂਦਾ ਹੈ, ਨੂੰ ਤੜਕੇ ਤਿੰਨ ਵਜੇ ਜੋਧਪੁਰ ਵਾਲੇ ਪਾਸੇ ਤੋਂ ਪਾੜ ਪੈਣ ਕਾਰਨ ਸੈਂਕੜੇ ਏਕੜ ਝੋਨੇ ਦੀ ਫਸਲ,



ਸਬਜ਼ੀਆਂ, ਪਨੀਰੀ ਆਦਿ ਪਾਣੀ ਵਿੱਚ ਡੁੱਬ ਕੇ ਤਬਾਹ ਹੋ ਗਈਆਂ ਜਿਸ ਵਿੱਚ ਪਿੰਡ ਚੁਤਾਲਾ ਅਤੇ ਪਿੰਡ ਜੋਧਪੁਰ ਦਾ ਰਕਬਾ ਵੀ ਆਉਂਦਾ ਹੈ। ਪਿੰਡ ਜੋਧਪੁਰ ਵਿੱਚ ਪਿੰਡ ਮੁਰਗੀਖਾਨਾ ਵੀ ਪਾਣੀ ਦੀ ਭੇਟ ਚੜ੍ਹ ਗਿਆ। ਇਸ ਮੌਕੇ ਪਿੰਡ ਚੁਤਾਲਾ ਅਤੇ ਜੋਧਪੁਰ ਦੇ ਸੈਂਕੜੇ ਕਿਸਾਨ ਇਕੱਠੇ ਹੋਏ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਤੇ ਪ੍ਰੈੱਸ ਸਕੱਤਰ ਤਜਿੰਦਰਪਾਲ ਸਿੰਘ ਰਸੂਲਪੁਰ ਨੇ ਕਿਹਾ ਕਿ ਇਸ ਰਜਬਾਹੇ ਨੂੰ ਐਤਕੀਂ ਸੀਜ਼ਨ ਤੋਂ ਪਹਿਲਾਂ ਇਸ ਦੀ ਸਫਾਈ ਨਹੀਂ ਕੀਤੀ ਗਈ ਅਤੇ ਹਨੇਰੀ ਨਾਲ ਰੁੱਖ ਟੁੱਟ ਕੇ ਸੂਏ ਵਿੱਚ ਡਿੱਗ ਗਏ ਜਿਸ ਨਾਲ ਪਿੱਛੇ ਡਾਫ ਲੱਗ ਕੇ ਸੂਏ ਦੀ ਪਟੜੀ ਤੋਂ ਪਾਣੀ ਉੱਛਲ ਗਿਆ ਹੈ। ਕਿਸਾਨ ਆਗੂ ਪ੍ਰਗਟ ਸਿੰਘ, ਪਾਲ ਸਿੰਘ, ਬਲਜਿੰਦਰ ਸਿੰਘ, ਤਰਸੇਮ ਸਿੰਘ ਨੇ ਕਿਹਾ ਕਿ ਸੂਏ ਵਿੱਚ ਪਾਣੀ ਦਾ ਪੱਧਰ ਥੋੜ੍ਹਾ ਘਟਾ ਕੇ ਸੂਏ ਦੀ ਸਫਾਈ ਕੀਤੀ ਜਾਵੇ ਅਤੇ ਹਨੇਰੀ ਨਾਲ ਟੁੱਟੇ ਰੁੱਖ ਸੂਏ ਵਿੱਚੋਂ ਬਾਹਰ ਕੱਢੇ ਜਾਣ ਜਿਸ ਨਾਲ ਪਾਣੀ ਟੇਲ ਤੱਕ ਪੁੱਜਦਾ ਹੋਵੇ। ਇਕੱਠੇ ਹੋਏ ਕਿਸਾਨਾਂ ਨੇ ਨਹਿਰੀ ਵਿਭਾਗ ਦੇ ਜੇਈ ਬੀਬੀ ਕਾਜਲਪ੍ਰੀਤ ਨਾਲ ਸਵਾਲ ਜਵਾਬ ਵੀ ਕੀਤੇ ਪਰ ਉਨ੍ਹਾਂ ਕੋਲ ਕਿਸਾਨਾਂ ਦੇ ਸਵਾਲਾਂ ਦਾ ਕੋਈ ਜਵਾਬ ਨਹੀਂ ਸੀ। ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਪਾਣੀ ਨਾਲ ਡੁੱਬੀ ਫਸਲ ਦੀ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਮੁਆਵਜ਼ਾ ਦਿੱਤਾ ਜਾਵੇ। ਜੇਕਰ ਸਰਕਾਰ ਨੇ ਇਸ ਦੀ ਮੁਰੰਮਤ ਕਰਨ ਵਿੱਚ ਢਿੱਲ ਮੱਠ ਵਿਖਾਈ ਤਾਂ ਦੋਹਾਂ ਪਿੰਡਾਂ ਦੇ ਕਿਸਾਨਾਂ ਨੂੰ ਨਾਲ ਲੈ ਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਸਰਕਾਰ ਖਿਲਾਫ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਹਰਪਾਲ ਸਿੰਘ, ਨਰਿੰਦਰ ਸਿੰਘ, ਬਲਬੀਰ ਸਿੰਘ, ਅੰਗਰੇਜ਼ ਸਿੰਘ, ਸਾਹਿਬ ਸਿੰਘ, ਨਛੱਤਰ ਸਿੰਘ ਆਦਿ ਆਗੂ ਹਾਜ਼ਰ ਸਨ।

## ਐੱਨ ਸੀ ਸੀ ਕੈਡੇਟਾਂ ਨੇ ਮਨਾਇਆ ਵਿਸ਼ਵ ਯੋਗ ਦਿਵਸ

**ਪਠਾਨਕੋਟ, (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿੱਚ ਆਯੋਜਿਤ ਐੱਨ ਸੀ ਸੀ ਕੰਬਾਈਨਡ ਐਨੂਅਲ ਟ੍ਰੇਨਿੰਗ ਕੈਂਪ ਦੌਰਾਨ ਅੰਤਰਰਾਸ਼ਟਰੀ ਯੋਗ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ।ਕੈਂਪ ਵਿੱਚ ਸ਼ਾਮਲ ਲਗਭਗ 400 ਐੱਨਸੀਸੀ ਕੈਡੇਟਾਂ ਨੇ ਵੱਖ-ਵੱਖ ਯੋਗ ਆਸਣ ਅਤੇ ਪ੍ਰਾਣਾਯਾਮ ਕਰਕੇ ਇਸ ਵਿਸ਼ੇਸ਼ ਦਿਵਸ ਨੂੰ ਸਮੂਹਿਕ ਤੌਰ 'ਤੇ ਮਨਾਇਆ।ਯੋਗ ਸੈਸ਼ਨ ਨੇ ਕੈਡੇਟਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ, ਸਵੈ-ਅਨੁਸ਼ਾਸਨ, ਮਾਨਸਿਕ ਦ੍ਰਿੜਤਾ ਅਤੇ ਸੁਚੇਤਤਾ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ, ਜੋ ਕਿ ਜ਼ਿੰਮੇਵਾਰ ਨਾਗਰਿਕ ਅਤੇ ਭਵਿੱਖ ਦੇ ਨੇਤਾ ਲਈ ਬਹੁਤ ਜ਼ਰੂਰੀ ਗੁਣ ਹਨ।ਕੈਡੇਟਾਂ ਨੂੰ ਸੰਬੋਧਨ ਕਰਦਿਆਂ ਕੈਂਪ ਕਮਾਂਡੈਂਟ ਕਰਨਲ ਐਨ. ਨਿਸ਼ਾਂਤ ਨੇ ਕਿਹਾ ਕਿ ਯੋਗ ਸਰੀਰਕ ਸਹਿਨਸ਼ਕਤੀ ਅਤੇ ਮਾਨਸਿਕ ਮਜ਼ਬੂਤੀ ਨੂੰ ਕਾਇਮ ਰੱਖਣ ਦਾ ਇੱਕ ਅਮੂਲ ਸਾਧਨ ਹੈ।ਉਨ੍ਹਾਂ ਕੈਡੇਟਾਂ ਨੂੰ ਆਪਣੀ ਰੋਜ਼ਾਨਾ ਦਿਨਚਰਿਆ ਵਿੱਚ ਨਿਯਮਿਤ ਤੌਰ ਤੇ ਯੋਗ ਨੂੰ ਸ਼ਾਮਲ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਆਪਣੀ ਸਿਹਤ ਅਤੇ ਫਿਟਨੈੱਸ ਨੂੰ ਹੋਰ ਬਿਹਤਰ ਬਣਾ ਸਕਣ।ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸੈਨੀ ਮਹਾਜਨ ਨੇ ਕੈਡੇਟਾਂ ਨੂੰ ਉਨ੍ਹਾਂ ਦੀ ਉਤਸ਼ਾਹਪੂਰਨ ਭਾਗੀਦਾਰੀ ਲਈ ਵਧਾਈ ਦਿੱਤੀ।




ਉਨ੍ਹਾਂ ਕਿਹਾ ਕਿ ਨਿਯਮਿਤ ਯੋਗ ਅਭਿਆਸ ਵਿਦਿਆਰਥੀਆਂ ਨੂੰ ਸੰਤੁਲਿਤ ਜੀਵਨ ਸ਼ੈਲੀ ਅਪਣਾਉਣ ਵਿੱਚ ਮਦਦ ਕਰਦਾ ਹੈ ਅਤੇ ਉਨ੍ਹਾਂ ਦੀ ਇਕਾਗਰਤਾ, ਆਤਮ-ਵਿਸ਼ਵਾਸ ਅਤੇ ਭਾਵਨਾਤਮਕ ਸਥਿਰਤਾ ਨੂੰ ਵਧਾਉਂਦਾ ਹੈ।ਪ੍ਰਤਾਪ ਵਰਲਡ ਸਕੂਲ ਦੀ ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਯੋਗ ਵਿਦਿਆਰਥੀਆਂ ਅਤੇ ਕੈਡੇਟਾਂ ਦੇ ਸਰਬਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਸਭ ਨੂੰ ਯੋਗ ਨੂੰ ਜੀਵਨ ਦਾ ਅਟੁੱਟ ਹਿੱਸਾ ਬਣਾਉਣ ਅਤੇ ਸਿਹਤਮੰਦ ਅਤੇ ਸਫਲ ਭਵਿੱਖ ਲਈ ਨਿਯਮਿਤ ਤੌਰ ਤੇ ਇਸ ਦਾ ਅਭਿਆਸ ਕਰਨ ਲਈ ਪ੍ਰੇਰਿਤ ਕੀਤਾ।

## ਨਸ਼ਿਆਂ ਤੇ ਸਮਾਜਿਕ ਬੁਰਾਈਆਂ ਵਿਰੁੱਧ ਕੱਢਿਆ ਰੋਡ ਸ਼ੋਅ; ਲੋਕਾਂ ਨੇ ਥਾਂ-ਥਾਂ ਕੀਤਾ ਭਰਵਾਂ ਸਵਾਗਤ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਮਾਝੇ ਦੇ ਇਤਿਹਾਸਕ ਪਵਿੱਤਰ ਅਸਥਾਨ ਗੁਰਦੁਆਰਾ ਬਾਬਾ ਬੁੱਢਾ ਜੀ ਬੀੜ ਸਾਹਿਬ ਵਿਖੇ ਹਲਕਾ ਤਰਨਤਾਰਨ ਤੋਂ ਨੌਜਵਾਨ ਆਗੂ ਭਗਵਾਨ ਸਿੰਘ ਅੱਜ ਹਜ਼ਾਰਾਂ ਨੌਜਵਾਨ ਸਮਰਥਕਾਂ ਨਾਲ ਨਤਮਸਤਕ



ਹੋਏ।ਜਿੱਥੇ ਉਨ੍ਹਾਂ ਨੇ ਮੱਥਾ ਟੇਕ ਕੇ ਗੁਰੂ ਸਾਹਿਬ ਦਾ ਓਟ ਆਸਰਾ ਲੈਂਦਿਆਂ, ਨਸ਼ਾ ਮੁਕਤ ਪੰਜਾਬ ਤਹਿਤ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ, ਸਮਾਜਿਕ ਬੁਰਾਈਆਂ ਵਿਰੁੱਧ ਆਵਾਜ਼ ਬੁਲੰਦ ਕਰਨ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਿੱਥੇ ਉਨ੍ਹਾਂ ਨੂੰ ਬਾਬਾ ਬੁੱਢਾ ਸਾਹਿਬ ਦੀ ਯਾਦਗਾਰੀ ਤਸਵੀਰ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਪਹਿਲਾਂ ਸ੍ਰੀ ਤਰਨਤਾਰਨ ਸਾਹਿਬ ਤੋਂ ਨੌਜਵਾਨ ਆਗੂ ਭਗਵਾਨ ਸਿੰਘ ਦੀ ਅਗਵਾਈ ਹੇਠ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸੈਂਕੜੇ ਗੱਡੀਆਂ ਵਿੱਚ ਸਵਾਰ ਹਜ਼ਾਰਾਂ ਨੌਜਵਾਨਾਂ ਦਾ ਵੱਡਾ ਕਾਫਲਾ ਰਵਾਨਾ ਹੋਇਆ।ਇਸ ਕਾਫਲੇ ਦੇ ਆਗੂ ਨੌਜਵਾਨ ਭਗਵਾਨ ਸਿੰਘ ਦਾ ਬਾਈਪਾਸ, ਕਾਜ਼ੀ ਕੋਟ, ਨੂਰਦੀ, ਕੋਟ ਧਰਮ ਚੰਦ ਖੁਰਦ, ਕੋਟ ਧਰਮ ਚੰਦ ਕਲਾਂ, ਬਾਬਾ ਫਰੀਲ ਸਿੰਘ ਵਾਲਾ, ਕਸਬਾ ਝਬਾਲ, ਅੱਡਾ ਝਬਾਲ, ਠੱਠਾ ਆਦਿ ਦੇ ਨੌਜਵਾਨਾਂ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕਰਦੇ ਫੁੱਲਾਂ ਦੇ ਹਾਰ ਅਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਨੌਜਵਾਨ ਆਗੂ ਭਗਵਾਨ ਸਿੰਘ ਨੇ ਦੱਸਿਆ ਕਿ ਇਸ ਵੇਲੇ ਪੰਜਾਬ ਦੇ ਹਾਲਾਤ ਬਹੁਤ ਖਰਾਬ ਹਨ। ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਆਪਣਾ ਜੀਵਨ ਗੁਆ ਰਹੇ ਹਨ ਜਿਸ ਲਈ ਉਨ੍ਹਾਂ ਵੱਲੋਂ ਹਲਕਾ ਤਰਨਤਾਰਨ ਦੇ ਨੌਜਵਾਨਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕਰਨ ਦਾ ਫੈਸਲਾ ਲਿਆ ਹੈ।ਉਨ੍ਹਾਂ ਨੌਜਵਾਨਾਂ ਨੂੰ ਨਸ਼ਾ ਨਹੀਂ ਜ਼ਿੰਦਗੀ ਚੁਣਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਪੁੱਜੇ ਸਮਰਥਕ ਨੌਜਵਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਧੰਨਵਾਦੀ ਹਨ ਜੋ ਇੱਕ ਸੱਦੇ 'ਤੇ ਹਜ਼ਾਰਾਂ ਦੀ ਗਿਣਤੀ ਵਿੱਚ ਕਾਫਲੇ ਵਿਚ ਸ਼ਾਮਿਲ ਹੋਏ ਹਨ।

## ਸਰਕਾਰੀ ਸਕੀਮਾਂ ਦਾ ਲਾਭ ਬਿਨਾਂ ਕਿਸੇ ਵਿਤਕਰੇ ਦੇ ਹਰ ਨਾਗਰਿਕ ਤੱਕ ਪਹੁੰਚੇ: ਤਲਬੀਰ ਸਿੰਘ ਗਿੱਲ

**ਮਜੀਠਾ (ਸੋਇਮ ਆਨੰਦ)**- ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਵਿੱਚ ਇੱਕ ਵਿਸ਼ਾਲ ਮੀਟਿੰਗ ਦਾ ਆਯੋਜਨ ਉਨ੍ਹਾਂ ਦਾ ਗ੍ਰਹਿ ਵਿਖੇ ਕੀਤਾ ਗਿਆ ਜਿਸ ਵਿੱਚ ਸਰਦਾਰ ਤਲਬੀਰ ਸਿੰਘ ਗਿੱਲ ਵੱਲੋਂ ਵੱਖ-ਵੱਖ ਪਿੰਡਾਂ ਤੋਂ ਆਏ ਹੋਏ ਆਗੂਆਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਨੀਤੀਆਂ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ। ਗਿੱਲ ਵੱਲੋਂ ਇਸ ਮੌਕੇ ਆਖਿਆ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਦਾ ਲਾਭ ਬਿਨਾਂ ਕਿਸੇ ਵਿਤਕਰੇ ਹਰ ਨਾਗਰਿਕ ਤੱਕ ਪੁੱਜਦਾ ਕੀਤਾ ਜਾਵੇ ਉਹਨਾਂ ਵੱਲੋਂ ਇਹ ਕਿਹਾ ਗਿਆ ਕਿ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਬਾਰੇ ਆਮ ਪਬਲਿਕ ਵਿੱਚ ਜਾਗਰੂਕਤਾ ਫਲਾਈ ਜਾਵੇ। ਇਸ ਮੀਟਿੰਗ ਵਿੱਚ ਐਸ ਆਈ ਆਰ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਮੁਹਈਆ ਕਰਵਾਈ



ਗਈ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗਿੱਲ ਵੱਲੋਂ ਦੱਸਿਆ ਗਿਆ ਕਿ ਅੱਜ ਦੀ ਮੀਟਿੰਗ ਦਾ ਆਯੋਜਨ ਵੱਖ ਵੱਖ ਪਿੰਡਾਂ ਦੇ ਆਗੂਆਂ ਨੂੰ ਸਰਕਾਰੀ ਸਕੀਮਾਂ ਬਾਰੇ ਦੱਸਣਾ ਅਤੇ ਪਾਰਟੀ ਦਾ ਪਿੰਡ ਪੱਧਰ ਅਤੇ ਬੂਥ ਲੈਵਲ ਤੇ ਵਿਸਥਾਰ ਵਿਸਥਾਰ ਕਰਨ ਅਤੇ ਵੱਧ ਤੋਂ ਵੱਧ ਪਿੰਡਾਂ ਦੇ ਵਿਕਾਸ ਬਿਨਾਂ ਕਿਸੇ ਵਿਤਕਰੇ ਕੀਤੇ ਜਾਣ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਰੱਖੀ ਗਈ ਸੀ ਇੱਕ ਸਵਾਲ ਦੇ ਜਵਾਬ ਵਿੱਚ ਗਿੱਲ ਨੇ ਆਖਿਆ ਕਿ ਹਲਕੇ ਦੇ ਲੋਕਾਂ ਵੱਲੋਂ ਉਹਨਾਂ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ ਜੋ ਇਸ ਗੱਲ ਦਾ ਸਾਫ ਸੰਕੇਤ ਹੈ ਕਿ ਲੋਕ 27 ਵਿੱਚ ਆਮ ਆਦਮੀ ਦੇ ਹੱਕ ਵਿੱਚ ਫਤਵਾ ਦੇਣ ਦਾ ਮਨ ਬਣਾ ਚੁੱਕੇ ਹਨ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਹਰਭੁਪਿੰਦਰ ਸਿੰਘ, ਸ਼ਾਹ ਹੁਸਨ ਸਿਆਲਕਾ, ਪਰਮਿੰਦਰ ਸਿੰਘ ਉੱਪਲ, ਸੁਖਚੈਨ ਸਿੰਘ ਭੰਗੂ, ਨੀਰਜ ਕੁਮਾਰ, ਜੈਪਾਲ ਮਹਾਜਨ, ਨਵੀਨ ਮਹਾਜਨ, ਨਿਰਮਲ ਸਿੰਘ ਨਿੰਮਾ, ਸੁਖਜਿੰਦਰ ਸਿੰਘ ਬਿੱਟੂ ਪ੍ਰਧਾਨ, ਪਰਮਜੀਤ ਸਿੰਘ ਪੰਮਾ ਪ੍ਰਧਾਨ, ਜਰਮਨਜੀਤ ਸਿੰਘ ਦਾਦੂਪੁਰ, ਸੁਖਚੈਨ ਸਿੰਘ ਤਲਵੰਡੀ ਘੁੰਮਣ ਆਦਿ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਹਾਜ਼ਰ ਸਨ।

## ਐੱਸਆਈਆਰ ਸਬੰਧੀ ਮਜੀਠਾ 'ਚ ਲਾਇਆ ਬੀਐੱਲਏ-1 ਤੇ ਬੀਐੱਲਏ.-2 ਦਾ ਟਰੇਨਿੰਗ ਕੈਂਪ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਭਾਰਤੀ ਚੋਣ ਕਮਿਸ਼ਨ ਵੱਲੋਂ ਵਿਸ਼ੇਸ਼ ਸੰਖੇਪ ਪੁਨਰ ਨਿਰੀਖਣ (ਐੱਸ.ਆਈ.ਆਰ.) ਅਤੇ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਮਜੀਠਾ ਵਿਖੇ ਬੀ. ਐੱਲ. ਏ.-1 ਅਤੇ ਬੀ. ਐੱਲ. ਏ.-2 ਲਈ ਇੱਕ ਵਿਸ਼ੇਸ਼ ਟਰੇਨਿੰਗ ਕੈਂਪ



ਲਗਾਇਆ ਗਿਆ।ਇਸ ਟਰੇਨਿੰਗ ਕੈਂਪ ਵਿੱਚ ਸਾਰੀਆਂ ਰਾਜਸੀ ਪਾਰਟੀ ਦੇ ਨੁਮਾਇੰਦਿਆਂ ਨੂੰ ਬੁਲਾਇਆ ਗਿਆ ਸੀ, ਪਰ ਕਾਂਗਰਸ ਪਾਰਟੀ ਵੱਲੋਂ ਵੱਡੀ ਗਿਣਤੀ ਵਿੱਚ ਬੂਥ ਲੈਵਲ ਏਜੰਟਾਂ ਅਤੇ ਪਾਰਟੀ ਵਰਕਰਾਂ ਨੇ ਸ਼ਮੂਲੀਅਤ ਕਰਕੇ ਚੋਣ ਪ੍ਰਕਿਰਿਆ ਸਬੰਧੀ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਲਈ ਵੋਟਰ ਸੂਚੀਆਂ ਦਾ ਸਹੀ ਅਤੇ ਪਾਰਦਰਸ਼ੀ ਹੋਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਆਪਣੇ ਹਰ ਬੂਥ ਉਤੇ ਪੂਰੀ ਚੌਕਸੀ ਨਾਲ ਕੰਮ ਕਰੇਗੀ ਤਾਂ ਜੋ ਕਿਸੇ ਵੀ ਯੋਗ ਵੋਟਰ ਦਾ ਨਾਮ ਸੂਚੀ ਵਿੱਚੋਂ ਨਾ ਕੱਟਿਆ ਜਾਵੇ ਅਤੇ ਨਾ ਹੀ ਕੋਈ ਅਯੋਗ ਵਿਅਕਤੀ ਸੂਚੀ ਵਿੱਚ ਸ਼ਾਮਲ ਹੋ ਸਕੇ।ਸੱਚਰ ਨੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਦਿੱਤੀ ਗਈ ਟਰੇਨਿੰਗ ਨਾਲ ਬੀ. ਐੱਲ. ਏ.-1 ਅਤੇ ਬੀ. ਐੱਲ. ਏ.-2 ਨੂੰ ਵੋਟਰ ਸੂਚੀਆਂ ਦੀ ਜਾਂਚ, ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ, ਨਾਮਾਂ ਵਿੱਚ ਸੋਧ ਅਤੇ ਹੋਰ ਚੋਣੀ ਕਾਰਵਾਈਆਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਮਿਲੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਸਾਰੇ ਬੂਥ ਲੈਵਲ ਏਜੰਟ ਆਪਣੇ-ਆਪਣੇ ਖੇਤਰਾਂ ਵਿੱਚ ਜਾ ਕੇ ਇਹ ਯਕੀਨੀ ਬਣਾਉਣਗੇ ਕਿ ਹਰ ਯੋਗ ਨਾਗਰਿਕ ਦਾ ਵੋਟ ਦਾ ਅਧਿਕਾਰ ਸੁਰੱਖਿਅਤ ਰਹੇ।ਉਨ੍ਹਾਂ ਸਮੂਹ ਕਾਂਗਰਸੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਵੱਲੋਂ ਦਿੱਤੀਆਂ ਹਦਾਇਤਾਂ ਅਨੁਸਾਰ ਪੂਰੀ ਤਨਦੇਹੀ ਨਾਲ ਕੰਮ ਕਰਨ ਅਤੇ ਵੋਟਰ ਸੂਚੀਆਂ ਦੀ ਸੁਧਾਈ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ।ਇਸ ਮੌਕੇ ਕਾਂਗਰਸ ਪਾਰਟੀ ਦੇ ਬੀ. ਐੱਲ. ਏ -1 ਗੁਰਮੀਤ ਸਿੰਘ ਭੀਲੋਵਾਲ, ਨਵਤੇਜ ਸਿੰਘ ਸੋਹੀਆਂ, ਸੁਲੱਖਣ ਸਿੰਘ ਕੱਥੂਨੰਗਲ, ਸਰਪੰਚ ਜਤਿੰਦਰ ਪਾਲ ਸਿੰਘ, ਸੁਖਵਿੰਦਰ ਸਿੰਘ ਮਜੀਠਾ, ਪਰਮਜੀਤ ਸਿੰਘ ਭੋਏਵਾਲ, ਮਲਕੀਤ ਸਿੰਘ ਸੋਨੀ ਪੰਧੇਰ, ਝਿਰਮਲ ਸਿੰਘ ਸਾਧਪੁਰ ਤੇ ਹੋਰ ਵੀ ਆਗੂ, ਬੂਥ ਪੱਧਰੀ ਵਰਕਰ ਅਤੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਯੋਗ ਮਨੁੱਖ ਦੇ ਸੰਪੂਰਨ ਵਿਕਾਸ ਤੇ ਤੰਦਰੁਸਤੀ ਲਈ ਰਿਸ਼ੀਆਂ ਵੱਲੋਂ ਲੱਭੀ ਗਈ ਪ੍ਰਾਚੀਨ ਪੱਧਤੀ : ਡਾ. ਕੁਲਬੀਰ ਕੌਰ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਿਕ ਅਤੇ ਮਾਨਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ



ਅਥਾਰਟੀ, ਐੱਸਏਐੱਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦਿਲਬਾਗ ਸਿੰਘ ਜੌਹਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਜ਼ਿਲ੍ਹਾ ਕਚਹਿਰੀਆਂ ਵਿੱਚ 12ਵਾਂ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਗਿਆ। ਇਸ ਮੌਕੇ ਜੁਗਿੰਦਰ ਸਿੰਘ ਅਤੇ ਸ੍ਰੀ ਚੰਦਨ ਹੰਸ ਸਿਵਿਲ ਜੱਜ (ਜੂਨੀਅਰ ਡਵੀਜ਼ਨ) ਤੋਂ ਇਲਾਵਾ ਜੁਡੀਸ਼ੀਅਲ ਸਟਾਫ ਅਤੇ ਐਡਵੋਕੇਟ ਵੀ ਮੌਜੂਦ ਸਨ।ਇਸ ਮੌਕੇ ਡਾ. ਕੁਲਬੀਰ ਕੌਰ ਯੋਗਾ ਇੰਸਟਰੱਕਟਰ ਨੇ ਦੱਸਿਆ ਕਿ ਯੋਗ ਸਾਡੇ ਰਿਸ਼ੀ ਮੁਨੀਆਂ ਦੀ ਤਪੱਸਿਆ ਦੁਆਰਾ ਮਨੁੱਖ ਦੇ ਸੰਪੂਰਨ ਵਿਕਾਸ ਅਤੇ ਤੰਦਰੁਸਤੀ ਲਈ ਲੱਭੀ ਗਈ ਪ੍ਰਚੀਨ ਪੱਧਤੀ ਹੈ।ਯੋਗਾ ਕਰਨ ਨਾਲ ਮਨੁੱਖ ਦਾ ਸੰਪੂਰਨ ਵਿਕਾਸ ਹੁੰਦਾ ਹੈ ਅਤੇ ਮਨੁੱਖ ਦੀ ਇਕਾਗਰਤਾ ਵਿੱਚ ਵਾਧਾ ਹੁੰਦਾ ਹੈ ਅਤੇ ਮਨੁੱਖ ਵਿੱਚ ਸਾਕਾਰਤਾਮਕ ਵਿਅਕਤੀਤਵ ਵਿਕਸਤ ਹੁੰਦਾ ਹੈ। ਯੋਗਾ ਭਾਰਤ ਦੀ ਵਿਰਾਸਤ ਹੈ। ਯੋਗਾ ਵਿੱਚ ਸਾਰੀ ਮਨੁੱਖ ਜਾਤੀ ਨੂੰ ਇੱਕਜੁੱਟ ਕਰਨ ਦੀ ਸ਼ਕਤੀ ਹੈ।ਯੋਗਾ ਇੱਕ ਸੰਪੂਰਨ ਕਸਰਤ ਹੈ, ਜੋ ਸਰੀਰ ਨੂੰ ਨਿਰੋਗ ਰੱਖਣ ਵਿੱਚ ਸਹਾਈ ਹੁੰਦੀ ਹੈ।ਉਨ੍ਹਾਂ ਦੱਸਿਆ ਕਿ ਵਿਸ਼ਵ ਯੋਗਾ ਦਿਵਸ ਦਾ ਉਦੇਸ਼ ਪੂਰੀ ਦੁਨੀਆ ਦੇ ਲੋਕਾਂ ਨੂੰ ਯੋਗਾ ਦੇ ਲਾਭ ਬਾਰੇ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਯੋਗਾ ਸਾਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਅਪਣਾਉਣਾ ਚਾਹੀਦਾ ਹੈ ਤਾਂ ਜੋ ਅਸੀਂ ਨਿਰੋਗੀ ਜੀਵਨ ਹੰਢਾ ਸਕੀਏ।

## 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਡਾਇਟ ਗੁਰਦਾਸਪੁਰ ਵਿਖੇ ਜਾਗਰੂਕਤਾ ਰੈਲੀ ਦਾ ਆਗਾਜ਼

**ਧਾਰੀਵਾਲ, (ਮਨਦੀਪ ਵਿੱਕੀ)**- ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲੇ ਵੱਲੋਂ ਚਲਾਏ ਜਾ ਰਹੇ ਨਸ਼ਾ ਮੁਕਤ ਭਾਰਤ ਅਭਿਆਨ-ਵਿਕਸਿਤ ਭਾਰਤ ਦੀ ਪਛਾਣ ਨੂੰ ਜਨ-ਜਨ ਤੱਕ ਪਹੁੰਚਾਉਣ ਦੇ ਉਦੇਸ਼ ਨਾਲ, ਡਾਇਰੈਕਟਰ ਐਸ. ਸੀ. ਈ. ਆਰ. ਟੀ. ਪੰਜਾਬ ਕਿਰਨ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ) ਰਾਜੇਸ਼ ਕੁਮਾਰ ਸ਼ਰਮਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਅਨਿਲ ਸ਼ਰਮਾ ਦੀ ਯੋਗ ਅਗਵਾਈ ਹੇਠ ਅੱਜ ਡਾਇਟ ਗੁਰਦਾਸਪੁਰ ਵਿਖੇ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ।ਇਸ ਮੌਕੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਅਤੇ ਜ਼ਿਲ੍ਹਾ ਨੋਡਲ ਅਫ਼ਸਰ ਨਸ਼ਾ ਮੁਕਤ ਭਾਰਤ ਅਭਿਆਨ ਮੁਕੇਸ਼ ਵਰਮਾ ਦੀ ਅਗਵਾਈ ਹੇਠ ਨਸ਼ਾ ਵਿਰੋਧੀ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਮੋਟਰਸਾਈਕਲ ਅਤੇ ਸਕੂਟਰ ਰੈਲੀ ਕੱਢੀ ਗਈ, ਜਿਸ ਨੂੰ ਡਾਇਟ ਗੁਰਦਾਸਪੁਰ ਦੇ ਕਾਰਜਕਾਰੀ ਪ੍ਰਿੰਸੀਪਲ ਨਰੇਸ਼ ਕੁਮਾਰ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਮੁਕੇਸ਼ ਵਰਮਾ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਦੇਸ਼ ਦਾ ਭਵਿੱਖ ਅਤੇ ਅਸਲ ਰਾਸ਼ਟਰ ਨਿਰਮਾਤਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਰਗੀ ਸਮਾਜਿਕ ਬੁਰਾਈ ਤੋਂ



ਦੂਰ ਰਹਿ ਕੇ ਹੀ ਸਿਹਤਮੰਦ, ਅਨੁਸ਼ਾਸਿਤ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਭਰਪੂਰ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ 17 ਜੂਨ ਤੋਂ 26 ਜੂਨ ਤੱਕ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਦੇਸ਼ ਭਰ ਵਿੱਚ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।ਇਸੇ ਤਹਿਤ ਆਨਲਾਈਨ ਮਾਸ ਪਲੈੱਜ (ਸੰਕਲਪ) ਮੁਹਿੰਮ ਰਾਹੀਂ ਵਿਦਿਆਰਥੀਆਂ, ਅਧਿਆਪਕਾਂ, ਮਾਪਿਆਂ ਅਤੇ ਸਮਾਜ ਦੇ ਹਰੇਕ ਵਰਗ ਨੂੰ ਨਸ਼ਾ ਮੁਕਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਸਹਾਇਕ ਕਾਊਂਸਲਰ ਹਰਦੀਪ ਸਿੰਘ ਸੈਨੀ ਨੇ ਵੀ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ।ਸਮਾਗਮ ਦੌਰਾਨ ਡਾਇਟ ਗੁਰਦਾਸਪੁਰ ਦੇ ਫੈਕਲਟੀ ਮੈਂਬਰ ਨਰੇਸ਼ ਕੁਮਾਰ, ਤਰੁਣਜੋਤ ਕੌਰ, ਸ਼ਸ਼ੀ ਭੂਸ਼ਣ, ਵੰਦਨਾ ਗੁਪਤਾ, ਪੰਕਜ ਸ਼ਰਮਾ ਅਤੇ ਸਰਿਤਾ ਗੁਪਤਾ ਨੇ ਸਰਗਰਮ ਭੂਮਿਕਾ ਨਿਭਾਈ।ਇਸ ਤੋਂ ਇਲਾਵਾ ਯੋਗਾ ਅਧਿਆਪਕਾ ਰਜਨੀ ਅਤੇ ਅਨੁਰਾਧਾ ਦੇ ਨਾਲ-ਨਾਲ ਮੇਰਾ ਯੁਵਾ ਭਾਰਤ ਦੀ ਨੁਮਾਇੰਦਾ ਮਨਪ੍ਰੀਤ ਕੌਰ ਨੇ ਵੀ ਇਸ ਜਾਗਰੂਕਤਾ ਮੁਹਿੰਮ ਵਿੱਚ ਉਤਸ਼ਾਹ ਨਾਲ ਭਾਗ ਲਿਆ।ਸਮਾਗਮ ਦੇ ਅੰਤ ਵਿੱਚ ਸਮੂਹ ਭਾਗੀਦਾਰਾਂ ਵੱਲੋਂ ਇਹ ਅਹਿਦ ਦੁਹਰਾਇਆ ਗਿਆ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਵਿਕਸਿਤ ਭਾਰਤ ਦੀ ਪਛਾਣ-ਨਸ਼ਾ ਮੁਕਤ ਭਾਰਤ ਅਭਿਆਨ ਦੇ ਸੰਦੇਸ਼ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਨਿਰੰਤਰ ਯਤਨ ਜਾਰੀ ਰੱਖੇ ਜਾਣਗੇ।

## ਕਿਸਾਨ ਆਗੂਆਂ ਨੇ ਬਿਜਲੀ ਮੁਲਾਜ਼ਮਾਂ ਨੂੰ ਸ਼ੀਲਡਾਂ ਦੇ ਕੇ ਕੀਤਾ ਸਨਮਾਨਿਤ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਬਾਬਾ ਰਾਇਆ ਜੀ ਦੀ ਇਕਾਈ ਲਾਲਪੁਰਾ ਵੱਲੋਂ ਬਿਜਲੀ ਮਹਿਕਮੇ ਦੇ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ ਗਿਆ। ਕਿਸਾਨ ਆਗੂ ਪਾਖਰ ਸਿੰਘ ਲਾਲਪੁਰਾ ਨੇ ਕਿਹਾ ਕਿ ਭਾਵੇਂ ਕੋਈ ਵੀ ਮਹਿਕਮਾ ਹੋਵੇ ਜਦੋਂ ਤੁਹਾਡੇ ਨਾਲ ਹਰ ਮੁਸ਼ਕਲ ਵਿੱਚ ਸਾਥ ਦੇਵੇ, ਫਿਰ ਮਾਣ ਸਨਮਾਨ ਤਾਂ ਕਰਨਾ ਬਣਦਾ ਹੈ। ਬਿਜਲੀ ਮਹਿਕਮੇ ਦੀ ਗੱਲ ਕਰੀਏ ਤਾਂ ਪਿਛਲੇ ਦਿਨਾਂ ਵਿੱਚ ਬਹੁਤ ਹਨੇਰੀਆਂ, ਮੀਂਹ ਆਏ ਪਰ ਪਿੰਡ ਲਾਲਪੁਰ 'ਚ ਬਿਜਲੀ ਬੰਦ ਨਹੀਂ ਹੋਈ। ਸਾਡੇ ਪਿੰਡ ਦੀ ਬਿਜਲੀ ਜੇ ਕਿਤੇ ਖਰਾਬ ਹੋਈ ਵੀ ਤਾਂ ਪਹਿਲ ਦੇ ਆਧਾਰ 'ਤੇ ਠੀਕ ਕੀਤੀ ਗਈ। ਉਨ੍ਹਾਂ ਕਿਹਾ ਕਿ ਝੋਨੇ ਦਾ ਸੀਜ਼ਨ ਆ ਗਿਆ ਹੈ, ਬਿਜਲੀ ਮਹਿਕਮੇ ਨੂੰ ਬਹੁਤ ਵੱਡਾ ਰੋਲ ਅਦਾ ਕਰਨਾ ਪੈਂਦਾ ਪਰ ਸਾਡੀਆਂ ਵੀ ਜ਼ਿੰਮੇਵਾਰੀਆਂ ਬਣਦੀਆਂ ਹਨ ਕਿ ਮੁਲਾਜ਼ਮਾਂ ਦਾ ਸਾਥ ਦੇਈਏ। ਇਕਾਈ ਲਾਲਪੁਰ ਵੱਲੋਂ ਲਾਇਨਮੈਨ ਗੁਰਵਿੰਦਰ ਸਿੰਘ ਅਤੇ ਉਨ੍ਹਾਂ ਦੀ ਸਾਰੀ ਟੀਮ ਦਾ ਸ਼ੀਲਡਾ ਨਾਲ ਸਨਮਾਨ ਕੀਤਾ ਗਿਆ। ਲਾਈਨਮੈਨ ਗੁਰਵਿੰਦਰ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਕਿਸਾਨ ਆਗੂਆਂ ਦਾ ਧੰਨਵਾਦ ਕੀਤਾ ਗਿਆ।ਇਹ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਸਿੰਘ, ਵਿਰਸਾ ਸਿੰਘ, ਹਰਭਜਨ ਸਿੰਘ, ਕੁਲਦੀਪ ਸਿੰਘ, ਕਸ਼ਮੀਰ ਸਿੰਘ, ਅਮਰੀਕ ਸਿੰਘ ਅਤੇ ਦਲਬੀਰ ਸਿੰਘ ਆਦਿ ਆਗੂ ਹਾਜ਼ਰ ਸਨ।



## ਵਿਸ਼ਵ ਯੋਗਾ ਦਿਵਸ ਮੌਕੇ ਆਨੰਦ ਕਾਲਜ ਆਫ਼ ਨਰਸਿੰਗ ਜੇਠੂਵਾਲ ਵਿਖੇ ਕਰਵਾਈ ਯੋਗ ਸਾਧਨਾ

**ਮਜੀਠਾ (ਸੋਇਮ ਆਨੰਦ)** ਆਨੰਦ ਕਾਲਜ ਆਫ਼ ਨਰਸਿੰਗ, ਜੇਠੂਵਾਲ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ।ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਐੱਮ.



ਐੱਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਵਾਇਸ ਪ੍ਰਿੰਸੀਪਲ ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਦੀ ਅਗਵਾਈ ਹੇਠ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸਮੂਹਿਕ ਤੌਰ ਤੇ ਯੋਗਾ ਆਸਣ ਅਤੇ ਪ੍ਰਾਣਾਯਾਮ ਕਰਕੇ ਯੋਗਾ ਦੇ ਮਹੱਤਵ ਨੂੰ ਉਜਾਗਰ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਯੋਗਾ ਦੇ ਸਿਧਾਂਤਾਂ ਅਤੇ ਇਸ ਦੇ ਸਿਹਤ ਲਾਭਾਂ ਬਾਰੇ ਜਾਣਕਾਰੀ ਦੇਣ ਨਾਲ ਕੀਤੀ ਗਈ। ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਯੋਗਾ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਮਾਨਸਿਕ ਸ਼ਾਂਤੀ, ਇਕਾਗਰਤਾ ਅਤੇ ਆਤਮਿਕ ਵਿਕਾਸ ਲਈ ਵੀ ਬਹੁਤ ਲਾਭਕਾਰੀ ਹੈ।ਕਾਲਜ ਪ੍ਰਬੰਧਕਾਂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਯੋਗਾ ਭਾਰਤ ਦੀ ਪ੍ਰਾਚੀਨ ਅਤੇ ਅਮੋਲਕ ਵਿਰਾਸਤ ਹੈ, ਜੋ ਮਨੁੱਖ ਨੂੰ ਸਿਹਤਮੰਦ, ਤੰਦਰੁਸਤ ਅਤੇ ਤਣਾਅ-ਮੁਕਤ ਜੀਵਨ ਜਿਊਣ ਦੀ ਪ੍ਰੇਰਣਾ ਦਿੰਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਯੋਗਾ ਨੂੰ ਅਪਣਾਉਣ ਅਤੇ ਸਿਹਤਮੰਦ ਜੀਵਨ ਸ਼ੈਲੀ ਵੱਲ ਕਦਮ ਵਧਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੈਡਮ ਸਾਕਸ਼ੀ ਸ਼ਰਮਾ, ਪੂਨਮ, ਹਰਲੀਨ ਕੌਰ, ਪ੍ਰਿਯੰਕਾ, ਸੀਮਾ ਸ਼ਰਮਾ, ਪਰਮੀਤ, ਨਵਜੋਤ ਕੌਰ, ਰਿਪਨਦੀਪ, ਸਮਰੀਨ, ਰੀਤੂ, ਜਸਲੀਨ, ਭਾਵਿਆ, ਸਿਮਰਨ, ਆਇਮਨ, ਕੰਚਨ, ਮੀਨਾਕਸ਼ੀ, ਰਮਨ ਚੌਹਾਨ, ਮਨਪ੍ਰੀਤ, ਵੰਸ਼ਿਕਾ, ਸਿਮਰਨਜੀਤ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।ਸਮਾਗਮ ਵਿੱਚ ਵਿਦਿਆਰਥੀਆਂ ਅਤੇ ਸਟਾਫ਼ ਨੇ ਵੱਧ-ਚੜ੍ਹ ਕੇ ਭਾਗ ਲਿਆ ਅਤੇ ਨਿਯਮਿਤ ਯੋਗ ਕਰਨ ਦਾ ਸੰਕਲਪ ਲਿਆ।ਅੰਤ ਵਿੱਚ ਕਾਲਜ ਪ੍ਰਬੰਧਨ ਵੱਲੋਂ ਸਾਰੇ ਭਾਗੀਦਾਰਾਂ ਦਾ ਧੰਨਵਾਦ ਕੀਤਾ ਗਿਆ।

## ਭਗਵਾਨ ਵਾਲਮੀਕਿ ਸੇਵਾ ਸੋਸਾਇਟੀ ਵੱਲੋਂ ਨਸ਼ਿਆਂ ਵਿਰੁੱਧ ਮੁਹਿੰਮ ਵਿੱਢਣ ਦਾ ਐਲਾਨ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਹਲਕਾ ਮਜੀਠਾ 'ਚ ਭਗਵਾਨ ਵਾਲਮੀਕਿ ਸੇਵਾ ਸੋਸਾਇਟੀ ਦੀ ਅਹਿਮ ਮੀਟਿੰਗ ਪ੍ਰਧਾਨ ਵਿਕਰਮ ਸਿੰਘ ਵਿੱਕੀ ਚਵਿੰਡਾ ਦੇਵੀ ਦੇ ਗ੍ਰਹਿ ਵਿਖੇ ਹੋਈ। ਮੀਟਿਗ ਵਿੱਚ ਭਗਵਾਨ ਵਾਲਮੀਕਿ ਸੇਵਾ ਸੋਸਾਇਟੀ ਦੇ ਪੰਜਾਬ ਪ੍ਰਧਾਨ ਮੁਕੇਸ਼ ਗਿੱਲ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਪ੍ਰਧਾਨ ਗਿੱਲ ਨੇ ਕਿਹਾ ਕਿ ਜਲਦ ਹੀ



ਭਗਵਾਨ ਵਾਲਮੀਕਿ ਸੇਵਾ ਸੋਸਾਇਟੀ ਵੱਲੋਂ ਨਸ਼ਿਆਂ ਖਿਲਾਫ ਮੁਹਿੰਮ ਵਿੱਢੀ ਜਾਵੇਗੀ ਜਿਸ ਵਿੱਚ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਜਾਗਰਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਹਰ ਧਰਮ ਦੇ ਲੋਕਾਂ ਦੀ ਹਮੇਸ਼ਾ ਮਦਦ ਕਰਦੀ ਆਈ ਹੈ ਅਤੇ ਕਰਦੀ ਰਹੇਗੀ ਅਤੇ ਐੱਸਸੀ ਭਾਈਚਾਰੇ ਉੱਪਰ ਕੀਤਾ ਜਾ ਰਿਹਾ ਅੱਤਿਆਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਸ ਮੌਕੇ ਪੰਜਾਬ ਪ੍ਰਧਾਨ ਮੁਕੇਸ਼ ਗਿੱਲ, ਪੰਜਾਬ ਮੀਤ ਪ੍ਰਧਾਨ ਸਾਹਿਬ ਸਿੰਘ, ਸੁਲੱਖਣ ਪ੍ਰਧਾਨ, ਵਾਈਸ ਚੇਅਰਮੈਨ, ਰਾਜਵੀਰ , ਗੁਰਦੇਵ ਪ੍ਰਧਾਨ, ਮਾਝਾ ਜ਼ੋਨ ਪ੍ਰਧਾਨ ਮੁਕੇਸ਼ ਕੁਮਾਰ, ਲਾਭ ਸਿੰਘ ਕੋਟਲਾ ਮਜੀਠਾ ਹਲਕਾ ਪ੍ਰਧਾਨ, ਰਣਜੀਤ ਸਿੰਘ, ਲਵ ਪ੍ਰਧਾਨ ਮਹਿਤਾ, ਕਵਲ ਸਿੰਘ ਭੰਗਵਾ, ਪਰਗਟ ਸਿੰਘ, ਅਭੀ ਹਮਜਾ, ਜੀਵਾ ਅੰਮ੍ਰਿਤਸਰ ਪ੍ਰਧਾਨ, ਬੱਗਾ ਕੱਦੋਵਾਲੀ, ਜੋਗਾ ਸਿੰਘ ਹੋਠੀਆਂ, ਅਮਰਜੀਤ ਕੌਰ, ਬਲਵਿੰਦਰ ਕੌਰ ਆਦਿ ਹਾਜ਼ਰ ਸਨ।

## ਦਿਵਯ ਜਯੋਤੀ ਜਾਗਰਤੀ ਸੰਸਥਾਨ ਨੇ ਮਹਿਲਾਵਾਂ ਲਈ ਲਾਇਆ ਵਿਲੱਖਣ ਯੋਗਾ ਕੈਂਪ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਦਿਵਯ ਜਯੋਤੀ ਜਾਗਰਿਤੀ ਸੰਸਥਾਨ ਤਰਨ ਤਾਰਨ ਆਸ਼ਰਮ ਵਿਚ ਸੰਤੁਲਨ ਪ੍ਰੋਜੈਕਟ ਦੇ ਤਹਿਤ ਮਹਿਲਾਵਾਂ ਲਈ ਵਿਲੱਖਣ ਯੋਗ ਕੈਂਪ ਦਾ ਆਯੋਜਨ ਕੀਤਾ ਗਿਆ।ਭਾਰਤੀ ਸੰਸਕ੍ਰਿਤੀ ਵਿੱਚ ਨਾਰੀ ਨੂੰ ਹਮੇਸ਼ਾ ਸਰਬਉੱਤਮ ਸਥਾਨ ਪ੍ਰਦਾਨ ਕੀਤਾ ਗਿਆ ਹੈ।ਉਹ ਆਪਣੇ ਲਈ ਕੁਝ ਵੀ ਨਹੀਂ ਮੰਗਦੀ । ਨਾਰੀ ਪ੍ਰਕਿਰਤੀ ਦਾ ਰੂਪ ਹੈ।ਪ੍ਰਕਿਰਤੀ ਹਮੇਸ਼ਾ ਦੂਸਰਿਆਂ ਨੂੰ ਸੁੱਖ ਪ੍ਰਦਾਨ ਕਰਦੀ ਹੈ।ਇਸੇ ਪ੍ਰਕਾਰ ਨਾਰੀ ਦੇ ਗੁਣ ਅਜਿਹੇ ਹੀ ਹਨ ਕਿ ਉਹ ਦੂਸਰਿਆਂ ਨੂੰ ਸੁੱਖ ਪ੍ਰਦਾਨ ਕਰਦੀ ਹੈ।ਇਸ ਵਿਲੱਖਣ ਯੋਗ ਸ਼ਿਵਰ ਵਿੱਚ ਦਿਵਯ ਗੁਰੂ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ਯਾ ਸਾਧਵੀ ਪਰਮਜੀਤ ਭਾਰਤੀ, ਸਾਧਵੀ ਰਮਨਦੀਪ ਭਾਰਤੀ ਨੇ ਨਾਰੀ ਸਮਾਜ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਯੋਗ ਦੀ ਅਣਹੋਂਦ ਵਿੱਚ ਮਨੁੱਖੀ ਜੀਵਨ ਰੋਗਗ੍ਰਸਤ ਹੁੰਦਾ ਜਾ ਰਿਹਾ ਹੈ। ਭਾਰਤ ਵਰਗੇ ਦੇਸ਼ ਵਿੱਚ, ਜਿੱਥੇ ਯੋਗ ਦਾ ਜਨਮ ਹੋਇਆ ਅੱਜ ਕਈ ਬਿਮਾਰੀਆਂ ਵੱਧ ਰਹੀਆਂ ਹਨ। ਸ਼ੂਗਰ ਦੀ ਬਿਮਾਰੀ ਵੱਧ ਰਹੀ ਹੈ।ਸਵਾਮੀ ਨੇ ਕਿਹਾ ਕਿ ਮਨ ਜ਼ਿਆਦਾਤਰ ਸਰੀਰਕ ਅਤੇ ਮਾਨਸਿਕ ਬਿਮਾਰੀਆਂ ਦੀ ਜੜ੍ਹ ਹੈ।ਮਨ ਤੋਂ ਪੈਦਾ ਹੋਣ ਵਾਲੀਆਂ 99% ਸਮੱਸਿਆਵਾਂ ਦਾ ਹੱਲ ਮਨ ਦੇ ਪੱਧਰ 'ਤੇ ਜਾ ਕੇ ਹੀ ਕੀਤਾ ਜਾ ਸਕਦਾ ਹੈ।ਪਤੰਜਲੀ ਰਿਸ਼ੀ ਤੋਂ ਲੈ ਕੇ ਪ੍ਰਾਚੀਨ ਕਾਲ ਤੱਕ, ਧਿਆਨ ਯੋਗ ਨੂੰ ਯੋਗ ਦਾ ਆਧਾਰ ਮੰਨਿਆ ਜਾਂਦਾ ਰਿਹਾ ਹੈ।ਸਾਧਵੀ ਨੇ ਕਿਹਾ ਕਿ ਵਿਸ਼ਵ ਸਿਹਤ ਸੰਗਠਨ ਦੇ ਅਨੁਸਾਰ ਅੱਜ ਵੀ 45% ਬਿਮਾਰੀਆਂ ਅਜਿਹੀਆਂ ਹਨ ਜਿਨ੍ਹਾਂ ਦਾ ਇਲਾਜ ਆਧੁਨਿਕ ਡਾਕਟਰੀ ਪ੍ਰਣਾਲੀ ਵਿੱਚ ਉਪਲਬਧ ਨਹੀਂ ਹੈ ਪਰ ਭਾਰਤ ਦੀ ਵੈਦਿਕ ਪ੍ਰਣਾਲੀ ਯੋਗ ਵਿੱਚ ਉਪਲਬਧ ਹੈ।ਸਾਧਵੀ ਨੇ ਮਹਿਲਾਵਾਂ ਨੂੰ ਤਾੜਾਸਨ, ਸੂਰਜ ਨਮਸਕਾਰ, ਅਨੁਲੋਮ ਵਿਲੋਮ ਪ੍ਰਾਣਾਯਾਮ, ਭ੍ਰਮਰੀ ਪ੍ਰਾਣਾਯਾਮ ਆਦਿ ਦਾ ਅਭਿਆਸ ਕਰਵਾਇਆ।ਮਹਿਲਾਵਾਂ ਨੇ ਪਾਣੀ ਦੀ ਸੰਭਾਲ ਕਰਨ, ਰੁੱਖ ਲਗਾਉਣ, ਕੁਦਰਤ ਅਤੇ ਸੱਭਿਆਚਾਰ ਦੀ ਰੱਖਿਆ ਕਰਨ, ਯੋਗ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸਮੂਹਿਕ ਪ੍ਰਣ ਵੀ ਲਿਆ।



## ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਧਾਰੀਵਾਲ (ਮਨਦੀਪ ਵਿੱਕੀ)**- ਸਥਾਨਕ ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਆਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਐੱਨ. ਐੱਸ. ਐੱਸ. ਅਤੇ ਰੈੱਡ ਰਿਬਨ ਕਲੱਬ ਵੱਲੋਂ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਉਤਸ਼ਾਹਪੂਰਵਕ ਢੰਗ ਨਾਲ ਮਨਾਇਆ ਗਿਆ।ਯੋਗ ਦਿਵਸ 2026 ਦਾ ਵਿਸ਼ਵ ਥੀਮ 'ਨਿਰੋਗ ਸਿਹਤ ਲਈ ਯੋਗ' ਰਾਹੀਂ ਸੰਦੇਸ਼ ਦਿੱਤਾ ਗਿਆ ਕਿ ਯੋਗ ਸਿਰਫ ਵਿਅਕਤੀਗਤ ਸਿਹਤ ਨਹੀਂ ਸਗੋਂ ਪੂਰੇ ਗ੍ਰਹਿ ਦੀ ਸਮੁੱਚੀ ਤੰਦਰੁਸਤੀ ਲਈ ਇੱਕ ਮਾਰਗ ਹੈ।ਇਸ ਮੌਕੇ ਕਾਲਜ ਕੈਂਪਸ ਵਿੱਚ ਕਿਰਨ ਮਹਾਜਨ ਜ਼ਿਲ੍ਹਾ ਸਕੱਤਰ ਅਤੇ ਰਜਨੀ ਸ਼ਰਮਾ ਪਤੰਜਲੀ ਯੋਗ ਟਰੇਨਰਜ਼ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਉਨ੍ਹਾਂ ਨੇ ਵੱਖ-ਵੱਖ ਯੋਗ ਆਸਣ ਕਰਵਾਏ ਅਤੇ ਵਿਦਿਆਰਥੀਆਂ ਨੂੰ ਖੁਦ ਰੋਜ਼ਾਨਾ ਯੋਗ ਕਰਨ ਤੇ ਆਪਣੇ ਮਾਪਿਆਂ ਨੂੰ ਯੋਗ ਕਰਵਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪਤੰਜਲੀ ਯੋਗ ਮੈਂਬਰ ਲਵਲੀ ਸੈਣੀ, ਅਮਨ ਵਰਮਾ, ਪ੍ਰੀਤੀ ਸ਼ਰਮਾ




ਨੇ ਸੰਬੋਧਨ ਕਰਦੇ ਹੋਏ ਦੱਸਿਆ ਕਿ ਯੋਗ ਸਾਨੂੰ ਤੰਦਰੁਸਤ ਰੱਖਣ ਵਿੱਚ ਮੁੱਖ ਰੋਲ ਅਦਾ ਕਰਦਾ।ਉਨ੍ਹਾਂ ਕਿਹਾ ਕਿ ਰੋਜ਼ਾਨਾ ਯੋਗ ਕਰਨ ਨਾਲ ਅਸੀਂ ਮਾਨਸਿਕ ਬਿਮਾਰੀਆਂ ਤੋਂ ਬਚ ਸਕਦੇ ਹਾਂ ।

ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਯੋਗਾ ਹਰ ਇਕ ਦੇ ਜੀਵਨ ਵਿੱਚ ਮਹੱਤਵਪੂਰਨ ਹੈ।ਮੌਜੂਦਾ ਸਮੇਂ ਵਿੱਚ ਵੱਧ ਰਹੀਆਂ ਬੀਮਾਰੀਆਂ ਨਾਲ ਨਜਿੱਠਣ ਲਈ ਯੋਗ ਬਹੁਤ ਕਾਰਗਰ ਹੈ।ਯੋਗ ਕਰਨ ਨਾਲ ਵਿਅਕਤੀ ਦਾ ਜਿਥੇ ਸਰੀਰ ਅਰੋਗ ਰਹਿੰਦਾ ਹੈ ਉਥੇ ਦਿਮਾਗ ਵੀ ਨਰੋਆ ਬਣਿਆ ਰਹਿੰਦਾ ਹੈ ਅਤੇ ਨਾਲ ਹੀ ਮਾਨਸਿਕ ਸ਼ਾਂਤੀ ਵੀ ਬਣੀ ਰਹਿੰਦੀ ਹੈ।ਇਸ ਮੌਕੇ ਕਾਲਜ ਮੈਨੇਜਮੈਂਟ, ਐੱਨਐੱਸਐੱਸ ਵਲੰਟੀਅਰਾਂ ਅਤੇ ਅਧਿਆਪਕਾਂ ਨੇ ਯੋਗ ਆਸਣਾਂ ਅਤੇ ਧਿਆਨ ਸੈਸ਼ਨ ਵਿੱਚ ਭਾਗ ਲਿਆ ।ਅੰਤ ਵਿੱਚ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਮਨੁੱਖੀ ਜੀਵਨ ਵਿੱਚ ਯੋਗ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਯੋਗ ਨੂੰ ਰੋਜ਼ਾਨਾ ਜੀਵਨ ਦਾ ਅਹਿਮ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਅਤੇ ਯੋਗ ਅਭਿਆਸ ਕਰਾਉਣ ਆਈ ਸਮੁੱਚੀ ਯੋਗਾ ਟੀਮ ਦਾ ਧੰਨਵਾਦ ਕੀਤਾ।ਇਸ ਮੌਕੇ ਕਾਲਜ ਮੈਨੇਜਮੈਂਟ, ਸਟਾਫ ਹਰਜਿੰਦਰ ਕੌਰ, ਮਨਜਿੰਦਰ ਕੌਰ, ਰੇਖਾ ਮੀਨਾਕਸ਼ੀ, ਸ਼ਸ਼ੀ ਬਾਲਾ, ਰਾਜਬੀਰ, ਪ੍ਰੀਤੀ ਆਦਿ ਅਤੇ ਪਤੰਜਲੀ ਯੋਗ ਮੈਂਬਰ ਹਾਜ਼ਰ ਸਨ।

## ਨਗਰ ਨਿਗਮ ਅੰਮ੍ਰਿਤਸਰ ਵੱਲੋਂ ਗੈਰ-ਕਾਨੂੰਨੀ ਕਬਜ਼ਿਆਂ ਖ਼ਿਲਾਫ਼ ਕਾਰਵਾਈ ਤੇਜ਼

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪਵਿੱਤਰ ਸ਼ਹਿਰ ਅੰਮ੍ਰਿਤਸਰ ਦੀਆਂ ਸੜਕਾਂ ਅਤੇ ਜਨਤਕ ਥਾਵਾਂ ਨੂੰ ਗੈਰ-ਕਾਨੂੰਨੀ ਕਬਜ਼ਿਆਂ ਤੋਂ ਮੁਕਤ ਬਣਾਉਣ ਅਤੇ ਆਵਾਜਾਈ ਨੂੰ ਸੁਚਾਰੂ ਰੱਖਣ ਦੇ ਉਦੇਸ਼ ਨਾਲ ਨਗਰ ਨਿਗਮ ਅੰਮ੍ਰਿਤਸਰ ਦੇ ਐਸਟੇਟ ਵਿਭਾਗ ਵੱਲੋਂ ਬੱਸ ਸਟੈਂਡ ਇਲਾਕੇ, ਹੁਕਮ ਸਿੰਘ ਰੋਡ ਅਤੇ ਕੋਰਟ ਰੋਡ ਵਿਖੇ ਗੈਰ-

**● ਬੱਸ ਸਟੈਂਡ, ਹੁਕਮ ਸਿੰਘ ਰੋਡ ਅਤੇ ਕੋਰਟ ਰੋਡ ਤੋਂ ਰੇਹੜੀਆਂ ਤੇ ਕਬਜ਼ੇ ਹਟਾਏ**

ਕਾਨੂੰਨੀ ਕਬਜ਼ੇ ਹਟਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਹ ਕਾਰਵਾਈ ਸਕੱਤਰ-ਕਮ-ਐਸਟੇਟ ਅਫ਼ਸਰ ਸੁਸ਼ਾਂਤ ਭਾਟੀਆ ਦੀ ਅਗਵਾਈ ਹੇਠ ਕੀਤੀ ਗਈ। ਇਸ ਮੁਹਿੰਮ ਵਿੱਚ ਇੰਸਪੈਕਟਰ ਪ੍ਰੀਤੀ ਚੌਹਾਨ, ਇੰਸਪੈਕਟਰ ਅਮਨ ਕੁਮਾਰ ਅਤੇ ਉਨ੍ਹਾਂ ਦੀਆਂ ਟੀਮਾਂ ਨੇ ਸਰਗਰਮ ਭੂਮਿਕਾ ਨਿਭਾਈ। ਮੁਹਿੰਮ ਦੌਰਾਨ ਸੜਕਾਂ ਅਤੇ ਫੁੱਟਪਾਥਾਂ ਉੱਪਰ ਗੈਰ-ਕਾਨੂੰਨੀ ਤੌਰ 'ਤੇ ਲੱਗੀਆਂ ਫਲਾਂ ਦੀਆਂ ਰੇਹੜੀਆਂ ਅਤੇ ਹੋਰ ਅਸਥਾਈ ਕਬਜ਼ਿਆਂ ਨੂੰ ਹਟਾਇਆ ਗਿਆ। ਇਨ੍ਹਾਂ ਕਬਜ਼ਿਆਂ ਕਾਰਨ ਟ੍ਰੈਫਿਕ ਵਿੱਚ ਰੁਕਾਵਟ ਪੈਦਾ ਹੋ ਰਹੀ ਸੀ ਅਤੇ ਪੈਦਲ ਯਾਤਰੀਆਂ ਨੂੰ ਵੀ ਕਾਫ਼ੀ ਦਿੱਕਤਾਂ ਦਾ



ਸਾਹਮਣਾ ਕਰਨਾ ਪੈ ਰਿਹਾ ਸੀ। ਵਿਸ਼ੇਸ਼ ਤੌਰ 'ਤੇ ਉਨ੍ਹਾਂ ਫਲ ਰੇਹੜੀ ਚਾਲਕਾਂ ਖ਼ਿਲਾਫ਼ ਕਾਰਵਾਈ ਕੀਤੀ ਗਈ ਜੋ ਜਨਤਕ ਥਾਵਾਂ 'ਤੇ ਫਲਾਂ ਦਾ ਕਚਰਾ ਅਤੇ ਪੈਕਿੰਗ ਸਮੱਗਰੀ ਸੁੱਟ ਕੇ ਗੰਦਗੀ ਫੈਲਾ ਰਹੇ ਸਨ ਅਤੇ ਪਾਬੰਦੀਸ਼ੁਦਾ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਕਰ ਰਹੇ ਸਨ। ਨਗਰ ਨਿਗਮ ਦੀਆਂ ਟੀਮਾਂ ਵੱਲੋਂ ਅਜਿਹੇ ਕਬਜ਼ਿਆਂ ਨੂੰ ਤੁਰੰਤ ਹਟਾਇਆ ਗਿਆ ਅਤੇ ਸਬੰਧਤ ਵਿਅਕਤੀਆਂ ਨੂੰ ਚੇਤਾਵਨੀ ਵੀ ਦਿੱਤੀ ਗਈ। ਨਗਰ ਨਿਗਮ ਨੇ ਸਾਰੇ ਰੇਹੜੀ ਚਾਲਕਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜਨਤਕ ਥਾਵਾਂ 'ਤੇ ਗੈਰ-ਕਾਨੂੰਨੀ ਕਬਜ਼ਾ ਕਰਨ, ਗੰਦਗੀ ਫੈਲਾਉਣ ਅਤੇ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਕਰਨ ਵਾਲਿਆਂ ਖ਼ਿਲਾਫ਼ ਭਵਿੱਖ ਵਿੱਚ ਵੀ ਸਖ਼ਤ ਕਾਰਵਾਈ ਜਾਰੀ ਰਹੇਗੀ। ਨਗਰ ਨਿਗਮ ਨੇ ਸਪੱਸ਼ਟ ਕੀਤਾ ਕਿ ਹੁਕਮ ਸਿੰਘ ਰੋਡ 'ਤੇ ਕਿਸੇ ਵੀ ਤਰ੍ਹਾਂ ਦਾ ਅਤਿਕਰਮਣ ਜਾਂ ਰੇਹੜੀ ਲਗਾਉਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ। ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਪੈਦਲ ਯਾਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਸ ਸੜਕ ਨੂੰ "ਜ਼ੀਰੋ ਟੋਲਰੈਂਸ ਜ਼ੋਨ" ਵਜੋਂ ਲਾਗੂ ਕੀਤਾ ਗਿਆ ਹੈ। ਸਕੱਤਰ-ਕਮ-ਐਸਟੇਟ ਅਫ਼ਸਰ ਸੁਸ਼ਾਂਤ ਭਾਟੀਆ ਨੇ ਕਿਹਾ ਕਿ ਜਨਤਕ ਸ਼ਿਕਾਇਤਾਂ ਅਤੇ ਮੌਕੇ 'ਤੇ ਕੀਤੇ ਨਿਰੀਖਣ ਦੇ ਆਧਾਰ 'ਤੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਅਜਿਹੀਆਂ ਵਿਸ਼ੇਸ਼ ਮੁਹਿੰਮਾਂ ਨਿਯਮਿਤ ਤੌਰ 'ਤੇ ਜਾਰੀ ਰਹਿਣਗੀਆਂ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਵਾਰ-ਵਾਰ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਬਾਬਾ ਨਿਰਮਲ ਦਾਸ ਦੀ ਯਾਦ 'ਚ ਲੱਗਾ ਸਾਲਾਨਾ ਜੋੜ ਮੇਲਾ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਅੱਡਾ ਝਬਾਲ ਵਿਖੇ ਬਾਬਾ ਨਿਰਮਲ ਦਾਸ ਦਾ ਸਾਲਾਨਾ ਮੇਲਾ ਚੇਅਰਮੈਨ ਰਮਨ ਕੁਮਾਰ ਝਬਾਲ, ਸਰਪੰਚ ਕਵਿਤਾ ਸ਼ਰਮਾ, ਨਕੁਲ ਕੋਰਪਾਲ ਸਮੂਹ



ਪਰਿਵਾਰ ਵੱਲੋਂ ਬੜੀ ਸ਼ਰਧਾ ਭਾਵਨਾ ਤੇ ਧੂਮ ਧਾਮ ਨਾਲ ਮਨਾਇਆ ਗਿਆ।ਠੰਡੇ ਮਿੱਠੇ ਜਲ ਦੀ ਛਬੀਲ ਤੇ ਗੁਰੂ ਦੇ ਲੰਗਰ ਲੰਗਰ ਲਗਾਏ ਗਏ।ਇਸ ਸਮੇਂ ਪੁੱਜੇ ਕਾਂਗਰਸ ਪਾਰਟੀ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ, ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ, ਚੇਅਰਮੈਨ ਰਮਨ ਕੁਮਾਰ ਝਬਾਲ ਆਦਿ ਵੱਲੋਂ ਸੰਗਤਾਂ ਨੂੰ ਵੱਖ-ਵੱਖ ਪਕਵਾਨਾਂ ਦੇ ਅਤੁੱਟ ਲੰਗਰ ਵਰਤਾਉਂਦਿਆਂ ਸੇਵਾਵਾਂ ਨਿਭਾਈਆਂ ਗਈਆਂ ਜਦਕਿ ਸਰਪੰਚ ਗੁਰਚਰਨ ਸਿੰਘ ਖੈਰਦੀ, ਭੋਲੇ ਸ਼ਾਹ ਚੱਕੀ ਵਾਲੇ, ਨਕੁਲ ਕੋਰਪਾਲ ਝਬਾਲ, ਬਾਬਾ ਵਰਿਆਮ ਸਿੰਘ ਬਰਤਨ ਸਟੋਰ, ਬਾਬਾ ਕਰਤਾਰ ਸਿੰਘ,ਅਵਤਾਰ ਸਿੰਘ ਤਨੇਜਾ, ਸਾਬਕਾ ਸਰਪੰਚ ਜਸਬੀਰ ਸਿੰਘ ਸਵਾਰਗਾਪੁਰੀ, ਸ਼ਵਿੰਦਰਪਾਲ ਸਿੰਘ ਕਾਲੂ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਸੁਨੀਲ ਛੀਨਾ, ਮੈਨੇਜਰ ਦਿਲਬਾਗ ਸਿੰਘ, ਏਐੱਸਆਈ ਗੁਰਵਿੰਦਰ ਸਿੰਘ ਢਿੱਲੋਂ, ਕਰਮਜੀਤ ਸਿੰਘ ਸੋਨੀ, ਚੇਅਰਮੈਨ ਤੇਜਿੰਦਰ ਸਿੰਘ ਰਾਜੂ ਛੀਨਾ, ਸੁਖਦੇਵ ਸਿੰਘ ਸੁੱਗਾ ਬਘਿਆੜੀ, ਭੂਸ਼ਣ ਕੁਮਾਰ, ਜੇ ਈ ਚਰਨਜੀਤ ਸਿੰਘ ਚੰਨੀ, ਰਵਿੰਦਰ ਸਿੰਘ, ਸਹਿਜਦੀਪ ਸਿੰਘ, ਨਵਦੀਪ ਸਿੰਘ, ਬਿਕਰਮਜੀਤ ਸਿੰਘ, ਸਵਰਨ ਸਿੰਘ ਸੋਨੂੰ, ਮੈਂਬਰ ਪ੍ਰਗਟ ਸਿੰਘ, ਬੂਟਾ ਸਿੰਘ, ਗੁਰਜੰਟ ਸਿੰਘ ਰਾਜੂ, ਮੈਂਬਰ ਨਿਰਵੈਲ ਸਿੰਘ, ਸੋਨੂੰ, ਗੋਰਾ ਸੂਦ, ਜਤਿੰਦਰ ਸਿੰਘ , ਗੁਰਮੇਜ ਸਿੰਘ ਮਾਜੀ, ਹੀਰਾ ਸਿੰਘ ਆਦਿ ਵੀ ਹਾਜ਼ਰ ਸਨ।

## ਜ਼ਿਲ੍ਹੇ ਭਰ 'ਚ ਪਲਸ ਪੋਲੀਓ ਰਾਊਂਡ 28 ਤੋਂ 30 ਤੱਕ : ਸਿਵਲ ਸਰਜਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਰੈਵਨਿਊ ਅਫ਼ਸਰ ਮਨਕੀਰਤ ਸਿੰਘ ਰੰਧਾਵਾ ਦੀ




ਪ੍ਰਧਾਨਗੀ ਹੇਠ ਸਿਵਲ ਸਰਜਨ ਡਾ. ਰਸ਼ਮੀ ਵਿੱਜ ਦੀ ਅਗਵਾਈ ਵਿੱਚ ਵਿਸ਼ਵ ਸਿਹਤ ਸੰਗਠਨ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਪੱਲਸ ਪੋਲੀਓ ਰਾਊਂਡ ਸਬੰਧੀ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਅੰਮ੍ਰਿਤਸਰ ਵਿਖੇ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਸਿਵਲ ਸਰਜਨ ਡਾ. ਰਸ਼ਮੀ ਵਿੱਜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੱਲਸ ਪੋਲੀਓ ਰਾਊਂਡ 28, 29 ਅਤੇ 30 ਜੂਨ 2026 ਨੂੰ ਜ਼ਿਲ੍ਹੇ ਭਰ ਵਿੱਚ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੀ ਸਫਲਤਾ ਲਈ ਸਾਰੇ ਸਬੰਧਤ ਵਿਭਾਗਾਂ ਦੇ ਸਰਗਰਮ ਸਹਿਯੋਗ ਦੀ ਲੋੜ ਹੈ। ਇਸ ਮੁਹਿੰਮ ਵਿੱਚ ਜ਼ਿਲ੍ਹਾ ਪ੍ਰੀਸ਼ਦ, ਮੈਡੀਕਲ ਵਿਭਾਗ, ਆਈ. ਸੀ. ਡੀ. ਐੱਸ., ਬਿਜਲੀ ਵਿਭਾਗ, ਸਿੱਖਿਆ ਵਿਭਾਗ, ਨਰਸਿੰਗ ਕਾਲਜਾਂ, ਆਈ. ਐੱਮ.ਏ., ਪੰਚਾਇਤੀ ਰਾਜ, ਪੰਜਾਬ ਰੋਡਵੇਜ਼ ਅਤੇ ਪੁਲਿਸ ਵਿਭਾਗ ਸਮੇਤ ਹੋਰ ਵਿਭਾਗ ਭਾਗੀਦਾਰੀ ਨਿਭਾਉਣਗੇ। ਡਾ. ਰਸ਼ਮੀ ਵਿੱਜ ਨੇ ਕਿਹਾ ਕਿ ਭਾਰਤ ਭਾਵੇਂ ਪੋਲੀਓ ਮੁਕਤ ਦੇਸ਼ਾਂ ਦੀ ਸੂਚੀ ਵਿੱਚ ਸ਼ਾਮਲ ਹੋ ਚੁੱਕਾ ਹੈ, ਪਰ ਇਸ ਪ੍ਰਾਪਤੀ ਨੂੰ ਕਾਇਮ ਰੱਖਣ ਲਈ ਸਮੇਂ-ਸਮੇਂ 'ਤੇ ਪੱਲਸ ਪੋਲੀਓ ਮੁਹਿੰਮਾਂ ਚਲਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪੋਲੀਓ ਵਰਗੀ ਲਾ-ਇਲਾਜ ਬਿਮਾਰੀ ਤੋਂ ਬੱਚਿਆਂ ਦੀ ਸੁਰੱਖਿਆ ਲਈ ਸਿਰਫ਼ ਸਿਹਤ ਵਿਭਾਗ ਹੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਅਤੇ ਹੋਰ ਵਿਭਾਗਾਂ ਦਾ ਸਹਿਯੋਗ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੇ ਲਗਭਗ 2,87,498 ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਪਿਲਾਉਣ ਦਾ ਟੀਚਾ ਨਿਰਧਾਰਤ ਕੀਤਾ ਗਿਆ ਹੈ।ਇਸ ਲਈ 1,193 ਬੂਥ ਸਥਾਪਿਤ ਕੀਤੇ ਜਾਣਗੇ ਅਤੇ 2,386 ਟੀਮਾਂ ਤਾਇਨਾਤ ਕੀਤੀਆਂ ਜਾਣਗੀਆਂ, ਜਦਕਿ 255 ਸੁਪਰਵਾਈਜ਼ਰਾਂ ਵੱਲੋਂ ਪੂਰੀ ਮੁਹਿੰਮ ਦੀ ਨਿਗਰਾਨੀ ਕੀਤੀ ਜਾਵੇਗੀ। ਇਸ ਮੌਕੇ ਬੀਸੀਜੀ ਅਫ਼ਸਰ ਡਾ. ਮਨਮੀਤ ਕੌਰ, ਡਾ. ਵਨੀਤ ਕੌਰ, ਜ਼ਿਲ੍ਹਾ ਐੱਮ.ਈ.ਆਈ.ਓ. ਅਮਰਦੀਪ ਸਿੰਘ, ਸਮੂਹ ਸੀਨੀਅਰ ਮੈਡੀਕਲ ਅਫ਼ਸਰ ਅਤੇ ਸ਼ਹਿਰੀ ਮੈਡੀਕਲ ਅਫ਼ਸਰ ਹਾਜ਼ਰ ਸਨ।

# ਪਹਿਲੀ ਨੂੰ ਹਰ ਮਹਿਲਾ ਦੇ ਖਾਤੇ 'ਚ ਪਵੇਗੀ 'ਮਾਵਾਂ ਧੀਆਂ ਸਤਿਕਾਰ ਰਾਸ਼ੀ' : ਭਗਵੰਤ ਮਾਨ

## ਚਨਾਰਥਲ ਕਲਾਂ 'ਚ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਉਪਰੰਤ ਲੋਕਾਂ ਨਾਲ ਕੀਤਾ ਵਿਚਾਰ-ਵਟਾਂਦਰਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਮਹਿਲਾ ਆਰਥਿਕ ਸ਼ਕਤੀਕਰਨ ਵੱਲ ਇਤਿਹਾਸਕ ਕਦਮ ਪੁੱਟਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ 'ਮਾਵਾਂ ਧੀਆਂ ਸਤਿਕਾਰ ਯੋਜਨਾ' ਲਈ ਉਲਟੀ ਗਿਣਤੀ ਸ਼ੁਰੂ ਹੋ ਚੁੱਕੀ ਹੈ ਤੇ ਪਹਿਲੀ ਜੁਲਾਈ ਨੂੰ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਤਿੰਨ ਮਹੀਨਿਆਂ ਦੀ ਸਤਿਕਾਰ ਰਾਸ਼ੀ ਦੀ ਪਹਿਲੀ ਕਿਸ਼ਤ ਜਮ੍ਹਾਂ ਕਰ ਦਿੱਤੀ ਜਾਵੇਗੀ।ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਦੀਆਂ ਮਾਵਾਂ-ਭੈਣਾਂ ਨੂੰ ?4,500 ਮਿਲਣਗੇ, ਜਦੋਂ ਕਿ ਬਾਕੀ ਸਾਰੀਆਂ ਸ਼੍ਰੇਣੀਆਂ ਦੀਆਂ ਔਰਤਾਂ ਨੂੰ 3,000 ਦਿੱਤੇ ਜਾਣਗੇ।ਫ਼ਤਹਿਗੜ੍ਹ ਸਾਹਿਬ ਹਲਕੇ ਦੇ ਪਿੰਡ ਚਨਾਰਥਲ ਕਲਾਂ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਉਪਰੰਤ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਹਿਲਕਦਮੀ ਔਰਤਾਂ ਦੇ ਸਨਮਾਨ, ਵਿੱਤੀ ਸੁਰੱਖਿਆ ਤੇ ਸਮਾਜਿਕ ਸ਼ਕਤੀਕਰਨ ਯਕੀਨੀ ਬਣਾਉਣ ਲਈ 'ਆਪ' ਸਰਕਾਰ ਦੀ ਵਚਨਬੱਧਤਾ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ ਜਿੰਨਾ ਚਿਰ ਪੰਜਾਬ ਵਿੱਚ 'ਆਪ' ਸਰਕਾਰ ਰਹੇਗੀ, ਇਹ ਸਹਾਇਤਾ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹੇਗੀ।

ਫ਼ਤਹਿਗੜ੍ਹ ਸਾਹਿਬ ਵਿਖੇ 'ਲੋਕ ਮਿਲਣੀ' ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਨੌਂ ਦਿਨਾਂ ਬਾਅਦ ਪਹਿਲੀ ਜੁਲਾਈ ਨੂੰ 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾ ਲਾਭਪਾਤਰੀਆਂ ਦੇ ਮੋਬਾਈਲ ਫ਼ੋਨਾਂ 'ਤੇ ਉਨ੍ਹਾਂ ਦੇ ਖਾਤਿਆਂ ਵਿੱਚ ਵਿੱਤੀ ਸਹਾਇਤਾ ਜਮ੍ਹਾਂ ਹੋਣ ਦੇ ਨੋਟੀਫਿਕੇਸ਼ਨ ਪ੍ਰਾਪਤ ਹੋਣਗੇ।ਇਹ ਪੈਸਾ ਬਿਨਾਂ ਕਿਸੇ ਵਿਚੋਲੇ ਦੇ ਸਿੱਧਾ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤਾ ਜਾਵੇਗਾ।ਜੋ ਔਰਤਾਂ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨਾਂ ਲੈ ਰਹੀਆਂ ਹਨ, ਉਹ ਵੀ ਇਸ ਯੋਜਨਾ ਦੇ ਯੋਗ ਹੋਣਗੀਆਂ।ਪੰਜਾਬ ਦੀਆਂ ਲਗਭਗ 97 ਫੀਸਦੀ ਔਰਤਾਂ ਨੂੰ ਇਸ ਪਹਿਲਕਦਮੀ ਦਾ ਲਾਭ ਮਿਲਣ ਦੀ ਉਮੀਦ ਹੈ ਤੇ ਪੰਜਾਬ ਸਰਕਾਰ ਨੇ ਇਸ ਲਈ ?9,300 ਕਰੋੜ ਦਾ ਬਜਟ ਉਪਬੰਧ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਵਿੱਤੀ ਸਹਾਇਤਾ ਸ਼ਾਇਦ ਔਰਤਾਂ ਨੂੰ ਅਮੀਰ ਨਾ ਬਣਾਵੇ, ਪਰ ਇਹ ਯਕੀਨੀ ਤੌਰ 'ਤੇ ਉਨ੍ਹਾਂ ਨੂੰ ਸਨਮਾਨ, ਸਵੈ-ਮਾਣ ਤੇ ਆਤਮ-ਵਿਸ਼ਵਾਸ ਦੇਵੇਗੀ।

ਇੱਕ ਹੋਰ ਮੁੱਦੇ 'ਤੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਚੱਲ ਰਹੀ ਐੱਸ.ਆਈ.ਆਰ. ਪ੍ਰਕਿਰਿਆ ਦੌਰਾਨ ਪੰਜਾਬ ਸਰਕਾਰ ਕਿਸੇ ਵੀ ਅਸਲੀ ਵੋਟ ਨੂੰ ਕੱਟਣ ਨਹੀਂ ਦੇਵੇਗੀ।ਮੈਂ ਲੋਕਾਂ ਨੂੰ ਸੁਚੇਤ ਕਰਨਾ ਚਾਹੁੰਦਾ ਹਾਂ ਕਿ ਭਾਜਪਾ ਜਾਇਜ਼ ਵੋਟਾਂ ਨੂੰ ਕੱਟਣ ਲਈ ਐੱਸ.ਆਈ.ਆਰ. ਪ੍ਰਕਿਰਿਆ ਦੀ ਦੁਰਵਰਤੋਂ ਕਰਨ ਦੀ ਕੋਸ਼ਿਸ਼ ਕਰ ਸਕਦੀ ਹੈ, ਜਿਵੇਂ ਕਿ ਚੋਣਾਂ ਵਾਲੇ ਦੂਜੇ ਰਾਜਾਂ ਵਿੱਚ ਹੋਇਆ ਹੈ।ਹਾਲਾਂਕਿ, ਅਸੀਂ ਪੂਰੀ ਤਰ੍ਹਾਂ ਚੌਕਸ ਹਾਂ ਤੇ ਭਗਵਾਂ ਪਾਰਟੀ ਦੇ ਨਾਪਾਕ ਇਰਾਦਿਆਂ ਨੂੰ ਕਾਮਯਾਬ ਨਹੀਂ ਹੋਣ ਦਿਆਂਗੇ।ਪੰਜਾਬ ਦੇ ਹਰ ਅਸਲੀ ਵੋਟਰ ਦੀ ਰਾਖੀ ਕੀਤੀ ਜਾਵੇਗੀ। ਅਕਾਲੀ ਦਲ ਦੀ ਲੀਡਰਸ਼ਿਪ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਪੰਜਾਬ ਦੀਆਂ ਜ਼ਮੀਨੀ ਹਕੀਕਤਾਂ ਤੋਂ ਕੋਹਾਂ ਦੂਰ ਹਨ, ਕਿਉਂਕਿ ਉਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਐਸ਼ੋ-ਆਰਾਮ ਤੇ ਖੁਸ਼ਹਾਲ ਮਾਹੌਲ 'ਚ ਬਿਤਾਈ ਹੈ।ਉਹ ਪੰਜਾਬ ਵਿੱਚ ਸੱਤਾ ਹਥਿਆਉਣ ਲਈ ਤਾਂ ਕਾਹਲੇ ਪਏ ਹੋਏ ਹਨ, ਪਰ ਉਨ੍ਹਾਂ ਨੂੰ ਸੂਬੇ ਦੀ ਮੁੱਢਲੀ ਭੂਗੋਲਿਕ ਸਥਿਤੀ ਬਾਰੇ ਵੀ ਕੁਝ ਪਤਾ ਨਹੀਂ।ਉਨ੍ਹਾ ਕਿਹਾ ਕਿ ਅਕਾਲੀ ਲੀਡਰਸ਼ਿਪ ਇੱਕ ਵਾਰ ਫਿਰ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਵਿੱਚ ਹਵਾਈ ਕਿਲ੍ਹੇ ਉਸਾਰ ਰਹੀ ਹੈ।ਹਾਲਾਂਕਿ, ਪੰਜਾਬੀ ਅਜਿਹੇ ਗੁਮਰਾਹਕੁਨ ਪ੍ਰਚਾਰ ਤੋਂ ਪ੍ਰਭਾਵਿਤ ਨਹੀਂ ਹੋਣਗੇ।ਲੋਕ ਅਕਾਲੀਆਂ ਨੂੰ ਉਨ੍ਹਾਂ ਦੇ ਪਾਪਾਂ ਲਈ ਕਦੇ ਵੀ ਮੁਆਫ਼ ਨਹੀਂ ਕਰਨਗੇ ਤੇ ਇੱਕ ਵਾਰ ਫਿਰ ਉਨ੍ਹਾਂ ਨੂੰ ਢੁੱਕਵਾਂ ਸਬਕ ਸਿਖਾਉਣਗੇ।ਕਾਂਗਰਸ 'ਤੇ ਵਾਰ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਕਾਂਗਰਸ ਪਾਰਟੀ ਆਖਰੀ ਸਾਹਾਂ 'ਤੇ ਹੈ ਤੇ ਜਲਦੀ ਹੀ ਅਪ੍ਰਸੰਗਿਕ ਹੋ ਜਾਵੇਗੀ, ਕਿਉਂਕਿ ਇਸ ਕੋਲ ਪੰਜਾਬ ਲਈ ਨਾ ਤਾਂ ਕੋਈ ਦ੍ਰਿਸ਼ਟੀਕੋਣ ਹੈ ਤੇ ਨਾ ਹੀ ਭਵਿੱਖ ਲਈ ਕੋਈ ਰੋਡਮੈਪ ਹੈ।ਇਸ ਦਾ ਇੱਕੋ ਇੱਕ ਉਦੇਸ਼ ਸੱਤਾ ਸੰਭਾਲਣਾ ਤੇ ਸੂਬੇ ਦੀ ਦੌਲਤ ਨੂੰ ਲੁੱਟਣਾ ਹੈ, ਪਰ ਇਹ ਸੁਪਨਾ ਕਦੇ ਪੂਰਾ ਨਹੀਂ ਹੋਵੇਗਾ।

## ਸਰਬਸੰਮਤੀ ਨਾਲ ਚੋਣ 'ਚ ਅਮਰਜੀਤ ਬਾਵਾ ਬਣੇ ਪ੍ਰਧਾਨ



**ਧੂਰੀ (ਮਨੋਹਰ ਸਿੰਘ ਸੱਗੂ)**-ਪਾਵਰਕਾਮ ਦੀ ਜਥੇਬੰਦੀ ਆਈ.ਟੀ.ਆਈ ਇੰਪਲਾਈਜ ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਸਾਥੀਆਂ ਅੰਦਰ ਚੇਤਨਾ ਸਰਗਰਮੀਆਂ ਤਹਿਤ ਮੰਡਲ ਪ੍ਰਧਾਨ ਗੁਰਚਿਰਨ ਸਿੰਘ ਕਰੋੜ ਦੀ ਪ੍ਰਧਾਨਗੀ ਹੇਠ ਮੀਟਿੰਗ ਪਾਵਰਕਾਮ ਦੇ ਪੈਨਸ਼ਨਰ ਸ਼ੈੱਡ ਵਿਖੇ ਹੋਈ। ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਮੰਡਲ ਧੂਰੀ ਅਧੀਨ ਸਬ ਡਵੀਜ਼ਨ ਭਲਵਾਨ ਤੇ ਸ਼ਹਿਰੀ ਧੂਰੀ ਦੇ ਸਰਗਰਮ ਆਗੂਆਂ ਤੇ ਸਾਥੀਆਂ ਨੂੰ ਸੰਬੋਧਨ ਕਰਦਿਆਂ ਸੂਬਾ ਮੀਤ ਪ੍ਰਧਾਨ ਚਰਨਜੀਤ ਸਿੰਘ ਬਾਵਾ ਨੇ ਦੱਸਿਆ ਕਿ ਪੰਜਾਬ ਦਾ ਸਮੁੱਚਾ ਮੁਲਾਜ਼ਮ ਵਰਗ ਆਪਣੀਆਂ ਜਾਇਜ਼ ਤੇ ਹੱਕੀ ਮੰਗਾਂ ਲਈ ਸਾਂਝੇ ਸੰਘਰਸ਼ ਪ੍ਰੋਗਰਾਮਾਂ ਵਿੱਚ ਵੱਡੇ ਪੱਧਰ 'ਤੇ ਸ਼ਮੂਲੀਅਤ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪਾਵਰਕਾਮ ਮੈਨੇਜਮੈਂਟ ਮੁਲਾਜ਼ਮਾਂ ਨੂੰ ਸੇਫਟੀ ਕਿੱਟਾਂ ਦੇਣ ਤੋਂ ਨਾਂਹ ਕਰ ਰਹੀ, ਇਸ ਨਾਲ ਬਿਜਲੀ ਮੁਲਾਜ਼ਮ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ ਅਤੇ ਸਮੁੱਚੇ ਮੁਲਾਜ਼ਮ ਵਰਗ ਦੀਆਂ ਵੱਖ-ਵੱਖ ਕੇਡਰ ਦੀਆਂ ਤਰੱਕੀਆਂ ਵਿੱਚ ਖੜੋਤ ਨੂੰ ਦੂਰ ਕਰਨ ਵਿੱਚ ਅਸਫਲ ਰਹੀ ਹੈ।ਮੀਟਿੰਗ ਵਿੱਚ ਸਰਕਲ ਆਗੂ ਮਨਜੀਤ ਸਿੰਘ ਲੱਡਾ, ਜਨਰੈਲ ਸਿੰਘ ਮਾਨਾਂ ਤੇ ਡਵੀਜ਼ਨ ਪ੍ਰਧਾਨ ਜਸਵੀਰ ਸ਼ਰਮਾ ਵੀ ਮੌਜੂਦ ਸਨ।ਮੀਟਿੰਗ ਦੌਰਾਨ ਗੁਰਚਿਰਨ ਸਿੰਘ ਕਰੋੜ ਨੂੰ ਸਰਬਸੰਮਤੀ ਨਾਲ ਫਿਰ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਹਮੇਸ਼ਾ ਸਮੁੱਚੇ ਮੁਲਾਜ਼ਮ ਵਰਗ ਦੀਆਂ ਮੁਸ਼ਕਲਾਂ ਦੇ ਹੱਲ ਲਈ ਤਤਪਰ ਹੈ।

## ਸਮਾਜ ਸੇਵੀ ਕਾਰਜਾਂ ਲਈ ਗੁਰਜੀਤ ਸਿੰਘ ਢਿੱਲੋਂ ਸਨਮਾਨਤ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਗੁਰੂ ਸਾਹਿਬਾਨ ਵੱਲੋਂ ਦਰਸਾਏ ਗਏ ਪਵਿੱਤਰ ਮਾਰਗ 'ਤੇ ਚੱਲਦਿਆਂ ਗਲੋਬਲ ਸਿੱਖ ਭਾਈਚਾਰਾ ਬਿਨਾਂ ਕਿਸੇ ਦਿਖਾਵੇ ਜਾਂ ਪ੍ਰਚਾਰ ਦੇ, ਆਪਣੇ ਅਮਲੀ ਜੀਵਨ ਅਤੇ ਨਿਸ਼ਕਾਮ ਸੇਵਾ ਰਾਹੀਂ ਅੱਜ ਵੀ ਪੂਰੀ ਮਨੁੱਖਤਾ ਦਾ ਦਿਲ ਜਿੱਤ ਰਿਹਾ ਹੈ।ਸਿੱਖ ਭਾਈਚਾਰੇ ਵੱਲੋਂ ਮਨੁੱਖਤਾ ਲਈ ਕੀਤੇ ਗਏ ਬੇਮਿਸਾਲ ਯੋਗਦਾਨਾਂ ਕਰਕੇ ਅੱਜ ਦੁਨੀਆ ਭਰ ਵਿੱਚ ਉਨ੍ਹਾਂ ਦੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।ਸਮਿਟ ਦੌਰਾਨ ਬੁਲਾਰਿਆਂ ਨੇ ਆਖਿਆ ਕਿ ਗੁਰੂ ਸਾਹਿਬ ਦੇ ਦੱਸੇ ਹੋਏ ਸੇਵਾ ਦੇ ਮਾਰਗ 'ਤੇ ਚੱਲ ਕੇ ਸਮਾਜ ਨੂੰ ਬਿਹਤਰ ਬਣਾਉਣ ਵਾਲਿਆਂ ਇਨ੍ਹਾਂ ਸਾਰੀਆਂ ਸੰਸਥਾਵਾਂ, ਸੁਸਾਇਟੀਆਂ ਤੇ ਵੀਰਾਂ-ਭੈਣਾਂ ਨੂੰ ਦਿਲੋਂ ਸਲਾਮ ਹੈ, ਜੋ ਬਿਨਾਂ ਕਿਸੇ ਸਵਾਰਥ ਦੇ ਸਮਾਜ ਦੀ ਸੇਵਾ ਵਿੱਚ ਜੁਟੇ ਹੋਏ ਹਨ।ਸਮਿਟ ਦੌਰਾਨ ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫੇਅਰ ਸੁਸਾਇਟੀ (ਰਜਿ:) ਦੇ ਮੁੱਖ ਸੇਵਾਦਾਰ ਗੁਰਜੀਤ ਸਿੰਘ ਢਿੱਲੋਂ ਨੂੰ ਉਨ੍ਹਾਂ ਦੀਆਂ ਅਣਥੱਕ ਮਨੁੱਖਤਾਵਾਦੀ ਸੇਵਾਵਾਂ ਬਦਲੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸਮਿਟ ਦੌਰਾਨ ਖਾਸ ਤੌਰ 'ਤੇ ਗੁਰਜੀਤ ਵੀਰ ਬਲੱਡ ਸੇਵਾ ਸੁਸਾਇਟੀ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ, ਜੋ ਖ਼ੂਨਦਾਨ ਵਰਗੇ ਮਹਾਨ ਕਾਰਜ ਰਾਹੀਂ ਕੀਮਤੀ ਜਾਨਾਂ ਬਚਾਉਣ ਲਈ ਨਿਰੰਤਰ ਯਤਨਸ਼ੀਲ ਹੈ।

## ਦੰਦਾਂ ਦੀ ਸਫ਼ਾਈ ਨਾ ਹੋਣ ਕਾਰਨ ਹੁੰਦੀਆਂ ਗੰਭੀਰ ਸਮੱਸਿਆਵਾਂ : ਡਾ. ਸਿੰਗਲਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਰੁਧਿਰ ਭਾਰਦਵਾਜ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਦੰਦਾਂ ਦੇ ਉੱਘੇ ਸਰਜਨ ਡਾ. ਇਸ਼ੂ ਸਿੰਗਲਾ ਬੀ.ਡੀ.ਐਸ, ਐਮ.ਡੀ.ਐਸ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਉਨ੍ਹਾਂ ਨਾਲ ਉਨ੍ਹਾਂ ਦੀ ਧਰਮ ਪਤਨੀ ਡਾ. ਰਿਤੂ ਅਗਰਵਾਲ, ਜੋ ਖੁਦ ਵੀ ਡੈਂਟਲ ਸਰਜਨ ਹਨ, ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ। ਡਾ. ਸਿੰਗਲਾ ਨੇ ਕਿਹਾ ਕਿ ਅਸੀਂ ਦੰਦਾਂ ਦੀ ਸਫਾਈ ਵੱਲ ਕੋਈ ਬਹੁਤ ਅਵੇਸਲਾਪਣ ਕਰਦੇ ਹਾਂ, ਇਧਰ ਕੋਈ ਧਿਆਨ ਨਹੀਂ ਦਿੰਦੇ, ਜਦੋਂ ਕਿ ਦੰਦ ਸਾਡੇ ਸਰੀਰ ਦਾ ਮੁੱਖ ਅੰਗ ਹਨ।ਇਨ੍ਹਾਂ ਦੀ ਲਗਾਤਾਰ ਸਫਾਈ ਨਾ ਹੋਣ ਕਾਰਨ ਮਸੂੜਿਆਂ ਵਿੱਚ ਕਈ ਪ੍ਰਕਾਰ ਦੀ ਇਨਫੈਕਸ਼ਨ ਪੈਦਾ ਹੋ ਜਾਂਦੀ ਹੈ, ਜਿਸ ਨਾਲ ਸ਼ੂਗਰ, ਕੈਂਸਰ, ਹਾਰਟ ਅਤੇ ਲੀਵਰ ਨੂੰ ਵੀ ਨੁਕਸਾਨ ਪਹੁੰਚਦਾ ਹੈ ਤੇ ਇਹ ਕਈ ਬਿਮਾਰੀਆਂ ਦਾ ਕਾਰਨ ਬਣਦੀ ਹੈ। ਪ੍ਰਧਾਨ ਰੁਧਿਰ ਭਾਰਦਵਾਜ ਨੇ ਕਿਹਾ ਕਿ ਜਿਸ ਤਰ੍ਹਾਂ ਪਹਿਲਾਂ ਸਾਰੇ ਮੈਂਬਰਾਂ ਦੇ ਵੱਖ-ਵੱਖ ਟੈਸਟ ਕਰਾ ਕੇ ਦਵਾਈਆਂ ਦਿੱਤੀਆਂ ਗਈਆਂ ਸਨ, ਉਸ ਤਰ੍ਹਾਂ 28 ਜੂਨ ਨੂੰ ਮੈਂਬਰਾਂ ਦੇ ਦੰਦਾਂ ਦੀ ਜਾਂਚ ਕਰਵਾ ਕੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਜਾਣਗੀਆਂ। ਸੰਸਥਾ ਦਾ ਮੁੱਖ ਕੰਮ ਸਾਰੇ ਮੈਂਬਰਾਂ ਦੀ ਸਿਹਤ ਨੂੰ ਠੀਕ ਰੱਖਣਾ ਹੈ।ਉਨ੍ਹਾਂ ਡਾ. ਜੋੜੀ ਦਾ ਧੰਨਵਾਦ ਕੀਤਾ, ਜਿਨ੍ਹਾਂ ਆਪਣਾ ਕੀਮਤੀ ਸਮਾਂ ਕੱਢ ਕੇ ਸੀਨੀਅਰ ਸਿਟੀਜ਼ਨ ਨੂੰ ਦੰਦਾਂ ਪ੍ਰਤੀ ਜਾਗਰੂਕ ਕੀਤਾ।ਮੀਟਿੰਗ ਨੂੰ ਪਵਨ ਗੁੱਜਰਾਂ, ਬੀਰਬਲ ਬਾਂਸਲ, ਬਲਵਿੰਦਰ ਭਾਰਦਵਾਜ ਤੇ ਕ੍ਰਿਸ਼ਨ ਸੰਦੋਹਾ ਨੇ ਵੀ ਸੰਬੋਧਨ ਕੀਤਾ ਤੇ ਸੰਸਥਾ ਦੇ ਸੀਨੀਅਰ ਮੈਂਬਰ ਗਿਆਨ ਚੰਦ ਕੀਤਾ ਤੇ ਪਿਤਾ ਦਿਵਸ ਤੇ ਇਸ ਮਹੀਨੇ ਅੰਦਰ ਜਨਮ ਦਿਨ ਵਾਲੇ ਮੈਂਬਰਾਂ ਨੂੰ ਵਧਾਈ ਦਿੱਤੀ।

## ਕਾਲਾ ਸਿੰਘ ਬਾਘਾ ਪੁਰਾਣਾ ਸਰਕਲ ਪ੍ਰਧਾਨ ਨਿਯੁਕਤ, ਸੁਖਬੀਰ ਬਾਦਲ ਤੋਂ ਲਿਆ ਆਸ਼ੀਰਵਾਦ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਅਗਾਮੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਮਿਹਨਤੀ ਤੇ ਪਾਰਟੀ ਦੇ ਵਫ਼ਾਦਾਰ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਦੇ ਕੇ ਸਨਮਾਨਤ ਕਰਨ ਦੀ ਪ੍ਰਕਿਰਿਆ ਲਗਾਤਾਰ ਜਾਰੀ ਹੈ।ਇਸ ਤਹਿਤ ਕਾਲਾ ਸਿੰਘ ਰਾਜਿਆਣਾ ਨੂੰ ਬਾਘਾ ਪੁਰਾਣਾ ਸਰਕਲ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਹ ਨਿਯੁਕਤੀ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਵੱਲੋਂ ਕੀਤੀ ਗਈ ਸਿਫਾਰਸ਼ ਦੇ ਆਧਾਰ 'ਤੇ ਕੀਤੀ ਗਈ ਹੈ।ਦੋਵਾਂ ਆਗੂਆਂ ਨੇ ਕਾਲਾ ਸਿੰਘ ਰਾਜਿਆਣਾ ਵੱਲੋਂ ਪਾਰਟੀ ਲਈ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਦੇਖਦਿਆਂ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ।ਕਾਲਾ ਸਿੰਘ ਰਾਜਿਆਣਾ ਦੀ ਨਿਯੁਕਤੀ ਨਾਲ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦਿਖਾਈ ਦੇ ਰਿਹਾ ਹੈ ਤੇ ਉਨ੍ਹਾਂ ਨੂੰ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ।ਪਾਰਟੀ ਆਗੂਆਂ ਦਾ ਮੰਨਣਾ ਹੈ ਕਿ ਰਾਜਿਆਣਾ ਦੀ ਨਿਯੁਕਤੀ ਨਾਲ ਹਲਕੇ ਵਿੱਚ ਅਕਾਲੀ ਦਲ ਹੋਰ ਮਜ਼ਬੂਤ ਹੋਵੇਗਾ।ਇਸ ਦੌਰਾਨ ਕਾਲਾ ਸਿੰਘ ਰਾਜਿਆਣਾ ਨੇ ਅਗਾਮੀ 2027 ਦੀਆਂ ਚੋਣਾਂ ਦੀਆਂ ਸਰਗਰਮੀਆਂ ਦਾ ਆਗਾਜ਼ ਕਰਨ ਤੋਂ ਪਹਿਲਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕਰਦਿਆਂ ਆਖਿਆ ਕਿ ਉਹ ਹੁਣੇ ਤੋਂ ਹੀ ਹਲਕੇ ਅੰਦਰ ਸਰਗਰਮ ਹੋ ਜਾਣ ਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਜ਼ੋਰ-ਸ਼ੋਰ ਨਾਲ ਕੰਮ ਕਰਨ।ਇਸ ਮੌਕੇ ਰਾਜਿਆਣਾ ਨੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਮਿਹਨਤ ਕਰਨਗੇ।

## ਬਾਬਾ ਮੋਨੀ ਜੀ ਕਾਲਜ 'ਚ ਯੋਗਾ ਕੈਂਪ ਲਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਮਹਾਰਾਜ ਗਰੁੱਪ ਆਫ਼ ਕਾਲਜਿਜ਼ ਵੱਲੋਂ ਵਿਦਿਆਰਥੀਆਂ ਦੀ ਸਰੀਰਕ ਤੇ ਮਾਨਸਿਕ ਤੰਦਰੁਸਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਵਿਸ਼ੇਸ਼ ਯੋਗਾ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣਾ ਸੀ। ਕੈਂਪ ਵਿੱਚ ਕਾਲਜ ਦੇ ਵਿਦਿਆਰਥੀਆਂ ਤੇ ਸਟਾਫ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਵੱਖ-ਵੱਖ ਯੋਗ ਆਸਣ, ਪ੍ਰਾਣਾਯਾਮ ਤੇ ਧਿਆਨ ਲਗਾਉਣ ਦੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੱਤੀਆਂ ਗਈਆਂ ਕਿ ਨਿਯਮਿਤ ਯੋਗਾ ਕਰਨ ਨਾਲ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਮਨ ਨੂੰ ਸ਼ਾਂਤੀ ਅਤੇ ਤਣਾਅ ਤੋਂ ਰਾਹਤ ਮਿਲਦੀ ਹੈ। ਪ੍ਰਿੰਸੀਪਲ ਡਾ. ਰਜਨੀ ਚੌਧਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਤਣਾਅ ਭਰੇ ਜੀਵਨ ਵਿੱਚ ਯੋਗਾ ਦੀ ਮਹੱਤਤਾ ਹੋਰ ਵੀ ਵਧ ਗਈ ਹੈ ਤੇ ਹਰ ਵਿਅਕਤੀ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਯੋਗਾ ਨੂੰ ਸ਼ਾਮਲ ਕਰਨਾ ਚਾਹੀਦਾ ਹੈ।ਕੈਂਪ ਦੇ ਅਖੀਰ 'ਚ ਸਾਰੇ ਭਾਗੀਦਾਰਾਂ ਨੂੰ ਯੋਗਾ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ।

## ਬਾਲੀਆਂ ਤੇ ਬਟੂਹਾ 'ਚ ਕਰਾਇਆ 'ਲੋਕ ਮਿਲਣੀ' ਪ੍ਰੋਗਰਾਮ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਤੇ ਵਿਕਾਸ ਕਾਰਜਾਂ ਨੂੰ ਹਰ ਘਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਪਿੰਡ ਬਾਲੀਆਂ ਤੇ ਬਟੂਹਾ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਕਰਾਇਆ ਗਿਆ।ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਵਿਚਾਰ-ਵਟਾਂਦਰਾ ਕੀਤਾ ਤੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਵਿਕਾਸ ਅਤੇ ਲੋਕ ਭਲਾਈ ਦੇ ਖੇਤਰ ਵਿੱਚ ਇਤਿਹਾਸਕ ਕੰਮ ਕੀਤੇ ਹਨ, ਜਿਸ ਨਾਲ ਹਲਕੇ ਦੀ ਨੁਹਾਰ ਵਿੱਚ ਵੱਡਾ ਬਦਲਾਅ ਆਇਆ ਹੈ।

## ਸਤਿਨਾਮ ਰੱਤੋਕੇ ਬਣੇ ਅੰਮ੍ਰਿਤਸਰ ਦਲ ਦੇ ਹਲਕਾ ਇੰਚਾਰਜ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਦੇ ਮੱਦੇਨਜ਼ਰ ਸਤਿਨਾਮ ਸਿੰਘ ਰੱਤੋਕੇ ਨੂੰ ਹਲਕਾ ਸੁਨਾਮ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਪਾਰਟੀ ਹਾਈਕਮਾਂਡ ਵੱਲੋਂ ਜਾਰੀ ਕੀਤੇ ਗਏ ਇਸ ਫ਼ੈਸਲੇ ਦਾ ਪਾਰਟੀ ਵਰਕਰਾਂ ਤੇ ਆਗੂਆਂ ਨੇ ਸਵਾਗਤ ਕੀਤਾ ਹੈ।ਸਤਿਨਾਮ ਸਿੰਘ ਰੱਤੋਕੇ ਨੇ ਪਾਰਟੀ ਪ੍ਰਧਾਨ ਤੇ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਹਲਕਾ ਸੁਨਾਮ 'ਚ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਵਰਕਰਾਂ ਨੂੰ ਨਾਲ ਲੈ ਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਠਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀਆਂ ਨੀਤੀਆਂ ਤੇ ਸਿਧਾਂਤਾਂ ਨੂੰ ਘਰ-ਘਰ ਤੱਕ ਪੁਚਾਇਆ ਜਾਵੇਗਾ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ।

## ਨਗਰਾਸੂ ਵਿਵਾਦ 'ਤੇ ਮਿਸਲ ਸਤਲੁਜ ਦਾ ਸਖ਼ਤ ਸਟੈਂਡ, ਗੁਰੂ ਘਰਾਂ ਦੀ ਮਰਿਆਦਾ ਦੀ ਰੱਖਿਆ ਲਈ ਡਟੇ ਰਹਾਂਗੇ : ਸੇਖੋਂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਿਸਲ ਸਤਲੁਜ ਜਥੇਬੰਦੀ ਦੇ ਜਨਰਲ ਸਕੱਤਰ ਦਵਿੰਦਰ ਸਿੰਘ ਸੇਖੋਂ ਨੇ ਇਥੇ ਇਕ ਬਿਆਨ ਵਿੱਚ ਉੱਤਰਾਖੰਡ ਰਾਜ ਦੇ ਨਗਰਾਸੂ ਵਿਖੇ ਇਤਿਹਾਸਕ ਗੁਰਦੁਆਰਾ ਲੰਗਰ ਦਮਦਮਾ ਸਾਹਿਬ ਦੇ ਆਲੇ-ਦੁਆਲੇ ਬਣੇ ਤਣਾਅਪੂਰਨ ਹਾਲਾਤ ਸਿਰਫ਼ ਇੱਕ ਸਥਾਨਕ ਮਸਲਾ ਨਹੀਂ, ਸਗੋਂ ਸਮੂਹ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਤੇ ਵਿਸ਼ਵਾਸ ਨਾਲ ਜੁੜਿਆ ਗੰਭੀਰ ਵਿਸ਼ਾ ਹੈ। ਗੁਰੂ ਘਰ ਸਿੱਖ ਕੌਮ ਦੀ ਆਤਮਿਕ ਤਾਕਤ, ਇਤਿਹਾਸਕ ਵਿਰਾਸਤ ਤੇ ਸੇਵਾ-ਸਿਮਰਨ ਦੀ ਪ੍ਰੰਪਰਾ ਦੇ ਕੇਂਦਰ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦੀ ਮਰਿਆਦਾ ਤੇ ਆਜ਼ਾਦੀ ਨੂੰ ਪ੍ਰਭਾਵਿਤ ਕਰਨ ਵਾਲਾ ਕੋਈ ਵੀ ਕਰਵਾਈ ਕਦੇ ਵੀ ਸਵੀਕਾਰ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਜੇਕਰ ਗੁਰਦੁਆਰਾ ਸਾਹਿਬ ਦੇ ਪ੍ਰਬੰਧਾਂ, ਲੰਗਰ ਪ੍ਰਥਾ ਜਾਂ ਧਾਰਮਿਕ ਰਵਾਇਤਾਂ ਵਿੱਚ ਜ਼ਬਰਦਸਤੀ ਦਖ਼ਲਅੰਦਾਜ਼ੀ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਇਹ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਣ ਵਾਲੀ ਕਾਰਵਾਈ ਹੋਵੇਗੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਫਰਜ਼ ਹੈ ਕਿ ਉਹ ਸ਼ਾਂਤੀ, ਸਤਿਕਾਰ ਤੇ ਸੰਵਾਦ ਦੇ ਰਾਹ 'ਤੇ ਚੱਲੇ, ਨਾ ਕਿ ਅਜਿਹੀ ਕਾਰਵਾਈ ਕਰਨ, ਜੋ ਬੇਲੋੜਾ ਤਣਾਅ ਪੈਦਾ ਕਰਨ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਸਿੱਖਾਂ ਕੌਮ ਨੇ ਆਪਣੇ ਗੁਰੂ ਘਰਾਂ, ਧਾਰਮਿਕ ਅਧਿਕਾਰਾਂ ਤੇ ਮਰਿਆਦਾਵਾਂ ਦੀ ਰੱਖਿਆ ਲਈ ਹਰ ਯੁੱਗ ਵਿੱਚ ਮਹਾਨ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇਸ ਲਈ ਕਿਸੇ ਨੂੰ ਵੀ ਇਹ ਭੁਲੇਖਾ ਨਹੀਂ ਰਹਿਣਾ ਚਾਹੀਦਾ ਕਿ ਸਿੱਖ ਕੌਮ ਆਪਣੇ ਧਾਰਮਿਕ ਅਸਥਾਨਾਂ ਦੀ ਬੇਅਦਬੀ ਜਾਂ ਉਨ੍ਹਾਂ ਦੇ ਅੰਦਰੂਨੀ ਮਾਮਲਿਆਂ ਵਿੱਚ ਦਖ਼ਲ ਨੂੰ ਚੁੱਪਚਾਪ ਸਵੀਕਾਰ ਕਰ ਲਵੇਗੀ।

ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਸਪੱਸ਼ਟ ਕਰਦੀ ਹੈ ਕਿ ਗੁਰੂ ਘਰ ਦੀ ਮਰਿਆਦਾ ਦੀ ਰੱਖਿਆ ਲਈ ਖੜ੍ਹੀਆਂ ਸੰਗਤਾਂ ਤੇ ਸੇਵਾਦਾਰਾਂ ਨਾਲ ਪੂਰੀ ਦ੍ਰਿੜਤਾ ਨਾਲ ਖੜ੍ਹਾ ਰਹਿਣਾ ਸਾਡਾ ਫਰਜ਼ ਹੈ। ਮਿਸਲ ਸਤਲੁਜ ਜਥੇਬੰਦੀ ਉਤਰਾਖੰਡ ਸਰਕਾਰ ਤੇ ਸਥਾਨਕ ਪ੍ਰਸ਼ਾਸਨ ਨੂੰ ਅਪੀਲ ਕਰਦੀ ਹੈ ਕਿ ਸਥਿਤੀ ਨੂੰ ਹੋਰ ਗੰਭੀਰ ਬਣਾਉਣ ਵਾਲੇ ਕਾਰਵਾਈ ਤੋਂ ਗੁਰੇਜ਼ ਕੀਤਾ ਜਾਵੇ ਅਤੇ ਆਪਸੀ ਸਤਿਕਾਰ ਤੇ ਵਿਚਾਰ-ਵਟਾਂਦਰੇ ਰਾਹੀਂ ਤੁਰੰਤ ਹੱਲ ਕੱਢਿਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਇਸ ਦੀ ਪੂਰੀ ਜ਼ਿੰਮੇਵਾਰੀ ਸੰਬੰਧਤ ਪ੍ਰਸ਼ਾਸਨ ਤੇ ਉੱਤਰਾਖੰਡ ਸਰਕਾਰ ਦੀ ਹੋਵੇਗੀ।

## 145 ਕਿਲੋ ਵਜ਼ਨ ਵਾਲੇ ਹਰਨੀਆਂ ਦੇ ਮਰੀਜ਼ ਦਾ ਕੀਤਾ ਸਫ਼ਲ ਉਪ੍ਰੇਸ਼ਨ : ਡਾ. ਰੇਖੀ



**ਮਾਨਸਾ (ਆਤਮਾ ਸਿੰਘ ਪਮਾਰ)**

ਰੇਖੀ ਹਸਪਤਾਲ ਨੇ ਇੱਕ ਵਾਰ ਫਿਰ ਸਿਹਤ ਸੇਵਾਵਾਂ ਦੇ ਖੇਤਰ 'ਚ ਮਹੱਤਵਪੂਰਨ ਉਪਲੱਬਧੀ ਕਰਦਿਆਂ ਬਹੁਤ ਹੀ ਚੁਣੌਤੀਪੂਰਨ ਹਰਨੀਆ ਦੀ ਸਰਜਰੀ ਨੂੰ ਸਫ਼ਲਤਾਪੂਰਵਕ ਅੰਜਾਮ ਦਿੱਤਾ ਹੈ।ਸਰਜਨ ਡਾ. ਤੇਜਿੰਦਰ ਪਾਲ ਸਿੰਘ ਰੇਖੀ ਦੀ ਅਗਵਾਈ ਹੇਠ ਮੈਡੀਕਲ ਟੀਮ ਨੇ 145 ਕਿਲੋ ਵਜ਼ਨ ਵਾਲੇ ਮਰੀਜ਼ ਦਾ ਹਰਨੀਆ ਦਾ ਸਫ਼ਲਤਾ ਪੂਰਵਕ ਓਪਰੇਸ਼ਨ ਕਰਕੇ ਇੱਕ ਨਵਾਂ ਮਿਸਾਲ ਕਾਇਮ ਕੀਤਾ ਹੈ।ਜਾਣਕਾਰੀ ਅਨੁਸਾਰ ਮਰੀਜ਼ ਕਾਫ਼ੀ ਸਮੇਂ ਤੋਂ ਹਰਨੀਆਂ ਦੀ ਸਮੱਸਿਆ ਨਾਲ ਜੂਝ ਰਿਹਾ ਸੀ।ਉਸ ਦਾ ਵੱਧ ਵਜ਼ਨ ਸਰਜਰੀ ਲਈ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਸੀ, ਕਿਉਂਕਿ ਇਸ ਤਰ੍ਹਾਂ ਦੇ ਮਰੀਜ਼ਾਂ 'ਚ ਅਪ੍ਰੇਸ਼ਨ ਦੌਰਾਨ ਤੇ ਉਸ ਤੋਂ ਬਾਅਦ ਜਟਿਲਤਾਵਾਂ ਪੈਦਾ ਹੋਣ ਦੀ ਸੰਭਾਵਨਾ ਆਮ ਮਰੀਜ਼ਾਂ ਦੇ ਮੁਕਾਬਲੇ ਕਈ ਗੁਣਾ ਵੱਧ ਹੁੰਦੀਆਂ ਹੈ।ਅਜਿਹੇ ਮਾਮਲਿਆਂ 'ਚ ਅਨਸਥੀਸੀਆ ਦੇਣ ਤੋਂ ਲੈ ਕੇ ਸਰਜਰੀ ਤੇ ਬਾਅਦ ਦੀ ਦੇਖਭਾਲ ਤੱਕ ਹਰ ਪੜਾਅ 'ਚ ਵਿਸ਼ੇਸ਼ ਸਾਵਧਾਨੀ ਅਤੇ ਤਜ਼ੱਰਬੇ ਦੀ ਲੋੜ ਹੁੰਦੀ ਹੈ।ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਮਰੀਜ਼ ਦੀ ਸਥਿਤੀ ਦਾ ਗਹਿਰਾਈ ਨਾਲ ਮੁਲਾਂਕਣ ਕਰਨ ਤੋਂ ਬਾਅਦ ਸਰਜਰੀ ਦਾ ਫੈਸਲਾ ਲਿਆ ਗਿਆ।ਡਾ. ਰੇਖੀ ਤੇ ਉਨ੍ਹਾਂ ਦੀ ਮਾਹਿਰ ਟੀਮ ਨੇ ਆਧੁਨਿਕ ਮੈਡੀਕਲ ਤਕਨੀਕਾਂ, ਉੱਚ ਪੱਧਰੀ ਉਪਕਰਨਾਂ ਅਤੇ ਸੁਚੱਜੀ ਯੋਜਨਾਬੰਦੀ ਨਾਲ ਇਸ ਮੁਸ਼ਕਲ ਆਪ੍ਰੇਸ਼ਨ ਨੂੰ ਸੁਖਾਲਾ ਤੇ ਸਫ਼ਲ ਬਣਾਇਆ।ਸਰਜਰੀ ਦੌਰਾਨ ਡਾਕਟਰੀ ਟੀਮ ਨੇ ਹਰ ਪੱਖ ਦਾ ਖ਼ਾਸ ਧਿਆਨ ਰੱਖਿਆ, ਜਿਸ ਕਾਰਨ ਆਪ੍ਰੇਸ਼ਨ ਬਿਨਾਂ ਕਿਸੇ ਵੱਡੀ ਪੇਚੀਦਗੀ ਦੇ ਸੰਪੰਨ ਹੋਇਆ।

ਸਰਜਰੀ ਤੋਂ ਬਾਅਦ ਮਰੀਜ਼ ਦੀ ਸਿਹਤ 'ਚ ਲਗਾਤਾਰ ਸੁਧਾਰ ਦਰਜ ਕੀਤਾ ਜਾ ਰਿਹਾ ਹੈ।ਹਸਪਤਾਲ ਦੇ ਡਾਕਟਰਾਂ ਅਨੁਸਾਰ ਮਰੀਜ਼ ਦੀ ਹਾਲਤ ਸਥਿਰ ਹੈ ਤੇ ਉਹ ਆਪਣੇ ਆਪ ਨੂੰ ਪਹਿਲਾਂ ਨਾਲੋਂ ਕਾਫ਼ੀ ਬਿਹਤਰ ਮਹਿਸੂਸ ਕਰ ਰਿਹਾ ਹੈ।ਮਰੀਜ਼ ਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਡਾ. ਰੇਖੀ ਅਤੇ ਪੂਰੀ ਮੈਡੀਕਲ ਟੀਮ ਦਾ ਧੰਨਵਾਦ ਕਰਦਿਆਂ ਉਨ੍ਹਾਂ ਦੀ ਮਿਹਨਤ ਤੇ ਸਮਰਪਣ ਦੀ ਭਰਪੂਰ ਸ਼ਲਾਘਾ ਕੀਤੀ ਹੈ।ਡਾ. ਤੇਜਿੰਦਰ ਪਾਲ ਸਿੰਘ ਰੇਖੀ ਨੇ ਕਿਹਾ ਕਿ ਹਰ ਮਰੀਜ਼ ਨੂੰ ਉੱਚ ਪੱਧਰੀ ਅਤੇ ਸੁਰੱਖਿਅਤ ਇਲਾਜ ਪ੍ਰਦਾਨ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਆਧੁਨਿਕ ਚਿਕਿਤਸਾ ਵਿਗਿਆਨ ਅਤੇ ਤਜਰਬੇਕਾਰ ਮੈਡੀਕਲ ਟੀਮ ਦੀ ਮਦਦ ਨਾਲ ਅੱਜ ਬਹੁਤ ਸਾਰੇ ਜਟਿਲ ਮਾਮਲਿਆਂ ਦਾ ਵੀ ਸਫ਼ਲ ਇਲਾਜ ਸੰਭਵ ਹੋ ਗਿਆ ਹੈ।

## ਤਜਿੰਦਰ ਕੌਰ ਥਿੰਦ ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੀ ਕਨਵੀਨਰ ਨਿਯੁਕਤ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬ ਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਨੂੰ ਹੋਰ ਮਜ਼ਬੂਤ ਤੇ ਵਿਸਤਾਰ ਦੇਣ ਦੇ ਉਦੇਸ਼ ਨਾਲ ਜਥੇਬੰਦੀ ਦੇ ਸੂਬਾਈ ਚੇਅਰਮੈਨ ਬਲਬੀਰ ਜੰਡੂ, ਸੂਬਾ ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸਕੱਤਰ ਜਨਰਲ ਸੰਤੋਖ ਗਿੱਲ ਵੱਲੋਂ ਸੀਨੀਅਰ ਪੱਤਰਕਾਰ ਤਜਿੰਦਰ ਕੌਰ ਥਿੰਦ ਨੂੰ ਤੁਰੰਤ ਪ੍ਰਭਾਵ ਨਾਲ ਜ਼ਿਲ੍ਹਾ ਜਲੰਧਰ ਦੀ ਕਨਵੀਨਰ ਨਿਯੁਕਤ ਕੀਤਾ ਗਿਆ ਹੈ। ਸਕੱਤਰ ਜਨਰਲ ਸੰਤੋਖ ਗਿੱਲ ਨੇ ਕਿਹਾ ਕਿ ਤਜਿੰਦਰ ਕੌਰ ਥਿੰਦ ਪੱਤਰਕਾਰੀ ਦੇ ਖੇਤਰ 'ਚ ਲੰਮੇ ਸਮੇਂ ਤੋਂ ਸਰਗਰਮ ਹਨ ਤੇ ਉਨ੍ਹਾਂ ਦਾ ਤਜਰਬਾ ਜਥੇਬੰਦੀ ਨੂੰ ਮਜ਼ਬੂਤੀ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਜਥੇਬੰਦੀ ਵੱਲੋਂ ਪੱਤਰਕਾਰਾਂ ਦੀ ਏਕਤਾ, ਭਲਾਈ ਅਤੇ ਹੱਕਾਂ ਦੀ ਰੱਖਿਆ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਤਜਿੰਦਰ ਕੌਰ ਥਿੰਦ ਦੀ ਅਗਵਾਈ ਹੇਠ ਜ਼ਿਲ੍ਹਾ ਜਲੰਧਰ 'ਚ ਮੈਂਬਰਸ਼ਿਪ ਮੁਹਿੰਮ ਚਲਾਈ ਜਾਵੇਗੀ। ਮੈਂਬਰਸ਼ਿਪ ਪ੍ਰਕਿਰਿਆ ਪੂਰੀ ਹੋਣ ਉਪਰੰਤ ਜ਼ਿਲ੍ਹਾ ਇਕਾਈ ਦੀ ਚੋਣ ਲੋਕਤੰਤਰੀ ਢੰਗ ਨਾਲ ਕਰਵਾਈ ਜਾਵੇਗੀ ਤੇ ਮੈਂਬਰਾਂ ਨੂੰ ਜਥੇਬੰਦੀ ਵੱਲੋਂ ਸ਼ਨਾਖ਼ਤੀ ਕਾਰਡ ਵੀ ਜਾਰੀ ਕੀਤੇ ਜਾਣਗੇ।

## ਠੇਕਾ ਮੁਲਾਜ਼ਮਾਂ ਦੀ ਹੜਤਾਲ ਕਾਰਨ ਬਿਜਲੀ ਉਤਪਾਦਨ ਬੁਰੀ ਤਰਾਂ ਪ੍ਰਭਾਵਤ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**

ਪਾਵਰ ਕਾਰਪੋਰੇਸ਼ਨ ਦੇ ਸਮੁੱਚੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 9 ਜੂਨ ਤੋਂ ਅਣਮਿੱਥੇ ਸਮੇਂ ਲਈ ਕੀਤੀ ਹੜਤਾਲ ਦੇ ਕਾਰਨ ਬਿਜਲੀ ਉਤਪਾਦਨ ਅਤੇ ਬਿਜਲੀ ਵੰਡ ਦਾ ਕੰਮ ਬੁਰੀ ਤਰ੍ਹਾਂ ਪ੍ਰਭਾਵਤ ਹੋ ਗਿਆ ਹੈ। ਠੇਕਾ ਮੁਲਾਜ਼ਮਾਂ ਦੀ ਹੜਤਾਲ ਕਾਰਨ ਪਿਛਲ਼ੇ ਦਿਨੀਂ ਸਰਕਾਰੀ ਥਰਮਲ ਪਲਾਂਟਾਂ ਦੇ 10 ਯੂਨਿਟਾਂ 'ਚੋਂ 5 ਯੂਨਿਟ ਬਿਜਲੀ ਉਤਪਾਦਨ ਨਹੀਂ ਕਰ ਰਹੇ, ਜਿਨ੍ਹਾਂ ਵਿੱਚੋਂ ਗੁਰੂ ਹਰਿਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ 4 ਯੂਨਿਟਾਂ ਵਿੱਚੋਂ 3 ਯੂਨਿਟ, ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ ਰੂਪਨਗਰ ਦੇ 4 ਯੂਨਿਟਾਂ ਵਿੱਚੋਂ ਇੱਕ ਤੇ ਗੁਰੂ ਅੰਗਦ ਦੇਵ ਥਰਮਲ ਪਲਾਂਟ ਗੋਇੰਦਵਾਲ ਦੇ 2 ਯੂਨਿਟਾਂ ਵਿੱਚੋਂ 1 ਯੂਨਿਟ ਬਿਜਲੀ ਉਤਪਾਦਨ ਨਹੀਂ ਕਰ ਰਹੇ ਤੇ ਬਿਜਲੀ ਉਤਪਾਦਨ ਕਰ ਰਹੇ ਯੂਨਿਟਾਂ ਨੂੰ ਥਰਮਲਾਂ ਦੀ ਮੈਨੇਜਮੈਂਟ ਵੱਲੋਂ ਆਪਣੇ ਬਚਾਅ ਲਈ ਯੂਨਿਟ ਸਮਰੱਥਾ ਤੋਂ ਬਿਲਕੁਲ ਘੱਟ ਲੋਡ 'ਤੇ ਚਲਾਇਆ ਜਾ ਰਿਹਾ ਹੈ।

ਪਾਵਰਕਾਮ ਤੇ ਟ੍ਰਾਂਸਕੋ ਆਊਟਸੋਰਸਡ ਮੁਲਾਜ਼ਮ ਤਾਲਮੇਲ ਕਮੇਟੀ (ਪੰਜਾਬ) ਦੇ ਸੱਦੇ 'ਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਵੱਲੋਂ ਵਿੱਢੇ ਹੋਏ ਸੰਘਰਸ਼ ਤਹਿਤ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ ਵਿਭਾਗ ਵਿੱਚ ਮਰਜ ਕਰਨ ਦੀ ਮੰਗ ਨੂੰ ਲੈ ਕੇ ਪਰਵਾਰਾਂ ਸਮੇਤ ਥਰਮਲ ਗੇਟ ਅੱਗੇ ਸ਼ੁਰੂ ਕੀਤਾ ਧਰਨਾ ਲਗਾਤਾਰ 14ਵੇਂ ਦਿਨ ਵੀ ਜਾਰੀ ਰਿਹਾ। ਠੇਕਾ ਮੁਲਾਜ਼ਮ ਆਗੂਆਂ ਜਗਸੀਰ ਸਿੰਘ ਭੰਗੂ, ਬਾਦਲ ਸਿੰਘ ਭੁੱਲਰ, ਜਗਤਾਰ ਸਿੰਘ ਸੰਧੂ ਅਤੇ ਗੁਰਜੰਟ ਸਿੰਘ ਬਾਲਿਆਂਵਾਲੀ ਦਾ ਕਹਿਣਾ ਹੈ ਕਿ ਸਮੁੱਚੇ ਪਾਵਰ ਕਾਰਪੋਰੇਸ਼ਨ ਦੇ ਹਜ਼ਾਰਾਂ ਠੇਕਾ ਮੁਲਾਜ਼ਮ ਪਿਛਲੇ ਲੰਮੇ ਅਰਸੇ ਤੋਂ ਵਿਭਾਗ ਵਿੱਚ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਨ, ਪਰ ਪੰਜਾਬ ਸਰਕਾਰ ਤੇ ਵਿਭਾਗ ਦੀ ਮੈਨੇਜਮੈਂਟ ਵਿਭਾਗ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਪੱਕਾ ਕਰਨ ਤੋਂ ਲਗਾਤਾਰ ਟਾਲਾ ਵੱਟ ਰਹੀ ਹੈ। ਆਗੂਆਂ ਕਿਹਾ ਕਿ ਜਦ ਤੱਕ ਸਮੂਹ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ਼ ਕਰਨ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਜਾਂਦਾ, ਤਦ ਤੱਕ ਧਰਨਾ ਲਗਾਤਾਰ ਜਾਰੀ ਰਹੇਗਾ।

## ਭੂਟਾਲ 'ਚ ਕਿਸਾਨ ਸਿਖਲਾਈ ਕੈਂਪ ਆਯੋਜਿਤ




**ਲਹਿਰਾਗਾਗਾ (ਪਵਨ ਸ਼ਰਮਾ)**-ਖੇਤੀ ਲਾਗਤ ਘਟਾਉਣ, ਮਿੱਟੀ ਦੀ ਸਿਹਤ ਸੰਭਾਲਣ, ਮਾੜੇ ਪਾਣੀਆਂ ਦੇ ਸਹੀ ਪ੍ਰਬੰਧਨ ਤੇ ਰਸਾਇਣਕ ਖਾਦਾਂ ਦੀ ਸੁਚੱਜੀ ਵਰਤੋਂ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਵੱਲੋਂ ਪਿੰਡ ਭੂਟਾਲ ਕਲਾਂ (ਨੇੜੇ ਲਹਿਰਾਗਾਗਾ) ਵਿਖੇ ਕਿਸਾਨ ਸਿਖਲਾਈ ਕੈਂਪ ਆਯੋਜਤ ਕੀਤਾ ਗਿਆ।

ਕੈਂਪ ਦੌਰਾਨ ਡਾ. ਅਸ਼ੋਕ ਕੁਮਾਰ ਗਰਗ, ਸੀਨੀਅਰ ਪਸਾਰ ਵਿਗਿਆਨੀ ਨੇ ਕਿਸਾਨਾਂ ਨੂੰ ਮਿੱਟੀ ਪਰਖ ਅਧਾਰਤ ਖਾਦ ਪ੍ਰਬੰਧਨ, ਝੋਨੇ ਤੇ ਬਾਸਮਤੀ ਦੀ ਪੌਦ ਲਈ ਜੀਵਾਣੂ ਖਾਦਾਂ ਦੇ ਟੀਕਿਆਂ ਦੀ ਮਹੱਤਤਾ ਤੇ ਝੋਨੇ ਵਿੱਚ ਫਾਸਫੋਰਸ ਖਾਦ ਦੀ ਬੇਲੋੜੀ ਵਰਤੋਂ ਤੋਂ ਬਚਣ ਸਬੰਧੀ ਵਿਗਿਆਨਕ ਜਾਣਕਾਰੀ ਦਿੱਤੀ ਗਈ।ਇਸ ਸਿਖਲਾਈ ਕੈਂਪ ਵਿੱਚ ਲਗਭਗ 30 ਕਿਸਾਨਾਂ ਨੇ ਉਤਸ਼ਾਹਪੂਰਵਕ ਭਾਗ ਲਿਆ।ਡਾ. ਅਸ਼ੋਕ ਕੁਮਾਰ ਗਰਗ, ਸੀਨੀਅਰ ਪਸਾਰ ਵਿਗਿਆਨੀ, ਨੇ ਕਿਸਾਨਾਂ ਨੂੰ ਮਾੜੇ ਪਾਣੀਆਂ ਦੇ ਸਹੀ ਪ੍ਰਬੰਧਨ ਬਾਰੇ ਦੱਸਿਆ ਕਿ ਲੂਣੇ ਪਾਣੀ, ਜਿਨ੍ਹਾਂ ਵਿੱਚ ਨਮਕ ਦੀ ਮਾਤਰਾ ਕਾਫ਼ੀ ਜ਼ਿਆਦਾ ਹੁੰਦੀ ਹੈ, ਨੂੰ ਲਗਾਤਾਰ ਵਰਤਣ ਨਾਲ ਜ਼ਮੀਨ ਦੀ ਸਿਹਤ ਘਟਦੀ ਹੈ।ਅਜਿਹੇ ਪਾਣੀਆਂ ਨੂੰ ਕੁਝ ਹੱਦ ਤੱਕ ਨਹਿਰੀ ਪਾਣੀ ਨਾਲ ਰਲਾ ਕੇ ਵਰਤਿਆ ਜਾ ਸਕਦਾ ਹੈ।ਦੂਜੇ ਪਾਸੇ ਖਾਰੇ (ਸੋਡੀਅਮ ਦੇ ਕਾਰਬੋਨੇਟ ਜਾਂ ਬਾਈਕਾਰਬੋਨੇਟ ਵਾਲੇ) ਪਾਣੀਆਂ ਨੂੰ ਜਿਪਸਮ ਪਾ ਕੇ ਵਰਤਿਆ ਜਾ ਸਕਦਾ ਹੈ।ਇਸ ਲਈ ਇਹ ਅਤਿ ਜ਼ਰੂਰੀ ਹੈ ਕਿ ਟਿਊਬਵੈੱਲ ਦੇ ਪਾਣੀ ਦੀ ਜਾਂਚ ਮਿੱਟੀ-ਪਾਣੀ ਪਰਖ ਪ੍ਰਯੋਗਸ਼ਾਲਾ ਤੋਂ ਕਰਵਾਈ ਜਾਏ ਤਾਂ ਜੁ ਇਹ ਪਤਾ ਲੱਗ ਸਕੇ ਕਿ ਇਸ ਵਿੱਚ ਕਿਹੜੀ ਤੇ ਕਿੰਨੀ ਖ਼ਰਾਬੀ ਹੈ। ਉਨ੍ਹਾਂ ਕਿਹਾ ਕਿ ਖਾਦਾਂ ਦੀ ਸੰਤੁਲਤ ਵਰਤੋਂ ਨਾਲ ਨਾ ਸਿਰਫ਼ ਖੇਤੀ ਦੀ ਲਾਗਤ ਘਟਦੀ ਹੈ, ਸਗੋਂ ਫ਼ਸਲ ਦੀ ਪੈਦਾਵਾਰ ਤੇ ਮਿੱਟੀ ਦੀ ਸਿਹਤ ਵਿੱਚ ਵੀ ਸੁਧਾਰ ਹੁੰਦਾ ਹੈ।ਉਨ੍ਹਾਂ ਮੌਕੇ ਮਿੱਟੀ ਦੇ ਨਮੂਨੇ ਲੈਣ ਦੀ ਵਿਧੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਖੁਦ ਨਮੂਨਾ ਲੈ ਕੇ ਕਿਸਾਨਾਂ ਨੂੰ ਸਮਝਾਇਆ।ਡਾ. ਗਰਗ ਨੇ ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਵਿੱਚ ਡੀ.ਏ.ਪੀ. ਖਾਦ ਦੀ ਬੇਲੋੜੀ ਵਰਤੋਂ ਤੋਂ ਬਚਣ ਅਤੇ ਯੂਰੀਆ ਖਾਦ ਦੀ ਵੀ ਸੰਜਮ ਨਾਲ ਵਰਤੋਂ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਵਿਸ਼ੇਸ਼ ਤੌਰ 'ਤੇ ਕੱਦੂ ਕਰਨ ਤੋਂ ਪਹਿਲਾਂ ਯੂਰੀਆ ਦੇ 2-3 ਥੈਲੇ ਵਰਤਣ ਦੀ ਪ੍ਰਥਾ ਤੋਂ ਗੁਰੇਜ਼ ਕਰਨ ਲਈ ਕਿਹਾ।ਉਨ੍ਹਾਂ ਝੋਨੇ ਵਿੱਚ ਜ਼ਿੰਕ ਦੀ ਘਾਟ ਨੂੰ ਪੂਰਾ ਕਰਨ ਲਈ ਸਿਫ਼ਾਰਸ਼ ਕੀਤੀ ਮਾਤਰਾ ਅਨੁਸਾਰ ਹੀ ਜ਼ਿੰਕ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ।ਜੈਵਿਕ ਖਾਦਾਂ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਡਾ. ਗਰਗ ਨੇ ਕਿਹਾ ਕਿ ਝੋਨੇ ਦੀ ਪੌਦ ਨੂੰ ਲੱਗਣ ਵਾਲਾ ਐਜ਼ੋਸਪਾਇਰਿਲਮ ਦਾ ਟੀਕਾ ਫਸਲ ਦੀ ਪੈਦਾਵਾਰ ਵਧਾਉਣ ਦੇ ਨਾਲ-ਨਾਲ ਮਿੱਟੀ ਦੀ ਜੈਵਿਕ ਸਿਹਤ ਸੁਧਾਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦਾ ਹੈ।

## ਹਲਕਾ ਸਨੌਰ 'ਚ ਕਾਂਗਰਸ ਦੀ ਜਿੱਤ ਯਕੀਨੀ : ਜੱਜ ਕੌੜਾ



**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਹਲਕਾ ਸਨੌਰ ਦੇ ਯੂਥ ਵਿੰਗ ਦੇ ਸੀਨੀਅਰ ਆਗੂ ਚਰਨਜੀਤ ਸਿੰਘ ਸਰਪੰਚ ਜੱਜ ਕੌੜਾ ਨੇ ਹਲਕੇ ਦੀਆਂ ਸ ਮ ੁ ੱ ਚ ੀ ਅ ਾਂ ਗਤੀਵਿਧੀਆਂ ਤੇ ਹਲਕੇ ਸਬੰਧੀ ਸਮੁੱਚੀ ਰਿਪੋਰਟ ਲੈਣ ਤੋਂ ਬਾਅਦ ਦਾਅਵਾ ਕੀਤਾ ਕਿ 2027ਦੀਆਂ ਵਿਧਾਨ ਸਭਾ ਚੋਣਾਂ 'ਚ ਸਨੌਰ ਹਲਕੇ ਤੋਂ ਕਾਂਗਰਸ ਸ਼ਾਨਦਾਰ ਜਿੱਤ ਹਾਸਲ ਕਰੇਗੀ! ਜੱਜ ਕੌੜਾ ਨੇ ਕਿਹਾ ਕਿ ਹਲਕਾ ਸਨੌਰ ਦੇ ਲੋਕਾਂ ਨੇ ਹਮੇਸ਼ਾ ਕਾਂਗਰਸ ਦਾ ਸਾਥ ਦਿੱਤਾ ਹੈ ਤੇ ਇਸ ਵਾਰ ਵੀ ਕਾਂਗਰਸ ਦਾ ਸਾਥ ਦੇਣਗੇ।ਉਨ੍ਹਾਂ ਕਿ ਉਹ ਹਲਕੇ 'ਚ ਜਿਥੇ ਵੀ ਜਾ ਰਹੇ ਹਨ, ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕਾ ਉਨ੍ਹਾਂ ਦਾ ਆਪਣਾ ਪਰਿਵਾਰ ਹੈ ਅਤੇ ਉਹ ਹਲਕੇ ਲੋਕਾਂ ਦੀ ਸੇਵਾ ਵਿਚ ਦਿਨ-ਰਾਤ ਹਾਜ਼ਰ ਹਨ।

ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਪੂਰੇ ਵਿਸਥਾਰ ਨਾਲ ਹਲਕੇ ਦੀਆਂ ਲੋਕਾਂ ਦੀਆਂ ਭਾਵਨਾਵਾਂ ਨੂੰ ਏ.ਆਈ.ਸੀ.ਸੀ. ਸਕੱਤਰ ਤੱਕ ਪੁਚਾ ਦਿੱਤੀਆਂ ਹਨ।ਗੌਰਵ ਸੰਧੂ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਝੰਡੇ ਹੇਠ ਲਾਮਬੰਦ ਹੋ ਚੁੱਕਿਆ ਹੈ।

## ਬਠਿੰਡਾ ਦੇ ਨੌਜਵਾਨ ਨੇ ਕੌਮੀ ਪੱਧਰ 'ਤੇ ਪੰਜਾਬ ਦਾ ਮਾਣ ਵਧਾਇਆ, ਵਿਕਸਿਤ ਭਾਰਤ ਯੂਥ ਪਾਰਲੀਮੈਂਟ 'ਚ ਕੀਤੀ ਸ਼ਿਰਕਤ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮਾਈ ਭਾਰਤ, ਯੁਵਾ ਕਾਰਜ ਤੇ ਖੇਡ ਮੰਤਰਾਲਾ, ਭਾਰਤ ਸਰਕਾਰ ਵੱਲੋਂ ਕਰਾਏ ਗਏ ਵਿਕਸਿਤ ਭਾਰਤ ਯੂਥ ਪਾਰਲੀਮੈਂਟ 2026 ਵਿੱਚ ਬਠਿੰਡਾ ਦੇ ਨੌਜਵਾਨ ਪ੍ਰਕਾਸ਼ ਪਾਂਡੇ ਨੇ ਕੌਮੀ ਪੱਧਰ 'ਤੇ ਪੰਜਾਬ ਰਾਜ ਦੀ ਨੁਮਾਇੰਦਗੀ ਕੀਤੀ।ਜ਼ਿਲ੍ਹਾ ਯੂਥ ਅਫਸਰ ਮੈਡਮ ਮੀਸ਼ਾ ਨੇ ਦੱਸਿਆ ਕਿ ਪ੍ਰਕਾਸ਼ ਪਾਂਡੇ, ਜੋ ਇਸ ਵੇਲੇ ਕੇਂਦਰੀ ਯੂਨੀਵਰਸਿਟੀ ਪੰਜਾਬ, ਬਠਿੰਡਾ ਦੇ ਵਿਦਿਆਰਥੀ ਹਨ, ਦੀ ਇਸ ਮੰਚ ਤੱਕ ਪਹੁੰਚਣ ਦੀ ਯਾਤਰਾ ਜ਼ਿਲ੍ਹਾ ਪੱਧਰੀ ਵਿਕਸਿਤ ਭਾਰਤ ਯੂਥ ਪਾਰਲੀਮੈਂਟ ਤੋਂ ਸ਼ੁਰੂ ਹੋਈ।ਮਾਈ ਭਾਰਤ ਬਠਿੰਡਾ, ਪੰਜਾਬ ਤੇ ਗੁਰੂ ਕਾਸ਼ੀ ਯੂਨੀਵਰਸਿਟੀ, ਬਠਿੰਡਾ ਦੇ ਸਾਂਝੇ ਸਹਿਯੋਗ ਨਾਲ ਕਰਾਏ ਗਏ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਰਾਜ ਪੱਧਰੀ ਮੁਕਾਬਲੇ ਤੱਕ ਪੁੱਜੇ। ਇਸ ਤੋਂ ਬਾਅਦ ਚੰਡੀਗੜ੍ਹ ਵਿਖੇ ਹੋਏ ਰਾਜ ਪੱਧਰੀ ਮੁਕਾਬਲੇ 'ਚ ਉਨ੍ਹਾਂ ਪਹਿਲਾ ਸਥਾਨ ਹਾਸਲ ਕੀਤਾ ਤੇ ਰਾਸ਼ਟਰੀ ਪੱਧਰ 'ਤੇ ਪੰਜਾਬ ਦੀ ਨੁਮਾਇੰਦਗੀ ਕਰਨ ਲਈ ਚੁਣੇ ਗਏ।15 ਤੋਂ 17 ਜੂਨ ਤੱਕ ਸੰਸਦ ਭਵਨ, ਨਵੀਂ ਦਿੱਲੀ ਵਿਖੇ ਆਯੋਜਤ ਰਾਸ਼ਟਰੀ ਵਿਕਸਤ ਭਾਰਤ ਯੂਥ ਪਾਰਲੀਮੈਂਟ ਦੌਰਾਨ ਪ੍ਰਕਾਸ਼ ਪਾਂਡੇ ਨੂੰ ਨਾ ਸਿਰਫ਼ ਭਾਗ ਲੈਣ ਦਾ ਮੌਕਾ ਮਿਲਿਆ, ਸਗੋਂ ਸੰਸਦ ਭਵਨ ਦਾ ਦੌਰਾ ਕਰਨ ਤੇ ਲੋਕ ਸਭਾ, ਰਾਜ ਸਭਾ ਅਤੇ ਸਦਨ ਦੀ ਕਾਰਜਪ੍ਰਣਾਲੀ ਨੂੰ ਨੇੜੇ ਤੋਂ ਸਮਝਣ ਦਾ ਵੀ ਮੌਕਾ ਪ੍ਰਾਪਤ ਹੋਇਆ।

## ਡੀ ਸੀ ਐੱਮ ਇੰਟਰਨੈਸ਼ਨਲ ਸਕੂਲ ਵੱਲੋਂ ਬਲਾਈਂਡ ਹੋਮ 'ਚ ਸੰਗੀਤਕ ਸ਼ਾਮ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਸ਼ਵ ਸੰਗੀਤ ਦਿਵਸ ਦੇ ਮੌਕੇ 'ਤੇ ਡੀਸੀਐੱਮ ਇੰਟਰਨੈਸ਼ਨਲ ਸਕੂਲ ਵੱਲੋਂ ਸ਼ਹਿਰ ਦੇ ਬਲਾਈਂਡ ਹੋਮ ਵਿੱਚ ਇਕ ਸੰਗੀਤਕ ਸ਼ਾਮ (ਮਿਊਜ਼ੀਕਲ ਈਵਨਿੰਗ) ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਕੂਲ ਦੇ ਸੰਗੀਤ ਵਿਭਾਗ ਦੇ ਅਧਿਆਪਕਾਂ ਨੇ ਗੀਤਾਂ ਰਾਹੀਂ ਆਸ਼ਰਮ ਵਿੱਚ ਰਹਿਣ ਵਾਲੇ ਦ੍ਰਿਸ਼ਟੀਹੀਣਾਂ ਦਾ ਮਨ ਮੋਹ ਲਿਆ ਅਤੇ ਉਨ੍ਹਾਂ ਦੇ ਗੀਤ ਵੀ ਸੁਣੇ। ਸਕੂਲ ਦੀ ਪ੍ਰਿੰਸੀਪਲ ਅਨੁਰਾਧਾ ਚੰਦੇਲ ਨੇ ਦੱਸਿਆ ਕਿ ਜੋਤ ਜਗਾ ਕੇ ਸ਼ੁਰੂ ਕੀਤੇ ਗਏ ਇਸ ਪ੍ਰੋਗਰਾਮ ਵਿੱਚ ਪੁਰਾਣੇ ਗੀਤਾਂ ਦੇ ਨਾਲ-ਨਾਲ ਦ੍ਰਿਸ਼ਟੀਹੀਣਾਂ ਦਾ ਹੌਸਲਾ ਵਧਾਉਣ ਵਾਲੇ ਗੀਤ ਸੁਣਾਏ ਗਏ, ਜਿਨ੍ਹਾਂ ਨੂੰ ਸੁਣ ਕੇ ਸਾਰੇ ਮੰਤਰ-ਮੁਗਧ ਹੋ ਕੇ ਝੂਮਣ ਲੱਗ ਪਏ। ਸਕੂਲ ਦੀ ਡਿਪਟੀ ਜਨਰਲ ਮੈਨੇਜਰ ਗਗਨਦੀਪ ਕੌਰ ਨੇ ਦੱਸਿਆ ਕਿ ਬਲਾਈਂਡ ਹੋਮ ਵੱਲੋਂ ਇਸ ਪ੍ਰੋਗਰਾਮ ਵਿੱਚ ਸਹਾਇਕ ਸਕੱਤਰ ਹਰੀਸ਼ ਮੋਂਗਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਗਗਨਦੀਪ ਕੌਰ ਨੇ ਦੱਸਿਆ ਕਿ ਸਕੂਲ ਪ੍ਰਸ਼ਾਸਨ ਵੱਲੋਂ ਹਰ ਸਾਲ ਕਿਸੇ ਨਾ ਕਿਸੇ ਖ਼ਾਸ ਮੌਕੇ 'ਤੇ ਬਲਾਈਂਡ ਹੋਮ ਆ ਕੇ ਇੱਥੋਂ ਦੇ ਦ੍ਰਿਸ਼ਟੀਹੀਣਾਂ ਨਾਲ ਸਮਾਂ ਬਿਤਾਇਆ ਜਾਂਦਾ ਹੈ। ਇਸ ਦਾ ਮਕਸਦ ਉਨ੍ਹਾਂ ਨੂੰ ਆਪਣਾਪਨ ਮਹਿਸੂਸ ਕਰਵਾਉਣਾ ਤੇ ਉਨ੍ਹਾਂ ਦੇ ਦੁੱਖ-ਦਰਦ ਨੂੰ ਵੰਡਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਲੋਕ ਵੀ ਸਾਡੇ ਸਮਾਜ ਦਾ ਇੱਕ ਅਣਨਿੱਖੜਵਾਂ ਅੰਗ ਹਨ। ਸਕੂਲ ਦੇ ਅਧਿਆਪਕਾਂ ਦੀ ਮਿੱਠੀ ਆਵਾਜ਼ ਵਿੱਚ ਗੀਤ ਸੁਣਨ ਤੋਂ ਬਾਅਦ ਦ੍ਰਿਸ਼ਟੀਹੀਣਾਂ ਨੇ ਵੀ ਹਾਰਮੋਨੀਅਮ ਤੇ ਤਬਲੇ ਦੀ ਧੁਨ 'ਤੇ ਗੀਤ ਸੁਣਾਏ। ਉਨ੍ਹਾਂ ਦੇ ਗੀਤਾਂ ਸਦਕਾ ਪੂਰਾ ਹਾਲ ਤਾੜੀਆਂ ਨਾਲ ਗੂੰਜ ਉੱਠਿਆ। ਸਕੂਲ ਪ੍ਰਸ਼ਾਸਨ ਵੱਲੋਂ ਸਾਰਿਆਂ ਨੂੰ ਫਲ ਤੇ ਰਿਫਰੈਸ਼ਮੈਂਟ ਵੀ ਭੇਟ ਕੀਤਾ ਗਿਆ। ਇਸ ਮੌਕੇ ਡਿਪਟੀ ਪ੍ਰਿੰਸੀਪਲ ਮਧੂ ਚੋਪੜਾ, ਐਕਟੀਵਿਟੀ ਕੋ-ਆਰਡੀਨੇਟਰ ਕਵਿਤਾ ਸ਼ਰਮਾ ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

## ਮਨੁੱਖੀ ਅਧਿਕਾਰ ਕਮਿਸ਼ਨ ਦੇ ਕੋਰ ਗਰੁੱਪ ਵੱਲੋਂ ਐੱਸ ਐੱਸ ਪੀ ਨਾਲ ਵਿਸ਼ੇਸ਼ ਮੀਟਿੰਗ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਜ਼ਿਲ੍ਹਾ ਮਨੁੱਖੀ ਅਧਿਕਾਰ ਕਮਿਸ਼ਨ ਦੇ ਕੋਰ ਗਰੁੱਪ ਮੈਂਬਰਾਂ ਵੱਲੋਂ ਲੋਕ ਹਿੱਤਾਂ ਨੂੰ ਮੁੱਖ ਰੱਖਦਿਆਂ ਐਸ.ਐਸ.ਪੀ. ਗੁਰਮੀਤ ਸਿੰਘ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੌਕੇ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਅਤੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਕੋਰ ਕਮੇਟੀ ਮੈਂਬਰ ਸਾਹਿਬਜ਼ਾਦਾ ਨਦੀਮ ਅਨਵਾਰ ਖ਼ਾਂ ਨੇ ਦੱਸਿਆ ਕਿ ਮੀਟਿੰਗ ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ, ਮਾਨਵ ਅਧਿਕਾਰਾਂ ਦੀ ਰਾਖੀ ਤੇ ਬਿਨਾਂ ਕਿਸੇ ਭੇਦਭਾਵ ਦੇ ਲੋਕਾਂ ਨੂੰ ਇਨਸਾਫ਼ ਦਿਵਾਉਣ ਸੰਬੰਧੀ ਅਹਿਮ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ।ਕਮੇਟੀ ਵੱਲੋਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਸ਼ਹਿਰ ਵਿੱਚ ਅਮਨ-ਸ਼ਾਂਤੀ ਦਾ ਮਾਹੌਲ ਬਣਾਈ ਰੱਖਣ ਲਈ ਮਾੜੇ ਅਨਸਰਾਂ ਅਤੇ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੁ ਆਮ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਮੀਡੀਆ ਰਾਹੀਂ ਲੋਕਾਂ ਨੂੰ ਅਪੀਲ ਕਰਦਿਆਂ ਸਾਹਿਬਜ਼ਾਦਾ ਨਦੀਮ ਅਨਵਾਰ ਖ਼ਾਂ ਨੇ ਕਿਹਾ ਕਿ ਜੇਕਰ ਕਿਸੇ ਵੀ ਸਰਕਾਰੀ ਵਿਭਾਗ, ਸੰਸਥਾ ਜਾਂ ਅਧਿਕਾਰੀ ਵੱਲੋਂ ਕਿਸੇ ਨਾਗਰਿਕ ਦੀ ਜਾਇਜ਼ ਸ਼ਿਕਾਇਤ ਦਾ ਨਿਪਟਾਰਾ ਨਹੀਂ ਕੀਤਾ ਜਾਂਦਾ, ਜਾਂ ਕਿਸੇ ਨਾਲ ਧੱਕੇਸ਼ਾਹੀ, ਭ੍ਰਿਸ਼ਟਾਚਾਰ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ, ਤਾਂ ਉਹ ਬਿਨਾਂ ਕਿਸੇ ਡਰ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਕੋਰ ਗਰੁੱਪ ਮੈਂਬਰਾਂ ਨਾਲ ਸੰਪਰਕ ਕਰਨ।

## ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਪੰਜਾਬ 'ਚ ਡਬਲ ਇੰਜਣ ਦੀ ਸਰਕਾਰ ਨਾਲ ਖੁਸ਼ਹਾਲੀ ਆਵੇਗੀ : ਸਿੰਗਲਾ



**ਜੈਤੋ (ਸਤੀਸ਼ ਕੁਮਾਰ ਭੀਰੀ)**-ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ, ਪੰਜਾਬ ਸਰਕਾਰ ਦੇ ਸਾਬਕਾ ਡਾਇਰੈਕਟਰ, ਨਗਰ ਕੌਂਸਲ ਦੇ ਸਾਬਕਾ ਉਪ ਪ੍ਰਧਾਨ ਤੇ ਭਾਜਪਾ ਆਗੂ ਪ੍ਰਦੀਪ ਸਿੰਗਲਾ ਨੇ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਬਣਨ ਤੋਂ ਬਾਅਦ ਪਹਿਲੀ ਵਾਰ ਪੰਜਾਬ ਪਹੁੰਚੇ ਨਿਤਿਨ ਨਬੀਨ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨ ਕੀਤਾ।ਪ੍ਰਦੀਪ ਸਿੰਗਲਾ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਿਤਿਨ ਨਬੀਨ ਦਾ ਇਹ ਪੰਜਾਬ ਦੌਰਾ ਸੂਬੇ ਦੇ ਵਿਕਾਸ, ਸੁਸ਼ਾਸਨ ਅਤੇ ਲੋਕ ਸੇਵਾ ਨੂੰ ਨਵੀਂ ਊਰਜਾ ਅਤੇ ਨਵੀਂ ਦਿਸ਼ਾ ਪ੍ਰਦਾਨ ਕਰੇਗਾ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਖੁਸ਼ਹਾਲ, ਸਮ੍ਰਿੱਧ ਅਤੇ ਤਰੱਕੀਸ਼ੀਲ ਬਣਾਉਣ ਲਈ ਦੇਸ਼ ਦੇ ਯਸ਼ਸਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਪੰਜਾਬ ਵਿੱਚ ਭਾਜਪਾ ਦੀ ਡਬਲ ਇੰਜਣ ਸਰਕਾਰ ਹੀ ਸੂਬੇ ਨੂੰ ਵਿਕਾਸ ਦੀ ਨਵੀਂ ਰਾਹ 'ਤੇ ਲੈ ਕੇ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਸਰਕਾਰ ਬਣਨ ਉਪਰੰਤ ਕੇਂਦਰ ਸਰਕਾਰ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਦਾ ਲਾਭ ਹਰ ਆਮ ਨਾਗਰਿਕ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇਗਾ।

## ਨਵ-ਨਿਯੁਕਤ ਚੇਅਰਮੈਨ ਗੁਰਪ੍ਰੀਤ ਸਿੰਘ ਵਿਰਦੀ ਨੂੰ ਦਿੱਤੀਆਂ ਵਧਾਈਆਂ



**ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗੁਰਪ੍ਰੀਤ ਸਿੰਘ ਵਿਰਦੀ ਨੂੰ ਰਾਮਗੜ੍ਹੀਆ ਵੈਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ ਤੋਂ ਬਾਅਦ ਪਾਰਟੀ ਵਰਕਰਾਂ ਅਤੇ ਆਗੂਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਚੇਅਰਮੈਨ ਸੁਖਜਿੰਦਰ ਸਿੰਘ ਕਉਣੀ ਵਿਸ਼ੇਸ਼ ਤੌਰ 'ਤੇ ਗੁਰਪ੍ਰੀਤ ਸਿੰਘ ਵਿਰਦੀ ਦੇ ਗ੍ਰਹਿ ਵਿਖੇ ਪਹੁੰਚੇ ਅਤੇ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ। ਸੁਖਜਿੰਦਰ ਸਿੰਘ ਕਉਣੀ ਨੇ ਕਿਹਾ ਕਿ ਗੁਰਪ੍ਰੀਤ ਸਿੰਘ ਵਿਰਦੀ ਸਾਲ 2014 ਤੋਂ ਆਮ ਆਦਮੀ ਪਾਰਟੀ ਨਾਲ ਪੂਰੀ ਨਿਸ਼ਠਾ ਅਤੇ ਇਮਾਨਦਾਰੀ ਨਾਲ ਜੁੜੇ ਹੋਏ ਹਨ।ਉਨ੍ਹਾਂ ਨੇ ਪਾਰਟੀ ਦੇ ਹਰੇਕ ਸੰਘਰਸ਼ ਅਤੇ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਈ ਹੈ ਅਤੇ ਹਮੇਸ਼ਾ ਪਾਰਟੀ ਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪੁਚਾਉਣ ਲਈ ਦਿਨ-ਰਾਤ ਮਿਹਨਤ ਕੀਤੀ ਹੈ। ਇਸ ਮੌਕੇ ਬਲਾਕ ਪ੍ਰਧਾਨ ਅਤੇ ਐਮਸੀ ਜਸਮੀਤ ਸਿੰਘ ਬਰਾੜ, ਹਲਕਾ ਮੀਡੀਆ ਕੋਆਰਡੀਨੇਟਰ ਮੋਹਿਤ ਸੋਨੀ, ਜਗਮੀਤ ਸਿੰਘ ਦੋਦਾ ਹਲਕਾ ਕੋਆਰਡੀਨੇਟਰ ਬੀਸੀ ਵਿੰਗ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਵੀ ਹਾਜ਼ਰ ਸਨ।ਸਭ ਨੇ ਗੁਰਪ੍ਰੀਤ ਸਿੰਘ ਵਿਰਦੀ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਤੇ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਵਾਰਡ ਨੰਬਰ 11 'ਚ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ




**ਜਗਰਾਉਂ (ਅਮਿਤ ਖੰਨਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਸਹੂਲਤਾਂ ਦੇਣ ਦੇ ਕੀਤੇ ਵਾਅਦਿਆਂ ਤਹਿਤ ਸ਼ੁਰੂ ਕੀਤੀ 'ਮੇਰੀ ਰਸੋਈ ਯੋਜਨਾ' ਹਲਕਾ ਜਗਰਾਉਂ ਦੀ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦੀ ਅਗਵਾਈ 'ਚ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਜਗਰਾਓਂ ਵਿਖੇ ਵਾਰਡ ਨੰਬਰ 11 ਵਿੱਚ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੇ ਕੌਂਸਲਰ ਗੁਰਪ੍ਰੀਤ ਸਿੰਘ ਨੋਨੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਗ਼ਰੀਬ ਤੇ ਲੋੜਵੰਦ ਵਰਗ ਦੀ ਬਾਂਹ ਫੜਨ ਵਾਲੀ ਸਰਕਾਰ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੀ ਸੋਚ ਹੈ ਕਿ ਸੂਬੇ ਦੇ ਹਰ ਨਾਗਰਿਕ ਤੱਕ ਲੋਕ ਭਲਾਈ ਸਕੀਮਾਂ ਦਾ ਲਾਭ ਬਿਨਾਂ ਕਿਸੇ ਪੱਖਪਾਤ ਦੇ ਪਹੁੰਚੇ।ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਭਰੋਸਾ ਦਿਵਾਇਆ ਕਿ ਹਲਕਾ ਜਗਰਾਉਂ ਦੇ ਅੰਦਰ ਕਿਸੇ ਵੀ ਲੋੜਵੰਦ ਪਰਵਾਰ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਤੇ ਵਿਕਾਸ ਕਾਰਜਾਂ ਦੇ ਨਾਲ-ਨਾਲ ਸਮਾਜਿਕ ਭਲਾਈ ਦੀਆਂ ਮੁਹਿੰਮਾਂ ਇੰਝ ਹੀ ਨਿਰੰਤਰ ਜਾਰੀ ਰਹਿਣਗੀਆਂ।ਇਸ ਮੌਕੇ ਪ੍ਰੇਮ ਅਰੋੜਾ ਤੇ ਹੋਰ ਵਾਰਡ ਵਾਸੀ ਹਾਜ਼ਰ ਸਨ।

# ਨਸ਼ੀਲੀਆਂ ਗੋਲੀਆਂ ਸਮੇਤ ਦੋ ਕਾਬੂ



**ਅਲਾਵਲਪੁਰ (ਮਦਨ ਬੰਗੜ)**- ਅਲਾਵਲਪੁਰ ਪੁਲਿਸ ਨੇ ਗਸ਼ਤ ਦੌਰਾਨ 35 ਨਸ਼ੀਲੀਆਂ ਪਾਬੰਦੀਸ਼ੁਦਾ ਗੋਲੀਆਂ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਐਨ ਡੀ ਪੀ ਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਐਸ ਆਈ ਰਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਅਲਾਵਲਪੁਰ ਤੋਂ ਬਿਆਸ ਪਿੰਡ ਵੱਲ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਰਹੀ ਸੀ। ਜਦੋਂ ਪੁਲਸ ਸ਼ਮਸ਼ਾਨਘਾਟ ਟੀ-ਪੁਆਇੰਟ ਨੇੜੇ ਪੁੱਜੀ ਤਾਂ ਦੋ ਨੌਜਵਾਨ ਪੁਲਸ ਨੂੰ ਦੇਖ ਕੇ ਘਬਰਾ ਗਏ ਅਤੇ ਆਪਣੀਆਂ ਜੇਬਾਂ ਵਿੱਚੋਂ ਕਾਲੇ ਰੰਗ ਦੀ ਮੋਮੀ ਲਿਫ਼ਾਫ਼ੇ ਸੁੱਟ ਦਿੱਤੇ। ਸ਼ੱਕ ਦੇ ਆਧਾਰ 'ਤੇ ਪੁਲਿਸ ਨੇ ਦੋਵਾਂ ਨੂੰ ਕਾਬੂ ਕਰਕੇ ਉਨ੍ਹਾਂ ਦੀ ਪਛਾਣ ਸੰਦੀਪ ਕੁਮਾਰ ਸੋਹੋਤਾ ਉਰਫ਼ ਦੀਪੀ ਪੁੱਤਰ ਮਦਨ ਲਾਲ ਵਾਸੀ ਸੱਤਰਾ ਮੁਹੱਲਾ, ਥਾਣਾ ਆਦਮਪੁਰ ਅਤੇ ਸੁਨੀਲ ਕੁਮਾਰ ਉਰਫ਼ ਸ਼ੀਲਾ ਪੁੱਤਰ ਬਲਵੀਰ ਸਿੰਘ ਵਾਸੀ ਪਿੰਡ ਡੀਗਰੀਆਂ, ਥਾਣਾ ਆਦਮਪੁਰ ਵਜੋਂ ਕੀਤੀ। ਐਨ.ਡੀ.ਪੀ.ਐਸ. ਐਕਟ ਅਧੀਨ ਕਾਨੂੰਨੀ ਕਾਰਵਾਈ ਪੂਰੀ ਕਰਨ ਉਪਰੰਤ ਲਿਫ਼ਾਫ਼ਿਆਂ ਦੀ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਸੰਦੀਪ ਕੋਲੋਂ 18 ਅਤੇ ਸੁਨੀਲ ਕੋਲੋਂ 17 ਸੰਤਰੀ ਰੰਗ ਦੀਆਂ ਪਾਬੰਦੀਸ਼ੁਦਾ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਦੋਵਾਂ ਦੇ ਕਬਜ਼ੇ ਵਿੱਚੋਂ ਕੁੱਲ 35 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਕਬਜ਼ੇ ਵਿੱਚ ਲੈ ਲਈਆਂ ਅਤੇ ਦੋਵਾਂ ਖ਼ਿਲਾਫ਼ ਐਨ ਡੀ ਪੀ ਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸਾਹਿਤਕ ਸੱਥ ਵੱਲੋਂ ਕਵੀ ਦਰਬਾਰ 'ਚ ਕਾਲੇਵਾਲ ਤੇ ਪੱਡਾ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਹਿਤਕ ਸੱਥ ਖਰੜ ਵੱਲੋਂ ਸੁਖਮਨ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸ਼ਾਲ ਕਵੀ ਦਰਬਾਰ ਤੇ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਪ੍ਰਧਾਨਗੀ ਮੰਡਲ ਵਿੱਚ ਸੱਥ ਦੇ ਪ੍ਰਧਾਨ, ਜਸਵਿੰਦਰ ਸਿੰਘ



ਕਾਈਨੌਰ, ਸੁਰਜੀਤ ਸੁਮਨ, ਮਨਜੀਤ ਪਾਲ ਸਿੰਘ ਅਤੇ ਪਿਆਰਾ ਸਿੰਘ ਰਾਹੀ ਸ਼ਾਮਲ ਹੋਏ। ਸੱਥ ਦੇ ਪ੍ਰਧਾਨ ਵੱਲੋਂ ਸਾਰਿਆਂ ਨੂੰ ਜੀ ਆਇਆਂ ਕਹਿਣ ਉਪਰੰਤ ਪ੍ਰਧਾਨਗੀ ਮੰਡਲ ਵੱਲੋਂ ਸਰਬਜੀਤ ਸਿੰਘ ਪੱਡਾ ਅਤੇ ਤਰਸੇਮ ਸਿੰਘ ਕਾਲੇਵਾਲ ਨੂੰ ਉਨ੍ਹਾਂ ਦੀ ਪੰਜਾਬੀ ਮਾਂ ਬੋਲੀ ਅਤੇ ਸੱਥ ਪ੍ਰਤੀ ਕੀਤੀਆਂ ਜਾ ਰਹੀਆਂ ਨਿਰਸਵਾਰਥ ਸੇਵਾਵਾਂ ਨੂੰ ਮੁੱਖ ਰੱਖਦਿਆਂ ਸਨਮਾਨ ਚਿੰਨ੍ਹ, ਲੋਈ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਸੁਰਜੀਤ ਸੁਮਨ ਨੇ ਦੋਹਾਂ ਸਨਮਾਨਿਤ ਸ਼ਖ਼ਸੀਅਤਾਂ ਬਾਰੇ ਸੰਖੇਪ ਪਰੰਤੂ ਭਾਵਪੂਰਤ ਜਾਣਕਾਰੀ ਸਾਂਝੀ ਕੀਤੀ।ਇਵਰ ਸਿੰਘ ਕੋਰਾ ਨੇ ਆਪਣੇ ਭਾਸ਼ਣ ਦੌਰਾਨ ਕਿਹਾ ਕਿ ਸੱਥ ਵੱਲੋਂ ਕੀਤੀ ਸਨਮਾਨਿਤ ਸ਼ਖ਼ਸੀਅਤਾਂ ਦੀ ਚੋਣ ਬਹੁਤ ਵਧੀਆ ਹੈ। ਸਨਮਾਨਿਤ ਸ਼ਖ਼ਸੀਅਤਾਂ ਵੱਲੋਂ ਬੋਲਦਿਆਂ ਸੱਥ ਵੱਲੋਂ ਦਿੱਤੇ ਸਨਮਾਨ ਦਾ ਧੰਨਵਾਦ ਕੀਤਾ ਗਿਆ। ਇਸ ਤੋਂ ਉਪਰੰਤ ਤਰਸੇਮ ਸਿੰਘ ਕਾਲੇਵਾਲ ਦੇ ਧਾਰਮਿਕ ਗੀਤ ਨਾਲ ਸ਼ੁਰੂ ਹੋਏ ਕਵੀ ਦਰਬਾਰ ਵਿੱਚ ਸਰਬਜੀਤ ਸਿੰਘ ਪੱਡਾ, ਸੁਖਿੰਦਰ ਸਿੰਘ ਦੋਸਤ, ਬਲਦੇਵ ਸਿੰਘ ਬਿਦਰਾ, ਇੰਦਰਜੀਤ ਕੌਰ ਵਡਾਲਾ, ਸੁਰਿੰਦਰ ਸਿੰਘ ਕੁਲਪੁਰ, ਜਗਦੇਵ ਸਿੰਘ ਰਢਿਆਲਾ, ਸੁਖਵਿੰਦਰ ਸਿੰਘ ਪਠਾਨੀਆਂ, ਗੁਰਬਚਨ ਸਿੰਘ ਕਾਕਾ, ਦਲਬੀਰ ਸਰੋਆ, ਮਹਿੰਦਰ ਸਿੰਘ ਗੋਸਲਾਂ, ਰਾਜਵਿੰਦਰ ਸਿੰਘ ਗੱਡੂ, ਮਲਕੀਤ ਸਿੰਘ ਨਾਗਰਾ ਨੇ ਆਪੋ ਆਪਣੀਆਂ ਕਵਿਤਾਵਾਂ ਰਾਹੀਂ ਪੇਸ਼ ਕੀਤੀਆਂ। ਸੁਰਜੀਤ ਸੁਮਨ, ਅਮਰਜੀਤ ਕੌਰ ਮੋਰਿੰਡਾ, ਰੂਪ ਸਾਗਰ, ਪ੍ਰੋ. ਕੇਵਲਜੀਤ ਸਿੰਘ ਕੰਵਲ ਨੇ ਪਿਤਾ ਦਿਵਸ ਨੂੰ ਸਮਰਪਿਤ ਰਚਨਾਵਾਂ ਰਾਹੀਂ ਅਤੇ ਦਰਸ਼ਨ ਤ੍ਰਿਊਣਾ, ਬਲਵਿੰਦਰ ਢਿੱਲੋਂ, ਰਤਨ ਸਿੰਘ ਬਾਬਕਵਾਲਾ, ਸਰਬਜੀਤ ਕੌਰ, ਸੁਰਜੀਤ ਸਿੰਘ, ਪਿਆਰਾ ਸਿੰਘ ਰਾਹੀ ਅਤੇ ਮਨਜੀਤ ਪਾਲ ਸਿੰਘ ਨੇ ਗੀਤਾਂ ਤੇ ਗ਼ਜ਼ਲਾਂ ਰਾਹੀਂ ਵਧੀਆ ਹਾਜ਼ਰੀ ਲਵਾਈ। ਗੁਰਮੀਤ ਸਿੰਗਲ ਨੇ ਕਹਾਣੀ ਦੇ ਵਿਸ਼ਿਆਂ ਸਬੰਧੀ ਗੱਲਬਾਤ ਕੀਤੀ। ਸਟੇਜ ਸਕੱਤਰ ਦੇ ਫਰਜ਼ ਪਿਆਰਾ ਸਿੰਘ ਰਾਹੀਂ ਵੱਲੋਂ ਬਾਖ਼ੂਬੀ ਨਿਭਾਏ ਗਏ। ਅੰਤ ਵਿਚ ਸੱਥ ਦੇ ਪ੍ਰਧਾਨ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ।

# ਆਲ ਇੰਡੀਆ ਪੰਜਾਬ ਨੈਸ਼ਨਲ ਬੈਂਕ ਅਫ਼ਸਰ ਐਸੋਸੀਏਸ਼ਨ ਦਾ ਸੰਮੇਲਨ ਸੰਪੰਨ

**ਮੋਹਾਲੀ (ਗੁਰਜੀਤ ਬਿੱਲਾ)**- ਆਲ ਇੰਡੀਆ ਪੰਜਾਬ ਨੈਸ਼ਨਲ ਬੈਂਕ ਅਫ਼ਸਰ ਐਸੋਸੀਏਸ਼ਨ (ਏ ਆਈ ਪੀ ਐਨ ਬੀ ਓ ਏ) ਦੀ ਮੋਹਾਲੀ ਸਰਕਲ ਇਕਾਈ ਵੱਲੋਂ ਦੂਜੇ ਤ੍ਰੈ-ਸਾਲਾ ਸੰਮੇਲਨ 2026 ਦਾ ਆਯੋਜਨ ਮੋਹਾਲੀ ਸਥਿਤ ਹੋਟਲ ਬੈਸਟ ਵੈਸਟਰਨ ਪਲੱਸ ਵਿੱਚ ਕੀਤਾ ਗਿਆ। ਇਸ ਸੰਮੇਲਨ ਵਿੱਚ ਦੇਸ਼ ਭਰ ਤੋਂ ਆਏ ਬੈਂਕ ਅਧਿਕਾਰੀਆਂ, ਸੰਗਠਨ ਦੇ ਸੀਨੀਅਰ ਅਹੁਦੇਦਾਰਾਂ ਅਤੇ ਬੈਂਕ ਪ੍ਰਬੰਧਨ ਦੇ ਪ੍ਰਤੀਨਿਧੀਆਂ ਨੇ ਭਾਗ ਲਿਆ। ਪ੍ਰੋਗਰਾਮ ਦੀ ਅਗਵਾਈ ਏ ਆਈ ਪੀ ਐਨ ਬੀ ਓ ਏ ਦੇ ਮਹਾਸਚਿਵ ਕਾਮਰੇਡ ਦਿਲੀਪ ਸਾਹਾ, ਪ੍ਰਧਾਨ ਕਾਮਰੇਡ ਕੁਸ਼ਲ ਗੁਪਤਾ, ਕਾਰਜਕਾਰੀ ਪ੍ਰਧਾਨ ਕਾਮਰੇਡ ਜੀ. ਵੈਂਕਟਾ, ਚੇਅਰਮੈਨ ਕਾਮਰੇਡ ਕੌਸ਼ਿਕ ਘੋਸ਼, ਪੰਜਾਬ ਨੈਸ਼ਨਲ ਬੈਂਕ ਲੁਧਿਆਣਾ ਜੋਨ ਦੇ ਜੋਨਲ ਮੈਨੇਜਰ ਰਾਮਾਨੁਜ ਪ੍ਰਸਾਦ, ਮੋਹਾਲੀ ਸਰਕਲ ਮੁਖੀ ਬਿਸਵਜੀਤ ਬਿਸਵਾਲ, ਵਾਈਸ ਪ੍ਰੈਜ਼ੀਡੈਂਟ ਰੋਹਿਤ ਕੱਕੜ, ਏਜੀਐਸ ਲੁਧਿਆਣਾ ਜੋਨ ਅਜੈ ਅਗਰਵਾਲ, ਆਰਗਨਾਈਜ਼ਿੰਗ ਸਕੱਤਰ ਅਤੇ ਮੋਹਾਲੀ ਸਰਕਲ ਸਕੱਤਰ ਅਮਨਦੀਪ ਸਿੰਘ, ਨਵ-ਨਿਯੁਕਤ ਮੋਹਾਲੀ ਸਰਕਲ ਪ੍ਰਧਾਨ ਵਿਨੋਦ ਦਯਾਲ ਅਤੇ



ਸਾਬਕਾ ਮੋਹਾਲੀ ਸਰਕਲ ਪ੍ਰਧਾਨ ਸੰਜੀਵ ਦਯੋੜਾ ਦੀ ਗਰਿਮਾਮਈ ਹਾਜ਼ਰੀ ਵਿੱਚ ਕੀਤੀ ਗਈ।ਸੰਮੇਲਨ ਦੌਰਾਨ ਬੈਂਕ ਅਧਿਕਾਰੀਆਂ ਨਾਲ ਸੰਬੰਧਿਤ ਵੱਖ-ਵੱਖ ਮੁੱਦਿਆਂ, ਕੰਮਕਾਜ ਵਾਲੀ ਥਾਂ ਦੀਆਂ ਚੁਣੌਤੀਆਂ, ਬੈਂਕਿੰਗ ਖੇਤਰ ਵਿੱਚ ਆ ਰਹੇ ਬਦਲਾਵਾਂ ਅਤੇ ਭਵਿੱਖ ਦੀਆਂ ਯੋਜਨਾਵਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਵਕਤਾਵਾਂ ਨੇ ਕਿਹਾ ਕਿ ਬੈਂਕ ਅਧਿਕਾਰੀ ਦੇਸ਼ ਦੀ ਆਰਥਿਕ ਤਰੱਕੀ ਅਤੇ ਵਿੱਤੀ ਸਮਾਵੇਸ਼ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਇਸ ਮੌਕੇ ਮੁੱਖ ਮਹਿਮਾਨ ਵਜੋਂ ਮੌਜੂਦ ਜੋਨਲ ਮੈਨੇਜਰ ਰਾਮਾਨੁਜ ਪ੍ਰਸਾਦ ਨੇ ਕਿਹਾ ਕਿ, ਪੰਜਾਬ ਨੈਸ਼ਨਲ ਬੈਂਕ ਦੇ ਅਧਿਕਾਰੀ ਆਪਣੀ ਨਿਸ਼ਠਾ, ਮਿਹਨਤ ਅਤੇ ਗਾਹਕ ਸੇਵਾ ਪ੍ਰਤੀ ਸਮਰਪਣ ਰਾਹੀਂ ਬੈਂਕ ਦੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਬੈਂਕ ਪ੍ਰਬੰਧਨ ਅਤੇ ਅਧਿਕਾਰੀਆਂ ਵਿਚਕਾਰ ਬਿਹਤਰ ਤਾਲਮੇਲ ਸੰਸਥਾ ਨੂੰ ਨਵੀਆਂ ਉੱਚਾਈਆਂ ਤੱਕ ਲੈ ਜਾਵੇਗਾ।

# 25 ਤੋਂ 24 ਜੁਲਾਈ ਤੱਕ ਬੀ ਐਲ ਓ ਘਰ-ਘਰ ਜਾ ਕੇ ਵੋਟਰਾਂ ਤੋਂ ਭਰਵਾਉਣਗੇ ਗਣਨਾ ਫਾਰਮ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੀਆਂ ਵੱਖ-ਵੱਖ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਦੇ ਦੂਜੇ ਪੜਾਅ ਸਬੰਧੀ ਪ੍ਰੋਗਰਾਮ ਦੀ ਜਾਣਕਾਰੀ ਦਿੱਤੀ ਅਤੇ ਚੋਣ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ 25 ਜੂਨ ਤੋਂ 24 ਜੁਲਾਈ 2026 ਤੱਕ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਘਰ-ਘਰ ਜਾ ਕੇ ਵੋਟਰਾਂ ਤੋਂ ਗਣਨਾ ਫਾਰਮ (ਐਨਯੂਮਰੇਸ਼ਨ ਫਾਰਮ) ਭਰਵਾਉਣਗੇ। ਇਸ ਦੌਰਾਨ ਉਨ੍ਹਾਂ ਨੇ ਰਾਜਨੀਤਿਕ ਪਾਰਟੀਆਂ ਵੱਲੋਂ ਨਿਯੁਕਤ ਬੂਥ ਲੈਵਲ ਏਜੰਟਾਂ (ਬੀ ਐਲ ਏ) ਨੂੰ ਬੀ ਐਲ ਓਜ਼ ਦਾ ਪੂਰਾ ਸਹਿਯੋਗ ਕਰਨ ਦੀ ਅਪੀਲ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 24 ਜੁਲਾਈ ਤੱਕ ਪੋਲਿੰਗ ਸਟੇਸ਼ਨਾਂ ਦੇ ਰੈਸ਼ਨਲਾਈਜ਼ੇਸ਼ਨ ਦਾ ਕੰਮ ਵੀ ਪੂਰਾ ਕੀਤਾ ਜਾਵੇਗਾ। ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਿਨ੍ਹਾਂ ਪੋਲਿੰਗ ਸਟੇਸ਼ਨਾਂ 'ਤੇ ਵੋਟਰਾਂ ਦੀ



ਗਿਣਤੀ 1200 ਤੋਂ ਵੱਧ ਹੋਵੇਗੀ, ਉੱਥੇ ਨਵੇਂ ਪੋਲਿੰਗ ਸਟੇਸ਼ਨ ਬਣਾਉਣ ਲਈ ਪ੍ਰਸਤਾਵ ਤਿਆਰ ਕਰਕੇ ਕਮਿਸ਼ਨ ਨੂੰ ਭੇਜੇ ਜਾਣਗੇ।ਉਨ੍ਹਾਂ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਵਿਧਾਨ ਸਭਾ ਹਲਕਾ ਪੱਧਰ 'ਤੇ ਬੀ.ਐਲ.ਏ.-1 ਅਤੇ ਬੂਥ ਪੱਧਰ 'ਤੇ ਬੀ.ਐਲ.ਏ.-2 ਦੀ ਨਿਯੁਕਤੀ ਜਲਦੀ ਯਕੀਨੀ ਬਣਾਉਣ ਅਤੇ ਉਨ੍ਹਾਂ ਦੀ ਜਾਣਕਾਰੀ ਸੰਬੰਧਤ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ ਅਤੇ ਜ਼ਿਲ੍ਹਾ ਚੋਣ ਦਫ਼ਤਰ ਨੂੰ ਉਪਲਬੱਧ ਕਰਵਾਉਣ। ਉਨ੍ਹਾਂ ਕਿਹਾ ਕਿ ਰਾਜਨੀਤਿਕ ਪਾਰਟੀਆਂ ਵੱਲੋਂ ਨਿਯੁਕਤ ਬੀ.ਐਲ.ਏ.-1 ਅਤੇ ਬੀ.ਐਲ.ਏ.-2 ਸਬੰਧਤ ਚੋਣ ਅਫ਼ਸਰਾਂ ਵੱਲੋਂ ਬੁਲਾਈਆਂ ਜਾਣ ਵਾਲੀਆਂ ਮੀਟਿੰਗਾਂ ਵਿੱਚ ਆਪਣੀ ਹਾਜ਼ਰੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਦੇ ਸਫਲ ਸੰਚਾਲਨ ਲਈ ਸਾਰੀਆਂ ਰਾਜਨੀਤਿਕ ਪਾਰਟੀਆਂ ਦਾ ਸਹਿਯੋਗ ਬਹੁਤ ਮਹੱਤਵਪੂਰਨ ਹੈ। ਇਸ ਮੌਕੇ 'ਤੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਚੋਣ ਕਮਿਸ਼ਨ ਦੀ ਇਹ ਪਹਿਲ ਲੋਕਤਾਂਤਰਿਕ ਪ੍ਰਕਿਰਿਆ ਵਿੱਚ ਆਮ ਲੋਕਾਂ ਦੇ ਭਰੋਸੇ ਨੂੰ ਮਜ਼ਬੂਤ ਕਰਦੀ ਹੈ ਅਤੇ ਮਸ਼ੀਨਾਂ ਦੀ ਨਿਰਪੱਖਤਾ ਬਾਰੇ ਫੈਲਾਈਆਂ ਜਾਣ ਵਾਲੀਆਂ ਭਰਮਾਤਮਕ ਧਾਰਨਾਵਾਂ ਨੂੰ ਦੂਰ ਕਰਨ ਵਿੱਚ ਸਹਾਇਕ ਹੈ। ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨਿਧੀ ਕੁਮੁਦ ਬੰਬਾਹ, ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਗੁਰਕੰਵਲ ਸਿੰਘ, ਆਮ ਆਦਮੀ ਪਾਰਟੀ ਤੋਂ ਜੈ ਰਾਮ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਭਾਜਪਾ ਤੋਂ ਭੂਸ਼ਣ ਕੁਮਾਰ ਸ਼ਰਮਾ, ਬਸਪਾ ਤੋਂ ਮਦਨ ਸਿੰਘ ਬੈਂਸ, ਸੀ.ਪੀ.ਆਈ. (ਐੱਮ) ਤੋਂ ਗੁਰਮੇਸ਼ ਸਿੰਘ, ਸ਼੍ਰੋਮਣੀ ਅਕਾਲੀ ਦਲ ਤੋਂ ਜਗਤਾਰ ਸਿੰਘ, ਨੋਡਲ ਅਫਸਰ ਈ.ਵੀ.ਐੱਮ. ਬਲਵਿੰਦਰ ਸਿੰਘ, ਤਹਿਸੀਲਦਾਰ ਚੋਣ ਰਮਨਦੀਪ ਕੌਰ ਅਤੇ ਚੋਣ ਕਾਨੂੰਨਗੋ ਲਖਵੀਰ ਸਿੰਘ ਵੀ ਹਾਜ਼ਰ ਸਨ।

# ਸਮਾਜਿਕ ਤੇ ਕਾਨੂੰਨੀ ਲੜਾਈ ਲਈ 'ਲੋਕ ਭਲਾਈ ਮੰਚ' ਹਮੇਸ਼ਾ ਤਿਆਰ ਰਹੇਗਾ : ਆਰ ਪੀ ਸਿੰਘ, ਅਸ਼ੋਕ ਕੁਮਾਰ ਨਾਨੋਵਾਲ

**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)** ਬਲਾਚੌਰ ਹਲਕੇ ਦੇ ਵਿਕਾਸ ਕਾਰਜਾਂ, ਲੋਕ ਭਲਾਈ ਸਕੀਮਾਂ ਅਤੇ ਸਮਾਜਿਕ ਮੁੱਦਿਆਂ ਨੂੰ ਲੈ ਕੇ ਪਿੰਡ ਸਿਆਣਾ ਵਿਖੇ ਪ੍ਰਮੁੱਖ ਸਿਆਸੀ, ਸਮਾਜਿਕ ਆਗੂਆਂ ਅਤੇ ਪਤਵੰਤੇ ਸੱਜਣਾਂ ਦੀ ਇੱਕ ਵਿਸ਼ੇਸ਼ ਇਕੱਤਰਤਾ ਹੋਈ। ਇਸ ਮੌਕੇ ਇਲਾਕੇ ਦੀ ਨੁਹਾਰ ਬਦਲਣ ਅਤੇ ਲੋਕਾਂ ਦੀ ਭਲਾਈ ਲਈ ਇੱਕ ਵੱਡਾ ਕਦਮ ਚੁੱਕਦਿਆਂ ਬਲਾਚੌਰ ਲੋਕ ਭਲਾਈ ਮੰਚ ਦਾ ਗਠਨ ਕੀਤਾ ਗਿਆ। ਇਹ



ਇਕੱਤਰਤਾ ਅਸ਼ੋਕ ਕੁਮਾਰ ਨਾਨੋਵਾਲ ਤੇ ਐਡਵੋਕੇਟ ਆਰ. ਪੀ. ਸਿੰਘ ਦੀ ਦੇਖਰੇਖ ਹੇਠ ਸਫ਼ਲਤਾਪੂਰਵਕ ਸੰਪੰਨ ਹੋਈ।ਮੀਟਿੰਗ ਦੌਰਾਨ ਮੰਚ ਤੋਂ ਸੰਬੋਧਨ ਕਰਦਿਆਂ ਐਡਵੋਕੇਟ ਆਰ. ਪੀ. ਸਿੰਘ ਨੇ ਐਲਾਨ ਕੀਤਾ ਕਿ ਜੇਕਰ ਬਲਾਚੌਰ ਤਹਿਸੀਲ ਦੇ ਕਿਸੇ ਵੀ ਨਿਵਾਸੀ ਨੂੰ ਸਮਾਜਕ ਜਾਂ ਕਾਨੂੰਨੀ ਪੱਧਰ 'ਤੇ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ, ਤਾਂ ਲੋਕ ਭਲਾਈ ਮੰਚ ਉਨ੍ਹਾਂ ਦੀ ਸੇਵਾ ਵਿੱਚ ਹਮੇਸ਼ਾ ਹਾਜ਼ਰ ਰਹੇਗਾ। ਇਸ ਦੇ ਨਾਲ ਹੀ ਅਸ਼ੋਕ ਕੁਮਾਰ ਨਾਨੋਵਾਲ ਨੇ ਬਲਾਚੌਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਲਕੇ ਦੇ ਜੋ ਪਿਛੜੇ ਇਲਾਕੇ ਹਨ, ਜਿਨ੍ਹਾਂ ਤੱਕ ਅਜੇ ਤੱਕ ਬੁਨਿਆਦੀ ਸਹੂਲਤਾਂ ਨਹੀਂ ਪਹੁੰਚ ਸਕੀਆਂ, ਉੱਥੇ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਲੋਕਾਂ ਦੀ ਭਲਾਈ ਲਈ ਮੰਚ ਦਿਨ-ਰਾਤ ਕੰਮ ਕਰੇਗਾ।ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਆਗੂਆਂ ਵਿੱਚ ਜਗਿੰਦਰ ਸਿੰਘ ਅਟਵਾਲ, ਅਜਮੇਰ ਸਿੰਘ ਭਾਰਾਪੁਰ, ਸਤਨਾਮ ਸਿੰਘ ਸਹੂੰਗੜਾ, ਅਤੇ ਸਾਬਕਾ ਸਰਪੰਚ ਬਲਵੀਰ ਸਿੰਘ ਕੌਲਗੜ੍ਹ ਨੇ ਆਪਣੇ ਵਿਚਾਰ ਸਾਂਝੇ ਕੀਤੇ।

# ਜਲੰਧਰ ਦੇ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਰਿਹਾ ਹਾਂ : ਨਿਤਿਨ ਕੋਹਲੀ




**ਜਲੰਧਰ, (ਲਖਵਿੰਦਰ ਸਿੰਘ ਆਧੀ, ਸ਼ੈਲੀ ਐਲਬਰਟ, ਰਾਜੇਸ਼ ਥਾਪਾ)**- ਜਲੰਧਰ ਸ਼ਹਿਰ ਦੇ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਰਿਹਾ ਹਾਂ ਅਤੇ ਹੁਣ ਵੀ ਖੇਡਾਂ, ਸੜਕਾਂ, ਸਫਾਈ ਅਤੇ ਵਿਕਾਸ ਲਈ ਜੰਗੀ ਪੱਧਰ 'ਤੇ ਪ੍ਰਾਜੈਕਟ ਚੱਲ ਰਹੇ ਹਨ, ਜਿਨ੍ਹਾਂ ਦੇ ਨਤੀਜੇ ਜਲਦੀ ਦਿਖਾਈ ਦੇਣਗੇ। ਇਹ ਵਿਚਾਰ ਜਲੰਧਰ ਵਿਧਾਨ ਸਭਾ ਹਲਕਾ ਕੇਂਦਰੀ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਨਿਤਿਨ ਕੋਹਲੀ ਨੇ ਸਥਾਨਕ ਪੰਜਾਬ ਪ੍ਰੈੱਸ ਕਲੱਬ ਦੀ ਪਲੇਠੀ ਫੇਰੀ ਦੌਰਾਨ ਪ੍ਰਗਟਾਏ। ਇਸ ਮੌਕੇ ਸ੍ਰੀ ਨਿਤਿਨ ਕੋਹਲੀ ਦਾ ਪੰਜਾਬ ਪ੍ਰੈੱਸ ਕਲੱਬ ਜਲੰਧਰ ਦੇ ਪ੍ਰਧਾਨ ਜਸਪ੍ਰੀਤ ਸਿੰਘ ਸੈਣੀ, ਰਾਜੇਸ਼ ਥਾਪਾ, ਪਰਮਜੀਤ ਸਿੰਘ ਰੰਗਪੁਰੀ, ਰਜੇਸ਼ ਯੋਗੀ, ਸੁਕਰਾਂਤ ਸਫਰੀ, ਮਦਨ ਭਾਰਦਵਾਜ ਅਤੇ ਜਤਿੰਦਰ ਪਾਲ ਸਿੰਘ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸ੍ਰੀ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਵਿਕਾਸ ਲਈ ਕੋਈ ਕਸਰ ਨਹੀਂ ਛੱਡੇਗੀ। ਉਨ੍ਹਾਂ ਕਿਹਾ ਕਿ ਜਲੰਧਰ ਵਿਚ ਵੱਧ ਰਹੇ ਅਪਰਾਧਾਂ 'ਤੇ ਕਾਬੂ ਪਾਉਣ ਲਈ ਸਰਕਾਰ ਵੱਲੋਂ ਵਿਆਪਕ ਯੋਜਨਾ ਉਲੀਕੀ ਗਈ ਹੈ। ਇਸ ਮੌਕੇ ਉਨ੍ਹਾਂ ਨੇ ਪੱਤਰਕਾਰ ਭਾਈਚਾਰੇ, ਪ੍ਰੈੱਸ ਕਲੱਬ ਦੀਆਂ ਲੋੜਾਂ ਅਤੇ ਸਰਗਰਮੀਆਂ ਬਾਰੇ ਚਰਚਾ ਕੀਤੀ। ਇਸ ਮੌਕੇ ਨਿਤਿਨ ਕੋਹਲੀ ਦਾ ਪ੍ਰੈੱਸ ਕਲੱਬ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

# ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਫਿਲੌਰ (ਨਿਰਮਲ)**- ਡੀ.ਆਰ.ਵੀ. ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ, ਫਿਲੌਰ ਵਿੱਚ ਸੋਮਵਾਰ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਯੋਗ ਆਸਣਾਂ, ਧਿਆਨ ਅਤੇ ਲਾਫਟਰ ਯੋਗ ਵਿੱਚ



ਭਰਪੂਰ ਉਤਸ਼ਾਹ ਨਾਲ ਭਾਗ ਲਿਆ।ਭਾਗੀਦਾਰਾਂ ਨੇ ਵੱਖ-ਵੱਖ ਆਸਣਾਂ ਦੇ ਅਭਿਆਸ ਰਾਹੀਂ ਸਰੀਰ ਦੀ ਲਚਕਤਾ, ਸੰਤੁਲਨ ਅਤੇ ਮਾਨਸਿਕ ਇਕਾਗਰਤਾ ਨੂੰ ਵਧਾਇਆ। ਲਾਫਟਰ ਯੋਗ ਦੇ ਸੈਸ਼ਨ ਨੇ ਸਮੁੱਚੇ ਵਾਤਾਵਰਨ ਨੂੰ ਖੁਸ਼ੀ ਅਤੇ ਸਕਾਰਾਤਮਕਤਾ ਨਾਲ ਭਰਪੂਰ ਕਰ ਦਿੱਤਾ।ਸਕੂਲ ਦੇ ਪ੍ਰਿੰਸੀਪਲ ਡਾ. ਯੋਗੇਸ਼ ਗੰਭੀਰ ਨੇ ਵਿਦਿਆਰਥੀਆਂ ਨੂੰ ਯੋਗ ਨੂੰ ਆਪਣੀ ਰੋਜ਼ਾਨਾ ਦੀ ਦਿਨਚਰਿਆ ਦਾ ਅਨਿੱਖੜਵਾਂ ਅੰਗ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਯੋਗ ਨਾ ਕੇਵਲ ਸਰੀਰ ਨੂੰ ਤੰਦਰੁਸਤ ਰੱਖਦਾ ਹੈ, ਸਗੋਂ ਮਨ ਨੂੰ ਵੀ ਸ਼ਾਂਤੀ ਅਤੇ ਊਰਜਾ ਪ੍ਰਦਾਨ ਕਰਦਾ ਹੈ।

# ਪ ਸ ਸ ਫ ਵੱਲੋਂ ਰਜਿੰਦਰ ਮੰਡ ਦੇ ਸਦੀਵੀ ਵਿਛੋੜੇ 'ਤੇ ਕੀਤਾ ਦੁੱਖ ਦਾ ਪ੍ਰਗਟਾਵਾ

**ਜਲੰਧਰ (ਰਾਜੇਸ਼ ਥਾਪਾ)**- ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਾਬਕਾ ਸਕੱਤਰ,ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਦੇ ਕਮੇਟੀ ਮੈਂਬਰ ਅਤੇ ਟ੍ਰਸਟੀ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਨਵਾਂ ਜ਼ਮਾਨਾ ਦੇ ਐਡਵੋਕੇਟ ਰਜਿੰਦਰ ਮੰਡ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਕਮੇਟੀ ਮੈਂਬਰ ਕੁਲਦੀਪ ਵਾਲੀਆ, ਤਰਸੇਮ ਮਾਧੋਪੁਰੀ, ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜਨਰਲ ਸਕੱਤਰ ਮਨੋਜ ਕੁਮਾਰ ਸਰੋਏ, ਵਿੱਤ ਸਕੱਤਰ ਓਮ ਪ੍ਰਕਾਸ਼, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ, ਪ੍ਰੈੱਸ ਸਕੱਤਰ ਵੇਦ ਰਾਜ, ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫਿਲੌਰ ਅਤੇ ਫਗਵਾੜਾ ਦੇ ਆਗੂਆਂ ਬਲਵਿੰਦਰ ਕੁਮਾਰ,ਤਾਰਾ ਸਿੰਘ ਬੀਕਾ, ਬੂਟਾ ਰਾਮ ਅਕਲਪੁਰ,ਰਤਨ ਸਿੰਘ ਗੁਰਾਇਆ, ਮੋਹਣ ਸਿੰਘ ਭੱਟੀ, ਕੁਲਦੀਪ ਸਿੰਘ ਕੌੜਾ, ਗੁਰਨਾਮ ਸਿੰਘ ਸੈਣੀ,ਸੀਤਲ ਰਾਮ ਬੰਗਾ ਆਦਿ ਨੇ ਕਿਹਾ ਕਿ ਸਾਥੀ ਰਜਿੰਦਰ ਮੰਡ ਦੀ ਬੇਵਕਤੀ ਮੌਤ ਨਾਲ ਜਿੱਥੇ ਮੰਡ ਪਰਵਾਰ ਨੂੰ ਕਦੇ ਵੀ ਨਾ



ਪੂਰਾ ਹੋਣ ਯੋਗ ਘਾਟਾ ਪਿਆ ਹੈ, ਉੱਥੇ ਸੀ ਪੀ ਆਈ ਜ਼ਿਲ੍ਹਾ ਜਲੰਧਰ, ਦੇਸ਼ ਭਗਤ ਯਾਦਗਾਰ ਕਮੇਟੀ,ਅਤੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਾਥੀਆਂ ਅਤੇ ਖੱਬੀ ਜਮਹੂਰੀ ਲਹਿਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਵੱਡਾ ਘਾਟਾ ਪਿਆ ਹੈ। ਸਾਥੀ ਰਜਿੰਦਰ ਮੰਡ ਦੇ ਸਦੀਵੀ ਵਿਛੋੜਾ ਦੇਣ ਤੇ ਇਹਨਾਂ ਦੇ ਪਰਵਾਰ ਨੂੰ ਲਗਭਗ ਇੱਕ ਸਾਲ ਤੋਂ ਬਾਅਦ ਦੂਸਰੀ ਦੁਖਦਾਈ ਘਟਨਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਦੋਂ ਕਿ ਪਹਿਲਾਂ ਸਾਥੀ ਰਜਿੰਦਰ ਮੰਡ ਜੀ ਦੇ ਸਤਿਕਾਰਯੋਗ ਪਿਤਾ ਸਾਥੀ ਗੁਰਮੀਤ ਸਿੰਘ ਸ਼ੁਗਲੀ ਜੀ ਸਦੀਵੀ ਵਿਛੋੜਾ ਦੇ ਗਏ ਸਨ। ਸਾਥੀ ਰਜਿੰਦਰ ਮੰਡ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ 24 ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਿਹਾ ਹੈ, ਇਸ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ।

# ਸੜਕ ਹਾਦਸੇ 'ਚ ਨੌਜਵਾਨ ਗੰਭੀਰ ਜ਼ਖ਼ਮੀ

## ਇਲਾਜ ਦੌਰਾਨ ਨੌਜਵਾਨ ਦੀ ਜੇਬ 'ਚੋਂ ਸ਼ੱਕੀ ਗੋਲੀਆਂ ਬਰਾਮਦ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਨਜ਼ਦੀਕੀ ਇਲਾਕੇ ਧਨੌਨੀ ਰੋਡ 'ਤੇ ਬੀਤੇ ਦਿਨੀਂ ਇੱਕ ਬੇਹੱਦ ਦਰਦਨਾਕ ਅਤੇ ਮੰਦਭਾਗਾ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਭਿਆਨਕ ਸੜਕ ਹਾਦਸੇ ਵਿੱਚ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਿਸ ਨੂੰ ਤੁਰੰਤ ਇਲਾਜ ਲਈ ਸਥਾਨਕ ਸਰਕਾਰੀ ਹਸਪਤਾਲ ਪਹੁੰਚਾਇਆ ਗਿਆ। ਜ਼ਖ਼ਮੀ ਨੌਜਵਾਨ ਦੀ ਪਛਾਣ ਲਵਪ੍ਰੀਤ ਸਿੰਘ (ਉਮਰ ਕਰੀਬ 22 ਸਾਲ) ਪੁੱਤਰ ਜਗਤਾਰ ਸਿੰਘ, ਵਾਸੀ ਪਿੰਡ ਕਾਰਕੌਰ ਵਜੋਂ ਹੋਈ ਹੈ। ਹਾਦਸਾ ਇੰਨਾ ਭਿਆਨਕ ਸੀ ਕਿ ਨੌਜਵਾਨ ਦੇ ਚਿਹਰੇ ਅਤੇ ਸਰੀਰ ਦੇ ਹੋਰਨਾਂ ਹਿੱਸਿਆਂ 'ਤੇ ਡੂੰਘੀਆਂ ਸੱਟਾਂ ਵੱਜੀਆਂ ਹਨ। ਦੂਜੇ ਪਾਸੇ, ਹਸਪਤਾਲ ਵਿੱਚ ਇਲਾਜ ਦੌਰਾਨ ਜ਼ਖ਼ਮੀ ਨੌਜਵਾਨ ਦੇ ਕੱਪੜਿਆਂ ਵਿੱਚੋਂ ਕੁਝ ਸ਼ੱਕੀ ਦਵਾਈਆਂ/ਗੋਲੀਆਂ ਬਰਾਮਦ ਹੋਣ ਕਾਰਨ ਇਹ ਮਾਮਲਾ ਹੁਣ ਪੂਰੀ ਤਰ੍ਹਾਂ ਭੇਦਭਰੇ ਹਾਲਾਤ ਵਿੱਚ ਘਿਰ ਗਿਆ ਹੈ, ਜਿਸ ਦੀ ਪੁਲਿਸ ਅਤੇ ਸਿਹਤ ਵਿਭਾਗ ਵੱਲੋਂ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਹਾਦਸੇ ਤੋਂ ਤੁਰੰਤ ਬਾਅਦ ਰਾਹਗੀਰਾਂ ਨੇ ਇਨਸਾਨੀਅਤ ਦੀ ਮਿਸਾਲ ਪੇਸ਼ ਕਰਦਿਆਂ ਐਂਬੂਲੈਂਸ ਦੀ ਮਦਦ ਨਾਲ ਜ਼ਖ਼ਮੀ ਨੂੰ ਡੇਰਾਬੱਸੀ ਦੇ ਸਿਵਲ ਹਸਪਤਾਲ ਪਹੁੰਚਾਇਆ। ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ ਵਿੱਚ ਤਾਇਨਾਤ ਡਾਕਟਰਾਂ ਦੀ ਟੀਮ ਨੇ ਤੁਰੰਤ ਨੌਜਵਾਨ ਦਾ ਇਲਾਜ ਸ਼ੁਰੂ ਕੀਤਾ। ਜਦੋਂ ਹਸਪਤਾਲ ਦੇ ਪੈਰਾ-ਮੈਡੀਕਲ ਸਟਾਫ਼



ਵੱਲੋਂ ਇਲਾਜ ਦੌਰਾਨ ਨੌਜਵਾਨ ਦੇ ਕੱਪੜਿਆਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਉਸ ਦੀ ਜੇਬ (ਪੋਕਟ) ਵਿੱਚੋਂ ਕੁਝ ਅਣਪਛਾਤੀਆਂ ਅਤੇ ਸ਼ੱਕੀ ਗੋਲੀਆਂ ਬਰਾਮਦ ਹੋਈਆਂ। ਇਨ੍ਹਾਂ ਗੋਲੀਆਂ 'ਤੇ ਕੋਈ ਸਪੱਸ਼ਟ ਡਾਕਟਰੀ ਪਰਚੀ ਜਾਂ ਬ੍ਰਾਂਡ ਦਾ ਨਾਂਅ ਸਾਹਮਣੇ ਨਹੀਂ ਆ ਰਿਹਾ ਸੀ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੇਰਾਬੱਸੀ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਧਰਮਿੰਦਰ ਸਿੰਘ ਨੇ ਦੱਸਿਆ ਕਿ ਨੌਜਵਾਨ ਦੀ ਜੇਬ ਵਿੱਚੋਂ ਮਿਲੀਆਂ ਦਵਾਈਆਂ ਅਤੇ ਗੋਲੀਆਂ ਆਮ ਤੌਰ 'ਤੇ ਵਰਤੀਆਂ ਜਾਣ ਵਾਲੀਆਂ ਦਵਾਈਆਂ ਵਰਗੀਆਂ ਨਹੀਂ ਜਾਪਦੀਆਂ। ਇਨ੍ਹਾਂ ਦਵਾਈਆਂ ਦੀ ਪ੍ਰਕਿਰਤੀ ਬਹੁਤ ਸ਼ੱਕੀ ਹੈ। ਅਸੀਂ ਤੁਰੰਤ ਪ੍ਰਭਾਵ ਨਾਲ ਇਨ੍ਹਾਂ ਬਰਾਮਦ ਹੋਈਆਂ ਦਵਾਈਆਂ ਨੂੰ ਸੀਲ ਕਰ ਦਿੱਤਾ ਹੈ ਅਤੇ ਇਨ੍ਹਾਂ ਦੀ ਲੈਬਾਰਟਰੀ ਜਾਂਚ (ਫੋਰੈਂਸਿਕ ਅਤੇ ਕੈਮੀਕਲ ਐਨਾਲਿਸਿਸ) ਕਰਵਾਈ ਜਾ ਰਹੀ ਹੈ।' ਐਸ.ਐਮ.ਓ. ਨੇ ਅੱਗੇ ਕਿਹਾ ਕਿ ਕਾਨੂੰਨ ਮੁਤਾਬਕ ਜੋ ਵੀ ਬਣਦੀ ਕਾਰਵਾਈ ਹੋਵੇਗੀ, ਉਹ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਮੈਡੀਕਲ ਰਿਪੋਰਟ ਆਉਣ ਤੋਂ ਬਾਅਦ ਹੀ ਅਸਲ ਸੱਚਾਈ ਸਾਹਮਣੇ ਆ ਸਕੇਗੀ।

# ਮੰਡ ਦੀ ਬੇਵਕਤੀ ਮੌਤ ਨਾਲ ਪ੍ਰਗਤੀਸ਼ੀਲ ਲਹਿਰ ਨੂੰ ਪਿਆ ਭਾਰੀ ਘਾਟਾ

**ਨੰਗਲ**- ਨਵਾਂ ਜ਼ਮਾਨਾ ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਜਲੰਧਰ ਦੇ ਟਰੱਸਟੀ ਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਮੈਂਬਰ ਵਕੀਲ ਰਜਿੰਦਰ ਮੰਡ ਦੇ ਬੇਵਕਤੀ ਵਿਛੋੜੇ ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਉਹਨਾਂ ਦੀ ਮੌਤ ਨਾਲ ਪਰਿਵਾਰ ਨੂੰ ਹੀ ਘਾਟਾ ਨਹੀਂ ਪਿਆ ਸਗੋਂ ਦੇਸ਼ ਦੀ ਅਗਾਹ ਵਧੂ ਲਹਿਰ ਨੂੰ ਵੀ ਭਾਰੀ ਘਾਟਾ ਪਿਆ ਉਹ ਮਿਹਨਤਕਸ਼ ਅਵਾਮ ਨੂੰ ਨਿਆ ਦਵਾ ਕੇ ਜਿਆਦਾ ਖੁਸ਼ ਹੁੰਦੇ ਸਨ। ਪ੍ਰਗਤੀਸ਼ੀਲ ਲਹਿਰ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਇਸ ਮੌਕੇ ਤੇ ਵੱਖ-ਵੱਖ ਆਗੂਆਂ, ਪੱਤਰਕਾਰਾਂ ਨੇ ਰਜਿੰਦਰ ਮੰਡ ਦੀ ਮੌਤ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਤੇ ਪੱਤਰਕਾਰ ਪ੍ਰਧਾਨ ਰਕੇਸ਼ ਸੈਣੀ, ਗੁਰਪ੍ਰੀਤ ਸਿੰਘ ਗਰੇਵਾਲ, ਹਰਭਜਨ ਢਿੱਲੋ, ਸੁਰਜੀਤ ਸਿੰਘ ਢੇਰ, ਸਤਨਾਮ ਸਿੰਘ, ਅਵੀ ਰਾਣਾ, ਕੁਲਵਿੰਦਰ ਜੀਤ ਸਿੰਘ ਭਾਟੀਆ, ਪ੍ਰੀਤਮ ਸਿੰਘ ਬਰਾਰੀ ,ਗੁਰਭਾਗ ਸਿੰਘ ਮਜਾਰੀ, ਰਣਵੀਰ ਸਿੰਘ ਸੈਣੀ, ਅਸ਼ੋਕ ਚੋਪੜਾ, ਸੁਪਿੰਦਰ ਸਿੰਘ, ਜੁਝਾਰ ਸਿੰਘ, ਧਰਮਪਾਲ ਸੈਣੀ,ਅਜੇ ਸ਼ਰਮਾ, ਸ਼ਿਵ ਕੁਮਾਰ ਕਾਲੀਆ,ਸੀਪੀ ਆਈ ਦੇ ਆਗੂ ਦਵਿੰਦਰ ਨੰਗਲੀ ,ਮਹਿੰਗਾ ਰਾਮ ਐਮਏ, ਹਰੀ ਚੰਦ ਗੋਲਣੀ, ਜਰਨੈਲ ਸਿੰਘ ਸੰਧੂ, ਮਾਸਟਰ ਤਰਸੇਮ ਲਾਲ,ਰਕੇਸ਼ ਬਾਲੀ ਕਲਸੇੜਾ ਨੇ ਵੀ ਰਜਿੰਦਰ ਮੰਡ ਦੀ ਬੇਵਕਤ ਮੌਤ ਤੇ ਦੁੱਖ ਦਾ ਪ੍ਰਗਟਾਵਾ ਕੀਤਾ।

# ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਦਸੂਹਾ (ਕਰਨੈਲ ਮਾਂਗਟ)**- ਆਯੁਸ਼ਮਾਨ ਅਰੋਗਆ ਕੇਂਦਰ ਜਲੋਟਾ ਵਿਖੇ ਐਸ ਐਮ ਓ ਮੰਡ ਪੰਧੇਰ ਡਾ. ਰੌਹਿਤ ਬਰੋਟਾ ਦੀ ਯੋਗ ਅਗਵਾਈ ਹੇਠ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



ਗਿਆ। ਇਸ ਮੌਕੇ ਤੇ ਸੀ ਐਚ ਓ ਡਾ. ਓਂਕਾਰ ਸਿੰਘ ਅਤੇ ਏ ਐਨ ਐਮ ਬਲਬੀਰ ਕੌਰ ਨੇ ਪਿੰਡ ਵਾਸੀਆਂ ਨੂੰ ਯੋਗ ਕਿਰਆਵਾਂ ਕਰਵਾਈਆਂ, ਯੋਗ ਦੇ ਫਾਇਦਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦੱਤੀ ਅਤੇ ਉਨ੍ਹਾਂ ਨੂੰ ਯੋਗ ਨੂੰ ਆਪਣੇ ਜੀਵਨ ਵਿੱਚ ਸ਼ਾਮਲ ਕਰਨ ਅਤੇ ਰੋਜ਼ਾਨਾ ਯੋਗ ਅਭਿਆਸ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਆਸ਼ਾ ਵਰਕਰ ਸੁਮਨ ਰਾਣੀ, ਆਸ਼ਾ ਵਰਕਰ ਰਾਜਪਾਲ ਕੌਰ, ਆਸ਼ਾ ਵਰਕਰ ਸੁਮਨਾ ਦੇਵੀ, ਆਸ਼ਾ ਵਰਕਰ ਰੂਬੀਆ, ਆਸ਼ਾ ਵਰਕਰ ਸੁਨੀਤਾ, ਸਤਨਾਮ ਸਿੰਘ ਸਾਬਕਾ ਪੰਚ, ਬੇਬੀ, ਸੁਰਜੀਤ ਕੌਰ, ਸੇਵਾ ਸਿੰਘ, ਦਲਜੀਤ ਕੌਰ, ਬਲਜੀਤ ਕੌਰ ਆਦਿ ਹਾਜਰ ਸਨ।

# ਯੋਗ ਦਿਵਸ ਮਨਾਇਆ

**ਨਕੋਦਰ (ਮਨਜੀਤ ਮਾਨ)**- ਪੀ ਐਚ ਸੀ ਮਹਿਤਪੁਰ 'ਚ ਕੌਮਾਂਤਰੀ ਯੋਗ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ ਤੇ ਕਰਵਾਏ ਗਏ ਮੁੱਖ ਸਮਾਗਮ ਵਿੱਚ ਪੀ ਐਚ ਸੀ ਮਹਿਤਪੁਰ ਦੇ ਐਸ ਐਮ ਓ ਡਾਕਟਰ ਸੰਤ ਮੀਤ ਸਿੰਘ ਅਤੇ ਡਾਕਟਰ ਮਨਜੀਤ ਕੌਰ ਏ ਐਮ ਓ ਦੀ ਨਿਗਰਾਨੀ ਹੇਠ ਸਮਾਗਮ ਦੀ ਸ਼ੁਰੂਆਤ ਕੀਤੀ ਗਈ। ਇਸ ਸਮਾਗਮ ਵਿੱਚ ਸਮੂਹ ਸਟਾਫ਼ ਨੇ ਹਿਸਾ ਲਿਆ ਡਾਕਟਰ ਮਨਜੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਯੋਗ ਕੇਵਲ ਸਰੀਰਕ ਕਸਰਤ ਨਹੀਂ ਹੈ ਬਲਕਿ ਇਹ ਮਾਨਸਿਕ ਸ਼ਾਂਤੀ



ਅਤੇ ਤੰਦਰੁਸਤ ਜੀਵਨ ਸ਼ੈਲੀ ਦਾ ਅਧਾਰ ਹੈ। ਉਨ੍ਹਾਂ ਨੇ ਸਾਰਿਆਂ ਨੂੰ ਰੋਜ਼ਾਨਾ ਜੀਵਨ ਵਿੱਚ ਯੋਗਾ ਅਪਨਾਉਣ ਦੀ ਅਪੀਲ ਕੀਤੀ। ਇਸ ਮੌਕੇ ਯੋਗ ਮਾਹਿਰਾਂ ਦੀ ਨਿਗਰਾਨੀ ਹੇਠ ਵੱਖ ਵੱਖ ਆਸਣ ਕੀਤੇ ਗਏ। ਸਮਾਗਮ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੂੰ ਸਿਹਤਮੰਦ ਰਹਿਣ ਅਤੇ ਵਾਤਾਵਰਨ ਸਾਫ਼ ਸੁਥਰਾ ਰੱਖਣ ਦਾ ਪ੍ਰਣ ਦਿਵਾਇਆ ਗਿਆ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ (ਰਜਿ. 295) ਬਲਾਕ ਬਲਾਚੌਰ ਦੀ ਇੱਕ ਅਹਿਮ ਮਾਸਕ ਮੀਟਿੰਗ ਬਲਾਕ ਪ੍ਰਧਾਨ ਡਾ. ਤਜਿੰਦਰ ਸਿੰਘ ਜੋਤ ਦੀ ਪ੍ਰਧਾਨਗੀ ਹੇਠ ਸਫ਼ਲਤਾਪੂਰਵਕ ਸੰਪੰਨ



ਹੋਈ। ਮੀਟਿੰਗ ਦੀ ਸ਼ੁਰੂਆਤ ਵਿੱਚ ਜਨਰਲ ਸਕੱਤਰ ਡਾ. ਗਿਆਨ ਸਿੰਘ ਨੇ ਪਿਛਲੇ ਮਹੀਨੇ ਦੀਆਂ ਜਥੇਬੰਦਕ ਗਤੀਵਿਧੀਆਂ ਦੀ ਰਿਪੋਰਟ ਪੜ੍ਹ ਕੇ ਸੁਣਾਈ। ?ਇਸ ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਜ਼ਿਲ੍ਹਾ ਪਲੈਨਿੰਗ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਸਮੱਸਿਆਵਾਂ ਨੂੰ ਬਹੁਤ ਗੰਭੀਰਤਾ ਨਾਲ ਸੁਣਿਆ। ਮੀਟਿੰਗ ਦੌਰਾਨ ਐਸੋਸੀਏਸ਼ਨ ਵੱਲੋਂ ਚੇਅਰਮੈਨ ਜਲਾਲਪੁਰ ਰਾਹੀਂ ਪੰਜਾਬ ਸਰਕਾਰ ਨੂੰ ਇੱਕ ਮੰਗ ਪੱਤਰ ਭੇਜਿਆ ਗਿਆ। ਇਸ ਮੰਗ ਪੱਤਰ ਰਾਹੀਂ ਪ੍ਰੈਕਟੀਸ਼ਨਰਾਂ ਨੇ ਪਿਛਲੇ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਆਪਣੀਆਂ ਹੱਕੀ ਮੰਗਾਂ ਬਾਰੇ ਸਰਕਾਰ ਨੂੰ ਜਾਣੂ ਕਰਵਾਇਆ।ਇਸ ਤੋਂ ਇਲਾਵਾ ਜਥੇਬੰਦੀ ਦੇ ਪੰਜਾਬ ਉਪ-ਪ੍ਰਧਾਨ ਡਾ. ਦਿਲਦਾਰ ਸਿੰਘ ਚਾਹਲ, ਜ਼ਿਲ੍ਹਾ ਪ੍ਰਧਾਨ ਕਸ਼ਮੀਰ ਸਿੰਘ ਢਿੱਲੋਂ, ਜ਼ਿਲ੍ਹਾ ਚੇਅਰਮੈਨ ਡਾ. ਟੇਕ ਚੰਦ ਅਤੇ ਉਪ-ਕੈਸ਼ੀਅਰ ਡਾ. ਬਿਮਲ ਡਾ. ਬਲਦੇਵ ਸਿੰਘ, ਡਾ. ਮਨੋਹਰ ਲਾਲ ਚੇਅਰਮੈਨ, ਡਾ. ਯਸ਼ਪਾਲ ਸ਼ਰਮਾ, ਡਾ. ਸੁੱਚਾ ਸਿੰਘ, ਡਾ. ਸਾਹਿਲ, ਡਾ. ਗਿਆਨ ਸਿੰਘ ਮੰਡੇਰ ਜਨਰਲ ਸਕੱਤਰ, ਡਾ. ਹਰਜਿੰਦਰ ਸਿੰਘ ਕੈਸ਼ੀਅਰ, ਡਾ. ਪਿੰਕਾ, ਡਾ. ਬਲਵੰਤ, ਡਾ. ਭੁਪਿੰਦਰ ਸਿੰਘ, ਡਾ. ਜਸਵੀਰ, ਡਾ. ਪ੍ਰੇਮ ਸਿੰਘ, ਡਾ. ਰਾਕੇਸ਼ ਜੋਸੀ, ਡਾ. ਸੁਭਾਸ਼, ਡਾ. ਗੁਰਪ੍ਰੀਤ, ਡਾ. ਦਰਬਾਰਾ ਸਿੰਘ, ਡਾ. ਸ਼ਮਸ਼ੇਰ ਸਿੰਘ, ਡਾ. ਬਲਦੇਵ ਸਿੰਘ, ਡਾ. ਮਨੋਹਰ ਲਾਲ ਚੇਅਰਮੈਨ, ਡਾ. ਯਸ਼ਪਾਲ ਸ਼ਰਮਾ, ਡਾ. ਸੁੱਚਾ ਸਿੰਘ, ਡਾ. ਸਾਹਿਲ, ਡਾ. ਹਰਦੀਪ,ਡਾ. ਅਮਰੀਕ , ਡਾ. ਗੁਰਪ੍ਰੀਤ, ਡਾ. ਗੁਰਵਿੰਦਰ, ਡਾ. ਅੰਗਰੇਜ਼, ਡਾ. ਬਲਵੀਰ, ਡਾ. ਬਹਾਦਰ ਸਿੰਘ, ਡਾ. ਹਰਜਿੰਦਰ ਸਿੰਘ ਕੈਸ਼ੀਅਰ, ਡਾ. ਪਿੰਕਾ, ਡਾ. ਬਲਵੰਤ, ਡਾ. ਭੁਪਿੰਦਰ ਸਿੰਘ, ਡਾ. ਜਸਵੀਰ, ਡਾ. ਪ੍ਰੇਮ ਸਿੰਘ, ਡਾ. ਰਾਕੇਸ਼ ਜੋਸ਼ੀ,ਡਾ. ਸੁਭਾਸ਼, ਡਾ. ਗੁਰਪ੍ਰੀਤ, ਡਾ. ਦਰਬਾਰਾ ਸਿੰਘ, ਡਾ. ਸ਼ਮਸ਼ੇਰ ਸਿੰਘ ਸਮੇਤ ਤਹਿਸੀਲ ਬਲਾਚੌਰ ਦੇ ਸਮੂਹ ਮੈਡੀਕਲ ਪ੍ਰੈਕਟੀਸ਼ਨਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਬੈਟਰੀ ਵਾਲੀ ਸਕੂਟਰੀ ਸੜ ਕੇ ਸੁਆਹ

**ਫਿਲੌਰ (ਨਿਰਮਲ)**- ਨਜ਼ਦੀਕੀ ਪਿੰਡ ਮਨਸੂਰਪੁਰ ਵਿਖੇ ਇਲੈਕਟ੍ਰਿਕ ਸਕੂਟਰੀ ਨੂੰ ਲੱਗੀ ਅੱਗ ਸਕੂਟਰੀ ਹੋਈ ਸੜ ਕੇ ਸੁਆਹ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਹਰਨੇਕ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਮਨਸੂਰਪੁਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਸਕੂਟਰੀ ਨੂੰ ਚਾਰਜ



ਕਰਨ ਉਪਰੰਤ ਇੱਕ ਵੱਖਰੇ ਕਮਰੇ ਵਿਚ ਖੜੀ ਕੀਤੀ ਸੀ। ਤਕਰੀਬਨ ਦੋ ਘੰਟੇ ਬਾਅਦ ਦੇਖਿਆ ਤਾਂ ਜਿੱਥੇ ਸਕੂਟਰੀ ਖੜੀ ਕੀਤੀ ਸੀ ਉਸ ਕਮਰੇ ਵਿੱਚੋ ਧੂਆਂ ਨਿਕਲਣਾ ਸ਼ੁਰੂ ਹੋ ਗਿਆ। ਜਦੋਂ ਦਰਵਾਜ਼ੇ ਨੂੰ ਖੋਲ ਕੇ ਦੇਖਿਆ ਤਾਂ ਅੰਦਰ ਅੱਗ ਦੀ ਲਪਟਾਂ ਨਿਕਲ ਰਹੀਆਂ ਸਨ ਅਤੇ ਸਕੂਟਰੀ ਸੜ ਕੇ ਸੁਆਹ ਹੋ ਚੁੱਕੀ ਸੀ ਸਕੂਟਰੀ ਦੇ ਨਾਲ ਪਿਆ ਇੱਕ ਕੂਲਰ , ਸਾਇਕਲ ਅਤੇ ਹੋਰ ਸਮਾਨ ਵੀ ਸੜ ਕੇ ਸੁਆਹ ਹੋ ਚੁੱਕਿਆ ਸੀ। ਜਲਦੀ ਨਾਲ ਪਾਣੀ ਛਿੜਕ ਕੇ ਅੱਗ ਤੇ ਕਾਬੂ ਪਾਇਆ ਗਿਆ ਨਹੀਂ ਤਾਂ ਨਾਲ ਖੜੀ ਗੱਡੀ ਨੂੰ ਵੀ ਅੱਗ ਪੈ ਸਕਦੀ ਸੀ ਜਿਸ ਦਾ ਬਚਾਅ ਹੋ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਇੱਕ ਲੱਖ ਰੁਪਏ ਦੇ ਕਰੀਬ ਨੁਕਸਾਨ ਹੋ ਗਿਆ। ਅੱਗ ਲੱਗਣ ਦੇ ਕਾਰਨਾ ਦਾ ਪਤਾ ਨਹੀਂ ਲੱਗ ਸਕਿਆ।

# ਡਿਪਟੀ ਕਮਿਸ਼ਨਰ ਨੇ ਨਸ਼ਿਆਂ ਖਿਲਾਫ਼ ਚੁੱਕੇ ਜਾ ਰਹੇ ਕਦਮਾਂ ਦਾ ਲਿਆ ਜਾਇਜ਼ਾ

**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਤੇ ਨਾਰਕੋ ਕੋਆਰਡੀਨੇਸ਼ਨ (ਐਨਕੋਰਡ) ਤਹਿਤ ਵੱਖ-ਵੱਖ ਵਿਭਾਗਾਂ ਵੱਲੋਂ ਨਸ਼ਿਆਂ ਖਿਲਾਫ਼ ਚੁੱਕੇ ਜਾ ਰਹੇ ਕਦਮਾਂ ਦਾ ਜਾਇਜ਼ਾ ਲਿਆ।



ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਸ ਸੰਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਡਰੱਗ ਹਾਟਸਪੋਟਸ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਲਗਾਤਾਰ ਸਮੀਖਿਆ ਯਕੀਨੀ ਬਣਾਈ ਜਾਵੇ ਤਾਂ ਜੋ ਇਨ੍ਹਾਂ ਥਾਵਾਂ ਤੋਂ ਨਸ਼ਿਆਂ ਦੀ ਸਮੱਸਿਆ ਨੂੰ ਪੂਰੀ ਤਰ੍ਹਾਂ ਖ਼ਤਮ ਕੀਤਾ ਜਾ ਸਕੇ।ਪੰਜਾਬ ਸਰਕਾਰ ਦੀ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਦੀ ਵਚਨਬੱਧਤਾ ਦੁਹਰਾਉਂਦਿਆਂ ਵਾਲੀਆ ਨੇ ਅਧਿਕਾਰੀਆਂ ਨੂੰ ਕਿਹਾ ਕਿ ਡਰੱਗ ਹਾਟਸਪਾਟਸ 'ਤੇ ਵਧੇਰੇ ਧਿਆਨ ਕੇਂਦਰਿਤ ਕਰਦਿਆਂ ਉਥੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਨ ਲਈ ਨਵੀਆਂ ਪਹਿਲਕਦਮੀਆਂ ਹੋਰ ਵੀ ਅਸਰਦਾਰ ਢੰਗ ਨਾਲ ਲਾਗੂ ਕੀਤੀਆਂ ਜਾਣ। ਉਨ੍ਹਾਂ ਨਸ਼ਿਆਂ ਦੀ ਰੋਕਥਾਮ ਲਈ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ, ਨਸ਼ਿਆਂ ਦੇ ਆਦੀ ਵਿਅਕਤੀਆਂ ਦੇ ਮੁੜ ਵਸੇਬੇ ਲਈ ਠੋਸ ਉਪਰਾਲਿਆਂ ਦੇ ਨਾਲ-ਨਾਲ ਨਸ਼ਿਆਂ ਵਿਰੁੱਧ ਜਨਤਕ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ।

# ਯੋਗ ਸਰੀਰਿਕ ਤੰਦਰੁਸਤੀ ਦੇ ਨਾਲ-ਨਾਲ ਮਾਨਸਿਕ ਸਿਹਤ ਲਈ ਵੀ ਫਾਇਦੇਮੰਦ : ਡਾ. ਧੀਰ

**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਡਾਇਰੈਕਟਰ ਆਯੁਰਵੇਦ ਡਾ. ਰਮਨ ਖੰਨਾ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਯੁਰਵੇਦ ਵਿਭਾਗ ਦੇ ਸਹਿਯੋਗ ਨਾਲ ਇਥੇ ਈ ਐਸ ਆਈ ਹਸਪਤਾਲ ਦੇ ਕੈਂਪਸ ਵਿਖੇ ਜ਼ਿਲ੍ਹਾ ਪੱਧਰ 'ਤੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਜ਼ਿਲ੍ਹਾ ਆਯੁਰਵੇਦਿਕ ਅਤੇ ਯੂਨਾਨੀ ਅਫ਼ਸਰ ਡਾ.ਦੀਵਾਨ ਚੰਦ ਧੀਰ ਦੀ ਅਗਵਾਈ ਹੇਠ ਕਰਵਾਏ ਗਏ ਜ਼ਿਲ੍ਹਾ



ਪੱਧਰੀ ਸਮਾਗਮ ਦੌਰਾਨ ਵਿਭਾਗ ਦੇ ਮਾਹਰਾਂ ਵੱਲੋਂ ਸੈਂਕੜੇ ਭਾਗੀਦਾਰਾਂ ਨੂੰ ਵੱਖ-ਵੱਖ ਯੋਗ ਆਸਣਾਂ ਦੀ ਸਿਖ਼ਲਾਈ ਦਿੱਤੀ ਗਈ। ਜ਼ਿਲ੍ਹਾ ਆਯੂਰਵੇਦਿਕ ਅਤੇ ਯੂਨਾਨੀ ਅਫ਼ਸਰ ਡਾ.ਦੀਵਾਨ ਚੰਦ ਧੀਰ ਨੇ ਇਸ ਮੌਕੇ ਯੋਗ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਯੋਗ ਸਿਰਫ਼ ਸਰੀਰਿਕ ਤੰਦਰੁਸਤੀ ਲਈ ਹੀ ਨਹੀਂ, ਸਗੋਂ ਮਾਨਸਿਕ ਸਿਹਤ ਲਈ ਵੀ ਬਹੁਤ ਫਾਇਦੇਮੰਦ ਹੈ। ਡਾ. ਨੀਰਜ, ਡਾ. ਯੋਗੇਸ਼, ਡਾ. ਮਨੂ, ਡਾ. ਅਦਿਤੀ, ਡਾ. ਰਵਿੰਦਰ ਕੌਰ ਅਤੇ ਡਾ. ਪ੍ਰਿਯੰਕਾ ਭੰਡਾਰੀ ਦੀ ਟੀਮ ਵੱਲੋਂ ਭਾਗੀਦਾਰਾਂ ਨੂੰ ਯੋਗ ਆਸਣ ਕਰਵਾਏ ਗਏ।ਇਸ ਮੌਕੇ 'ਆਪ' ਆਗੂ ਨਿਤਿਨ ਕੋਹਲੀ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਰੈਲੀ 17 ਜੁਲਾਈ ਨੂੰ

**ਜਲੰਧਰ/ਹੁਸ਼ਿਆਰਪੁਰ (ਰਾਜੇਸ਼ ਥਾਪਾ, ਬਲਵੀਰ ਸਿੰਘ ਸੈਣੀ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ, ਪੰਜਾਬ ਵੱਲੋਂ ਅੱਜ ਇਥੇ ਪੈਨਸ਼ਨਰ ਭਵਨ, ਲੁਧਿਆਣਾ ਵਿਖੇ ਪੰਜਾਬ ਭਰ ਦੀਆਂ ਸਮੂਹ ਮੁਲਾਜ਼ਮ ਅਤੇ ਪੈਨਸ਼ਨਰਜ਼ ਫੈਡਰੇਸ਼ਨਾ,ਐਸੋਸੀਏਸ਼ਨਾਂ, ਜਥੇਬੰਦੀਆਂ, ਆਊਟਸੋਰਸ, ਕੱਚੇ ਮੁਲਾਜ਼ਮ, ਠੇਕਾ ਮੁਲਾਜ਼ਮ, ਮਾਣ ਭੱਤਾ/ ਇਨਸੈਂਟਿਵ ਮੁਲਾਜ਼ਮ, ਐਨਪੀਐਸ ਮੁਲਾਜ਼ਮ ਅਤੇ ਹੋਰ ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਪ੍ਰਮੁੱਖ ਆਗੂ ਸ਼ਾਮਿਲ ਹੋਏ । ਇਸ ਮੀਟਿੰਗ ਦੌਰਾਨ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੀਆਂ ਇਕੱਤਰ ਹੋਈਆਂ ਜਥੇਬੰਦੀਆਂ ਵੱਲੋਂ ਮੀਟਿੰਗ ਕਰਕੇ ਭਵਿੱਖ ਵਿੱਚ ਸਰਕਾਰ ਵਿਰੁੱਧ ਸੰਘਰਸ਼ ਕਰਨ ਲਈ ਸਾਂਝੀ ਕੋਆਰਡੀਨੇਸ਼ਨ ਕਮੇਟੀ ਦਾ ਗਠਨ ਕੀਤਾ ਗਿਆ ਅਤੇ ਸਾਂਝੀ ਕੋਆਰਡੀਨੇਸ਼ਨ ਕਮੇਟੀ ਦੀ ਅਗਵਾਈ ਵਿੱਚ ਅਗਲੇ ਸੰਘਰਸ਼ਾਂ ਦਾ ਐਲਾਨ ਕਰਦਿਆਂ ਆਗੂਆਂ ਨੇ ਆਖਿਆ ਕਿ 24 ਜੂਨ ਨੂੰ ਆਪਣੇ-ਆਪਣੇ ਜ਼ਿਲ੍ਹਿਆਂ ਦੇ ਹੈੱਡਕੁਆਰਟਰਾਂ 'ਤੇ



ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਅੱਗੇ ਰੋਸ ਧਰਨੇ ਦਿੱਤੇ ਜਾਣਗੇ ਅਤੇ ਰੋਸ ਧਰਨਿਆ ਦੌਰਾਨ ਕੋਆਰਡੀਨੇਸ਼ਨ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ ।ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 1 ਜੁਲਾਈ ਤੋਂ 10 ਜੁਲਾਈ ਦਰਮਿਆਨ ਮੰਤਰੀਆਂ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ। 24 ਜੂਨ ਨੂੰ ਜਿਲਾ ਪੱਧਰੀ ਧਰਨਿਆਂ ਦੌਰਾਨ ਮੰਤਰੀਆਂ ਦੇ ਘਰਾਂ ਦੇ ਘਿਰਾਓ ਦੀਆਂ ਤਰੀਕਾਂ ਦਾ ਐਲਾਨ ਕੀਤਾ ਜਾਵੇਗਾ।

# ਸਤਿਗੁਰੂ ਕਬੀਰ ਦਾ ਪ੍ਰਗਟ ਦਿਵਸ 28 ਨੂੰ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਸਨਾਤਨ ਧਰਮ ਸਭਾ (ਰਜਿ.) ਬਲਾਚੌਰ ਦੀ ਇੱਕ ਅਹਿਮ ਬੈਠਕ ਸੁਰਿੰਦਰ ਪਨੇਸਰ ਦੀ ਪ੍ਰਧਾਨਗੀ ਹੇਠ ਬਾਬਾ ਵਿਸ਼ਵਕਰਮਾ ਮੰਦਰ ਵਿਖੇ ਆਯੋਜਿਤ ਕੀਤੀ ਗਈ। ਇਸ ਬੈਠਕ ਵਿੱਚ ਸਮੂਹ ਮੈਂਬਰਾਂ ਨੇ ਸਰਵ ਸੰਮਤੀ ਨਾਲ ਕਈ ਅਹਿਮ ਮਤੇ ਪਾਸ ਕਰਦਿਆਂ ਆਉਣ ਵਾਲੇ ਧਾਰਮਿਕ ਅਤੇ ਸਮਾਜਿਕ ਪ੍ਰੋਗਰਾਮਾਂ ਦੀ ਰੂਪ-ਰੇਖਾ ਉਲੀਕੀ। ਬੈਠਕ ਵਿੱਚ ਫੈਸਲਾ ਲਿਆ ਗਿਆ ਕਿ 28 ਜੂਨ ਨੂੰ ਸਤਿਗੁਰੂ ਕਬੀਰ ਜੀ ਮਹਾਰਾਜ ਦਾ ਪ੍ਰਗਟ ਦਿਵਸ (ਜੰਯਤੀ) ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਇਹ ਪ੍ਰੋਗਰਾਮ ਗੁਰਦੁਆਰਾ ਰਾਮਗੜ੍ਹੀਆ ਸਭਾ, ਗਹੂੰਣ ਰੋਡ, ਬਲਾਚੌਰ ਵਿਖੇ ਸਵੇਰੇ 10 ਵਜੇ ਸ਼ੁਰੂ ਹੋਵੇਗਾ। ਪ੍ਰੋਗਰਾਮ ਦੇ ਮੁੱਖ ਪ੍ਰਬੰਧਕ ਵਜੋਂ ਸ਼ੇਖਰਪਾਲ ਬੈਂਸ ਅਤੇ ਅਰਿੰਦਰ ਸਿੰਘ ਜੀ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ, ਜਦਕਿ ਮੰਚ ਸੰਚਾਲਨ ਦੀ ਸੇਵਾ ਸੋਮਨਾਥ ਤਕਲਾ ਨਿਭਾਉਣਗੇ। ਬੈਠਕ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਸਤਿਗੁਰੂ ਕਬੀਰ ਦੀ ਵਿਚਾਰਧਾਰਾ ਗੁਰਮਤਿ ਨਾਲ ਪੂਰੀ ਤਰ੍ਹਾਂ ਮੇਲ ਖਾਂਦੀ ਹੈ। ਇਹੀ ਕਾਰਨ ਹੈ ਕਿ ਸਿੱਖ ਧਰਮ ਦੇ ਸਰਵਉੱਚ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਭਗਤ ਕਬੀਰ ਦੀ ਬਾਣੀ ਨੂੰ ਬਹੁਤ ਉੱਚਾ ਸਥਾਨ ਦਿੱਤਾ ਗਿਆ ਹੈ, ਜਿਸ ਵਿੱਚ ਉਨ੍ਹਾਂ ਦੇ 243 ਸਲੋਕ ਅਤੇ ਕਈ ਸ਼ਬਦ ਦਰਜ ਹਨ। ਸ਼ਹਿਰ ਵਿੱਚ ਫਲੈਕਸ ਬੋਰਡ ਵੀ ਲਗਾਏ ਜਾਣਗੇ। ਸਮਾਪਤੀ 'ਤੇ ਚਾਹ-ਪਾਣੀ ਦਾ ਵਿਸ਼ੇਸ਼ ਪ੍ਰਬੰਧ ਹੋਵੇਗਾ, ਜਿਸ ਦੀ ਦੇਖ-ਰੇਖ



ਸ਼ੇਖਰਪਾਲ ਬੈਂਸ ਅਤੇ ਅਰਿੰਦਰ ਸਿੰਘ ਕਰਨਗੇ। ਸਮੂਹ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਨੂੰ ਇਸ ਸਮਾਗਮ ਲਈ ਸੱਦਾ ਪੱਤਰ ਭੇਜੇ ਜਾ ਰਹੇ ਹਨ। ਇਸ ਮੌਕੇ ਜਗਦੀਸ਼ ਕਪਿਲ, ਨੰਦ ਕਿਸ਼ੋਰ, ਜੋਗਿੰਦਰ ਸੋਹਨ ਪਾਲ, ਪੰਡਿਤ ਲੇਖਰਾਜ, ਬਲਵੰਤ ਕਿਸ਼ੋਰ, ਅਮਰਜੀਤ ਸਿੰਘ, ਪੁਸ਼ਪਿੰਦਰ ਰਾਣਾ, ਸਤਨਾਮ ਪਨੇਸਰ, ਨਵੀਨ ਸੰਦੇਸ਼, ਸ਼ਿੰਗਾਰਾ ਰਾਮ, ਯੋਗੇਸ਼ ਮਲਹੋਤਰਾ ਅਤੇ ਹਨੀ ਡੱਬ ਸਮੇਤ ਸਭਾ ਦੇ ਕਈ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ।

# ਸਮਾਜ ਤੇ ਪਰਵਾਰ ਦੀ ਮਜ਼ਬੂਤੀ 'ਚ ਪਿਤਾ ਦੀ ਭੂਮਿਕਾ ਬੇਹੱਦ ਮਹੱਤਵਪੂਰਨ : ਪਰਮਜੀਤ ਸਿੰਘ



**ਆਲਮਪੁਰ (ਪਰਮਜੀਤ ਸਿੰਘ)**- ਪਿਤਾ ਪਰਵਾਰ ਦੀ ਮਜ਼ਬੂਤ ਨੀਂਹ ਹੁੰਦੇ ਹਨ, ਜੋ ਆਪਣੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਦਿਨ-ਰਾਤ ਮਿਹਨਤ ਕਰਦੇ ਹਨ। ਉਹ ਪਰਵਾਰ ਦੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਂਦੇ ਹੋਏ ਆਪਣੇ ਬੱਚਿਆਂ ਨੂੰ ਸਿੱਖਿਆ, ਸੰਸਕਾਰ ਅਤੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ। ਪਿਤਾ ਦਾ ਪਿਆਰ ਅਕਸਰ ਸ਼ਬਦਾਂ ਨਾਲ ਨਹੀਂ, ਸਗੋਂ ਉਹਨਾਂ ਦੀਆਂ ਕੁਰਬਾਨੀਆਂ, ਮਿਹਨਤ ਅਤੇ ਫ਼ਿਕਰ ਰਾਹੀਂ ਪ੍ਰਗਟ ਹੁੰਦਾ ਹੈ।ਫਾਦਰਜ਼ ਡੇ ਪਿਤਾ ਦੇ ਯੋਗਦਾਨ, ਪਿਆਰ ਅਤੇ ਤਿਆਗ ਨੂੰ ਸਨਮਾਨ ਦੇਣ ਦਾ ਵਿਸ਼ੇਸ਼ ਦਿਨ ਹੈ। ਇਹ ਦਿਨ ਸਾਨੂੰ ਆਪਣੇ ਪਿਤਾ ਪ੍ਰਤੀ ਧੰਨਵਾਦ ਅਤੇ ਸਤਿਕਾਰ ਪ੍ਰਗਟ ਕਰਨ ਦਾ ਮੌਕਾ ਦਿੰਦਾ ਹੈ। ਪਿਤਾ ਸਿਰਫ਼ ਪਰਵਾਰ ਦੇ ਪਾਲਣਹਾਰ ਹੀ ਨਹੀਂ, ਸਗੋਂ ਇੱਕ ਮਾਰਗਦਰਸ਼ਕ, ਰੱਖਿਅਕ ਅਤੇ ਪ੍ਰੇਰਣਾ ਸਰੋਤ ਵੀ ਹੁੰਦੇ ਹਨ। ਸਮਾਜ ਅਤੇ ਪਰਵਾਰ ਦੀ ਮਜ਼ਬੂਤੀ ਵਿੱਚ ਪਿਤਾ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਇਸ ਲਈ ਸਾਨੂੰ ਆਪਣੇ ਪਿਤਾ ਦੇ ਯੋਗਦਾਨ ਨੂੰ ਸਦਾ ਯਾਦ ਰੱਖਣਾ ਚਾਹੀਦਾ ਹੈ ਅਤੇ ਉਹਨਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ।

# ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)** ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ, ਕਮਿਊਨਿਟੀ ਹੈਲਥ ਸੈਂਟਰਾਂ, ਪ੍ਰਾਇਮਰੀ ਹੈਲਥ ਸੈਂਟਰਾਂ, ਸਬ



ਸੈਂਟਰਾਂ ਅਤੇ ਆਮ ਆਦਮੀ ਕਲੀਨਿਕਾਂ ਵਿਖੇ ਯੋਗਾ ਸੈਸ਼ਨ ਲਗਾਏ ਗਏ।ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਸਿਹਤ ਅਧਿਕਾਰੀਆਂ, ਕਰਮਚਾਰੀਆਂ ਅਤੇ ਆਮ ਲੋਕਾਂ ਨੇ ਅੱਜ ਸਵੇਰੇ ਵੱਖ-ਵੱਖ ਯੋਗ ਆਸਨ ਅਤੇ ਪ੍ਰਾਣਾਯਾਮ ਕੀਤੇ। ਡਾ. ਜੈਨ ਨੇ ਕਿਹਾ ਕਿ ਯੋਗ ਸਾਡੀ ਪ੍ਰਾਚੀਨ ਵਿਰਾਸਤ ਦਾ ਅਹਿਮ ਹਿੱਸਾ ਹੈ ਅਤੇ ਨਿਯਮਿਤ ਯੋਗ ਕਰਨ ਨਾਲ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਮਾਨਸਿਕ ਸ਼ਾਂਤੀ ਅਤੇ ਤਣਾਅ ਤੋਂ ਰਾਹਤ ਮਿਲਦੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿੱਚ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਯੋਗ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਸਿਹਤਮੰਦ ਅਤੇ ਤੰਦਰੁਸਤ ਜੀਵਨ ਲਈ ਨਿਯਮਿਤ ਯੋਗ ਕਰਨ ਦੀ ਅਪੀਲ ਕੀਤੀ। ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਕਰਵਾਏ ਗਏ ਇਨ੍ਹਾਂ ਪ੍ਰੋਗਰਾਮਾਂ ਦੌਰਾਨ ਯੋਗ ਮਾਹਿਰਾਂ ਵੱਲੋਂ ਯੋਗ ਦੇ ਲਾਭਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ ਅਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।